24-APRIL-PAGE-1.qxd 4/23/2023 9:20 PM Page 1

ਸੋਮਵਾਰ, 24 ਅਪ੍ਰੈਲ, 2023
11 ਵਿਸਾਖ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 71
ਅੰਕ/NO. : 323

# ਨਵਾਂ ਜ਼ਮਾਨਾ

DAILY NAWAN ZAMANA • MONDAY, 24 APRIL, 2023 ਜਲੰਧਰ

nawan zamana TV

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਅੰਮ੍ਰਿਤਪਾਲ ਰੋਡਿਓਂ ਫੜਿਆ ਗਿਆ

## ਅਮਨ ਤੇ ਸਦਭਾਵਨਾ ਨੂੰ ਢਾਹ ਲਾਉਣ ਵਾਲਿਆਂ ਨਾਲ ਸਖਤੀ ਨਾਲ ਨਜਿੱਠਾਂਗੇ : ਮਾਨ

**ਮੋਗਾ/ਬਾਘਾ ਪੁਰਾਣਾ/ਚੰਡੀਗੜ੍ਹ**
**(ਅਮਰਜੀਤ ਬੱਬਰੀ/ਮਨੀ ਸਿੰਗਲਾ/ਗੁਰਜੀਤ ਬਿੱਲਾ)**

'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਆਪੇ ਬਣੇ ਮੁਖੀ ਅੰਮ੍ਰਿਤਪਾਲ ਸਿੰਘ ਨੂੰ ਐਤਵਾਰ ਚੜ੍ਹਦੀ ਸਵੇਰ ਪੁਲਸ ਨੇ ਮੋਗਾ ਦੇ ਪਿੰਡ ਰੋਡੇ ਤੋਂ ਗ੍ਰਿਫਤਾਰ ਕਰ ਲਿਆ। ਰੋਡੇ ਪਿੰਡ ਤੋਂ ਹੀ ਅੰਮ੍ਰਿਤਪਾਲ ਸਿੰਘ ਦੀ ਦਸਤਾਰਬੰਦੀ ਹੋਈ ਸੀ। ਪੁਲਸ ਨੂੰ ਸੂਹ ਮਿਲੀ ਸੀ ਕਿ ਉਹ ਇਸੇ ਪਿੰਡ ਵਿਚ ਰੁਕਿਆ ਹੋਇਆ ਹੈ। ਪੁਲਸ ਨੇ ਐਕਸ਼ਨ ਲੈਂਦਿਆਂ ਸਵੇਰ 7 ਵਜੇ ਦੇ ਕਰੀਬ ਉਸ ਨੂੰ ਗ੍ਰਿਫਤਾਰ ਕਰ ਲਿਆ। ਬਾਅਦ ਵਿਚ ਉਸ ਨੂੰ ਉਸ ਦੇ ਸਾਥੀਆਂ ਕੋਲ ਅਸਾਮ ਦੇ ਡਿਬਰੂਗੜ੍ਹ ਪਹੁੰਚਾ ਦਿੱਤਾ ਗਿਆ।

ਗਰਮਖਿਆਲੀ ਅੰਮ੍ਰਿਤਪਾਲ ਸਿੰਘ ਦੀ ਗ੍ਰਿਫਤਾਰੀ ਦੀ ਪੁਸ਼ਟੀ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਸੂਬੇ ਵਿੱਚ ਅਮਨ ਅਤੇ ਭਾਈਚਾਰਕ ਸਾਂਝ ਨੂੰ ਕਾਇਮ ਰੱਖਣ ਲਈ ਆਮ ਆਦਮੀ ਦੀ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ।

ਜਾਰੀ ਇੱਕ ਬਿਆਨ ਵਿੱਚ ਮੁੱਖ ਮੰਤਰੀ ਨੇ ਕਿਹਾ— ਅੰਮ੍ਰਿਤਪਾਲ ਸਿੰਘ, ਜੋ ਪੰਜਾਬ ਅਤੇ ਦੇਸ਼ ਵਿਰੋਧੀ ਤਾਕਤਾਂ ਦਾ ਹੱਥਠੋਕਾ ਸੀ, ਦੇ ਖਿਲਾਫ ਕਾਨੂੰਨ ਆਪਣਾ ਕੰਮ ਕਰ ਰਿਹਾ ਹੈ ਅਤੇ ਬੇਕਸੂਰਾਂ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲੰਘੀ 18 ਮਾਰਚ ਨੂੰ ਹੀ ਅੰਮ੍ਰਿਤਪਾਲ ਨੂੰ ਗ੍ਰਿਫਤਾਰ ਕਰ ਸਕਦੀ ਸੀ, ਪਰ ਉਹ ਕਦੇ ਵੀ ਖੂਨ-ਖਰਾਬਾ ਨਹੀਂ ਹੋਣ ਦੇਣਾ ਚਾਹੁੰਦੇ ਸਨ ਅਤੇ ਅੱਜ ਇਕ ਵੀ ਗੋਲੀ ਚਲਾਏ ਬਿਨਾਂ ਵੱਖਵਾਦੀ ਨੇਤਾ ਨੂੰ ਗ੍ਰਿਫਤਾਰ ਕਰ ਲਿਆ ਗਿਆ। ਉਨ੍ਹਾ ਕਿਹਾ ਕਿ ਇਹ ਸੂਬੇ ਦੀ ਅਮਨ-ਸ਼ਾਂਤੀ, ਏਕਤਾ ਅਤੇ ਭਾਈਚਾਰਕ ਸਾਂਝ ਨੂੰ ਭੰਗ ਕਰਨ ਦੀ ਡੂੰਘੀ ਸਾਜ਼ਿਸ ਸੀ, ਪਰ ਸੂਬਾ ਸਰਕਾਰ ਨੇ ਅਜਿਹੇ ਸਾਰੇ ਲੋਕਾਂ ਨੂੰ ਗ੍ਰਿਫਤਾਰ ਕਰਕੇ ਇਸ ਸਾਜ਼ਿਸ਼ ਨੂੰ ਬੁਰੀ ਤਰ੍ਹਾਂ ਨਾਕਾਮ ਕਰ ਦਿੱਤਾ। ਮਾਨ ਨੇ ਕਿਹਾ ਕਿ ਆਪਣੇ ਆਪ ਨੂੰ ਧਾਰਮਕ ਆਗੂ ਐਲਾਨਣ ਵਾਲਾ ਅੰਮ੍ਰਿਤਪਾਲ ਸਿੰਘ ਨੌਜਵਾਨਾਂ ਨੂੰ ਹਥਿਆਰ ਚੁੱਕਣ ਅਤੇ ਦੇਸ਼ ਵਿਰੁੱਧ ਗੈਰ-ਕਾਨੂੰਨੀ ਗਤੀਵਿਧੀਆਂ ਲਈ ਉਕਸਾਉਣ ਵਾਲੀ ਸੰਸਥਾ ਚਲਾ ਰਿਹਾ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਇਸ ਭਗੌੜੇ ਨੂੰ ਫੜਨ ਲਈ ਸਨਿੱਚਰਵਾਰ ਸ਼ਾਮ ਤੋਂ ਚੱਲ ਰਹੇ ਅਪ੍ਰੇਸ਼ਨ ਬਾਰੇ ਜਾਣਦੇ ਸਨ ਅਤੇ ਸਨਿੱਚਰਵਾਰ ਤੇ ਐਤਵਾਰ ਦੀ ਰਾਤ ਉਹ ਸੁੱਤੇ ਵੀ ਨਹੀਂ, ਕਿਉਂਕਿ ਉਹ ਅਧਿਕਾਰੀਆਂ ਤੋਂ ਹਰ 15 ਮਿੰਟ ਬਾਅਦ ਜਾਣਕਾਰੀ ਲੈਂਦੇ ਸਨ। ਉਹਨਾ ਕਿਹਾ ਕਿ ਜਦੋਂ ਅੰਮ੍ਰਿਤਪਾਲ ਨੇ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਢਾਲ ਬਣਾ ਕੇ ਅਜਨਾਲਾ ਥਾਣੇ 'ਤੇ ਹਮਲਾ ਕੀਤਾ ਸੀ ਤਾਂ ਉਨ੍ਹਾ ਪੁਲਸ ਨੂੰ ਹਦਾਇਤ ਕੀਤੀ ਸੀ ਕਿ ਕਿਸੇ ਵੀ ਸੂਰਤ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਨਾ ਹੋਵੇ। ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਉਨ੍ਹਾ ਲਈ ਸਰਵਉੱਚ ਹਨ, ਜਿਸ ਕਾਰਨ ਪੁਲਸ ਨੇ ਪਾਵਨ ਸਰੂਪ ਨੂੰ ਲੈ ਕੇ ਜਾਣ ਵਾਲੇ ਵਾਹਨ ਨੂੰ ਬਣਦਾ ਸਤਿਕਾਰ ਦਿੱਤਾ ਅਤੇ ਇਸ ਦੀ ਨਿਰਵਿਘਨ ਆਵਾਜਾਈ ਦੀ ਵੀ

ਇਜਾਜ਼ਤ ਦਿੱਤੀ। ਉਨ੍ਹਾ ਕਿਹਾ ਕਿ ਭਾਵੇਂ ਇਸ ਘਟਨਾ ਦੌਰਾਨ ਕੁਝ ਪੁਲਸ ਅਧਿਕਾਰੀ ਵੀ ਜ਼ਖ਼ਮੀ ਹੋਏ ਸਨ, ਪਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸਰਵਉੱਚਤਾ ਨੂੰ ਯਕੀਨੀ ਬਣਾਇਆ ਗਿਆ ਸੀ। ਉਨ੍ਹਾ ਸੰਕਟ ਦੀ ਇਸ ਘੜੀ ਵਿੱਚ ਸ਼ਾਂਤੀ ਅਤੇ ਸੰਜਮ ਵਰਤਣ ਲਈ ਸੂਬੇ ਦੇ ਲੋਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਭਗਵੰਤ ਮਾਨ ਨੇ ਅਮਨ-ਸ਼ਾਂਤੀ ਅਤੇ ਭਾਈਚਾਰਕ ਸਾਂਝ ਨੂੰ ਕਾਇਮ ਰੱਖਣ ਲਈ ਇਸ ਔਖੀ ਘੜੀ ਵਿੱਚ ਸੂਬਾ ਸਰਕਾਰ ਨਾਲ ਡਟ ਕੇ ਖੜ੍ਹਨ ਲਈ ਲੋਕਾਂ ਦੇ ਸ਼ੁਕਰਗੁਜ਼ਾਰ ਹੁੰਦਿਆਂ ਪੰਜਾਬ ਨੂੰ ਦੇਸ਼ ਵਿੱਚ ਸ਼ਾਂਤਮਈ, ਅਗਾਂਹਵਧੂ ਅਤੇ ਖੁਸ਼ਹਾਲ ਸੂਬੇ ਵਜੋਂ ਉਭਾਰਨ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ। ਮੁੱਖ ਮੰਤਰੀ ਨੇ ਸਪੱਸ਼ਟ ਸ਼ਬਦਾਂ ਵਿਚ ਕਿਹਾ, 'ਸੂਬੇ ਦੇ ਨੌਜਵਾਨਾਂ ਨੂੰ ਧਰਮ ਦੇ ਨਾਂਅ 'ਤੇ ਚਲਾਈਆਂ ਜਾ ਰਹੀਆਂ ਨਫਰਤ ਦੀਆਂ ਫੈਕਟਰੀਆਂ ਦਾ ਕੱਚਾ ਮਾਲ ਨਹੀਂ ਬਣਨ ਦਿੱਤਾ ਜਾਵੇਗਾ। ਮੈਂ ਨੌਜਵਾਨਾਂ ਦੇ ਹੱਥਾਂ 'ਚ ਕਿਤਾਬਾਂ, ਲੈਪਟਾਪ, ਨੌਕਰੀਆਂ, ਮੈਡਲ ਅਤੇ ਅਹਿਮ ਅਹੁਦਿਆਂ 'ਤੇ ਨਿਯੁਕਤੀ ਦੇਖਣਾ ਚਾਹੁੰਦੇ ਹਾਂ, ਪਰ ਇਹ ਆਗੂ ਨੌਜਵਾਨਾਂ ਨੂੰ ਹੱਥਾਂ 'ਚ ਹਥਿਆਰ ਫੜਨ ਦਾ ਸੱਦਾ ਦੇ ਕੇ ਪੁੱਠੇ ਰਾਹ ਉਤੇ ਤੋਰਨਾ ਚਾਹੁੰਦੇ ਹਨ।' ਉਨ੍ਹਾ ਕਿਹਾ ਕਿ ਕੁਝ ਤਾਕਤਾਂ ਇਹ ਭਰਮ ਪਾਲ ਰਹੀਆਂ ਹਨ ਕਿ ਉਹ ਲੋਕਾਂ ਨੂੰ ਫਿਰਕੂ ਲੀਹਾਂ 'ਤੇ ਵੰਡ ਸਕਦੀਆਂ ਹਨ, ਪਰ ਅਜਿਹਾ ਕਿਸੇ ਵੀ ਕੀਮਤ ਉਤੇ ਸੰਭਵ ਨਹੀਂ, ਕਿਉਂਕਿ ਅਮਨ ਪਸੰਦ ਪੰਜਾਬੀ ਅਜਿਹੀ ਕਿਸੇ ਵੀ ਕੋਸ਼ਿਸ਼ ਦਾ ਮੂੰਹ ਤੋੜਵਾਂ ਜਵਾਬ ਦੇਣਗੇ।

ਉਹਨਾ ਕਿਹਾ ਕਿ ਪੰਜਾਬ ਦੀ ਧਰਤੀ ਬਹੁਤ ਉਪਜਾਊ ਹੈ ਅਤੇ ਇਸ 'ਤੇ ਨਫਰਤ ਅਤੇ ਦੁਸ਼ਮਣੀ ਤੋਂ ਇਲਾਵਾ ਕੁਝ ਵੀ ਉਗ ਸਕਦਾ ਹੈ। ਉਨ੍ਹਾ ਕੌਮੀ ਆਜ਼ਾਦੀ ਸੰਘਰਸ਼, ਸੂਬੇ ਦੀਆਂ ਸਰਹੱਦਾਂ ਦੀ ਰਾਖੀ ਦੇ ਨਾਲ-ਨਾਲ ਹਰੀ ਅਤੇ ਚਿੱਟੀ ਕ੍ਰਾਂਤੀ ਦੇ ਦੌਰ ਦੀ ਸ਼ੁਰੂਆਤ ਕਰਕੇ ਦੇਸ਼ ਨੂੰ ਅਨਾਜ ਉਤਪਾਦਨ ਵਿੱਚ ਆਤਮ-ਨਿਰਭਰ ਬਣਾਉਣ ਵਿੱਚ ਪੰਜਾਬੀਆਂ ਦੇ ਵਡਮੁੱਲੇ ਯੋਗਦਾਨ ਨੂੰ ਵੀ ਚੇਤੇ ਕੀਤਾ। ਉਹਨਾ ਕਿਹਾ ਕਿ ਹਾਲ ਹੀ ਵਿੱਚ ਸੂਬੇ ਦੇ ਚਾਰ ਬਹਾਦਰ ਜਵਾਨਾਂ ਨੇ ਜੰਮੂ-ਕਸ਼ਮੀਰ ਵਿੱਚ ਦੇਸ਼ ਦੀ ਏਕਤਾ, ਅਖੰਡਤਾ ਅਤੇ ਪ੍ਰਭੂਸੱਤਾ ਦੀ ਰਾਖੀ ਲਈ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਹਨ।

### ਕੇਜਰੀਵਾਲ ਵੱਲੋਂ ਮਾਨ ਦੀ ਸ਼ਲਾਘਾ

**ਚੰਡੀਗੜ੍ਹ** : ਆਪ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਅੰਮ੍ਰਿਤਪਾਲ ਸਿੰਘ ਦੀ ਗ੍ਰਿਫਤਾਰੀ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਤਾਰੀਫ ਕਰਦਿਆਂ ਕਿਹਾ ਕਿ 'ਆਪ' ਸਰਕਾਰ ਪੰਜਾਬ ਦੀ ਸ਼ਾਂਤੀ ਅਤੇ ਸੁਰੱਖਿਆ ਲਈ ਵਚਨਬੱਧ ਹੈ। ਸਾਡੀ ਸਰਕਾਰ ਇਸ ਲਈ ਕੋਈ ਵੀ ਸਖਤ ਫੈਸਲਾ ਲੈਣ ਲਈ ਤਿਆਰ ਹੈ। ਆਪਣੇ ਇੱਕ ਟਵੀਟ ਵਿੱਚ ਕੇਜਰੀਵਾਲ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣੀ ਡਿਊਟੀ ਬਾਖੂਬੀ ਨਿਭਾਈ ਹੈ। ਮੁੱਖ ਮੰਤਰੀ ਮਾਨ ਨੇ ਇਸ ਮਿਸ਼ਨ ਨੂੰ ਬੜੀ ਦ੍ਰਿੜ੍ਹਤਾ ਅਤੇ ਹਿੰਮਤ ਨਾਲ ਪੂਰਾ ਕੀਤਾ। ਕੇਜਰੀਵਾਲ ਨੇ ਪੰਜਾਬ ਪੁਲਸ ਦੀ ਵੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਪੰਜਾਬ ਪੁਲਸ ਦੇ ਜਵਾਨ ਬਹੁਤ ਦਲੇਰ ਅਤੇ ਬਹਾਦਰ ਹਨ। ਸੂਬਾ ਪੁਲਸ ਨੇ ਬਿਨਾਂ ਕਿਸੇ ਖੂਨ-ਖਰਾਬੇ ਜਾਂ ਗੋਲੀਬਾਰੀ ਦੇ ਏਨੀ ਵੱਡੀ ਸਫਲਤਾ ਹਾਸਲ ਕੀਤੀ ਹੈ। ਕੇਜਰੀਵਾਲ ਨੇ ਪੂਰੇ ਅਪ੍ਰੇਸ਼ਨ ਦੌਰਾਨ ਸ਼ਾਂਤੀ ਬਣਾਈ ਰੱਖਣ ਅਤੇ ਪੰਜਾਬ ਸਰਕਾਰ ਦਾ ਸਾਥ ਦੇਣ ਲਈ ਪੰਜਾਬ ਦੇ ਲੋਕਾਂ ਦਾ ਧੰਨਵਾਦ ਵੀ ਕੀਤਾ ਅਤੇ ਕਿਹਾ ਕਿ ਪੰਜਾਬ ਦੇ ਲੋਕਾਂ ਦੀ ਸੁਰੱਖਿਆ ਅਤੇ ਪੰਜਾਬ ਵਿੱਚ ਸ਼ਾਂਤੀ ਅਤੇ ਭਾਈਚਾਰਾ ਕਾਇਮ ਕਰਨਾ ਸਾਡੀ ਤਰਜੀਹ ਹੈ। ਕਿਸੇ ਨੂੰ ਵੀ ਪੰਜਾਬ ਦੀ ਸ਼ਾਂਤੀ ਭੰਗ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੰਮ੍ਰਿਤਪਾਲ ਸਿੰਘ ਖਿਲਾਫ ਕਾਰਵਾਈ ਲਈ ਭਗਵੰਤ ਮਾਨ ਸਰਕਾਰ ਦੀ ਸ਼ਲਾਘਾ ਕਰਦਿਆਂ ਕਿਹਾ ਹੈ ਕਿ ਪੰਜਾਬ ਵਿਚ ਕੋਈ ਖਾਲਿਸਤਾਨੀ ਲਹਿਰ ਨਹੀਂ ਹੈ ਤੇ ਕੇਂਦਰ ਨੇ ਪੰਜਾਬ ਵਿਚਲੇ ਹਾਲਾਤ 'ਤੇ ਨੇੜਿਓਂ ਨਜ਼ਰ ਰੱਖੀ ਹੋਈ ਹੈ। ਉਨ੍ਹਾ ਦੱਸਿਆ ਕਿ ਕੇਂਦਰ ਸਰਕਾਰ ਨੇ ਪੰਜਾਬ ਸਰਕਾਰ ਨੂੰ ਪੂਰਨ ਸਹਿਯੋਗ ਦਿੱਤਾ ਹੈ।

# ਪਹਿਲਵਾਨ ਪ੍ਰਧਾਨ ਦੇ ਖਿਲਾਫ਼ ਫਿਰ ਨਿੱਤਰੇ

## ਯੌਨ ਸ਼ੋਸ਼ਣ ਦੀ ਐੱਫ ਆਈ ਆਰ ਦਰਜ ਨਾ ਕਰਨ 'ਤੇ ਜੰਤਰ-ਮੰਤਰ 'ਤੇ ਧਰਨਾ ਸ਼ੁਰੂ

**ਨਵੀਂ ਦਿੱਲੀ** : ਰੈਸਲਿੰਗ ਫੈਡਰੇਸ਼ਨ ਆਫ ਇੰਡੀਆ ਦੇ ਪ੍ਰਧਾਨ ਤੇ ਭਾਜਪਾ ਸਾਂਸਦ ਬ੍ਰਿਜਭੂਸ਼ਣ ਸਿੰਘ ਖਿਲਾਫ ਪਹਿਲਵਾਨ ਐਤਵਾਰ ਫਿਰ ਮੈਦਾਨ ਵਿਚ ਆ ਗਏ, ਜਦੋਂ ਉਨ੍ਹਾਂ ਜੰਤਰ-ਮੰਤਰ ਵਿਚ ਧਰਨਾ ਸ਼ੁਰੂ ਕਰ ਦਿੱਤਾ। 7 ਮਹਿਲਾ ਪਹਿਲਵਾਨਾਂ ਨੇ ਉਸ ਦੇ ਖਿਲਾਫ ਪਾਰਲੀਮੈਂਟ ਸਟਰੀਟ ਥਾਣੇ ਵਿਚ ਯੌਨ ਸ਼ੋਸ਼ਣ ਦੀ ਸ਼ਿਕਾਇਤ ਵੀ ਕਰ ਦਿੱਤੀ ਹੈ।

ਪਹਿਲਵਾਨਾਂ ਨੇ ਕਿਹਾ—ਤਿੰਨ ਮਹੀਨੇ ਹੋ ਗਏ ਸਾਨੂੰ ਇਨਸਾਫ ਨਹੀਂ ਮਿਲਿਆ, ਇਸ ਲਈ ਅਸੀਂ ਫਿਰ ਪ੍ਰੋਟੈਸਟ 'ਤੇ ਉਤਰੇ ਹਾਂ। ਅਜੇ ਤੱਕ ਐੱਫ ਆਈ ਆਰ ਦਰਜ ਨਹੀਂ ਕੀਤੀ ਗਈ। ਪਹਿਲਾਂ ਸਾਨੂੰ ਕਿਹਾ ਜਾਂਦਾ ਸੀ ਕਿ ਐੱਫ ਆਈ ਆਰ ਕਰਾਓ, ਹੁਣ ਅਸੀਂ ਐੱਫ ਆਈ ਆਰ ਕਰਾਉਣ ਗਏ ਤਾਂ ਪੁਲਸ ਨੇ ਦਰਜ ਨਹੀਂ ਕੀਤੀ।

ਸਾਕਸ਼ੀ ਮਲਿਕ ਨੇ ਕਿਹਾ—ਅਸੀਂ ਦੋ ਦਿਨ ਪਹਿਲਾਂ ਥਾਣੇ ਵਿਚ ਸ਼ਿਕਾਇਤ ਦਿੱਤੀ ਸੀ, ਪਰ ਅਜੇ ਤੱਕ ਐੱਫ ਆਈ ਆਰ ਦਰਜ ਨਹੀਂ ਕੀਤੀ ਗਈ। ਸ਼ਿਕਾਇਤ ਦੇਣ ਵਾਲੀਆਂ ਵਿਚ ਇਕ ਨਾਬਾਲਗ ਸਣੇ 7 ਪਹਿਲਵਾਨ ਸ਼ਾਮਲ ਹਨ। ਕਾਫੀ ਉਡੀਕ ਤੋਂ ਬਾਅਦ ਅਸੀਂ ਫਿਰ ਧਰਨਾ ਸ਼ੁਰੂ ਕਰਨ ਦਾ ਫੈਸਲਾ ਕੀਤਾ ਹੈ।

ਸਾਕਸ਼ੀ ਨੇ ਅੱਗੇ ਕਿਹਾ—ਸਾਨੂੰ ਇਹ ਵੀ ਨਹੀਂ ਪਤਾ ਕਿ ਕਮੇਟੀਆਂ ਨੇ ਜਾਂਚ ਰਿਪੋਰਟ ਦਿੱਤੀ ਹੈ ਕਿ ਨਹੀਂ। ਲੋਕ ਸਾਨੂੰ ਹੀ ਝੂਠਾ ਦੱਸਣ ਲੱਗ ਗਏ ਹਨ। ਜਾਂਚ ਰਿਪੋਰਟ ਜਨਤਕ ਹੋਣੀ ਚਾਹੀਦੀ ਹੈ, ਪਰ ਕੁਝ ਨਹੀਂ ਕੀਤਾ ਜਾ ਰਿਹਾ। ਇਕ ਕੁੜੀ ਦਾ ਮਾਮਲਾ ਕਿੰਨਾ ਨਾਜ਼ੁਕ ਹੋ ਸਕਦਾ ਹੈ, ਤੁਸੀਂ ਖੁਦ ਸਮਝ ਸਕਦੇ ਹੋ।

ਬਜਰੰਗ ਪੂਨੀਆ ਨੇ ਕਿਹਾ—ਸਾਡਾ ਧਰਨਾ ਹੁਣ ਉਦੋਂ ਖਤਮ ਹੋਵੇਗਾ, ਜਦੋਂ ਬ੍ਰਿਜਭੂਸ਼ਣ ਨੂੰ ਗ੍ਰਿਫਤਾਰ ਕੀਤਾ ਜਾਵੇਗਾ। ਸਾਡਾ ਸਬਰ ਹੁਣ ਜਵਾਬ ਦੇ ਚੁੱਕਾ ਹੈ। ਜਾਂਚ ਲਈ ਦੋ ਕਮੇਟੀਆਂ ਬਣੀਆਂ, ਪਰ ਨਤੀਜਾ ਕੁਝ ਨਹੀਂ ਆਇਆ। ਹੁਣ ਇਸ ਕੇਸ ਦੀ ਸੀ ਬੀ ਆਈ ਜਾਂਚ ਹੋਣੀ ਚਾਹੀਦੀ ਹੈ।

ਸੀਨੀਅਰ ਮਹਿਲਾ ਪਹਿਲਵਾਨ ਵਿਨੇਸ਼ ਫੋਗਾਟ ਨੇ ਕਿਹਾ—ਦੇਸ਼ ਦੇ ਨਾਮੀ ਪਹਿਲਵਾਨਾਂ ਨੇ ਦੋਸ਼ ਲਾਏ ਹਨ। ਤਿੰਨ ਮਹੀਨਿਆਂ ਵਿਚ ਕਮੇਟੀ ਦੇ ਕਿਸੇ ਮੈਂਬਰ ਨੇ ਸਾਡਾ ਫੋਨ ਨਹੀਂ ਚੁੱਕਿਆ, ਨਾ ਹੀ ਮੰਤਰਾਲੇ ਨੇ ਕਿਸੇ ਨਾਲ ਸੰਪਰਕ ਕੀਤਾ। ਵਾਰ-ਵਾਰ ਕਿਹਾ ਜਾ ਰਿਹਾ ਹੈ ਕਿ ਪਹਿਲਵਾਨਾਂ ਨੇ ਸਬੂਤ ਨਹੀਂ ਦਿੱਤੇ। ਕੋਈ ਇਕ ਵਾਰ ਬ੍ਰਿਜਭੂਸ਼ਣ ਤੋਂ ਵੀ ਉਸ ਦੀ ਬੇਗੁਨਾਹੀ ਦਾ ਸਬੂਤ ਮੰਗੇ। ਅਸੀਂ ਤਾਂ ਕਹਿ ਰਹੇ ਹਾਂ ਕਿ ਪੂਰੇ ਕਾਂਡ ਦਾ ਨਾਰਕੋ ਟੈਸਟ ਕਰਾਇਆ ਜਾਣਾ ਚਾਹੀਦਾ ਹੈ। ਸੀ ਬੀ ਆਈ ਜਾਂਚ ਹੋਵੇ। ਜੋ ਦੋਸ਼ੀ ਸਾਬਤ ਹੋਵੇ, ਉਸ ਨੂੰ ਸਜ਼ਾ ਮਿਲੇ। ਜੇ ਅਸੀਂ ਗਲਤ ਸਾਬਤ ਹੋਏ ਤਾਂ ਸਾਨੂੰ ਸਜ਼ਾ ਮਿਲੇ। ਹੁਣ ਜੰਤਰ-ਮੰਤਰ 'ਤੇ ਹੀ ਖਾਵਾਂਗੇ ਤੇ ਸੌਂਵਾਂਗੇ। ਇਨਸਾਫ ਲੈ ਕੇ ਹੀ ਉੱਠਾਂਗੇ। ਅਸੀਂ ਕੁਸ਼ਤੀ ਲਈ ਲੜਾਈ ਲੜ ਰਹੇ ਹਾਂ। ਇਸ ਲਈ ਜਾਨ ਵੀ ਦੇ ਦੇਵਾਂਗੇ। ਜਦ ਮਰਾਂਗੇ ਤਾਂ ਜੰਤਰ-ਮੰਤਰ 'ਤੇ ਹੀ ਮਰਾਂਗੇ। ਪਹਿਲਵਾਨਾਂ ਨੇ ਕਿਹਾ ਕਿ ਉਨ੍ਹਾਂ ਨੂੰ ਧਮਕੀਆਂ ਵੀ ਮਿਲ ਰਹੀਆਂ ਹਨ। ਜਨਵਰੀ ਵਿਚ ਪਹਿਲਵਾਨਾਂ ਨੇ ਬ੍ਰਿਜਭੂਸ਼ਣ ਖਿਲਾਫ ਕਾਰਵਾਈ ਨੂੰ ਲੈ ਕੇ ਜੰਤਰ-ਮੰਤਰ 'ਤੇ ਧਰਨਾ ਲਾਇਆ ਸੀ, ਜਿਹੜਾ ਉਲੰਪਿਕ ਐਸੋਸੀਏਸ਼ਨ ਤੇ ਖੇਡ ਮੰਤਰਾਲੇ ਦੀਆਂ ਦੋ ਕਮੇਟੀਆਂ ਦੇ ਗਠਨ ਤੋਂ ਬਾਅਦ ਚੁੱਕ ਲਿਆ ਗਿਆ ਸੀ। ਕਮੇਟੀਆਂ ਦਾ ਕਹਿਣਾ ਹੈ ਕਿ ਦੋਸ਼ ਲਾਉਣ ਵਾਲੇ ਪਹਿਲਵਾਨਾਂ ਨੇ ਸਬੂਤ ਨਹੀਂ ਦਿੱਤੇ। ਇਸੇ ਦੌਰਾਨ ਦਿੱਲੀ ਮਹਿਲਾ ਕਮਿਸ਼ਨ ਦੀ ਚੀਫ ਸਵਾਤੀ ਮਾਲੀਵਾਲ ਨੇ ਐੱਫ ਆਈ ਆਰ ਦਰਜ ਨਾ ਕਰਨ 'ਤੇ ਦਿੱਲੀ ਪੁਲਸ ਨੂੰ ਨੋਟਿਸ ਜਾਰੀ ਕਰਕੇ 48 ਘੰਟਿਆਂ ਵਿਚ ਜਵਾਬ ਮੰਗਿਆ ਹੈ।

### ਅਮਰੀਕਾ 'ਚ ਡੁੱਬੇ 2 ਭਾਰਤੀਆਂ ਦੀਆਂ ਲਾਸ਼ਾਂ ਬਰਾਮਦ

**ਨਿਊ ਯਾਰਕ** : ਅਮਰੀਕਾ ਦੇ ਇੰਡੀਆਨਾ ਇਲਾਕੇ ਦੀ ਝੀਲ 'ਚ ਤੈਰਨ ਦੌਰਾਨ ਲਾਪਤਾ ਹੋਏ ਦੋ ਭਾਰਤੀ ਵਿਦਿਆਰਥੀਆਂ ਦੀਆਂ ਲਾਸ਼ਾਂ ਬਰਾਮਦ ਕਰ ਲਈ ਗਈਆਂ ਹਨ। ਅਖ਼ਬਾਰ 'ਯੂ ਐੱਸ ਏ ਟੂਡੇ' ਅਨੁਸਾਰ ਸਿਧਾਂਤ ਸ਼ਾਹ (19) ਤੇ ਆਰੀਅਨ ਵੈਦ (20) 15 ਅਪਰੈਲ ਨੂੰ ਦੋਸਤਾਂ ਨਾਲ ਇੰਡੀਆਨਾ ਪੋਲਿਸ ਸ਼ਹਿਰ ਤੋਂ 65 ਕਿਲੋਮੀਟਰ ਦੂਰ ਮੋਨਰੋ ਝੀਲ 'ਚ ਤੈਰਨ ਗਏ ਸਨ ਅਤੇ ਡੁੱਬ ਗਏ ਸਨ। ਦੋਹਾਂ ਦੀਆਂ ਲਾਸ਼ਾਂ 18 ਅਪਰੈਲ ਨੂੰ ਬਰਾਮਦ ਹੋਈਆਂ।

### 120 ਲੱਖ ਮੀਟਰਿਕ ਟਨ ਕਣਕ ਖਰੀਦ ਦੀ ਉਮੀਦ

**ਚੰਡੀਗੜ੍ਹ** : ਖਰਾਬ ਮੌਸਮ ਨਾਲ ਨੁਕਸਾਨ ਦੇ ਬਾਵਜੂਦ ਪੰਜਾਬ ਸਰਕਾਰ ਵੱਲੋਂ ਕੇਂਦਰੀ ਪੂਲ ਲਈ 120 ਲੱਖ ਮੀਟਰਿਕ ਟਨ ਕਣਕ ਖਰੀਦੇ ਜਾਣ ਦੀ ਉਮੀਦ ਹੈ। ਇਹ ਜਾਣਕਾਰੀ ਫੂਡ ਤੇ ਸਿਵਲ ਸਪਲਾਈ ਵਿਭਾਗ ਦੇ ਅਧਿਕਾਰੀ ਨੇ ਦਿੱਤੀ ਹੈ। ਬੀਤੇ ਸਾਲ ਹਾੜੀ ਦੇ ਸੀਜ਼ਨ ਦੌਰਾਨ 96.47 ਲੱਖ ਮੀਟਰਿਕ ਟਨ ਕਣਕ ਦੀ ਖਰੀਦ ਹੋਈ ਸੀ। ਬੀਤੇ ਸਾਲ ਮਾਰਚ ਤੇ ਅਪਰੈਲ ਮਹੀਨੇ ਗਰਮੀ ਇਕਦਮ ਵਧ ਗਈ ਸੀ, ਜਿਸ ਕਾਰਨ ਝਾੜ 'ਤੇ ਮਾੜਾ ਅਸਰ ਪਿਆ ਸੀ।

### ਹਸਤੀਆਂ ਦੇ ਬਲਿਊ ਟਿਕ ਬਹਾਲ

**ਨਵੀਂ ਦਿੱਲੀ** : ਟਵਿਟਰ ਨੇ ਅਹਿਮ ਹਸਤੀਆਂ ਦੇ ਬਲਿਊ ਟਿਕ (ਵੈਰੀਫਿਕੇਸ਼ਨ ਬੈਜ) ਬਹਾਲ ਕਰ ਦਿੱਤੇ ਹਨ। ਕੁਝ ਦਿਨ ਪਹਿਲਾਂ ਕੰਪਨੀ ਨੇ ਭੁਗਤਾਨ ਨਾ ਕਰਨ ਵਾਲੇ ਖਾਤਿਆਂ ਦੇ ਬਲਿਊ ਟਿਕ ਹਟਾ ਦਿੱਤੇ ਸਨ। ਟਵਿਟਰ ਦੇ ਮਾਲਕ ਐਲਨ ਮਸਕ ਦੀ ਮਾਈਕਰੋਬਲਾਗਿੰਗ ਸਾਈਟ ਨੇ ਇਸ ਹਫਤੇ ਭੁਗਤਾਨ ਨਾ ਚੁਕਾਉਣ ਵਾਲਿਆਂ ਦੇ ਟਵਿਟਰ ਖਾਤਿਆਂ ਦੇ ਬਲਿਊ ਟਿਕ ਹਟਾਉਣੇ ਸ਼ੁਰੂ ਕਰ ਦਿੱਤੇ ਸਨ। ਹੁਣ ਕਈ ਖਾਤਿਆਂ 'ਤੇ ਬਲਿਊ ਟਿਕ ਵਾਪਸ ਆ ਗਏ ਹਨ। ਸਚਿਨ ਤੇਂਦੁਲਕਰ ਤੇ ਵਿਰਾਟ ਕੋਹਲੀ ਵਰਗੇ ਸਿਖਰਲੇ ਕ੍ਰਿਕਟਰਾਂ ਦੇ ਬਲਿਊ ਟਿਕ ਵੀ ਹਟਾ ਦਿੱਤੇ ਗਏ ਸਨ ਅਤੇ ਹੁਣ ਉਨ੍ਹਾਂ ਦੇ ਖਾਤਿਆਂ 'ਚ ਬਲਿਊ ਟਿਕ ਵਾਪਸ ਆ ਗਿਆ ਹੈ।

### ਸੀ ਪੀ ਆਈ ਵੱਲੋਂ ਕਰਨਾਟਕ 'ਚ 215 ਸੀਟਾਂ 'ਤੇ ਕਾਂਗਰਸ ਦੀ ਹਮਾਇਤ

#### 7 ਹਲਕਿਆਂ 'ਚ ਦੋਸਤਾਨਾ ਮੁਕਾਬਲਾ

**ਬੇਂਗਲੂਰੂ** : ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਨੇ ਐਤਵਾਰ ਐਲਾਨਿਆ ਕਿ ਉਹ ਕਰਨਾਟਕ ਅਸੰਬਲੀ ਚੋਣਾਂ ਦੀਆਂ 215 ਸੀਟਾਂ 'ਤੇ ਕਾਂਗਰਸ ਦੀ ਹਮਾਇਤ ਕਰੇਗੀ ਤੇ 7 ਸੀਟਾਂ 'ਤੇ ਦੋਹਾਂ ਵਿਚਾਲੇ ਦੋਸਤਾਨਾ ਮੁਕਾਬਲਾ ਹੋਵੇਗਾ। ਸੂਬਾ ਪਾਰਟੀ ਸਕੱਤਰ ਸਤੀ ਸੁੰਦਰੇਸ਼ ਨੇ ਕਿਹਾ ਕਿ ਪਾਰਟੀ ਨੇ ਮੇਲੂਕੋਟ ਵਿਚ ਦਰਸ਼ਨ ਪੁੱਟਾਨਈਆ ਤੇ ਬਾਗੇਪੱਲੀ ਵਿਚ ਮਾਰਕਸੀ ਉਮੀਦਵਾਰ ਦੀ ਹਮਾਇਤ ਦਾ ਵੀ ਫੈਸਲਾ ਕੀਤਾ ਹੈ। ਉਨ੍ਹਾ ਕਿਹਾ ਕਿ ਪਾਰਟੀ ਭਾਜਪਾ ਨੂੰ ਹਰਾਉਣ ਤੇ ਮੁੜ ਅਸਥਿਰ ਸਰਕਾਰ ਬਣਨੋਂ ਰੋਕਣ ਲਈ ਜ਼ੋਰ ਲਾਵੇਗੀ। ਪਾਰਟੀ ਬੇਰੁਜ਼ਗਾਰੀ, ਕੁਰੱਪਸ਼ਨ ਤੇ ਫਿਰਕਾਪ੍ਰਸਤੀ ਵਰਗੇ ਮੁੱਦਿਆਂ ਤੋਂ ਇਲਾਵਾ ਜ਼ਮੀਨ ਤੇ ਪਾਣੀ ਵਸੀਲੇ ਕਾਰਪੋਰੇਟਾਂ ਨੂੰ ਦਾਨ ਕਰਨ ਦੇ ਖਿਲਾਫ ਚੋਣ ਲੜ ਰਹੀ ਹੈ। ਕਾਂਗਰਸ ਦੇ ਸੂਬੇ ਲਈ ਇੰਚਾਰਜ ਜਨਰਲ ਸਕੱਤਰ ਰਣਦੀਪ ਸਿੰਘ ਸੂਰਜੇਵਾਲਾ ਨੇ ਕਿਹਾ ਹੈ ਕਿ ਸੀ ਪੀ ਆਈ ਦੇ ਆਗੂਆਂ ਨੇ ਭਾਜਪਾ ਖਿਲਾਫ ਵੱਡਾ ਫੈਸਲਾ ਕੀਤਾ ਹੈ।

## ਉੱਤਰਾਖੰਡ ਦੇ ਵਪਾਰੀ ਦੀ ਟਾਰਗੇਟ ਕਿਲਿੰਗ ਦਾ ਮਨਸੂਬਾ ਨਾਕਾਮ, ਅਰਸ਼ ਡੱਲਾ ਗੈਂਗ ਦੇ ਦੋ ਮੈਂਬਰ ਕਾਬੂ

**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਪੰਜਾਬ ਪੁਲਸ ਨੇ ਨਾਮਜ਼ਦ ਅੱਤਵਾਦੀ ਅਰਸ਼ ਡੱਲਾ ਅਤੇ ਗੈਂਗਸਟਰ ਸੁੱਖਾ ਦੁੱਨੇਕੇ ਨਾਲ ਜੁੜੇ ਦੋ ਗੈਂਗ ਮੈਂਬਰਾਂ ਨੂੰ ਗ੍ਰਿਫਤਾਰ ਕਰਕੇ ਉੱਤਰਾਖੰਡ 'ਚ ਸੰਭਾਵਤ ਟਾਰਗੇਟ ਕਿਲਿੰਗ ਦਾ ਮਨਸੂਬਾ ਨਾਕਾਮ ਕਰ ਦਿੱਤਾ ਹੈ। ਡੀ ਜੀ ਪੀ ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਸਿਮਲਾ ਸਿੰਘ ਵਾਸੀ ਪਿੰਡ ਗਰਾਂਘਣਾ, ਜ਼ਿਲ੍ਹਾ ਮਾਨਸਾ ਅਤੇ ਹਰਜੀਤ ਸਿੰਘ ਉਰਫ ਗੋਰਾ ਵਾਸੀ ਪਿੰਡ ਭਡੋਲੀਆਂਵਾਲੀ, ਜ਼ਿਲ੍ਹਾ ਫ਼ਤਿਹਾਬਾਦ, ਹਰਿਆਣਾ ਤੋਂ ਪੁਲਸ ਟੀਮਾਂ ਨੇ ਤਿੰਨ ਪਿਸਤੌਲ .32 ਬੋਰ, .315 ਬੋਰ ਦਾ ਦੇਸੀ ਕੱਟਾ, ਜ਼ਿੰਦਾ ਕਾਰਤੂਸ ਅਤੇ ਮੈਗਜ਼ੀਨ ਸਮੇਤ ਇੱਕ 12 ਬੋਰ ਦਾ ਦੇਸੀ ਕੱਟਾ ਬਰਾਮਦ ਕੀਤਾ ਹੈ। ਇਸ ਦੇ ਨਾਲ ਹੀ 1.90 ਲੱਖ ਰੁਪਏ ਦੀ ਨਕਦੀ ਵੀ ਬਰਾਮਦ ਕੀਤੀ ਹੈ, ਜੋ ਕਿ ਕੰਟਰੈਕਟ ਕਿਲਿੰਗ ਲਈ ਮੁਹੱਈਆ ਕਰਵਾਈ ਗਈ ਸੀ। ਯਾਦਵ ਨੇ ਦੱਸਿਆ ਕਿ ਭਰੋਸੇਯੋਗ ਸੂਚਨਾਵਾਂ ਦੇ ਆਧਾਰ 'ਤੇ ਕਾਊਂਟਰ

ਇੰਟੈਲੀਜੈਂਸ ਬਠਿੰਡਾ ਨੇ ਬਠਿੰਡਾ ਜ਼ਿਲ੍ਹਾ ਪੁਲਿਸ ਨਾਲ ਮਿਲ ਕੇ ਬਠਿੰਡਾ ਦੇ ਪਿੰਡ ਜੱਸੀ ਪੌ ਵਾਲੀ ਵਿਖੇ ਨਾਕਾ ਲਗਾਇਆ ਅਤੇ ਜਦੋਂ ਸਿਮਲਾ ਸਿੰਘ ਆਪਣੇ ਦੋਸਤ ਨੂੰ ਮਿਲਣ ਜਾ ਰਿਹਾ ਸੀ, ਉਸ ਨੂੰ ਗ੍ਰਿਫ਼ਤਾਰ ਕਰ ਲਿਆ। ਏ ਆਈ ਜੀ ਸਿਮਰਤਪਾਲ ਸਿੰਘ ਨੇ ਦੱਸਿਆ ਕਿ ਸਿਮਲਾ ਸਿੰਘ ਨੇ ਖੁਲਾਸਾ ਕੀਤਾ ਕਿ ਅਰਸ਼ ਡੱਲਾ ਨੇ ਉਸ ਨੂੰ ਕਾਸ਼ੀਪੁਰ ਦੇ ਵਪਾਰੀ ਨੂੰ ਮਾਰਨ ਲਈ ਕਿਹਾ ਸੀ ਅਤੇ ਉਸ ਨੂੰ ਲੌਜਿਸਟਿਕ ਸਹਾਇਤਾ ਲਈ ਆਪਣੇ ਸਾਥੀ ਸਾਧੂ ਸਿੰਘ, ਜੋ ਇਸ ਸਮੇਂ ਹਲਦਵਾਨੀ ਜੇਲ੍ਹ ਵਿੱਚ ਬੰਦ ਹੈ, ਨੂੰ ਮਿਲਣ ਲਈ ਕਿਹਾ ਸੀ। ਉਹਨਾ ਕਿਹਾ ਕਿ ਅਰਸ਼ ਡੱਲਾ ਨੇ ਇਸ ਕੰਟਰੈਕਟ ਕਿਲਿੰਗ ਨੂੰ ਅੰਜਾਮ ਦੇਣ ਲਈ 7 ਲੱਖ ਰੁਪਏ ਸਿਮਲਾ ਸਿੰਘ ਨੂੰ ਦੋ ਕਿਸ਼ਤਾਂ 4 ਲੱਖ ਅਤੇ 3 ਲੱਖ ਰੁਪਏ ਵਿੱਚ ਭੇਜੇ ਸਨ। ਸਿਮਲਾ ਸਿੰਘ ਨੇ ਸੁੱਖਾ ਦੁੱਨੇਕੇ ਦੇ ਕਹਿਣ 'ਤੇ ਅਣਪਛਾਤੇ ਵਿਅਕਤੀ ਨੂੰ 4 ਲੱਖ ਰੁਪਏ ਦਿੱਤੇ ਸਨ ਅਤੇ ਇਸ ਕਤਲ ਨੂੰ ਅੰਜਾਮ ਦੇਣ ਲਈ ਛੇ ਹਥਿਆਰਾਂ ਦਾ ਪ੍ਰਬੰਧ ਕਰਨ ਵਾਸਤੇ ਹਰਜੀਤ ਸਿੰਘ ਉਰਫ ਗੋਰਾ ਨੂੰ 3 ਲੱਖ ਰੁਪਏ ਦਿੱਤੇ ਸਨ। ਇਸ ਉਪਰੰਤ ਪੁਲਸ ਟੀਮਾਂ ਨੇ ਹਰਿਆਣਾ ਪੁਲਸ ਦੀ ਮਦਦ ਨਾਲ ਹਰਜੀਤ ਗੋਰਾ ਨੂੰ ਉਸ ਦੇ ਪਿੰਡ ਤੋਂ ਗ੍ਰਿਫਤਾਰ ਕਰ ਲਿਆ । ਉਨ੍ਹਾ ਕਿਹਾ ਕਿ ਇਸ ਸੰਬੰਧੀ ਪੁੱਛਗਿੱਛ ਜਾਰੀ ਹੈ ਅਤੇ ਹੋਰ ਬਰਾਮਦਗੀਆਂ ਦੀ ਵੀ ਉਮੀਦ ਹੈ।

### ਆਪਣੀ ਸਰਕਾਰ ਖਿਲਾਫ ਪ੍ਰਦਰਸ਼ਨ ਜਾਰੀ ਰੱਖਾਂਗਾ : ਪਾਇਲਟ

**ਜੈਪੁਰ** : ਰਾਜਸਥਾਨ ਦੇ ਸਾਬਕਾ ਉਪ ਮੁੱਖ ਮੰਤਰੀ ਸਚਿਨ ਪਾਇਲਟ ਨੇ ਐਤਵਾਰ ਇਥੇ ਕਿਹਾ ਕਿ ਉਹ ਆਪਣੀ ਹੀ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਜਾਰੀ ਰੱਖਣਗੇ, ਤਾਂ ਕਿ ਭਾਜਪਾ ਦੀ ਸਰਕਾਰ ਦੌਰਾਨ ਸੂਬੇ 'ਚ ਹੋਏ ਭ੍ਰਿਸ਼ਟਾਚਾਰ ਖਿਲਾਫ ਕਾਰਵਾਈ ਕਰਵਾਈ ਜਾ ਸਕੇ।

ਉਨ੍ਹਾ ਕਿਹਾ ਕਿ ਸੂਬਾਈ ਕਾਂਗਰਸ ਸਰਕਾਰ ਖਿਲਾਫ ਚੁੱਕੇ ਗਏ ਕਦਮ ਤੋਂ ਉਹ ਪਿੱਛੇ ਨਹੀਂ ਹਟਣਗੇ ਅਤੇ ਸਰਕਾਰ ਨੂੰ ਬੇਨਤੀ ਕੀਤੀ ਜਾ ਰਹੀ ਹੈ ਕਿ ਭਾਜਪਾ ਦੇ ਰਾਜ ਦੌਰਾਨ ਹੋਏ ਭ੍ਰਿਸ਼ਟਾਚਾਰ ਖਿਲਾਫ ਕਾਰਵਾਈ ਕੀਤੀ ਜਾਵੇ। ਉਨ੍ਹਾ ਕਿਹਾ ਕਿ 11 ਅਪਰੈਲ ਨੂੰ ਪੂਰਾ ਦਿਨ ਕੀਤੀ ਗਈ ਭੁੱਖ ਹੜਤਾਲ ਦੇ ਬਾਵਜੂਦ ਸਰਕਾਰ ਨੇ ਕੋਈ ਕਾਰਵਾਈ ਨਹੀਂ ਕੀਤੀ।

## ਹੈਲੀਕਾਪਟਰ ਦੇ ਪੱਖੇ ਦੀ ਲਪੇਟ 'ਚ ਆਉਣ ਨਾਲ ਮੌਤ

**ਦੇਹਰਾਦੂਨ** : ਕੇਦਾਰਨਾਥ 'ਚ ਐਤਵਾਰ ਹੈਲੀਕਾਪਟਰ ਦੇ ਪੱਖੇ ਦੀ ਲਪੇਟ 'ਚ ਆਉਣ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ। ਰੁਦਰਪ੍ਰਯਾਗ ਪੁਲਸ ਨੇ ਦੱਸਿਆ ਕਿ ਹਾਦਸਾ ਐਤਵਾਰ ਦੁਪਹਿਰੇ ਕੇਦਾਰਨਾਥ 'ਚ ਜੀ ਐੱਮ ਵੀ ਐੱਨ ਹੈਲੀਪੈਡ 'ਤੇ ਹੋਇਆ। ਹਾਦਸੇ 'ਚ ਜਾਨ ਗੁਆਉਣ ਵਾਲਾ ਵਿਅਕਤੀ ਸੂਬਾ ਸਰਕਾਰ ਦੇ ਹਵਾਬਾਜ਼ੀ ਵਿਭਾਗ ਨਾਲ ਸੰਬੰਧਤ ਏਜੰਸੀ 'ਚ ਕੰਮ ਕਰਦਾ ਸੀ ਅਤੇ ਕੇਦਾਰਨਾਥ 'ਚ

● ਬਾਕੀ ਸਫ਼ਾ 2 'ਤੇ

### ਬ੍ਰਹਮਪੁੱਤਰ 'ਤੇ ਚੀਨੀ ਪ੍ਰਾਜੈਕਟ ਬਾਰੇ ਚੌਕਸ ਹਾਂ : ਸ਼ੇਖਾਵਤ

**ਨਵੀਂ ਦਿੱਲੀ** : ਕੇਂਦਰੀ ਜਲ ਸ਼ਕਤੀ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੇ ਐਤਵਾਰ ਕਿਹਾ ਕਿ ਭਾਰਤ 'ਚ ਦਾਖਲ ਹੋਣ ਤੋਂ ਪਹਿਲਾਂ ਚੀਨ ਦੇ ਇਲਾਕੇ 'ਚ ਬ੍ਰਹਮਪੁੱਤਰ ਨਦੀ 'ਤੇ 60 ਹਜ਼ਾਰ ਮੈਗਾਵਾਟ ਦੀ ਸਮਰਥਾ ਵਾਲੇ ਹਾਈਡਰੋ ਪ੍ਰਾਜੈਕਟ ਨੂੰ ਲੈ ਕੇ ਕੇਂਦਰ ਸਰਕਾਰ ਪੂਰੀ ਤਰ੍ਹਾਂ ਚੌਕਸ ਹੈ। ਉਨ੍ਹਾ ਕਿਹਾ ਕਿ ਇਸ ਪ੍ਰਾਜੈਕਟ ਰਾਹੀਂ ਭਾਰਤੀ ਹਿੱਤ ਪ੍ਰਭਾਵਿਤ ਨਾ ਹੋਣ, ਇਸ ਨੂੰ ਲੈ ਕੇ ਸਰਕਾਰ ਪੂਰੀ ਤਰ੍ਹਾਂ ਜਾਗਰੂਕ ਹੈ।

ਉਨ੍ਹਾ ਕਿਹਾ ਕਿ ਚੀਨ ਲਗਾਤਾਰ ਦਾਅਵੇ ਕਰ ਰਿਹਾ ਹੈ ਕਿ ਉਹ ਕੋਈ ਡੈਮ ਨਹੀਂ ਬਣਾ ਰਿਹਾ, ਪਰ ਬੀਤੇ ਦੋ-ਤਿੰਨ ਸਾਲਾਂ 'ਚ ਚੀਨ ਦੀ ਹੀ ਸਰਕਾਰੀ ਕੰਪਨੀ 'ਪਾਵਰ ਚਾਈਨਾ' ਅਤੇ ਉਥੋਂ ਦੀ ਸਰਕਾਰ ਨੇ ਆਪਣੀ ਪੰਜ ਸਾਲਾ ਯੋਜਨਾ 'ਚ ਇਸ ਪ੍ਰਾਜੈਕਟ ਦਾ ਜ਼ਿਕਰ ਕੀਤਾ ਹੈ।

## ਮੁੱਖ ਮੰਤਰੀ ਅੱਜ 107 ਨਿਯੁਕਤੀ ਪੱਤਰ ਸੌਂਪਣਗੇ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਲੋਕ ਨਿਰਮਾਣ ਵਿਭਾਗ 'ਚ ਗਰੁੱਪ ਸੀ ਅਤੇ ਡੀ ਦੀਆਂ 107 ਅਸਾਮੀਆਂ ਲਈ ਭਰਤੀ ਪ੍ਰਕਿਰਿਆ ਮੁਕੰਮਲ ਕਰ ਲਈ ਗਈ ਹੈ। ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਦੱਸਿਆ ਕਿ 24 ਅਪਰੈਲ ਨੂੰ ਮੁੱਖ ਮੰਤਰੀ ਭਗਵੰਤ ਮਾਨ ਚੁਣੇ ਗਏ ਉਮੀਦਵਾਰਾਂ ਨੂੰ ਮਿਊਂਸਪਲ ਭਵਨ ਚੰਡੀਗੜ੍ਹ ਵਿਖੇ ਨਿਯੁਕਤੀ ਪੱਤਰ ਸੌਂਪਣਗੇ। ਲੋਕ ਨਿਰਮਾਣ ਵਿਭਾਗ 'ਚ 98 ਕਲਰਕ (ਗਰੁੱਪ ਸੀ), 02 ਜੂਨੀਅਰ ਡਰਾਫਟਸਮੈਨ (ਗਰੁੱਪ ਸੀ, ਤਰਸ ਦੇ ਆਧਾਰ 'ਤੇ) ਅਤੇ 07 (ਗਰੁੱਪ ਡੀ, ਤਰਸ ਦੇ ਆਧਾਰ 'ਤੇ) ਆਦਿ ਕੁੱਲ 107 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਦਿੱਤੇ ਜਾਣਗੇ।

ਲੋਕ ਨਿਰਮਾਣ ਮੰਤਰੀ ਨੇ ਦੱਸਿਆ ਕਿ ਇਸ ਤੋਂ ਇਲਾਵਾ ਹੁਣ ਤੱਕ 22 ਗਰੁੱਪ (ਏ), 206 ਗਰੁੱਪ (ਬੀ), 138 ਗਰੁੱਪ (ਸੀ) ਅਤੇ 26 ਗਰੁੱਪ (ਡੀ) ਸਮੇਤ ਕੁੱਲ 392 ਉਮੀਦਵਾਰਾਂ ਨੂੰ ਲੋਕ ਨਿਰਮਾਣ ਵਿਭਾਗ 'ਚ ਸਰਕਾਰੀ ਨੌਕਰੀ ਦਿੱਤੀ ਜਾ ਚੁੱਕੀ ਹੈ।

## ਅੱਜ-ਨਾਮਾ

ਕਹਿੰਦੇ ਆਡਿਟ ਪੰਚਾਇਤਾਂ ਦਾ ਹੋਊ ਪੂਰਾ,
ਮਿਲਿਆਂ ਫੰਡਾਂ ਦੀ ਕਰਨੀ ਪੜਤਾਲ ਬੇਲੀ।
ਜਿੰਨੀ ਮਾਇਆ ਪੰਚਾਇਤ ਨੂੰ ਆਈ ਹੈ ਸੀ,
ਕਿੱਥੇ ਖਰਚ ਸਾਰਾ ਹੋਇਆ ਏ ਮਾਲ ਬੇਲੀ।
ਖਾ ਲਿਆ ਕਿੰਨਾ ਸਰਪੰਚ ਜਾਂ ਸੈਕਟਰੀ ਨੇ,
ਛਕ ਗਿਆ ਕਿੰਨਾ ਸੀ ਕੋਈ ਦਲਾਲ ਬੇਲੀ।
ਸੱਚੀਮੁੱਚੀਂ ਸੀ ਜਿੱਥੇ ਇਹ ਖਰਚ ਹੋਇਆ,
ਸੁਧਰਿਆ ਲੱਭ ਪਊ ਪਿੰਡ ਦਾ ਹਾਲ ਬੇਲੀ।
ਚੋਰ-ਕੁੱਤੀ ਦੀ ਆਪਸ ਦੀ ਸਾਂਝ ਜਿਹੜੀ,
ਲੁਕੀ ਰਹਿਣੀ ਨਹੀਂ ਕਿਤੇ ਵੀ ਗੱਲ ਬੇਲੀ।
ਲੱਗਜੂ ਪਤਾ ਕੀ ਪੰਚ-ਸਰਪੰਚ ਛਕਿਆ,
ਭੇਜਿਆ ਕਿੰਨਾ ਵਿਧਾਇਕ ਦੇ ਵੱਲ ਬੇਲੀ।

-ਤੀਸ ਮਾਰ ਖਾਂ

## ਈ ਟੀ ਟੀ ਅਧਿਆਪਕ ਯੂਨੀਅਨ ਪੰਜਾਬ ਦੇ ਮਸਲੇ ਹੱਲ ਕਰਨ ਦੀ ਹਦਾਇਤ

**ਜਲੰਧਰ (ਸ਼ੈਲੀ ਐਲਬਰਟ)**

ਈ ਟੀ ਟੀ ਅਧਿਆਪਕ ਯੂਨੀਅਨ ਪੰਜਾਬ ਜ਼ਿਲ੍ਹਾ ਜਲੰਧਰ ਦੇ ਅਧਿਆਪਕਾਂ ਦਾ ਇਕੱਠ ਐਤਵਾਰ ਦੇਸ਼ ਭਗਤ ਯਾਦਗਾਰ ਹਾਲ 'ਚ ਹੋਇਆ, ਜਿਸ ਵਿਚ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ, ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵਿਸ਼ੇਸ਼ ਤੌਰ 'ਤੇ ਪੁੱਜੇ। ਸੂਬਾ ਸਰਪ੍ਰਸਤ ਰਣਜੀਤ ਸਿੰਘ ਬਾਠ, ਜ਼ਿਲ੍ਹਾ ਜਲੰਧਰ ਦੇ ਆਗੂ ਜਗਜੀਤ ਸਿੰਘ ਨੇ ਸਟੇਜ ਦਾ ਸੰਚਾਲਨ ਕੀਤਾ। ਜ਼ਿਲ੍ਹਾ ਜਲੰਧਰ ਦੇ ਸੂਬਾ ਕਮੇਟੀ ਮੈਂਬਰ ਸ਼ਿਵਰਾਜ ਸਿੰਘ ਤੇ ਜ਼ਿਲ੍ਹਾ ਪ੍ਰਧਾਨ ਕੇਵਲ ਸਿੰਘ ਹੁੰਦਲ ਨੇ ਸਮਾਗਮ ਦੇ ਜ਼ਬਰਦਸਤ ਪ੍ਰਬੰਧ ਕੀਤੇ ਸਨ। ਜ਼ਿਲ੍ਹਾ ਜਲੰਧਰ ਦੇ ਅਧਿਆਪਕ ਅਤੇ ਮਹਿਲਾ ਅਧਿਆਪਕ ਵੱਡੀ ਗਿਣਤੀ 'ਚ ਹਾਜ਼ਰ ਸਨ। ਸੂਬਾ ਪ੍ਰਧਾਨ ਜਸਵਿੰਦਰ ਸਿੰਘ ਸਿੱਧੂ ਨੇ ਅਧਿਆਪਕਾਂ ਦੇ ਮਸਲੇ ਪੁਰਾਣੀ ਪੈਨਸ਼ਨ ਲਾਗੂ ਕਰਨਾ, ਅਧਿਆਪਕਾਂ ਦੀ ਅਨਾਮਲੀ ਤੁਰੰਤ ਦੂਰ ਕਰਨਾ, ਪੇਂਡੂ ਭੱਤਾ, ਬਾਰਡਰ ਭੱਤਾ ਕੱਟੇ ਜਾਣਾ, ਬਦਲੀਆਂ ਚ ਅੱਠ-ਅੱਠ ਸਾਲ ਤੋਂ ਦੂਰ ਬੈਠੇ ਅਧਿਆਪਕਾਂ ਨੂੰ ਮੌਕਾ ਦੇਣਾ, ਅਧਿਆਪਕਾਂ ਦਾ ਪ੍ਰਮੋਸ਼ਨ ਚੈਨਲ ਹਰ ਸਾਲ ਬਰਕਰਾਰ ਰੱਖਣਾ, ਈ ਟੀ ਟੀ ਅਧਿਆਪਕ ਦਾ ਪ੍ਰਮੋਸ਼ਨ ਚੈਨਲ ਡੀ ਪੀ

ਆਈ ਤੱਕ ਕਰਨਾ, ਹਰ ਤਰ੍ਹਾਂ ਦੇ ਕੱਚੇ ਅਧਿਆਪਕ ਪੱਕੇ ਕਰਨਾ, ਭਰਤੀਆਂ ਮੁਕੰਮਲ ਕਰਨਾ, ਗੈਰ-ਵਿਦਿਅਕ ਕੰਮ ਬੰਦ ਕਰਨੇ, ਬੀ ਐੱਲ ਓ ਡਿਊਟੀ ਬੰਦ ਕਰਨ, 2018 ਤੋਂ ਬਾਅਦ ਪ੍ਰਮੋਟ ਹੋਏ ਅਧਿਆਪਕਾਂ ਦੀ ਟੈਸਟ ਦੀ ਸ਼ਰਤ ਖਤਮ ਕਰਕੇ ਇੰਕਰੀਮੈਂਟ ਲਾਉਣ ਸੰਬੰਧੀ, ਜ਼ਿਲ੍ਹਾ ਪ੍ਰੀਸ਼ਦ ਸਮੇ ਦੇ ਬਕਾਏ, ਮੈਡੀਕਲ ਬਿੱਲਾਂ ਦੀ ਸਮੇਂ ਸਿਰ ਅਦਾਇਗੀ ਕਰਨੀ, ਸਮੇਤ ਕਈ ਮਸਲੇ ਰੱਖੇ, ਜਿਨ੍ਹਾਂ 'ਤੇ ਸੰਬੰਧਤ ਮੰਤਰੀ ਨੇ ਵਿਸ਼ਵਾਸ ਦਿਵਾਇਆ ਕਿ ਉਹ ਇਹ ਮਸਲੇ ਜਲਦ ਹੱਲ ਕਰਨਗੇ। ਉਹਨਾ ਡੀ ਪੀ ਆਈ ਨੂੰ ਨਿਰਦੇਸ਼ ਦਿੱਤੇ 24 ਅਪ੍ਰੈਲ ਨੂੰ ਈ ਟੀ ਟੀ ਅਧਿਆਪਕ ਯੂਨੀਅਨ ਪੰਜਾਬ ਨਾਲ ਮੀਟਿੰਗ ਕਰਕੇ ਜੋ ਮਸਲੇ ਉਹਨਾ ਦੇ ਪੱਧਰ ਦੇ ਹਨ, ਤੁਰੰਤ ਹੱਲ ਕੀਤੇ ਜਾਣ। ਇਸ ਮੌਕੇ ਸੂਬਾ ਆਗੂ ਰਛਪਾਲ ਸਿੰਘ ਵੜੈਚ, ਜਨਰਲ ਸਕੱਤਰ ਹਰਜੀਤ ਸਿੰਘ ਸੈਣੀ, ਸੂਬਾ ਸੀਨੀਅਰ ਮੀਤ ਪ੍ਰਧਾਨਾਂ ਸਵਰਨਜੀਤ ਸਿੰਘ ਭਗਤਾ, ਬਲਰਾਜ ਸਿੰਘ ਘਲੋਟੀ ਤੇ ਉਂਕਾਰ ਸਿੰਘ ਗੁਰਦਾਸਪੁਰ ਅਤੇ ਜਥੇਬੰਦੀ ਦੇ ਸੂਬਾ ਪ੍ਰੈੱਸ ਸਕੱਤਰ ਰਾਜੇਸ਼ ਕੁਮਾਰ ਬੁਢਲਾਡਾ ਨੇ ਆਸ ਪ੍ਰਗਟ ਕੀਤੀ ਕਿ ਉਨ੍ਹਾਂ ਦੇ ਮਸਲੇ ਜਲਦੀ ਹੱਲ ਹੋਣਗੇ। ਇਸ ਮੌਕੇ ਸੂਬਾ ਜਨਰਲ ਬੂਟਾ ਸਿੰਘ ਮੋਗਾ, ਸੂਬਾ ਕੈਸ਼ੀਅਰ ਕੁਲਵਿੰਦਰ ਸਿੰਘ ਜਹਾਂਗੀਰ, ਜਸਵਿੰਦਰ ਬਰਗਾੜੀ ਫਰੀਦਕੋਟ, ਸੰਪੂਰਨ ਵਿਰਕ ਫਿਰੋਜ਼ਪੁਰ, ਵਿਪਨ ਲੋਟਾ ਫਿਰੋਜ਼ਪੁਰ, ਅਨੂਪ ਸ਼ਰਮਾ ਪਟਿਆਲਾ, ਸਿਰੀ ਰਾਮ ਚੌਧਰੀ ਨਵਾਂਸ਼ਹਿਰ, ਜਗਤਾਰ ਸਿੰਘ ਮਨੈਲਾ ਫਤਿਹਗੜ੍ਹ ਸਾਹਿਬ, ਸਾਹਿਬ ਰਾਜਾ ਕੋਹਲੀ ਫਾਜ਼ਿਲਕਾ, ਸੋਮਨਾਥ ਹੁਸ਼ਿਆਰਪੁਰ, ਬਲਵੀਰ ਸਿੰਘ ਮੁਹਾਲੀ ਅਤੇ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਮਾਨ ਲੁਧਿਆਣਾ, ਗੁਰਜੀਤ ਸਿੰਘ ਘਨੌਰ ਸੰਗਰੂਰ, ਗੁਰਜੀਤ ਸਿੰਘ ਜੱਸੀ ਬਠਿੰਡਾ, ਗੁਰਪ੍ਰੀਤ ਸਿੰਘ ਬਰਾੜ ਮੁਕਤਸਰ, ਕਰਮਜੀਤ ਸਿੰਘ ਬੈਂਸ ਰੋਪੜ, ਸ਼ਿਵ ਰਾਣਾ ਮੁਹਾਲੀ, ਕੁਲਦੀਪ ਸਿੰਘ ਸੱਭਰਵਾਲ ਫਾਜ਼ਿਲਕਾ, ਮਨਮੀਤ ਰਾਏ ਮੋਗਾ, ਧਰਿੰਦਰ ਬੱਧਣ ਨਵਾਂਸਹਿਰ, ਗੁਰਜੀਤ ਸੋਢੀ ਫਿਰੋਜ਼ਪੁਰ, ਖੁਸ਼ਵਿੰਦਰ ਬਰਾੜ ਮਾਨਸਾ, ਮੇਜਰ ਸਿੰਘ ਪਟਿਆਲਾ, ਅਰਸ਼ਵੀਰ ਸਿੰਘ ਹੁਸ਼ਿਆਰਪੁਰ, ਗੁਰਿੰਦਰ ਸਿੰਘ ਗੁਰਮ ਫਤਿਹਗੜ੍ਹ ਸਾਹਿਬ, ਵਰਿੰਦਰ ਅਮਰ ਫਰੀਦਕੋਟ, ਨਵਰੂਪ ਸਿੰਘ ਤਰਨ ਤਾਰਨ, ਸਤਨਾਮ ਸਿੰਘ ਗੁਰਦਾਸਪੁਰ ਤੇ ਗੁਰਮੇਜ ਸਿੰਘ ਕਪੂਰਥਲਾ ਆਦਿ ਮੌਜੂਦ ਸਨ।

### ਰਾਜੀਵ ਬਿੰਦਲ ਮੁੜ ਹਿਮਾਚਲ ਭਾਜਪਾ ਦੇ ਪ੍ਰਧਾਨ ਨਿਯੁਕਤ



**ਨਵੀਂ ਦਿੱਲੀ** : ਭਾਜਪਾ ਨੇ ਪਿਛਲੇ ਦਿਨੀਂ ਅਸਤੀਫੇ ਦੇ ਚੁੱਕੇ ਸਾਂਸਦ ਸੁਰੇਸ਼ ਕਸ਼ਯਪ ਦੀ ਥਾਂ ਸਾਬਕਾ ਸਿਹਤ ਮੰਤਰੀ ਰਾਜੀਵ ਬਿੰਦਲ ਨੂੰ ਹਿਮਾਚਲ ਦਾ ਪ੍ਰਧਾਨ ਨਿਯੁਕਤ ਕੀਤਾ ਹੈ। ਬਿੰਦਲ ਸਿਰਮੌਰ ਦੇ ਨਾਹਨ ਤੋਂ ਪੰਜ ਵਾਰ ਵਿਧਾਇਕ ਰਹਿ ਚੁੱਕੇ ਹਨ। ਕੌਮੀ ਪ੍ਰਧਾਨ ਜੇ ਪੀ ਨੱਢਾ ਦੇ ਵਿਸ਼ਵਾਸਪਾਤਰ ਬਿੰਦਲ 2020 'ਚ ਵੀ ਪ੍ਰਧਾਨ ਬਣੇ ਸਨ, ਪਰ ਸਿਹਤ ਵਿਭਾਗ ਵਿਚ ਸਕੈਂਡਲ ਕਾਰਨ ਅਸਤੀਫਾ ਦੇਣ ਲਈ ਮਜਬੂਰ ਹੋ ਗਏ ਸਨ।

## ਨਰੇਗਾ ਮਜ਼ਦੂਰਾਂ ਨੇ ਜੱਸੇਆਣਾ 'ਚ ਅਧਿਕਾਰੀਆਂ ਦਾ ਪੁਤਲਾ ਫੂਕਿਆ

**ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਦਿਹਾਤੀ ਮਜ਼ਦੂਰ ਸਭਾ ਵੱਲੋਂ ਤਿੰਨ ਪਿੰਡਾਂ ਵਿੱਚ ਨੁੱਕੜ ਮੀਟਿੰਗਾਂ ਕੀਤੀਆਂ ਤੇ ਪਿੰਡ ਜੱਸੇਆਣਾ ਦੇ ਨਰੇਗਾ ਮਜ਼ਦੂਰਾਂ ਦਾ ਕੰਮ ਬੰਦ ਕਰਨ ਵਿਰੁੱਧ ਨਰੇਗਾ ਅਧਿਕਾਰੀਆਂ ਦਾ ਪੁਤਲਾ ਫੂਕਿਆ ਗਿਆ। ਇਥੇ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਸੰਯੁਕਤ ਸਕੱਤਰ ਜਗਜੀਤ ਸਿੰਘ ਜੱਸੇਆਣਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਨਰੇਗਾ ਬੰਦ ਕੀਤੇ ਕੰਮ ਨੂੰ ਫੌਰੀ ਚਾਲੂ ਕੀਤਾ ਜਾਵੇ, ਜੇਕਰ ਸੋਮਵਾਰ ਤੱਕ ਕੰਮ ਨਾ ਚਲਾਇਆ ਗਿਆ ਤਾਂ 24 ਅਪ੍ਰੈਲ ਨੂੰ ਨਰੇਗਾ ਅਧਿਕਾਰੀਆਂ ਦਾ ਘਿਰਾਓ ਕੀਤਾ ਜਾਵੇਗਾ। ਪਿੰਡ ਬੂੜਾ ਗੁੱਜਰ ਤੇ ਡੋਹਕ ਦੀਆਂ ਨੁੱਕੜ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਡੋਹਕ ਇਕਾਈ ਨੰਬਰ 1 ਦੇ ਪ੍ਰਧਾਨ ਗੁਰਤੇਜ ਸਿੰਘ ਤੇਜੀ ਇਕਾਈ ਨੰਬਰ ਤਿੰਨ ਦੀ ਪ੍ਰਧਾਨ ਲਖਵੀਰ ਕੌਰ ਤੇ ਸਬ ਤਹਿਸੀਲ ਮੰਡੀ ਬਰੀਵਾਲਾ ਦੇ ਪ੍ਰਧਾਨ ਬੇਅੰਤ ਸਿੰਘ ਸਾਬਕਾ ਸਰਪੰਚ ਵੰਗਲ ਨੇ ਸੰਬੋਧਨ ਕਰਦਿਆਂ ਦੋਸ਼ ਲਾਇਆ ਕਿ ਪਿੰਡ ਬੂੜਾ ਗੁੱਜਰ ਵਿੱਚ ਨਰੇਗਾ ਦਾ ਕੰਮ ਨਹੀਂ ਚਲਾਇਆ ਗਿਆ ਤੇ ਸੀਰਵਾਲੀ, ਬੁਢੀ ਮਾਲ ਪਿੰਡਾਂ ਵਿੱਚ ਵੀ ਕੰਮ ਠੱਪ ਪਏ ਹਨ। ਉਨ੍ਹਾਂ ਕਿਹਾ ਕਿ ਕੰਮ ਨਾ ਚਲਾਉਣ ਦੀ ਸੂਰਤ ਵਿੱਚ ਨਰੇਗਾ ਮਜ਼ਦੂਰਾਂ ਨੂੰ ਪਿੰਡ ਪਿੰਡ ਲਾਮਬੰਦ ਕਰਕੇ ਜ਼ੋਰਦਾਰ ਸੰਘਰਸ਼ ਵਿੱਢਿਆ ਜਾਵੇਗਾ।

## ਮੁੱਦਕੀ ਦੀ ਜਾਮਾ ਮਸਜਿਦ ਵਿਖੇ ਈਦ ਦਾ ਤਿਉਹਾਰ ਮਨਾਇਆ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਈਦ-ਉੱਲ-ਫਿਤਰ ਦਾ ਤਿਉਹਾਰ ਮੁੱਦਕੀ ਦੀ ਜਾਮਾ ਮਸਜਿਦ ਵਿੱਚ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਨਮਾਜ਼ ਅਦਾ ਕਰਨ ਤੋਂ ਬਾਅਦ ਲੋਕਾਂ ਨੇ ਇੱਕ ਦੂਜੇ ਨੂੰ ਗਲੇ ਲਗਾਇਆ ਤੇ ਸ਼ੁੱਭ-ਕਾਮਨਾਵਾਂ ਦਿੱਤੀਆਂ। ਇਸ ਮੌਕੇ ਡਾ. ਅਬਦੁਲ ਹਮੀਦ ਮਲਿਕ ਨੇ ਮੌਲਾਨਾ ਹੁਸੈਨ ਅਹਿਮਦ ਨੂੰ ਗਿਫਟ ਵਜੋਂ ਸਕੂਟਰੀ ਦਿੱਤੀ। ਉਨ੍ਹਾ ਕਿਹਾ ਕਿ "ਈਦ-ਉਲ-ਫਿਤਰ" ਸ਼ਾਂਤੀ, ਭਾਈਚਾਰੇ, ਮਨੁੱਖਤਾ ਤੇ ਪਿਆਰ ਦਾ ਸੰਦੇਸ਼ ਦਿੰਦੀ ਹੈ।ਉਹ ਕਾਮਨਾ ਕਰਦਾ ਹਨ ਕਿ ਦੇਸ਼ ਵਿੱਚੋਂ ਸਾਰੀਆਂ ਬੁਰਾਈਆਂ ਦੂਰ ਹੋ ਜਾਣ ਤੇ ਹਰ ਪਾਸੇ ਖੁਸ਼ੀਆਂ ਫੈਲੇ।ਉਹ ਕਾਮਨਾ ਕਰਦਾ ਹਨ ਕਿ ਦੇਸ਼ ਤਰੱਕੀ ਤੇ ਤਰੱਕੀ ਕਰਦਾ ਰਹੇ। ਇਸ ਮੌਕੇ ਮੁਹੰਮਦ ਸਾਲਿਕ ਨੇ ਕਿਹਾ ਕਿ ਅੱਜ ਦਾ ਦਿਨ ਬਹੁਤ ਖੁਸ਼ੀ ਦਾ ਹੈ। ਭਾਰਤ ਵਿੱਚ ਹਰ ਥਾਂ ਪਿਆਰ ਨਾਲ ਪ੍ਰਾਰਥਨਾਵਾਂ ਕੀਤੀਆਂ ਜਾ ਰਹੀਆਂ ਹਨ।

## ਪੈਰਾਡਾਈਜ਼ ਅਕੈਡਮੀ ਵਿਖੇ ਧਰਤੀ ਦਿਵਸ ਮਨਾਇਆ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪੈਰਾਡਾਈਜ਼ ਅਕੈਡਮੀ ਸੀਨੀਅਰ ਸੈਕਡੰਰੀ ਵਜੀਦਕੇ ਖੁਰਦ (ਬਰਨਾਲਾ) ਵਿਖੇ ਪ੍ਰਿੰਸੀਪਲ ਜਸਵਿੰਦਰ ਸਿੰਘ ਚਹਿਲ ਦੀ ਅਗਵਾਈ ਹੇਠ ਧਰਤੀ ਦਿਵਸ ਮਨਾਇਆ ਗਿਆ। ਇਸ ਮੌਕੇ 11ਵੀਂ, 12ਵੀਂ ਸ਼੍ਰੇਣੀ ਦੀਆਂ ਵਿਦਿਆਰਥਣਾਂ ਵੱਲੋਂ ਰੰਗੋਲੀ ਤਿਆਰ ਕੀਤੀ ਗਈ। ਵੱਖ-ਵੱਖ ਕਲਾਸਾਂ ਦੇ ਵਿਦਿਆਰਥੀਆਂ ਵਿਚਕਾਰ ਡਰਾਇੰਗ ਮੁਕਾਬਲਾ ਕਰਵਾਇਆ ਗਿਆ। ਛੇਵੀਂ, ਸੱਤਵੀਂ, ਅੱਠਵੀਂ ਸ਼੍ਰੇਣੀ ਦੇ ਵਿਦਿਆਰਥੀਆਂ ਵੱਲੋਂ ਧਰਤੀ ਦੀ ਮਹੱਤਤਾ ਨੂੰ ਦਰਸਾਉਂਦੀ ਕੋਰਿਓਗ੍ਰਾਫੀ ਪੇਸ਼ ਕੀਤੀ ਗਈ। ਇਸ ਮੌਕੇ ਸਮੂਹ ਸਟਾਫ ਤੇ ਵਿਦਿਆਰਥੀਆਂ ਨੇ ਧਰਤੀ ਨੂੰ ਬਚਾਉਣ ਲਈ ਵੱਖ-ਵੱਖ ਤਰ੍ਹਾਂ ਦੇ ਉਪਰਾਲੇ ਕਰਨ ਦਾ ਪ੍ਰਣ ਕੀਤਾ ਤਾਂ ਕਿ ਆਉਣ ਵਾਲੀ ਪੀੜ੍ਹੀ ਸ਼ੁੱਧ ਵਾਤਾਵਰਨ ਦੀ ਜ਼ਿੰਦਗੀ ਬਤੀਤ ਕਰ ਸਕੇ। ਇਸ ਮੌਕੇ ਮੈਨੇਜਮੈਂਟ ਕਮੇਟੀ ਦੇ ਮੈਂਬਰ ਸ੍ਰ: ਰਣਜੀਤ ਸਿੰਘ ਟੱਲੇਵਾਲ (ਸੇਵਾਮੁਕਤ ਮੁੱਖ ਅਧਿਆਪਕ), ਚੇਅਰਮੈਨ ਸੁਰਿੰਦਰ ਬਾਵਾ, ਅਲੋਕ ਸਿੰਗਲਾ, ਸੰਜੀਵ ਬਾਂਸਲ, ਮੁਨੀਸ਼ ਸਿੰਗਲਾ, ਵਿਸ਼ਾਲ ਗਰਗ, ਬਲਜਿੰਦਰ ਕੁਮਾਰ ਹਾਜ਼ਰ ਸਨ।

## ਧਰਤੀ ਦਿਵਸ ਮੌਕੇ ਵਿਦਿਆਰਥੀਆਂ ਨੂੰ ਆਲਾ ਦੁਆਲਾ ਸਾਫ ਰੱਖਣ ਲਈ ਕੀਤਾ ਪ੍ਰੇਰਿਤ

**ਬਾਘਾ ਪੁਰਾਣਾ (ਮਨੀ ਸਿਗਲਾ)**-ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ ਵਿਖੇ ਧਰਤੀ ਦਿਵਸ ਮਨਾਇਆ ਗਿਆ। ਇਸ ਮੌਕੇ ਜਿੱਥੇ ਵਿਦਿਆਰਥੀਆਂ ਨੇ ਧਰਤੀ ਮਾਂ ਨਾਲ ਸਬੰਧਤ ਕਵਿਤਾਵਾਂ ਤੇ ਭਾਸ਼ਣ ਕਲਾ ਦੀ ਪੇਸ਼ਕਾਰੀ ਕੀਤੀ, ਉਥੇ ਹੀ ਉਨ੍ਹਾਂ ਵਿਚਕਾਰ ਪਾਣੀ ਬਚਾਓ ਤੇ ਧਰਤੀ ਬਚਾਓ, ਨਾਲ ਸਬੰਧਤ ਚਾਰਟ ਤੇ ਮਾਡਲ ਬਣਾਉਣ ਦੇ ਮੁਕਾਬਲੇ ਵੀ ਕਰਵਾਏ ਗਏ। ਸਕੂਲ ਚੇਅਰਮੈਨ ਤਰਸੇਮ ਲਾਲ ਗਰਗ ਨੇ ਬੱਚਿਆਂ ਨੂੰ ਧਰਤੀ ਦਿਵਸ ਮਨਾਉਣ ਦਾ ਕਾਰਨ ਦੱਸਦੇ ਹੋਏ ਵੱਧ ਤੋਂ ਵੱਧ ਦਰੱਖਤ ਲਗਾਉਣ ਤੇ ਆਲਾ-ਦੁਆਲਾ ਸਾਫ਼ ਰੱਖਣ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਮਨੋਜ ਕੁਮਾਰ ਤੇ ਮੈਡਮ ਜ਼ੀਨਮ ਗਰਗ ਨੇ ਵਿਦਿਆਰਥੀਆਂ ਨੂੰ ਧਰਤੀ ਦਿਵਸ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਧਰਤੀ ਤੇ ਪਾਣੀ ਦੋਨਾਂ ਨੂੰ ਸੰਭਾਲ ਕੇ ਰੱਖਣ ਲਈ ਇਨ੍ਹਾਂ ਨੂੰ ਸਾਫ਼ ਰੱਖਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਬੱਚਿਆਂ ਨੂੰ ਈ-ਵੇਸਟ ਮੈਨੇਜਮੈਂਟ ਬਾਰੇ ਦੱਸਿਆ। ਉਨ੍ਹਾਂ ਵਿਦਿਆਰਥੀਆਂ ਸਮੇਤ ਸਕੂਲ ਸਟਾਫ਼ ਨੂੰ ਵੀ ਵਾਤਾਵਰਨ, ਪਾਣੀ ਤੇ ਧਰਤੀ ਨੂੰ ਸੁਰੱਖਿਅਤ ਰੱਖਣ ਲਈ ਸਹੁੰ ਚੁਕਾਈ ਤੇ ਕਿਹਾ ਕਿ ਸਾਨੂੰ ਅਜਿਹਾ ਸਿਰਫ਼ ਮੋਬਾਇਲਾਂ 'ਤੇ ਦਿਖਾਵਾ ਕਰਨ ਲਈ ਨਹੀਂ, ਬਲਕਿ ਆਪਣੀ ਅਸਲ ਜ਼ਿੰਦਗੀ ਵਿੱਚ ਵੀ ਅਜਿਹਾ ਹੀ ਕਰਨਾ ਚਾਹੀਦਾ ਹੈ।

## ਹੋਲੀ ਹਾਰਟ ਸਕੂਲ 'ਚ ਗੁਰੂ ਅੰਗਦ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ

**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਸ਼੍ਰੀ ਗੁਰੂ ਅੰਗਦ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ ਗਿਆ। ਸ਼੍ਰੀ ਗੁਰੂ ਅੰਗਦ ਦੇਵ ਜੀ ਸਿੱਖਾਂ ਦੇ ਦੂਜੇ ਗੁਰੂ ਸਨ। ਅਧਿਆਪਕਾਂ ਦੁਆਰਾ ਵਿਦਿਆਰਥੀਆਂ ਨੂੰ ਸ਼੍ਰੀ ਗੁਰੂ ਅੰਗਦ ਦੇਵ ਜੀ ਬਾਰੇ ਦੱਸਿਆ ਗਿਆ। ਉਨ੍ਹਾਂ ਦੱਸਿਆ ਕਿ ਸ਼੍ਰੀ ਗੁਰੂ ਅੰਗਦ ਦੇਵ ਜੀ ਦਾ ਜਨਮ 1504 ਈ: ਨੂੰ ਹੋਇਆ ਸ਼੍ਰੀ ਗੁਰੂ ਅੰਗਦ ਦੇਵ ਜੀ ਨੇ 1539 ਈ: ਤੋਂ ਲੈ ਕੇ 1552 ਈ: ਤੱਕ ਸਿੱਖ ਪੰਥ ਦੀ ਅਗਵਾਈ ਕੀਤੀ। ਸ਼੍ਰੀ ਗੁਰੂ ਅੰਗਦ ਦੇਵ ਜੀ ਦੇ 62 ਸਲੋਕ ਆਦਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਵਾਰਾਂ ਵਿੱਚ ਅੰਕਿਤ ਹਨ। ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਨਿਤਨੇਮ ਕਰਨ ਦੀ ਪ੍ਰੇਰਨਾ ਦਿੱਤੀ ਗਈ। ਅੰਤ 'ਚ ਅਧਿਆਪਕਾਂ ਦੁਆਰਾ ਵਿਦਿਆਰਥੀਆਂ ਨੂੰ ਗੁਰਬਾਣੀ ਤੇ ਦਸ ਗੁਰੂ ਸਾਹਿਬਾਨਾਂ ਦੇ ਜੀਵਨ ਕਾਲ ਬਾਰੇ ਪ੍ਰਸ਼ਨ ਪੁੱਛੇ ਗਏ। ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਮੈਡਮ ਪਰਮਜੀਤ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ ਤੇ ਸਕੂਲ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਕਿਹਾ ਕਿ ਬੱਚਿਆਂ ਨੂੰ ਧਾਰਮਿਕਤਾ ਪਾਸੇ ਲਗਾਉਣ ਲਈ ਦਸ ਗੁਰੂ ਸਾਹਿਬਾਨਾਂ ਬਾਰੇ ਜਾਣਕਾਰੀ ਹੋਣਾ ਬਹੁਤ ਹੀ ਜ਼ਰੂਰੀ ਹੈ। ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਗੁਰਬਾਣੀ ਬਾਰੇ ਵੀ ਜਾਣਕਾਰੀ ਦੇਣੀ ਚਾਹੀਦੀ ਹੈ।

## ਬਾਟਨੀ ਵਿਭਾਗ ਦੇ ਵਿਦਿਆਰਥੀਆਂ ਦਾ ਵਿੱਦਿਅਕ ਦੌਰਾ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਬਾਟਨੀ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਹਿਮਾਚਲ ਪ੍ਰਦੇਸ਼ ਦੇ ਸੋਲਨ ਤੇ ਉਸ ਦੇ ਨਾਲ ਲੱਗਦੇ ਇਲਾਕਿਆਂ ਦਾ ਵਿੱਦਿਅਕ ਦੌਰਾ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਵੱਖ-ਵੱਖ ਪੌਦਿਆਂ ਅੇ ਉਨ੍ਹਾਂ ਦੇ ਫਲਾਂ ਬਾਰੇ ਭਰਪੂਰ ਜਾਣਕਾਰੀ ਹਾਸਲ ਕੀਤੀ। ਵਿਭਾਗ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਿਹਾ ਕਿ ਅਜਿਹੇ ਵਿੱਦਿਅਕ ਦੌਰੇ ਵਿਦਿਆਰਥੀਆਂ ਲਈ ਬਹੁਤ ਮਹੱਤਵਪੂਰਨ ਹੁੰਦੇ ਹਨ, ਕਿਉਂਕਿ ਇਹ ਕਿਤਾਬੀ ਗਿਆਨ ਦੇ ਨਾਲ-ਨਾਲ ਵਿਦਿਆਰਥੀਆਂ ਦੇ ਵਿਹਾਰਕ ਗਿਆਨ ਵਿੱਚ ਵੀ ਵਾਧਾ ਕਰਦੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਭਾਗ ਦੇ ਮੁਖੀ ਪ੍ਰੋ. ਲਵਨੀਤ ਕੌਰ ਨੇ ਦੱਸਿਆ ਕਿ ਸਮੇਂ-ਸਮੇਂ ਸਿਰ ਵਿਭਾਗ ਵੱਲੋਂ ਅਜਿਹੇ ਉਪਰਾਲੇ ਕੀਤੇ ਜਾਂਦੇ ਹਨ, ਕਿਉਂਕਿ ਅਜਿਹੀਆਂ ਉਸਾਰੂ ਗਤੀਵਿਧੀਆਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਬਹੁਤ ਲਾਹੇਵੰਦ ਸਾਬਿਤ ਹੁੰਦੀਆਂ ਹਨ। ਉਨ੍ਹਾ ਦੱਸਿਆ ਕਿ ਇਹ ਦੌਰਾ ਡਾ. ਵਿਜੇ ਸਿੰਘ, ਪ੍ਰੋ. ਪ੍ਰਭਜੋਤ ਕੌਰ ਤੇ ਪ੍ਰੋ. ਅਨਮੋਲ ਕੌਰ ਦੀ ਯੋਗ ਅਗਵਾਈ ਹੇਠ ਕੀਤਾ ਗਿਆ। ਇਸ ਮੌਕੇ ਬੀ.ਐੱਸ.ਸੀ. ਮੈਡੀਕਲ, ਬੀ.ਐੱਸ.ਸੀ. ਆਨਰਜ਼ ਬਾਟਨੀ ਤੇ ਐੱਮ.ਐੱਸ.ਸੀ. ਬਾਟਨੀ ਦੇ ਵਿਦਿਆਰਥੀ ਹਾਜ਼ਰ ਸਨ।

## ਚੋਣ ਮੁਹਿੰਮ ਨੂੰ ਅਸਰਦਾਰ ਢੰਗ ਨਾਲ ਚਲਾਉਣ ਲਈ ਸੀ ਪੀ ਆਈ ਦੀ ਹੰਗਾਮੀ ਮੀਟਿੰਗ

**ਜਲੰਧਰ (ਗਿਆਨ ਸੈਦਪੁਰੀ)**

ਮੀਟਿੰਗ 'ਚ ਸ਼ਾਮਲ ਸੰਤੋਸ਼ ਬਰਾੜ, ਰਛਪਾਲ ਕੈਲੇ ਤੇ ਹੋਰ।

ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਜਲੰਧਰ ਦੀ ਐਗਜ਼ੈਕਟਿਵ ਕਮੇਟੀ ਦੀ ਹੰਗਾਮੀ ਮੀਟਿੰਗ ਕਾਮਰੇਡ ਸੰਤੋਸ਼ ਬਰਾੜ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਜਲੰਧਰ ਲੋਕ ਸਭਾ ਹਲਕੇ ਦੀ ਜ਼ਿਮਨੀ ਚੋਣ ਲਈ ਕਾਂਗਰਸ ਪਾਰਟੀ ਅਤੇ ਸੀ ਪੀ ਆਈ ਵਿਚਕਾਰ ਸਾਂਝੀ ਚੋਣ ਮੁਹਿੰਮ ਚਲਾਉਣ ਦੇ ਫੈਸਲੇ ਨੂੰ ਅਸਰਦਾਰ ਢੰਗ ਨਾਲ ਲਾਗੂ ਕਰਨ ਸੰਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਸੇ ਰੌਸ਼ਨੀ ਵਿੱਚ ਜ਼ਿਲ੍ਹਾ ਜਲੰਧਰ ਵਿੱਚ ਪੈਂਦੀਆਂ ਤਹਿਸੀਲਾਂ ਦੀਆਂ ਕਮੇਟੀਆਂ ਬਣਾਈਆਂ ਗਈਆਂ। ਤਹਿਸੀਲ ਨਕੋਦਰ-ਸ਼ਾਹਕੋਟ ਲਈ ਬਣਾਈ ਗਈ ਕਮੇਟੀ ਵਿੱਚ ਕਾਮਰੇਡ ਚਰਨਜੀਤ ਥੰਮੂਵਾਲ, ਕਾਮਰੇਡ ਗਿਆਨ ਸੈਦਪੁਰੀ ਅਤੇ ਕਾਮਰੇਡ ਸਿਕੰਦਰ ਸੰਧੂ ਸ਼ਾਮਲ ਹਨ। ਜਲੰਧਰ ਤਹਿਸੀਲ ਕਮੇਟੀ ਵਿੱਚ ਹਰਜਿੰਦਰ ਸਿੰਘ ਮੌਜੀ, ਐਡਵੋਕੇਟ ਰਜਿੰਦਰ ਮੰਡ, ਮਹਿੰਦਰ ਘੋੜਾਬਾਹੀ ਤੇ ਵੀਰ ਕੁਮਾਰ ਸ਼ਾਮਲ ਹਨ। ਤਹਿਸੀਲ ਫਿਲੌਰ ਦੀ ਕਮੇਟੀ ਜਗੀਰ ਮੁਆਈ, ਤਰਸੇਮ ਸਿੰਘ ਜੰਡਿਆਲਾ ਤੇ ਜਸਵਿੰਦਰ ਸਿੰਘ 'ਤੇ ਅਧਾਰਤ ਹੋਵੇਗੀ। ਜਲੰਧਰ ਸ਼ਹਿਰੀ ਲਈ ਸੱਤਪਾਲ, ਰਣਜੀਤ ਸਿੰਘ ਔਲਖ ਆਦਿ ਕਮੇਟੀ ਮੈਂਬਰ ਬਣਾਏ ਗਏ ਹਨ। ਐਗਜ਼ੈਕਟਿਵ ਦੀ ਅਗਲੀ ਮੀਟਿੰਗ 12 ਮਈ ਨੂੰ ਰੱਖੀ ਗਈ ਹੈ।

## ਕ੍ਰਿਕਟ ਕੋਚਿੰਗ ਸੈਂਟਰ ਭਰਤੀ ਲਈ ਟਰਾਇਲ 26 ਤੋਂ

**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਕ੍ਰਿਕਟ ਐਸੋਸੀਏਸ਼ਨ ਮੋਹਾਲੀ ਪੰਜਾਬ ਦੁਆਰਾ ਰੀਜ਼ਨਲ ਕੋਚਿੰਗ ਸੈਂਟਰ ਵਿੱਚ ਭਰਤੀ ਲਈ ਅੰਡਰ-14 ਸਾਲ, ਅੰਡਰ-16 ਤੇ ਅੰਡਰ-19 ਸਾਲ ਖਿਡਾਰੀਆਂ ਦੀ ਟਰਾਇਲ ਕ੍ਰਮਵਾਰ 26, 27 ਤੇ 28 ਅਪ੍ਰੈਲ ਨੂੰ ਹੋਣਗੇ। ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਦੇ ਜਨਰਲ ਸੈਕਰੇਟਰੀ ਸ੍ਰੀ ਯੋਗਰਾਜ ਜੀ ਨੇ ਦੱਸਿਆ ਕਿ ਪੀ.ਸੀ.ਏ. ਦੇ ਆਰ.ਸੀ.ਸੀ. ਵਿੱਚ ਭਰਤੀ ਲਈ ਅੰਡਰ-14 ਸਾਲ ਲਈ ਖਿਡਾਰੀ ਦਾ ਜਨਮ 01 ਸਤੰਬਰ 2010, ਅੰਡਰ-16 ਸਾਲ ਲਈ 01 ਸਤੰਬਰ, 2008 ਤੇ ਅੰਡਰ-19 ਸਾਲ ਲਈ 01 ਸਤੰਬਰ, 2005 ਤੋਂ ਬਾਅਦ ਹੋਵੇ ਚੁਣੇ ਗਏ ਖਿਡਾਰੀ ਪੰਜਾਬ ਕ੍ਰਿਕਟ ਐਸੋਸੀਏਸ਼ਨ ਮੋਹਾਲੀ ਦੁਆਰਾ ਲਾਏ ਗਏ ਕੋਚਾਂ ਤੋਂ ਕੋਚਿੰਗ ਲੈਣਗੇ। ਇਹ ਟਰਾਇਲ 26 ਫਰਵਰੀ, ਸਵੇਰੇ 09:00 ਵਜੇ ਤੋਂ ਸਰਕਾਰੀ ਰਣਬੀਰ ਕਾਲਜ ਸੰਗਰੂਰ ਵਿਖੇ ਸ਼ੁਰੂ ਹੋ ਕੇ 28 ਅਪ੍ਰੈਲ 2023 ਤੱਕ ਜਾਰੀ ਰਹਿਣਗੇ ਤੇ ਖਿਡਾਰੀ ਆਪਣੇ ਅਸਲੀ ਜਨਮ ਸਰਟੀਫਿਕੇਟ ਨਾਲ ਲੈ ਕੇ ਆਉਣਗੇ। ਇਸ ਟਰਾਇਲ ਲਈ ਕੋਈ ਵੀ ਫ਼ੀਸ ਨਹੀਂ ਲੱਗੇਗੀ। ਇਨ੍ਹਾਂ ਟਰਾਇਲਾਂ ਵਿੱਚ ਭਾਗ ਲੈਣ ਵਾਲੇ ਖਿਡਾਰੀ ਟ੍ਰਾਇਲ ਤੋਂ ਪਹਿਲਾਂ ਆਪਣਾ ਫਾਰਮ ਭਰ ਕੇ ਗਰਾਊਂਡ ਵਿੱਚ ਜਮ੍ਹਾਂ ਕਰਾ ਦੇਣ। ਇਸ ਮੌਕੇ ਸ੍ਰੀ ਹਰੀਸ਼ ਕੁਮਾਰ, ਰਾਜੇਸ਼ ਕੁਮਾਰ ਰੱਜਾ, ਸੁਸ਼ੀਲ ਕਾਲੜਾ, ਰਵਿੰਦਰ ਸਿੰਘ ਤੇ ਬਲਵੀਰ ਸਿੰਘ ਮੌਜੂਦ ਸਨ।

## ਜੱਸਾ ਸਿੰਘ ਰਾਮਗੜ੍ਹੀਆ ਦੀ ਜਨਮ ਸ਼ਤਾਬਦੀ ਨੂੰ ਸਮਰਪਤ ਨਗਰ ਕੀਰਤਨ ਦਾ ਭਰਵਾਂ ਸਵਾਗਤ

**ਨਾਭਾ (ਵਰਿੰਦਰ ਵਰਮਾ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਜਰਨੈਲ ਸ੍ਰ. ਜੱਸਾ ਸਿੰਘ ਰਾਮਗੜ੍ਹੀਆ ਦੇ 300 ਸਾਲਾ ਜਨਮ ਦਿਨ ਨੂੰ ਸਮਰਪਤ ਖ਼ਾਲਸਾ ਫ਼ਤਿਹ ਮਾਰਚ, ਜੋ 16 ਅਪ੍ਰੈਲ ਨੂੰ ਗੁਰਦੁਆਰਾ ਸ੍ਰੀ ਰਕਾਬਗੰਜ ਸਾਹਿਬ ਦਿੱਲੀ ਤੋਂ ਆਰੰਭ ਹੋਇਆ ਸੀ, ਦਾ ਅੱਜ ਇਤਿਹਾਸਕ ਨਗਰੀ ਨਾਭਾ ਪਹੁੰਚਣ 'ਤੇ ਸਮਾਜਿਕ, ਧਾਰਮਿਕ, ਰਾਜਨੀਤਕ ਜਥੇਬੰਦੀਆਂ ਤੋਂ ਇਲਾਵਾ ਰਾਮਗੜ੍ਹੀਆ ਭਾਈਚਾਰੇ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਵੱਲੋਂ ਥਾਂ-ਥਾਂ ਸਵਾਗਤੀ ਗੇਟ ਲਗਾ ਭਰਵਾਂ ਸਵਾਗਤ ਕੀਤਾ ਗਿਆ ਤੇ ਗੁਰੂ ਦਾ ਅਸ਼ੀਰਵਾਦ ਲਿਆ। ਇਸ ਮੌਕੇ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਭੇਟ ਕੀਤੇ। ਫ਼ਤਿਹ ਮਾਰਚ ਦੀ ਰਵਾਨਗੀ ਹੋਈ ਤਾਂ ਵੱਡੀ ਗਿਣਤੀ 'ਚ ਪੁੱਜੀ ਸੰਗਤ ਨੇ ਫੁੱਲਾਂ ਦੀ ਵਰਖਾ ਕਰਕੇ ਸਤਿਕਾਰ ਭੇਟ ਕੀਤਾ। ਇਹ ਫ਼ਤਹਿ ਮਾਰਚ 4 ਮਈ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਸਾਹਿਬ ਵਿਖੇ ਪੁੱਜ ਕੇ ਸੰਪੰਨ ਹੋਵੇਗਾ। ਇਸ ਮੌਕੇ ਪ੍ਰੀਤ ਗਰੁੱਪ ਨਾਭਾ ਵੱਲੋਂ ਜੋਸ਼ੋ ਖਰੋਸ਼ ਨਾਲ ਨਗਰ ਕੀਰਤਨ ਦਾ ਸਵਾਗਤ ਕਰਦਿਆਂ ਚਾਹ ਤੇ ਬਰੈੱਡਾਂ ਦਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਸਾਬਕਾ ਮੰਤਰੀ ਹੀਰਾ ਸਿੰਘ ਗਾਬੜੀਆ ਸਾਬਕਾ ਮੰਤਰੀ, ਸੁਰਜੀਤ ਸਿੰਘ ਰੱਖੜਾ, ਹਰੀ ਸਿੰਘ ਐੱਮ ਡੀ ਪ੍ਰੀਤ ਗਰੁੱਪ ਨਾਭਾ, ਸ਼੍ਰੋਮਣੀ ਕਮੇਟੀ ਮੈਂਬਰ ਸਤਵਿੰਦਰ ਸਿੰਘ ਟੌਹੜਾ, ਬਲਤੇਜ ਸਿੰਘ ਖੋਖ, ਕੁਲਦੀਪ ਸਿੰਘ ਨੱਸੂਪੁਰ, ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਚਰਨ ਸਿੰਘ ਐੱਮ ਡੀ ਮਲਕੀਤ ਐਗਰੋਟੈਕ ਗਰੁੱਪ, ਗੁਰਪ੍ਰੀਤ ਸਿੰਘ ਡਾਇਰੈਕਟਰ ਪ੍ਰੀਤ ਗਰੁੱਪ ਤੋਂ ਇਲਾਵਾ ਵੱਡੀ ਗਿਣਤੀ 'ਚ ਵੱਖ ਵੱਖ ਜਥੇਬੰਦੀਆਂ ਦੇ ਆਗੂ ਤੇ ਸਿੱਖ ਸੰਗਤਾਂ ਹਾਜ਼ਰ ਸਨ।

## ਧੂਰੀ ਮੰਡੀ 'ਚ ਕਣਕ ਦੀ ਲੋਡਿੰਗ ਸੁਸਤ, ਭਰੀਆਂ ਬੋਰੀਆਂ ਦੇ ਲੱਗੇ ਅੰਬਾਰ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਕਣਕ ਦੇ ਚੱਲ ਰਹੇ ਸੀਜ਼ਨ ਦੌਰਾਨ ਅਨਾਜ ਮੰਡੀ 'ਚ ਕਣਕ ਦੀ ਖਰੀਦ ਦਾ ਕੰਮ ਭਾਵੇਂ ਮੁਕੰਮਲ ਹੋਣ ਦੇ ਨੇੜੇ ਹੈ, ਪਰ ਮੁੱਖ ਮੰਤਰੀ ਭਗਵੰਤ ਮਾਨ ਦੇ ਹਲਕੇ ਦੀ ਧੂਰੀ ਮੰਡੀ ਅੰਦਰ ਖਰੀਦੀ ਗਈ ਕਣਕ ਦੀ ਲੋਡਿੰਗ ਸੁਸਤ ਚਾਲ ਹੋਣ ਕਾਰਨ ਮੰਡੀ ਅੰਦਰ ਕਣਕ ਦੀਆਂ ਭਰੀਆਂ ਬੋਰੀਆਂ ਦੇ ਅੰਬਾਰ ਲੱਗੇ ਨਜ਼ਰ ਆ ਰਹੇ ਹਨ। ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਸਾਥੀ ਜਗਤਾਰ ਸਿੰਘ ਸਮਰਾ ਨੇ ਕਣਕ ਦੇ ਖਰੀਦ ਪ੍ਰਬੰਧਾਂ 'ਤੇ ਭਾਵੇਂ ਤਸੱਲੀ ਪ੍ਰਗਟਾਈ, ਪਰ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦੀ ਗਈ ਬੋਰੀਆਂ 'ਚ ਭਰੀ ਕਣਕ ਦੀ ਉਠਵਾਈ ਸੁਸਤ ਹੋਣ ਦੀ ਗੱਲ ਕਰਦਿਆਂ ਕਿਹਾ ਕਿ ਕਣਕ ਦੀ ਉਠਵਾਈ ਲਈ ਪੂਰੀ ਗਿਣਤੀ 'ਚ ਟਰੱਕਾਂ ਦਾ ਪ੍ਰਬੰਧ ਨਾ ਹੋਣ ਅਤੇ ਅਨਲੋਡਿੰਗ ਲੇਬਰ ਦੀ ਘਾਟ ਕਾਰਨ ਮੰਡੀ ਅੰਦਰ ਬੋਰੀਆਂ 'ਚ ਭਰੀ ਕਣਕ ਦੇ ਅੰਬਾਰ ਲੱਗ ਰਹੇ ਹਨ ਤੇ ਕਰੀਬ 75 ਪ੍ਰਤੀਸ਼ਤ ਕਣਕ ਦੀ ਉਠਵਾਈ ਹੋਣੀ ਨੇ ਅਜੇ ਬਾਕੀ ਹੈ। ਸਾਥੀ ਸਮਰਾ ਨੇ ਦੱਸਿਆ ਕਿ ਲੰਘੀ 20 ਅਪ੍ਰੈਲ ਤੱਕ ਧੂਰੀ ਮੰਡੀ ਅੰਦਰ ਕਣਕ ਦੇ ਕਰੀਬ 4 ਲੱਖ 12 ਹਜ਼ਾਰ 589 ਗੱਟੇ ਆਏ, ਜਿਨ੍ਹਾਂ 'ਚੋਂ ਸਿਰਫ਼ 1 ਲੱਖ 1 ਹਜ਼ਾਰ 158 ਗੱਟਿਆਂ ਦੀ ਉਠਵਾਈ ਹੋਈ। ਅਜੇ 3 ਲੱਖ 11 ਹਜ਼ਾਰ 431 ਗੱਟਿਆਂ ਦੀ ਉਠਵਾਈ ਹੋਣੀ ਬਾਕੀ ਹੈ। ਉਨ੍ਹਾਂ ਉੱਚ ਪ੍ਰਸ਼ਾਸਨਿਕ ਅਧਿਕਾਰੀਆਂ ਤੋਂ ਕਣਕ ਦੀ ਉਠਵਾਈ ਤੇਜ਼ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਕਣਕ ਦੀ ਉਠਵਾਈ ਵਿੱਚ ਤੇਜ਼ੀ ਲਿਆਉਣ ਲਈ ਠੇਕੇਦਾਰ ਨੂੰ ਟਰੱਕਾਂ ਤੇ ਅਨਲੋਡਿੰਗ ਲੇਬਰ ਦਾ ਪ੍ਰਬੰਧ ਕਰਨ ਲਈ ਆਖਿਆ ਜਾਵੇ ਤਾਂ ਜੁ ਮੌਸਮ ਦੀ ਖਰਾਬੀ ਕਾਰਨ ਕਣਕ ਦੇ ਖਰਾਬ ਹੋਣ ਦੇ ਖਦਸ਼ਿਆਂ ਨੂੰ ਟਾਲਿਆ ਜਾ ਸਕੇ।

## ਬੇਮੌਸਮੀ ਬਾਰਿਸ਼ ਦੇ ਬਾਵਜੂਦ ਕਣਕ ਦਾ ਝਾੜ ਵਧਿਆ

ਅਨਾਜ ਮੰਡੀ ਵਿਖੇ ਆੜ੍ਹਤੀ ਬਿੰਦਰ ਸਿੰਘ ਦੀ ਦੁਕਾਨ 'ਤੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਂਦੇ ਹੋਏ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ।

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ ਅਨਾਜ ਮੰਡੀ ਤੇ ਇਸ ਨਾਲ ਸਬੰਧਤ ਉੱਪ-ਖਰੀਦ ਕੇਂਦਰਾਂ ਵਿੱਚ ਕਣਕ ਦੀ ਆਮਦ ਜ਼ੋਰਾਂ 'ਤੇ ਹੈ ਅਤੇ ਹੁਣ ਤੱਕ ਖਰੀਦ ਏਜੰਸੀਆਂ ਵੱਲੋਂ 4 ਲੱਖ 34 ਹਜ਼ਾਰ ਕੁਇੰਟਲ ਫਸਲ ਦੀ ਖਰੀਦ ਕੀਤੀ ਜਾ ਚੁੱਕੀ ਹੈ। ਕਣਕ ਦੀ ਵਾਢੀ ਤੋਂ ਪਹਿਲਾਂ ਬੇਮੌਸਮੀ ਬਾਰਿਸ਼ ਤੇ ਚੱਲੀਆਂ ਤੇਜ਼ ਹਵਾਵਾਂ ਕਾਰਨ ਕਿਸਾਨਾਂ ਨੂੰ ਡਰ ਸੀ ਕਿ ਇਸ ਵਾਰ ਫਸਲ ਦਾ ਝਾੜ ਕਾਫ਼ੀ ਘਟ ਨਿਕਲੇਗਾ, ਜਿਸ ਨਾਲ ਆਰਥਿਕ ਨੁਕਸਾਨ ਹੋਵੇਗਾ, ਪਰ ਜੋ ਹੁਣ ਸ਼ੁਰੂਆਤੀ ਅੰਕੜੇ ਸਾਹਮਣੇ ਆ ਰਹੇ ਹਨ, ਉਸ ਵਿੱਚ ਪ੍ਰਤੀ ਏਕੜ 20 ਕੁਇੰਟਲ ਔਸਤਨ ਝਾੜ ਨਿਕਲਿਆ ਹੈ। ਕਿਸਾਨਾਂ ਅਨੁਸਾਰ ਜੇਕਰ ਇਸ ਵਾਰ ਕੁਦਰਤੀ ਮਾਰ ਨਾ ਪੈਂਦੀ ਤਾਂ ਕਣਕ ਦੀ ਬੰਪਰ ਫਸਲ ਹੋਣੀ ਸੀ ਤੇ ਝਾੜ 25 ਕੁਇੰਟਲ ਪ੍ਰਤੀ ਏਕੜ ਤੱਕ ਨਿਕਲਣ ਦੀ ਸੰਭਾਵਨਾ ਸੀ। ਮਾਰਕੀਟ ਕਮੇਟੀ ਸਕੱਤਰ ਸੁਰਿੰਦਰ ਸਿੰਘ ਅਨੁਸਾਰ ਮਾਛੀਵਾੜਾ ਅਨਾਜ ਮੰਡੀ ਤੇ ਇਸ ਨਾਲ ਸੰਬੰਧਤ ਉੱਪ-ਖਰੀਦ ਕੇਂਦਰਾਂ ਲੱਖੋਵਾਲ ਕਲਾਂ, ਹੇਡੋਂ ਬੇਟ, ਸ਼ੇਰਪੁਰ ਤੇ ਬੁਰਜ ਪਵਾਤ ਸਮੇਤ ਖਰੀਦ ਏਜੰਸੀਆਂ ਵੱਲੋਂ 4 ਲੱਖ 34 ਹਜ਼ਾਰ ਫਸਲ ਦੀ ਖਰੀਦੀ ਜਾ ਚੁੱਕੀ ਹੈ, ਜਿਸ 'ਚੋਂ 1 ਲੱਖ 65 ਹਜ਼ਾਰ 655 ਕੁਇੰਟਲ ਫਸਲ ਦੀ ਲਿਫਟਿੰਗ ਵੀ ਹੋ ਚੁੱਕੀ ਹੈ। ਮਾਛੀਵਾੜਾ ਅਨਾਜ ਮੰਡੀ ਵਿੱਚ ਪਹਿਲੀ ਵਾਰ 3392 ਕੁਇੰਟਲ ਪ੍ਰਾਈਵੇਟ ਵਪਾਰੀਆਂ ਵੱਲੋਂ ਵੀ ਖਰੀਦੀ ਗਈ ਹੈ, ਕਿਉਂਕਿ ਵਪਾਰੀਆਂ ਨੂੰ ਇਹ ਲੱਗ ਰਿਹਾ ਹੈ ਕਿ ਇਸ ਵਾਰ ਕਣਕ ਦਾ ਭਾਅ ਵਧੇਗਾ। ਜਾਣਕਾਰੀ ਅਨੁਸਾਰ ਸਭ ਤੋਂ ਵੱਧ ਪਨਗ੍ਰੇਨ ਏਜੰਸੀ ਵੱਲੋਂ ਕਣਕ ਦੀ ਫਸਲ ਖਰੀਦੀ ਗਈ। ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਤੇ ਜ਼ਿਲ੍ਹਾ ਮੰਡੀ ਅਫ਼ਸਰ ਸਿੱਧੂ ਵੱਲੋਂ ਮੰਡੀ ਵਿਚ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਜਾ ਰਿਹਾ ਹੈ ਤਾਂ ਜੋ ਕਿਸਾਨਾਂ ਨੂੰ ਕੋਈ ਸੱਮਸਿਆ ਨਾ ਆਵੇ। ਸਕੱਤਰ ਸੁਰਿੰਦਰ ਸਿੰਘ ਨੇ ਦੱਸਿਆ ਕਿ ਮਾਛੀਵਾੜਾ ਮੰਡੀ ਤੇ ਉੱਪ-ਖਰੀਦ ਕੇਂਦਰਾਂ ਵਿੱਚ ਕਿਸਾਨਾਂ ਦੀ ਫਸਲ ਤੋਲ ਰਹੇ ਕੰਢਿਆਂ ਦੀ ਅਚਨਚੇਤ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਉਨ੍ਹਾਂ ਦਾ ਕੋਈ ਆਰਥਿਕ ਨੁਕਸਾਨ ਨਾ ਹੋਵੇ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਇਹ ਵੀ ਜਾਂਚ ਕੀਤੀ ਜਾ ਰਹੀ ਹੈ ਕਿ ਜੇਕਰ ਕੋਈ ਪ੍ਰਾਈਵੇਟ ਵਪਾਰੀ ਕਣਕ ਫਸਲ ਦੀ ਖਰੀਦ ਕਰਦਾ ਹੈ ਤਾਂ ਉਹ ਬਣਦੀ ਮਾਰਕੀਟ ਫੀਸ ਪੂਰੀ ਅਦਾ ਕਰੇ ਤਾਂ ਜੋ ਮੰਡੀ ਬੋਰਡ ਦਾ ਕੋਈ ਆਰਥਿਕ ਨੁਕਸਾਨ ਨਾ ਹੋਵੇ। ਸਕੱਤਰ ਸੁਰਿੰਦਰ ਸਿੰਘ ਨੇ ਦੱਸਿਆ ਕਿ ਮੰਡੀਆਂ ਵਿੱਚ ਪਿਛਲੇ ਸਾਲ ਦੇ ਮੁਕਾਬਲੇ ਇਸ ਸਾਲ ਕਣਕ ਫਸਲ ਦੀ ਆਮਦ ਵੱਧ ਹੋਵੇਗੀ।

## ਐੱਸ ਸੀ ਸਰਟੀਫਿਕੇਟ ਬਣਾ ਕੇ ਨੌਕਰੀਆਂ 'ਤੇ ਲੱਗੇ ਮੁਲਾਜ਼ਮਾਂ 'ਤੇ ਕਾਰਵਾਈ ਕਰੇ ਪੰਜਾਬ ਸਰਕਾਰ : ਗੁਰਦੀਪ ਹੀਰਾ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**-ਭਾਰਤ ਮੁਕਤੀ ਮੋਰਚਾ ਪੰਜਾਬ ਦੇ ਜਨ ਸਕੱਤਰ ਮਾ. ਗੁਰਦੀਪ ਹੀਰਾ ਨੇ ਕਿਹਾ ਕਿ ਪੰਜਾਬ ਦੇ ਕੁੱਝ ਚਲਾਕ ਤੇ ਗੈਰ ਦਲਿਤ ਲੋਕਾਂ ਨੇ ਰਾਖਵਾਂਕਰਨ ਨੀਤੀ ਦਾ ਲਾਭ ਲੈਣ ਲਈ ਵੱਡੀ ਪੱਧਰ 'ਤੇ ਜਾਅਲੀ ਐੱਸ.ਸੀ ਸਰਟੀਫਿਕੇਟ ਬਣਾਏ ਹੋਏ ਹਨ। ਹੁਣ ਜਦੋਂ ਜਾਅਲੀ ਸਰਟੀਫਿਕੇਟਾਂ ਦੀ ਜਾਂਚ ਚੱਲ ਰਹੀ ਹੈ ਤਾਂ ਭਲਾਈ ਵਿਭਾਗ ਦੇ ਕੁੱਝ ਅਫ਼ਸਰਾਂ ਦੀ ਕਥਿਤ ਦਖਲਅੰਦਾਜ਼ੀ ਕਾਰਨ ਜਾਂਚ ਪ੍ਰਕਿਰਿਆ ਠੰਢੇ ਬਸਤੇ ਵਿੱਚ ਪਈ ਹੈ। ਉਨ੍ਹਾਂ ਕਿਹਾ ਕਿ ਇਮਾਨਦਾਰੀ ਦੀਆਂ ਮਿਸਾਲਾਂ ਦੇਣ ਵਾਲੀ ਆਮ ਆਦਮੀ ਪਾਰਟੀ ਇਸ ਮਸਲੇ 'ਤੇ ਕਿਉ ਚੁੱਪ ਹੈ, ਇਹ ਵੀ ਚਿੰਤਾ ਦਾ ਵਿਸ਼ਾ ਹੈ।

ਉਨ੍ਹਾਂ ਕਿਹਾ ਕਿ ਕੁੱਝ ਲੋਕਾਂ ਨੇ ਨਿੱਜੀ ਹਿੱਤਾਂ ਦੀ ਪੂਰਤੀ ਲਈ ਪੰਜਾਬ ਅੰਦਰ ਗ਼ਲਤ ਤਰੀਕੇ ਨਾਲ ਜਾਅਲੀ ਐਸ.ਸੀ ਸਰਟੀਫਿਕੇਟ ਬਣਾ ਕੇ ਐਸ.ਸੀ ਸਮਾਜ ਦੇ ਹੱਕਾਂ 'ਤੇ ਡਾਕਾ ਮਾਰਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਵਿੱਚ ਜਾਅਲੀ ਬਣੇ ਐੱਸ.ਸੀ ਸਰਟੀਫਿਕੇਟਾਂ ਦੀ ਪੜਤਾਲ ਪਿਛਲੇ ਲੰਬੇ ਸਮੇਂ ਤੋਂ ਠੰਢੇ ਬਸਤੇ ਵਿੱਚ ਪਈ ਹੋਣ ਕਰਕੇ ਐਸ.ਸੀ ਭਾਈਚਾਰੇ ਦੇ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਤੇ ਜਾਅਲੀ ਸਰਟੀਫਿਕੇਟਾਂ ਦੀ ਜਾਂਚ ਨੂੰ ਨਤੀਜੇ ਤੱਕ ਪੁਚਾਉਣ ਅਤੇ ਕਥਿਤ ਤੌਰ 'ਤੇ ਗ਼ਲਤ ਬੰਦਿਆਂ ਦੀ ਮੱਦਦ ਕਰਨ ਵਾਲੇ ਸਬੰਧਤ ਵਿਭਾਗ ਅਧਿਕਾਰੀਆਂ ਵਿਰੁੱਧ ਸਖਤ ਵਿਭਾਗੀ ਅਤੇ ਕਾਨੂੰਨੀ ਕਾਰਵਾਈ ਦੀ ਮੰਗ ਨੂੰ ਲੈ ਕੇ ਪੰਜਾਬ ਦੀਆਂ ਵੱਖ-ਵੱਖ ਦਲਿਤ ਜਥੇਬੰਦੀਆਂ ਵੱਲੋਂ ਫੇਜ਼-1 ਮੋਹਾਲੀ ਸਥਿਤ ਸਮਾਜਿਕ ਨਿਆਂ ਅਧਿਆਕਰਤਾ ਤੇ ਘੱਟ ਗਿਣਤੀਆਂ ਭਲਾਈ ਵਿਭਾਗ ਦੇ ਡਾਇਰੈਕਟਰ ਦਫਤਰ ਦੇ ਬਾਹਰ ਅਨਮਿੱਥੇ ਸਮੇਂ ਲਈ ਲੱਗੇ ਪੱਕੇ ਮੋਰਚੇ ਦਾ ਭਾਰਤ ਮੁਕਤੀ ਮੋਰਚਾ ਪੂਰਾ ਸਮਰਥਨ ਕਰਦਾ ਹੈ।

## ਖ਼ੂਨਦਾਨ ਕਰਕੇ ਬਚਾਈਆਂ ਜਾ ਸਕਦੀਆਂ ਅਨੇਕਾਂ ਜ਼ਿੰਦਗੀਆਂ : ਫੱਤਣਵਾਲਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਖ਼ੂਨਦਾਨ ਮਹਾਂਦਾਨ ਹੈ ਤੇ ਸਾਡੇ ਵੱਲੋਂ ਦਾਨ ਕੀਤੇ ਖ਼ੂਨ ਨਾਲ ਅਨੇਕਾਂ ਜ਼ਿੰਦਗੀਆਂ ਬਚਾਈਆਂ ਜਾ ਸਕਦੀਆਂ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਜੈ ਬਾਬਾ ਖੇਤਰਪਾਲ ਬਲੱਡ ਸੇਵਾ ਸੁਸਾਇਟੀ ਪੁਰਾਣੀ ਦਾਣਾ ਮੰਡੀ ਵੱਲੋਂ ਥੈਲੇਸੀਮੀਆ ਤੋਂ ਪੀੜਤ ਬੱਚਿਆਂ ਲਈ ਲਾਏ ਨੌਵੇਂ ਸਵੈ ਇੱਛਕ ਖ਼ੂਨਦਾਨ ਕੈਂਪ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਣ ਸਮੇਂ ਕੀਤਾ। ਹਨੀ ਫੱਤਣਵਾਲਾ ਨੇ ਕਿਹਾ ਕਿ ਸਾਨੂੰ ਸਭ ਨੂੰ ਹਰ ਤਿੰਨ ਮਹੀਨੇ ਬਾਅਦ ਆਪਣਾ ਖ਼ੂਨਦਾਨ ਕਰਨਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਸਾਡੇ ਵੱਲੋਂ ਦਾਨ ਕੀਤੇ ਖ਼ੂਨ ਨਾਲ ਕਈ ਜ਼ਿੰਦਗੀਆਂ ਬਚਾਈਆਂ ਜਾ ਸਕਦੀਆਂ। ਇਸ ਲਈ ਸਾਨੂੰ ਸਮੇਂ-ਸਮੇਂ 'ਤੇ ਖ਼ੂਨਦਾਨ ਕਰਦੇ ਰਹਿਣਾ ਚਾਹੀਦਾ ਹੈ। ਉਕਤ ਖ਼ੂਨਦਾਨ ਦੌਰਾਨ ਅਨਿਲ ਨਾਗਪਾਲ ਨੇ 69ਵੀਂ ਵਾਰ ਖ਼ੂਨਦਾਨ ਕੀਤਾ। ਕੈਂਪ ਦੌਰਾਨ ਹਨੀ ਫੱਤਣਵਾਲਾ ਵੱਲੋਂ ਖ਼ੂਨਦਾਨ ਕਰਨ ਵਾਲੇ ਨੌਜਵਾਨਾਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਦੌਰਾਨ ਪ੍ਰਬੰਧਕਾਂ ਵੱਲੋਂ ਹਨੀ ਫੱਤਣਵਾਲਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ। ਕੈਂਪ ਦੌਰਾਨ ਤਕਰੀਬਨ 200 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ। ਇਸ ਮੌਕੇ ਨਰੇਸ਼ ਕੋਚਾ, ਨਰੇਸ਼ ਗਿਰਧਰ, ਬਿਰਜੇਸ਼ ਗੁਪਤਾ, ਅੰਕੁਸ਼ ਪਾਹਵਾ, ਸੁਮਿਤ ਟੰਡਨ, ਇਕਬਾਲ ਸਿੰਘ ਤੇ ਮੁਕੇਸ ਕੁਮਾਰ ਆਦਿ ਹਾਜ਼ਰ ਸਨ।

## ਏਂਜਲਜ਼ ਸਕੂਲ 'ਚ ਅਰਥ ਡੇ ਮਨਾਇਆ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਏਂਜਲਜ਼ ਪੈਰਾਡਾਈਜ਼ ਸਕੂਲ ਦੇ ਡਾਇਰੈਕਟਰ ਗਗਨ ਮੋਂਗਾ ਤੇ ਪ੍ਰਿੰਸੀਪਲ ਨੀਤਿਕਾ ਮੋਂਗਾ ਦੀ ਅਗਵਾਈ ਵਿੱਚ ਅਰਥ ਡੇ ਮਨਾਇਆ ਗਿਆ। ਇਸ ਮੌਕੇ ਸਕੂਲ ਵਿੱਚ ਵਿਦਿਆਰਥੀਆਂ ਦੇ ਪ੍ਰਿਥਵੀ ਦੀ ਸੰਭਾਲ ਨੂੰ ਲੈ ਕੇ ਡਰਾਇੰਗ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਛੋਟੇ ਵਿਦਿਆਰਥੀਆਂ ਨੇ ਭਾਗ ਲਿਆ।ਪ੍ਰਿੰਸੀਪਲ ਨੀਤਿਕਾ ਮੋਂਗਾ ਨੇ ਵਾਤਾਵਰਣ ਦੀ ਸੰਭਾਲ ਬਾਰੇ ਵਿਦਿਆਰਥੀਆਂ ਨੂੰ ਜਾਗਰੂਕ ਕਰਵਾਇਆ।ਉਨ੍ਹਾਂ ਕਿਹਾ ਕਿ ਜੇਕਰ ਅਸੀਂ ਆਪਣੀ ਜ਼ਰੂਰਤਾਂ ਲਈ ਰੁੱਖਾਂ ਨੂੰ ਕੱਟਦੇ ਹਾਂ ਤਾਂ ਇਸ ਦੀ ਪੂਰਤੀ ਰੁੱਖ ਲਗਾ ਕੇ ਹੀ ਹੋ ਸਕਦੀ ਹੈ।ਉਨ੍ਹਾਂ ਦੱਸਿਆ ਕਿ ਵੱਧ ਤੋਂ ਵੱਧ ਰੁੱਖ ਲਗਾ ਕੇ ਧਰਤੀ ਦੀ ਖੁਦਾਈ ਨੂੰ ਘੱਟ ਕਰਕੇ ਅਸੀਂ ਧਰਤੀ ਦੇ ਵਿਨਾਸ਼ ਨੂੰ ਰੋਕ ਸਕਦੇ ਹਾਂ।ਇਸ ਮੌਕੇ ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਗਈ।

## ਮਾਊਂਟ ਲਿਟਰਾ ਜੀ ਸਕੂਲ ਵਿਖੇ ਵਿਸ਼ਵ ਧਰਤੀ ਦਿਵਸ ਮਨਾਇਆ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਮਾਊਂਟ ਲਿਟਰਾ ਜੀ ਸਕੂਲ ਵਿਖੇ ਧਰਤੀ ਦਿਵਸ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਚੇਅਰਮੈਨ ਸ੍ਰੀ ਚਮਨ ਲਾਲ ਗੁਲਾਟੀ, ਪ੍ਰਿੰਸੀਪਲ ਡਾ. ਸੁਰੇਸ਼ ਸ਼ਰਮਾ ਨੇ ਵਿਦਿਆਰਥੀਆਂ ਨੂੰ ਵਿਸ਼ਵ ਧਰਤੀ ਦਿਵਸ ਬਾਰੇ ਜਾਣਕਾਰੀ ਦਿੱਤੀ ਤੇ ਧਰਤੀ ਨੂੰ ਹਰਿਆ-ਭਰਿਆ ਰੱਖਣ ਦਾ ਸੁਨੇਹਾ ਦਿੱਤਾ। ਇਸ ਤੋਂ ਇਲਾਵਾ ਸਕੂਲ ਵਿੱਚ ਪਹਿਲੀ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦੇ ਡਰਾਇੰਗ ਮੁਕਾਬਲੇ, ਪੋਸਟਰ ਮੇਕਿੰਗ ਮੁਕਾਬਲੇ ਤੇ ਸਲੋਗਨ ਲਿਖਣ ਦੇ ਮੁਕਾਬਲੇ ਕਰਾਏ ਗਏ। ਮੁਕਾਬਲਿਆਂ ਵਿੱਚ ਸਾਰੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।

ਇਸ ਤੋਂ ਇਲਾਵਾ ਅੰਤਰ-ਹਾਊਸ ਭਾਸ਼ਣ ਮੁਕਾਬਲੇ ਵੀ ਕਰਾਏ ਗਏ, ਜਿਸ ਦਾ ਮੁੱਖ ਉਦੇਸ ਵਿਦਿਆਰਥੀਆਂ ਨੂੰ ਧਰਤੀ ਦੀ ਸੰਭਾਲ ਪ੍ਰਤੀ ਜਾਗਰੂਕ ਕਰਨਾ ਸੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਦੇ ਪ੍ਰਿੰਸੀਪਲ ਡਾ. ਸੁਰੇਸ਼ ਸ਼ਰਮਾ ਨੇ ਦੱਸਿਆ ਕਿ ਸਾਨੂੰ ਆਪਣੇ ਵਾਤਾਵਰਣ ਨੂੰ ਬਚਾਉਣਾ ਚਾਹੀਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਪਲਾਸਟਿਕ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ। ਉਨ੍ਹਾਂ ਇਹ ਵੀ ਸੰਦੇਸ਼ ਦਿੱਤਾ ਕਿ ਪਲਾਸਟਿਕ ਦੇ ਲਿਫ਼ਾਫ਼ਿਆਂ ਦੀ ਬਜਾਏ ਸਾਨੂੰ ਕੱਪੜੇ ਤੇ ਜੂਟ ਦੇ ਥੈਲਿਆਂ ਦੀ ਵਰਤੋਂ ਕਰਨੀ ਚਾਹੀਦੀ ਹੈ ਤਾਂ ਜੁ ਅਸੀਂ ਵਾਤਾਵਰਣ ਨੂੰ ਸੁਰੱਖਿਅਤ ਤੇ ਹਰਿਆ-ਭਰਿਆ ਰੱਖ ਕੇ ਵਿਸ਼ਵ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾ ਸਕੀਏ। ਅੰਤ ਵਿੱਚ ਸਕੂਲ ਦੇ ਚੇਅਰਮੈਨ ਚਮਨ ਲਾਲ ਗੁਲਾਟੀ, ਪ੍ਰਿੰਸੀਪਲ ਡਾ. ਸੁਰੇਸ਼ ਸ਼ਰਮਾ ਨੇ ਸਾਰੇ ਜਿੱਤੇ ਹੋਏ ਵਿਦਿਆਰਥੀਆਂ ਨੂੰ ਸਨਮਾਨਤ ਕਰਦੇ ਹੋਏ ਉਨ੍ਹਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਤੇ ਭਰੋਸਾ ਦਿਵਾਇਆ ਕਿ ਭਵਿੱਖ ਵਿੱਚ ਵੀ ਸਕੂਲ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਦਾ ਆਯੋਜਨ ਕਰਦਾ ਰਹੇਗਾ।

## ਕਹਾਣੀ ਦਰਬਾਰ ਤੇ ਨਾਵਲਕਾਰ ਜਸਵਿੰਦਰ ਰੱਤੀਆਂ (ਯੂ ਕੇ) ਦਾ ਸਨਮਾਨ

**ਮੋਗਾ (ਅਮਰਜੀਤ ਬੱਬਰੀ)**

ਨਾਵਲਕਾਰ ਜਸਵਿੰਦਰ ਰੱਤੀਆਂ (ਯੂ ਕੇ) ਦਾ ਸਨਮਾਨ ਕਰਦੇ ਹੋਏ ਕੇਐਲ ਗਰਗ ਤੇ ਹੋਰ ਮੰਚ ਦੇ ਮੈਂਬਰ।

ਮਹਿੰਦਰ ਸਾਥੀ ਯਾਦਗਾਰੀ ਮੰਚ (ਰਜਿ:) ਵੱਲੋਂ ਸੁਤੰਤਰਤਾ ਸੰਗਰਾਮੀ ਭਵਨ ਵਿਚ ਨਾਮਵਰ ਸਾਹਿਤਕਾਰ ਕੇ ਐਲ ਗਰਗ ਦੀ ਪ੍ਰਧਾਨਗੀ ਹੇਠ ਕਹਾਣੀ ਦਰਬਾਰ ਕਰਾਇਆ ਗਿਆ। ਭਾਰਤੀ ਸਾਹਿਤ ਅਕਾਦਮੀ ਦੇ ਯੁਵਾ ਸਾਹਿਤ ਪੁਰਸਕਾਰ ਨਾਲ ਸਨਮਾਨਤ ਕਹਾਣੀਕਾਰ ਸਿਮਰਨ ਧਾਲੀਵਾਲ ਇਸ ਸਾਹਿਤਕ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।

ਸਮਾਗਮ ਦੀ ਸ਼ੁਰੂਆਤ ਨੌਜਵਾਨ ਕਹਾਣੀਕਾਰ ਜਸਵਿੰਦਰ ਧਰਮਕੋਟ ਵੱਲੋਂ ਬਾਲ ਮਾਨਸਿਕਤਾ ਨੂੰ ਪੇਸ਼ ਕਰਦੀ ਬਹੁਤ ਹੀ ਭਾਵਪੂਰਤ ਕਹਾਣੀ 'ਮੈਂ ਛੁੱਟੀ ਨਹੀਂ ਕਰਾਂਗੀ' ਨਾਲ ਹੋਈ। ਕਹਾਣੀ ਬਾਰੇ ਬੋਲਦਿਆਂ ਡਾ. ਗੁਰਜੀਤ ਸੰਧੂ ਨੇ ਕਿਹਾ ਕਿ ਕਹਾਣੀ ਪੜ੍ਹਦਿਆਂ ਤੁਹਾਡੇ ਅੰਦਰ ਸਕੂਲ ਦਾ ਦ੍ਰਿਸ਼ ਉਭਰਨ ਲੱਗਦਾ ਹੈ। ਜਸਬੀਰ ਕਲਸੀ ਨੇ ਕਹਾਣੀ ਨੂੰ ਕਲਾਤਮਕ ਰਚਨਾ ਆਖਿਆ। ਫ਼ਤਿਹਗੜ੍ਹ ਕੋਰੋਟਾਨਾ ਪਿੰਡ ਨਾਲ ਸਬੰਧਤ ਰਾਜਵਿੰਦਰ ਰਾਜਾ ਨੇ 'ਚੱਲਿਆ ਰੌਂਦ' ਕਹਾਣੀ ਨਾਲ ਪੇਂਡੂ ਸਮਾਜ ਵਿੱਚ ਅਣਗੌਲੇ ਕਰ ਦਿੱਤੇ ਜਾਂਦੇ, ਪਾਤਰਾਂ ਦੇ ਸੰਤਾਪ ਨੂੰ ਪੇਸ਼ ਕੀਤਾ। ਟਿੱਪਣੀਕਾਰ ਪ੍ਰੋ ਐਚ ਐਸ ਡਿੰਪਲ ਨੇ ਕਹਾਣੀਕਾਰ ਵੱਲੋਂ ਉਸਾਰੇ ਵਾਤਾਵਰਨ ਅਤੇ ਭਾਸ਼ਾ ਦੀ ਤਾਰੀਫ਼ ਕੀਤੀ। ਲੁਧਿਆਣੇ ਤੋਂ ਆਏ ਹੋਣਹਾਰ ਕਹਾਣੀਕਾਰ ਗੁਰਮੀਤ ਆਰਿਫ਼ ਦੀ ਕਹਾਣੀ 'ਅਹਿਮਦਸ਼ਾਹੇ' ਨੇ ਸਰੋਤਿਆਂ ਦੀ ਭਰਵੀਂ ਪ੍ਰਸ਼ੰਸਾ ਪ੍ਰਾਪਤ ਕੀਤੀ। ਗੁਰਜੀਤ ਸੰਧੂ ਨੇ ਕਿਹਾ ਕਿ ਕਹਾਣੀਕਾਰ ਕੋਲ ਬਿਰਤਾਂਤ ਸਿਰਜਣ ਦਾ ਹੁਨਰ ਹੈ, ਜਿਸ ਕਰਕੇ ਕਹਾਣੀ ਪਾਠਕਾਂ ਤੇ ਸਰੋਤਿਆਂ ਨੂੰ ਆਪਣੇ ਨਾਲ ਜੋੜੀ ਰੱਖਦੀ ਹੈ। ਇੰਗਲੈਂਡ ਰਹਿੰਦੇ ਕਹਾਣੀਕਾਰ ਜਸਵਿੰਦਰ ਰੱਤੀਆਂ ਦੀ ਕਹਾਣੀ 'ਸਰਦਾਰਾਂ ਦੀ ਕੁੜੀ' ਆਪਣੇ ਵੱਖਰੇ ਵਿਸ਼ੇ ਤੇ ਨਿਭਾਅ ਕਰਕੇ ਸਰੋਤਿਆਂ ਨੂੰ ਪਸੰਦ ਆਈ। ਡਿੰਪਲ ਅਨੁਸਾਰ ਕਹਾਣੀਕਾਰ ਨੇ ਬੜੇ ਖ਼ੂਬਸੂਰਤ ਵਾਕ ਸਿਰਜੇ ਹਨ। ਪ੍ਰਸਿੱਧ ਕਹਾਣੀਕਾਰ ਜਸਬੀਰ ਕਲਸੀ ਨੇ ਪੜ੍ਹੀਆਂ ਗਈਆਂ ਕਹਾਣੀਆਂ ਦੇ ਸਾਂਝੇ ਸੂਤਰਾਂ ਦੀ ਗੱਲ ਕਰਦਿਆਂ ਕਿਹਾ ਕਿ ਇਹ ਕਹਾਣੀਆਂ ਮਨੁੱਖ ਅੰਦਰਲੀ ਟੁੱਟ ਭੱਜ ਤੇ ਆ ਰਹੀਆਂ ਸਮਾਜਿਕ-ਆਰਥਿਕ ਦੁਸ਼ਵਾਰੀਆਂ ਨੂੰ ਭਰਪੂਰਤਾ ਨਾਲ ਪੇਸ਼ ਕਰਦੀਆਂ ਹਨ। ਸਿਮਰਨ ਧਾਲੀਵਾਲ ਨੇ ਮਹਿੰਦਰ ਸਾਥੀ ਯਾਦਗਾਰੀ ਮੰਚ ਦੇ ਇਸ ਉੱਦਮ ਦੀ ਪਰਸੰਸਾ ਕੀਤੀ ਕਿ ਮੰਚ ਨੇ ਸ਼ਾਇਰਾਂ ਵਾਂਗ ਹੀ ਕਹਾਣੀਕਾਰਾਂ ਨੂੰ ਵੀ ਆਪਣੀਆਂ ਰਚਨਾਵਾਂ ਸਰੋਤਿਆਂ ਅੱਗੇ ਪੇਸ਼ ਕਰਨ ਦਾ ਮੌਕਾ ਪ੍ਰਦਾਨ ਕੀਤਾ ਹੈ। ਨਾਮਵਰ ਸਾਹਿਤਕਾਰ ਕੇ ਐਲ ਗਰਗ ਨੇ ਕਿਹਾ ਕਿ ਉਹੀ ਰਚਨਾ ਸਫ਼ਲ ਤੇ ਜਿਉਂਦੀ ਰਹਿੰਦੀ ਹੈ, ਜਿਸ ਵਿੱਚ ਕੋਈ ਸਦੀਵੀਂ ਸੱਚ ਪੇਸ਼ ਕੀਤਾ ਗਿਆ ਹੁੰਦਾ ਹੈ। ਮੰਚ ਦੇ ਪ੍ਰਧਾਨ ਗੁਰਮੀਤ ਕੜਿਆਲਵੀ ਨੇ ਕਹਾਣੀ ਪੜ੍ਹਨ ਤੇ ਸੁਣਾਉਣ ਦੇ ਹੁਨਰ ਬਾਰੇ ਵਿਚਾਰ ਸਾਂਝੇ ਕੀਤੇ। ਜਨਰਲ ਸਕੱਤਰ ਰਣਜੀਤ ਸਰਾਂਵਾਲੀ ਨੇ ਕਿਹਾ ਕਿ ਆਪਣੇ ਲੋਕਾਂ ਤੇ ਧਰਤੀ ਨਾਲ ਜੁੜਿਆ ਸਾਹਿਤਕਾਰ ਹੀ ਵੱਡੀਆਂ ਰਚਨਾਵਾਂ ਕਰ ਸਕਦਾ ਹੈ।

ਹਰੀਕੇ ਤੋਂ ਪਹੁੰਚੇ ਯੁਵਾ ਸ਼ਾਇਰ ਸੁਖਬੀਰ ਮੁਹੱਬਤ ਨੇ ਆਪਣੀ ਸ਼ਾਇਰੀ ਨਾਲ ਭਰਵੀਂ ਹਾਜ਼ਰੀ ਲਵਾਈ। ਕਹਾਣੀਕਾਰ ਤੇ ਕਵੀਸ਼ਰ ਹਰਵਿੰਦਰ ਰੋਡੇ ਨੇ ਕਵੀਸ਼ਰੀ ਦਾ ਰੰਗ ਪੇਸ਼ ਕੀਤਾ। ਕਾਰਜਕਾਰਨੀ ਮੈਂਬਰ ਅਮਰਜੀਤ ਸਨ੍ਹੇਰਵੀ, ਸੀਨੀਅਰ ਮੀਤ ਪ੍ਰਧਾਨ ਨਵਨੀਤ ਸਿੰਘ ਸੇਖਾ ਨੇ ਸਾਰਿਆਂ ਦਾ ਧੰਨਵਾਦ ਕੀਤਾ। ਮੰਚ ਵਲੋਂ ਜਸਵਿੰਦਰ ਰੱਤੀਆਂ ਨੂੰ ਸਨਮਾਨਿਤ ਕੀਤਾ ਗਿਆ। ਮੰਚ ਦੇ ਮੀਤ ਪ੍ਰਧਾਨ ਗੁਰਦੀਪ ਲੋਪੋ ਨੇ ਜਸਵਿੰਦਰ ਬਾਰੇ ਸਨਮਾਨ ਚਿੰਨ੍ਹ ਪੜ੍ਹਿਆ। ਇਸ ਮੌਕੇ ਬੋਲਦਿਆਂ ਜਸਵਿੰਦਰ ਰੱਤੀਆਂ ਨੇ ਕਿਹਾ ਕਿ ਆਪਣਿਆਂ ਵੱਲੋਂ ਦਿੱਤੇ ਜਾਂਦੇ ਅਜਿਹੇ ਸਨਮਾਨ ਊਰਜਾ ਪ੍ਰਦਾਨ ਕਰਦੇ ਹਨ।

ਇਸ ਮੌਕੇ ਰਾਸ਼ਟਰੀ ਪੱਧਰ ਦੇ ਹਿੰਦੀ ਸ਼ਾਇਰ ਸੱਤਿਆ ਪ੍ਰਕਾਸ਼ ਉੱਪਲ, ਲਿਖਾਰੀ ਸਭਾ ਦੇ ਪ੍ਰਧਾਨ ਸੁਰਜੀਤ ਕਾਉਂਕੇ, ਡਾ ਗੁਰਚਰਨ ਜੀਰਾ, ਪ੍ਰਤਾਪ ਹੀਰਾ, ਮੁਖਤਿਆਰ ਸਿੰਘ ਸਨ੍ਹੇਰ, ਗੁਰਮੇਲ ਬੌਡੇ, ਕੰਵਲਜੀਤ ਭੋਲਾ ਲੰਡੇ, ਬਲਕਰਨ ਮੋਗਾ, ਸਿਮਰਜੀਤ ਸਿੰਮੀ, ਕਾਰਜਕਾਰਨੀ ਮੈਂਬਰ ਅਮਰਪ੍ਰੀਤ ਕੌਰ ਸੰਘਾ, ਭੁਪਿੰਦਰ ਸਿੰਘ ਜੋਗੇਵਾਲਾ, ਲਵਦੀਪ ਗਿੱਲ, ਅਵਤਾਰ ਕਮਾਲ, ਜੀ ਨੈਟਵਰਕ ਤੋਂ ਖੇਤਪਾਲ ਦੀਪ, ਸੁਖਵਿੰਦਰ ਕਾਲਾ, ਗੁਰਪ੍ਰੀਤ ਧਰਮਕੋਟ ਵਿੱਤ ਸਕੱਤਰ, ਕਿਰਪਾਲ ਸਿੰਘ ਸੰਧੂ ਜੇ ਈ, ਜਗਦੀਸ਼ ਪ੍ਰੀਤਮ ਠੱਠੀ ਭਾਈ, ਨਰਿੰਦਰ ਰੋਹੀ, ਹਰੀ ਸਿੰਘ ਮੁਲਤਾਨੀ, ਅਕਸ ਭੁੱਲਰ, ਗੁਰਸ਼ਰਨ ਸਿੰਘ ਕੋਟ ਈਸੇ ਖਾਂ, ਕਹਾਣੀਕਾਰ ਯਸ਼ਪਾਲ ਗੁਲਾਟੀ, ਜਗੀਰ ਖੋਖਰ, ਚਰਨਜੀਤ ਸਿੰਘ ਸਲੀਣਾ, ਮਾਸਟਰ ਪ੍ਰੇਮ ਕੁਮਾਰ, ਸੁਖਵੰਤ ਸਿੰਘ ਢਿੱਲੋਂ ਭਿੱਖੀਵਿੰਡ, ਯਾਦਵਿੰਦਰ ਸਿੰਘ, ਅਵਤਾਰ ਸਿੰਘ ਰੋਡਵੇਜ਼ ਸਮੇਤ ਬਹੁਤ ਸਾਰੇ ਸਾਹਿਤਕਾਰ ਤੇ ਸਾਹਿਤ ਪ੍ਰੇਮੀ ਹਾਜ਼ਰ ਸਨ।

...ਸਫ਼ਾ 1 ਦੇ ਬਾਕੀ

### ਹੈਲੀਕਾਪਟਰ ਦੇ ਪੱਖੇ ...

ਹੈਲੀਕਾਪਟਰ ਸੇਵਾ ਨਾਲ ਜੁੜੀ ਵਿਵਸਥਾ ਦੇ ਨਿਰੀਖਣ ਲਈ ਮੌਕੇ 'ਤੇ ਪਹੁੰਚੀ ਟੀਮ 'ਚ ਸ਼ਾਮਲ ਸੀ। ਹਾਦਸਾ ਉਦੋਂ ਹੋਇਆ, ਜਦੋਂ ਨਿਰੀਖਣ ਕਰਨ ਪਹੁੰਚੇ ਅਮਿਤ ਦੀ ਹੈਲੀਕਾਪਟਰ ਦੇ ਪੱਖੇ ਨਾਲ ਗਰਦਨ ਕੱਟ ਕੇ ਮੌਤ ਹੋ ਗਈ। ਆਫਤ ਪ੍ਰਬੰਧ ਅਧਿਕਾਰੀ ਨੰਦਨ ਸਿੰਘ ਨੇ ਦੱਸਿਆ ਕਿ ਕ੍ਰਿਸਟਲ ਏਵੀਏਸ਼ਨ ਦਾ ਹੈਲੀਕਾਪਟਰ ਧਾਮ 'ਚ ਪਾਇਲਟ ਟ੍ਰੇਨਿੰਗ ਲਈ ਆਇਆ ਸੀ।

ਇਸ ਦੌਰਾਨ ਹੈਲੀਕਾਪਟਰ ਲੈਂਡਿੰਗ ਦੌਰਾਨ ਇੱਕ ਵਿਅਕਤੀ ਪਿਛਲੇ ਦਰਵਾਜ਼ੇ 'ਚੋਂ ਉਤਰ ਕੇ ਹੈਲੀਕਾਪਟਰ ਦੇ ਪਿੱਛੇ ਚਲਾ ਗਿਆ, ਜਿਸ ਦੇ ਚਲਦੇ ਹੈਲੀਕਾਪਟਰ ਦੇ ਪੱਖੇ ਨਾਲ ਉਸ ਦੀ ਗਰਦਨ ਕੱਟੀ ਗਈ। ਇਸੇ ਦੌਰਾਨ ਉੱਤਰਾਖੰਡ ਦੇ ਕੇਦਾਰਨਾਥ ਧਾਮ 'ਚ ਪਿਛਲੇ ਕੁਝ ਦਿਨਾਂ ਤੋਂ ਬਰਫਬਾਰੀ ਕਾਰਨ ਸ਼ਰਧਾਲੂਆਂ ਦੀ ਰਜਿਸਟਰੇਸ਼ਨ ਦਾ ਕੰਮ ਐਤਵਾਰ ਨੂੰ ਰੋਕ ਦਿੱਤਾ ਗਿਆ। ਕੇਦਾਰਨਾਥ ਧਾਮ ਦੇ ਕਪਾਟ 25 ਅਪਰੈਲ ਨੂੰ ਖੋਲ੍ਹੇ ਜਾਣਗੇ।

ਪ੍ਰਸ਼ਾਸਨ ਵੱਲੋਂ ਆਉਣ ਵਾਲੇ ਦਿਨਾਂ 'ਚ ਮੌਸਮ ਦੀ ਸਮੀਖਿਆ ਕਰਨ ਮਗਰੋਂ ਹੀ ਰਜਿਸਟਰੇਸ਼ਨ ਦੀ ਕਾਰਵਾਈ ਬਹਾਲ ਕੀਤੀ ਜਾਏਗੀ।

## ਸੰਕਲਪ ਸੁਸਾਇਟੀ ਨੇ ਬੂਟੇ ਲਾ ਕੇ ਮਨਾਇਆ ਵਿਸ਼ਵ ਧਰਤੀ ਦਿਵਸ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਮਾਜ ਸੇਵਾ ਸੰਸਥਾ "ਸੰਕਲਪ ਐਜੂਕੇਸ਼ਨਲ ਵੈੱਲਫੇਅਰ ਸੁਸਾਇਟੀ ਦੁਆਰਾ ਲੰਬੇ ਸਮੇਂ ਤੋਂ ਸਿਹਤ, ਸਿੱਖਿਆ ਤੇ ਵਾਤਾਵਰਨ ਦੇ ਨਾਲ ਨਾਲ ਰੋਡ ਸੇਫਟੀ ਨੂੰ ਲੈ ਕੇ ਉਪਰਾਲੇ ਜਾਰੀ ਹਨ। ਇਸੇ ਲੜੀ ਨੂੰ ਅੱਗੇ ਤੋਰਦਿਆਂ ਵਿਸ਼ਵ ਧਰਤੀ ਦਿਵਸ ਮੌਕੇ ਪਿੰਡ ਕੋਟਲੀ ਦੇਵਨ ਦੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਵਿਖੇ ਬੂਟੇ ਲਾਏ ਗਏ। ਸਕੂਲ ਮੁਖੀ ਗੁਰਪ੍ਰੀਤ ਸਿੰਘ ਸੰਧੂ ਨੇ ਸੰਸਥਾ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਜੇਕਰ ਅਸੀਂ ਅਜਿਹੇ ਦਿਵਸ ਪੂਰੀ ਜ਼ਿੰਮੇਵਾਰੀ ਤੇ ਤਨਦੇਹੀ ਨਾਲ ਨਿਭਾਅ ਕੇ ਆਪਣੇ ਬਣਦੇ ਫਰਜ਼ਾਂ ਦੀ ਅਦਾਇਗੀ ਕਰੀਏ ਤਾਂ ਉਹ ਦਿਨ ਦੂਰ ਨਹੀਂ, ਜਦੋਂ ਆਲਮੀ ਤਪਸ 'ਤੇ ਕਾਬੂ ਪਾਇਆ ਜਾ ਸਕਦਾ ਹੈ। ਸੰਸਥਾ ਦੇ ਪ੍ਰਧਾਨ ਨਰਿੰਦਰ ਸਿੰਘ ਸੰਧੂ ਨੇ ਆਖਿਆ ਕਿ ਉਹ ਸਕੂਲ ਮੁਖੀ ਗੁਰਪ੍ਰੀਤ ਸਿੰਘ ਸੰਧੂ ਤੇ ਸਮੂਹ ਸਟਾਫ ਦੁਆਰਾ ਸਮੇਂ ਸਮੇਂ ਦਿੱਤੇ ਜਾਂਦੇ ਸਹਿਯੋਗ ਬਦਲੇ ਉਨ੍ਹਾਂ ਦੇ ਤਹਿ ਦਿਲ ਤੋਂ ਰਿਣੀ ਹਨ ਤੇ ਭਵਿੱਖ ਵਿੱਚ ਵੀ ਅਜਿਹੇ ਸਮਾਜ ਸੇਵੀ ਉਪਰਾਲੇ ਜਾਰੀ ਰਹਿਣਗੇ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਗੁਰਪ੍ਰੀਤ ਸਿੰਘ ਖਾਲਸਾ ਨੇ ਸੰਕਲਪ ਸੁਸਾਇਟੀ ਦੇ ਕਾਰਜਾਂ ਨੂੰ ਆਮ ਲੋਕਾਂ ਲਈ ਸੰਜੀਵਨੀ ਬੂਟੀ ਕਰਾਰ ਦਿੰਦਿਆ ਕਿਹਾ ਕਿ ਉਹ ਤਨੋਂ, ਮਨੋਂ ਤੇ ਧਨੋਂ ਹਮੇਸ਼ਾ ਸੰਸਥਾ ਨਾਲ ਖੜੇ ਹਨ। ਇਸ ਮੌਕੇ ਸਰਪੰਚ ਸੰਦੀਪ ਕੌਰ, ਸਕੂਲ ਮੁਖੀ ਗੁਰਪ੍ਰੀਤ ਸਿੰਘ ਸੰਧੂ, ਜਸਵੀਰ ਸਿੰਘ, ਗੁਰਪ੍ਰੀਤ ਸਿੰਘ ਖਾਲਸਾ, ਪ੍ਰਧਾਨ ਨਰਿੰਦਰ ਸਿੰਘ ਸੰਧੂ, ਚੇਅਰਪਰਸਨ ਸੁਮਨਦੀਪ ਕੌਰ, ਗੁਰਪ੍ਰੀਤ ਕੌਰ ਤੇ ਜਸਪ੍ਰੀਤ ਕੌਰ ਆਦਿ ਮੌਜੂਦ ਸਨ।

## ਮੋਟੀਵੇਟਰ ਯੂਨੀਅਨ ਵੱਲੋਂ ਜਲੰਧਰ 'ਚ ਪੋਲ ਖੋਲ੍ਹ ਮਾਰਚ ਦਾ ਐਲਾਨ

**ਬਰੇਟਾ (ਗੋਬਿੰਦ ਸ਼ਰਮਾ)**-ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵਿੱਚ ਕੰਮ ਕਰ ਰਹੇ ਮੋਟੀਵੇਟਰ ਅੱਜ ਵੀ ਬਿਨਾਂ ਕਿਸੇ ਮਹੀਨਾਵਾਰ ਤਨਖਾਹ ਦੇ ਇੱਕ ਤੁਛ ਜਿਹੇ ਮਾਣ ਭੱਤੇ 'ਤੇ ਕੰਮ ਕਰਨ ਲਈ ਮਜਬੂਰ ਹਨ। ਮੁਲਾਜ਼ਮਾਂ ਨੂੰ ਪੱਕਾ ਕਰਨ ਨੂੰ ਲੈ ਕੇ ਚੱਲ ਰਹੀ ਪ੍ਰੀਕਿਰਿਆ ਦੌਰਾਨ ਲੋਹੜੀ ਵਾਲੇ ਦਿਨ ਮਾਨਯੋਗ ਮੁੱਖ ਮੰਤਰੀ ਪੰਜਾਬ ਵੱਲੋਂ 6 ਹਜ਼ਾਰ ਮੁਲਾਜ਼ਮ ਪੱਕੇ ਕਰਨ ਦਾ ਐਲਾਨ ਕੀਤਾ ਗਿਆ ਸੀ, ਜਿਸ ਵਿੱਚ ਮੋਟੀਵੇਟਰ ਵਰਕਰਾਂ ਦਾ ਨਾਮ ਵੀ ਸ਼ਾਮਲ ਸੀ, 6 ਅਪ੍ਰੈਲ ਨੂੰ ਜਥੇਬੰਦੀ ਆਗੂਆਂ ਦੀ ਮੀਟਿੰਗ ਜਲ ਮੰਤਰੀ ਬ੍ਰਹਮ ਸੰਕਰ ਜਿੰਪਾਂ, ਡੀ. ਕੇ. ਤਿਵਾੜੀ ਪ੍ਰਮੁੱਖ ਸਕੱਤਰ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ, ਮੁਹੰਮਦ ਇਸਫਾਕ ਮੁਖੀ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਅਤੇ ਹੋਰ ਉੱਚ ਅਧਿਕਾਰੀਆਂ ਨਾਲ ਹੋਈ ਸੀ, ਜਿਸ ਵਿੱਚ ਪ੍ਰਮੁੱਖ ਸਕੱਤਰ ਤੇ ਜਲ ਮੰਤਰੀ ਵੱਲੋਂ ਮੋਟੀਵੇਟਰ ਵਰਕਰਾਂ ਦੀ ਮੰਗਾਂ ਸਬੰਧੀ ਸਾਰਾ ਖਰੜਾ ਤਿਆਰ ਕਰਕੇ ਵਿੱਤ ਕਮਿਸ਼ਨਰ ਨੂੰ ਡਿਮਾਂਡ ਭੇਜਣ ਦੀ ਗੱਲਬਾਤ ਹੋਈ, ਪ੍ਰੰਤੂ ਮੁੜ ਕੇ ਵਿਭਾਗ ਵੱਲੋਂ ਕੋਈ ਜਵਾਬ ਨਾ ਆਉਣ ਕਰਕੇ ਸਮੂਹ ਵਰਕਰਾਂ ਨੇ ਜਲੰਧਰ ਜ਼ਿਮਨੀ ਚੋਣ ਦੌਰਾਨ ਸਰਕਾਰ ਖਿਲਾਫ ਪੋਲ ਖੋਲ੍ਹ ਪੈਦਲ ਮਾਰਚ ਕਰਨ ਦਾ ਫੈਸਲਾ ਲਿਆ ਹੈ। ਜਾਣਕਾਰੀ ਦਿੰਦਿਆਂ ਯੂਨੀਅਨ ਆਗੂਆਂ ਨੇ ਦੱਸਿਆ ਕਿ ਉਹ 1 ਮਈ ਮਜ਼ਦੂਰ ਦਿਵਸ ਤੋਂ 9 ਮਈ ਤੱਕ ਵੱਖੋ ਵੱਖ ਜ਼ਿਲ੍ਹਿਆਂ ਮੁਤਾਬਿਕ ਆਪੋ ਆਪਣੀਆਂ ਡਿਊਟੀਆਂ ਲਗਾ ਕੇ ਜਲੰਧਰ ਸ਼ਹਿਰ ਦੇ ਸਾਰੇ ਵਾਰਡਾਂ ਤੇ ਬਜ਼ਾਰਾਂ ਵਿੱਚ 50 ਹਜ਼ਾਰ ਪੈਂਫਲਿਟ ਸਰਕਾਰ ਦੇ ਮੋਟੀਵੇਟਰਾਂ ਨਾਲ ਵਾਅਦਿਆਂ ਨੂੰ ਲੈ ਕੇ ਵੰਡਣਗੇ ਤੇ ਮੌਜੂਦਾ ਸਰਕਾਰ ਦੇ ਲਾਰਿਆਂ ਦੀ ਪੰਡ ਲੋਕਾਂ ਸਾਹਮਣੇ ਰੱਖਣਗੇ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri
ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

24-April-PAGE-3.qxd 4/23/2023 9:27 PM Page 1



# ਸਿੱਖਿਆ ਦੇ ਖੇਤਰ ਨਾਲ ਜੁੜੀਆਂ ਉੱਘੀਆਂ ਸ਼ਖਸੀਅਤਾਂ ਨੂੰ 'ਰਾਮ ਇਕਬਾਲ ਐਕਸੀਲੈਂਸ' ਐਵਾਰਡ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਸ਼ਹੀਦ ਭਗਤ ਸਿੰਘ ਸਿੱਖਿਆ ਸੰਸਥਾਵਾਂ ਪੱਟੀ ਵੱਲੋਂ ਸਵ. ਬਾਊ ਰਾਮ ਇਕਬਾਲ ਭਾਰਦਵਾਜ ਦੇ ਜਨਮ ਦਿਵਸ ਮੌਕੇ 'ਰਾਮ ਇਕਬਾਲ ਐਕਸੀਲੈਂਸ ਐਵਾਰਡ' ਨਾਮਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਸਮਾਗਮ ਵਿਚ ਮੁੱਖ ਮਹਿਮਾਨ ਆਦਰਸ਼ ਪਾਲ ਵਿਜ (ਚੇਅਰਮੈਨ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ) ਵਜੋਂ ਸ਼ਿਰਕਤ ਕੀਤੀ। ਸਮਾਗਮ ਦੀ ਸ਼ੁਰੂਆਤ ਜੋਤੀ ਪ੍ਰਚੰਡ ਕਰਕੇ ਕੀਤੀ। ਉਪਰੰਤ ਸਕੂਲ ਦੇ ਵਿਦਿਆਰਥੀਆਂ ਵੱਲੋਂ ਧਾਰਮਿਕ ਗਾਇਨ ਕੋਰੀਓਗ੍ਰਾਫੀ ਪੇਸ਼ ਕੀਤੀ ਗਈ ਅਤੇ ਬੱਚਿਆਂ ਵੱਲੋਂ ਸ਼ੋਸ਼ਲ ਮੀਡੀਆਂ ਦੇ ਪੈ ਰਹੇ ਵਿਦਿਅਰਥੀਆਂ 'ਤੇ ਬੁਰੇ ਪ੍ਰਭਾਵਾਂ ਦੀ ਸਕਿੱਟ ਪੇਸ਼ ਕਰਕੇ ਵਾਹ-ਵਾਹ ਖੱਟੀ। ਸਮਾਗਮ ਮੌਕੇ 'ਤੇ ਅਧਿਆਪਕਾਂ ਜਿਨ੍ਹਾਂ ਵੱਖ- ਵੱਖ ਖੇਤਰਾਂ ਰਿਸਰਚ ਐਂਡ ਡਿਵੈਲਪਮੈਂਟ, ਜੂਅਸ ਆਫ਼ ਲੇਟੈਸਟ ਇਨੋਵੇਟਿਵ ਕਲਾਸਰੂਮ ਮੈਥਡੋਲਜੀਸ, ਜੂਅਸ ਆਫ਼ ਡਿਜੀਟਲ ਟੈਕਨੋਲੋਜੀ, ਕੰਟਰੀਬਿਊਸ਼ਨ ਇਨ ਸਪੋਰਟਸ ਐਂਡ ਗੇਮਸ, ਐਨਸੈਂਸਿੰਗ ਅਕੈਡਮਿਕ ਅਚੀਵਮੈਂਟ ਆੱਫ਼ ਸਟੂਡੈਂਟਸ, ਸ਼ੋਸਲ ਕੰਟਰੀਬਿਊਸ਼ਨ, ਪਰੋਪੇਗੈਟਿੰਗ ਇੰਡੀਅਨ ਕਲਚਰ ਐਂਡ ਵੈਲਿਊਸ ਨਾਮਕ ਕੈਟੇਗਰੀਜ਼ ਵਿੱਚ ਰਾਮ ਇਕਬਾਲ ਐਕਸੀਲੈਂਸ ਅਵਾਰਡ ਨਾਲ ਮੁੱਖ ਮਹਿਮਾਨ ਆਦਰਸ਼ ਪਾਲ ਵਿਜ਼ (ਚੇਅਰਮੈਨ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ) ਅਤੇ ਸ਼ਹੀਦ ਭਗਤ ਸਿੰਘ ਸਿੱਖਿਆਂ ਸੰਸਥਾਵਾਂ ਦੇ ਚੇਅਰਮੈਨ ਡਾ. ਰਾਜੇਸ਼ ਭਾਰਦਵਾਜ ਐੱਮ. ਡੀ. ਡਾ. ਮਰਿਦੁਲਾ ਭਾਰਦਵਾਜ, ਡਾਇਰੈਕਟਰ ਸੱਤਿਅਮ ਭਾਰਦਵਾਜ ਵੱਲੋਂ ਸਨਮਾਨਿਤ ਇਲਾਕੇ ਦੀਆਂ ਸਰਕਾਰੀ ਅਤੇ ਗੈਰ- ਸਰਕਾਰੀ ਸਿੱਖਿਅਕ ਸੰਸਥਾਵਾਂ ਦੇ 23 ਪ੍ਰਿੰਸੀਪਲਾਂ ਅਤੇ 10 ਨਾਮੀ ਸ਼ਖ਼ਸੀਅਤਾਂ ਜਿਨ੍ਹਾਂ ਵਿੱਚੋਂ ਪ੍ਰਮੁੱਖ ਨੂੰ ਆਨਰੇਰੀ ਅਵਾਰਡ ਨਾਲ ਡੀ. ਈ. ਓ. ਸਤਨਾਮ ਸਿੰਘ ਬਾਠ, ਡਿਪਟੀ ਡੀ. ਈ. ਓ. ਗੁਰਬਚਨ ਸਿੰਘ ਲਾਲੀ, ਸਤਨਾਮ ਸਿੰਘ ਮਨਾਵਾ, ਸਕੱਤਰ ਸਿੰਘ ਸੰਧੂ, ਡਾ. ਇੰਦਰਪ੍ਰੀਤ ਧਾਮੀ, ਮੈਡਮ ਗੁਰਬਚਨ ਕੌਰ (ਸੀ.ਬੀ. ਐੱਸ. ਸੀ. ਸਿਟੀ ਕੋਆਰਡੀਨੇਟਰ ਤਰਨ-ਤਾਰਨ), ਸੁਰਿੰਦਰ ਕੁਮਾਰ (ਇੰਚਾਰਜ ਡਿਸਟਰਿਕਟ ਐਜੂਕੇਸ਼ਨ ਕਮੇਟੀ ਤਰਨਤਾਰਨ), ਨਰਿੰਦਰ ਭੱਲਾ (ਸੁਪਰੀਡੈਂਟ ਡੀ.ਈ.ਓ. ਆਫਿਸ ਤਰਨਤਾਰਨ) ਨੂੰ ਆਨਰੇਰੀ ਐਵਾਰਡ ਅਤੇ ਪ੍ਰੋ. ਵਿਜੇ ਸ਼ਰਮਾ (ਰੀਟਾਇਰਡ ਪ੍ਰੋ. ਸਰਕਾਰੀ ਕਾਲਜ ਪੱਟੀ) ਨੂੰ ਉਚੇਚੇ ਤੌਰ ਤੇ ਲਾਈਫ਼ ਟਾਈਮ ਅਚੀਵਮੈਂਟ ਐਵਾਰਡ ਨਾਲ ਨਿਵਾਜਿਆ ਗਿਆ। ਇਸ ਮੌਕੇ 'ਤੇ ਡਾ. ਇੰਦਰਪ੍ਰੀਤ ਸਿੰਘ ਧਾਮੀ ਵੱਲੋਂ ਸਰਕਾਰ ਦੁਆਰਾ ਸ਼ੁਰੂ ਕੀਤੀ ਨਵੀਂ ਸਿੱਖਿਆ ਨੀਤੀ 2020 ਤੇ ਇੱਕ ਵਿਚਾਰ- ਵਟਾਂਦਰਾ ਦੇ ਤਹਿਤ ਵੱਖ- ਵੱਖ ਬੁੱਧੀਜੀਵੀਆਂ ਜਿਨ੍ਹਾਂ ਵਿੱਚ ਡਾ. ਹਰਬੰਸ ਡਾ. ਸਾਰਿਤਾ ਨਾਰਦ ਆਦਿ ਨੇ ਵੀ ਚਾਨਣਾ ਪਾਇਆ ਗਿਆ। ਉਨ੍ਹਾਂ ਨੇ ਦੱਸਿਆਂ ਕਿ ਕਿਸ ਪ੍ਰਕਾਰ ਵਿਦਿਆਰਥੀ ਸਿੱਖਿਆਂ ਦੇ ਨਾਲ-ਨਾਲ ਹੁਨਰ ਵਿਕਾਸ ਪ੍ਰੋਗਰਾਮ ਤੇ ਡਿਜੀਟਾਈਜ਼ੇਸਨ ਮਾਧਿਅਮ ਰਾਹੀਂ ਗਲੋਬਲੀ ਕੰਪੀਟ ਕਰ ਸਕਦੇ ਹਨ। ਇਸ ਮੌਕੇ ਡਾ. ਰਾਜੇਸ਼ ਭਾਰਦਵਾਜ ਨੇ ਸਵ. ਰਾਮ ਇਕਬਾਲ ਨੂੰ ਨਮਨ ਕੀਤਾ ਉਨ੍ਹਾਂ ਦੱਸਿਆ ਬਾਓ ਜੀ ਦਾ ਇਹ ਸੁਪਨਾ ਸੀ ਕਿ ਹਰ ਅਧਿਆਪਕ ਨੂੰ ਉਹ ਬਣਦਾ ਮਾਣ-ਸਤਿਕਾਰ ਮਿਲਣਾ ਜ਼ਰੂਰੀ ਹੈ, ਇਸ ਲਈ ਉਹ ਇਸ ਐਵਾਰਡ ਸਮਾਗਮ ਦਾ ਆਯੋਜਨ ਕੀਤਾ ਗਿਆ ਤਾਂ ਜੋ ਉਹਨਾਂ ਦਾ ਇਹ ਸੁਪਨਾ ਪੂਰਾ ਹੋ ਸਕੇ। ਕਿ ਕਿਸ ਤਰ੍ਹਾਂ ਉਹਨਾਂ ਦੇ ਸਦਕਾ ਹੀ ਅਸੀ ਇਸ ਮੁਕਾਮ ਤੇ ਪਹੁੰਚੇ ਹਾਂ ਤੇ ਉਹਨਾਂ ਦਾ ਆਸ਼ੀਰਵਾਦ ਸਦਾ ਹੀ ਸਾਡੇ ਨਾਲ ਹੈ ਤੇ ਅਸੀ ਇਸੇ ਤਰ੍ਹਾਂ ਇਲਾਕੇ ਦੀ ਵਿੱਦਿਅਕ ਖੇਤਰ ਵਿੱਚ ਸੇਵਾ ਕਰਦੇ ਰਹਾਗੇ। ਸਵ: ਬਾਓ ਜੀ ਜੋ ਕਿ ਸਿੱਖਿਆ ਦੇ ਖੇਤਰ ਵਿਚ ਇਸ ਇਲਾਕੇ 'ਚ ਹੀ ਨਹੀਂ ਸਗੋਂ ਪੂਰੀ ਦੁਨੀਆਂ ਵਿੱਚ ਇੱਕ ਸਦੀਵੀ ਚਮਕਦਾ ਰਹਿਣ ਵਾਲਾ ਨਾਮ ਹੈ। ਜੋ ਕਿ ਰਹਿੰਦੀ ਦੁਨੀਆਂ ਤੱਕ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਇਨ੍ਹਾਂ ਸਿੱਖਿਅਕ ਸੰਸਥਾਵਾਂ ਦੇ ਮੋਢੀ ਸਵ. ਰਾਮ ਇਕਬਾਲ ਦੀਆਂ ਰਿਣੀ ਰਹਿਣਗੀਆਂ ਜਿਨ੍ਹਾਂ ਨੇ ਸਿੱਖਿਆ ਨਾਮਕ ਦਾਤ ਇਸ ਇਲਾਕੇ ਨੂੰ ਹੀ ਨਹੀਂ ਸਗੋਂ ਬਾਹਰਲੇ ਇਲਾਕਿਆ ਜਿਵੇਂ ਅੰਮ੍ਰਿਤਸਰ, ਪਠਾਨਕੋਟ, ਫਿਰੋਜ਼ਪੁਰ, ਅੰਬਾਲਾ ਵਿੱਚ ਵੀ ਆਪਣੀਆਂ ਸੰਸਥਾਵਾਂ ਰਾਹੀ ਨੌਜਵਾਨ ਪੀੜੀ ਨੂੰ ਆਪਣਾ ਭਵਿੱਖ ਬਣਾਉਣ ਲਈ ਵਿੱਦਿਆ ਦੀ ਦਾਤ ਬਖ਼ਸ਼ੀ ਹੈ। ਇਸ ਮੌਕੇ ਮੁੱਖ ਮਹਿਮਾਨ ਆਦਰਸ਼ ਪਾਲ ਵਿਜ ਨੇ ਕਿਹਾ ਕਿ ਸਾਨੂੰ ਗੁਰੂ ਸ਼ਿਸ਼ ਦੇ ਰਿਸ਼ਤੇ ਨੂੰ ਕਾਇਮ ਰੱਖਦੇ ਹੋਏ ਵਿਦਿਆਰਥੀਆਂ ਦਾ ਸਿਰਫ਼ ਵਿੱਦਿਅਕ ਖੇਤਰ ਵਿੱਚ ਹੀ ਨਹੀਂ ਸਗੋਂ ਬਹੁ- ਪੱਖੀ ਵਿਕਾਸ ਕਰਨਾ ਚਾਹੀਦਾ ਹੈ ਅਤੇ ਤਾਂ ਜੋ ਆਪਣੇ ਦੇਸ਼ ਲਈ ਇੱਕ ਆਦਰਸ਼ ਇਨਸਾਨ ਬਣ ਕੇ ਆਪਣਾ ਅਤੇ ਆਪਣੇ ਦੇਸ਼ ਦਾ ਨਾਮ ਰੌਸ਼ਨ ਕਰੀਏ। ਇਸ ਮੌਕੇ ਤੇ ਉਨ੍ਹਾਂ ਨੇ ਸ਼ਹੀਦ ਭਗਤ ਸਿੰਘ ਸਿੱਖਿਆਂ ਸੰਸਥਾਵਾਂ ਦੇ ਪ੍ਰਿੰਸੀਪਲਾਂ ਤੇ ਸਮੂਹ ਸਟਾਫ਼ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਇਸ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿੱਚ ਅਹਿਮ ਯੋਗਦਾਨ ਪਾਇਆ ਹੈ।

## ਵਿਦਿਆਰਥੀਆਂ ਨੇ ਵੱਖ-ਵੱਖ ਤਰ੍ਹਾਂ ਦੇ ਰੁੱਖ ਲਗਾਏ

**ਸ੍ਰੀ ਚਮਕੌਰ ਸਾਹਿਬ (ਗਰਵਿੰਦਰਪਾਲ ਸਿੰਘ ਬੋਬੀ)** ਸਰਕਾਰੀ ਬਹੁ-ਤਕਨੀਕੀ ਕਾਲਜ ਦੇ ਵਿਦਿਆਰਥੀਆਂ ਨੇ ਕਾਲਜ ਕੈਂਪਸ 'ਚ ਵੱਖ-ਵੱਖ ਤਰ੍ਹਾਂ ਦੇ ਰੁੱਖ ਲਗਾਏ। ਕਾਲਜ ਦੇ ਪ੍ਰਿੰਸੀਪਲ ਸ੍ਰੀਮਤੀ ਮੋਨਿਕਾ ਬਾਂਸਲ ਨੇ ਦੱਸਿਆ ਕਿ ਕਾਲਜ ਦੇ ਕਬੱਡੀ ਗਰੁੱਪ ਦੇ ਵਿਦਿਆਰਥੀਆਂ ਵੱਲੋਂ ਕੋਈ ਨਾ ਕੋਈ ਸੋਸਲ ਐਕਟੀਵਿਟੀ ਹੁੰਦੀ ਰਹਿੰਦੀ ਹੈ। ਕਬੱਡੀ ਡੀ ਗਰੁੱਪ ਦੇ ਇੰਚਾਰਜ ਸ੍ਰੀਮਤੀ ਜਸਵਿੰਦਰ ਕੌਰ ਨੇ ਪੱਤਰਕਾਰਾਂ ਨਾਲ ਕਰਦਿਆਂ ਕਿਹਾ ਕਿ ਪੜਾਈ ਦੇ ਨਾਲ ਖੇਡਾਂ ਦਾ ਹੋਣਾ ਵੀ ਬਹੁਤ ਜਰੂਰੀ ਹੁੰਦਾ ।ਇਸ ਮੌਕੇ ਸ੍ਰੀਮਤੀ ਕਵਿਤਾ ਮੋਗਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਰੁੱਖ ਲਗਾਨ ਨਾਲ ਵਾਤਾਵਰਨ ਸ਼ੁੱਧ ਹੁੰਦਾ ਹੈ। ਇਸ ਮੌਕੇ ਸ੍ਰੀਮਤੀ ਮਨਿੰਦਰ ਕੌਰ ਸੀਨੀਅਰ ਲੈਕਚਰਾਰ, ਸਿਮਰਨਜੀਤ ਕੌਰ, ਯੋਗੇਸ ਕੁਮਾਰ, ਜਸਪਾਲ ਸਿੰਘ, ਦੀਵਾਨ ਸਿੰਘ, ਪੂਨਮ ਰਾਨੀ, ਵਿਨੋਦ ਸ਼ਰਮਾ, ਸੁਰਜੀਤ ਸਿੰਘ ਅਤੇ ਸਮੂਰ ਸਟਾਫ ਵਿਦਿਆਰਥੀ ਹਾਜ਼ਰ ਸਨ।

## ਜੱਥੇਦਾਰ ਬਾਬਾ ਹਰਬੰਸ ਸਿੰਘ ਦੇ ਬਰਸੀ ਸਮਾਗਮ 'ਤੇ ਕੀਰਤਨ ਦਰਬਾਰ ਦਾ ਆਯੋਜਨ

**ਐੱਸ.ਏ.ਐੱਸ. ਨਗਰ : (ਗੁਰਜੀਤ ਬਿੱਲਾ)** ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਕਾਰ ਸੇਵਾ ਦੇ ਪੁੰਜ, ਸੱਚ ਖੰਡ ਵਾਸੀ ਜਥੇਦਾਰ ਬਾਬਾ ਹਰਬੰਸ ਸਿੰਘ ਦੀ ਬਰਸੀ ਸਮਾਗਮ ਤੇ ਵਿਸ਼ੇਸ਼ ਕੀਰਤਨ ਦਰਬਾਰ ਦਾ ਆਯੋਜਨ ਕੀਤਾ ਗਿਆ। ਬਰਸੀ ਸਮਾਗਮ ਦੇ ਸੰਬੰਧ 'ਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਪ੍ਰਿਤਪਾਲ ਸਿੰਘ ਪੰਥਕ ਜੱਥੇ ਨੇ ਜੱਥੇਦਾਰ ਬਾਬਾ ਹਰਬੰਸ ਸਿੰਘ, ਜਿਨ੍ਹਾਂ ਦਾ ਜਨਮ 1 ਜਨਵਰੀ 1923 'ਚ ਹੋਇਆ ਦਾ ਜੀਵਨ ਬ੍ਰਿਤਾਂਤ ਅਤੇ ਉਨ੍ਹਾ ਨੇ ਜੱਥੇਦਾਰ ਬਾਬਾ ਹਰਬੰਸ ਸਿੰਘ ਦੇ ਬਿਰਧ ਉਮਰ 'ਚ ਵੀ ਸੇਵਾ ਦੇ ਜਜ਼ਬੇ ਅਤੇ ਪੰਥ ਪ੍ਰਤੀ ਕੀਤੀਆਂ ਅਮੁੱਲੀਆਂ ਕਾਰ ਸੇਵਾਵਾਂ ਬਾਰੇ ਸੰਗਤਾਂ ਨੂੰ ਵਿਸਥਾਰ 'ਚ ਜਾਣੂੰ ਕਰਵਾਇਆ। ਭਾਈ ਕੁਲਵਿੰਦਰ ਸਿੰਘ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਜੋੜਨ ਦਾ ਉਪਰਾਲਾ ਕੀਤਾ। ਇਸ ਤੋਂ ਇਲਾਵਾ ਬੀਬੀ ਉੱਤਮਜੀਤ ਕੌਰ, ਭਾਈ ਗੁਰਦੀਪ ਸਿੰਘ, ਭਾਈ ਗੁਰਵਿੰਦਰ ਸਿੰਘ, ਭਾਈ ਕੁਲਦੀਪ ਸਿੰਘ, ਭਾਈ ਸਰੂਪ ਸਿੰਘ, ਭਾਈ ਮਨਜੀਤ ਸਿੰਘ, ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ, ਭਗੜਾਨੇ ਵਾਲਿਆਂ ਦਾ ਕਵੀਸ਼ਰੀ ਜਥਾ, ਸ਼ੇਰੇ ਪੰਜਾਬ ਕਵੀਸ਼ਰੀ ਜੱਥਾ ਅਤੇ ਭਾਈ ਕੁਲਤਾਰ ਸਿੰਘ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਹਰਬਖਸ਼ ਸਿੰਘ, ਭਾਈ ਜਸਵਿੰਦਰ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਜਸਵੰਤ ਸਿੰਘ ਅਤੇ ਭਾਈ ਗੁਰਮੀਤ ਸਿੰਘ ਦੇ ਜੱਥਿਆਂ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਹਰਿ ਜਸ ਸੁਣਾ ਕੇ ਨਿਹਾਲ ਕੀਤਾ।

## ਜਿੰਪਾ ਨੇ ਰਾਜਪੂਤ ਸਭਾ ਹੁਸ਼ਿਆਰਪੁਰ ਨੂੰ ਸੌਂਪਿਆ 3 ਲੱਖ ਰੁਪਏ ਦਾ ਚੈੱਕ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** - ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਸੂਬੇ ਦੇ ਵਿਕਾਸ ਤੇ ਆਪਸੀ ਸਦਭਾਵਨਾ ਬਣਾਏ ਰੱਖਣ ਵਿਚ ਰਾਜਪੂਤ ਸਭਾ ਦਾ ਬਹੁਤ ਵੱਡਾ ਯੋਗਦਾਨ ਹੈ। ਉਨ੍ਹਾਂ ਕਿਹਾ ਕਿ ਸਭਾ ਵਲੋਂ ਸਮਾਜ ਸੇਵਾ ਦੇ ਖੇਤਰ ਵਿਚ ਬੇਮਿਸਾਲ ਕਾਰਜ ਕੀਤੇ ਜਾ ਰਹੇ ਹਨ। ਉਹ ਰਾਜਪੂਤ ਸਭਾ ਹੁਸ਼ਿਆਰਪੁਰ ਨੂੰ 3 ਲੱਖ ਰੁਪਏ ਦਾ ਚੈਕ ਸੌਂਪਣ ਦੌਰਾਨ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨਾਲ ਚੇਅਰਮੈਨ ਜਸਬੀਰ ਸਿੰਘ ਕੰਵਰ, ਪ੍ਰਧਾਨ ਗੁਰਬਖਸ਼ ਸਿੰਘ ਠਾਕੁਰ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਰਾਜਪੂਤ ਸਭਾ ਹੁਸ਼ਿਆਰਪੁਰ ਵਿਚ ਸਮਾਜ ਸੇਵਾ ਦੇ ਕਈ ਪ੍ਰੋਜੈਕਟ ਚਲਾ ਰਹੀ ਹੈ ਅਤੇ ਸਮਾਜਿਕ ਹਿੱਤ ਲਈ ਹਮੇਸ਼ਾ ਅੱਗੇ ਰਹਿੰਦੀ ਹੈ। ਉਨ੍ਹਾਂ ਨੇ ਸਭਾ ਦੇ ਅਹੁਦੇਦਾਰਾਂ ਨੂੰ ਵਿਸ਼ਵਾਸ ਦਿਵਾਇਆ ਕਿ ਸਭਾ ਵਲੋਂ ਕੀਤੇ ਜਾਣ ਵਾਲੇ ਸਮਾਜ ਸੇਵੀ ਕੰਮਾਂ ਨੂੰ ਪੰਜਾਬ ਸਰਕਾਰ ਹਮੇਸ਼ਾ ਸਹਿਯੋਗ ਕਰੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਮੇਸ਼ਾ ਸਮਾਜ ਹਿੱਤ ਵਿਚ ਕੰਮ ਕਰਨ ਵਾਲੀਆਂ ਸਭਾਵਾਂ ਨੂੰ ਸਹਿਯੋਗ ਦੇਣ ਲਈ ਵਚਨਬੱਧ ਹੈ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਡਾ. ਜਸਬੀਰ ਸਿੰਘ ਪਰਮਾਰ, ਸੀਨੀਅਰ ਮੀਤ ਪ੍ਰਧਾਨ ਅਤੇ ਮੀਡੀਆ ਸਕੱਤਰ ਅਜੇ ਰਾਣਾ, ਜਨਰਲ ਸਕੱਤਰ ਕੈਪਟਨ ਸੁਭਾਸ਼ ਡਡਵਾਲ, ਸੰਯੁਕਤ ਸਕੱਤਰ ਹਰ ਕ੍ਰਿਸ਼ਨ ਗੋਪਾਲ ਜਸਵਾਲ, ਮੀਰ ਸਿੰਘ ਠਾਕੁਰ, ਉਪ ਪ੍ਰਧਾਨ ਦਿਲਬਾਗ ਸਿੰਘ ਕੰਵਰ, ਵਿਕਰਮ ਪਟਿਆਲ, ਅਨਿਲ ਠਾਕੁਰ ਤੇ ਮੁੱਖ ਸਲਾਹਕਾਰ ਸਤੀਸ਼ ਜਸਵਾਲ ਵੀ ਮੌਜੂਦ ਸਨ।

## ਨੈਸ਼ਨਲ ਗੇਮਜ਼-2022 ਦੇ ਮੈਡਲ ਜੇਤੂ 2 ਖਿਡਾਰੀਆਂ ਨੂੰ ਮੁੱਖ ਮੰਤਰੀ ਨੇ ਕੀਤਾ ਸਨਮਾਨਿਤ

**ਹੁਸ਼ਿਆਰਪੁਰ, (ਓ ਪੀ ਰਾਣਾ, ਬਲਬੀਰ ਸਿੰਘ ਸੈਣੀ)** ਸੂਬੇ ਅੰਦਰ ਖੇਡਾਂ ਨੂੰ ਪ੍ਰਫੁੱਲਤ ਕਰਨ ਅਤੇ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਲਈ ਪੰਜਾਬ ਸਰਕਾਰ ਵਲੋਂ ਰਾਸ਼ਟਰੀ ਖੇਡਾਂ ਵਿਚ ਮੈਡਲ ਜੇਤੂ ਖਿਡਾਰੀਆਂ ਨੂੰ ਨਗਦ ਪੁਰਸਕਾਰ ਦਿੱਤੇ ਜਾ ਰਹੇ ਹਨ। ਇਸ ਤਹਿਤ ਗੁਜਰਾਤ ਦੇ ਅਹਿਮਦਾਬਾਦ ਸ਼ਹਿਰ ਵਿਚ ਹੋਈ ਨੈਸ਼ਨਲ ਗੇਮਜ਼-2022 ਵਿਚ ਮੈਡਲ ਪ੍ਰਾਪਤ ਕਰਨ ਵਾਲੇ ਸੂਬੇ ਦੇ 141 ਖਿਡਾਰੀਆਂ ਨੂੰ ਚੰਡੀਗੜ੍ਹ ਵਿਚ ਮੁੱਖ ਮੰਤਰੀ ਭਗਵੰਤ ਮਾਨ ਨੇ 5.43 ਕਰੋੜ ਰੁਪਏ ਦੀ ਨਕਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ।

ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਇਨ੍ਹਾਂ ਨੈਸ਼ਨਲ ਗੇਮਜ਼ ਵਿਚ ਹੁਸ਼ਿਆਰਪੁਰ ਜ਼ਿਲ੍ਹੇ ਦੇ ਦੋ ਖਿਡਾਰੀਆਂ ਨੇ ਤਿੰਨ ਵੱਖ-ਵੱਖ ਖੇਡਾਂ ਵਿਚ ਮੈਡਲ ਹਾਸਲ ਕੀਤੇ ਹਨ। ਉਨ੍ਹਾਂ ਦੱਸਿਆ ਕਿ ਖਿਡਾਰੀ ਰਾਜਵੀਰ ਸਿੰਘ ਨੇ ਬਾਸਕਿਟਬਾਲ ਵਿਚ ਚਾਂਦੀ ਦਾ ਮੈਡਲ ਅਤੇ ਕੰਵਰਪ੍ਰੀਤ ਕੌਰ ਨੇ ਜੂਡੋ ਦੇ 75 ਕਿਲੋ ਭਾਰ ਵਰਗ ਅਤੇ ਮਿਕਸਡ ਟੀਮ ਨੇ ਚਾਂਦੀ ਦਾ ਤਗਮਾ ਹਾਸਲ ਕੀਤਾ। ਮੁੱਖ ਮੰਤਰੀ ਪੰਜਾਬ ਨੇ ਰਾਜਵੀਰ ਨੂੰ 3 ਲੱਖ ਰੁਪਏ, ਕੰਵਰਪ੍ਰੀਤ ਕੌਰ ਨੂੰ ਜੂਡੋ ਦੇ ਵੱਖ-ਵੱਖ ਵਰਗਾਂ ਵਿਚ ਚਾਂਦੀ ਤਗਮਾ ਹਾਸਲ ਕਰਨ 'ਤੇ 3-3 ਲੱਖ ਰੁਪਏ ਦੀ ਨਕਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ।

ਕੁੱਲ ਮਿਲਾ ਕੇ ਜ਼ਿਲ੍ਹੇ ਦੇ ਦੋ ਖਿਡਾਰੀਆਂ ਨੂੰ ਮੁੱਖ ਮੰਤਰੀ ਪੰਜਾਬ ਵਲੋਂ 9 ਲੱਖ ਰੁਪਏ ਦੀ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ।

ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਦੌਰਾਨ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੇ ਘੋਸ਼ਣਾ ਕੀਤੀ ਕਿ ਇਨ੍ਹਾਂ ਵਿਜੇਤਾ ਖਿਡਾਰੀਆਂ ਨੂੰ ਅਗਲੀ ਰਾਸ਼ਟਰੀ ਪੱਧਰ ਦੀ ਖੇਡ ਦੀ ਤਿਆਰੀ ਲਈ ਹਰ ਮਹੀਨੇ 16 ਹਜ਼ਾਰ ਰੁਪਏ ਦਿੱਤੇ ਜਾਣਗੇ, ਤਾਂ ਜੋ ਉਹ ਹੋਰ ਵਧੀਆ ਢੰਗ ਨਾਲ ਆਪਣਾ ਅਭਿਆਸ ਜਾਰੀ ਰੱਖਣ ਅਤੇ ਅਗਲੀ ਹੋਣ ਵਾਲੀ ਰਾਸ਼ਟਰੀ ਪੱਧਰ ਵਾਲੀਆਂ ਖੇਡਾਂ ਵਿਚ ਵੱਧ ਤੋਂ ਵੱਧ ਤਗਮੇ ਹਾਸਲ ਕਰ ਸਕਣ।

## ਲੈਨਿਨ ਦਾ 124ਵਾਂ ਜਨਮ ਦਿਹਾੜਾ ਮਨਾਇਆ

**ਮਜੀਠਾ (ਮਨਮੋਹਨ ਸਿੰਘ)**-ਭਾਰਤੀ ਕਮਿਊਨਿਸਟ ਪਾਰਟੀ ਬਲਾਕ ਮਜੀਠਾ ਦੇ ਸਾਥੀਆਂ ਨੇ ਦੁਨੀਆਂ ਦੇ ਮਾਰਕਸਵਾਦੀ ਲੀਡਰ ਵਲਾਦੀਮੀਰ ਇਲੀਅਚ ਲੈਨਿਨ ਦਾ 124ਵਾਂ ਜਨਮ ਦਿਨ ਪਿੰਡ ਗੋਪਾਲਪੁਰਾ ਵਿਖੇ ਮਨਾਇਆ ਗਿਆ। ਇਸ ਮੌਕੇ ਕਾਮਰੇਡ ਬਲਵਿੰਦਰ ਸਿੰਘ ਦੁਧਾਲਾ ਨੇ ਲੈਨਿਨ ਦੀ ਸੰਘਰਸ਼ ਭਰਪੂਰ ਜ਼ਿੰਦਗੀ ਤੇ ਚਾਨਣਾ ਪਾਉਂਦਿਆਂ ਦੱਸਿਆ ਕਿ ਲੈਨਿਨ ਦਾ ਜਨਮ 1870 ਈਸਵੀ ਵਿੱਚ ਰੂਸ ਵਿੱਚ ਹੋਇਆ ਜਿਸਨੇ ਆਪਣੀ ਸਾਰੀ ਜ਼ਿੰਦਗੀ ਮਜ਼ਦੂਰ ਅਤੇ ਕਿਸਾਨ ਲੋਕਾਂ ਦੇ ਲੇਖੇ ਲਾਉਂਦਿਆਂ ਰੂਸ ਵਿੱਚ 1917 ਸੰਨ ਵਿੱਚ ਰੂਸ ਵਿੱਚ ਮਜ਼ਦੂਰਾਂ ਅਤੇ ਕਿਸਾਨਾਂ ਦਾ ਰਾਜ ਸਥਾਪਤ ਕਰਕੇ ਉਥੋਂ ਦੇ ਯਾਰ ਸ਼ਾਹੀ ਦਾ ਰਾਜ ਖਤਮ ਕਰਕੇ ਇਨਕਲਾਬ ਦਾ ਝੰਡਾ ਬੁਲੰਦ ਕੀਤਾ। ਇਸ ਰਾਜ ਪ੍ਰਬੰਧ ਦੀ ਵਿਲੱਖਣਤਾ ਇਹ ਸੀ ਕਿ ਮਜ਼ਦੂਰ ਤੇ ਕਿਸਾਨਾਂ ਦੀ ਇਸ ਰਾਜ ਵਿੱਚ ਬਰਾਬਰ ਦੀ ਭਾਈਵਾਲੀ ਸੀ। ਇਸ ਮੌਕੇ ਸੀ. ਪੀ. ਆਈ. ਸੈਕਟਰੀ ਬਲਕਾਰ ਸਿੰਘ ਦੁਧਾਲਾ ਨੇ ਕਿਹਾ ਕਿ ਰੂਸ ਵਿੱਚ ਇਨਕਲਾਬ ਹੋ ਜਾਣ ਤੋਂ ਬਾਅਦ ਇਸ ਦਾ ਨਾਮ ਸੋਵੀਅਤ ਯੂਨੀਅਨ ਰੱਖ ਦਿੱਤਾ ਗਿਆ।ਜਿਸਦਾ ਉਦੇਸ਼ ਸੀ ਕਿ ਦੁਨੀਆਂ ਵਿੱਚ ਅਮਨ ਬਹਾਲ ਹੋਣਾ ਚਾਹੀਦਾ ਹੈ। ਅੱਜ ਭਾਰਤ ਦੇ ਹਾਲਾਤ ਵੀ ਬਹੁਤ ਨਾਜ਼ੁਕ ਹਨ । ਪੂੰਜੀਵਾਦੀ ਲੋਕ ਦੇਸ਼ ਨੂੰ ਆਪਣੇ ਫਾਇਦੇ ਵਾਲੇ ਕਾਨੂੰਨ ਬਣਾ ਕੇ ਮਜ਼ਦੂਰਾਂ ਅਤੇ ਕਿਸਾਨਾਂ ਨੂੰ ਭੁੱਖਮਰੀ ਵਾਲੇ ਪਾਸੇ ਵੱਲ ਧੱਕ ਰਹੇ ਹਨ। ਇਸ ਮੌਕੇ ਜੋਗਿੰਦਰ ਸਿੰਘ, ਲਖਵਿੰਦਰ ਸਿੰਘ, ਮੁਖਤਾਰ ਸਿੰਘ ਗੋਪਾਲਪੁਰਾ ਅਤੇ ਕੁਲਵਿੰਦਰ ਕੌਰ ਖੁਸ਼ੀਪੁਰ ਨੇ ਵੀ ਲੈਨਿਨ ਦੇ ਜਨਮ ਦਿਨ ਦੀਆਂ ਦੁਨੀਆਂ ਭਰ ਦੇ ਮਜ਼ਦੂਰਾਂ ਅਤੇ ਕਿਸਾਨਾਂ ਨੂੰ ਵਧਾਈਆਂ ਦਿੱਤੀਆਂ। ਇਸ ਮੀਟਿੰਗ ਵਿੱਚ ਜਗੀਰ ਸਿੰਘ ਮੁੱਗੋਸੋਹੀ, ਸੁਖਵਿੰਦਰ ਸਿੰਘ, ਜੋਗਿੰਦਰ ਸਿੰਘ, ਕੀਰਤ ਸਿੰਘ, ਚਵਿੰਡਾ ਦੇਵੀ ਮਨਜੀਤ ਸਿੰਘ, ਨਿਰਮਲ ਸਿੰਘ, ਕ੍ਰਿਪਾਲ ਸਿੰਘ, ਬੰਟੀ, ਸਤਨਾਮ ਸਿੰਘ, ਮੇਵਾ ਸਿੰਘ ਭੰਗਾਲੀ ਨੇ ਵੀ ਆਪਣੀ ਹਾਜ਼ਰੀ ਲਵਾਈ।

## ਬੋਪਾਰਾਏ ਕਲਾਂ ਦੀ ਵਿਧਵਾ ਨੂੰਹ ਨੇ ਸੱਸ ਤੇ ਨਨਾਣ 'ਤੇ ਲਾਏ ਘਰੋਂ ਕੱਢਣ ਦੇ ਦੋਸ਼

**ਅੰਮ੍ਰਿਤਸਰ ਸਾਹਿਬ (ਜਸਬੀਰ ਸਿੰਘ ਪੱਟੀ)** ਸਿਆਣਿਆ ਦਾ ਕਥਨ ਹੈ ਕਿ 'ਕਲੇਹ ਕਲੰਧਰ ਵੱਸੇ ਘੜਿਉ ਪਾਣੀ ਨੱਸੇ' ਦੀ ਕਹਾਵਤ ਅਨੁਸਾਰ ਕਲੇਸ਼ ਘਰ ਨੂੰ ਹੀ ਬਰਬਾਦ ਨਹੀ ਕਰਦੀ ਸਗੋਂ ਸਮਾਜਿਕ ਤਾਣੇ ਬਾਣੇ 'ਤੇ ਵੀ ਕਾਫੀ ਅਸਰ ਪਾਉਦੀ ਹੈ ਤੇ ਨੂੰਹ ਸੱਸ ਦਾ ਰਿਸ਼ਤਾ ਮਾਂ ਧੀ ਵਾਲਾ ਨਹੀਂ ਬਣ ਪਾਉਂਦਾ ਉਥੇ ਜ਼ਿੰਦਗੀ ਵਿੱਚ ਅਸਾਵਾਂਪਣ ਪੈਦਾ ਹੋਣਾ ਸੁਭਾਵਿਕ ਹੀ ਹੈ। ਇਸ ਰਿਸ਼ਤੇ ਨੂੰ ਲੈ ਕੇ ਅੰਮ੍ਰਿਤਸਰ ਜ਼ਿਲ੍ਹਾਂ ਦਿਹਾਤੀ ਦੇ ਘੇਰੇ ਅੰਦਰ ਆਉਂਦੇ ਪੁਲਸ ਥਾਣਾ ਲੋਪੋਕੇ ਦੇ ਅਧੀਨ ਆਉਂਦੇ ਪਿੰਡ ਬੋਪਾਰਾਏ ਕਲਾਂ ਦੀ ਵਿਧਵਾ ਔਰਤ ਨਵਪ੍ਰੀਤ ਕੌਰ ਨੇ ਆਪਣੀ ਸੱਸ ਅਮਰੀਕ ਕੌਰ ਅਤੇ ਨਨਾਣ ਅਮਨਦੀਪ ਕੌਰ ਵਲੋਂ ਘਰੋਂ ਕੱਢਣ ਦੇ ਕਥਿਤ ਦੋਸ਼ ਲਗਾਉਂਦਿਆਂ ਦੱਸਿਆ ਕਿ ਉਸ ਦੇ ਪਤੀ ਸੁਖਦੇਵ ਸਿੰਘ ਦੀ ਮੌਤ ਹੋਣ ਤੋਂ ਬਾਅਦ ਉਸਦੀ ਸੱਸ ਅਤੇ ਨਨਾਣ ਵਲੋਂ ਅਕਸਰ ਉਸਨੂੰ ਤੰਗ ਪ੍ਰੇਸ਼ਾਨ ਕੀਤਾ ਜਾਂਦਾ ਹੈ ਅਤੇ ਸਹੁਰੇ ਘਰੋਂ ਕੱਢ ਦਿੱਤਾ ਗਿਆ, ਜਦ ਵੀ ਉਹ ਆਪਣੇ ਬੱਚੇ ਸਮੇਤ ਵਾਪਿਸ ਆਪਣੇ ਸਹੁਰੇ ਪਰਿਵਾਰ 'ਚ ਆਉਂਦੀ ਹੈ ਤਾਂ ਉਸ ਦੀ ਸੱਸ ਅਮਰੀਕ ਕੌਰ ਅਤੇ ਨਨਾਣ ਅਮਨਦੀਪ ਕੌਰ ਮੈਨੂੰ ਧਮਕੀਆਂ ਦਿੰਦੀਆਂ ਹਨ ਕਿ ਹੁਣ ਤੇਰਾ ਇਸ ਘਰ ਵਿਚ ਕੋਈ ਕੰਮ ਨਹੀਂ ਹੈ ਅਤੇ ਨਾ ਤੈਨੂੰ ਅਸੀਂ ਆਪਣੇ ਘਰ ਵਿਚ ਰੱਖਣਾ ਹੈ ਤੇ ਨਾ ਹੀ ਤੈਨੂੰ ਜਾਇਦਾਦ 'ਚੋ ਹਿੱਸਾ ਦੇਣਾ ਹੈ। ਪੀੜ੍ਹਤ ਵਿਧਵਾ ਨਵਪ੍ਰੀਤ ਕੌਰ ਨੇ ਕਿਹਾ ਕਿ ਉਸ ਦਾ ਇਕ ਛੋਟਾ ਬੇਟਾ ਹੈ, ਜਿਸ ਨੂੰ ਨਾਲ ਲੈ ਕੇ ਉਹ ਦਰ-ਦਰ ਦੀਆਂ ਠੋਕਰਾਂ ਖਾ ਰਹੀ ਹੈ, ਪਰ ਸੱਸ ਅਤੇ ਨਨਾਣ ਵਲੋਂ ਉਸ ਨੂੰ ਨਜਾਇਜ਼ ਤੰਗ ਪ੍ਰੇਸ਼ਾਨ ਕਰਕੇ ਮਾਨਸਿਕ ਤੌਰ 'ਤੇ ਤੰਗ ਪਰੇਸ਼ਨ ਕੀਤਾ ਜਾ ਰਿਹਾ ਹੈ, ਜਦਕਿ ਮੇਰੇ ਪਤੀ ਦੀ ਜਾਇਦਾਦ 'ਤੇ ਉਸ ਦਾ ਅਤੇ ਉਸਦੇ ਬੱਚਿਆਂ ਦਾ ਪੂਰਾ-ਪੂਰਾ ਹੱਕ ਹੈ। ਪੀੜ੍ਹਤ ਨਵਪ੍ਰੀਤ ਕੌਰ ਨੇ ਦੋਸ਼ ਲਗਾਉਂਦਿਆਂ ਕਿਹਾ ਕਿ ਮੇਰੇ ਪਤੀ ਸੁਖਦੇਵ ਸਿੰਘ ਦੇ ਪਹਿਲਾ ਵੀ ਦੋ ਵਿਆਹ ਹੋ ਚੁੱਕੇ ਹਨ ਅਤੇ ਮੇਰੀ ਸੱਸ ਅਤੇ ਨਨਾਣ ਨੇ ਉਨ੍ਹਾਂ ਨੂੰ ਵੀ ਤੰਗ ਪ੍ਰੇਸ਼ਾਨ ਕਰਕੇ ਘਰੋਂ ਕੱਢ ਦਿੱਤਾ ਸੀ ਅਤੇ ਉਹ ਹੁਣ ਮੈਨੂੰ ਵੀ ਘਰੋਂ ਕੱਢਣ ਦੀਆਂ ਕੋਸ਼ਿਸ਼ਾਂ ਕਰ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਪੁਲਸ ਅਧਿਕਾਰੀਆਂ ਅਤੇ ਇਲਾਕੇ ਦੇ ਮੋਹਤਬਾਰ ਵਿਅਕਤੀਆਂ ਦੇ ਵਿਚ ਪੈਣ ਕਾਰਨ ਵੀ ਸੱਸ ਅਤੇ ਨਨਾਣ ਕਿਸੇ ਤੁੱਲ 'ਤੇ ਨਹੀਂ ਆ ਰਹੀਆਂ ਅਤੇ ਮੈਨੂੰ ਘਰੋਂ ਕੱਢਣ ਦੀਆਂ ਸਕੀਮਾਂ ਲਗਾ ਰਹੀਆਂ ਹਨ। ਪੀੜ੍ਹਤ ਨਵਪ੍ਰੀਤ ਕੌਰ ਨੇ ਕਿਹਾ ਕਿ ਉਸ ਨੇ ਫੈਸਲਾ ਕੀਤਾ ਕਿ ਉਹ ਹੁਣ ਪੱਕੇ ਤੌਰ 'ਤੇ ਆਪਣੇ ਸਹੁਰੇ ਪਰਿਵਾਰ ਵਿਚ ਹੀ ਰਹਿ ਕੇ ਆਪਣੇ ਬੱਚਿਆਂ ਦਾ ਪਾਲਣ ਪੋਸ਼ਣ ਕਰੇਗੀ ਅਤੇ ਇਸ ਦੌਰਾਨ ਮੇਰਾ ਕੋਈ ਜਾਨੀ ਜਾਂ ਮਾਲੀ ਨੁਕਸਾਨ ਹੁੰਦਾ ਹੈ ਤਾਂ ਉਸ ਦੀ ਜ਼ਿੰਮੇਵਾਰੀ ਮੇਰੀ ਸੱਸ ਅਤੇ ਨਨਾਣ ਦੀ ਹੋਵੇਗੀ। ਉਸ ਨੇ ਅਖੀਰ ਵਿਚ ਪੰਜਾਬ ਦੇ ਡੀ. ਜੀ. ਪੀ. ਅਤੇ ਜ਼ਿਲ੍ਹੇ ਦੇ ਐਸ. ਐਸ. ਪੀ ਕੋਲੋ ਜ਼ੋਰਦਾਰ ਸ਼ਬਦਾਂ ਵਿਚ ਮੰਗ ਕੀਤੀ ਕਿ ਉਸ ਨੂੰ ਉਸਦਾ ਹੱਕ ਦਿਵਾਇਆਂ ਜਾਵੇ ਅਤੇ ਮੇਰੀ ਜਾਨ ਦੀਆਂ ਦੁਸ਼ਮਣ ਬਣੀ ਬੈਠੀਆਂ ਸੱਸ ਅਤੇ ਨਨਾਣ ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ।

## ਏਰੀਅਲ ਵੱਲੋਂ 'ਸੀ ਦ ਸ਼ਾਈਨਜ਼, ਸ਼ੇਅਰ ਦ ਲੋਡ' ਲਾਂਚ

**ਲੁਧਿਆਣਾ** : ਭਾਰਤ ਦੇ ਵੱਡੇ ਡਿਟਰਜੈਂਟ ਬ੍ਰਾਂਡ ਏਰੀਅਲ ਨੇ 2015 ਵਿੱਚ ਸ਼ੇਅਰ ਦ ਲੋਡ ਸ਼ੁਰੂ ਕੀਤਾ ਸੀ ਤਾਂ ਕਿ ਉਹ ਘਰੇਲੂ ਕੰਮ-ਕਾਜ ਦੇ ਸਾਮਾਨ ਦੀ ਵੰਡ ਦੇ ਬਾਰੇ ਵਿੱਚ ਸਾਰਥਕ ਗੱਲਬਾਤ ਨੂੰ ਉਤਸ਼ਾਹਿਤ ਕਰ ਸਕਣ ਅਤੇ ਜ਼ਿਆਦਾ ਤੋਂ ਜ਼ਿਆਦਾ ਸੰਖਿਆ ਵਿੱਚ ਮਰਦਾਂ ਨੂੰ ਘਰੇਲੂ ਕੰਮਾਂ ਵਿੱਚ ਹੱਥ ਵੰਡਾਉਣ ਲਈ ਉਤਸ਼ਾਹਿਤ ਕਰ ਸਕਣ। ਇਸ ਮੁੱਦੇ 'ਤੇ ਗੱਲਬਾਤ ਨੂੰ ਜਾਰੀ ਰੱਖਣ ਅਤੇ ਪਰਿਵਾਰਾਂ ਦੇ ਅੰਦਰ ਸਮਾਨਤਾ ਦੇ ਸੁਨੇਹੇ ਨੂੰ ਅੱਗੇ ਵਧਾਉਣ ਦੀ ਗੱਲ ਨੂੰ ਧਿਆਨ ਵਿੱਚ ਰੱਖਦੇ ਹੋਏ ਏਰੀਅਲ ਨੇ ਹਾਲ ਹੀ ਵਿੱਚ ਆਪਣੀ ਨਵੀਂ ਫਿਲਮ ਸੀ ਦ ਸਾਈਨਜ਼ ਸ਼ੇਅਰ ਦ ਲੋਡ ਨੂੰ ਲਾਂਚ ਕੀਤਾ ਹੈ। ਇਸ ਮੌਕੇ ਉੱਤੇ ਸ਼ਰਤ ਵਰਮਾ, ਚੀਫ ਮਾਰਕੀਟਿੰਗ ਅਫਸਰ, ਪੀ ਐਂਡ ਜੀ ਇੰਡੀਆ ਅਤੇ ਵਾਈਸ ਪ੍ਰੈਜ਼ੀਡੈਂਟ- ਫੈਬਰਿਕ ਕੇਅਰ, ਪੀ ਐਂਡ ਜੀ, ਇੰਡੀਅਨ ਸਬ ਕੰਟੀਨੈਂਟ ਨੇ ਕਿਹਾ ਕਿ ਉਹ ਏਰੀਅਲ ਸ਼ੇਅਰ ਦ ਲੋਡ ਦੀ ਇਸ ਮੁਹਿੰਮ ਦੇ ਰਾਹੀਂ ਲੋਕਾਂ ਦਾ ਘਰੇਲੂ ਕੰਮ-ਕਾਜ ਵਿੱਚ ਅਸਮਾਨ ਵੰਡ ਪ੍ਰਤੀ ਨਜ਼ਰੀਏ ਵਿੱਚ ਸਾਕਾਰਾਤਮਕ ਬਦਲਾਅ ਲਿਆਉਣਾ ਚਾਹੁੰਦੇ ਹਾਂ।

## ਡਾ. ਅੰਬੇਡਕਰ ਦੇ ਜਨਮ ਦਿਨ ਨੂੰ ਸਮਰਪਿਤ ਸਮਾਗਮ ਕਰਵਾਇਆ

**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)** ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਸਭਾ ਨੰਗਲ ਕਲਾਂ ਵਿਖੇ ਸੰਵਿਧਾਨ ਨਿਰਮਾਤਾ ਬੋਧੀਸੱਤਵ ਪਰਮ ਪੂਜਨੀਕ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੀ 132ਵੀ ਜੈਅੰਤੀ ਦੇ ਸਬੰਧ ਵਿਚ ਪਿੰਡ ਦੀਆਂ ਸਮੂੰਹ ਸੰਗਤਾਂ ਨੇ ਸਾਂਝੇ ਤੌਰ 'ਤੇ ਇਕੱਤਰ ਹੋ ਕੇ ਸਮਾਗਮ ਕਰਵਾਇਆ। ਇਸ ਮੌਕੇ ਸਭ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ ਉਪਰੰਤ ਬਾਬਾ ਸਾਹਿਬ ਦੇ ਜਨਮ ਦਿਨ ਦੀ ਖੁਸੀ ਵਿਚ ਕੇਕ ਕੱਟਿਆ ਗਿਆ। ਇਸ ਮੌਕੇ ਬਲਵੀਰ ਰਾਮ, ਸਰਬਜੀਤ ਸਿੰਘ, ਸੱਤਪਾਲ ਸੱਤੋ, ਡਾਕਟਰ ਰਣਜੀਤ ਸਿੰਘ, ਤੁਲਸੀ ਰਾਮ, ਤਲਬੀਰ ਸਿੰਘ ਪੰਚ, ਪਰਵਿੰਦਰ ਸਿੰਘ ਸਰਪੰਚ, ਸ਼ਿੰਗਾਰਾ ਰਾਮ, ਨਿਰਮਲ ਸਿੰਘ, ਹਰਜਿੰਦਰ ਕੌਰ, ਕਿਰਪਾਲ ਕੌਰ, ਅਮਨਦੀਪ ਕੌਰ, ਰਜਨੀ, ਦਰਸਨ ਕੌਰ, ਅਸ਼ੋਕ ਕੁਮਾਰ, ਸੁਨੀਤਾ ਮਾਹਿਲਪੁਰ ਆਦਿ ਹਾਜਰ ਸਨ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਦੀ ਬਾਬਾ ਸਾਹਿਬ ਦੇ ਜੀਵਨ ਨਾਲ ਸਬੰਧਤ ਲਿਖਤੀ ਪ੍ਰਤੀਯੋਗਤਾ ਕਰਵਾਈ ਗਈ, ਜਿਸ ਵਿਚ ਪਹਿਲੀਆਂ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਮਮੈਂਟੋ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਸਮਾਗਮ ਦੇ ਆਯੋਜਕਾਂ ਨੇ ਕਿਹਾ ਕਿ ਸਾਨੂੰ ਸਭਨਾਂ ਨੂੰ ਬਾਬਾ ਸਾਹਿਬ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦਾ ਪ੍ਰਣ ਕਰਨਾ ਚਾਹੀਦਾ ਹੈ। ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਉੱਚ ਸਿੱਖਿਆ ਦਵਾਉਣ ਲਈ ਯਤਨਸ਼ੀਲ ਰਹਿਣਾ ਚਾਹੀਦਾ ਹੈ। ਹਰ ਤਰ੍ਹਾਂ ਦੇ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਵੀ ਬਚਣਾ ਅੱਜ ਸਮੇਂ ਦੀ ਮੁੱਖ ਲੋੜ ਹੈ। ਸਮਾਗਮ ਦੇ ਅਖੀਰ ਵਿਚ ਚਾਹ-ਪਕੌੜਿਆਂ ਦਾ ਲੰਗਰ ਵਰਤਾਇਆ ਗਿਆ।

## ਗਰੀਬ ਪਰਿਵਾਰਾਂ ਨੂੰ ਕਣਕ ਨਾ ਦੇਣ ਦੀ ਨਿਖੇਧੀ

**ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)**-ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਪਿੰਡ ਵੱਲਾ ਵਿਖੇ ਮਜ਼ਦੂਰਾਂ ਦੀ ਭਰਵੀਂ ਮੀਟਿੰਗ ਹੋਈ ਜਿਸ ਨੂੰ ਜ਼ਿਲ੍ਹਾ ਜਨਰਲ ਸਕੱਤਰ ਜਸਬੀਰ ਸਿੰਘ ਝਬਾਲ ਨੇ ਸੰਬੋਧਨ ਕੀਤਾ।

ਪਿੰਡ ਵਿੱਚ ਡਿਪੂ ਹੋਲਡਰਾਂ ਵੱਲੋਂ ਗਰੀਬ ਪਰਿਵਾਰਾਂ ਨੂੰ ਬਣਦੀ ਕਣਕ ਨਾ ਦੇਣ ਦੀ ਨਿੰਦਾ ਕੀਤੀ ਗਈ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਗਰੀਬ ਕਾਰਡ ਧਾਰਕਾਂ ਨੂੰ ਕਣਕ ਦੇਣ ਦੀ ਪੁਰਜ਼ੋਰ ਮੰਗ ਕੀਤੀ ਗਈ। ਜੇਕਰ ਜ਼ਿਲ੍ਹਾ ਪ੍ਰਸ਼ਾਸਨ ਨੇ ਇਸ ਵੱਲ ਧਿਆਨ ਨਾ ਦਿੱਤਾ ਤਾਂ ਮਜ਼ਦੂਰਾਂ ਵੱਲੋਂ ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਅਫਸਰ ਦਾ ਘਿਰਾਓ ਕੀਤਾ ਜਾਵੇਗਾ। ਇਸ ਮੌਕੇ ਪਿੰਡ ਵਿੱਚ 11 ਮੈਂਬਰੀ ਕਮੇਟੀ ਦੀ ਚੋਣ ਕੀਤੀ ਗਈ ਜਿਸ ਦਾ ਪ੍ਰਧਾਨ ਬੀਬੀ ਮਨਜੀਤ ਕੌਰ, ਜਨਰਲ ਸਕੱਤਰ ਦਵਿੰਦਰ ਸਿੰਘ ਫੌਜੀ, ਮੀਤ ਪ੍ਰਧਾਨ ਹੀਰਾਂ ਸਿੰਘ, ਵਿਸ਼ਾਲਜੀਤ ਸਿੰਘ, ਬੱਬਲੀ, ਸਰਬਜੀਤ ਕੌਰ, ਬਲਵਿੰਦਰ ਸਿੰਘ, ਗੁਰਿੰਦਰ ਸਿੰਘ, ਕੁਲਦੀਪ ਕੌਰ, ਮਨਦੀਪ ਕੌਰ ਅਤੇ ਹੋਰ ਬਹੁਤ ਸਾਰੇ ਲੋਕ ਹਾਜ਼ਰ ਸਨ।

## ਸ਼ਹਿਰ 'ਚ 10 ਥਾਈਂ 'ਸੀ ਐੱਮ ਦੀ ਯੋਗਸ਼ਾਲਾ' ਸ਼ੁਰੂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਿਹਤਮੰਦ ਤੇ ਖੁਸ਼ਹਾਲ ਪੰਜਾਬ ਦੀ ਸਿਰਜਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ 'ਸੀ. ਐਮ. ਦੀ ਯੋਗਸ਼ਾਲਾ' ਤਹਿਤ ਸ਼ਹਿਰ ਵਿਚ 10 ਵੱਖ-ਵੱਖ ਸਥਾਨਾਂ ਉਤੇ ਯੋਗਸ਼ਾਲਾ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਇਸ ਸਬੰਧ ਵਿਚ ਜਾਣਕਾਰੀ ਦਿੰਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਅਮਨਦੀਪ ਕੌਰ ਨੇ ਦੱਸਿਆ ਕਿ ਇਨ੍ਹਾਂ ਯੋਗਸ਼ਾਲਾਵਾਂ ਵਿਚ ਸਿਖਲਾਈ ਯਾਫਤਾ ਯੋਗਾ ਮਾਹਿਰ ਖੁੱਲ੍ਹੇ ਪਾਰਕਾਂ ਅਤੇ ਹੋਰ ਜਨਤਕ ਥਾਵਾਂ ਵਿਚ ਲੋਕਾਂ ਨੂੰ ਮੁਫਤ ਯੋਗਾ ਸਿਖਲਾਈ ਦੇ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਵੇਲੇ ਸ੍ਰੀ ਗੁਰੂ ਰਾਮਦਾਸ ਅਰਬਨ ਅਸਟੇਟ, ਸਹਿਜ ਇਨਕਲੇਵ, ਰਣਜੀਤ ਐਵੀਨਿਊ ਹਾਊਸਿੰਗ ਬੋਰਡ ਕਾਲੋਨੀ, ਐਸ. ਜੀ. ਇਨਕਲੇਵ, ਵੀਰ ਗਾਰਡਨ, ਆਂਸਲ ਟਾਵਰ, ਅਲਫਾ ਇੰਟਰਨੈਸ਼ਲ ਸਿਟੀ ਵਿਚ ਸਵੇਰੇ 6 ਤੋਂ 7 ਵਜੇ ਤੱਕ ਯੋਗਾ ਕਲਾਸ ਲੱਗ ਰਹੀ ਹੈ। ਇਸ ਤੋਂ ਇਲਾਵਾ ਐਰੋ ਸਿਟੀ ਅਤੇ ਡਰੀਮ ਸਿਟੀ ਵਿਚ ਸਵੇਰੇ 7 ਵਜੇ ਤੋਂ 8 ਵਜੇ ਤੱਕ ਯੋਗਸ਼ਾਲਾ ਲੱਗਦੀ ਹੈ, ਜਦਕਿ ਬਲਿਊ ਇਨਕਲੇਵ ਵਿਚ ਸਵੇਰੇ 5 ਤੋਂ 6 ਵਜੇ ਤੱਕ ਯੋਗਸ਼ਾਲਾ ਲਗਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹਰੇਕ ਵਿਅਕਤੀ ਨੂੰ ਤਨ-ਮਨ ਦੀ ਤੰਦਰੁਸਤੀ ਲਈ ਯੋਗਾ ਨੂੰ ਰੋਜ਼ਾਨਾ ਜ਼ਿੰਦਗੀ ਵਿਚ ਹਿੱਸਾ ਬਣਾਉਣਾ ਚਾਹੀਦਾ ਹੈ ਅਤੇ 'ਸੀ. ਐਮ. ਦੀ ਯੋਗਸ਼ਾਲਾ' ਲੋਕਾਂ ਨੂੰ ਯੋਗਾ ਰਾਹੀਂ ਚੰਗੀ ਸਿਹਤ ਨੂੰ ਯਕੀਨੀ ਬਣਾਉਣ ਲਈ ਜਾਗਰੂਕਤਾ ਪੈਦਾ ਕਰਨ ਵਿਚ ਮਹੱਤਵਪੂਰਨ ਭੂਮਿਕਾ ਨਿਭਾਏਗੀ। ਵਧੀਕ ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਮੁਫ਼ਤ ਵਿੱਚ ਯੋਗ ਸਿਖਲਾਈ ਲੈਣ ਲਈ ਟੋਲ ਫਰੀ ਨੰਬਰ 76694-00500 ਜਾਂ ਵੈਬਸਾਈਟ https://cmidyogshala.punjab.govi.n.é ਉਤੇ ਲਾਗਇਨ ਕਰਨ ਦੀ ਅਪੀਲ ਕਰਦਿਆਂ ਸੀ. ਐਮ. ਦੀ ਯੋਗਸ਼ਾਲਾ ਨੂੰ ਪੰਜਾਬੀਆਂ ਦੀ ਸਿਹਤ ਲਈ ਵਰਦਾਨ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਜਿੱਥੇ ਵੀ 25 ਲੋਕ ਇਕੱਠੇ ਹੋਕੇ ਯੋਗਾ ਕਰਨ ਲਈ ਤਿਆਰ ਹੋਣਗੇ। ਉਨ੍ਹਾਂ ਦੀ ਮੰਗ ਮੁਤਾਬਕ ਸੀ. ਐਮ. ਦੀ ਯੋਗਸ਼ਾਲਾ ਖੋਲ੍ਹ ਕੇ ਦਿੰਦਿਆਂ ਮੁਫ਼ਤ 'ਚ ਯੋਗਾ ਟ੍ਰੇਨਰ ਪ੍ਰਦਾਨ ਕੀਤੇ ਜਾਣਗੇ।

## ਭਗਵਾਨ ਪਰਸ਼ੂਰਾਮ ਦੀ ਜਯੰਤੀ ਮਨਾਈ

**ਗੁਰਦਾਸਪੁਰ: (ਜਨਕ ਮਹਾਜਨ)**-ਬ੍ਰਾਹਮਣ ਸਭਾ ਗੁਰਦਾਸਪੁਰ ਵੱਲੋਂ ਭਗਵਾਨ ਪਰਸ਼ੂਰਾਮ ਦਾ ਜਨਮ ਉਤਸਵ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਪਹਿਲਾਂ ਬ੍ਰਾਹਮਣ ਭਵਨ ਗੁਰਦਾਸਪੁਰ ਵਿੱਚ ਹਵਨ ਯੱਗ ਕੀਤਾ ਗਿਆ ਜਿਸ ਵਿਚ ਸਮੂਹ ਬ੍ਰਾਹਮਣ ਸਭਾ ਅਤੇ ਸ਼ਹਿਰ ਦੀਆਂ ਸਾਰੀਆਂ ਸੰਸਥਾਵਾਂ ਨੇ ਹਿੱਸਾ ਲਿਆ। ਇਸ ਤੋਂ ਬਾਅਦ ਇਕ ਵਿਸ਼ਾਲ ਧਾਰਮਿਕ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਬਹਿਰਾਮਪੁਰ ਤੋਂ ਲਾਲ ਦੁਆਰਾ ਮੰਦਰ ਦੇ ਮਹਾਰਾਜ ਰਾਮ ਦਾਸ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਸੰਗਤਾਂ ਨੂੰ ਅਸ਼ੀਰਵਾਦ ਦਿੱਤਾ ਅਤੇ ਭਗਵਾਨ ਪਰਸ਼ੂਰਾਮ ਦੇ ਜੀਵਨ 'ਤੇ ਚਾਨਣਾ ਪਾਇਆ। ਇਸ ਮੌਕੇ ਬ੍ਰਾਹਮਣ ਸਮਾਜ ਦੇ ਅਹੁਦੇਦਾਰਾਂ ਨੇ ਵੀ ਭਗਵਾਨ ਪਰਸ਼ੂਰਾਮ ਦੇ ਜੀਵਨ 'ਤੇ ਆਪਣੇ ਆਪਣੇ ਵਿਚਾਰ ਰੱਖੇ। ਇਸ ਮੌਕੇ ਬ੍ਰਾਹਮਣ ਸਮਾਜ ਦੇ ਲੋਕ ਪਰਿਵਾਰਾਂ ਸਮੇਤ ਵੱਡੀ ਗਿਣਤੀ ਵਿਚ ਮੌਜੂਦ ਸਨ। ਇਸ ਤੋਂ ਬਾਅਦ ਸਨਮਾਨ ਸਮਾਰੋਹ ਕਰਾਇਆ ਗਿਆ ਜਿਸ ਵਿਚ ਬ੍ਰਾਹਮਣ ਸਮਾਜ ਦੇ ਪ੍ਰਤੀ ਚੰਗੀਆਂ ਸੇਵਾਵਾਂ ਦੇਣ ਵਾਲਿਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

## ਡੀ ਟੀ ਐੱਫ/ਡੀ ਐੱਮ ਐੱਫ ਵੱਲੋਂ 30 ਦੀ ਵਿਸ਼ਾਲ ਰੈਲੀ ਸੰਬੰਧੀ ਤਿਆਰੀ ਮੀਟਿੰਗ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਅਤੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਤਰਨ ਤਾਰਨ ਦੀ ਮੀਟਿੰਗ ਜਰਮਨਜੀਤ ਸਿੰਘ ਸੂਬਾ ਪ੍ਰਧਾਨ ਡੀਐਮਐਫ ਅਤੇ ਡੀਟੀਐਫ ਦੇ ਜ਼ਿਲ੍ਹਾ ਪ੍ਰਧਾਨ ਪ੍ਰਤਾਪ ਸਿੰਘ ਠੱਠਗੜ੍ਹ ਦੀ ਪ੍ਰਧਾਨਗੀ ਹੇਠ ਹੋਈ ਸਸਸਸ (ਲੜਕੇ) ਤਰਨ ਤਾਰਨ ਵਿਖੇ ਹੋਈ। ਇਸ ਮੀਟਿੰਗ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ ਸੂਬਾਈ ਕਮੇਟੀ ਮੈਂਬਰ ਅਤੇ ਜ਼ਿਲ੍ਹਾ ਪ੍ਰਧਾਨ ਨਛੱਤਰ ਸਿੰਘ ਵੀ ਹਾਜ਼ਰ ਹੋਏ। ਕੰਵਰਦੀਪ ਸਿੰਘ ਢਿੱਲੋਂ ਸੀਨੀਅਰ ਮੀਤ ਪ੍ਰਧਾਨ ਨੇ ਸਟੇਜ ਸਕੱਤਰ ਦੀ ਭੂਮਿਕਾ ਸੁਚੱਜੇ ਢੰਗ ਨਾਲ ਨਿਭਾਈ। ਹੋਰਨਾਂ ਤੋਂ ਇਲਾਵਾ ਅਮਰਦੀਪ ਸ਼ਰਮਾ , ਭੁਪਿੰਦਰ ਸਿੰਘ ਨਾਗੀ, ਬਲਰਾਜ ਸਿੰਘ ਕੱਦ ਗਿੱਲ, ਨਰਿੰਦਰ ਸਿੰਘ, ਜਰਮਨਜੀਤ ਸਿੰਘ ਸਫੀਪੁਰ, ਹਰਸਿਮਰਤ ਕੌਰ, ਨੀਸ਼ੂ ਜੈਨ ਓਡੀਐਲ, ਕਸ਼ਮੀਰ ਕੌਰ, ਮਨਜੀਤ ਕੌਰ, ਰਾਜਵਿੰਦਰ ਕੌਰ ਲੋਹਕਾ, ਜਸਕੀਰਤ ਸਿੰਘ ਪੂਹਵਿੰਡ, ਗੁਰਪ੍ਰੀਤ ਸਿੰਘ ਭੂਰੇ ਗਿੱਲ, ਇੰਦਰਬੀਰ ਸਿੰਘ ਜਲਾਲਾਬਾਦ, ਪਰਮਜੀਤ ਸਿੰਘ , ਜਿਨੇਸ ਗੁਪਤਾ , ਕੁਲਵਿੰਦਰ ਸਿੰਘ, ਗੁਰਬਾਜ ਸਿੰਘ, ਜਗਤਾਰ ਸਿੰਘ , ਆਸ਼ਾ ਵਰਕਰ ਯੂਨੀਅਨ ਵੱਲੋਂ ਜ਼ਿਲਾਂ ਪ੍ਰਧਾਨ ਰਜਿੰਦਰ ਕੌਰ ਪੂਹਵਿੰਡ ,ਵੀਰਪਾਲ ਕੌਰ ਸਿਰਹਾਲੀ , ਰਾਜਵਿੰਦਰ ਕੌਰ , ਹਰਜਿੰਦਰ ਕੌਰ, ਗੁਲਜਾਰ ਸਿੰਘ , ਮਿਡ ਡੇਅ ਮੀਲ ਵਰਕਰਾ ਯੂਨੀਅਨ ਰਾਜ ਕੌਰ , ਪਰਮਜੀਤ ਕੌਰ, ਸੁਖਦੇਵ ਸਿੰਘ ਅਤੇ ਜੰਗਲਾਤ ਵਿਭਾਗ ਤੋਂ ਦੀਵਾਨ ਸਿੰਘ, ਬਲਵਿੰਦਰ ਸਿੰਘ ,ਜੋਗਾ ਸਿੰਘ , ਜਸਪਾਲ ਸਿੰਘ,ਬਚਨ ਸਿੰਘ, ਸੂਬਾ ਸਿੰਘ ਆਦਿ ਨੇ ਸਮੂਲੀਅਤ ਕੀਤੀ। ਮੀਟਿੰਗ ਵਿਚ ਬਲਦਿਆਂ ਡੀ. ਐੱਮ. ਐੱਫ. ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ ਨੇ ਕਿਹਾ ਕਿ ਆਮ ਆਦਮੀ ਸਰਕਾਰ ਵਲੋਂ ਚੋਣਾਂ ਦੌਰਾਨ ਕੀਤੇ ਵਾਅਦਿਆਂ ਤੋਂ ਪਾਸਾ ਵੱਟ ਕੇ ਲੋਕਾਂ ਨਾਲ ਵਾਅਦਾ ਖਿਲਾਫੀ ਕੀਤੀ ਜਾ ਰਹੀ ਹੈ।

ਮੀਟਿੰਗ ਵਿਚ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਖਾਲੀ ਅਸਾਮੀਆਂ ਤੁਰੰਤ ਰੈਗੂਲਰ ਤੇ ਭਰੀਆਂ ਜਾਣ ਅਤੇ ਖਤਮ ਕੀਤੀਆਂ ਅਸਾਮੀਆਂ ਬਹਾਲ ਕੀਤੀਆਂ ਜਾਣ, ਨਵੀਂ ਸਿੱਖਿਆ ਨੀਤੀ 2020 ਰੱਦ ਕੀਤੀ ਜਾਵੇ ਤੇ ਸਿੱਖਿਆ ਵਿਭਾਗ ਅੰਦਰ ਸਕੂਲ ਆਫ ਐਮੀਨੈਂਸ ਤੇ ਪੀ. ਐੱਮ. ਸਕੂਲ ਵਰਗੀਆਂ ਵਿਤਕਰੇ ਵਾਲੀਆਂ ਸਕੀਮਾਂ ਬੰਦ ਕਰਕੇ ਸਮੁੱਚੇ ਸਰਕਾਰੀ ਸਕੂਲਾਂ ਨੂੰ ਐਮੀਨੈਂਸ ਬਣਾਇਆ ਜਾਵੇ . ਮੀਟਿੰਗ ਵਿਚ ਫੈਸਲਾ ਕੀਤਾ ਗਿਆ ਕਿ ਲੋਕ ਸਭਾ ਹਲਕਾ ਜਲੰਧਰ ਦੀ ਜ਼ਿਮਨੀ ਚੋਣ ਦੌਰਾਨ ਮੁਲਾਜ਼ਮ ਤੇ ਪੈਨਸ਼ਨਰ ਸਾਂਝੇ ਫਰੰਟ ਵਲੋਂ 23 ਅਪ੍ਰੈਲ ਨੂੰ ਹਲਕਾ ਆਦਮਪੁਰ ਅਤੇ 7 ਮਈ ਨੂੰ ਜਲੰਧਰ ਸ਼ਹਿਰ ਵਿਚ ਕੀਤੇ ਜਾ ਰਹੇ ਝੰਡਾ ਮਾਰਚ ਵਿਚ ਸ਼ਮੂਲੀਅਤ ਕੀਤੀ ਜਾਵੇਗੀ। ਡੈਮਟਿਕ ਆਸਾ ਵਰਕਰਜ਼ ਫੈਸਿਲੀਟੇਟਰ ਯੂਨੀਅਨ ਵਲੋਂ 28 ਅਪ੍ਰੈਲ ਨੂੰ ਜਲੰਧਰ ਵਿਖੇ ਅਤੇ ਡੈਮੋਕ੍ਰੇਟਿਕ ਟੀਚਰਜ ਫਰੰਟ ਵਲੋਂ 30 ਅਪ੍ਰੈਲ ਨੂੰ ਜਲੰਧਰ ਵਿਖੇ ਕੀਤੇ ਜਾਣ ਵਾਲੇ ਮੁਜਾਹਰਿਆਂ ਵਿਚ ਸਮੂਲੀਅਤ ਕੀਤੀ ਜਾਵੇਗੀ। ਇਸੇ ਤਰ੍ਹਾਂ ਕੱਚਾ ਤੇ ਆਊਟਸੋਰਸ ਸਾਂਝਾ ਮੁਲਾਜ਼ਮ ਫਰੰਟ ਵਲੋਂ 4 ਮਈ ਨੂੰ ਜਲੰਧਰ ਵਿਖੇ ਕੀਤੇ ਜਾ ਰਹੇ ਮੁਜ਼ਾਹਰੇ ਵਿਚ ਤਰਨਤਾਰਨ ਜ਼ਿਲ੍ਹੇ 'ਚੋਂ ਭਰਵੀਂ ਹਾਜ਼ਰੀ ਲਗਵਾਈ ਜਾਵੇਗੀ।

## ਮਲਿਕ ਦੀ ਗ੍ਰਿਫਤਾਰ ਦੀ ਆਰ ਐੱਮ ਪੀ ਆਈ ਵੱਲੋਂ ਜ਼ੋਰਦਾਰ ਨਿੰਦਾ

**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ) ਦੇ ਸੂਬਾਈ ਸਕੱਤਰ ਪਰਗਟ ਸਿੰਘ ਜਾਮਾਰਾਏ ਜਿਲਾ ਪ੍ਰਧਾਨ ਮੁਖਤਾਰ ਸਿੰਘ ਮੱਲਾ ਜ਼ਿਲ੍ਹਾ ਵਿੱਤ ਸਕੱਤਰ ਬਲਦੇਵ ਸਿੰਘ ਪੰਡੋਰੀ ਨੇ ਇਕ ਸਾਂਝਾ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੁਲਸ ਨੇ ਸਾਬਕਾ ਰਾਜਪਾਲ ਸੱਤਪਾਲ ਮਲਿਕ, ਕਿਸਾਨਾਂ ਤੇ ਖਾਪ ਪੰਚਾਇਤਾਂ ਦੇ ਨੇਤਾਵਾਂ ਨੂੰ ਹਿਰਾਸਤ 'ਚ ਲੈਣ ਦੀ ਜੋਰਦਾਰ ਨਿੰਦਾ ਕਰਦਿਆਂ ਕਿਹਾ ਕਿ ਮੋਦੀ ਦੀ ਸਰਕਾਰ ਵੱਲੋਂ ਜਮਹੂਰੀਅਤ ਦਾ ਕਤਲ ਕੀਤਾ ਜਾ ਰਿਹਾ ਹੈ । ਇਨ੍ਹਾਂ ਆਗੂਆਂ ਨੇ ਕਿਹਾ ਕਿ 50-60 ਕਿਸਾਨ ਯੂਨੀਅਨ ਦੇ ਆਗੂਆਂ ਅਤੇ ਖਾਪ ਪੰਚਾਇਤ ਦੇ ਨੁਮਾਇੰਦਿਆਂ ਸਣੇ ਸਾਬਕਾ ਰਾਜਪਾਲ ਸੱਤਪਾਲ ਮਲਿਕ ਨੂੰ ਉਦੋਂ ਹਿਰਾਸਤ 'ਚ ਲੈ ਲਿਆ ਜਦੋਂ ਉਹ ਦਿੱਲੀ ਵਿਖੇ ਇਕਮੁਤ੍ਹਾ ਮੀਟਿੰਗ ਕਰ ਰਹੇ ਸਨ। ਮਲਿਕ ਨਾਲ ਇਕਜੁੱਟਤਾ ਦਿਖਾਉਣ ਲਈ ਲੋਕ ਸੋਮ ਵਿਹਾਰ ਆਰਕੇਪੁਰਮ ਦੇ ਗੇਟ ਨੰਬਰ 2 ਕੋਲੋਂ ਇਕੱਠੇ ਹੋ ਰਹੇ ਸਨ। ਉਸ ਵਕਤ ਉਨ੍ਹਾਂ ਨੂੰ ਗ੍ਰਿਫਤਾਰ ਕੀਤਾ ਗਿਆ। ਪਾਰਟੀ ਆਗੂਆਂ ਨੇ ਕਿਹਾ ਕਿ ਮਲਿਕ ਜੰਮੂ-ਕਸ਼ਮੀਰ ਦੇ ਸਾਬਕਾ ਰਾਜਪਾਲ ਰਹੇ ਹਨ ਅਤੇ ਉਸ ਸਮੇ ਮੋਦੀ ਸਰਕਾਰ ਵੱਲੋਂ ਚੋਣਾਂ ਜਿੱਤਣ ਅਤੇ ਜੰਮੂ-ਕਸ਼ਮੀਰ ਨੂੰ ਵਿਸ਼ੇਸ਼ ਸ਼ਾਜਸ਼ਾਂ ਨੂੰ ਨੰਗਿਆਂ ਕਰ ਰਹੇ ਹਨ । ਇਸ ਲਈ ਮੋਦੀ ਸਤਪਾਲ ਮਲਿਕ ਵਿਰੁੱਧ ਬਦਲਾਖੋਰੀ ਦੀ ਭਾਵਨਾ ਨਾਲ ਕੰਮ ਕਰ ਰਹੀ ਹੈ। ਇਨ੍ਹਾਂ ਆਗੂਆਂ ਨੇ ਸਤਪਾਲ ਮਲਿਕ ਅਤੇ ਕਿਸਾਨ ਆਗੂਆਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ ।

## 113 ਪ੍ਰਾਣੀ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ

**ਧਾਰੀਵਾਲ/ਕਾਦੀਆਂ, (ਮਨਦੀਪ ਸਿੰਘ ਵਿੱਕੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਹਰ ਹਲਕੇ ਵਿੱਚ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਕਰਵਾਉਣ ਦੀ ਆਰੰਭ ਕੀਤੀ ਗਈ ਅੰਮ੍ਰਿਤ ਛਕੋ ਸਿੰਘ ਸੱਜੋ ਲਹਿਰ ਤਹਿਤ ਖਾਲਸਾ ਸਾਜਨਾ ਦਿਵਸ ਵਿਸਾਖੀ ਅਤੇ ਜੱਸਾ ਸਿੰਘ ਰਾਮਗੜ੍ਹੀਆ ਦੇ 300 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਹਲਕਾ ਬਟਾਲਾ ਤੋਂ ਧਾਰਮਿਕ ਨੁਮਾਇੰਦਗੀ ਕਰ ਰਹੇ ਧਾਰਮਿਕ ਆਗੂ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਤਿਨਾਮ ਸਰਬ ਕਲਿਆਣ ਟਰੱਸਟ ਅਤੇ ਬਲਵਿੰਦਰ ਸਿੰਘ ਕਾਹਲਵਾਂ ਸਕੱਤਰ ਧਰਮ ਪ੍ਰਚਾਰ ਕਮੇਟੀ ਦੇ ਸਹਿਯੋਗ ਨਾਲ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਕਾਦੀਆਂ ਵਿਖੇ ਮਹਾਨ ਅੰਮ੍ਰਿਤ ਸੰਚਾਰ ਕਰਵਾਇਆ। ਇਸ ਮੌਕੇ ਤੇ ਤਖਤ ਸ੍ਰੀ ਅਕਾਲ ਤਖਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਪੰਜ ਪਿਆਰੇ ਸਾਹਿਬਾਨ ਵਿਸ਼ੇਸ਼ ਤੌਰ ਤੇ ਪਹੁੰਚੇ। ਤਖਤ ਸ੍ਰੀ ਅਕਾਲ ਤਖਤ ਸਾਹਿਬ ਤੋਂ ਪੁੱਜੇ ਪੰਜ ਪਿਆਰੇ ਸਾਹਿਬਾਨ ਨੇ ਖੰਡੇ ਬਾਟੇ ਦਾ ਅੰਮ੍ਰਿਤ ਤਿਆਰ ਕਰਕੇ 113 ਪ੍ਰਾਣੀਆਂ ਨੂੰ ਖੰਡੇ ਬਾਟੇ ਦਾ ਅੰਮ੍ਰਿਤ ਛਕਾਇਆ। ਅੰਮ੍ਰਿਤ ਛੱਕਣ ਵਾਲੇ 113 ਅੰਮ੍ਰਿਤ ਅਭਲਾਖੀਆਂ ਨੂੰ ਧਰਮ ਪ੍ਰਚਾਰ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਭੇਟਾ ਰਹਿਤ ਮੁਫਤ ਕਕਾਰ ਦਿੱਤੇ ਗਏ। ਇਸ ਮੌਕੇ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਗਤਾਂ ਨੂੰ ਸੰਬੋਧਨ ਹੁੰਦਿਆਂ ਤਖਤ ਸ੍ਰੀ ਅਕਾਲ ਤਖਤ ਸਾਹਿਬ ਤੋਂ ਆਏ ਪੰਜ ਪਿਆਰੇ ਸਾਹਿਬਾਨ ਨੂੰ ਜੀ ਆਇਆਂ ਆਖਦਿਆਂ ਤਹਿ ਦਿਲੋਂ ਧੰਨਵਾਦ ਕੀਤਾ। ਜਥੇਦਾਰ ਗੋਰਾ ਨੇ ਅੰਮ੍ਰਿਤ ਅਭਿਲਾਖੀਆਂ ਨੂੰ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਦਸਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਧੀਆਂ ਪੁੱਤਰ ਬਣਨ ਦੀ ਲੱਖ-ਲੱਖ ਵਧਾਈ ਦਿੱਤੀ। ਇਸ ਮੌਕੇ ਜਥੇਦਾਰ ਗੋਰਾ ਨੇ ਪੰਜਾ ਪਿਆਰਿਆਂ, ਗ੍ਰੰਥੀ ਸਿੰਘਾਂ, ਸਤਿਨਾਮ ਸਰਬ ਕਲਿਆਣ ਟਰੱਸਟ ਦੇ ਸਮੂਹ ਮੈਂਬਰ ਸਾਹਿਬਾਨ, ਧਾਰਮਿਕ ਅਧਿਆਪਕ, ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ, ਢਾਡੀ ਜਥੇ, ਕਵੀਸਰ ਜਥੇ ਆਦਿ ਪਤਵੰਤਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਉਪਰੰਤ ਪੰਜ ਪਿਆਰੇ ਸਾਹਿਬਾਨ ਨੇ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਨੂੰ ਗੁਰੂ ਘਰ ਵੱਲੋਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਨਿਰਮਲ ਸਿੰਘ ਪ੍ਰਧਾਨ ਗੁਰਦੁਆਰਾ ਸਹੀਦ ਗੰਜ ਸਾਹਿਬ, ਬਾਬਾ ਚੂਹੜ ਸਿੰਘ ਗ੍ਰੰਥੀ, ਹਰਜਿੰਦਰ ਸਿੰਘ ਪ੍ਰੋਗਰਾਮ ਮੈਨੇਜਰ ਸਤਿਨਾਮ ਸਰਬ ਕਲਿਆਣ ਟਰੱਸਟ, ਹਰਜਿੰਦਰ ਸਿੰਘ ਸੁਪਰਵਾਈਜਰ, ਮਨਦੀਪ ਸਿੰਘ ਸੁਪਰਵਾਈਜਰ, ਸਲਵਿੰਦਰ ਸਿੰਘ ਭੰਗੂ, ਦਰਸ਼ਨ ਸਿੰਘ ਚੌਹਾਨ, ਗੁਰਮੀਤ ਸਿੰਘ, ਜਥੇਦਾਰ ਬਖਸ਼ੀਸ਼ ਸਿੰਘ ਧਰਮੀ ਫੌਜੀ, ਪ੍ਰਤਾਪ ਸਿੰਘ,ਪਿਆਰਾ ਸਿੰਘ, ਭਾਈ ਮਨਜੀਤ ਸਿੰਘ ਕਾਦੀਆਂ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਭਾਈ ਬਲਬੀਰ ਸਿੰਘ ਸੇਖਵਾਂ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ, ਭਾਈ ਮੋਹਨ ਸਿੰਘ ਕਵੀਸਰ ਧਰਮ ਪ੍ਰਚਾਰ ਕਮੇਟੀ, ਭਾਈ ਤਰਸੇਮ ਸਿੰਘ ਸੇਖਵਾਂ ਕਵੀਸ਼ਰ, ਭਾਈ ਗੁਰਦੇਵ ਸਿੰਘ ਕਵੀਸ਼ਰ, ਅਰਸ਼ਪ੍ਰੀਤ ਸਿੰਘ ਸਾਹਿਬ, ਸਿਮਰਤਪਾਲ ਸਿੰਘ ਭਾਟੀਆ, ਨਵਪ੍ਰੀਤ ਸਿੰਘ ਪ੍ਰਿੰਸ ਆਦਿ ਹਾਜ਼ਰ ਸਨ।

24-April-PAGE-4.qxd 4/23/2023 9:26 PM Page 1

ਨਵਾਂ ਜ਼ਮਾਨਾ

ਸੋਮਵਾਰ, 24 ਅਪ੍ਰੈਲ 2023

# ਘਰ ਦੀ ਸਰਕਾਰ

*ਜੁਲਾਈ 2019 ਤੋਂ ਅਪ੍ਰੈਲ 2023 ਤੱਕ ਚਾਰ ਸਾਲਾਂ ਦੌਰਾਨ ਕਰਨਾਟਕ ਦੀ ਭਾਜਪਾ ਸਰਕਾਰ ਨੇ 385 ਫੌਜਦਾਰੀ ਮਾਮਲੇ ਵਾਪਸ ਲੈਣ ਲਈ ਸੱਤ ਵੱਖ-ਵੱਖ ਹੁਕਮ ਜਾਰੀ ਕੀਤੇ। ਸੂਬੇ ਵਿਚ 10 ਮਈ ਨੂੰ ਅਸੰਬਲੀ ਚੋਣਾਂ ਹੋਣ ਜਾ ਰਹੀਆਂ ਹਨ। ਇਨ੍ਹਾਂ ਮਾਮਲਿਆਂ ਵਿਚ 182 ਨਫਰਤੀ ਤਕਰੀਰਾਂ, ਗਊ ਰੱਖਿਆ ਤੇ ਫਿਰਕੂ ਹਿੰਸਾ ਦੇ ਸਨ। ਇਹ ਜਾਣਕਾਰੀ ਇਕ ਆਰ ਟੀ ਆਈ ਅਰਜ਼ੀ ਦੇ ਜਵਾਬ ਵਿਚ ਸੂਬੇ ਦੇ ਗ੍ਰਹਿ ਵਿਭਾਗ ਨੇ ਦਿੱਤੀ ਹੈ। 385 ਮਾਮਲੇ ਵਾਪਸ ਲੈਣ ਦੇ ਸੱਤ ਹੁਕਮ 11 ਫਰਵਰੀ 2020 (ਜਦੋਂ ਬੀ ਐੱਸ ਯੇਦੀਯੁਰੱਪਾ ਮੁੱਖ ਮੰਤਰੀ ਤੇ ਬਸਵਰਾਜ ਬੋਮਈ ਗ੍ਰਹਿ ਮੰਤਰੀ ਸਨ) ਅਤੇ 28 ਫਰਵਰੀ 2023 (ਜਦੋਂ ਬੋਮਈ ਮੁੱਖ ਮੰਤਰੀ ਤੇ ਅਰਾਗਾ ਗਿਆਨੇਂਦਰ ਗ੍ਰਹਿ ਮੰਤਰੀ ਸਨ) ਵਿਚਾਲੇ ਜਾਰੀ ਕੀਤੇ ਗਏ। ਸੂਬਾ ਸਰਕਾਰ ਨੇ ਜਿਨ੍ਹਾਂ ਬਹੁਤੀਆਂ ਫਿਰਕੂ ਘਟਨਾਵਾਂ ਦੇ ਮਾਮਲੇ ਵਾਪਸ ਲਏ, ਉਹ ਦੱਖਣਪੰਥੀ ਕਾਰਕੁਨਾਂ ਨਾਲ ਸੰਬੰਧਤ ਹਨ। ਇਸ ਨਾਲ ਇਕ ਹਜ਼ਾਰ ਤੋਂ ਵੱਧ ਮੁਲਜ਼ਮਾਂ ਨੂੰ ਫਾਇਦਾ ਹੋਇਆ ਤੇ ਇਹ ਗਿਣਤੀ ਉਨ੍ਹਾਂ ਕੁਲ ਮੁਲਜ਼ਮਾਂ ਦੀ ਅੱਧੀ ਬਣਦੀ ਹੈ, ਜਿਨ੍ਹਾਂ ਖਿਲਾਫ ਮਾਮਲੇ ਵਾਪਸ ਲਏ ਗਏ। ਇਨ੍ਹਾਂ ਵਿਚ ਇਕ ਭਾਜਪਾ ਸਾਂਸਦ ਤੇ ਇਕ ਵਿਧਾਇਕ ਵੀ ਹਨ। ਮਾਮਲੇ ਵਾਪਸ ਲੈਣ ਲਈ ਗ੍ਰਹਿ ਮੰਤਰੀ ਦੀ ਸਿਫਾਰਸ਼, ਕੈਬਨਿਟ ਸਬ-ਕਮੇਟੀ ਦੀ ਮਨਜ਼ੂਰੀ ਤੇ ਅੰਤ ਨੂੰ ਕੈਬਨਿਟ ਦੀ ਮਨਜ਼ੂਰੀ ਜ਼ਰੂਰੀ ਹੁੰਦੀ ਹੈ। 2013-18 ਦੌਰਾਨ ਕਾਂਗਰਸ ਦੀ ਸਿੱਧਾਰਮਈਆ ਦੀ ਅਗਵਾਈ ਵਾਲੀ ਸਰਕਾਰ ਨੇ ਜਦੋਂ ਐੱਸ ਡੀ ਪੀ ਆਈ ਅਤੇ ਹੁਣ ਪਾਬੰਦੀਸ਼ੁਦਾ ਪੀ ਐੱਫ ਆਈ ਦੇ ਲਗਭਗ 1600 ਕਾਰਕੁਨਾਂ ਦੇ ਖਿਲਾਫ 176 ਮਾਮਲੇ ਵਾਪਸ ਲੈਣ ਦਾ ਹੁਕਮ ਦਿੱਤਾ ਸੀ ਤਾਂ ਭਾਜਪਾ ਨੇ ਬਹੁਤ ਰੌਲਾ ਪਾਇਆ ਸੀ, ਹਾਲਾਂਕਿ ਬਹੁਤੇ ਮਾਮਲੇ ਮਨਾਹੀ ਦੇ ਹੁਕਮਾਂ ਦੀ ਉਲੰਘਣਾ ਦੇ ਹੀ ਸਨ।*

*ਭਾਜਪਾ ਸਰਕਾਰ ਵੱਲੋਂ ਵਾਪਸ ਲਏ ਗਏ ਫਿਰਕੂ ਹਿੰਸਾ ਵਾਲੇ 182 ਮਾਮਲਿਆਂ ਵਿੱਚੋਂ 45 ਦਸੰਬਰ 2017 ਵਿਚ ਉੱਤਰੀ ਕੰਨੜ ਜ਼ਿਲ੍ਹੇ ਵਿਚ ਇਕ ਹਿੰਦੂ ਨੌਜਵਾਨ ਪਰੇਸ਼ ਮੇਸਤਾ ਦੀ ਮੌਤ ਤੋਂ ਬਾਅਦ ਦੱਖਣਪੰਥੀ ਕਾਰਕੁਨਾਂ ਵੱਲੋਂ ਕੀਤੀ ਗਈ ਹਿੰਸਾ ਨਾਲ ਸੰਬੰਧਤ ਹਨ। ਬਾਅਦ ਵਿਚ ਸੀ ਬੀ ਆਈ ਨੇ ਜਾਂਚ ਕਰਕੇ ਮੌਤ ਨੂੰ ਹਾਦਸਾ ਦੱਸਿਆ ਸੀ। ਮੇਸਤਾ ਦੀ ਮੌਤ ਦੇ ਬਾਅਦ ਹੋਨਾਵਰ ਸ਼ਹਿਰ ਵਿਚ ਮੁਸਲਮ ਅਦਾਰਿਆਂ 'ਤੇ ਹਮਲੇ ਕੀਤੇ ਗਏ ਸਨ, ਜਿਸ ਸੰਬੰਧ ਵਿਚ 45 ਮਾਮਲੇ ਦਰਜ ਕਰਕੇ 300 ਲੋਕਾਂ ਨੂੰ ਨਾਮਜ਼ਦ ਕੀਤਾ ਗਿਆ ਸੀ। ਇਨ੍ਹਾਂ ਵਿਚ ਇਕ ਮਾਮਲੇ ਵਿਚ 66 ਲੋਕਾਂ 'ਤੇ ਕਤਲ ਦੀ ਕੋਸ਼ਿਸ਼ ਦੀ ਧਾਰਾ ਲਾਈ ਗਈ ਸੀ। ਜਿਹੜੇ ਹੋਰ ਮਾਮਲੇ ਵਾਪਸ ਲਏ ਗਏ, ਉਨ੍ਹਾਂ ਵਿਚ ਚਿਕਮੰਗਲੂਰ 'ਚ ਗਊ ਰੱਖਿਆ ਦੀਆਂ ਚਾਰ ਘਟਨਾਵਾਂ, ਟੀਪੂ ਜੈਅੰਤੀ ਦੇ ਜਸ਼ਨ ਨੂੰ ਲੈ ਕੇ ਕੋਡਾਗੂ ਤੇ ਮੈਸੂਰ ਵਿਚ ਹਿੰਸਾ ਦੀਆਂ ਕਈ ਘਟਨਾਵਾਂ, ਰਾਮਨੌਮੀ, ਹਨੂੰਮਾਨ ਜੈਅੰਤੀ ਤੇ ਗਣੇਸ਼ ਉਤਸਵ ਦੌਰਾਨ ਹਿੰਸਕ ਘਟਨਾਵਾਂ, ਅੰਤਰ-ਧਾਰਮਕ ਵਿਆਹਾਂ ਖਿਲਾਫ ਪ੍ਰਦਰਸ਼ਨ ਤੇ ਧਰਮ ਤਬਦੀਲੀ ਸੰਬੰਧੀ ਘਟਨਾਵਾਂ ਸ਼ਾਮਲ ਹਨ। ਹਿੰਦੂ ਜਾਗਰਣ ਵੈਦਿਕੇ ਦੇ ਸੀਨੀਅਰ ਆਗੂ ਜਗਦੀਸ਼ ਕਾਰੰਤ ਨੂੰ ਵੀ ਕਾਫੀ ਫਾਇਦਾ ਹੋਇਆ, ਜਿਸ 'ਤੇ ਦੱਖਣੀ ਕੰਨੜ, ਬਾਗਲਕੋਟ, ਬੇਂਗਲੂਰੂ ਦਿਹਾਤੀ ਤੇ ਤੁਮਕੁਰ ਵਿਚ ਨਫਰਤੀ ਤਕਰੀਰਾਂ ਕਰਨ ਦੇ ਦੋਸ਼ ਸਨ। ਉਸ ਖਿਲਾਫ ਇਕ ਅਕਤੂਬਰ 2022 ਨੂੰ ਚਾਰ ਮਾਮਲੇ ਵਾਪਸ ਲੈਣ ਦਾ ਹੁਕਮ ਜਾਰੀ ਕੀਤਾ ਗਿਆ। ਦੱਖਣ ਵਿਚ ਕਰਨਾਟਕ ਹੀ ਅਜਿਹਾ ਸੂਬਾ ਹੈ, ਜਿਥੇ ਭਾਜਪਾ ਫਿਰਕੂ ਕਤਾਰਬੰਦੀ ਨਾਲ ਸੱਤਾ 'ਤੇ ਕਬਜ਼ਾ ਜਮਾਏ ਰੱਖਣਾ ਚਾਹੁੰਦੀ ਹੈ। ਅਸੰਬਲੀ ਚੋਣਾਂ ਤੋਂ ਪਹਿਲਾਂ ਸੂਬੇ ਵਿਚ ਘੱਟ ਗਿਣਤੀਆਂ 'ਤੇ ਤਸ਼ੱਦਦ ਦੀਆਂ ਬਹੁਤ ਘਟਨਾਵਾਂ ਵਾਪਰੀਆਂ ਹਨ, ਪਰ ਨਫਰਤ ਫੈਲਾਉਣ ਤੇ ਹਿੰਸਾ ਕਰਨ ਵਾਲੇ ਸਾਫ ਬਚ ਨਿਕਲੇ ਹਨ।*

## ਪਾਠਕ ਸੱਥ

### ਭਾਰਤ ਪਹੁੰਚਿਆ ਨੰਬਰ ਇੱਕ 'ਤੇ

ਸੰਯੁਕਤ ਰਾਸਟਰ ਦੇ ਨਵੇਂ ਅੰਕੜਿਆਂ ਮੁਤਾਬਿਕ ਭਾਰਤ ਦੁਨੀਆ ਦੀ ਸਭ ਤੋਂ ਵੱਧ ਆਬਾਦੀ ਵਾਲਾ ਦੇਸ਼ ਬਣ ਗਿਆ ਹੈ। ਸ਼ਾਇਦ ਇਸ ਪ੍ਰਾਪਤੀ ਤੋਂ ਜ਼ਿਆਦਾਤਰ ਭਾਰਤੀ ਬਹੁਤੇ ਖੁਸ਼ ਨਹੀਂ ਹੋਣਗੇ, ਕਿਉਂਕਿ ਦਿਨੋਂ-ਦਿਨ ਤੇਜ਼ੀ ਨਾਲ ਵਧ ਰਹੀ ਆਬਾਦੀ ਭਾਰਤ ਵਾਸੀਆਂ ਲਈ ਚੰਗੀ ਗੱਲ ਦਾ ਸੰਕੇਤ ਨਹੀਂ ਹੈ। ਜਿਵੇਂ-ਜਿਵੇਂ ਹੀ ਦੇਸ਼ ਅੰਦਰ ਆਬਾਦੀ ਵਧੇਗੀ, ਬੇਰੋਜ਼ਗਾਰੀ ਅਤੇ ਭੁੱਖਮਰੀ 'ਚ ਵਾਧਾ ਹੋਵੇਗਾ। ਇਸ ਲਈ ਕੇਂਦਰ ਅਤੇ ਰਾਜਾਂ ਦੀਆਂ ਸਰਕਾਰਾਂ ਨੂੰ ਵੋਟਾਂ ਦੀ ਰਾਜਨੀਤੀ ਛੱਡ ਕੇ ਵਧ ਰਹੀ ਆਬਾਦੀ ਤੇ ਗੰਭੀਰਤਾ ਨਾਲ ਸੋਚਣ ਦੀ ਲੋੜ ਹੈ। ਬੇਰੋਜ਼ਗਾਰੀ ਦੇ ਸਤਾਏ ਲੱਖਾਂ ਪਰਵਾਰ ਪਹਿਲਾਂ ਹੀ ਭਾਰਤ ਦੇਸ਼ ਨੂੰ ਛੱਡ ਕੇ ਵਿਦੇਸ਼ਾਂ ਵਿਚ ਰਹਿਣ ਲਈ ਮਜਬੂਰ ਹੋਈ ਬੈਠੇ ਹਨ। ਦੁਨੀਆ ਦੇ ਜਿੰਨੇ ਵੀ ਅਮੀਰ ਦੇਸ਼ ਹਨ, ਉਨ੍ਹਾਂ ਦੀ ਆਬਾਦੀ ਵੱਲ ਝਾਤ ਮਾਰੀ ਜਾਵੇ ਤਾਂ ਭਾਰਤ ਦੇ ਮੁਕਾਬਲੇ ਉਨ੍ਹਾਂ ਦੀ ਗਿਣਤੀ ਕਈ ਗੁਣਾਂ ਘੱਟ ਹੈ। ਸਾਡੀਆਂ ਸਰਕਾਰਾਂ ਨੂੰ ਚਾਹੀਦਾ ਹੈ ਕਿ ਉਹ ਸਿਹਤ, ਸਿੱਖਿਆ, ਖੇਡਾਂ ਆਦਿ ਦੇ ਮੁਕਾਬਲੇ ਵਿਚ ਭਾਰਤ ਨੂੰ ਨੰਬਰ ਇੱਕ 'ਤੇ ਲੈ ਕੇ ਆਉਣ ਲਈ ਦਿਨ-ਰਾਤ ਮਿਹਨਤ ਕਰਨ, ਤਾਂ ਜੋ ਭਾਰਤ ਵਾਸੀ ਖੁਸ਼ੀ ਮਹਿਸੂਸ ਕਰਦਿਆਂ ਹੋਣ ਦੱਸਣ ਕਿ ਕਿਵੇਂ ਅਸੀਂ ਦੁਨੀਆਂ ਦੀ ਬਰਾਬਰੀ ਕਰਦੇ ਹੋਏ ਨੰਬਰ ਇੱਕ ਤੱਕ ਪਹੁੰਚੇ ਹਾਂ।

**-ਪਰਮਜੀਤ ਸੰਧੂ ਥੇਹ ਤਿੱਖਾ, ਗੁਰਦਾਸਪੁਰ** 94644-27651

### ਆਬਾਦੀ 'ਚ ਵਾਧਾ

ਕਦੇ ਸਮਾਂ ਸੀ, ਜਦੋਂ ਅਬਾਦੀ ਪੱਖੋਂ ਭਾਰਤ ਦੁਨੀਆ ਵਿੱਚ ਦੂਜੇ ਦਰਜੇ ਵਿੱਚ ਸ਼ਾਮਲ ਹੁੰਦਾ ਸੀ, ਪਰ ਬੀਤੇ ਦਿਨ 142 ਕਰੋੜ 86 ਲੱਖ ਗਿਣਤੀ ਨਾਲ ਭਾਰਤ ਚੀਨ ਨੂੰ ਪਛਾੜ ਕੇ ਦੂਜੇ ਨੰਬਰ 'ਤੇ ਪਹੁੰਚ ਗਿਆ ਹੈ। ਇਹ ਕੋਈ ਜ਼ਿਆਦਾ ਖੁਸ਼ੀ ਦੀ ਗੱਲ ਨਹੀਂ। ਮਹਿੰਗਾਈ ਅਤੇ ਬੇਰੁਜ਼ਗਾਰੀ ਨੇ ਪਹਿਲਾਂ ਹੀ ਆਮ ਵਿਅਕਤੀਆਂ ਦਾ ਦਿਵਾਲਾ ਕੱਢਿਆ ਹੋਇਆ ਹੈ। ਕਹਾਵਤ ਹੈ ਕਿ ਇੱਕ ਤਾਂ ਕਾਣੀ, ਦੂਜਾ ਕਣ ਪੈ ਗਿਆ। ਕੋਰੋਨਾ, ਨੋਟਬੰਦੀ ਵਰਗੇ ਹਾਲਾਤ ਨੇ ਲੋਕਾਂ ਨੂੰ ਕੱਖੋਂ ਹੌਲੇ ਕਰ ਦਿੱਤਾ। ਭੁੱਖਮਰੀ ਦੇ ਪੇਸ਼ ਆ ਰਹੇ ਅੰਕੜਿਆਂ ਵਿੱਚ ਭਾਰਤ ਦੀ ਹਾਲਤ ਚੰਗੀ ਨਹੀਂ। ਗੁਆਂਢੀ ਦੇਸ਼ਾਂ ਨਾਲੋਂ ਵੀ ਇਹ ਦਿਨੋਂ-ਦਿਨ ਪਛੜ ਰਿਹਾ ਹੈ। ਨੌਜਵਾਨ ਪ੍ਰਵਾਸ ਕਰਦੇ ਹੋਏ ਵਿਦੇਸ਼ਾਂ ਵੱਲ ਵਹੀਰਾਂ ਘੱਤ ਰਹੇ ਹਨ। ਬ੍ਰੇਨ ਡਰੇਨ ਰੁਕ ਨਹੀਂ ਰਿਹਾ। ਕਾਲਜਾਂ, ਯੂਨੀਵਰਸਿਟੀ ਵਿੱਚ ਵਿਦਿਆਰਥੀਆਂ ਦੀ ਗਿਣਤੀ ਆਟੇ ਵਿੱਚ ਲੂਣ ਬਰਾਬਰ ਹੋਈ ਪਈ ਹੈ। ਭ੍ਰਿਸ਼ਟਾਚਾਰ ਅਤੇ ਨਸ਼ੇ ਰੁਕਣ ਦਾ ਨਾਂਅ ਨਹੀਂ ਲੈ ਰਹੇ, ਪ੍ਰਸ਼ਾਸਨ ਦੇ ਵੀ ਹੱਥ ਖੜ੍ਹੇ ਹੋ ਗਏ ਹਨ। ਨਜਾਇਜ਼ ਮਾਈਨਿੰਗ 'ਤੇ ਰੋਕ ਵੀ ਖਬਰਾਂ ਤੱਕ ਸਿਮਟ ਕੇ ਰਹਿ ਗਈ ਹੈ। ਅਜਿਹੇ ਸਮੇਂ ਜਦੋਂ ਦੇਸ਼ ਬਹੁ-ਪੱਖੀ ਸੰਕਟਾਂ ਵਿੱਚ ਘਿਰਿਆ ਹੋਇਆ ਹੈ, ਆਬਾਦੀ ਦਾ ਹੋਰ ਵਧਣਾ ਭਵਿੱਖ ਲਈ ਖਤਰੇ ਦੀ ਘੰਟੀ ਹੈ। ਚੀਨ ਵਰਗੇ ਦੇਸ਼ਾਂ ਨੇ ਆਬਾਦੀ 'ਤੇ ਕੰਟਰੋਲ ਕੀਤਾ, ਪਰ ਅਸੀਂ ਅਣਗੌਲਿਆ ਕਰਕੇ ਛੱਡਿਆ, ਜਿਸ ਦੇ ਭਵਿੱਖ ਵਿੱਚ ਗੰਭੀਰ ਸਿੱਟੇ ਨਿਕਲਣਗੇ। ਲੋੜ ਅਬਾਦੀ ਨੂੰ ਰੋਕਣ ਲਈ ਲੋੜੀਂਦੀ ਨੀਤੀ ਅਖਤਿਆਰ ਕਰਕੇ ਲਾਗੂ ਕਰਨ ਦੀ ਹੈ, ਤਾਂ ਜੋ ਵਾਤਾਵਰਨ ਅਤੇ ਭੋਜਨ 'ਤੇ ਪੈ ਰਹੇ ਬੋਝ ਨੂੰ ਘਟਾਇਆ ਜਾ ਸਕੇ।

**- ਰਜਵਿੰਦਰ ਪਾਲ ਸ਼ਰਮਾ**, 70873-67969

# ਆਲਮੀ ਤਪਸ਼ 'ਚ ਹੋ ਰਿਹਾ ਇਜ਼ਾਫਾ ਮਨੁੱਖਤਾ ਲਈ ਖਤਰੇ ਦੀ ਘੰਟੀ



ਸੁਰੇਸ਼ਟਾ ਰਾਣੀ

ਸਾਡੀ ਪ੍ਰਿਥਵੀ ਨੂੰ ਇਨਸਾਨ ਅਤੇ ਜੀਵ-ਜੰਤੂਆਂ ਦੇ ਰਹਿਣਯੋਗ ਤਾਪਮਾਨ ਤੇ ਆਉਣ ਲਈ ਬਹੁਤ ਲੰਬਾ ਸਮਾਂ ਲੱਗਿਆ ਹੈ, ਪਰ ਇਹਨੀਂ ਦਿਨੀਂ ਸਾਡੀ ਪ੍ਰਿਥਵੀ ਮੁੜ ਤੋਂ ਅੱਗ ਦਾ ਗੋਲਾ ਬਣਨ ਵੱਲ ਵਧ ਰਹੀ ਹੈ। ਹਰ ਵਰ੍ਹੇ ਪ੍ਰਿਥਵੀ ਦੇ ਤਾਪਮਾਨ ਵਿੱਚ ਇਜ਼ਾਫਾ ਹੋ ਰਿਹਾ ਹੈ। ਇਹ ਇਜ਼ਾਫਾ ਕਿਸੇ ਵਿਸ਼ੇਸ਼ ਖੇਤਰ ਵਿੱਚ ਨਾ ਹੋ ਕੇ ਆਲਮੀ ਹੈ। ਮੌਸਮ ਵਿਗਿਆਨੀਆਂ ਵੱਲੋਂ ਮੌਜੂਦਾ ਗਰਮੀ ਦੇ ਸੀਜ਼ਨ ਦੌਰਾਨ ਉੱਤਰੀ ਭਾਰਤ ਦਾ ਤਾਪਮਾਨ ਖਤਰਨਾਕ ਹੱਦ ਤੱਕ ਵਧਣ ਦੀ ਕੀਤੀ ਅਗਾਊਂ ਭਵਿੱਖਬਾਣੀ ਪੂਰੀ ਤਰ੍ਹਾਂ ਸੱਚ ਸਿੱਧ ਹੁੰਦੀ ਪ੍ਰਤੀਤ ਹੋ ਰਹੀ ਹੈ। ਸਾਡੇ ਆਪਣੇ ਸੂਬੇ ਪੰਜਾਬ ਦਾ ਤਾਪਮਾਨ ਅਪ੍ਰੈਲ ਮਹੀਨੇ ਦੌਰਾਨ ਹੀ ਚਾਲੀ ਡਿਗਰੀ ਨੂੰ ਛੂਹਣ ਲੱਗਿਆ ਹੈ। ਤਾਪਮਾਨ ਵਿੱਚ ਅਚਾਨਕ ਹੋਇਆ ਇਹ ਇਜ਼ਾਫਾ ਮਹਿਜ਼ ਸਾਡੇ ਸੂਬੇ ਜਾਂ ਸਾਡੇ ਮੁਲਕ ਤੱਕ ਹੀ ਸੀਮਿਤ ਨਹੀਂ ਹੈ। ਇਹ ਵਰਤਾਰਾ ਤਾਂ ਆਲਮੀ ਹੈ। ਜਾਣਕਾਰੀ ਅਨੁਸਾਰ ਕੈਨੇਡਾ ਸਮੇਤ ਗਰਮੀਆਂ ਦੀ ਰੁੱਤ ਵਾਲੇ ਕਈ ਹੋਰ ਮੁਲਕ ਵੀ ਇਹਨੀਂ ਦਿਨੀਂ ਤਪਸ਼ ਇਜ਼ਾਫੇ ਦਾ ਸੇਕ ਝੱਲ ਰਹੇ ਹਨ। ਠੰਢੇ ਮੁਲਕਾਂ 'ਚ ਹੋਇਆ ਅਚਾਨਕ ਤਪਸ਼ ਇਜ਼ਾਫਾ ਸਾਡੇ ਮੁਲਕ ਨਾਲੋਂ ਕਈ ਗੁਣਾਂ ਜ਼ਿਆਦਾ ਤਕਲੀਫਦੇਹ ਹੈ। ਅਸੀਂ ਲੋਕ ਗਰਮੀ ਦਾ ਮੌਸਮ ਹੰਢਾਉਣ ਦੇ ਆਦੀ ਹਾਂ, ਪਰ ਠੰਢੇ ਮੁਲਕਾਂ ਦੇ ਵਸਨੀਕ ਤਾਪਮਾਨ ਇਜ਼ਾਫੇ ਤੋਂ ਤ੍ਰਾਹ-ਤ੍ਰਾਹ ਕਰ ਰਹੇ ਹਨ। ਜੇਕਰ ਤਾਪਮਾਨ ਦਾ ਇਜ਼ਾਫਾ ਇਸੇ ਤਰ੍ਹਾਂ ਹੀ ਜਾਰੀ ਰਿਹਾ ਤਾਂ ਜੂਨ ਮਹੀਨੇ ਦੌਰਾਨ ਗਰਮੀ ਕਹਿਰ ਦੇ ਰੂਪ ਵਿੱਚ ਸਾਡੇ ਜੀਵਨ ਨੂੰ ਪ੍ਰਭਾਵਿਤ ਕਰੇਗੀ।

ਆਲਮੀ ਪੱਧਰ 'ਤੇ ਤਪਸ਼ ਵਿੱਚ ਹੋ ਰਿਹਾ ਇਜ਼ਾਫਾ ਕੋਈ ਅਲੋਕਾਰੀ ਜਾਂ ਕੁਦਰਤੀ ਵਰਤਾਰਾ ਨਹੀਂ, ਬਲਕਿ ਇਹ ਮਨੁੱਖ ਦੀਆਂ ਕੁਦਰਤ ਵਿਰੋਧੀ ਗਤੀਵਿਧੀਆਂ ਦਾ ਹੀ ਨਤੀਜਾ ਹੈ। ਵਿਸ਼ਵ ਪੱਧਰ ਦੇ ਮੌਸਮ ਵਿਗਿਆਨੀਆਂ ਵੱਲੋਂ ਪਿਛਲੇ ਕਈ ਵਰ੍ਹਿਆਂ ਤੋਂ ਤਪਸ਼ ਵਿੱਚ ਇਜ਼ਾਫੇ ਤੋਂ ਮਨੁੱਖਤਾ ਨੂੰ ਪੈਦਾ ਹੋਣ ਵਾਲੇ ਖਤਰਿਆਂ ਬਾਰੇ ਚਿੰਤਾ ਪ੍ਰਗਟਾਈ ਜਾ ਰਹੀ ਹੈ। ਵਿਗਿਆਨੀਆਂ ਵੱਲੋਂ ਤਪਸ਼ ਇਜ਼ਾਫੇ 'ਤੇ ਨਾ ਕੇਵਲ ਚਿੰਤਾ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ, ਸਗੋਂ ਇਸ ਬਦੌਲਤ ਮਨੁੱਖਤਾ 'ਤੇ ਪੈਣ ਵਾਲੇ ਭਿਆਨਕ ਅਤੇ ਦਿਲ-ਕੰਬਾਊ ਪ੍ਰਭਾਵਾਂ ਬਾਰੇ ਵੀ ਸੁਚੇਤ ਕੀਤਾ ਜਾ ਰਿਹਾ ਹੈ। ਵਿਗਿਆਨੀਆਂ ਦਾ ਕਹਿਣਾ ਹੈ ਕਿ ਤਪਸ਼ ਇਜ਼ਾਫੇ ਨਾਲ ਧਰਤੀ 'ਤੇ ਕੁਦਰਤੀ ਆਫਤਾਂ ਵਿੱਚ ਵਾਧਾ ਹੋਵੇਗਾ। ਮਨੁੱਖਤਾ ਦੀ ਕੁਦਰਤ ਤੋਂ ਪੈ ਰਹੀ ਦੂਰੀ ਅਤੇ ਕੁਦਰਤ ਪ੍ਰਤੀ ਮਨੁੱਖਤਾ ਵੱਲੋਂ ਵਿਖਾਈ ਜਾ ਰਹੀ ਲਾਪਰਵਾਹੀ ਨੂੰ ਤਾਪਮਾਨ ਇਜ਼ਾਫੇ ਦੇ ਮੁੱਖ ਕਾਰਨਾਂ ਵਜੋਂ ਵੇਖਿਆ ਜਾ ਰਿਹਾ ਹੈ। ਵਿਕਾਸਸ਼ੀਲ ਮੁਲਕਾਂ ਵੱਲੋਂ ਕੁਦਰਤ ਨਾਲ ਖਿਲਵਾੜ ਦੇ ਸਾਰੇ ਹੱਦਾਂ ਬੰਨੇ ਪਾਰ ਕੀਤੇ ਜਾ ਰਹੇ ਹਨ। ਬਿਨਾਂ ਕਿਸੇ ਪ੍ਰਵਾਹ ਦੇ ਕੁਦਰਤੀ ਸ੍ਰੋਤਾਂ ਨੂੰ ਖਰਾਬ ਜਾਂ ਫਿਰ ਤਬਾਹ ਹੀ ਕੀਤਾ ਜਾ ਰਿਹਾ ਹੈ। ਤਾਪਮਾਨ ਨੂੰ ਕਾਬੂ ਹੇਠ ਰੱਖਣ ਵਿੱਚ ਸਭ ਤੋਂ ਵੱਡੀ ਭੂਮਿਕਾ ਨਿਭਾਉਣ ਵਾਲੇ ਰੁੱਖਾਂ ਨੂੰ ਸਾਡੇ ਆਪਣੇ ਮੁਲਕ ਅਤੇ ਸੂਬੇ ਵਿੱਚ ਬਿਨਾਂ ਕਿਸੇ ਡਰ-ਭੈਅ ਦੇ ਨਸ਼ਟ ਕੀਤਾ ਜਾ ਰਿਹਾ ਹੈ। ਜੰਗਲਾਂ ਹੇਠ ਰਕਬਾ ਪ੍ਰਤੀ ਦਿਨ ਘਟ ਰਿਹਾ ਹੈ। ਅਖੌਤੀ ਵਿਕਾਸ ਦੀ ਹਨੇਰੀ ਹੇਠ ਜੰਗਲਾਂ ਨੂੰ ਕੱਟ ਕੇ ਤਾਪਮਾਨ ਵਿੱਚ ਇਜ਼ਾਫਾ ਕਰਨ ਵਾਲੇ ਕੰਕਰੀਟ ਵਿੱਚ ਵਾਧਾ ਕੀਤਾ ਜਾ ਰਿਹਾ ਹੈ। ਵਿਸ਼ਵ ਪੱਧਰ 'ਤੇ ਹੋ ਰਿਹਾ ਮਸ਼ੀਨਾਂ ਅਤੇ ਉਦਯੋਗਾਂ ਵਿੱਚ ਵਾਧਾ ਵੀ ਤਾਪਮਾਨ ਵਿੱਚ ਇਜ਼ਾਫੇ ਦੇ ਮੁੱਖ ਕਾਰਨਾਂ ਵਿੱਚੋਂ ਇੱਕ ਹੈ। ਬਹੁਤ ਸਾਰੇ ਮੁਲਕਾਂ ਵੱਲੋਂ ਆਪਣੇ ਵਾਹਨਾਂ ਅਤੇ ਉਦਯੋਗਾਂ ਨੂੰ ਈਕੋ ਫਰੈਂਡਲੀ ਬਣਾਉਣ ਤੋਂ ਲਾਪਰਵਾਹੀ ਵਿਖਾਈ ਜਾ ਰਹੀ ਹੈ। ਗਰਮੀ ਨੂੰ ਘੱਟ ਕਰਨ ਲਈ ਅਪਨਾਏ ਜਾਣ ਵਾਲੇ ਬਨਾਵਟੀ ਢੰਗ-ਤਰੀਕੇ ਅਸਿੱਧੇ ਰੂਪ ਵਿੱਚ ਤਾਪਮਾਨ ਵਿੱਚ ਵਾਧੇ ਦਾ ਸਬੱਬ ਬਣ ਰਹੇ ਹਨ। ਏਅਰਕੰਡੀਸ਼ਨ ਇਸ ਦੀ ਸਭ ਤੋਂ ਵੱਡੀ ਉਦਾਹਰਨ ਹਨ। ਕੋਈ ਸਮਾਂ ਸੀ ਜਦੋਂ ਕਿਸੇ ਟਾਂਵੇਂ-ਵਿਰਲੇ ਘਰ ਵਿੱਚ ਹੀ ਏਅਰਕੰਡੀਸ਼ਨ ਹੁੰਦਾ ਸੀ, ਪਰ ਅੱਜ ਹਰ ਘਰ ਵਿੱਚ ਏਅਰਕੰਡੀਸ਼ਨ ਦਾ ਹੋਣਾ ਆਮ ਜਿਹਾ ਹੀ ਨਹੀਂ, ਸਗੋਂ ਇੱਕ ਘਰ ਵਿੱਚ ਹੀ ਕਈ-ਕਈ ਏਅਰਕੰਡੀਸ਼ਨ ਹਨ। ਵਾਹਨਾਂ ਦੇ ਮਾਮਲੇ ਵਿੱਚ ਵੀ ਇਹੋ ਜਿਹੀ ਹੀ ਸਥਿਤੀ ਹੈ। ਅਜੋਕਾ ਮਨੁੱਖ ਇਨਸਾਨੀ ਜ਼ਿੰਦਗੀ ਦੀ ਕੀਮਤ 'ਤੇ ਵਿਕਾਸ ਕਰਨ ਨੂੰ ਪ੍ਰਾਪਤੀ ਸਮਝਣ ਦੀ ਵੱਡੀ ਗਲਤੀ ਕਰ ਰਿਹਾ ਹੈ।

ਤਾਪਮਾਨ ਇਜ਼ਾਫੇ ਦੇ ਪ੍ਰਭਾਵ ਦਿਲ ਕੰਬਾਊ ਹਨ। ਇਸ ਤਰ੍ਹਾਂ ਹੋਣ ਵਾਲਾ ਤਾਪਮਾਨ ਇਜ਼ਾਫਾ ਗਲੇਸ਼ੀਅਰਾਂ ਲਈ ਖਤਰੇ ਦੀ ਘੰਟੀ ਹੈ। ਵਿਗਿਆਨੀਆਂ ਦੀ ਸਮਝ ਅਨੁਸਾਰ ਸਾਡੇ ਗਲੇਸ਼ੀਅਰਾਂ ਦਾ ਆਕਾਰ ਪ੍ਰਤੀ ਦਿਨ ਘਟ ਰਿਹਾ ਹੈ। ਗਲੇਸ਼ੀਅਰਾਂ ਦੀ ਕਮੀ ਨਾਲ ਜਿੱਥੇ ਤਾਪਮਾਨ ਦਾ ਵਾਧਾ ਹੋਰ ਪ੍ਰਚੰਡ ਹੋਵੇਗਾ, ਉੱਥੇ ਹੀ ਧਰਤੀ 'ਤੇ ਪਾਣੀ ਦਾ ਸੰਕਟ ਵੀ ਗੰਭੀਰ ਹੋਵੇਗਾ। ਕੇਂਦਰ ਸਰਕਾਰ ਨੇ ਕਿਹਾ ਹੈ ਕਿ ਹਿਮਾਲਿਆ ਖੇਤਰ ਵਿਚ ਜਿਨ੍ਹਾਂ ਗਲੇਸ਼ੀਅਰਾਂ ਦਾ ਅਧਿਐਨ ਕੀਤਾ ਗਿਆ ਹੈ, ਉਨ੍ਹਾਂ 'ਚੋਂ ਜ਼ਿਆਦਾਤਰ ਵੱਖ-ਵੱਖ ਰਫਤਾਰ ਨਾਲ ਪਿਘਲ ਰਹੇ ਹਨ। ਸਰਕਾਰ ਨੇ ਕਿਹਾ ਹੈ ਕਿ ਜਲਵਾਯੂ ਪਰਿਵਰਤਨ ਕਾਰਨ ਹਿਮਾਲਿਆਈ ਗਲੇਸ਼ੀਅਰਾਂ ਦੇ ਪਿਘਲਣ ਨਾਲ ਨਾ ਸਿਰਫ ਹਿਮਾਲਿਆ ਨਦੀ ਪ੍ਰਣਾਲੀ ਦੇ ਵਹਾਅ 'ਤੇ ਗੰਭੀਰ ਪ੍ਰਭਾਵ ਪਵੇਗਾ, ਸਗੋਂ ਕੁਦਰਤੀ ਆਫਤਾਂ ਵਿੱਚ ਵੀ ਵਾਧਾ ਹੋਵੇਗਾ। ਸਰਕਾਰ ਨੇ ਇਹ ਜਾਣਕਾਰੀ ਦੇਸ਼ 'ਚ ਗਲੇਸ਼ੀਅਰ ਪ੍ਰਬੰਧਨ 'ਤੇ ਚਰਚਾ ਕਰ ਰਹੀ ਸੰਸਦੀ ਸਥਾਈ ਕਮੇਟੀ ਨੂੰ ਦਿੱਤੀ। ਤਾਪਮਾਨ ਵਿੱਚ ਇਜ਼ਾਫੇ ਨਾਲ ਗਰਮੀਆਂ ਦੇ ਸੀਜਨ ਦੀ ਲੰਬਾਈ ਵਿੱਚ ਵਾਧਾ ਹੋਵੇਗਾ। ਪਹਿਲਾਂ ਤੋਂ ਹੀ ਘੱਟ ਰਿਹਾ ਸਰਦੀਆਂ ਦਾ ਮੌਸਮ ਹੋਰ ਸੁੰਘੜ ਕੇ ਰਹਿ ਜਾਵੇਗਾ। ਤਾਪਮਾਨ ਇਜ਼ਾਫੇ ਨੂੰ ਘੱਟ ਕਰਨ ਲਈ ਇੱਕ ਬੱਚੇ ਤੋਂ ਲੈ ਕੇ ਵਿਸ਼ਵ ਦੀ ਅਗਵਾਈ ਕਰ ਰਹੀਆਂ ਸੰਸਥਾਵਾਂ ਨੂੰ ਉਪਰਾਲੇ ਕਰਨੇ ਬਣਦੇ ਹਨ। ਜੰਗਲਾਂ ਹੇਠ ਰਕਬਾ ਵਧਾਉਣਾ ਵਿਸ਼ਵ ਪੱਧਰ 'ਤੇ ਖਾਸ ਕਰਕੇ ਸਾਡੇ ਮੁਲਕ ਅਤੇ ਸੂਬੇ ਦੀ ਤਰਜੀਹ ਬਣਨਾ ਚਾਹੀਦਾ ਹੈ। ਰੁੱਖ ਕੱਟਣ ਸਮੇਤ ਕੁਦਰਤੀ ਸੋਮਿਆਂ ਨਾਲ ਖਿਲਵਾੜ ਨੂੰ ਗੰਭੀਰ ਅਪਰਾਧ ਦੀ ਸ਼੍ਰੇਣੀ ਵਿੱਚ ਰੱਖ ਕੇ ਮਿਸਾਲੀ ਸਜ਼ਾਵਾਂ ਦੇਣੀਆਂ ਬਣਦੀਆਂ ਹਨ। ਵਾਹਨਾਂ ਅਤੇ ਏਅਰਕੰਡੀਸ਼ਨਾਂ ਦੀ ਗਿਣਤੀ ਘੱਟ ਕਰਨ ਵੱਲ ਵੀ ਕਦਮ ਉਠਾਏ ਜਾਣੇ ਜ਼ਰੂਰੀ ਹਨ। ਪੈਦਲ ਚੱਲਣ ਅਤੇ ਸਾਈਕਲ ਚਲਾਉਣ ਦੀਆਂ ਆਦਤਾਂ ਨੂੰ ਉਤਸ਼ਾਹਿਤ ਕਰਨਾ ਹੋਵੇਗਾ।

ਆਲਮੀ ਤਪਸ਼ ਦੇ ਨਿਯੰਤਰਣ ਲਈ ਵਿਸ਼ਵ ਪੱਧਰ 'ਤੇ ਸਾਂਝੇ ਉਪਰਾਲਿਆਂ ਦੀ ਜ਼ਰੂਰਤ ਹੈ। ਆਲਮੀ ਤਪਸ਼ ਦਾ ਸਬੱਬ ਬਣ ਰਹੇ ਕਾਰਨਾਂ ਨੂੰ ਬਾਰੀਕੀ ਨਾਲ ਘੋਖਦਿਆਂ ਉਹਨਾਂ ਨੂੰ ਦੂਰ ਕਰਨ ਲਈ ਹਰ ਸੰਭਵ ਉਪਰਾਲੇ ਕੀਤੇ ਜਾਣੇ ਜ਼ਰੂਰੀ ਹਨ। ਨਹੀਂ ਤਾਂ ਕਿਤੇ ਅਜਿਹਾ ਨਾ ਹੋਵੇ ਕਿ ਅੱਗ ਦੇ ਗੋਲੇ ਤੋਂ ਵੱਖ ਹੋ ਕੇ ਲੰਬੇ ਅਰਸੇ ਬਾਅਦ ਜਨਜੀਵਨ ਦੇ ਯੋਗ ਬਣੀ ਸਾਡੀ ਧਰਤੀ ਮੁੜ ਤੋਂ ਅੱਗ ਦਾ ਗੋਲਾ ਬਣ ਜਾਵੇ ਅਤੇ ਹੱਦਾਂ, ਸਰਹੱਦਾਂ ਜਾਂ ਹੋਰ ਮੁੱਦਿਆਂ 'ਤੇ ਇੱਕ-ਦੂਜੇ ਨੂੰ ਅੱਖਾਂ ਵਿਖਾਉਂਦੀ ਮਨੁੱਖਤਾ ਨੂੰ ਕੁਦਰਤ ਹੀ ਅੱਖ ਵਿਖਾ ਜਾਵੇ।

**# ਸੰਪਰਕ :** 94172- 42369

# ਛੋਟੀ ਮੇਲੋ ,ਵੱਡੀ ਮੇਲੋ

ਜਗਦੇਵ ਸ਼ਰਮਾ

ਬੈਂਕ ਦੀ ਨੌਕਰੀ ਦੌਰਾਨ ਕਈ ਵਾਰ ਮੈਂ ਖੁਦ ਪ੍ਰਸ਼ਾਸਨਿਕ ਫੈਸਲੇ ਲਏ ਜਾਂ ਅਜਿਹੇ ਫੈਸਲਿਆਂ ਦਾ ਭਾਗੀਦਾਰ ਬਣਿਆ। ਬੈਂਕ ਵਿਚ ਕੰਮ ਕਰਦਿਆਂ, ਕਿਉਂਕਿ ਤੁਹਾਡਾ ਵਾਹ-ਵਾਸਤਾ ਪੈਸੇ ਨਾਲ ਹੀ ਪੈਣਾ ਹੁੰਦਾ ਹੈ, ਇਸ ਲਈ ਫੈਸਲਾ ਲੈਣ ਤੋਂ ਪਹਿਲਾਂ ਡੂੰਘਾਈ ਨਾਲ ਜਾਂਚ ਕਰਨੀ ਜ਼ਰੂਰੀ ਹੁੰਦੀ ਹੈ । ਲਿਆ ਗਿਆ ਗਲਤ ਫੈਸਲਾ ਕਈ ਵਾਰ ਜੀਅ ਦਾ ਜੰਜਾਲ ਵੀ ਬਣ ਸਕਦਾ ਹੈ । ਕਈ ਵਾਰ ਫੈਸਲਾ ਲੈਣਾ ਟੇਢੀ ਖੀਰ ਵੀ ਸਾਬਤ ਹੋਇਆ, ਜਿਸ ਦੀ ਉਦਾਹਰਨ ਮੈਂ ਪਾਠਕਾਂ ਦੀ ਦਿਲਚਸਪੀ ਵਾਸਤੇ ਸਾਂਝੀ ਕਰ ਰਿਹਾ ਹਾਂ। ਅੱਗੇ ਵਧਣ ਤੋਂ ਪਹਿਲਾਂ ਮੈਂ ਇਹ ਦੱਸਣਾ ਚਾਹਾਂਗਾ ਕਿ ਬੈਂਕ ਵਿੱਚ ਕਾਨੂੰਨ ਅਤੇ ਪ੍ਰੈਕਟਿਸ ਨਾਲੋ-ਨਾਲ ਚਲਦੇ ਹਨ, ਯਾਨੀ ਕਿ ਪ੍ਰਚੱਲਤ ਰਵਾਇਤਾਂ ਨੂੰ ਵੀ ਕਾਨੂੰਨ ਦੇ ਬਰਾਬਰ ਮਾਨਤਾ ਹਾਸਲ ਹੈ ।

ਦੁਪਹਿਰ ਦੇ ਬਾਰਾਂ ਕੁ ਵਜੇ ਇੱਕ 65 ਕੁ ਸਾਲ ਦੀ ਔਰਤ ਅਤੇ 35 ਕੁ ਸਾਲ ਦੀ ਉਸ ਦੀ ਇੱਕ ਵਿਆਹੀ ਹੋਈ ਲੜਕੀ ਮੇਰੇ ਕੈਬਿਨ ਵਿੱਚ ਦਾਖਲ ਹੋਈਆਂ । ਆਪਣੇ ਝੋਲੇ ਵਿੱਚੋਂ ਇੱਕ ਖਸਤਾ ਹਾਲਤ ਐੱਫ ਡੀ ਕੱਢ ਕੇ ਮੇਰੇ ਅੱਗੇ ਰੱਖਦੀ ਹੋਈ ਲੜਕੀ ਬੋਲੀ, 'ਮੈਨੇਜਰ ਸਾਹਿਬ , ਮੇਰੇ ਬਾਪੂ ਜੀ ਦੇ ਨਾਓ ਤੁਹਾਡੇ ਬੈਂਕ ਵਿੱਚ ਆਹ ਐੱਫ ਡੀ ਹੈ । ਮੇਰੇ ਬਾਪੂ ਜੀ ਦੀ ਮੌਤ ਹੋ ਚੁੱਕੀ ਹੈ । ਇਸ ਐੱਫ ਡੀ ਵਿੱਚ ਉਹ ਮੈਨੂੰ ਆਪਣਾ ਵਾਰਸ ਲਿਖਾ ਗਏ ਸਨ। ਸਾਨੂੰ ਦੱਸੋ ਕਿ ਇਹ ਪੈਸੇ ਲੈਣ ਵਾਸਤੇ ਸਾਨੂੰ ਕੀ ਕਰਨਾ ਪਵੇਗਾ ?'

ਕੋਈ ਸੱਤਰ ਕੁ ਹਜ਼ਾਰ ਦੀ ਐੱਫ ਡੀ ਸੀ । ਮੇਰੇ ਪੁੱਛਣ 'ਤੇ ਕੁੜੀ ਨੇ ਆਪਣਾ ਨਾਂਅ ਗੁਰਮੇਲ ਕੌਰ ਦੱਸਿਆ। ਮੈਂ ਕੰਪਿਊਟਰ ਖੋਲ੍ਹ ਕੇ ਚੈੱਕ ਕੀਤਾ। ਵਾਰਸ ਦਾ ਨਾਂਅ ਗੁਰਮੇਲ ਕੌਰ (ਪੁੱਤਰੀ ) ਹੀ ਲਿਖਿਆ ਹੋਇਆ ਸੀ। ਮੈਂ ਉਨ੍ਹਾਂ ਨੂੰ ਸਾਰਾ ਕਾਗਜ਼ ਪੱਤਰ ਸਮਝਾ ਕੇ ਭੇਜ ਦਿੱਤਾ । ਅਗਲੇ ਦਿਨ ਓਹ ਸਾਰੇ ਕਾਗਜ਼ ਪੱਤਰ ਲੈ ਕੇ ਮੇਰੇ ਸਾਹਮਣੇ ਬੈਠੀਆਂ ਸਨ । ਸਾਰੇ ਦਸਤਾਵੇਜ਼ ਪੂਰੇ ਸਨ । ਮੈਂ ਸੰਬੰਧਤ ਅਧਿਕਾਰੀ ਨੂੰ ਬੁਲਾ ਕੇ ਕੇਸ ਦਾ ਨਿਪਟਾਰਾ ਕਰਨ ਦੀਆਂ ਹਦਾਇਤਾਂ ਦੇ ਦਿੱਤੀਆਂ । ਘੰਟੇ ਕੁ ਬਾਅਦ ਲੜਕੀ ਦੇ ਨਾਂਅ 'ਤੇ ਡਰਾਫਟ ਬਣ ਕੇ ਮੇਰੇ ਕੋਲ ਆ ਗਿਆ । ਡਰਾਫਟ ਫੜ ਕੇ ਉਨ੍ਹਾਂ ਝੋਲੇ ਵਿਚ ਪਾ ਲਿਆ ਅਤੇ ਝੋਲੇ ਵਿੱਚੋਂ ਪਾਸ ਬੁੱਕ ਕੱਢ ਕੇ ਮੈਨੂੰ ਫੜਾਉਂਦਿਆਂ ਬੋਲੀਆਂ, 'ਮੇਰੇ ਬਾਪੂ ਜੀ ਦੇ ਨਾਓਂ ਇੱਕ ਆਹ ਕਾਪੀ ਵੀ ਬਣੀ ਹੋਈ ਹੈ । ਇਹਦੇ 'ਚ ਵੀ ਕੁਛ ਪੈਸੇ ਹਨ , ਇਹ ਵੀ ਸਾਨੂੰ ਦਿਵਾ ਦਿਓ ।' ਰਿਕਾਰਡ ਦੇਖ ਕੇ ਪਤਾ ਚੱਲਿਆ ਕਿ ਖੁੱਲ੍ਹੇ ਖਾਤੇ ਵਿੱਚ ਵਾਰਸ ਨਹੀਂ ਸੀ ਲਿਖਿਆ ਹੋਇਆ । ਇਸ ਲਈ ਖੁੱਲ੍ਹੇ ਖਾਤੇ ਵਾਲੇ 14-15 ਸੌ ਰੁਪਏ ਸਾਰੇ ਵਾਰਸਾਂ ਨੂੰ ਮਿਲਣੇ ਸਨ । ਕੁੜੀ ਦੇ ਦੱਸਣ ਮੁਤਾਬਕ ਉਹ ਦੋ ਭੈਣਾਂ , ਇੱਕ ਭਰਾ ਅਤੇ ਮਾਤਾ ਸਮੇਤ ਚਾਰ ਵਾਰਸ ਸਨ। ਸੁਭਾਵਿਕ ਹੀ ਜਦ ਮੈਂ ਉਨ੍ਹਾਂ ਦੇ ਨਾਂਅ ਜਾਣਨੇ ਚਾਹੇ ਤਾਂ ਕੁੜੀ ਨੇ ਆਪਣੀ ਛੋਟੀ ਭੈਣ ਦਾ ਨਾਂਅ ਵੀ ਗੁਰਮੇਲ ਕੌਰ ਦੱਸਿਆ ।

'ਇਹ ਕਿਵੇਂ ਹੋ ਸਕਦਾ ਹੈ? ਦੋ ਭੈਣਾਂ ਅਤੇ ਦੋਵਾਂ ਦਾ ਨਾਂਅ ਗੁਰਮੇਲ ਕੌਰ?' ਮੈਂ ਤ੍ਰਭਕਿਆ ।

'ਹਾਂ ਜੀ , ਇੰਦਾਂ ਹੀ ਹੈ । ਮੈਂ ਵੱਡੀ , ਇਸ ਲਈ ਵੱਡੀ ਮੇਲੋ ਅਤੇ ਉਹ ਛੋਟੀ, ਇਸ ਲਈ ਛੋਟੀ ਮੇਲੋ ।' ਕੁੜੀ ਦਾ ਜਵਾਬ ਸੀ ।

ਸੁਣਦਿਆਂ ਹੀ ਮੇਰੇ ਤਾਂ ਖਾਨਿਓਂ ਗਈ । ਹੋਵੇ ਨਾ ਤਾਂ ਇਸ ਐੱਫ ਡੀ ਵਿਚਲੀ ਵਾਰਸ ਦੂਜੀ ਯਾਨੀ ਕਿ ਛੋਟੀ ਮੇਲੋ ਹੋਵੇ । ਮੈ ਸੋਚ ਰਿਹਾ ਸਾਂ ਕਿ ਪੈਸੇ ਦਾ ਮਾਮਲਾ ਹੈ ਜੇਕਰ ਕੱਲ ਨੂੰ ਦੂਜੀ ਮੇਲੋ ਆ ਕੇ ਖੜ੍ਹ ਗਈ, ਮੈ ਪੈਸੇ ਕਿੱਥੋਂ ਦੇਵਾਂਗਾ ।

'ਆਹ ਡਰਾਫਟ ਦਿਓ ਭਾਈ, ਸਾਰੇ 'ਕੱਠੇ ਹੋ ਕੇ ਆਇਓ, ਇਹ ਮਾਮਲਾ ਤਾਂ 'ਕਠਿਆਂ ਦੇ ਨਿਬੇੜਨ ਵਾਲਾ ਹੈ।'' ਮੈਂ ਉਨ੍ਹਾਂ ਤੋਂ ਡਰਾਫਟ ਲੈ ਕੇ ਝੱਟ ਆਪਣੇ ਦਰਾਜ ਵਿੱਚ ਸੰਭਾਲ ਲਿਆ ਸੀ ਅਤੇ ਉਨ੍ਹਾਂ ਨੂੰ ਹਿਦਾਇਤ ਕੀਤੀ ਕਿ ਸਾਰੇ ਵਾਰਸ ਸਮੇਤ ਦੋਵੇਂ ਮੇਲੋ ਆਪੋ ਆਪਣੇ ਪਤੀਆਂ ਅਤੇ ਪਿੰਡੋਂ ਸਰਪੰਚ , ਮੈਂਬਰ ਨੂੰ ਗਵਾਹ ਦੇ ਤੌਰ 'ਤੇ ਨਾਲ ਲੈ ਕੇ ਪੇਸ਼ ਹੋਣ। ਪੰਜ-ਚਾਰ ਦਿਨਾਂ ਬਾਅਦ ਉਹ ਸਾਰੇ ਫਿਰ ਬੈਂਕ ਵਿੱਚ ਹਾਜ਼ਰ ਸਨ । ਆਪਣੇ ਮਨ ਦਾ ਧੁੜਕੂ ਕੱਢਣ ਵਾਸਤੇ ਸਭ ਤੋਂ ਪਹਿਲਾਂ ਮੈਂ ਛੋਟੀ ਮੇਲੋ ਨੂੰ ਸਵਾਲ ਕੀਤਾ ਕਿ ਉਸ ਦੇ ਪਿਤਾ ਵਾਲੀ ਐੱਫ ਡੀ ਵਿਚਲੀ ਵਾਰਸ ਵੱਡੀ ਮੇਲੋ ਹੈ ਕਿ ਛੋਟੀ ਮੇਲੋ ? ਮਨ ਦੀ ਸਾਫ , ਛੋਟੀ ਮੇਲੋ ਨੇ ਦੱਸਿਆ ਕਿ ਉਹ ਵਾਰਸ ਵੱਡੀ ਮੇਲੋ ਹੀ ਹੈ ਅਤੇ ਇਹ ਪੈਸੇ ਮੇਰੀ ਵੱਡੀ ਭੈਣ ਨੂੰ ਹੀ ਮਿਲਣੇ ਚਾਹੀਦੇ ਹਨ । ਸਾਰੀ ਕਹਾਣੀ ਕਾਗਜ ਉੱਤੇ ਉਤਾਰ ਕੇ ਮੈਂ ਦੋਵੇਂ ਭੈਣਾਂ, ਉਨ੍ਹਾਂ ਦੇ ਪਤੀਆਂ ਅਤੇ ਨਾਲ ਆਏ ਗਵਾਹਾਂ ਦੇ ਅੰਗੂਠਾ, ਦਸਤਖਤ ਕਰਵਾ ਲਏ ।

ਸੁਰਖਰੂ ਹੋਇਆ ਮੈਂ ਸੋਚ ਰਿਹਾ ਸਾਂ ਕਿ ਜੇਕਰ ਗਲਤੀ ਨਾਲ ਐੱਫ ਡੀ ਦੇ ਪੈਸੇ ਗਲਤ ਮੇਲੋ ਦੇ ਹੱਥਾਂ ਵਿੱਚ ਚਲੇ ਜਾਂਦੇ ਤਾਂ ਬੇਕਸੂਰ ਹੁੰਦਿਆਂ ਹੋਇਆਂ ਵੀ ਮੈਂ ਕਿਹੜੇ ਕਾਨੂੰਨ ਦਾ ਸਹਾਰਾ ਲੈਂਦਾ।

**# ਸੰਪਰਕ :** 98727-87243

# ਪੰਜਾਬੀਆਂ 'ਚ ਵਿਖਾਵੇਬਾਜ਼ੀ ਦਾ ਵਧਦਾ ਰੁਝਾਨ

ਡਾ. ਗੁਰਤੇਜ ਸਿੰਘ

ਸੱਭਿਆਚਾਰ ਇੱਕ ਬਦਲਦਾ ਸੰਕਲਪ ਹੈ, ਜੋ ਸਥਿਰ ਨਹੀਂ ਹੈ। ਇਸ ਦਾ ਬਦਲਾਅ ਨਿਰੰਤਰ ਤੇ ਹੌਲੀ-ਹੌਲੀ ਹੁੰਦਾ ਰਹਿੰਦਾ ਹੈ। ਸਾਡਾ ਦੇਸ਼ ਅਲੱਗ-ਅਲੱਗ ਰੰਗਾਂ ਦੇ ਫੁੱਲਾਂ ਦੇ ਗੁਲਦਸਤੇ ਵਾਂਗ ਹੈ, ਜਿਸ ਵਿੱਚ ਵੱਖ-ਵੱਖ ਕੌਮਾਂ-ਕਬੀਲੇ ਆਪਣੇ ਰੀਤੀ ਰਿਵਾਜਾਂ, ਸੰਸਕਾਰਾਂ ਨਾਲ ਇਸ ਦੇਸ਼ ਰੂਪੀ ਗੁਲਦਸਤੇ ਨੂੰ ਚਾਰ ਚੰਨ ਲਗਾਉਂਦੇ ਹਨ। ਇੱਕ ਕੌਮ ਦਾ ਸੱਭਿਆਚਾਰ, ਰੀਤੀ-ਰਿਵਾਜ ਦੂਜੀ ਕੌਮ ਨਾਲ ਮੇਲ ਨਹੀ ਖਾਂਦੇ, ਪਰ ਸੰਸਾਰੀਕਰਨ ਹੋਣ ਕਾਰਨ ਅਜੋਕੇ ਸੱਭਿਆਚਾਰ ਦਾ ਮੂੰਹ-ਮੁਹਾਂਦਰਾ ਕਾਫੀ ਬਦਲ ਚੁੱਕਿਆ ਹੈ। ਅਸੀ ਇੱਕ-ਦੂਜੇ ਦੇ ਸੱਭਿਆਚਾਰ, ਰੀਤੀ ਰਿਵਾਜਾਂ ਨੂੰ ਆਪੋ-ਆਪਣੇ ਸੱਭਿਆਚਾਰ 'ਚ ਸ਼ਾਮਿਲ ਕਰ ਰਹੇ ਹਾਂ। ਇਹ ਵੀ ਸੱਚ ਹੈ ਕਿ ਭਾਵੇਂ ਸੂਰਜ ਸਾਡੇ ਦੇਸ਼ ਵਿੱਚ ਉੱਗਦਾ ਹੈ, ਪਰ ਫਿਰ ਵੀ ਰੋਸ਼ਨੀ ਦੀ ਆਸ ਅਸੀ ਪੱਛਮ 'ਚੋਂ ਲਗਾਈ ਰੱਖਦੇ ਹਾਂ ਅਤੇ ਉੱਧਰੋਂ ਆਉਂਦੀ ਰੋਸ਼ਨੀ ਸਾਨੂੰ ਹਮੇਸ਼ਾਂ ਪ੍ਰਭਾਵਤ ਕਰਦੀ ਹੈ। ਦੂਜਿਆਂ ਦੀਆਂ ਚੰਗਿਆਈਆਂ ਅਪਨਾਉਣਾ ਬੁਰੀ ਗੱਲ ਨਹੀ ਹੈ, ਪਰ ਜਦ ਚੰਗੇ ਦੀ ਥਾਂ ਮਾੜਾ ਪ੍ਰਭਾਵ ਗ੍ਰਹਿਣ ਕਰ ਲਿਆ ਜਾਂਦਾ ਹੈ ਤਾਂ ਇਹ ਸੱਭਿਆਚਾਰਕ ਕਦਰਾਂ-ਕੀਮਤਾਂ ਨੂੰ ਤਹਿਸ-ਨਹਿਸ ਕਰ ਦਿੰਦਾ ਹੈ।

ਰੀਤੀ ਰਿਵਾਜ, ਸੰਸਕਾਰ ਮਨੁੱਖ ਦੀ ਪੂਰੀ ਜ਼ਿੰਦਗੀ ਨਾਲੋ-ਨਾਲ ਚੱਲਦੇ ਹਨ। ਜਨਮ ਤੋਂ ਲੈ ਕੇ ਮਰਨ ਤੱਕ ਹਰ ਪੜਾਅ ਉੱਪਰ ਕੋਈ ਨਾ ਕੋਈ ਰਸਮ ਕੀਤੀ ਜਾਂਦੀ ਹੈ। ਪੁਰਾਤਨ ਸਮਿਆਂ ਤੋਂ ਪ੍ਰਚੱਲਤ ਰਸਮ ਰਿਵਾਜ ਅੱਜ ਵੀ ਕਾਇਮ ਹਨ, ਪਰ ਫਰਕ ਸਿਰਫ ਏਨਾ ਕੁ ਆ ਗਿਆ ਹੈ ਕਿ ਉਨ੍ਹਾਂ ਰੀਤੀ ਰਿਵਾਜਾਂ ਦੇ ਨਾਂਅ 'ਤੇ ਫਜ਼ੂਲ ਖਰਚੀ ਆਮ ਕੀਤੀ ਜਾਂਦੀ ਹੈ। ਪੈਸੇ ਦੀ ਪ੍ਰਧਾਨਤਾ ਹੋਣ ਕਾਰਨ ਅਜੋਕੇ ਰੀਤੀ ਰਿਵਾਜ ਖੋਖਲੇ ਜਾਪਦੇ ਹਨ। ਸਮਾਜ ਵਿੱਚ ਨੱਕ ਰੱਖਣ ਲਈ ਲੋਕ ਅੱਡੀਆਂ ਚੁੱਕ ਕੇ ਫਾਹਾ ਲੈਂਦੇ ਹਨ ਤੇ ਵਿੱਤੋਂ ਵੱਧ ਖਰਚਾ ਕਰਕੇ ਪੂਰੀ ਜ਼ਿੰਦਗੀ ਨਰਕ ਭੋਗਦੇ ਹਨ ਜਾਂ ਫਿਰ ਖੁਦਕੁਸ਼ੀਆਂ ਦੇ ਰਾਹ ਪੈ ਜਾਦੇ ਹਨ। ਅਜੋਕੀਆਂ ਰਸਮਾਂ ਦੇਖ ਕੇ ਜਾਪਦਾ ਜਿਵੇ ਇਹ ਛੋਟੇ ਬੱਚਿਆਂ ਦੀਆਂ ਖੇਡਾਂ ਹੋਣ ਤੇ ਲੋਕ ਭੋਲੇ ਭਾਅ ਇਨ੍ਹਾਂ ਉੱਪਰ ਸਾਰੀ ਪੂੰਜੀ ਲੁਟਾ ਰਹੇ ਹੋਣ।

ਇੱਕ ਪੰਜਾਬੀ ਅਖ਼ਬਾਰ ਦੀ ਰਿਪੋਰਟ ਅਨੁਸਾਰ ਲੰਘੇ ਸਾਢੇ ਚਾਰ ਵਰ੍ਹਿਆਂ ਦੌਰਾਨ ਪੰਜਾਬੀਆਂ ਨੇ ਤਕਰੀਬਨ 2500 ਕਰੋੜ ਰੁਪਏ ਖਰਚ ਕੇ ਬੁਲੇਟ ਮੋਟਰਸਾਈਕਲ ਖਰੀਦੇ ਹਨ, ਜਿਸ ਨੇ ਉਨ੍ਹਾਂ ਦੇ ਮਾੜੇ ਆਰਥਕ ਹਾਲਾਤ ਵਿੱਚ ਵੀ ਵਿਖਾਵੇ ਦੀ ਸ਼ਾਹੀ ਠਾਠ ਰੱਖਣ ਦੇ ਮਾੜੇ ਰੁਝਾਨ ਨੂੰ ਉਜਾਗਰ ਕੀਤਾ ਹੈ। ਰਿਪੋਰਟ ਅਨੁਸਾਰ ਔਸਤਨ ਵਿਕਰੀ ਰੋਜ਼ਾਨਾ 119 ਰਹੀ ਹੈ ਤੇ ਇਸ ਖਰੀਦਦਾਰੀ ਵਿੱਚ ਪੰਜਾਬੀ ਕੁੜੀਆਂ ਵੀ ਪਿੱਛੇ ਨਹੀ ਹਨ। ਇਸ ਦਾ ਵੱਡਾ ਕਾਰਨ ਅਜੋਕਾ ਗੀਤ-ਸੰਗੀਤ ਹੈ, ਜਿਸ ਵਿੱਚ ਹਥਿਆਰਾਂ, ਬੁਲੇਟ ਮੋਟਰਸਾਈਕਲਾਂ ਨੂੰ ਵਡਿਆ ਕੇ ਪੇਸ਼ ਕੀਤਾ ਜਾ ਰਿਹਾ ਹੈ। ਸਾਡਾ ਸੂਬਾ ਜਿੱਥੇ ਕਿਸਾਨ-ਮਜ਼ਦੂਰ ਖੁਦਕੁਸ਼ੀਆਂ ਦੇ ਰਾਹ ਪਏ ਹੋਏ ਹਨ, ਆਰਥਿਕਤਾ ਡਗਮਗਾਈ ਹੋਈ ਹੈ, ਉੱਥੇ ਸੂਬੇ ਦੇ ਬਾਸ਼ਿੰਦਿਆਂ ਦੁਆਰਾ ਵਿਖਾਵੇਬਾਜ਼ੀ 'ਚ ਝੁੱਗਾ ਚੌੜ ਕਰਵਾਉਣਾ ਸਮਝਦਾਰੀ ਹਰਗਿਜ਼ ਨਹੀਂ।

ਬੱਚੇ ਦੇ ਜਨਮ ਖਾਸ ਕਰਕੇ ਮੁੰਡੇ ਦੇ ਜਨਮ 'ਤੇ ਰੀਤੀ ਰਿਵਾਜਾਂ ਦੇ ਨਾਂਅ 'ਤੇ ਜਸ਼ਨ ਮਨਾਉਣ ਲਈ ਬਹੁਤ ਖਰਚਾ ਕੀਤਾ ਜਾਂਦਾ ਹੈ। ਮਹਿੰਗੇ ਅਤੇ ਬੇਲੋੜੇ ਤੋਹਫੇ ਦਿੱਤੇ ਲਏ ਜਾਦੇ ਹਨ। ਮੁੰਡਾ ਵੱਡਾ ਹੋ ਕੇ ਭਾਵੇਂ ਨਾਲਾਇਕ ਹੀ ਨਿਕਲੇ, ਪਰ ਉਸ ਦੇ ਮਾਪੇ ਸਮਾਜ 'ਚ ਧੌਂਸ ਰੱਖਣ ਲਈ ਪੈਸਾ ਪਾਣੀ ਵਾਂਗ ਵਹਾ ਦਿੰਦੇ ਹਨ। ਕੁੜੀਆਂ ਦੀ ਲੋਹੜੀ ਦਾ ਰਿਵਾਜ ਚਾਹੇ ਹੁਣ ਪ੍ਰਚੱਲਤ ਹੋ ਰਿਹਾ ਹੈ, ਜੋ ਇੱਕ ਚੰਗੀ ਪਹਿਲ ਹੈ, ਪਰ ਜਸ਼ਨ ਤਾਂ ਅੱਜ ਵੀ ਮੁੰਡਿਆਂ ਦੇ ਜਨਮ 'ਤੇ ਹੀ ਮਨਾਏ ਜਾਂਦੇ ਹਨ। ਅੱਗਿਉਂ ਪੜ੍ਹਾਈ 'ਤੇ ਬਹੁਤ ਖਰਚ ਹੁੰਦਾ ਹੈ, ਅਜੋਕੇ ਜ਼ਿਆਦਾਤਰ ਮਾਪੇ ਆਪਣੇ ਬੱਚਿਆਂ ਨੂੰ ਮਹਿੰਗੇ ਕਾਨਵੈਂਟ ਸਕੂਲਾਂ 'ਚ ਹੀ ਪੜ੍ਹਾਉਣਾ ਪਸੰਦ ਕਰਦੇ ਹਨ, ਜੋ ਅੱਜ ਲੋਕਾਂ ਦਾ 'ਸਟੇਟਸ ਸਿੰਬਲ' ਬਣ ਗਿਆ ਹੈ। ਪਹਿਲਾਂ ਸਾਰੇ ਪਿੰਡ ਦੇ ਬੱਚੇ ਇੱਕ ਹੀ ਸਰਕਾਰੀ ਸਕੂਲ 'ਚ ਪੜ੍ਹਦੇ ਸਨ, ਪਰ ਉਪਭੋਗਤਾਵਾਦੀ ਯੁੱਗ ਅਤੇ ਪੈਸੇ ਦੀ ਪ੍ਰਮੁੱਖਤਾ ਨੇ ਸਭ ਕੁਝ ਬਦਲ ਕੇ ਰੱਖ ਦਿੱਤਾ ਹੈ। ਉਚ-ਨੀਚ ਦਾ ਭੇਦ, ਜੋ ਇਕੱਠੇ ਪੜ੍ਹਨ ਨਾਲ ਮਿਟਣਾ ਸੀ, ਹੁਣ ਉਹ ਵਿਕਰਾਲ ਰੂਪ ਧਾਰਨ ਕਰ ਗਿਆ ਹੈ।

ਸਾਡੇ ਸਮਾਜ 'ਚ ਸਭ ਤੋਂ ਜ਼ਿਆਦਾ ਫਜ਼ੂਲ-ਖਰਚੀ ਵਿਆਹਾਂ 'ਤੇ ਕੀਤੀ ਜਾਦੀ ਹੈ, ਅੱਗੇ ਗੱਲ ਤੋਰਨ ਤੋਂ ਪਹਿਲਾਂ ਪ੍ਰੀ-ਵੈਡਿੰਗ ਬਾਰੇ ਚਰਚਾ ਲਾਜ਼ਮੀ ਹੈ, ਜੋ ਅਜੋਕੇ ਸਮੇ 'ਚ ਅਮੀਰਾਂ ਦਾ ਚੋਜ ਨਾ ਰਹਿ ਕੇ ਆਮ ਲੋਕਾਂ ਨੂੰ ਵੀ ਇਸ ਬਾਬਤ ਸੱਦਾ ਦੇ ਰਿਹਾ ਹੈ। ਨੈਤਿਕਤਾ ਦੀ ਬਲੀ ਦੇ ਕੇ ਸ਼ਾਦੀ ਤੋਂ ਪਹਿਲਾਂ ਹੀ ਮੁੰਡੇ-ਕੁੜੀ ਦੀਆਂ ਸਰੇਆਮ ਜੱਫੀਆਂ ਪਵਾਈਆਂ ਜਾਂਦੀਆਂ ਹਨ। ਇਹ ਚਾਹੇ ਫਿਲਮਾਂ ਜਾਂ ਮੀਡੀਆ ਦੀ ਦੇਣ ਹੈ, ਜੋ ਉੱਥੇ ਸ਼ੋਭਦਾ ਵੀ ਹੋ ਸਕਦਾ ਹੈ, ਪਰ ਅਸਲ ਜ਼ਿੰਦਗੀ 'ਚ ਆਮ ਲੋਕਾਂ ਲਈ ਅਜੇ ਇਹ ਸੌਦਾ ਮਹਿੰਗਾ ਹੈ, ਸਗੋਂ ਇਸ ਨੇ ਤਾਂ ਫਜ਼ੂਲ-ਖਰਚੀ ਨੂੰ ਉਪਜਾਇਆ ਹੈ। ਅਜੋਕੇ ਵਿਆਹਾਂ 'ਚ ਤਾਂ ਦਹੇਜ ਦੇ ਨਾਂਅ 'ਤੇ ਸੌਦੇ ਕੀਤੇ ਜਾਦੇ ਹਨ, ਇਸ ਦੀ ਮੂੰਹ ਬੋਲਦੀ ਤਸਵੀਰ ਸੋਸ਼ਲ ਮੀਡੀਏ 'ਤੇ ਵਾਇਰਲ ਇੱਕ ਆਡੀਓ, ਹੈ ਜਿਸ ਅੰਦਰ ਇੱਕ ਆਦਮੀ ਸਰੇਆਮ ਮੁੰਡਾ ਵਿਆਹੁਣ ਲਈ ਦਹੇਜ 'ਚ ਕੀਤੇ ਸੌਦੇ ਦੀ ਰਕਮ ਆਨੰਦ ਕਾਰਜ ਤੋਂ ਪਹਿਲਾਂ ਲੈਣ ਲਈ ਧਮਕਾ ਰਿਹਾ ਹੈ। ਪੁਰਾਤਨ ਕਾਲ 'ਚ ਦਹੇਜ ਦਾ ਜ਼ਿਕਰ ਮਿਲਦਾ ਹੈ, ਪਰ ਉਦੋਂ ਹੈਸੀਅਤ ਅਨੁਸਾਰ ਸਾਦਾ ਦਹੇਜ ਦਿੱਤਾ ਜਾਦਾ ਸੀ। ਜੰਞ ਦੀ ਆਓ ਭਗਤ ਸਧਾਰਨ ਤਰੀਕੇ ਨਾਲ ਹੁੰਦੀ ਸੀ। ਬਰਾਤੀ ਵੀ ਨੈਤਿਕਤਾ ਦਾ ਪੱਲਾ ਨਹੀਂ ਛੱਡਦੇ ਸਨ ਤੇ ਸਾਦਗੀ ਨਾਲ ਹਰ ਰਸਮ 'ਚ ਸ਼ਾਮਲ ਹੁੰਦੇ ਸਨ। ਅਜੋਕੇ ਸਮੇ ਅੰਦਰ ਬਰਾਤ ਦੀ ਆਓ ਭਗਤ ਬੜੇ ਜੋਸ਼-ਖਰੋਸ਼ ਨਾਲ ਕੀਤੀ ਜਾਦੀ ਹੈ, ਮਹਿੰਗੇ ਖਾਣੇ ਪਰੋਸੇ ਜਾਦੇ ਹਨ, ਬਲਕਿ ਲੜਕੇ ਪਰਵਾਰ ਦੀ ਮੰਗ 'ਤੇ ਮੁਰਗੇ, ਬੱਕਰਿਆਂ ਦੀ ਬਲੀ ਦਿੱਤੀ ਜਾਂਦੀ ਹੈ। ਆਰਕੈਸਟਰਾ ਆਦਿ ਲਗਾ ਕੇ ਨੈਤਿਕਤਾ ਨੂੰ ਛਿੱਕੇ ਟੰਗ ਕੇ ਅੱਧ ਢਕੇ ਜਿਸਮਾਂ ਦੀ ਨੁਮਾਇਸ਼ ਲਗਾਈ ਜਾਂਦੀ ਹੈ। ਸ਼ਰਾਬ, ਕਬਾਬ ਦੇ ਨਸ਼ੇ 'ਚ ਟੱਲੀ ਬਰਾਤੀ ਸੱਜਣ ਉਨ੍ਹਾਂ ਆਰਕੈਸਟਰਾ ਕੁੜੀਆਂ ਨਾਲ ਅਸ਼ਲੀਲ ਹਰਕਤਾਂ ਆਪਣੇ ਪਰਵਾਰਾਂ ਸਾਹਮਣੇ ਕਰਦੇ ਹਨ। ਅਜੋਕਾ ਵਿਆਹ ਪਹਿਲਾਂ ਦੀ ਤਰ੍ਹਾਂ ਦਿਨਾਂ ਦਾ ਨਾ ਹੋਕੇ ਚੰਦ ਘੰਟਿਆਂ 'ਚ ਨਿੱਬੜ ਜਾਦਾਂ ਹੈ ਅਤੇ ਇਹ ਚੰਦ ਘੰਟੇ ਹੀ ਮੇਜ਼ਬਾਨ ਦੀ ਜਾਨ ਸੂਲੀ 'ਤੇ ਟੰਗ ਦਿੰਦੇ ਹਨ।

ਮੈਰਿਜ ਪੈਲਸਾਂ ਦੀ ਆਮਦ 1980 ਤੋਂ ਬਾਅਦ ਹੀ ਹੋਈ ਹੈ, ਜਿਸ ਨੇ ਵਿਆਹਾਂ ਦੀਆਂ ਰਸਮਾਂ ਨੂੰ ਫੁਰਤੀ ਪ੍ਰਦਾਨ ਦਿੱਤੀ ਹੈ ਅਤੇ ਕਾਫੀ ਹੱਦ ਤੱਕ ਬਨਾਵਟੀਪਣ ਵੀ ਲਿਆਂਦਾ ਹੈ। ਲੋਕੀਂ ਸ਼ਗਨ ਦਾ ਲਿਫਾਫਾ ਲੈ ਕੇ ਚੰਦ ਪਲਾਂ ਲਈ ਜਾਂਦੇ ਹਨ ਤੇ ਖਾ-ਪੀ ਕੇ ਵਾਪਸ ਆ ਜਾਂਦੇ ਹਨ। ਭਾਈਚਾਰਕ ਸਾਂਝ ਬਿਲਕੁਲ ਖਤਮ ਹੁੰਦੀ ਜਾਪਦੀ ਹੈ।

ਫਜ਼ੂਲ-ਖਰਚੀ ਦਾ ਸੰਬੰਧ ਸਿਰਫ ਖੁਸ਼ੀ ਨਾਲ ਹੀ ਨਹੀ ਹੈ, ਸਗੋਂ ਗਮੀ ਵਿੱਚ ਵੀ ਫਜ਼ੂਲ-ਖਰਚੀ ਘੱਟ ਨਹੀ ਕੀਤੀ ਜਾਂਦੀ। ਜ਼ਮਾਨਾ ਚਾਹੇ ਬਦਲ ਗਿਆ ਹੈ, ਪਰ ਮਰਨੇ ਆਦਿ ਰਸਮਾਂ 'ਤੇ ਕਾਫੀ ਖਰਚ ਕੀਤਾ ਜਾਂਦਾ ਹੈ। ਬਜ਼ੁਰਗਾਂ ਨੂੰ ਵੱਡਾ ਕਰਨ ਦੇ ਨਾਂਅ 'ਤੇ ਜਲੇਬੀਆਂ ਜਾਂ ਹੋਰ ਪਕਵਾਨਾਂ ਨਾਲ ਲੋਕਾਂ ਦੀ ਖਿਦਮਤ ਕੀਤੀ ਜਾਂਦੀ ਹੈ। ਇਹ ਕੌੜਾ ਸੱਚ ਹੈ ਜਿਸ ਬਜ਼ੁਰਗ ਨੂੰ ਵੱਡਾ ਕੀਤਾ ਜਾਂਦਾ ਹੈ, ਅਕਸਰ ਹੀ ਉਸ ਦੀ ਔਲਾਦ ਨੇ ਉਸ ਨੂੰ ਠੋਕਰਾਂ ਮਾਰੀਆਂ ਹੁੰਦੀਆਂ ਹਨ ਅਤੇ ਸਿਰਫ ਸ਼ਰੀਕੇ 'ਚ ਧੌਂਸ ਰੱਖਣ ਲਈ ਅਜਿਹਾ ਕੀਤਾ ਜਾਂਦਾ ਹੈ। ਜੇਕਰ ਅਜਿਹਾ ਨਾ ਹੁੰਦਾ ਤਾਂ ਅੱਜ ਬਿਰਧ ਆਸ਼ਰਮ ਸਾਡੇ ਸਮਾਜ ਦੇ ਮੱਥੇ 'ਤੇ ਕਲੰਕ ਨਾ ਬਣਦੇ। ਅਜੋਕੇ ਅਗਾਂਹਵਧੂ ਤੇ ਪੜ੍ਹੇ-ਲਿਖੇ ਜ਼ਿਆਦਾਤਰ ਲੋਕਾਂ ਨੇ ਆਪਣੇ ਬਜ਼ੁਰਗਾਂ ਨੂੰ ਘਰ ਤੋਂ ਬਾਹਰ ਦਾ ਰਸਤਾ ਦਿਖਾ ਦਿੱਤਾ ਹੈ। ਆਪਣੇ ਆਪ ਨੂੰ ਪਾਕ ਸਾਫ ਦੱਸਣ ਲਈ ਲੋਕ ਉਨ੍ਹਾਂ ਬਜ਼ੁਰਗਾਂ ਦੇ ਮਰਨੇ 'ਤੇ ਇਹ ਲੋਕ ਫਜ਼ੂਲ-ਖਰਚੀ ਕਰਦੇ ਹਨ। ਆਖਿਰ ਸਮਾਜ ਕਿਸ ਪਾਸੇ ਨੂੰ ਤੁਰ ਪਿਆ ਹੈ। ਇਹ ਸਦੀਵੀ ਸੱਚ ਹੈ ਅਗਰ ਅਸੀਂ ਆਪਣੇ ਮਾਪਿਆਂ ਦਾ ਕਹਿਣਾ ਨਹੀ ਮੰਨਦੇ ਤੇ ਬਣਦਾ ਸਤਿਕਾਰ ਨਹੀ ਦਿੰਦੇ ਤਾਂ ਸਾਨੂੰ ਆਪਣੀ ਆਉਣ ਵਾਲੀ ਪੀੜ੍ਹੀ ਤੋਂ ਸਤਿਕਾਰ ਦੀ ਆਸ ਛੱਡ ਦੇਣੀ ਚਾਹੀਦੀ ਹੈ।

ਇਸ ਵਿਖਾਵੇਬਾਜ਼ੀ ਵਿੱਚ ਪੰਜਾਬੀ ਲੋਕ ਸਭ ਤੋਂ ਅੱਗੇ ਹਨ ਅਤੇ ਸਮਾਜ 'ਚ ਨੱਕ ਰੱਖਣ ਲਈ ਆਪਣੀ ਹੈਸੀਅਤ ਤੋਂ ਕਿਤੇ ਜ਼ਿਆਦਾ ਖਰਚਾ ਕਰਦੇ ਹਨ ਅਤੇ ਜਦ ਮੱਧਵਰਗੀ ਪਰਵਾਰ ਲਈ ਉਸ ਕਰਜ਼ੇ ਦੀ ਅਦਾਇਗੀ ਮੁਸ਼ਕਲ ਬਣਦੀ ਹੈ ਤਾਂ ਖੁਦਕੁਸ਼ੀਆਂ ਦਾ ਪੱਲਾ ਫੜਨਾ ਮਜਬੂਰੀ ਹੋ ਨਿੱਬੜਦੀ ਹੈ।

ਸਾਡੇ ਰੀਤੀ-ਰਿਵਾਜ਼, ਸੰਸਕਾਰ, ਜੋ ਸਾਨੂੰ ਸਾਡੇ ਪੂਰਵਜ਼ਾਂ ਤੋਂ ਮਿਲੇ ਹਨ, ਉਹ ਬੜੇ ਮਹਾਨ ਹਨ, ਜੋ ਸਾਨੂੰ ਭਾਈਚਾਰਕ ਬੰਧਨਾਂ 'ਚ ਬੰਨ੍ਹਦੇ ਹਨ। ਅਜੋਕੇ ਸਮੇਂ ਦੀ ਇਹ ਪੁਰਜ਼ੋਰ ਮੰਗ ਹੈ ਕਿ ਅਸੀ ਆਪਣੇ ਅਖੌਤੀ ਰੀਤੀ ਰਿਵਾਜਾਂ ਦੇ ਉੱਪਰ ਫਜ਼ੂਲ-ਖਰਚੀ ਨੂੰ ਹਰ ਹੀਲੇ ਬੰਦ ਕਰੀਏ।

ਕੌਮੀ ਨਮੂਨਾ ਸਰਵੇਖਣ ਸੰਗਠਨ ਅਨੁਸਾਰ ਦੇਸ਼ ਦੇ 52 ਫੀਸਦੀ ਕਿਸਾਨ ਕਰਜ਼ਾਈ ਹਨ ਅਤੇ ਪੰਜਾਬ ਦੇ 53 ਫੀਸਦੀ ਕਿਸਾਨ ਕਰਜ਼ੇ ਦੇ ਬੋਝ ਹੇਠਾਂ ਦੱਬੇ ਹੋਏ ਹਨ। ਇੱਕ ਤਾਜ਼ਾ ਸਰਵੇਖਣ ਅਨੁਸਾਰ ਪੰਜਾਬ ਦੇ 10.53 ਲੱਖ ਲੋਕਾਂ 'ਚੋਂ 89 ਫੀਸਦੀ ਲੋਕ ਕਰਜ਼ਾਈ ਹਨ ਅਤੇ ਹਰ ਪਿੰਡ ਵਾਸੀ ਦੇ ਸਿਰ ਅੱਠ ਲੱਖ ਦਾ ਕਰਜ਼ਾ ਹੈ। ਇਸ ਵੇਲੇ ਪੰਜਾਬ ਦੇ ਕਿਸਾਨਾਂ ਸਿਰ 80000 ਕਰੋੜ ਰੁਪਏ ਹੈ, ਜੋ 2009-10 ਵਿੱਚ 35000 ਕਰੋੜ ਰੁਪਏ ਸੀ।

ਸਰਵੇਖਣ 'ਚ ਇਹ ਗੱਲ ਵੀ ਸਾਹਮਣੇ ਆਈ ਹੈ ਕਿ ਖੁਦਕੁਸ਼ੀ ਕਰਨ ਵਾਲੇ 79 ਫ਼ੀਸਦੀ ਕਿਸਾਨ ਪੰਜ ਏਕੜ ਤੋਂ ਵੀ ਘੱਟ ਜ਼ਮੀਨ ਦੇ ਮਾਲਕ ਹਨ ਅਤੇ ਇਹ ਖੁਦਕੁਸ਼ੀਆਂ ਬੇਤਹਾਸ਼ਾ ਕਰਜ਼ੇ ਕਾਰਨ ਹੋਈਆਂ ਹਨ। ਸੂਬੇ ਦੇ 74 ਫ਼ੀਸਦੀ ਕਿਸਾਨਾਂ ਅਤੇ 58.6 ਫ਼ੀਸਦੀ ਮਜ਼ਦੂਰਾਂ ਨੇ ਖੁਦਕੁਸ਼ੀ ਕਰਜ਼ੇ ਕਾਰਨ ਕੀਤੀ ਹੈ। ਸਮਾਜ 'ਚ ਹੋਈ ਉੱਥਲ-ਪੁੱਥਲ ਨੂੰ ਠੱਲ੍ਹ ਪਾਉਣ ਲਈ ਸਾਨੂੰ ਅਖੌਤੀ ਰੀਤੀ-ਰਿਵਾਜ਼ ਤਿਆਗਣੇ ਪੈਣਗੇ। ਫਜ਼ੂਲ-ਖਰਚੀ ਨੂੰ ਬੰਦ ਕਰਕੇ ਇਸ ਪੈਸੇ ਦਾ ਸਾਰਥਿਕ ਉਪਯੋਗ ਕੀਤਾ ਜਾਵੇ। ਦੇਸ਼ ਦੇ 21 ਕਰੋੜ ਲੋਕ ਭੁੱਖਮਰੀ ਦਾ ਸ਼ਿਕਾਰ ਹਨ ਤੇ ਮੁਲਕ ਦੇ 40 ਫ਼ੀਸਦੀ ਬੱਚੇ ਕੁਪੋਸ਼ਿਤ ਹਨ। ਗ਼ਰੀਬੀ ਕਾਰਨ ਸਾਡੇ ਦੇਸ਼ ਦੇ 1.40 ਕਰੋੜ ਲੋਕ ਬੰਧੂਆ ਵਰਗੀ ਗ਼ੁਲਾਮੀ ਦਾ ਜੀਵਨ ਬਿਤਾ ਰਹੇ ਹਨ। ਗਰੀਬੀ ਕਾਰਨ ਲਾਇਕ ਬੱਚੇ ਪੜ੍ਹਾਈ ਛੱਡਣ ਲਈ ਮਜਬੂਰ ਹਨ। ਇਨ੍ਹਾਂ ਲੋਕਾਂ ਦੀ ਮਦਦ ਕਰਕੇ ਪੈਸੇ ਦੀ ਵਰਤੋਂ ਸਾਰਥਿਕ ਹੋ ਸਕਦੀ ਹੈ। ਸਰਦੀ, ਬੀਮਾਰੀਆਂ ਕਾਰਨ ਹਰ ਰੋਜ ਸਾਡੇ ਨੇੜੇ-ਤੇੜੇ ਕਿੰਨੇ ਲੋਕ ਮਰਦੇ ਹਨ, ਪਰ ਫਿਰ ਵੀ ਸਾਡੀ ਇਨਸਾਨੀਅਤ ਨਹੀ ਜਾਗਦੀ। ਸੋ ਇਹ ਜਰੂਰੀ ਹੈ ਕਿ ਰੀਤੀ-ਰਿਵਾਜਾਂ ਦੇ ਨਾਂਅ 'ਤੇ ਜੋ ਫਜ਼ੂਲ-ਖਰਚੀ ਹੋ ਰਹੀ ਹੈ, ਉਸ ਨੂੰ ਸਮਾਜ ਬੰਦ ਕਰੇ।

***#ਸੰਪਰਕ: 95173-96001***

24-APRIL-PAGE-5.qxd 4/23/2023 9:38 PM Page 1



# ਵਿਗਿਆਨਕ ਸੋਚ 'ਤੇ ਅਧਾਰਤ ਸਮਾਜਵਾਦ ਹੀ ਮਨੁੱਖ ਦੀ ਲੁੱਟ ਦਾ ਇੱਕੋ-ਇੱਕ ਹੱਲ : ਡਾ. ਮਿੱਤਰਾ

**ਲੈਨਿਨ ਦੇ ਜਨਮ ਦਿਨ ਤੇ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਵਿਚਾਰ-ਗੋਸ਼ਟੀ**

**ਲੁਧਿਆਣਾ (ਐੱਮ. ਐੱਸ. ਭਾਟੀਆ)**

ਇੱਥੇ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਲੈਨਿਨ ਦੇ ਜਨਮ ਦਿਨ 'ਤੇ ਸਮਾਜ ਨੂੰ ਉਨ੍ਹਾਂ ਦੀ ਦੇਣ ਨੂੰ ਯਾਦ ਕਰਨ ਲਈ ਇੱਕ ਵਿਚਾਰ ਗੋਸ਼ਟੀ ਦਾ ਆਯੋਜਨ ਕੀਤਾ ਗਿਆ। ਇਸ ਗੋਸ਼ਟੀ ਨੂੰ ਸੰਬੋਧਨ ਕਰਦਿਆਂ ਮੁੱਖ ਬੁਲਾਰੇ ਤੇ ਪਾਰਟੀ ਦੀ ਕੌਮੀ ਕੌਂਸਲ ਦੇ ਮੈਂਬਰ ਡਾਕਟਰ ਅਰੁਣ ਮਿੱਤਰਾ ਨੇ ਕਿਹਾ ਕਿ ਲੈਨਿਨ ਦੀ ਬਹੁਤ ਵੱਡੀ ਦੇਣ ਸੀ ਕਿ ਉਸ ਨੇ ਲੋਕਾਂ ਨੂੰ ਜਥੇਬੰਦ ਕਰਕੇ ਜ਼ਾਰਸ਼ਾਹੀ ਦੇ ਖਿਲਾਫ ਬੇਕਿਰਕ ਲੜਾਈ ਦਿੱਤੀ ਅਤੇ ਉਪਰੰਤ ਸਮਾਜਵਾਦੀ ਰਾਜ ਪ੍ਰਬੰਧ ਸਥਾਪਤ ਕੀਤਾ। ਇਸ ਸਮਾਜਵਾਦੀ ਪ੍ਰਬੰਧ ਵਿੱਚ ਲੋਕਾਂ ਨੂੰ ਸਿਹਤ ਤੇ ਸਿੱਖਿਆ ਮੁਫਤ ਤੇ ਯਕੀਨੀ ਬਣਾਈ ਗਈ ਅਤੇ ਰੁਜ਼ਗਾਰ ਦੀ ਗੰਟੀ ਕੀਤੀ ਗਈ। ਬੱਚਿਆਂ, ਇਸਤਰੀਆਂ ਤੇ ਬਜ਼ੁਰਗਾਂ ਲਈ ਵਿਸ਼ੇਸ਼ ਕਾਨੂੰਨ ਬਣਾਏ ਗਏ। ਕਾਮਿਆਂ ਦੇ ਹੱਕਾਂ ਦੀ ਰਾਖੀ ਯਕੀਨੀ ਬਣਾਈ ਗਈ। ਕਾਸ਼ਤਕਾਰ ਨੂੰ ਜ਼ਮੀਨ ਮਿਲੇ, ਇਸ ਗੱਲ ਨੂੰ ਲਾਗੂ ਕੀਤਾ ਗਿਆ। ਇਸ ਤੋਂ ਇਲਾਵਾ ਲੈਨਿਨ ਨੇ ਵਿਗਿਆਨਕ ਦ੍ਰਿਸ਼ਟੀਕੋਣ ਅਪਣਾਉਣ 'ਤੇ ਪੂਰਾ ਜ਼ੋਰ ਦਿੱਤਾ। ਕਾਰਲ ਮਾਰਕਸ ਦੇ ਵਿਚਾਰਾਂ ਨੂੰ ਲਾਗੂ ਕਰਕੇ ਇਹ ਦਿਖਾ ਦਿੱਤਾ ਕਿ ਸਮਾਜਵਾਦ ਅਸਲੀਅਤ ਹੈ ਤੇ ਸਰਮਾਏਦਾਰੀ ਨਿਜ਼ਾਮ ਫੇਲ੍ਹ ਹੋ ਚੁੱਕਾ ਹੈ ਇਸ ਲਈ ਇਕੋ ਇੱਕ ਹੱਲ ਹੈ। ਸਰਮਾਏਦਾਰੀ ਬਸਤੀਵਾਦੀ ਰਾਜ ਪ੍ਰਬੰਧ ਨੂੰ ਜਨਮ ਦਿੰਦੀ ਹੈ ਤੇ ਫਾਸ਼ੀਵਾਦ ਵੀ ਉਹਦੇ ਵਿੱਚੋਂ ਨਿਕਲਦਾ ਹੈ। ਲੈਨਿਨ ਨੇ ਪਹਿਲੇ ਵਿਸ਼ਵ ਯੁੱਧ ਨੂੰ ਸਰਮਾਏਦਾਰਾਂ ਦੀ ਆਪਸੀ ਮੰਡੀਆਂ ਦੀ ਲੜਾਈ ਗਰਦਾਨਿਆ। ਦੂਜੇ ਵਿਸ਼ਵ ਯੁੱਧ ਵਿੱਚ ਫਾਸ਼ੀਵਾਦੀ ਹਿਟਲਰ ਨੂੰ ਸੋਵੀਅਤ ਯੂਨੀਅਨ ਨੇ ਹਰਾਇਆ ਸੀ। ਇਹ ਲੈਨਿਨ ਵੱਲੋਂ ਦਿੱਤੇ ਗਏ ਸਿਧਾਂਤ ਨੂੰ ਲਾਗੂ ਕਰਨ ਦਾ ਹੀ ਇੱਕ ਨਤੀਜਾ ਸੀ। ਉਨ੍ਹਾਂ ਕਿਹਾ ਕਿ ਸਾਨੂੰ ਸਿਧਾਂਤਕ ਸਕੂਲ ਵਾਰ-ਵਾਰ ਲਗਾਉਣੇ ਪੈਣਗੇ ਤਾਂ ਜੋ ਕਾਮਰੇਡਾਂ ਨੂੰ ਪਰਿਪੱਕ ਕੀਤਾ ਜਾ ਸਕੇ ਤੇ ਉਹ ਮੌਜੂਦਾ ਫਾਸ਼ੀਵਾਦੀ ਸਰਕਾਰ ਦੀ ਵਿਚਾਰਧਾਰਾ ਦਾ ਮੁਕਾਬਲਾ ਕਰਨ ਲਈ ਤਿਆਰ ਹੋਣ। ਲੈਨਿਨ ਦੇ ਦਿਖਾਏ ਰਸਤੇ ਮੁਤਾਬਿਕ ਰਾਜਨੀਤਕ ਰਣਨੀਤੀ ਤੈਅ ਕਰਨੀ ਪਏਗੀ, ਜਿਵੇਂ ਕਿ ਫਾਸ਼ੀਵਾਦੀ ਤਾਕਤਾਂ ਨੂੰ ਹਟਾਉਣ ਲਈ ਧਰਮ-ਨਿਰਪੱਖ ਤੇ ਲੋਕਤਾਂਤ੍ਰਿਕ ਸ਼ਕਤੀਆਂ ਨਾਲ ਮਿਲ ਕੇ ਅੱਗੇ ਵਧਿਆ ਜਾਏ। ਅਜੋਕੇ ਸਮੇਂ ਵਿੱਚ ਮੋਦੀ ਸਰਕਾਰ ਵੱਲੋਂ ਜਿਸ ਕਿਸਮ ਦਾ ਅੱਤਿਆਚਾਰਕ ਢਾਂਚਾ ਅਪਣਾਇਆ ਗਿਆ ਹੈ, ਉਸ ਖਿਲਾਫ ਕਾਮਰੇਡਾਂ ਨੂੰ ਤਿਆਰ ਰਹਿਣਾ ਪਏਗਾ। ਸਰਕਾਰ ਵੱਲੋਂ ਸਿੱਖਿਆ ਨੀਤੀ 'ਤੇ ਹੋ ਰਹੇ ਵਾਰ ਨੂੰ ਸਮਝਣ ਲਈ ਕਾਮਰੇਡਾਂ ਨੂੰ ਸਿਧਾਂਤਕ ਸਿੱਖਿਆ ਦੇਣ ਲਈ ਪ੍ਰੇਰਣਾ ਦਿੱਤੀ। ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਡੀ ਪੀ ਮੌੜ, ਪਾਰਟੀ ਦੇ ਸ਼ਹਿਰੀ ਸਕੱਤਰ ਐੱਮ. ਐੱਸ. ਭਾਟੀਆ, ਸਹਾਇਕ ਸਕੱਤਰ ਚਮਕੌਰ ਸਿੰਘ, ਅਧਿਆਪਕ ਆਗੂ ਕਾਮਰੇਡ ਚਰਨ ਸਿੰਘ ਸਰਾਭਾ ਸੰਬੋਧਨ ਕਰਨ ਵਾਲਿਆਂ ਵਿੱਚ ਸ਼ਾਮਲ ਸਨ। ਕਾਮਰੇਡ ਅਜੀਤ ਜਵੱਦੀ ਨੇ ਲੈਨਿਨ ਦੇ ਬਚਪਨ ਤੋਂ ਲੈ ਕੇ ਵੱਡੇ ਹੋਣ ਤੱਕ ਦੇ ਜੀਵਨ ਤੇ ਚਾਨਣਾ ਪਾਇਆ। ਇਨ੍ਹਾਂ ਤੋਂ ਇਲਾਵਾ ਵਿਚਾਰ ਗੋਸ਼ਟੀ ਵਿੱਚ ਹਿੱਸਾ ਲੈਣ ਵਾਲਿਆਂ 'ਚ ਕਾਮਰੇਡ ਗੁਰਮੇਲ ਮੈਲਡੇ, ਕਾਮਰੇਡ ਸੋਭਨ ਸਿੰਘ, ਰਣਧੀਰ ਸਿੰਘ ਧੀਰਾ ਤੇ ਮਲਕੀਤ ਮਾਲੜਾ ਸ਼ਾਮਲ ਸਨ। ਕਾਮਰੇਡ ਕੇਵਲ ਸਿੰਘ ਬਨਵੈਤ ਨੇ ਇਸ ਸਮਾਗਮ ਦੀ ਪ੍ਰਧਾਨਗੀ ਕੀਤੀ ਤੇ ਅੰਤ ਵਿੱਚ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।

# ਬਲਕਾਰ ਸਿੰਘ ਦੇ ਕਤਲ ਮਾਮਲੇ ਨੂੰ ਲੈ ਕੇ ਨੈਸ਼ਨਲ ਹਾਈਵੇ ਜਾਮ

**ਪੁਲਸ 'ਤੇ ਦੋਸ਼ੀਆਂ ਨੂੰ ਬਚਾਉਣ ਦੇ ਦੋਸ਼**

**ਬਰੇਟਾ (ਰੀਤਵਾਲ)**-ਸਿਰਸੀਵਾਲਾ ਦੇ ਬਲਕਾਰ ਸਿੰਘ ਦੇ ਕਤਲ ਮਾਮਲੇ 'ਚ ਦੋਸ਼ੀਆਂ ਨੂੰ ਬਚਾਉਣ ਦਾ ਪੁਲਸ 'ਤੇ ਦੋਸ਼ ਲਾਉਂਦਿਆਂ ਸ਼ਨੀਵਾਰ ਬਰੇਟਾ-ਬੁਢਲਾਡਾ ਹਾਈਵੇ 'ਤੇ ਸਿਰਸੀਵਾਲਾ ਦੇ ਲੋਕਾਂ ਵੱਲੋਂ ਧਰਨਾ ਲਗਾ ਕੇ ਪੁਲਸ ਖਿਲਾਫ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਧਰਨੇ ਨੂੰ ਸੰਬੋਧਨ ਕਰਦਿਆਂ ਮਜ਼ਦੂਰ ਮੁਕਤੀ ਮੋਰਚਾ ਦੇ ਨਿੱਕਾ ਸਿੰਘ ਨੇ ਦੱਸਿਆ ਕਿ ਪਿੰਡ ਸਿਰਸੀਵਾਲੇ ਦਾ ਮ੍ਰਿਤਕ ਨੌਜਵਾਨ ਬਲਕਾਰ ਸਿੰਘ ਦੀ ਵਿਧਵਾ ਭਰਜਾਈ ਦੇ ਪਿੰਡ ਦੇ ਰਹਿਣ ਵਾਲੇ ਇੱਕ ਵਿਅਕਤੀ ਰਾਏ ਸਿੰਘ ਨਾਲ ਨਾਜਾਇਜ਼ ਸਬੰਧ ਸਨ, ਜਿਸ ਕਰਕੇ 2 ਅਪ੍ਰੈਲ ਨੂੰ ਰਾਏ ਸਿੰਘ ਨੇ ਬਲਕਾਰ ਸਿੰਘ ਨੂੰ ਬਹਾਨੇ ਨਾਲ ਖਨੌਰੀ ਲੈ ਗਿਆ ਸੀ, ਜਿੱਥੇ ਉਸ ਦਾ ਕਤਲ ਕਰਕੇ ਲਾਸ਼ ਨੂੰ ਨਹਿਰ ਵਿੱਚ ਸੁੱਟ ਦਿੱਤਾ। ਆਗੂਆਂ ਨੇ ਦੋਸ਼ ਲਾਇਆ ਕਿ ਇਸ ਮਾਮਲੇ ਵਿੱਚ ਪੁਲਸ ਵੱਲੋਂ ਦੋਸ਼ੀ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਗਈ ਹੈ। ਉਨ੍ਹਾ ਕਿਹਾ ਕਿ ਪਿੰਡ ਦੇ ਵਿੱਚ ਦੋਸ਼ੀਆਂ ਦਾ ਸਾਥ ਦੇਣ ਵਾਲਿਆਂ ਖਿਲਾਫ ਵੀ ਸਖਤ ਕਾਰਵਾਈ ਕੀਤੀ ਜਾਵੇ। ਜੇਕਰ ਅਜਿਹਾ ਨਾ ਕੀਤਾ ਗਿਆ ਤਾਂ 5 ਦਿਨਾਂ ਬਾਅਦ ਥਾਣੇ ਦਾ ਘਿਰਾਓ ਕੀਤਾ ਜਾਵੇਗਾ। ਇਸ ਤੋਂ ਇਲਾਵਾ ਕੇਸ ਵਿੱਚ ਐੱਸ ਸੀ, ਐੱਸ ਟੀ ਐਕਟ ਲਾਗੂ ਕੀਤਾ ਜਾਵੇ, ਉਸ ਦੀ ਪਤਨੀ ਨੂੰ ਸਰਕਾਰੀ ਨੌਕਰੀ ਤੇ ਉੱਚਿਤ ਮੁਆਵਜ਼ਾ ਦਿੱਤਾ ਜਾਵੇ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਦੇ ਆਗੂ ਹਰਭਗਵਾਨ ਸਿੰਘ, ਤੇਜਾ ਸਿੰਘ, ਜੋਗਿੰਦਰ ਸਿੰਘ, ਰਾਮਫਲ ਸਿੰਘ, ਗੁਰਜੰਟ ਸਿੰਘ, ਊਧਮ ਸਿੰਘ ਤੋਂ ਇਲਾਵਾ ਪਿੰਡ ਨਿਵਾਸੀ ਹਾਜ਼ਰ ਸਨ। ਇਸ ਸਬੰਧੀ ਥਾਣਾ ਮੁਖੀ ਗੁਰਦਰਸ਼ਨ ਸਿੰਘ ਬਰੇਟਾ ਨਾਲ ਸੰਪਰਕ ਕਰਨ 'ਤੇ ਉਨ੍ਹਾ ਕਿਹਾ ਕਿ ਪੁਲਸ ਵੱਲੋਂ ਜੋ ਵੀ ਕਾਰਵਾਈ ਕੀਤੀ ਗਈ ਹੈ, ਉਹ ਸਾਰੀ ਬਿਨਾਂ ਕਿਸੇ ਦਾ ਪੱਖ ਪੂਰਦੇ ਹੋਏ ਕਾਨੂੰਨੀ ਤੌਰ 'ਤੇ ਕੀਤੀ ਗਈ ਹੈ।

# ਵਿਆਹੁਤਾ ਨੇ ਕੀਤੀ ਖ਼ੁਦਕੁਸ਼ੀ, ਪਤੀ ਤੇ ਸਹੁਰਾ ਗ੍ਰਿਫ਼ਤਾਰ

ਮ੍ਰਿਤਕਾ ਦਾ ਪਿਤਾ ਤੇ ਰਿਸ਼ਤੇਦਾਰ ਪੱਤਰਕਾਰਾਂ ਨੂੰ ਘਟਨਾ ਦੀ ਜਾਣਕਾਰੀ ਦਿੰਦੇ ਹੋਏ।

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਪਿੰਡ ਭਮਾਰਸੀ ਬੁਲੰਦ ਵਿਖੇ ਇੱਕ 35 ਸਾਲਾ ਵਿਆਹੁਤਾ ਔਰਤ ਸੁਮਨਜੀਤ ਕੌਰ ਵੱਲੋਂ ਸਹੁਰੇ ਘਰ 'ਚ ਚੁੰਨੀ ਨਾਲ ਫਾਹਾ ਲੈ ਕੇ ਖ਼ੁਦਕੁਸ਼ੀ ਕਰ ਲੈਣ ਦਾ ਸਮਾਚਾਰ ਹੈ। ਪੁਲਸ ਨੂੰ ਦਿੱਤੇ ਬਿਆਨਾਂ 'ਚ ਪ੍ਰੀਤਮ ਸਿੰਘ ਵਾਸੀ ਪਿੰਡ ਜੱਸੜਾਂ ਨੇ ਦੱਸਿਆ ਕਿ ਉਸ ਦੀ ਲੜਕੀ ਸੁਮਨਜੀਤ ਕੌਰ ਦਾ ਵਿਆਹ ਜਗਵੀਰ ਸਿੰਘ ਵਾਸੀ ਪਿੰਡ ਸੁਹਾਗਹੇੜੀ ਹਾਲ ਵਾਸੀ ਪਿੰਡ ਭਮਾਰਸੀ ਬੁਲੰਦ ਨਾਲ ਦਸੰਬਰ 2012 'ਚ ਹੋਇਆ ਸੀ, ਜਿਸ 'ਤੇ ਉਸ ਵੱਲੋਂ 50 ਲੱਖ ਰੁਪਏ ਦੇ ਕਰੀਬ ਰਕਮ ਖਰਚੀ ਗਈ ਸੀ।

ਪ੍ਰੀਤਮ ਸਿੰਘ ਨੇ ਦੱਸਿਆ ਕਿ ਉਸ ਦਾ ਜਵਾਈ ਜਗਵੀਰ ਸਿੰਘ ਨਸ਼ੇ ਕਰਨ ਦਾ ਆਦੀ ਹੈ, ਜੋ ਅਕਸਰ ਹੀ ਉਸ ਦੀ ਲੜਕੀ ਸੁਮਨਜੀਤ ਕੌਰ ਦੀ ਕੁੱਟਮਾਰ ਕਰਦਾ ਰਹਿੰਦਾ ਸੀ ਤੇ ਇਸ ਕੰਮ 'ਚ ਜਗਵੀਰ ਸਿੰਘ ਦੇ ਮਾਤਾ-ਪਿਤਾ ਵੀ ਉਸ ਦਾ ਸਾਥ ਦਿੰਦੇ ਸਨ, ਜਿਨ੍ਹਾਂ ਨੂੰ ਮੋਹਤਵਰਾਂ ਦੀ ਹਾਜ਼ਰੀ 'ਚ ਕਈ ਵਾਰ ਸਮਝਾਇਆ ਵੀ ਗਿਆ।

ਸ਼ਿਕਾਇਤਕਰਤਾ ਨੇ ਦੱਸਿਆ ਕਿ ਬੀਤੇ ਕੱਲ੍ਹ ਸਵੇਰੇ ਕਰੀਬ ਸਾਢੇ ਕੁ ਨੌਂ ਵਜੇ ਉਸ ਦੀ ਲੜਕੀ ਸੁਮਨਜੀਤ ਕੌਰ ਨੇ ਉਸ ਨੂੰ ਫੋਨ ਕਰਕੇ ਦੱਸਿਆ ਕਿ ਮੈਂ ਆਪਣੇ ਪਤੀ, ਸੱਸ ਤੇ ਸਹੁਰੇ ਤੋਂ ਬਹੁਤ ਤੰਗ ਪ੍ਰੇਸ਼ਾਨ ਹੋ ਚੁੱਕੀ ਹਾਂ, ਤੁਸੀਂ ਮੈਨੂੰ ਹੁਣੇ ਆ ਕੇ ਲੈ ਜਾਓ ਨਹੀਂ ਤਾਂ ਮੈਂ ਇਨ੍ਹਾਂ ਤੋਂ ਦੁਖੀ ਹੋ ਕੇ ਆਪਣੀ ਜੀਵਨ ਲੀਲ੍ਹਾ ਸਮਾਪਤ ਕਰ ਲਵਾਂਗੀ, ਜਿਸ ਤੋਂ ਕੁਝ ਚਿਰ ਬਾਅਦ ਉਸ ਦੇ ਜਵਾਈ ਜਗਵੀਰ ਸਿੰਘ ਨੇ ਫੋਨ ਕਰਕੇ ਕਿਹਾ ਕਿ ਤੁਸੀਂ ਸਾਡੇ ਘਰ ਨਾ ਆਇਓ ਮੈਂ ਆਪੇ ਹੀ ਸਭ ਕੁਝ ਦੇਖ ਲਵਾਂਗਾ, ਜਿਸ ਤੋਂ ਬਾਅਦ ਦੁਪਹਿਰ ਡੇਢ ਕੁ ਵਜੇ ਕੁਝ ਮੋਹਤਵਰ ਵਿਅਕਤੀਆਂ ਨੂੰ ਨਾਲ ਲੈ ਕੇ ਜਦੋਂ ਉਹ ਆਪਣੀ ਲੜਕੀ ਦੇ ਸਹੁਰੇ ਘਰ ਪੁੱਜਾ ਤਾਂ ਸੁਮਨਜੀਤ ਕੌਰ ਬੈੱਡ 'ਤੇ ਲੰਮੀ ਪਈ ਸੀ ਤੇ ਉਸ ਦੇ ਗਲ 'ਚ ਚੁੰਨੀ ਲਿਪਟੀ ਹੋਈ ਸੀ।

ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਉਸ ਦੀ ਧੀ ਨੇ ਆਪਣੇ ਪਤੀ, ਸੱਸ ਤੇ ਸਹੁਰੇ ਤੋਂ ਤੰਗ ਆ ਕੇ ਆਤਮਹੱਤਿਆ ਕੀਤੀ ਹੈ। ਘਟਨਾ ਦੀ ਸੂਚਨਾ ਮਿਲਣ 'ਤੇ ਥਾਣਾ ਸਰਹਿੰਦ ਦੀ ਪੁਲਸ ਨੇ ਸੁਮਨਜੀਤ ਕੌਰ ਦੀ ਲਾਸ਼ ਨੂੰ ਕਬਜ਼ੇ 'ਚ ਲੈਂਦੇ ਹੋਏ ਪ੍ਰੀਤਮ ਸਿੰਘ ਦੇ ਬਿਆਨਾਂ 'ਤੇ ਜਗਵੀਰ ਸਿੰਘ (ਪਤੀ), ਚਰਨਜੀਤ ਕੌਰ (ਸੱਸ), ਕਰਮਿੰਦਰ ਸਿੰਘ (ਸਹੁਰੇ) ਵਾਸੀਆਨ ਪਿੰਡ ਭਮਾਰਸੀ ਬੁਲੰਦ ਨੂੰ ਅ/ਧ 306,34 ਆਈ.ਪੀ.ਸੀ. ਤਹਿਤ ਮੁਕੱਦਮੇ 'ਚ ਨਾਮਜ਼ਦ ਕਰਦਿਆਂ ਜਗਵੀਰ ਸਿੰਘ ਤੇ ਕਰਮਿੰਦਰ ਸਿੰਘ ਨੂੰ ਹਿਰਾਸਤ 'ਚ ਲੈ ਕੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।

# ਲੁਟੇਰੇ ਲੋਹਾ ਵਪਾਰੀ ਤੋਂ 40 ਲੱਖ ਦੀ ਨਕਦੀ ਲੁੱਟ ਕੇ ਫਰਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਉਦਯੋਗਿਕ ਨਗਰੀ ਮੰਡੀ ਗੋਬਿੰਦਗੜ੍ਹ ਦੇ ਇੱਕ ਲੋਹਾ ਵਪਾਰੀ ਦੇ ਦਫਤਰ ਨੂੰ ਦਿਨ-ਦਿਹਾੜੇ ਨਿਸ਼ਾਨਾ ਬਣਾਉਂਦਿਆਂ ਮੋਟਰਸਾਈਕਲ ਸਵਾਰ ਵਿਅਕਤੀਆਂ ਵੱਲੋਂ ਕਰੀਬ 40 ਲੱਖ ਰੁਪਏ ਦੀ ਨਕਦੀ ਲੁੱਟ ਲੈ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸ਼ਨੀਵਾਰ ਦੁਪਹਿਰ ਸਾਢੇ ਕੁ ਤਿੰਨ ਵਜੇ ਦੇ ਕਰੀਬ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ ਤਿੰਨ ਵਿਅਕਤੀ ਮੰਡੀ ਗੋਬਿੰਦਗੜ੍ਹ ਦੇ ਸੁਭਾਸ਼ ਨਗਰ ਇਲਾਕੇ 'ਚ ਪੈਂਦੇ ਕ੍ਰਿਸ਼ਨਾ ਅਲਾਇਜ਼ ਨਾਮਕ ਫਰਮ ਦੇ ਦਫਤਰ ਅੰਦਰ ਦਾਖਲ ਹੋਏ, ਜੋ ਕਿ ਅਸਲੇ ਦੀ ਨੋਕ 'ਤੇ ਦਫਤਰ 'ਚ ਮੌਜੂਦ ਕਰਮਚਾਰੀਆਂ ਨੂੰ ਧਮਕਾ ਕੇ ਉੱਥੇ ਪਈ 40 ਲੱਖ ਰੁਪਏ ਦੇ ਕਰੀਬ ਨਕਦੀ ਖੋਹਣ ਉਪਰੰਤ ਜਾਂਦੇ ਹੋਏ ਦਫਤਰ 'ਚ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਡੀ.ਵੀ.ਆਰ. ਵੀ ਨਾਲ ਲੈ ਗਏ। ਇਸ ਵਾਰਦਾਤ ਨੂੰ ਅੰਜ਼ਾਮ ਦੇਣ ਆਏ ਵਿਅਕਤੀਆਂ ਦੀ ਕਿਸੇ ਹੋਰ ਇਲਾਕੇ ਨਾਲ ਸਬੰਧਤ ਹੋਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ, ਕਿਉਂਕਿ ਉਨ੍ਹਾਂ ਵੱਲੋਂ ਮੂੰਹ ਵਗੈਰਾ ਢਕ ਕੇ ਆਪਣੀ ਪਹਿਚਾਣ ਲੁਕਾਉਣ ਦੀ ਕੋਸ਼ਿਸ਼ ਨਹੀਂ ਕੀਤੀ ਗਈ, ਜਿਨ੍ਹਾਂ ਦੀਆਂ ਤਸਵੀਰਾਂ ਆਲੇ-ਦੁਆਲੇ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ 'ਚ ਸਾਫ ਦਿਖਾਈ ਦੇ ਰਹੀਆਂ ਹਨ, ਜੋ ਕਿ ਵਾਰਦਾਤ ਨੂੰ ਅੰਜ਼ਾਮ ਦੇਣ ਤੋਂ ਬਾਅਦ ਇੱਕੋ ਮੋਟਰਸਾਈਕਲ 'ਤੇ ਬੈਠ ਕੇ ਜਾਂਦੇ ਹੋਏ ਦਿਖਾਈ ਦੇ ਰਹੇ ਹਨ। ਘਟਨਾ ਸਥਾਨ 'ਤੇ ਪਹੁੰਚੇ ਜ਼ਿਲ੍ਹਾ ਪੁਲਸ ਮੁਖੀ ਡਾ. ਰਵਜੋਤ ਗਰੇਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੁਲਸ ਦੀਆਂ ਵੱਖ-ਵੱਖ ਟੀਮਾਂ ਇਸ ਵਾਰਦਾਤ ਨੂੰ ਸੁਲਝਾਉਣ 'ਚ ਲੱਗੀਆਂ ਹੋਈਆਂ ਹਨ ਤੇ ਦੋਸ਼ੀਆਂ ਨੂੰ ਜਲਦ ਹੀ ਕਾਬੂ ਕਰ ਲਿਆ ਜਾਵੇਗਾ। ਸੂਤਰਾਂ ਵੱਲੋਂ ਲੁੱਟ ਦੀ ਰਕਮ 40 ਲੱਖ ਰੁਪਏ ਤੋਂ ਵੱਧ ਦੱਸੀ ਜਾ ਰਹੀ ਹੈ।

# ਕਰਜ਼ੇ ਤੋਂ ਤੰਗ ਆ ਕੇ ਕਿਸਾਨ ਨੇ ਕੀਤੀ ਆਤਮ ਹੱਤਿਆ

**ਜ਼ੀਰਾ (ਪਰਮਜੀਤ ਸਿੰਘ ਧੰਜੂ)**-ਕਰਜ਼ੇ ਦੀ ਮਾਰ ਤੇ

ਸਰਕਾਰ ਦੀਆਂ ਮਾਰੂ ਨੀਤੀਆਂ ਕਰਕੇ ਇੱਕ ਕਿਸਾਨ ਵੱਲੋਂ ਆਤਮ ਹੱਤਿਆ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ (ਡਕੌਂਦਾ) ਦੇ ਬਲਾਕ ਪ੍ਰਧਾਨ ਪਰਨੀਤ ਸਿੰਘ ਭੜਾਣਾ, ਇਕਾਈ ਪ੍ਰਧਾਨ ਹਰਵਿੰਦਰ ਸਿੰਘ ਨੇ ਦੱਸਿਆ ਕਿ ਸੁਲੱਖਣ ਸਿੰਘ (52) ਪੁੱਤਰ ਪਿਆਰਾ ਸਿੰਘ ਵਾਸੀ ਕੋਠੇ ਸਰੈਣ ਸਿੰਘ ਬੌੜਾਵਾਲੀ ਖੋਸਾ ਦਲ ਸਿੰਘ ਜ਼ਿਲ੍ਹਾ ਫਿਰੋਜ਼ਪੁਰ, ਜੋ ਕਿ ਕਣਕ ਦਾ ਝਾੜ ਘੱਟ ਨਿਕਲਣ ਕਰਕੇ ਤੇ ਪਿਛਲੇ ਦਿਨੀਂ ਮੀਂਹ ਕਾਰਨ ਉਸ ਦੀ ਫਸਲ ਖਰਾਬ ਹੋ ਗਈ, ਜਿਸ ਕਾਰਨ ਉਹ ਪ੍ਰੇਸ਼ਾਨ ਰਹਿੰਦਾ ਸੀ, ਨੇ ਬੀਤੀ 18 ਅਪ੍ਰੈਲ ਨੂੰ ਆਪਣੇ ਖੇਤਾਂ ਵਿੱਚ ਜਾ ਕੇ ਜ਼ਹਿਰੀਲੀ ਦਵਾਈ ਪੀ ਲਈ, ਹਾਲਤ ਖਰਾਬ ਹੋਣ 'ਤੇ ਪਰਿਵਾਰਕ ਮੈਂਬਰਾਂ ਨੇ ਉਸ ਨੂੰ ਸੁਖਮਨੀ ਹਸਪਤਾਲ ਜ਼ੀਰਾ ਵਿਖੇ ਦਾਖਲ ਕਰਵਾ ਦਿੱਤਾ, ਜਿਸਦੀ 22 ਅਪ੍ਰੈਲ ਨੂੰ ਮੌਤ ਹੋ ਗਈ। ਇਸ ਮੌਕੇ ਬਲਾਕ ਪ੍ਰਧਾਨ ਪਰਮੀਤ ਸਿੰਘ, ਇਕਾਈ ਪ੍ਰਧਾਨ ਹਰਵਿੰਦਰ ਸਿੰਘ, ਮੀਤ ਪ੍ਰਧਾਨ ਗੁਰਪ੍ਰੀਤ ਸਿੰਘ, ਜਗਤਾਰ ਸਿੰਘ, ਸੁਖਮੰਦਰ ਸਿੰਘ, ਸੁਖਵੰਤ ਸਿੰਘ, ਜਗਦੀਪ ਸਿੰਘ, ਪ੍ਰੀਤਮ ਸਿੰਘ ਨੇ ਸਰਕਾਰਾਂ ਤੋਂ ਮੰਗ ਕੀਤੀ ਕਿ ਕਿਸਾਨ ਸੁਲੱਖਣ ਸਿੰਘ ਦੇ ਪਰਵਾਰ ਨੂੰ ਮਾਲੀ ਸਹਾਇਤਾ ਦਿੱਤੀ ਜਾਵੇ ਤਾਂ ਜੋ ਉਹ ਇੱਕ ਆਮ ਜ਼ਿੰਦਗੀ ਜੀਅ ਸਕੇ। ਸੁਲੱਖਣ ਸਿੰਘ ਆਪਣੇ ਪਿੱਛੇ ਆਪਣੀ ਪਤਨੀ ਮਨਜਿੰਦਰ ਕੌਰ ਤੇ ਦੋ ਬੱਚੇ ਛੱਡ ਗਿਆ ਹੈ।

# ਭਖਦੀਆਂ ਅਧਿਆਪਕ ਮੰਗਾਂ ਸੰਬੰਧੀ 30 ਨੂੰ ਜਲੰਧਰ 'ਚ ਮਹਾਂ ਰੈਲੀ : ਆਗੂ

**ਡੀ ਟੀ ਐੱਫ ਨੇ ਵਿਧਾਇਕ ਪੰਡੋਰੀ ਰਾਹੀਂ ਸਿੱਖਿਆ ਮੰਤਰੀ ਨੂੰ ਭੇਜਿਆ ਮੰਗ ਪੱਤਰ**

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਦੀ ਸੂਬਾ ਕਮੇਟੀ ਵੱਲੋਂ ਓ.ਡੀ.ਐੱਲ. ਅਧਿਆਪਕਾਂ ਦੇ ਰੈਗੂਲਰ ਆਰਡਰ ਜਾਰੀ ਕਰਨ ਤੇ ਅਧਿਆਪਕਾਂ ਦੀਆਂ ਹੋਰ ਪੈਂਡਿੰਗ ਮੰਗਾਂ ਹੱਲ ਕਰਵਾਉਣ, ਕੇਂਦਰ ਸਰਕਾਰ ਦੀ ਨਵੀਂ ਸਿੱਖਿਆ ਨੀਤੀ-2020 ਨੂੰ ਪੰਜਾਬ ਵਿੱਚ ਲਾਗੂ ਕਰਨ 'ਤੇ ਵਿਰੋਧ ਦਰਜ ਕਰਵਾਉਣ ਤੇ 'ਸਕੂਲ ਆਫ਼ ਐਮੀਨੈਂਸ' 'ਤੇ ਸਵਾਲ ਚੁੱਕਣ ਦੇ ਫੈਸਲੇ ਤਹਿਤ, ਜਥੇਬੰਦੀ ਦੀ ਬਲਾਕ ਮਹਿਲ ਕਲਾਂ ਇਕਾਈ ਵੱਲੋਂ ਹਲਕੇ ਦੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਰਾਹੀਂ ਮੁੱਖ ਮੰਤਰੀ ਤੇ ਸਿੱਖਿਆ ਮੰਤਰੀ ਪੰਜਾਬ ਵੱਲ ਮੰਗ ਪੱਤਰ ਭੇਜਿਆ ਗਿਆ ਤੇ ਮਾਮਲਿਆਂ 'ਤੇ ਸੰਖੇਪ ਚਰਚਾ ਕੀਤੀ ਗਈ। ਇਸ ਉਪਰੰਤ ਡੀ.ਟੀ.ਐੱਫ. ਦੇ ਬਲਾਕ ਪ੍ਰਧਾਨ ਮਾਲਵਿੰਦਰ ਸਿੰਘ ਤੇ ਸਕੱਤਰ ਰਘਬੀਰ ਸਿੰਘ ਕਰਮਗੜ੍ਹ, ਜ਼ਿਲ੍ਹਾ ਆਗੂ ਨਿਰਮਲ ਸਿੰਘ ਚੁਹਾਣਕੇ, ਬਲਜਿੰਦਰ ਪ੍ਰਭੂ ਤੇ ਲਖਵੀਰ ਸਿੰਘ ਠੁੱਲੀਵਾਲ ਨੇ ਪੱਤਰਕਾਰਾਂ ਨੂੰ ਦੱਸਿਆ ਕੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਜਥੇਬੰਦੀ ਨਾਲ ਬੀਤੀ 30 ਦਸੰਬਰ 2022 ਨੂੰ ਹੋਈ ਪੈਨਲ ਮੀਟਿੰਗ ਦੌਰਾਨ ਪਿਛਲੇ 11 ਸਾਲਾਂ ਤੋਂ ਪੈਂਡਿੰਗ 7654, 3442, 5178 ਭਰਤੀਆਂ ਦੇ ਓਪਨ ਡਿਸਟੈਂਸ ਲਰਨਿੰਗ (ਓ.ਡੀ.ਐੱਲ.) ਨਾਲ ਸਬੰਧਿਤ 125 ਅਧਿਆਪਕਾਂ ਦੇ ਰੈਗੂਲਰ ਆਰਡਰ ਜਾਰੀ ਕਰਨ ਦਾ ਭਰੋਸਾ ਦਿੱਤਾ ਗਿਆ ਸੀ, ਪ੍ਰੰਤੂ ਹੁਣ ਤੱਕ ਇਸ ਦਿਸ਼ਾ ਵਿੱਚ ਕੋਈ ਠੋਸ ਕਦਮ ਨਹੀਂ ਚੁੱਕੇ ਗਏ, ਜਿਸ ਦੇ ਮੱਦੇਨਜ਼ਰ ਓ.ਡੀ.ਐੱਲ. ਅਧਿਆਪਕਾਂ ਦੇ ਪੈਂਡਿੰਗ ਰੈਗੂਲਰ ਆਰਡਰ ਜਾਰੀ ਕਰਵਾਉਣ ਨੂੰ ਆਰ-ਪਾਰ ਦੀ ਮੰਗ ਬਣਾ ਕੇ ਤੇ ਬਾਕੀ ਅਧਿਆਪਕ ਮੰਗਾਂ ਦੇ ਹੱਲ ਲਈ 30 ਅਪ੍ਰੈਲ ਨੂੰ ਜਲੰਧਰ ਸ਼ਹਿਰ ਵਿੱਚ ਇੱਕ ਵਿਸ਼ਾਲ ਮਹਾਂ ਰੈਲੀ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਸ ਮੌਕੇ ਉਪ੍ਰੋਕਤ ਤੋਂ ਇਲਾਵਾ ਭਾਕਿਯੂ ਡਕੌਂਦਾ ਦੇ ਬਲਾਕ ਪ੍ਰਧਾਨ ਮਾ: ਅਮਰਜੀਤ ਸਿੰਘ, ਮਲਕੀਤ ਸਿੰਘ ਈਨਾ, ਜਗਦੀਪ ਸਿੰਘ ਫੁੱਟਬਾਲ ਸਪੋਰਟਸ ਕਲੱਬ ਮਹਿਲ ਕਲਾਂ, ਵਰਿੰਦਰ ਸਿੰਘ ਪੈਨਸ਼ਨਰ ਆਗੂ, ਰਜਿੰਦਰ ਕੁਮਾਰ, ਲਖਵੰਤ ਸਿੰਘ, ਜਗਰੂਪ ਸਿੰਘ, ਅਵਤਾਰ ਸਿੰਘ ਪੰਡੋਰੀ ਤੇ ਪਲਵਿੰਦਰ ਸਿੰਘ ਠੀਕਰੀਵਾਲਾ ਆਦਿ ਹਾਜ਼ਰ ਸਨ।

# ਦਲਵੀਰ ਖੇੜਾ 'ਚ ਪਾਣੀ ਦੀ ਟੈਂਕੀ 'ਤੇ ਚੜ੍ਹੇ ਮਨਰੇਗਾ ਮਜ਼ਦੂਰ

**ਫਾਜ਼ਿਲਕਾ (ਕ੍ਰਿਸ਼ਨ ਸਿੰਘ)**

ਅਬੋਹਰ ਸਬ-ਡਵੀਜ਼ਨ ਦੇ ਪਿੰਡ ਦਲਵੀਰ ਖੇੜਾ 'ਚ ਤੈਅ ਦਿਨਾਂ 'ਚ ਕੰਮ ਨਾ ਮਿਲਣ ਤੋਂ ਨਾਰਾਜ਼ ਮਨਰੇਗਾ ਮਜ਼ਦੂਰ ਪਾਣੀ ਦੀ ਟੈਂਕੀ 'ਤੇ ਚੜ੍ਹ ਗਏ। ਸੂਚਨਾ ਮਿਲਦਿਆਂ ਹੀ ਆਮ ਆਦਮੀ ਪਾਰਟੀ ਦੇ ਆਗੂ ਦੀਪ ਕੰਬੋਜ, ਖੂਈਆਂ ਸਰਵਰ ਪੁਲਸ ਤੇ ਪ੍ਰਸ਼ਾਸਨਕ ਅਧਿਕਾਰੀਆਂ ਨੇ ਮੌਕੇ 'ਤੇ ਪਹੁੰਚ ਕੇ ਮਜ਼ਦੂਰਾਂ ਨੂੰ ਟੈਂਕੀ ਤੋਂ ਹੇਠਾਂ ਉਤਾਰ ਕੇ ਉਨ੍ਹਾਂ ਦਾ ਕੰਮ ਸ਼ੁਰੂ ਕਰਵਾਇਆ। ਉਨ੍ਹਾਂ ਵੱਲੋਂ ਮਨਰੇਗਾ ਦਾ ਕੰਮ ਬੰਦ ਕਰਨ ਦੇ ਰੋਸ ਵਜੋਂ ਬੀਡੀਪੀਓ ਦਫਤਰ ਅੱਗੇ ਧਰਨਾ ਦਿੱਤਾ ਗਿਆ। ਇਸ ਮੌਕੇ ਸਭਾ ਦੇ ਸੂਬਾਈ ਮੈਂਬਰ ਗੁਰਮੇਜ ਗੇਜੀ, ਜੱਗਾ ਸਿੰਘ ਤੇ ਹੋਰਨਾਂ ਨੇ ਦੱਸਿਆ ਕਿ ਮਨਰੇਗਾ ਕਾਨੂੰਨ ਤਹਿਤ ਹਰ ਮਜ਼ਦੂਰ ਨੂੰ ਸਾਲ ਵਿੱਚ 100 ਦਿਨ ਕੰਮ ਦੇਣ ਦਾ ਵਾਅਦਾ ਕੀਤਾ ਗਿਆ ਸੀ, ਪਰ ਉਨ੍ਹਾਂ ਨੂੰ ਕਈ ਮਹੀਨਿਆਂ ਵਿੱਚ 12-12 ਦਿਨ ਹੀ ਕੰਮ ਮਿਲਦਾ ਹੈ। ਉਨ੍ਹਾਂ ਕਿਹਾ ਕਿ ਦਲਵੀਰ ਖੇੜਾ ਵਿੱਚ ਮਜ਼ਦੂਰਾਂ ਨੂੰ ਸਰਪੰਚ ਵੱਲੋਂ ਆਪਣੀ ਮਰਜ਼ੀ ਨਾਲ ਕੰਮ ਦਿੱਤਾ ਜਾ ਰਿਹਾ ਹੈ। ਇਸ ਦੇ ਰੋਸ ਵਜੋਂ ਉਨ੍ਹਾਂ ਨੂੰ ਬੀਡੀਪੀਓ ਦਫਤਰ ਅੱਗੇ ਧਰਨੇ 'ਤੇ ਬੈਠਣ ਲਈ ਮਜਬੂਰ ਕੀਤਾ ਗਿਆ, ਪਰ ਕੋਈ ਸੁਣਵਾਈ ਨਾ ਹੋਣ 'ਤੇ ਉਹ ਦਲਵੀਰ ਖੇੜਾ ਵਿੱਚ ਪਾਣੀ ਦੀ ਟੈਂਕੀ 'ਤੇ ਚੜ੍ਹਨ ਲਈ ਮਜਬੂਰ ਹੋ ਗਏ। ਉਨ੍ਹਾਂ ਦੀ ਮੰਗ ਸੀ ਕਿ ਬੰਦ ਪਏ ਮਨਰੇਗਾ ਮਜ਼ਦੂਰਾਂ ਦਾ ਕੰਮ ਸ਼ੁਰੂ ਕੀਤਾ ਜਾਵੇ।

# ਮਾਨ ਸਰਕਾਰ ਪਿੰਡਾਂ ਨੂੰ ਵੀ ਸ਼ਹਿਰਾਂ ਵਰਗੀਆਂ ਸਹੂਲਤਾਂ ਦੇਣ ਲਈ ਯਤਨਸ਼ੀਲ : ਡਾ. ਅਰੋੜਾ

**ਮੋਗਾ (ਅਮਰਜੀਤ ਬੱਬਰੀ)**-ਭਗਵੰਤ ਮਾਨ ਸਰਕਾਰ ਪਿੰਡਾਂ ਨੂੰ ਵੀ ਸ਼ਹਿਰਾਂ ਵਰਗੀਆਂ ਸਹੂਲਤਾਂ ਦੇਣ ਲਈ ਲਗਾਤਾਰ ਯਤਨਸ਼ੀਲ ਹੈ। ਇਹ ਵਿਚਾਰ ਮੋਗਾ ਹਲਕੇ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਮੋਗਾ ਦੇ ਕੋਟਕਪੂਰਾ ਰੋਡ ਤੇ ਗੁਰਮਤਿ ਸੰਗੀਤ ਵਿਦਿਆਲਿਆ ਸਿੰਘਾਂਵਾਲਾ ਤੱਕ ਅਤੇ ਪਿੰਡ ਸਿੰਘਾ ਵਾਲਾ ਦੀ ਫਿਰਨੀ ਦੀ ਸੜਕ ਦਾ ਉਦਘਾਟਨ ਕਰਨ ਮੌਕੇ ਪ੍ਰਗਟ ਕੀਤੇ।

ਇਸ ਮੌਕੇ ਸੁਖਦੀਪ ਸਿੰਘ ਚੇਅਰਮੈਨ, ਇੰਜੀ. ਸ਼ਮਸ਼ੇਰ ਸਿੰਘ ਜੇ ਈ, ਕੋਆਪ੍ਰੇਟਿਵ ਸੁਸਾਇਟੀ ਸਿੰਘਾਂਵਾਲਾ, ਸਮੂਹ ਪਿੰਡ ਵਾਸੀ ਤੇ ਆਮ ਆਦਮੀ ਪਾਰਟੀ ਦੇ ਵਲੰਟੀਅਰ ਵੀ ਮੌਜੂਦ ਸਨ। ਇਸ ਮੌਕੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਪਿੰਡ ਨਿਵਾਸੀਆਂ ਵੱਲੋਂ ਪੁੱਜਣ 'ਤੇ ਸੁਆਗਤ ਕਰਦੇ ਉਨ੍ਹਾਂ ਨੂੰ ਸਿਰੋਪਾ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਪਿੰਡ ਨਿਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਉਨ੍ਹਾਂ ਦੇ ਇਲਾਕੇ ਵਿੱਚ ਉਨ੍ਹਾਂ ਨੂੰ ਕਿਸੇ ਵੀ ਪ੍ਰਕਾਰ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਹੈ ਤਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ, ਜਿਸ ਦਾ ਪਹਿਲ ਦੇ ਅਧਾਰ 'ਤੇ ਹੱਲ ਕਰਵਾਇਆ ਜਾਵੇਗਾ। ਉਨ੍ਹਾ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਤੋਂ ਵੱਧ ਤੋਂ ਵੱਧ ਗਰਾਂਟ ਲਿਆ ਕੇ ਪਿੰਡਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾ ਰਿਹਾ ਹੈ। ਉਨ੍ਹਾ ਹਲਕਾ ਨਿਵਾਸੀਆਂ ਵੱਲੋਂ ਦਿੱਤੇ ਗਏ ਸਨਮਾਨ 'ਤੇ ਉਨ੍ਹਾਂ ਦਾ ਧੰਨਵਾਦ ਕੀਤਾ।

## ਕਤਲ ਦੇ ਮਾਮਲੇ 'ਚ ਪੇਸ਼ਗੀ ਜ਼ਮਾਨਤ ਖਾਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਦੇ ਜ਼ਿਲ੍ਹਾ ਤੇ ਸੈਸ਼ਨ ਜੱਜ ਵੀਰਇੰਦਰ ਅਗਰਵਾਲ ਦੀ ਅਦਾਲਤ ਨੇ ਕਤਲ ਦੇ ਮਾਮਲੇ 'ਚ ਥਾਣਾ ਗੁਰੂ ਹਰਸਹਾਏ ਨੂੰ ਲੋੜੀਂਦੇ ਇੱਕ ਵਿਅਕਤੀ ਦੀ ਪੇਸ਼ਗੀ ਜ਼ਮਾਨਤ ਅਰਜ਼ੀ ਖਾਰਜ ਕਰ ਦਿੱਤੀ ਹੈ। ਜਾਣਕਾਰੀ ਅਨੁਸਾਰ ਗੁਰੂ ਹਰਸਹਾਏ ਪੁਲਸ ਵੱਲੋਂ 5 ਅਪ੍ਰੈਲ ਨੂੰ ਦਰਜ ਮਾਮਲੇ 'ਚ ਗੁਲਜ਼ਾਰ ਸਿੰਘ ਨੇ ਦੱਸਿਆ ਕਿ ਕੱਚੀ ਦੀਵਾਰ ਡਿੱਗਣ ਨਾਲ ਸਬਜ਼ੀਆਂ ਆਦਿ ਖ਼ਰਾਬ ਹੋ ਗਈਆਂ ਸਨ, ਜਿਸ ਦੇ ਚੱਲਦੇ ਹੋਏ ਮੁਲਜ਼ਮਾਂ ਨੇ ਗਾਲੀ-ਗਲੋਚ ਤੇ ਲੜਾਈ ਝਗੜਾ ਕਰਦੇ ਹੋਏ ਨਾਨਕ ਸਿੰਘ 'ਤੇ ਹਮਲਾ ਕਰ ਦਿੱਤਾ, ਜਿਸ ਦੌਰਾਨ ਨਾਨਕ ਸਿੰਘ ਦੀ ਮੌਤ ਹੋ ਗਈ। ਮਾਮਲੇ 'ਚ ਨਾਮਜ਼ਦ ਜੰਗੀਰ ਸਿੰਘ ਉਰਫ਼ ਜਗੀਰ ਸਿੰਘ ਪੁੱਤਰ ਜੱਲੂ ਸਿੰਘ ਵਾਸੀ ਪਿੰਡ ਦੁੱਲੇ ਕੇ ਨੱਥੇ ਵਾਲਾ ਨੇ ਖ਼ੁਦ ਨੂੰ ਬੇਕਸੂਰ ਦੱਸਦੇ ਹੋਏ ਜ਼ਮਾਨਤ ਅਰਜ਼ੀ ਲਗਾਈ ਸੀ, ਜਿਸ 'ਤੇ ਜ਼ਿਲ੍ਹਾ ਜੱਜ ਨੇ ਮੌਕੇ 'ਤੇ ਹਾਲਾਤਾਂ ਨੂੰ ਧਿਆਨ 'ਚ ਰੱਖਦੇ ਹੋਏ ਜੰਗੀਰ ਸਿੰਘ ਨੂੰ ਪੇਸ਼ਗੀ ਜ਼ਮਾਨਤ ਅਰਜ਼ੀ ਖਾਰਜ ਕਰ ਦਿੱਤੀ।

## ਈਦ ਮੌਕੇ ਨਮਾਜ਼ ਅਦਾ ਕੀਤੀ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ) ਕਸਬਾ ਲੌਂਗੋਵਾਲ ਦੇ ਮੂਲੇ ਕੇ ਦਰਵਾਜ਼ੇ ਕੋਲ ਜਾਮਾ ਮਸਜਿਦ ਵਿਚ ਈਦ ਉਲ ਫਿਤਰ ਦੇ ਮੌਕੇ 'ਤੇ ਨਮਾਜ਼ ਅਦਾ ਕੀਤੀ ਗਈ ਅਤੇ ਇੱਕ-ਦੂਜੇ ਗਲ਼ ਲੱਗ ਕੇ ਭਾਈਚਾਰਕ ਏਕਤਾ ਦਾ ਸੁਨੇਹਾ ਦਿੱਤਾ ਤੇ ਪੂਰੇ ਭਾਰਤ ਵਿੱਚ ਅਮਨ ਤੇ ਭਾਈਚਾਰਕ ਸਾਂਝ ਬਣੇ ਰਹਿਣ ਦੀ ਦੁਆ ਕੀਤੀ। ਇਸ ਮੌਕੇ ਨਗਰ ਕੌਂਸਲ ਦੀ ਮੌਜੂਦਾ ਪ੍ਰਧਾਨ ਬੀਬੀ ਪਰਮਿੰਦਰ ਕੌਰ ਬਰਾੜ, ਗੁਰਜੰਟ ਸਿੰਘ ਦੁਲਟ, ਜਸਵਿੰਦਰ ਸਿੰਘ ਜਸੂ, ਕਸ਼ਮੀਰਾ ਸਿੰਘ, ਬਲਕਾਰ ਸਿੰਘ ਤੋਂ ਇਲਾਵਾ ਇਮਾਮ ਸਾਹਿਬ ਅਹਿਮਦ ਨੋਮਾਦ ਅਤੇ ਗੁਲਜ਼ਾਰ ਦੀਨ ਤੋਂ ਇਲਾਵਾ ਹੋਰ ਮੌਲਵੀ ਸਾਹਿਬ ਹਾਜ਼ਰ ਸਨ। ਇਸ ਸਟੇਜ ਦੇ ਸੇਵਾ ਸਮਸਾਦ ਦੀਨ ਨੇ ਨਿਭਾਈ। ਇਸ ਮੌਕੇ ਮੁੱਖ ਮਹਿਮਾਨਾਂ ਦਾ ਧੰਨਵਾਦ ਕੀਤਾ।

## ਮਦੀਨਾ ਮਸਜਿਦ 'ਚ ਈਦ ਦੀ ਨਮਾਜ਼ ਅਦਾ ਕੀਤੀ

**ਰਾਜਪੁਰਾ (ਰਮੇਸ਼ ਕਟਾਰੀਆ)**-ਈਦ ਦੇ ਪਵਿੱਤਰ ਤਿਉਹਾਰ ਮੌਕੇ ਮਦੀਨਾ ਮਸਜਿਦ ਗੁਰੂ ਨਾਨਕ ਨਗਰ ਨਲਾਸ ਰੋਡ ਰਾਜਪੁਰਾ ਵਿੱਚ ਨਮਾਜ਼ ਅਦਾ ਕੀਤੀ ਗਈ। ਨਮਾਜ਼ ਅਦਾ ਕਰਵਾਉਣ ਦੀ ਰਸਮ ਕਾਰੀ ਮੁਹੰਮਦ ਜ਼ੁਬੈਦ ਅਹਿਮਦ ਨੇ ਅਦਾ ਕੀਤੀ। ਇਸ ਮੌਕੇ ਮਦੀਨਾ ਮਸਜਿਦ ਦੇ ਪ੍ਰਧਾਨ ਤੇ ਆਮ ਆਦਮੀ ਪਾਰਟੀ ਮਨਿਓਰਿਟੀ ਵਿੰਗ ਜ਼ਿਲ੍ਹਾ ਪ੍ਰਧਾਨ ਇਸਲਾਮ ਅਲੀ ਵੱਲੋਂ ਸਾਰੇ ਭਾਈਚਾਰੇ ਨੂੰ ਈਦ ਦੀਆਂ ਮੁਬਾਰਕਬਾਦ ਦਿੱਤੀ ਗਈ। ਇਸ ਮੌਕੇ ਨੇੜਲੇ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਮੁਸਲਿਮ ਭਾਈਚਾਰੇ ਵੱਲੋਂ ਨਮਾਜ਼ ਅਦਾ ਕੀਤੀ ਗਈ ਅਤੇ ਖੀਰ ਦਾ ਲੰਗਰ ਲਗਾਇਆ ਗਿਆ। ਮਦੀਨਾ ਮਸਜਿਦ ਦੇ ਪ੍ਰਧਾਨ ਇਸਲਾਮ ਅਲੀ, ਸਕੱਤਰ ਫਿਰੋਜ਼ ਖਾਨ, ਕੈਸ਼ੀਅਰ ਵਕੀਲ ਖਾਂ, ਨਵਾਬ ਅਲੀ, ਸਾਇਦ ਖਾਂ, ਸਲੀਮ, ਇਕਬਾਲ ਮਹੁੰਮਦ, ਮੁਖਤਿਆਰ ਅਹਿਮਦ, ਅਮਰੀਕ ਸਿੰਘ ਸਮੇਤ ਹੋਰ ਸਾਥੀ ਸ਼ਾਮਲ ਸਨ।

## ਈਦ-ਉੱਲ-ਫਿਤਰ ਦਾ ਤਿਉਹਾਰ ਮਨਾਇਆ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਕਸਬਾ ਲੌਂਗੋਵਾਲ ਦੇ ਮੂਲੇ ਕੇ ਦਰਵਾਜ਼ੇ ਕੋਲ ਜਾਮਾ ਮਸਜਿਦ ਵਿੱਚ ਈਦ ਉਲ ਫਿਤਰ ਦੇ ਮੌਕੇ 'ਤੇ ਨਮਾਜ਼ ਅਦਾ ਕੀਤੀ ਗਈ ਤੇ ਇਕ ਦੂਜੇ ਗਲ ਲੱਗ ਕੇ ਭਾਈਚਾਰਕ ਏਕਤਾ ਦਾ ਸੁਨੇਹਾ ਦਿੱਤਾ ਅਤੇ ਪੂਰੇ ਭਾਰਤ ਵਿੱਚ ਅਮਨ ਤੇ ਭਾਈਚਾਰਕ ਸਾਂਝ ਬਣੇ ਰਹਿਣ ਦੀ ਦੁਆ ਕੀਤੀ। ਇਸ ਮੌਕੇ ਨਗਰ ਕੌਂਸਲ ਦੀ ਮੌਜੂਦਾ ਪ੍ਰਧਾਨ ਬੀਬੀ ਪਰਮਿੰਦਰ ਕੌਰ ਬਰਾੜ, ਗੁਰਜੰਟ ਸਿੰਘ ਦੁਲਟ, ਬਲਕਾਰ ਸਿੰਘ ਤੋਂ ਇਲਾਵਾ ਇਮਾਮ ਸਾਹਿਬ ਅਹਿਮਦ ਨੋਮਾਦ ਤੇ ਗੁਲਜਾਰ ਦੀਨ ਤੋਂ ਇਲਾਵਾ ਹੋਰ ਮੌਲਵੀ ਸਾਹਿਬ ਹਾਜ਼ਰ ਸਨ। ਇਸ ਸਟੇਜ ਦੀ ਸੇਵਾ ਸਮਸ਼ਾਦ ਦੀਨ ਨੇ ਨਿਭਾਈ। ਇਸ ਮੌਕੇ ਆਏ ਹੋਏ ਮੁੱਖ ਮਹਿਮਾਨਾਂ ਦਾ ਧੰਨਵਾਦ ਕੀਤਾ।

## ਜੋ ਕਾਂਗਰਸ ਸਰਕਾਰ 5 ਸਾਲਾਂ 'ਚ ਨਹੀਂ ਕਰ ਸਕੀ, ਅਸੀਂ 1 ਸਾਲ 'ਚ ਕਰਕੇ ਵਿਖਾ ਦਿੱਤਾ : ਚੱਠਾ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਟਰੇਡ ਵਿੰਗ ਦੇ ਸੂਬਾਈ ਆਗੂ ਸਤਿੰਦਰ ਸਿੰਘ ਚੱਠਾ ਨੇ ਕਿਹਾ ਕਿ ਪੰਜਾਬ 'ਚ 2017 ਤੋਂ 2022 ਤੱਕ ਕਾਂਗਰਸ ਦੀ ਸਰਕਾਰ ਰਹੀ ਅਤੇ ਸੱਤਾ 'ਚ ਆਉਣ ਤੋਂ ਪਹਿਲਾਂ ਉਨ੍ਹਾਂ ਨੇ ਪੰਜਾਬ ਦੇ ਲੋਕਾਂ ਨੂੰ ਵੱਡੇ-ਵੱਡੇ ਸੁਪਨੇ ਵਿਖਾਏ ਸੀ। ਉਨ੍ਹਾਂ ਦੇ ਵਾਅਦਿਆਂ ਵਿੱਚ 'ਘਰ-ਘਰ ਨੌਕਰੀ', ਕਿਸਾਨਾਂ ਦੀ ਮੁਕੰਮਲ ਕਰਜ਼ਾ ਮੁਆਫੀ, ਮਾਫੀਆ ਰਾਜ ਤੇ ਭ੍ਰਿਸ਼ਟਾਚਾਰ ਨੂੰ ਖਤਮ ਕਰਨਾ, ਬੇਅਦਬੀ ਦੇ ਮਾਮਲਿਆਂ ਵਿੱਚ ਨਿਆਂ, ਕੋਟਕਪੂਰਾ ਅਤੇ ਬਹਿਬਲ ਕਲਾਂ ਕਾਂਡ ਆਦਿ ਸਾਮਲ ਸਨ। ਪਰ ਸਾਢੇ ਚਾਰ ਸਾਲ ਕਾਂਗਰਸ ਦੇ ਮੁੱਖ ਮੰਤਰੀ ਰਹੇ ਕੈਪਟਨ ਅਮਰਿੰਦਰ ਸਿੰਘ ਨੂੰ ਅਸੀਂ ਸਾਰੇ ਜਾਣਦੇ ਹਾਂ ਅਤੇ ਉਨ੍ਹਾਂ ਦੀ ਕੈਬਨਿਟ ਪੂਰੀ ਤਰ੍ਹਾਂ ਫੇਲ੍ਹ ਰਹੀ। ਕੈਪਟਨ ਤੋਂ ਬਾਅਦ ਚਰਨਜੀਤ ਸਿੰਘ ਚੰਨੀ ਨੂੰ ਮੁੱਖ ਮੰਤਰੀ ਬਣਾਇਆ ਗਿਆ, ਪਰ ਉਨ੍ਹਾਂ ਦੇ ਹੀ ਭਤੀਜੇ ਦੇ ਘਰੋਂ ਕਰੋੜਾਂ ਰੁਪਏ ਬਰਾਮਦ ਹੋਏ। ਸ੍ਰੀ ਚੱਠਾ ਨੇ ਕਿਹਾ ਕਿ ਅਕਾਲੀ-ਭਾਜਪਾ ਸਰਕਾਰ ਵੱਲੋਂ ਪੈਦਾ ਕੀਤਾ ਭ੍ਰਿਸ਼ਟਾਚਾਰ ਤੇ ਮਾਫੀਆ ਕਾਂਗਰਸ ਸਰਕਾਰ ਵੇਲੇ ਹੋਰ ਵਧਿਆ-ਫੁੱਲਿਆ। ਚੰਨੀ ਤੇ ਸਿੱਧੂ ਦੋਵੇਂ ਕੈਪਟਨ ਦੀ ਕੈਬਨਿਟ ਦੇ ਹੀਰੇ ਸਨ, ਜਿਨ੍ਹਾਂ ਨੇ ਸਾਢੇ ਚਾਰ ਸਾਲ ਪੰਜਾਬ ਲਈ ਕੁਝ ਨਹੀਂ ਕੀਤਾ। ਉਨ੍ਹਾਂ ਦੇ ਮੁੱਖ ਮੰਤਰੀਆਂ, ਪਾਰਟੀ ਦੇ ਸੂਬਾ ਪ੍ਰਧਾਨ ਤੇ ਸਾਬਕਾ ਪ੍ਰਧਾਨ ਸਣੇ ਸਭ 'ਤੇ ਭ੍ਰਿਸ਼ਟਾਚਾਰ, ਸ਼ਰਾਬ ਮਾਫੀਆ ਤੇ ਟਰਾਂਸਪੋਰਟ ਮਾਫੀਆ ਦੇ ਦੋਸ਼ ਸਨ। ਸਿੱਧੂ ਨੇ ਖੁਦ ਕਾਨੂੰਨ ਤੋੜਿਆ, ਕਿਸੇ ਨੂੰ ਸੱਟ ਮਾਰੀ ਅਤੇ ਜੇਲ੍ਹ ਦਾ ਸਾਹਮਣਾ ਕਰਨਾ ਪਿਆ। ਪੰਜਾਬ ਨੂੰ ਲੁੱਟਣ ਲਈ ਇਹ ਸਾਰੇ ਪੂਰੀ ਤਰ੍ਹਾਂ ਇਕਜੁਟ ਸਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਨੇ 28 ਹਜ਼ਾਰ ਤੋਂ ਵੱਧ ਨੌਕਰੀਆਂ ਦਿੱਤੀਆਂ ਹਨ। ਪਿਛਲੇ ਜੁਲਾਈ ਤੋਂ 300 ਯੂਨਿਟ ਪ੍ਰਤੀ ਮਹੀਨਾ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ। ਪੰਜਾਬ ਦੇ 90% ਘਰਾਂ ਨੂੰ ਜ਼ੀਰੋ ਬਿਜਲੀ ਦਾ ਬਿੱਲ ਆ ਰਿਹਾ ਹੈ।

## ਮੋਟਰਸਾਈਕਲ ਸਵਾਰ ਦੀ ਸੜਕ ਹਾਦਸੇ 'ਚ ਮੌਤ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪਿੰਡ ਠੀਕਰੀਵਾਲ ਵਿਖੇ ਇੱਕ ਮੋਟਰਸਾਈਕਲ ਸਵਾਰ ਮਜ਼ਦੂਰ ਦੀ ਸੜਕ ਹਾਦਸੇ 'ਚ ਮੌਤ ਹੋ ਗਈ।

ਪ੍ਰਾਪਤ ਜਾਣਕਾਰੀ ਅਨੁਸਾਰ ਮਜ਼ਦੂਰ ਰੇਸ਼ਮ ਸਿੰਘ (35) ਪੁੱਤਰ ਬਲਦੇਵ ਸਿੰਘ ਵਾਸੀ ਠੀਕਰੀਵਾਲਾ ਪਿੰਡ ਦੇ ਇੱਕ ਕਿਸਾਨ ਨਾਲ ਕਾਮੇ ਵਜੋਂ ਕੰਮ ਕਰਦਾ ਸੀ। ਘਟਨਾ ਸਮੇਂ ਰਾਤ ਨੂੰ ਮੋਟਰਸਾਈਕਲ 'ਤੇ ਸਵਾਰ ਹੋ ਕੇ ਕਿਸਾਨ ਦੇ ਘਰੋਂ ਰੋਟੀ ਚੁੱਕਣ ਆਇਆ ਹੋਇਆ ਸੀ, ਵਾਪਸ ਮੁੜਦੇ ਸਮੇਂ ਰਸਤੇ ਵਿੱਚ ਪਿੰਡ ਭੱਦਲਵੱਡ ਲਿੰਕ ਸੜਕ ਉਪਰ ਅਚਾਨਕ ਤੇਜ਼ ਹਨੇਰੀ ਨਾਲ ਦਰੱਖਤ ਦਾ ਟਾਹਣਾ ਟੁੱਟ ਕੇ ਡਿੱਗਣ ਨਾਲ ਮੋਟਰਸਾਈਕਲ ਹਾਦਸਾਗ੍ਰਸਤ ਹੋ ਗਿਆ। ਇਸ ਸਮੇਂ ਗੰਭੀਰ ਰੂਪ 'ਚ ਜ਼ਖਮੀ ਹੋਏ ਮਜ਼ਦੂਰ ਨੂੰ ਬਰਨਾਲਾ ਦੇ ਸਿਵਲ ਹਸਪਤਾਲ ਲਿਜਾਂਦੇ ਸਮੇਂ ਉਹ ਦਮ ਤੋੜ ਗਿਆ।

ਵੱਖ-ਵੱਖ ਮਜ਼ਦੂਰ ਆਗੂਆਂ ਨੇ ਪੰਜਾਬ ਸਰਕਾਰ, ਸਮਾਜ ਸੇਵੀ ਸੰਸਥਾਵਾਂ ਪਾਸੋਂ ਪੀੜਤ ਮਜ਼ਦੂਰ ਪਰਿਵਾਰ ਲਈ ਆਰਥਿਕ ਮਦਦ ਦੀ ਮੰਗ ਕੀਤੀ ਹੈ।

# ਸਰਵਹਿਤਕਾਰੀ ਵਿੱਦਿਆ ਮੰਦਰ ਵਿਖੇ ਪਰਸ਼ੂਰਾਮ ਜਯੰਤੀ ਤੇ ਧਰਤੀ ਦਿਵਸ ਮਨਾਇਆ

**ਜਗਰਾਓਂ (ਅਮਿਤ ਖੰਨਾ)**-ਸ੍ਰੀਮਤੀ ਸਤੀਸ਼ ਗੁਪਤਾ ਸਰਵਹਿਤਕਾਰੀ ਵਿੱਦਿਆ ਮੰਦਿਰ ਸੀ. ਸੈ. ਸਕੂਲ ਜਗਰਾਓਂ ਵਿਖੇ ਪ੍ਰਿੰਸੀਪਲ ਨੀਲੂ ਨਰੂਲਾ ਦੀ ਅਗਵਾਈ ਹੇਠ ਪਰਸ਼ੂਰਾਮ ਜਯੰਤੀ ਤੇ ਧਰਤੀ ਦਿਵਸ ਮਨਾਇਆ ਗਿਆ। ਦਿਵਸ ਦੀ ਸ਼ੁਰੂਆਤ ਵੰਦਨਾ ਦੁਆਰਾ ਕੀਤੀ ਗਈ। ਉਪਰੰਤ ਅਧਿਆਪਕਾ ਮੀਨੂੰ ਰਾਣੀ ਨੇ ਪਰਸ਼ੂਰਾਮ ਜੀ ਦੇ ਜੀਵਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਅਧਿਆਪਕਾ ਪਵਿੱਤਰ ਕੌਰ ਨੇ ਧਰਤੀ ਦਿਵਸ ਉੱਪਰ ਬੱਚਿਆਂ ਦੀ ਪ੍ਰਸ਼ਨ ਮੰਚ ਪ੍ਰਤੀਯੋਗਤਾ ਕਰਵਾਈ, ਜਿਸ ਵਿੱਚ ਬੱਚਿਆਂ ਨੇ ਆਪਣੀ ਯੋਗਿਤਾ ਦਾ ਪ੍ਰਦਰਸ਼ਨ ਕਰਦੇ ਹੋਏ ਸਵਾਲਾਂ ਦੇ ਜਵਾਬ ਦਿੱਤੇ। ਉਪਰੰਤ ਬੱਚਿਆਂ ਦੇ ਧਰਤੀ ਦਿਵਸ ਉਪਰ ਪੋਸਟਰ ਮੁਕਾਬਲੇ ਕਰਵਾਏ ਗਏ। ਇਸ ਦੇ ਨਾਲ ਹੀ ਧਰਤੀ ਦਿਵਸ 'ਤੇ ਬੱਚਿਆਂ ਵੱਲੋਂ ਪੌਦਾਰੋਪਣ ਵੀ ਕੀਤਾ ਗਿਆ ਜੋ ਕਿ ਇੱਕ ਸ਼ਲਾਘਾਯੋਗ ਕਦਮ ਹੈ। ਬਾਲ ਵਰਗ ਦੇ ਬੱਚਿਆਂ ਵਿੱਚੋਂ ਪੋਸਟਰ ਮੇਕਿੰਗ ਮੁਕਾਬਲਿਆਂ 'ਚ ਤਰਨਜੀਤ (7) ਨੇ ਪਹਿਲਾ ਸਥਾਨ, ਗਰਿਮ (7) ਨੇ ਦੂਜਾ ਤੇ ਖੁਸ਼ਲੀਨ (7) ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕਿਸ਼ੋਰ ਵਰਗ ਤੇ ਤਰੁਣ ਵਰਗ ਦੇ ਪੋਸਟਰ ਮੇਕਿੰਗ ਮੁਕਾਬਲਿਆਂ ਵਿੱਚੋਂ ਜਮਾਤ ਬਾਰਵੀਂ ਦੀ ਵੰਦਨਾ ਨੇ ਪਹਿਲਾ, ਜਮਾਤ ਬਾਰਵੀਂ ਦੀ ਕੋਮਲ ਨੇ ਦੂਜਾ ਤੇ ਜਮਾਤ ਦਸਵੀਂ ਦੇ ਅਬਦੁਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਪ੍ਰਿੰਸੀਪਲ ਨੀਲੂ ਨਰੂਲਾ ਨੇ ਬੱਚਿਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਦੁਨੀਆ ਵਿੱਚ ਪ੍ਰਦੂਸ਼ਣ ਜ਼ਿਆਦਾ ਵਧਣ ਕਰਕੇ ਧਰਤੀ ਵੀ ਇਸ ਦੀ ਚਪੇਟ ਵਿੱਚ ਆ ਗਈ ਹੈ। ਇਸ ਲਈ ਵੱਧ ਤੋਂ ਵੱਧ ਪੇੜ-ਪੌਦੇ ਲਗਾ ਕੇ ਅਸੀਂ ਆਪਣੀ ਧਰਤੀ ਨੂੰ ਪ੍ਰਦੂਸ਼ਿਤ ਹੋਣ ਤੋਂ ਰੋਕ ਸਕਦੇ ਹਾਂ ਤੇ ਇੱਕ ਤੰਦਰੁਸਤ ਜੀਵਨ ਜੀ ਸਕਦੇ ਹਾਂ। ਇਸ ਦੇ ਨਾਲ ਪਰਸ਼ੂ ਰਾਮ ਜਯੰਤੀ ਦੀਆਂ ਸਭ ਨੂੰ ਵਧਾਈਆਂ ਦਿੱਤੀਆਂ।

# ਅਧਿਆਪਕਾਂ ਤੇ ਮੁਲਾਜ਼ਮਾਂ ਵੱਲੋਂ ਜਲੰਧਰ ਜ਼ਿਮਨੀ ਚੋਣ 'ਚ ਸਰਕਾਰ ਨੂੰ ਘੇਰਨ ਦੀ ਤਿਆਰੀ

**ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਨੇ ਮੀਟਿੰਗ ਕਰਕੇ ਤਿਆਰੀਆਂ ਦਾ ਲਿਆ ਜਾਇਜ਼ਾ**

**ਮੋਗਾ (ਅਮਰਜੀਤ ਬੱਬਰੀ)**-ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੀ ਸੂਬਾ ਪੱਧਰੀ ਮੀਟਿੰਗ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ ਦੀ ਪ੍ਰਧਾਨਗੀ ਹੇਠ ਸ਼ਹੀਦ ਨਛੱਤਰ ਸਿੰਘ ਯਾਦਗਾਰੀ ਹਾਲ ਮੋਗਾ ਵਿਖੇ ਹੋਈ, ਜਿਸ ਵਿੱਚ ਪੰਜਾਬ ਤੇ ਯੂ ਟੀ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ 23 ਅਪ੍ਰੈਲ ਨੂੰ ਆਦਮਪੁਰ, 30 ਅਪ੍ਰੈਲ ਨਕੋਦਰ ਤੇ 7 ਮਈ ਨੂੰ ਜਲੰਧਰ ਵਿਖੇ ਪੰਜਾਬ ਸਰਕਾਰ ਵਿਰੁੱਧ ਕੀਤੇ ਜਾ ਰਹੇ ਝੰਡਾ ਮਾਰਚ ਵਿੱਚ ਭਰਵੀਂ ਸ਼ਮੂਲੀਅਤ ਕਰਨ ਲਈ ਵੱਖ-ਵੱਖ ਜ਼ਿਲ੍ਹਿਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਇਸ ਸਮੇਂ ਜਥੇਬੰਦੀ ਦੇ ਸਰਪ੍ਰਸਤ ਚਰਨ ਸਿੰਘ ਸਰਾਭਾ, ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ, ਜਰਨਲ ਸਕੱਤਰ ਗੁਰਪ੍ਰੀਤ ਮਾੜੀਮੇਘਾ, ਪ੍ਰਵੀਨ ਕੁਮਾਰ ਲੁਧਿਆਣਾ, ਬਲਕਾਰ ਵਲਟੋਹਾ, ਨਵੀਨ ਸਚਦੇਵਾ, ਸੰਜੀਵ ਸ਼ਰਮਾ ਲੁਧਿਆਣਾ, ਸੁਖਜਿੰਦਰ ਸਿੰਘ ਖਾਨਪੁਰ ਆਗੂਆਂ ਵੱਲੋਂ ਪੰਜਾਬ ਦੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ 'ਤੇ ਦੋਸ਼ ਲਾਉਂਦੇ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਦੇ ਮੁਲਾਜ਼ਮਾਂ ਨਾਲ ਚੋਣਾਂ ਵੇਲੇ ਕੁਝ ਵਾਅਦੇ ਕੀਤੇ ਸਨ, ਜਿਨ੍ਹਾਂ ਨੂੰ ਪੂਰਾ ਕਰਨ ਦੀ ਬਜਾਇ ਟਾਲ-ਮਟੋਲ ਦੀ ਨੀਤੀ ਅਪਣਾ ਰਹੀ ਹੈ। ਇਸ ਤੋਂ ਇਲਾਵਾ ਭਗਵੰਤ ਮਾਨ ਸਰਕਾਰ ਵੀ ਕੇਂਦਰ ਦੀ ਮੋਦੀ ਸਰਕਾਰ ਦੀ ਜਨਤਕ ਸਿੱਖਿਆ ਵਿਰੋਧੀ ਨਵੀਂ ਸਿੱਖਿਆ ਨੀਤੀ-2020 ਨੂੰ ਲਾਗੂ ਕਰਨ, ਸਿੱਖਿਆ ਦਾ ਨਿੱਜੀਕਰਨ, ਵਪਾਰੀਕਰਨ ਕਰਨ ਦੇ ਅਪਣੇ ਲੁਕਵੇਂ ਅਜੰਡੇ ਨੂੰ ਲਾਗੂ ਕਰਨ ਲਈ ਤੇ ਪੰਜਾਬ ਦੇ ਕਾਮਨ ਸਕੂਲ ਸਿਸਟਮ ਨੂੰ ਹੋਰ ਸੱਟ ਮਾਰਨ ਲਈ ਸਕੂਲ ਆਫ ਐਮੀਨੈਂਸ ਨਾ ਦੀ ਸਕੀਮ ਤੇਜ਼ੀ ਨਾਲ ਲਾਗੂ ਕਰਨ ਜਾ ਰਹੀ ਹੈ।

ਆਗੂਆਂ ਨੇ ਖਦਸ਼ਾ ਪ੍ਰਗਟ ਕੀਤਾ ਕਿ ਸਕੂਲ ਆਫ ਐਮੀਨੈਂਸ ਦੇ ਖੁੱਲ੍ਹਣ ਨਾਲ ਨੇੜੇ ਤੇੜੇ ਦੇ ਅਨੇਕਾਂ ਸਰਕਾਰੀ ਸਕੂਲ ਵੀ ਬੰਦ ਹੋਣਗੇ, ਜਿਸ ਨਾਲ ਪੇਂਡੂ ਖੇਤਰ ਖਾਸ ਕਰਕੇ ਲੜਕੀਆਂ ਦੀ ਸਿੱਖਿਆ ਨੂੰ ਭਾਰੀ ਸੱਟ ਵੱਜੇਗੀ। ਜਥੇਬੰਦੀ ਵੱਲੋਂ ਫੈਸਲਾ ਕੀਤਾ ਗਿਆ ਕਿ ਨਵੀਂ ਸਿੱਖਿਆ ਨੀਤੀ 2020 ਸਮੇਤ 'ਸਕੂਲ ਆਫ ਐਮੀਨੈਂਸ' ਰੱਦ ਕਰਨ ਤੇ ਸਿੱਖਿਆ ਦਾ ਨਿੱਜੀਕਰਨ ਵਪਾਰੀਕਰਨ ਵਿਰੁੱਧ ਜਥੇਬੰਦੀ ਵੱਲੋਂ 28 ਮਈ ਨੂੰ ਲੁਧਿਆਣਾ ਵਿਖੇ ਸੂਬਾ ਪੱਧਰੀ ਵਿਸ਼ਾਲ ਇਕੱਤਰਤਾ ਕੀਤੀ ਜਾਵੇ। ਇਸ ਸਮੇਂ ਟਹਿਲ ਸਿੰਘ ਸਰਾਭਾ, ਮਹਿੰਦਰ ਸਿੰਘ ਧਾਲੀਵਾਲ, ਬੂਟਾ ਸਿੰਘ ਭੱਟੀ, ਰੁਕਮਣੀ ਕਾਲੀਆ, ਹਰਮਿੰਦਰ ਮਟਵਾਣੀ, ਜੀਵਨ ਸਿੰਘ, ਬੇਅੰਤ ਸਿੰਘ, ਜਸਵਿੰਦਰ ਸਿੰਘ, ਬਲਬੀਰ ਸਿੰਘ ਰਾਮੂੰਵਾਲਾ, ਪਰਮਿੰਦਰਪਾਲ ਸਿੰਘ, ਜਿੰਦਰ ਪਾਇਲਟ, ਨਵੀਨ ਕੁਮਾਰ, ਸਤਪਾਲ ਸਹਿਗਲ, ਕੁਲਦੀਪ ਸਿੰਘ ਸਹਿਦੇਵ, ਰਕੇਸ਼ ਕੁਮਾਰ, ਨਵਦੀਪ ਸ਼ਰਮਾ, ਜਗਮੋਹਣ ਸਿੰਘ, ਜਗਦੀਸ਼ ਰਾਏ, ਦਿਨੇਸ਼ ਸ਼ਰਮਾ, ਸਤਵਿੰਦਰਪਾਲ ਸਿੰਘ ਆਦਿ ਆਗੂ ਹਾਜ਼ਰ ਸਨ।

# ਜੀ ਟੀ ਬੀ ਕਾਲਜ 'ਚ ਦੋ ਰੋਜ਼ਾ ਕੌਮੀ ਸੈਮੀਨਾਰ ਕਰਾਇਆ

ਸੈਮੀਨਾਰ 'ਚ ਪੁੱਜੇ ਮਹਿਮਾਨਾਂ ਨਾਲ ਪ੍ਰਿੰ. ਡਾ. ਅਵਤਾਰ ਸਿੰਘ।

**ਮੁੱਲਾਂਪੁਰ ਦਾਖਾ (ਗੁਰਮੇਲ ਮੈਲਡੇ)**

ਗੁਰੂ ਤੇਗ ਬਹਾਦਰ ਨੈਸ਼ਨਲ ਕਾਲਜ ਦਾਖਾ ਤੇ ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਦੇ ਸਾਂਝੇ ਉੱਦਮ ਨਾਲ ਦੋ ਰੋਜ਼ਾ ਕੌਮੀ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਪੰਜਾਬ ਭਰ ਤੋਂ ਲੇਖਕਾਂ/ਵਿਦਵਾਨਾ ਨੇ ਹਿੱਸਾ ਲਿਆ। ਇਸ ਪ੍ਰੋਗਰਾਮ ਦੀ ਸ਼ੁਰੂਆਤ ਕਾਲਜ ਦੇ ਪ੍ਰਿੰਸੀਪਲ ਡਾ. ਅਵਤਾਰ ਸਿੰਘ ਵੱਲੋਂ ਦਿੱਤੇ ਗਏ ਸਵਾਗਤੀ ਭਾਸ਼ਣ ਨਾਲ ਹੋਈ। ਪ੍ਰਿੰ. ਵੱਲੋਂ ਜਿੱਥੇ ਆਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ, ਉੱਥੇ ਕਾਲਜ ਦੀਆਂ ਗਤੀਵਿਧੀਆਂ ਬਾਰੇ ਵੀ ਚਾਨਣਾ ਪਾਇਆ। ਇਸ ਪ੍ਰੋਗਰਾਮ ਵਿੱਚ ਡਾ. ਸੁਖਦੇਵ ਸਿੰਘ ਸਿਰਸਾ ਕੌਮੀ ਸਕੱਤਰ ਪ੍ਰਗਤੀਸ਼ੀਲ ਲੇਖਕ ਸੰਘ, ਡਾ. ਸਰਬਜੀਤ ਸਿੰਘ ਪ੍ਰੋਫੈਸਰ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ, ਸੁਰਜੀਤ ਜੱਜ, ਸਕੱਤਰ ਪ੍ਰਗਤੀਸ਼ੀਲ ਲੇਖਕ ਸੰਘ, ਸੁਰਜੀਤ ਸਿੰਘ ਪ੍ਰਧਾਨ, ਪੰਜਾਬ ਇਕਾਈ ਉਚੇਚੇ ਤੌਰ 'ਤੇ ਹਾਜ਼ਰ ਰਹੇ। ਪਹਿਲੇ ਦਿਨ ਦਾ ਮੁੱਖ ਭਾਸ਼ਣ ਡਾ. ਸੁਖਦੇਵ ਸਿੰਘ ਸਿਰਸਾ ਨੇ ਸਮਕਾਲ ਦੇ ਸੰਦਰਭ ਵਿੱਚ ਪੰਜਾਬ ਤੇ ਦੇਸ਼ ਸਾਹਮਣੇ ਸੰਕਟ ਬਾਰੇ ਚਰਚਾ ਕੀਤੀ ਅਤੇ ਡਾਕਟਰ ਸਰਬਜੀਤ ਸਿੰਘ ਨੇ ਦੋ ਰੋਜ਼ਾ ਸੈਮੀਨਾਰ ਦੀ ਅਹਿਮੀਅਤ ਬਾਰੇ ਜਾਣਕਾਰੀ ਦਿੱਤੀ। ਸੈਮੀਨਾਰ ਦੇ ਦੂਜੇ ਸੈਸ਼ਨ ਵਿੱਚ ਸੁਰਜੀਤ ਸਿੰਘ ਭੱਟੀ ਨੇ ਪ੍ਰਧਾਨਗੀ ਕੀਤੀ। ਅੰਤ ਵਿੱਚ ਸੋਮਪਾਲ ਵੱਲੋਂ ਸੋਲੋ ਨਾਟਕ 'ਸਾਡੀ ਕਿਹੜੀ ਧਰਤ ਵੇ ਲੋਕਾ' ਖੇਡਿਆ ਗਿਆ। ਦੂਸਰੇ ਦਿਨ ਦੇ ਪਹਿਲੇ ਸੈਸ਼ਨ ਦੀ ਪ੍ਰਧਾਨਗੀ ਡਾਕਟਰ ਨਾਹਰ ਸਿੰਘ ਤੇ ਦੂਸਰੇ ਸੈਸ਼ਨ ਦੀ ਪ੍ਰਧਾਨਗੀ ਡਾਕਟਰ ਪਾਲ ਕੌਰ ਨੇ ਕੀਤੀ। ਇਸ ਸੈਮੀਨਾਰ ਵਿੱਚ ਪੰਜਾਬ ਪੰਜਾਬੀ ਤੇ ਪੰਜਾਬੀਅਤ ਸਾਹਮਣੇ ਅੰਦਰੂਨੀ ਤੇ ਬਾਹਰੀ ਸੰਕਟਾਂ ਅਤੇ ਉਨ੍ਹਾਂ ਦਾ ਹੱਲ ਕੱਢਣ ਲਈ ਬਹਿਸ ਹੋਈ। ਅਖੀਰ ਵਿੱਚ ਕਵੀ ਦਰਬਾਰ ਕਰਵਾਇਆ ਗਿਆ। ਇਸ ਕਵੀ ਦਰਬਾਰ ਮੌਕੇ ਡਾਕਟਰ ਸੁਰਜੀਤ ਸਿੰਘ, ਡਾਕਟਰ ਲਖਵਿੰਦਰ ਸਿੰਘ ਜੌਹਲ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ। ਅਖੀਰ ਵਿੱਚ ਪ੍ਰੋਫੈਸਰ ਹਰਜੀਤ ਸਿੰਘ ਧਾਲੀਵਾਲ ਸੈਮੀਨਾਰ ਕੋਆਰਡੀਨੇਟਰ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਕਾਲਜ ਪ੍ਰਬੰਧਕੀ ਕਮੇਟੀ ਦੇ ਕਾਰਜਕਾਰੀ ਪ੍ਰਧਾਨ ਰਣਧੀਰ ਸਿੰਘ, ਸਮੂਹ ਸਟਾਫ ਤੇ ਵਿਦਿਆਰਥੀਆ ਹਾਜ਼ਰ ਸਨ।

CMYK

# ਸਹਾਇਕ ਕਮਿਸ਼ਨਰ ਨੇ ਸੁਤੰਤਰਤਾ ਸੰਗਰਾਮੀ ਪਰਵਾਰਾਂ ਦੀਆਂ ਸਮੱਸਿਆਵਾਂ ਸੁਣੀਆਂ

**ਨਾਭਾ/ਪਟਿਆਲਾ (ਵਰਿੰਦਰ ਵਰਮਾ)**-ਦੇਸ਼ ਭਗਤ ਪਰਿਵਾਰਾਂ ਆਜ਼ਾਦੀ ਘੁਲਾਟੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਨੂੰ ਹੱਲ ਕਰਨ ਸਬੰਧੀ ਡਿਪਟੀ ਕਮਿਸ਼ਨਰ ਪਟਿਆਲਾ ਦੀ ਅਗਵਾਈ ਹੇਠ ਸਹਾਇਕ ਕਮਿਸ਼ਨਰ (ਜ) ਕ੍ਰਿਪਾਲਵੀਰ ਸਿੰਘ ਪੀ ਸੀ ਐਸ ਨੇ ਜ਼ਿਲ੍ਹਾ ਪਟਿਆਲਾ ਦੇ ਸੁਤੰਤਰਤਾ ਸੰਗਰਾਮੀ ਪਰਵਾਰਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਮਹੀਨੇਵਾਰ ਮੀਟਿੰਗ ਦਾ ਆਯੋਜਨ ਕੀਤਾ, ਜਿਸ ਵਿੱਚ ਸੁਤੰਤਰਤਾ ਸੰਗਰਾਮੀ ਉੱਤਰਾਧਿਕਾਰੀ ਐਸੋਸੀਏਸ਼ਨ ਪੰਜਾਬ ਰਜਿ ਨੰ 234 ਦੀ ਜ਼ਿਲ੍ਹਾ ਇਕਾਈ ਦੇ ਸੱਦੇ ਤਹਿਤ ਪਟਿਆਲਾ ਜ਼ਿਲ੍ਹੇ ਦੀਆਂ ਸਾਰੀਆਂ ਤਹਿਸੀਲਾਂ ਵਿਚੋਂ ਸੁਤੰਤਰਤਾ ਸੰਗਰਾਮੀ ਪਰਵਾਰਾਂ ਨੇ ਹਿੱਸਾ ਲਿਆ।

ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਐਸੋਸੀਏਸ਼ਨ ਦੇ ਆਗੂਆਂ ਸੂਬਾ ਕਨਵੀਨਰ ਪ੍ਰਕਾਸ਼ ਧਾਲੀਵਾਲ, ਸੂਬਾ ਪ੍ਰਧਾਨ ਅਮਰੀਕ ਕਲਿਹਾਣਾ, ਜ਼ਿਲ੍ਹਾ ਪ੍ਰਧਾਨ ਅਮਰਪ੍ਰੀਤ ਸਿੰਘ ਬੋਬੀ, ਸੂਬਾ ਜਨਰਲ ਸਕੱਤਰ ਇੰਦਰਪਾਲ ਸਿੰਘ ਧਾਲੀਵਾਲ ਸੋਨੀ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸੁਤੰਤਰਤਾ ਸੰਗਰਾਮੀ ਪਰਵਾਰਾਂ ਦੀ ਜ਼ਿਲ੍ਹਾ ਪ੍ਰਸ਼ਾਸਨ ਨਾਲ ਮਹੀਨੇਵਾਰ ਤੀਜੀ ਮੀਟਿੰਗ ਹੋਈ ਹੈ, ਜਿਸ ਵਿੱਚ ਪਿਛਲੇ ਲੰਮੇ ਸਮੇਂ ਤੋਂ ਜ਼ਿਲ੍ਹਾ ਪੱਧਰ ਦੇ ਮਸਲੇ ਹੱਲ ਕਰਾਉਣ ਦਾ ਜਥੇਬੰਦੀ ਨੇ ਯਤਨ ਕੀਤਾ ਹੈ। ਆਗੂਆਂ ਨੇ ਕਿਹਾ ਕਿ ਸੁਤੰਤਰਤਾ ਸੰਗਰਾਮੀ ਪਰਵਾਰਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਾਉਣ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਦਾ ਪੂਰਾ ਸਹਿਯੋਗ ਮਿਲ ਰਿਹਾ ਹੈ।

ਸਰਪ੍ਰਸਤ ਬਾਬਾ ਭੁਪਿੰਦਰ ਸਿੰਘ ਨੇ ਪ੍ਰਸ਼ਾਸਨਿਕ ਅਧਿਕਾਰੀਆਂ ਦਾ ਬਹੁਤ ਹੀ ਸੁਖਾਵੇਂ ਮਾਹੌਲ ਵਿੱਚ ਮਹੀਨੇਵਾਰ ਮੀਟਿੰਗ ਕਰਾਉਣ ਲਈ ਧੰਨਵਾਦ ਕੀਤਾ। ਜ਼ਿਲ੍ਹਾ ਜਥੇਬੰਦੀ ਵੱਲੋਂ ਪਰਿਵਾਰਾਂ ਦੀਆਂ ਜ਼ਿਲ੍ਹਾ ਪੱਧਰ ਦੀਆਂ ਮੰਗਾਂ ਸਬੰਧੀ ਇੱਕ ਮੈਮੋਰੰਡਮ ਵੀ ਦਿੱਤਾ ਗਿਆ। ਸਹਾਇਕ ਕਮਿਸ਼ਨਰ (ਜ) ਨੇ ਸਾਰੇ ਮਸਲਿਆਂ ਨੂੰ ਵਿਚਾਰਨ ਉਪਰੰਤ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੋਂ ਇਲਾਵਾ ਜਥੇਬੰਦੀ ਦੇ ਆਗੂ ਪ੍ਰਕਾਸ਼ ਧਾਲੀਵਾਲ, ਅਮਰੀਕ ਕਲਿਹਾਣਾ, ਅਮਰਪ੍ਰੀਤ ਸਿੰਘ ਬੋਬੀ, ਇੰਦਰਪਾਲ ਸਿੰਘ ਧਾਲੀਵਾਲ ਸੋਨੀ, ਸਤਪਾਲ ਕੌਰ ਢੀਂਡਸਾ, ਪਰਦੁਮਨ ਸਿੰਘ ਢੀਂਡਸਾ, ਕਮਲਦੀਪ ਸਿੰਘ ਗਿੱਲ, ਰਾਜ ਕੁਮਾਰ ਡਕਾਲਾ, ਵਰਿੰਦਰ ਵਡੇਰਾ ਸਕੱਤਰ, ਬਲਜੀਤ ਕੌਰ ਗਰੇਵਾਲ, ਗੁਰਇਕਬਾਲ ਸੰਧੂ, ਹਰਨੇਕ ਸਿੰਘ ਭੁੱਲਰ, ਪਰਮਗੁਰਤੇਜ ਸਿੰਘ, ਪ੍ਰੀਤਮ ਸਿੰਘ ਮਾਨ, ਸੁਖਬੀਰ ਸਿੰਘ ਨਾਭਾ, ਬਚਿੱਤਰ ਸਿੰਘ, ਅਜੇ ਖੰਨਾ, ਗੁਰਚਰਨ ਸਿੰਘ ਮਕਬੂਲਪੁਰ, ਗੁਰਦੀਪ ਸਿੰਘ ਅਕਾਲਗੜ੍ਹ ਆਦਿ ਸੁਤੰਤਰਤਾ ਸੰਗਰਾਮੀ ਉਤਰਾਧਿਕਾਰੀ ਸ਼ਾਮਲ ਹੋਏ।

# ਮਲਟੀਪਰਪਜ਼ ਹੈੱਲਥ ਵਰਕਰ ਯੂਨੀਅਨ ਮੇਲ-ਫੀਮੇਲ ਦੀ ਜ਼ੂਮ ਮੀਟਿੰਗ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**: ਮਲਟੀਪਰਪਜ਼ ਹੈੱਲਥ ਵਰਕਰ ਯੂਨੀਅਨ ਮੇਲ ਫੀਮੇਲ ਪੰਜਾਬ ਦੀ ਇੱਕ ਜ਼ੂਮ ਮੀਟਿੰਗ ਗੁਰਪ੍ਰੀਤ ਸਿੰਘ ਮੰਗਵਾਲ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਦੌਰਾਨ ਮੀਤ ਪ੍ਰਧਾਨ ਪੰਜਾਬ ਨਰਿੰਦਰ ਸ਼ਰਮਾ ਦੱਸਿਆ ਕਿ ਪੰਜਾਬ 'ਚ ਡੇਂਗੂ ਅਤੇ ਕੋਰੋਨਾ ਮਰੀਜ਼ਾਂ ਦਾ ਲਗਾਤਾਰ ਵਾਧਾ ਹੋ ਰਿਹਾ ਹੈ। ਉਨ੍ਹਾ ਪੰਜਾਬ ਸਰਕਾਰ ਤੋਂ ਮੰਗ ਕਿ ਪੰਜਾਬ ਸਰਕਾਰ ਡੇਂਗੂ ਦੇ ਵਾਧੇ ਨੂੰ ਰੋਕਣ ਲਈ ਸਪਰੇਅ, ਵਰਕਰਾਂ ਦੀ ਭਰਤੀ ਕਰੇ ਤਾਂ ਜੋ ਡੇਂਗੂ ਪ੍ਰਭਾਵਿਤ ਇਲਾਕਿਆਂ 'ਚ ਲਗਾਤਾਰ ਸਪਰੇਅ ਕੀਤੀ ਜਾਵੇ ਅਤੇ ਡੇਂਗੂ ਨੂੰ ਰੋਕਿਆ ਜਾ ਸਕੇ ਅਤੇ ਨਾਲ ਹੀ ਸ਼ਹਿਰੀ ਇਲਾਕਿਆਂ 'ਚ ਸਿਹਤ ਵਿਭਾਗ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਕ 5000 ਦੀ ਅਬਾਦੀ ਪਿੱਛੇ ਇੱਕ ਮਲਟੀਪਰਪਜ਼ ਹੈੱਲਥ ਵਰਕਰ ਭਰਤੀ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਸਮੇਂ ਸਮੇਂ 'ਤੇ ਸਿਹਤ ਸਹੂਲਤਾਂ ਦਿੱਤੀਆਂ ਜਾ ਸਕਣ।

ਇਸ ਮੌਕੇ ਸੁਖਜੀਤ ਸਿੰਘ ਮੁਕਤਸਰ ਅਤੇ ਪ੍ਰਭਜੀਤ ਸਿੰਘ ਵੇਰਕਾ ਨੇ ਕੋਰੋਨਾ ਦੇ ਵਧੇ ਕੇਸਾਂ ਨੂੰ ਮੱਦੇਨਜ਼ਰ ਰੱਖਦੇ ਹੋਏ ਲਗਾਤਾਰ ਤਿੰਨ ਮਹੀਨੇ ਤੋਂ ਬੰਦ ਪਈ ਕੋਰੋਨਾ ਵੈਕਸੀਨ ਨੂੰ ਚਾਲੂ ਕਰਨ ਦੀ ਮੰਗ ਕੀਤੀ।ਇਸ ਮੌਕੇ ਸੁਖਜਿੰਦਰ ਸਿੰਘ ਫਾਜ਼ਿਲਕਾ, ਹਰਜੀਤ ਸਿੰਘ ਤਰਨ ਤਾਰਨ ਨੇ ਪੰਜਾਬ ਸਰਕਾਰ ਨੂੰ ਮਲਟੀਪਰਪਜ਼ ਹੈੱਲਥ ਵਰਕਰਾਂ ਦੀ ਨਵੀਂ ਭਰਤੀ ਕਰਨ ਅਤੇ ਮਲਟੀਪਰਪਜ ਹੈੱਲਥ ਵਰਕਰ ਨਾਂਅ ਬਦਲ ਲਈ ਪੰਜਾਬ ਸਰਕਾਰ ਤੋਂ ਮੰਗ ਕੀਤੀ। ਇਸ ਮੌਕੇ ਜਥੇਬੰਦੀਆਂ ਸੀਨੀਅਰ ਲੀਡਰ ਵਿਰਸਾ ਸਿੰਘ ਅਤੇ ਗੁਰਦੇਵ ਸਿੰਘ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਨਵੇਂ ਜ਼ਿਲ੍ਹਿਆਂ 'ਚ ਮਲਟੀਪਰਪਜ਼ ਹੈੱਲਥ ਵਰਕਰ, ਹੈਲਪਰ ਸੁਪਰਵਾਈਜ਼ਰ ਅਤੇ ਅਸਿਸਟੈਂਟ ਮਲੇਰੀਆ ਅਫਸਰ ਦੀਆਂ ਨਵੀਆਂ ਪੋਸਟਾਂ ਦਾ ਵਾਧਾ ਕੀਤਾ ਜਾਵੇ। ਰਣਧੀਰ ਸਿੰਘ ਫਤਹਿਗੜ੍ਹ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਸਰਕਾਰ ਪੁਰਾਣੀ ਪੈਨਸ਼ਨ ਜਲਦੀ ਤੋਂ ਜਲਦੀ ਲਾਗੂ ਕਰੇ ਅਤੇ ਕੱਚੇ ਕਾਮਿਆਂ ਨੂੰ ਜਲਦੀ-ਜਲਦੀ ਪੱਕਾ ਕੀਤਾ ਜਾਵੇ। ਇਸ ਤੋਂ ਇਲਾਵਾ ਜਗਤਾਰ ਸਿੰਘ ਪਟਿਆਲਾ, ਅਵਤਾਰ ਸਿੰਘ ਸੰਗਰੂਰ, ਚੰਦ ਸਿੰਘ ਬਠਿੰਡਾ ਆਦਿ ਹਾਜ਼ਰ ਸਨ।

# ਟੰਡਨ ਇੰਟਰਨੈਸ਼ਨਲ ਸਕੂਲ ਨੇ ਧਰਤੀ ਦਿਵਸ ਮਨਾਇਆ

**ਬਰਨਾਲਾ (ਰਾਜਿੰਦਰ ਬਰਾੜ/ਰਾਕੇਸ਼ ਨੀਟਾ)**-ਇਲਾਕੇ ਦੀ ਪ੍ਰਸਿੱਧ ਸੰਸਥਾ ਟੰਡਨ ਇੰਟਰਨੈਸ਼ਨਲ ਸਕੂਲ 'ਚ ਧਰਤੀ ਦਿਵਸ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਸਾਰੇ ਬੱਚਿਆਂ ਲਈ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਬੱਚਿਆਂ ਨੂੰ ਧਰਤੀ ਦੀ ਮਹੱਤਤਾ ਤੇ ਧਰਤੀ ਨੂੰ ਬਚਾਉਣ ਬਾਰੇ ਦੱਸਿਆ ਗਿਆ। ਸਕੂਲ ਦੇ ਅਧਿਆਪਕਾਂ ਨੇ ਬੱਚਿਆਂ ਨੂੰ ਕਿਹਾ ਕਿ ਸਾਨੂੰ ਪਾਣੀ ਦੀ ਬਚਤ ਕਰਨੀ ਚਾਹੀਦੀ ਹੈ ਤੇ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਪਾਣੀ ਤੇ ਆਕਸੀਜਨ ਦੀ ਕਮੀ ਨਾ ਆਵੇ, ਜੇਕਰ ਅਸੀਂ ਆਪਣੀ ਜਾਨ ਬਚਾਉਣੀ ਹੈ ਤਾਂ ਰੁੱਖਾਂ ਤੇ ਪਾਣੀ ਨੂੰ ਬਚਾਉਣਾ ਹੋਵੇਗਾ। ਸਾਨੂੰ ਪਾਣੀ ਤੇ ਹਵਾ ਵਿੱਚ ਵੀ ਪ੍ਰਦੂਸ਼ਣ ਨਹੀਂ ਫੈਲਾਉਣਾ ਚਾਹੀਦਾ। ਬੱਚਿਆਂ ਨੇ ਵੱਖ-ਵੱਖ ਮਾਧਿਅਮਾਂ ਰਾਹੀਂ ਸਕਿੱਟ, ਕਵਿਤਾਵਾਂ, ਡਾਂਸ, ਗੀਤ ਤੇ ਕਠਪੁਤਲੀ ਸ਼ੋਅ ਰਾਹੀਂ ਧਰਤੀ ਨੂੰ ਬਚਾਉਣ ਬਾਰੇ ਦੱਸਿਆ ਅਤੇ ਦਿਖਾਇਆ। ਇਸ ਮੌਕੇ ਸਕੂਲੀ ਬੱਚਿਆਂ ਨੂੰ ਨਰਸਰੀ 'ਚ ਵੀ ਲਿਜਾਇਆ ਗਿਆ, ਜਿੱਥੇ ਬੱਚਿਆਂ ਨੂੰ ਰੁੱਖਾਂ, ਪੌਦਿਆਂ ਤੇ ਫੁੱਲਾਂ ਬਾਰੇ ਦੱਸਿਆ ਗਿਆ। ਸਕੂਲ ਵਿੱਚ ਨਰਸਰੀ ਤੋਂ ਲੈ ਕੇ ਸਾਰੇ ਬੱਚਿਆਂ ਦੇ ਵੱਖ-ਵੱਖ ਮੁਕਾਬਲੇ ਕਰਵਾਏ ਗਏ। ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਸਰੁਤੀ ਸ਼ਰਮਾ, ਵਾਈਸ ਪ੍ਰਿੰਸੀਪਲ ਸਾਲਨੀ ਕੌਸ਼ਲ ਨੇ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਧਰਤੀ ਸਾਡੀ ਮਾਂ ਹੈ ਤੇ ਅਸੀਂ ਰੁੱਖਾਂ ਦੀ ਕਟਾਈ ਕਰਕੇ ਅਤੇ ਪਾਣੀ ਦੀ ਨਿਕਾਸੀ, ਗੰਦਗੀ ਫੈਲਾਉਣ, ਹਵਾ ਨੂੰ ਦੂਸ਼ਤ ਕਰਕੇ ਧਰਤੀ ਨੂੰ ਨੁਕਸਾਨ ਪਹੁੰਚਾਉਣਾ ਜੇਕਰ ਅੱਜ ਅਸੀਂ ਵੱਧ ਤੋਂ ਵੱਧ ਰੁੱਖ ਨਾ ਲਗਾਏ ਤਾਂ ਇੱਕ ਦਿਨ ਅਸੀਂ ਸਾਹ ਵੀ ਨਹੀਂ ਲੈ ਸਕਾਂਗੇ। ਇਸ ਲਈ ਸਾਨੂੰ ਸਾਰਿਆਂ ਨੂੰ ਰੁੱਖ ਬਚਾਉਣ ਤੇ ਰੁੱਖ ਲਗਾਉਣ ਲਈ ਜਾਗਰੂਕ ਕਰਨਾ ਚਾਹੀਦਾ ਹੈ।

# ਮਹਿਕਦੀਪ ਨੇ 'ਵਰਸਿਟੀ ਪੱਧਰ 'ਤੇ ਕਾਲਜ ਦਾ ਨਾਂਅ ਰੁਸ਼ਨਾਇਆ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਖ਼ਾਲਸਾ ਸਾਜਨਾ ਦਿਵਸ ਮੌਕੇ ਯੂਨੀਵਰਸਿਟੀ ਪੱਧਰ ਉੱਪਰ ਲੇਖ ਲਿਖਣ, ਕਵਿਤਾ ਉਚਾਰਨ, ਕੁਇੱਜ਼ ਮੁਕਾਬਲੇ ਤੇ ਕਵਿਸ਼ਰੀ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਦੌਰਾਨ ਯੂਨੀਵਰਸਿਟੀ ਅਧੀਨ ਆਉਂਦੇ ਵੱਖ-ਵੱਖ ਕਾਲਜਾਂ ਤੇ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ।

ਇਸ ਦੌਰਾਨ ਲੇਖ ਲਿਖਣ ਮੁਕਾਬਲੇ ਵਿੱਚ ਦੇਸ਼ ਭਗਤ ਕਾਲਜ ਬਰੜਵਾਲ ਦੀ ਵਿਦਿਆਰਥਣ ਮਹਿਕਦੀਪ ਕੌਰ ਬੀ.ਏ., ਬੀ.ਐੱਡ. ਭਾਗ ਪਹਿਲਾ ਨੇ ਯੂਨੀਵਰਸਿਟੀ ਪੱਧਰ 'ਤੇ ਦੂਜਾ ਸਥਾਨ ਹਾਸਲ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ। ਵਿਦਿਆਰਥੀ ਦੀ ਇਸ ਸਫਲਤਾ 'ਤੇ ਕਾਲਜ ਦੇ ਪ੍ਰਿੰਸੀਪਲ ਡਾ: (ਮੇਜਰ) ਬਲਬੀਰ ਸਿੰਘ ਨੇ ਵਿਦਿਆਰਥਣ ਤੇ ਯੂਥ-ਕਲੱਬ ਦੇ ਇੰਚਾਰਜ ਡਾ: ਹਰਜਿੰਦਰ ਕੌਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਵਿਦਿਆਰਥੀ ਤੇ ਉਸ ਦੇ ਅਧਿਆਪਕ ਦੀ ਮਿਹਨਤ ਦਾ ਨਤੀਜਾ ਹੈ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਇਦਾਂ ਦੇ ਪ੍ਰੋਗਰਾਮਾਂ 'ਚ ਵੱਧ ਤੋਂ ਵੱਧ ਪ੍ਰਾਪਤੀਆਂ ਕਰਨ ਲਈ ਪ੍ਰੇਰਿਤ ਕੀਤਾ।

ਇਸ ਪ੍ਰੋਗਰਾਮ ਦੌਰਾਨ ਡਾ: ਭਰਤਇੰਦਰ ਸਿੰਘ ਨੇ ਅਹਿਮ ਭੂਮਿਕਾ ਨਭਾਈ। ਇਸ ਮੌਕੇ ਕਾਲਜ ਟਰੱਸਟ ਦੇ ਸਕੱਤਰ ਸ੍. ਬਲਵੰਤ ਸਿੰਘ ਮੀਮਸਾ ਨੇ ਵੀ ਵਿਦਿਆਰਥੀ ਨੂੰ ਵਧਾਈ ਦਿੱਤੀ ਤੇ ਉਸ ਨੂੰ ਸਨਮਾਨਤ ਕੀਤਾ। ਇਸ ਮੌਕੇ ਡਾ: ਦਲਵਿੰਦਰ ਕੌਰ ਤੇ ਡਾ: ਅਮ੍ਰਿਤ ਸਿੰਘ ਹਾਜ਼ਰ ਸਨ।

# ਰਿੰਕਾ ਨੇ ਡਾਕਟਰ ਸੁੱਖੀ ਦੀ ਚੋਣ ਮੁਹਿੰਮ ਭਖਾਈ

**ਮਹਿਲ ਕਲਾਂ (ਬਲਵਿੰਦਰ ਵਜੀਦਕੇ/ਪ੍ਰਦੀਪ ਲੋਹਗੜ੍ਹ)**-ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਜਥੇਬੰਦਕ ਸਕੱਤਰ ਅਤੇ ਹਲਕਾ ਮਹਿਲ ਕਲਾਂ ਦੇ ਤੇਜ਼-ਤਰਾਰ ਅਕਾਲੀ ਆਗੂ ਰਿੰਕਾ ਕੁਤਬਾ ਬਾਹਮਣੀਆਂ ਵੱਲੋਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਲੰਧਰ ਜ਼ਿਮਨੀ ਚੋਣ 'ਚ ਗੱਠਜੋੜ ਦੇ ਉਮੀਦਵਾਰ ਡਾ. ਸੁਖਵਿੰਦਰ ਸੁੱਖੀ ਦੇ ਹੱਕ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਗੱਲਬਾਤ ਕਰਦਿਆਂ ਆਗੂ ਰਿੰਕਾ ਕੁਤਬਾ ਬਾਹਮਣੀਆਂ ਨੇ ਦੱਸਿਆ ਉਨ੍ਹਾਂ ਵੱਲੋਂ ਆਪਣੀ ਟੀਮ ਸਮੇਤ ਜਿੱਥੇ ਵੱਖ-ਵੱਖ ਪਿੰਡਾਂ, ਵਾਰਡਾਂ ਤੇ ਮੁਹੱਲਿਆਂ 'ਚ ਜਾ ਕੇ ਲੋਕਾਂ ਨੂੰ ਸ਼੍ਰੋਮਣੀ ਅਕਾਲੀ ਦਲ-ਬਸਪਾ ਗੱਠਜੋੜ ਦੇ ਹੱਕ ਭੁਗਤਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਵਾਲਮੀਕਿ ਭਾਈਚਾਰੇ ਦੇ ਲੋਕਾਂ ਨੂੰ ਡਾ. ਸੁੱਖੀ ਦੀ ਚੋਣ ਮੁਹਿੰਮ 'ਚ ਤੋਰਿਆ ਜਾ ਰਿਹਾ ਹੈ। ਉਨ੍ਹਾ ਦੱਸਿਆ ਕਿ ਜਲੰਧਰ ਹਲਕੇ ਦੇ ਲੋਕਾਂ ਵੱਲੋਂ ਅਕਾਲੀ-ਬਸਪਾ ਗੱਠਜੋੜ ਨੂੰ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ, ਕਿਉਂਕਿ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਇੱਕ ਸਾਲ ਦੀ ਕਾਰਗੁਜ਼ਾਰੀ ਤੋਂ ਬੁਰੀ ਤਰ੍ਹਾਂ ਨਾਲ ਨਿਰਾਸ਼ ਹਨ। ਪੰਜਾਬ ਦੇ ਲੋਕਾਂ ਨੂੰ ਇਸ ਸਮਝ ਆ ਚੁੱਕੀ ਹੈ ਕਿ ਸ਼੍ਰੋਮਣੀ ਅਕਾਲੀ ਦਲ ਇੱਕੋ ਇੱਕ ਅਜਿਹੀ ਪਾਰਟੀ ਹੈ, ਜੋ ਪੰਜਾਬ, ਪੰਜਾਬ ਤੇ ਪੰਜਾਬੀਅਤ ਦੇ ਹਿੱਤਾਂ ਦੀ ਅਸਲ ਪਹਿਰੇਦਾਰੀ ਕਰਨ ਦੇ ਸਮਰੱਥ ਹੈ।

ਆਗੂ ਰਿੰਕਾਂ ਨੇ ਦਾਅਵਾ ਕੀਤਾ ਕਿ ਲੋਕਾਂ ਵੱਲੋਂ ਮਿਲ ਰਹੇ ਭਰਵੇਂ ਸਹਿਯੋਗ ਦੇ ਸਦਕਾ ਜਲੰਧਰ ਜ਼ਿਮਨੀ ਚੋਣ 'ਚ ਅਕਾਲੀ-ਬਸਪਾ ਗੱਠਜੋੜ ਦੇ ਉਮੀਦਵਾਰ ਡਾ. ਸੁਖਵਿੰਦਰ ਸੁੱਖੀ ਦੀ ਜਿੱਤ ਯਕੀਨੀ ਹੈ।

# ਨੈਣਾ ਦੇਵੀ ਮੰਦਰ ਵਿਖੇ ਮੂਰਤੀਆਂ ਦਾ ਸਥਾਪਨਾ ਦਿਵਸ ਮਨਾਇਆ

ਸ੍ਰੀ ਨੈਣਾ ਦੇਵੀ ਮੰਦਰ ਵਿਖੇ ਹਵਨ ਯੱਗ ਮੌਕੇ ਹਾਜ਼ਰ ਮੈਂਬਰ।

**ਤਪਾ ਮੰਡੀ (ਅਰੁਣ ਗੋਇਲ)**-ਸਬ-ਡਵੀਜ਼ਨਲ ਹਸਪਤਾਲ ਤਪਾ ਨੇੜੇ ਸਥਿਤ ਸ੍ਰੀ ਨੈਣਾ ਦੇਵੀ ਮੰਦਿਰ ਵਿਖੇ ਲਗਭਗ 2 ਦਹਾਕੇ ਪਹਿਲਾਂ ਸਥਾਪਤ ਮੂਰਤੀਆਂ ਦਾ ਸਥਾਪਨਾ ਦਿਵਸ ਧਾਰਮਿਕ ਸਮਾਗਮ ਕਰਕੇ ਮਨਾਇਆ ਗਿਆ।

ਇਸ ਸੰਬੰਧੀ ਸ੍ਰੀ ਨੈਣਾ ਦੇਵੀ ਮੰਦਿਰ ਦੀ ਕਮੇਟੀ ਦੇ ਪ੍ਰਧਾਨ ਜਤਿੰਦਰ ਗੋਗੀ ਢਿੱਲਵਾਂ ਨੇ ਦੱਸਿਆ ਕਿ ਮੰਦਿਰ ਕਮੇਟੀ ਵੱਲੋਂ ਹਰੇਕ ਸਾਲ ਸ੍ਰੀ ਨੈਣਾ ਦੇਵੀ ਮੰਦਿਰ (ਹਿਮਾਚਲ) 'ਚ ਵਿਸ਼ਾਲ ਭੰਡਾਰਾ ਲਗਾਇਆ ਜਾਂਦਾ ਹੈ ਤੇ ਸਮੇਂ-ਸਮੇਂ 'ਤੇ ਮੰਡੀ ਨਿਵਾਸੀਆਂ ਦੇ ਸਹਿਯੋਗ ਨਾਲ ਮੰਦਿਰ 'ਚ ਲੰਗਰ ਤੇ ਧਾਰਮਿਕ ਸਮਾਗਮ ਕਰਵਾਏ ਜਾਂਦੇ ਹਨ, ਅੱਜ ਮੰਦਿਰ 'ਚ ਸਥਾਪਤ ਮੂਰਤੀਆਂ ਦੇ ਸਥਾਪਨਾ ਦਿਵਸ ਮੌਕੇ ਹਵਨ ਯੱਗ ਤੇ ਕੀਰਤਨ ਕਰਨ ਉਪਰੰਤ ਭੰਡਾਰਾ ਵਰਤਾਇਆ ਗਿਆ, ਪੂਜਾ ਅਰਚਨਾ ਸ਼ਾਸਤਰੀ ਰਾਮ ਕੁਮਾਰ ਸ਼ਰਮਾ ਨੇ ਅਦਾ ਕੀਤੀ।

ਇਸ ਮੌਕੇ ਡਾ. ਗੁਰਦੇਵ ਬਾਂਸਲ, ਅਸ਼ੋਕ ਕੁਮਾਰ ਮਿੱਤਲ, ਮੱਖਣ ਤੇਲ ਵਾਲਾ, ਰਮੇਸ਼ ਕੁਮਾਰ ਪੱਖੋ, ਧਰਮ ਪਾਲ ਸ਼ਰਮਾ, ਹਰਵਿੰਦਰ ਕੁਮਾਰ, ਵਿਨੋਦ ਬਦਰਾ, ਸੀਤਾ ਰਾਮ, ਅੱਛਰੂ ਰਾਮ, ਸੁਰਿੰਦਰ ਕੁਮਾਰ, ਯੋਗੀ ਸ਼ਹਿਣਾ, ਮਨੋਜ ਕੁਮਾਰ ਮੌਂਜੀ, ਸੀਰਾ ਹਲਵਾਈ, ਸ਼ਾਮਾ ਹਲਵਾਈ, ਮਾਲਾ ਰਾਮ, ਪ੍ਰੇਮ ਰਾਈਆ, ਰਾਜ ਕੁਮਾਰ, ਖੁਸ਼ਦੀਪ ਪੱਖੋ, ਭੂਸ਼ਨ ਕੁਮਾਰ ਸ਼ਰਮਾ, ਰਾਜਿੰਦਰ ਕੁਮਾਰ ਆਦਿ ਵੱਡੀ ਗਿਣਤੀ 'ਚ ਸੰਗਤ ਹਾਜ਼ਰ ਸੀ।

# ਕੁਸ਼ਟ ਰੋਗੀਆਂ ਨੂੰ ਦਵਾਈਆਂ ਤੇ ਲੋੜੀਂਦਾ ਸਾਮਾਨ ਵੰਡਿਆ

ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਆਸ਼ਰਮ ਵਿੱਚ ਕੁਸ਼ਟ ਰੋਗੀਆਂ ਨੂੰ ਬੂਟ ਤੇ ਦਵਾਈਆਂ ਦੀ ਵੰਡ ਕਰਦੇ ਹੋਏ।

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਨੇ ਕੁਸ਼ਟ ਆਸ਼ਰਮ, ਸ਼ੇਖੂਪੁਰਾ ਵਿੱਚ ਰਹਿੰਦੇ ਕੁਸ਼ਟ ਰੋਗੀਆਂ ਨੂੰ ਘਰੇਲੂ ਵਰਤੋਂ ਵਿੱਚ ਆਉਣ ਵਾਲਾ ਸਾਮਾਨ, ਬੂਟ, ਜ਼ਖ਼ਮਾਂ ਦੇ ਇਲਾਜ ਲਈ ਦਵਾਈਆਂ ਤੇ ਕਾਟਨ ਆਦਿ ਦੀ ਵੰਡ ਕੀਤੀ ਗਈ। ਇਸ ਮੌਕੇ ਸਿਵਲ ਸਰਜਨ ਡਾ. ਦਵਿੰਦਰਜੀਤ ਕੌਰ ਨੇ ਕਿਹਾ ਕਿ ਇਸ ਆਸ਼ਰਮ ਵਿੱਚ ਰਹਿੰਦੇ 55 ਦੇ ਕਰੀਬ ਕੁਸ਼ਟ ਰੋਗੀ, ਜੋ ਆਪਣਾ ਕੁਸ਼ਟ ਰੋਗ ਦਾ ਪੂਰਾ ਇਲਾਜ ਕਰਾ ਕੇ ਕੁਸ਼ਟ ਰੋਗ ਤੋਂ ਠੀਕ ਹੋ ਚੁੱਕੇ ਹਨ ਅਤੇ ਆਸ਼ਰਮ ਵਿਚ ਰਹਿ ਰਹੇ ਹਨ, ਨੂੰ ਜ਼ਿਲ੍ਹਾ ਸਿਹਤ ਵਿਭਾਗ ਵੱਲੋਂ ਪੈਰਾਂ ਦੇ ਅਨੁਕੂਲ ਨਰਮ ਤਲੇ ਵਾਲੇ ਬੂਟ, ਜ਼ਖ਼ਮਾਂ ਦੀ ਦੇਖ-ਭਾਲ ਕਰਨ ਲਈ ਪੱਟੀਆਂ, ਕਾਟਨ, ਐਂਟੀਬਾਇਓਟਿਕ, ਜੈਨਰਿਕ ਤੇ ਤਾਕਤ ਦੀਆਂ ਦਵਾਈਆਂ ਆਦਿ ਦੀ ਵੰਡ ਕੀਤੀ ਗਈ। ਉਨ੍ਹਾਂ ਕਿਹਾ ਕਿ ਭਾਵੇਂ ਇਹ ਮਰੀਜ਼ ਕੁਸ਼ਟ ਤੋਂ ਪੂਰਨ ਤੌਰ 'ਤੇ ਠੀਕ ਹੋ ਚੁੱਕੇ ਹਨ, ਪ੍ਰੰਤੂ ਫਿਰ ਵੀ ਜ਼ਖ਼ਮਾਂ ਦੀ ਦੇਖਭਾਲ ਕਰਨ ਲਈ ਸਿਹਤ ਵਿਭਾਗ ਵੱਲੋਂ ਸਮੇਂ-ਸਮੇਂ 'ਤੇ ਇਨ੍ਹਾਂ ਨੂੰ ਦਵਾਈਆਂ ਮੁਫ਼ਤ ਮੁਹੱਈਆ ਕਰਾਈਆਂ ਜਾਂਦੀਆ ਹਨ। ਮਹਿਕਮੇ ਵੱਲੋਂ ਲੋੜ ਮੁਤਾਬਕ ਕੁਸ਼ਟ ਰੋਗ ਪੀੜਤ ਮਰੀਜ਼ਾਂ ਨੂੰ ਅੰਗਹੀਣਤਾ ਸਰਟੀਫਿਕੇਟ ਵੀ ਜਾਰੀ ਕਰਾਏ ਜਾਂਦੇ ਹਨ। ਨੋਡਲ ਅਫਸਰ ਡਾ. ਹਰਪ੍ਰੀਤ ਕੌਰ ਨੇ ਦੱਸਿਆ ਕਿ ਕੁਸ਼ਟ ਰੋਗ ਕੁਦਰਤ ਦੀ ਕਰੋਪੀ ਜਾਂ ਪੁਰਾਣੇ ਜਨਮਾਂ ਦਾ ਫ਼ਲ ਨਹੀਂ ਹੈ, ਸਗੋਂ ਇਹ ਚਮੜੀ ਦਾ ਰੋਗ ਹੈ। ਜੇਕਰ ਇਸ ਰੋਗ ਦਾ ਸਮੇਂ ਸਿਰ ਇਲਾਜ ਹੋ ਜਾਵੇ ਤਾਂ ਕਈ ਕਿਸਮ ਦੀ ਕਰੂਪਤਾਂ ਤੇ ਅਪਾਹਜਪਣ ਤੋਂ ਬਚਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਬਿਮਾਰੀ ਦਾ ਇਲਾਜ ਸਾਰੇ ਸਰਕਾਰੀ ਹਸਪਤਾਲਾਂ, ਸਿਹਤ ਕੇਂਦਰਾਂ ਤੇ ਸਰਕਾਰੀ ਡਿਸਪੈਂਸਰੀਆਂ ਵਿੱਚ ਮਲਟੀ ਡਰੱਗ ਥਰੈਪੀ ਰਾਹੀਂ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ। ਇਸ ਮੌਕੇ ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਕਰਨੈਲ ਸਿੰਘ, ਗੁਰਦੀਪ ਸਿੰਘ ਜ਼ਿਲ੍ਹਾ ਬੀ.ਸੀ.ਸੀ. ਕੁਆਰਡੀਨੇਟਰ ਅਮਰਜੀਤ ਸਿੰਘ, ਲੈਪਰੋਸੀ ਸੁਪਰਵਾਈਜ਼ਰ ਜਸਵਿੰਦਰ ਕੌਰ ਹਾਜ਼ਰ ਸਨ।

# ਉਦਯੋਗਪਤੀਆਂ ਦਾ ਵਫ਼ਦ ਚੇਅਰਮੈਨ ਢਿੱਲੋਂ ਨੂੰ ਮਿਲਿਆ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸੰਗਰੂਰ ਚੈਂਬਰ ਆਫ਼ ਕਾਮਰਸ ਧੂਰੀ ਦੇ ਵਫ਼ਦ ਨੇ ਸੈਕਟਰੀ ਅੰਮ੍ਰਿਤ ਰਿੰਕੂ ਗਰਗ ਦੀ ਅਗਵਾਈ ਹੇਠ ਪੰਜਾਬ ਰਾਜ ਲਘੂ ਵਿਕਾਸ ਨਿਗਮ ਦੇ ਚੇਅਰਮੈਨ ਦਲਬੀਰ ਸਿੰਘ ਢਿੱਲੋਂ ਨਾਲ ਮੁਲਾਕਾਤ ਕੀਤੀ। ਮੀਟਿੰਗ ਦੇ ਵੇਰਵੇ ਪ੍ਰੈੱਸ ਨੂੰ ਜਾਰੀ ਕਰਦਿਆਂ ਸੈਕਟਰੀ ਅੰਮ੍ਰਿਤ ਗਰਗ ਨੇ ਦੱਸਿਆ ਕਿ ਮੀਟਿੰਗ ਦੌਰਾਨ ਧੂਰੀ ਵਿਖੇ ਫੋਕਲ ਪੁਆਇੰਟ ਬਣਾਉਣ ਦੀ ਮੰਗ ਕੀਤੀ ਗਈ ਹੈ ਤੇ ਇਹ ਵੀ ਦੱਸਿਆ ਕਿ ਧੂਰੀ ਵਿਖੇ ਫੋਕਲ ਪੁਆਇੰਟ ਬਣਾਉਣ ਤੋਂ ਬਾਅਦ ਹੀ ਉਦਯੋਗਪਤੀਆਂ ਦੀਆਂ ਮੁਸ਼ਕਲਾਂ ਦਾ ਹੱਲ ਹੋ ਸਕਦਾ ਹੈ। ਇਸ ਤੋਂ ਇਲਾਵਾ ਉਨ੍ਹਾਂ, ਸੀ.ਐੱਲ.ਯੂ. ਪ੍ਰਕਿਰਿਆ ਨੂੰ ਸਰਲ ਬਣਾਉਣ, ਧੂਰੀ ਵਿਖੇ ਫੋਕਲ ਪੁਆਇੰਟ ਬਣਾਉਣ ਸਮੇਤ ਹੋਰ ਮੰਗਾਂ ਨੂੰ ਵੀ ਪ੍ਰਮੁੱਖਤਾ ਨਾਲ ਰੱਖਿਆ। ਵਫਦ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਸੁਨਣ ਤੋਂ ਉਪਰੰਤ ਚੇਅਰਮੈਨ ਢਿੱਲੋਂ ਨੇ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਉਕਤ ਮੰਗਾਂ ਬਾਰੇ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਨਾਲ ਵਿਚਾਰ ਕਰਕੇ ਹਰ ਸੰਭਵ ਉਪਰਾਲਾ ਕੀਤਾ ਜਾਵੇਗਾ। ਇਸ ਮੌਕੇ ਗੁਰਮੁੱਖ ਸਿੰਘ, ਰਾਜੂ ਰਾਮ, ਕ੍ਰਿਸ਼ਨ ਕੁਮਾਰ, ਅਮਿਤ ਜਿੰਦਲ ਆਦਿ ਹਾਜ਼ਰ ਸਨ।

# ਬੁੱਕ ਬੈਂਕ ਸੁਸਾਇਟੀ ਵੱਲੋਂ ਵਿਦਿਆਰਥੀਆਂ ਨੂੰ ਕਿਤਾਬਾਂ ਭੇਟ

**ਜਗਰਾਉ (ਅਮਿਤ ਖੰਨਾ)**-ਸਿੱਖਿਆ ਦੇ ਖੇਤਰ ਵਿੱਚ ਪਿਛਲੇ 40 ਸਾਲਾਂ ਤੋਂ ਗਰੀਬ ਬੇਸਹਾਰਾ ਲੋੜਵੰਦ ਵਿਦਿਆਰਥੀਆਂ ਦੀ ਮਦਦ ਕਰਨ ਵਾਲੀ ਜਗਰਾਉਂ ਦੀ ਸਭ ਤੋਂ ਵੱਡੀ ਸੰਸਥਾ ਬੁੱਕ ਬੈਂਕ ਸੁਸਾਇਟੀ ਵੱਲੋਂ ਸਵਰਗੀ ਬਾਬੂ ਰਾਮ ਸਰਾਫ ਬੁੱਕ ਬੈਂਕ ਲਾਇਬ੍ਰੇਰੀ ਵਿਖੇ ਸਮਾਗਮ ਕਰਵਾਇਆ ਗਿਆ। ਸੰਸਥਾ ਦੇ ਪ੍ਰਧਾਨ ਹਿੰਮਤ ਵਰਮਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਜਗਰਾਉਂ ਦੇ ਮੁੱਖ ਸਮਾਜ ਸੇਵੀ ਕੈਪਟਨ ਨਰੇਸ਼ ਵਰਮਾ ਦੀ ਅਗਵਾਈ 'ਚ ਕਰਵਾਏ ਗਏ ਇਸ ਪ੍ਰੋਗਰਾਮ 'ਚ ਹਰਪ੍ਰੀਤ ਸਿੰਘ ਓਬਰਾਏ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਪ੍ਰੋਗਰਾਮ 'ਚ 20 ਤੋਂ ਵੱਧ ਵਿਦਿਆਰਥੀਆਂ ਨੂੰ ਕਿਤਾਬਾਂ ਭੇਟ ਕੀਤੀਆਂ ਗਈਆਂ। ਮੁੱਖ ਮਹਿਮਾਨ ਹਰਪ੍ਰੀਤ ਸਿੰਘ ਓਬਰਾਏ ਨੇ ਕਿਹਾ ਕਿ ਵਿੱਦਿਆ ਦੇ ਦਾਨ ਤੋਂ ਵੱਡਾ ਕੋਈ ਦਾਨ ਨਹੀਂ ਹੈ ਕਿਉਂਕਿ ਇੱਕ ਪੜ੍ਹਿਆ-ਲਿਖਿਆ ਵਿਅਕਤੀ ਜਿੱਥੇ ਆਪਣੇ ਪਰਵਾਰ ਦੀ ਦੇਖਭਾਲ ਕਰਦਾ ਹੈ, ਉੱਥੇ ਹੀ ਦੇਸ਼ ਦੀ ਤਰੱਕੀ 'ਚ ਵੀ ਅਹਿਮ ਯੋਗਦਾਨ ਪਾਉਂਦਾ ਹੈ। ਇਸ ਮੌਕੇ ਕੈਪਟਨ ਨਰੇਸ਼ ਵਰਮਾ ਨੇ ਕਿਹਾ ਕਿ ਸੰਸਥਾ ਦੇ ਪ੍ਰੋਜੈਕਟ ਡਾਇਰੈਕਟਰ ਮਰਹੂਮ ਸੰਨੀ ਵਰਮਾ ਦੀ ਯਾਦ 'ਚ 20 ਵਿਦਿਆਰਥੀਆਂ ਨੂੰ ਕਿਤਾਬਾਂ ਭੇਟ ਕੀਤੀਆਂ ਗਈਆਂ, ਜੋ ਕਿ ਬਹੁਤ ਛੋਟੀ ਉਮਰ ਵਿੱਚ ਆਪਣੀ ਸੰਸਾਰਕ ਯਾਤਰਾ ਪੂਰੀ ਕਰਕੇ ਪ੍ਰਭੂ ਚਰਨਾਂ 'ਚ ਲੀਨ ਹੋ ਗਏ ਸਨ।

ਇਸ ਮੌਕੇ ਵਰਿੰਦਰ ਬਾਂਸਲ ਨੇ ਆਪਣੇ ਬੇਟੇ ਵਰੁਣ ਬਾਂਸਲ ਦੇ ਵਿਆਹ ਦੀ ਵਰ੍ਹੇਗੰਢ ਮਨਾਉਣ ਲਈ ਸਾਰੇ ਵਿਦਿਆਰਥੀਆਂ ਨੂੰ 100 ਰੁਪਏ ਨਕਦ ਵੀ ਦਿੱਤੇ। ਇਸ ਮੌਕੇ ਸੰਸਥਾ ਦੇ ਸਮੂਹ ਮੈਂਬਰ ਰਵਿੰਦਰ ਸਿੰਘ ਓਬਰਾਏ, ਸ਼ਸ਼ੀ ਭੂਸ਼ਨ ਜੈਨ, ਕਮਲਦੀਪ ਬਾਂਸਲ, ਪ੍ਰੋਫੈਸਰ ਕਰਮ ਸਿੰਘ ਸੰਧੂ, ਵਰਿੰਦਰ ਬਾਂਸਲ, ਮੈਡਮ ਡਿੰਪਲ, ਡਾ. ਰਾਕੇਸ਼ ਭਾਰਦਵਾਜ, ਬੇਬੀ ਮਾਨਤ, ਮੈਡਮ ਹਿਨਾ, ਕੰਚਨ ਗੁਪਤਾ, ਸੰਗੀਤਾ ਰਾਣੀ ਬਾਂਸਲ, ਸਤਪਾਲ ਸਿੰਘ ਦੇਹੜਕਾ ਆਦਿ ਹਾਜ਼ਰ ਸਨ।

# ਭਗਵਾਨ ਭੰਗੂ ਰੇਡੀਮੇਡ ਮਨਿਆਰੀ ਯੂਨੀਅਨ ਦੇ ਸੀਨੀਅਰ ਵਾਈਸ ਪ੍ਰਧਾਨ ਨਿਯੁਕਤ

**ਜਗਰਾਉਂ (ਅਮਿਤ ਖੰਨਾ)** : ਭਗਵਾਨ ਭੰਗੂ ਨੂੰ ਜਗਰਾਉਂ ਸਹਿਰ ਦੇ ਰੇਡੀਮੇਡ ਮਨਿਆਰੀ ਯੂਨੀਅਨ ਵੱਲੋਂ ਸੀਨੀਅਰ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਰੇਡੀਮੇਡ-ਮਨਿਆਰੀ ਯੂਨੀਅਨ ਵੱਲੋਂ ਫ਼ੈਸਲਾ ਲੈਂਦਿਆਂ ਪ੍ਰਧਾਨ ਰੋਹਿਤ ਗੋਇਲ ਤੇ ਚੇਅਰਮੈਨ ਰਾਜੇਸ਼ ਜੈਨ ਦੀ ਯੋਗ ਅਗਵਾਈ ਹੇਠ ਭਗਵਾਨ ਭੰਗੂ ਨੂੰ ਸੀਨੀਅਰ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਰੋਹਿਤ ਗੋਇਲ ਨੇ ਦੱਸਿਆ ਕਿ ਭਗਵਾਨ ਭੰਗੂ ਬਹੁਤ ਹੀ ਇਮਾਨਦਾਰ ਤੇ ਨੇਕ ਇਨਸਾਨ ਹੈ। ਰੋਹਿਤ ਨੇ ਕਿਹਾ ਕਿ ਪੱਤਰਕਾਰੀ ਖੇਤਰ ਵਿਚ ਵੀ ਭਗਵਾਨ ਭੰਗੂ ਦਾ ਚੰਗਾ ਰੁਤਬਾ ਹੈ। ਉਨ੍ਹਾਂ ਕਿਹਾ ਕਿ ਭੰਗੂ ਦੀ ਨਿਯੁਕਤੀ ਨਾਲ ਰੇਡੀਮੇਡ ਮਨਿਆਰੀ ਯੂਨੀਅਨ ਹੋਰ ਵੀ ਮਜ਼ਬੂਤ ਹੋਵੇਗੀ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਦੌਰਾਨ ਰੇਡੀਮੇਡ ਮਨਿਆਰੀ ਯੂਨੀਅਨ ਵੱਲੋਂ ਜਗਰਾਉਂ ਦੀਆਂ ਸਾਰੀਆਂ ਦੁਕਾਨਾਂ ਦੀ ਅਹਿਮ ਮੀਟਿੰਗ ਕੀਤੀ ਜਾਵੇਗੀ ਤੇ ਕੁੱਝ ਮਾਣਯੋਗ ਸਖਸੀਅਤਾਂ ਨੂੰ ਸਨਮਾਨਤ ਕੀਤਾ ਜਾਵੇਗਾ। ਇਸ ਮੌਕੇ ਭਗਵਾਨ ਭੰਗੂ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਜੋ ਯੂਨੀਅਨ ਅਤੇ ਅਹੁਦੇਦਾਰਾਂ ਵੱਲੋਂ ਮੇਰੀ ਡਿਊਟੀ ਲਾਈ ਗਈ ਹੈ ਮੈ ਇਮਾਨਦਾਰੀ ਨਾਲ ਨਿਭਾਵਾਂਗਾ।

# ਵਿਦਿਆਰਥੀਆਂ ਨੂੰ ਸਿੱਖੀ ਸਿਧਾਂਤਾਂ ਨਾਲ ਜੋੜਨ ਲਈ ਗੁਰਮਤਿ ਟ੍ਰੇਨਿੰਗ ਕੈਂਪ ਲਾਇਆ

**ਦਿੜ੍ਹਬਾ (ਜਸਵੀਰ ਲਾਡੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਮੂਹ ਸਕੂਲਾਂ ਦੇ ਵਿਦਿਆਰਥੀਆਂ ਨੂੰ ਸਿੱਖੀ ਸਿਧਾਂਤ ਤੇ ਵਡਮੁੱਲੇ ਵਿਰਸੇ ਨਾਲ ਜੋੜਨ ਲਈ ਵਿਦਿਆਰਥੀਆਂ ਦਾ 7ਵਾਂ ਗੁਰਮਤਿ ਟ੍ਰੇਨਿੰਗ ਕੈਂਪ ਭਾਈ ਨੰਦ ਲਾਲ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਤੇ ਐਮ.ਐਮ.ਏ ਲਾਇਨਜ ਕਲੱਬ ਬਰਮਿੰਘਮ ਦੇ ਸਹਿਯੋਗ ਨਾਲ ਲਾਇਆ ਗਿਆ।

ਗੁਰਮਤਿ ਟ੍ਰੇਨਿੰਗ ਕੈਂਪ ਵਿੱਚ ਸਮੂਹ ਸਕੂਲਾ ਦੇ ਵਿਦਿਆਰਥੀਆਂ ਦੇ ਗੁਰਮਤਿ, ਕਵੀਸ਼ਰੀ, ਕਵਿਤਾ ਮੁਕਾਬਲੇ ਕਰਾਏ ਗਏ, ਜਿਸ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਛਾਜਲੀ ਦੇ ਵਿਦਿਆਰਥੀਆਂ ਨੇ ਕਵੀਸ਼ਰੀ (ਲੜਕੇ), ਕਵਿਤਾ (ਲੜਕੇ), ਕਵਿਤਾ (ਲੜਕੀਆਂ) ਵਿੱਚ ਪਹਿਲਾ ਸਥਾਨ ਤੇ ਕਵੀਸ਼ਰੀ (ਲੜਕੀਆਂ) ਵਿੱਚ ਦੂਜਾ ਸਥਾਨ ਪ੍ਰਾਪਤ ਤੇ 5100, 3100, 3100, 4100 ਨਕਦ ਇਨਾਮ ਦੀ ਰਾਸ਼ੀ ਪ੍ਰਾਪਤ ਕੀਤੀ।

ਜਥੇਦਾਰ ਤੇਜਾ ਸਿੰਘ ਕਮਾਲਪੁਰ (ਮੈਂਬਰ ਪੀ ਏ ਸੀ, ਸ਼੍ਰੋਮਣੀ ਅਕਾਲੀ ਦਲ) ਨੇ ਇਨ੍ਹਾਂ ਜੇਤੂ ਵਿਦਿਆਰਥੀਆਂ ਨੂੰ ਨਕਦ ਇਨਾਮ ਦੇ ਕੇ ਸਨਮਾਨਤ ਕੀਤਾ। ਜਥੇਦਾਰ ਜੀ ਨੇ ਸਕੂਲ ਦੇ ਪ੍ਰਿੰਸੀਪਲ ਗੁਰਪ੍ਰੀਤ ਸਿੰਘ ਤੇ ਸੰਗੀਤ ਅਧਿਆਪਕ ਹਰਪ੍ਰੀਤ ਸਿੰਘ ਭਵਾਨੀਗੜ੍ਹ ਨੂੰ ਇਸ ਜਿੱਤ ਲਈ ਵਧਾਈ ਦਿੱਤੀ ਤੇ ਕਿਹਾ ਕਿ ਇਹ ਇਲਾਕੇ ਦਾ ਇੱਕੋ ਇੱਕ ਐਸਾ ਸਕੂਲ ਹੈ, ਜੋ ਵਿਦਿਆਰਥੀਆਂ ਨੂੰ ਚੰਗੀ ਪੜ੍ਹਾਈ ਕਰਾਉਣ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਧਾਰਮਿਕ ਗਤੀਵਿਧੀਆਂ ਨਾਲ ਵੀ ਜੋੜਦਾ ਹੈ। ਇਸ ਗੁਰਮਤਿ ਟ੍ਰੇਨਿੰਗ ਕੈਂਪ ਵਿੱਚ 20 ਵਿਦਿਆਰਥੀਆਂ ਦੇ ਨਾਲ ਭਾਗ ਲੈਣ ਵਾਲੇ ਅਧਿਆਪਕ ਅਮਰ ਸਿੰਘ ਡੀ ਪੀ ਈ, ਮੈਡਮ ਰਮਨਦੀਪ ਕੌਰ ਤੇ ਮੈਡਮ ਪਾਹੁਲ ਜੋਸ਼ੀ ਨੂੰ ਟੀ-ਸ਼ਰਟ ਦੇ ਕੇ ਸਨਮਾਨਤ ਕੀਤਾ। ਇਸ ਸਮੇਂ ਉਨ੍ਹਾਂ ਨਾਲ ਪ੍ਰਧਾਨ ਹਰਨੇਕ ਸਿੰਘ ਪੂਨੀਆ, ਮੀਤ ਪ੍ਰਧਾਨ ਰਾਜਾ ਸਿੰਘ ਸਹਾਰਨ, ਰਿਮਜੀਤ ਸਿੰਘ ਧਾਲੀਵਾਲ, ਆਸਾ ਸਿੰਘ (ਮੈਂਬਰਾਨ ਲੋਕਲ ਗੁਰਦੁਆਰਾ ਕਮੇਟੀ ਛਾਜਲੀ), ਗੁਰਜੀਤ ਸਿੰਘ ਮੈਨੇਜਰ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਛਾਜਲੀ ਤੇ ਸਮੂਹ ਸਟਾਫ਼ ਹਾਜ਼ਰ ਸੀ।

# ਪਵਿੱਤਰ ਰਮਜਾਨ ਮਹੀਨੇ ਵੱਧ ਤੋਂ ਵੱਧ ਲੋੜਵੰਦਾਂ ਦੀ ਮਦਦ ਕਰਨੀ ਚਾਹੀਦੀ : ਮੌਲਵੀ ਰਾਠੌਰ, ਪ੍ਰਧਾਨ ਬਸ਼ੀਰ ਖ਼ਾਂ

**ਸੰਗਰੂਰ (ਪ੍ਰਵੀਨ ਸਿੰਘ)**-ਪਿੰਡ ਬਹਾਦਰਪੁਰ 'ਚ ਈਦ-ਉਲ-ਫਿਤਰ ਦਾ ਪਵਿੱਤਰ ਤਿਉਹਾਰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਦੌਰਾਨ ਪਿੰਡ ਦੀ ਮਸਜਿਦ 'ਚ ਮੌਲਵੀ ਅਬਰਾਰ ਰਾਠੌਰ ਨੇ ਮੁਸਲਿਮ ਭਾਈਚਾਰੇ ਨੂੰ ਈਦ ਦੀ ਨਮਾਜ ਅਦਾ ਕਰਾਈ।

ਇਸ ਮੌਕੇ ਮੌਲਵੀ ਅਬਰਾਰ ਰਾਠੌਰ ਤੇ ਮੁਸਲਿਮ ਵੈੱਲਫੇਅਰ ਕਮੇਟੀ ਬਹਾਦਰਪੁਰ ਦੇ ਪ੍ਰਧਾਨ ਬਸੀਰ ਖਾਂ ਨੇ ਕਿਹਾ ਕਿ ਈਦ ਉਲ ਫਿਤਰ ਪਵਿੱਤਰ ਰਮਜਾਨ ਮਹੀਨੇ ਦੀ ਸਮਾਪਤੀ ਦਾ ਪ੍ਰਤੀਕ ਹੈ, ਸਾਨੂੰ ਇਸ ਮਹੀਨੇ ਵੱਧ ਤੋਂ ਵੱਧ ਲੋੜਵੰਦ ਲੋਕਾਂ ਦੀ ਮਦਦ ਕਰਨੀ ਚਾਹੀਦੀ ਹੈ।

ਇਸ ਮੌਕੇ ਮੁਸਲਿਮ ਵੈੱਲਫੇਅਰ ਕਮੇਟੀ ਦੇ ਮੀਤ ਪ੍ਰਧਾਨ ਬੂਟਾ ਖਾਂ, ਸਕੱਤਰ ਅਸਲਮ ਖਾਂ ਭੋਲਾ, ਖ਼ਜ਼ਾਨਚੀ ਸੁੱਖਾ ਖਾਂ, ਸੁਖਵਿੰਦਰ ਖਾਂ, ਕਰਮਜੀਤ ਖਾਂ, ਕਰਨੈਲ ਖਾਂ, ਗੁਰਦਿਆਲ ਖਾਂ ਆਦਿ ਨੇ ਸਮੂਹ ਭਾਈਚਾਰੇ ਨੂੰ ਈਦ ਦੀ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਸਾਨੂੰ ਇਸ ਤਰ੍ਹਾਂ ਦੇ ਤਿਉਹਾਰ ਸਾਰਿਆਂ ਨਾਲ ਰਲ-ਮਿਲ ਕੇ ਮਨਾਉਣੇ ਚਾਹੀਦੇ ਹਨ, ਜਿਸ ਨਾਲ ਭਾਈਚਾਰੇ ਦੀਆਂ ਤੰਦਾਂ ਮਜਬੂਤ ਹੁੰਦੀਆਂ ਹਨ। ਇਸ ਮੌਕੇ ਮੁਸਲਿਮ ਵੈੱਲਫੇਅਰ ਕਮੇਟੀ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਲੰਗਰ ਵੀ ਲਾਇਆ।

ਇਸ ਮੌਕੇ ਮੇਲਾ ਖਾਂ, ਗਾਮਾ ਖਾਂ, ਹਸੀਬ ਖਾਂ, ਦਿਲਸ਼ਾਦ, ਵਿੱਕੀ, ਸਲੀਮ, ਪੰਮਾ, ਲੱਖਾ ਤੇ ਅਜੈਬ ਆਦਿ ਹਾਜ਼ਰ ਸਨ।


## ਕਲਾਸੀਫਾਈਡ ਇਸ਼ਤਿਹਾਰ

### ਬੇਦਖਲੀ ਨੋਟਿਸ

ਮੈਂ, ਨਿਰਮਲ ਦਾਸ ਪੁੱਤਰ ਮੁੰਸ਼ੀ ਦਾਸ ਵਾਸੀ ਸੋਤਰਾਂ ਰੋਡ, ਬੰਗਾ, ਤਹਿ: ਬੰਗਾ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜੀਵਨ ਦਾਸ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਸ ਨਾਲ ਕੋਈ ਸੰਬੰਧ ਨਹੀਂ ਹੈ। (ਅਰਪਿਤ)

### ਨਾਂਅ ਦੀ ਬਦਲੀ

ਮੈਂ ਰਮਨੀ ਪੁੱਤਰੀ ਜਮਲਾ ਵਾਸੀ ਪਿੰਡ ਭੂਤ ਤਹਿਸੀਲ ਨਵਾਂਸ਼ਹਿਰ ਜਿਲਾ ਸ਼ਹੀਦ ਭਗਤ ਸਿੰਘ ਨਗਰ ਨੇ ਆਪਣਾ ਨਾਮ ਬਦਲ ਕੇ ਰਮਨੀ ਤੋਂ ਰਮਨੀ ਕੁਮਾਰੀ ਰੱਖ ਲਿਆ ਹੈ । ਸਬੰਧਤ ਨੋਟ ਕਰਨ । (Arpit)

ਮੈਂ ਮਮਤਾ ਸੰਧੂ ਪਤਨੀ ਸਸੀ ਸੰਧੂ ਵਾਸੀ ਪਿੰਡ ਅੱਜੋਵਾਲ, ਤਹਿ. ਅਤੇ ਜਿਲ੍ਹਾ ਹੁਸ਼ਿਆਰਪੁਰ ਨੇ ਆਪਣੇ ਬੇਟੇ ( 15-12-2008 ) ਜੋ ਕਿ ਅਠਾਰਾਂ ਸਾਲ ਤੋਂ ਘੱਟ ਹੈ ਦਾ ਨਾਮ ਵਿਸਾਲ ਤੋਂ ਬਦਲ ਕੇ ਵਿਸਾਲ ਸੰਧੂ ਰੱਖ ਲਿਆ ਹੈ। ਸਬੰਧਤ ਨੋਟ ਕਰਨ।

### Change of Name

I, Preeti W/o Dharam Pal Dhuper R/o V.P.O. H.No. 788/15, Raja Garden, Jalandhar, have changed my name after marriage Preeti to Preeti Dhuper. (Arpit)

I, Harkomaljit Singh s/o Jaswant Singh r/o H.No. 56, 3, Vill.Umarpura, Teh.Batala, Gurdaspur (Batala), Punjab, have changed my name to Singh Harkomaljit (Surname as Singh) All Please Note.

I, Jatinder Singh s/o Balwinder Singh r/o Vill. Budha Bala, Po. Mullanwal, Gurdaspur, Punjab have changed my name to Singh Jatinder (Surname as Singh) All Please Note.

I, Kuldip Singh s/o Swaran Singh r/o ES-316, Gali No.1, Mohalla Abadpura, Jalandha r, Punjab employed as Head Constable No.2494/Jal. CP and have changed my name to Kuldeep Singh. All Please Note.

I David S/O Tomas R/O Lesriwal, Po. Adampur Have Changed My Name From David To David Gill. (Arpit)

### Change of Name

I, Rajesh Kumar S/o: Satnam Singh, R/o: 102- Shakti Nagar,Jalandhar (Punjab) have changed the name of my minor daughter from Geet to: Geet Arora. (Arpit)

I, hitherto known as: Harleen Singh S/o: Surjit Singh, R/o: H.NO: E.G: 919- Mohalla: Gobindgarh, Jalandhar-144001(Punjab) have changed my name and shall hereafter be known as: Harry Singh. (Arpit)

I.Gurpreet Singh S/o Mahinder Singh R/o Vill.Khurampur.Po & Teh Phagwara Distt Kapurthala-144401 Punjab have Changed my name to Singh Gurpreet (Surname as Singh) (Arpit)

I.Daljeet Singh S/o Gurmail Singh R/o Vill.Khanpur po Mahilpur.Teh Garhshankar Distt Hoshiarpur-146105 punjab have Changed my name to Singh Daljeet (Surname as Singh) (Arpit)

I, Jatinder Kumar S/o Som lal R/o Ghanta Ghar Samrai, Tehsil Phillaur,Distt. Jalandhar. I Have Change of Name Jatinder Kumar To Jatinder Kumar Sehjal. (Arpit)

I, Anshu Mehta D/o Pankaj Mehta R/o Kothi No.A-584, Mehta Niwas G.T Road New Amritsar have changed my name from Anshu Mehta to Anshika Mehta. (Narang)

I Misha Seth W/o Sayyam Khanna Resident of 25-A, Kamla Devi Avenue, Fatehgarh Churian Road, Amritsar have name change after marriage from Misha Seth to Misha Khanna. (Narang)

I, Keshav Lal S/o Shiv Bachan Pal R/o H.NO. C-66, Sports And Surgical Complex, Jalandhar have changed my name from Keshav Lal to Keshav Pal. (Same Person). All Please Note.

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।


# ਵਿਸ਼ਵ ਧਰਤੀ ਦਿਵਸ ਮੌਕੇ ਜੌਗਰਫ਼ੀ ਟੀਚਰਜ਼ ਯੂਨੀਅਨ ਪੰਜਾਬ ਦੀ ਮੀਟਿੰਗ

ਜੌਗਰਫ਼ੀ ਟੀਚਰਜ਼ ਯੂਨੀਅਨ ਦੇ ਆਗੂ ਪ੍ਰਧਾਨ ਸੁਖਜਿੰਦਰ ਸਿੰਘ ਸੁੱਖੀ ਦੀ ਅਗਵਾਈ 'ਚ ਬੈਨਰਾਂ ਰਾਹੀਂ ਧਰਤੀ ਦੀ ਸੰਭਾਲ, ਰੁੱਖ ਲਾਉਣ ਅਤੇ ਸ਼ੁੱਧ ਵਾਤਾਵਰਨ ਬਣਾਉਣ ਦਾ ਸੱਦਾ ਦਿੰਦੇ ਹੋਏ।

**ਮੋਗਾ (ਅਮਰਜੀਤ ਬੱਬਰੀ)**-ਵਿਸ਼ਵ ਧਰਤੀ ਦਿਵਸ ਮੌਕੇ ਜੌਗਰਫ਼ੀ ਪੋਸਟ ਗਰੈਜੂਏਟ ਟੀਚਰਜ਼ ਯੂਨੀਅਨ ਪੰਜਾਬ ਦੀ ਮੀਟਿੰਗ ਜਥੇਬੰਦੀ ਦੇ ਸੂਬਾ ਪ੍ਰਧਾਨ ਲੈਕਚਰਾਰ ਸੁਖਜਿੰਦਰ ਸਿੰਘ ਸੁੱਖੀ ਚੀਫ਼ ਮਨਿਸਟਰ ਐਵਾਰਡੀ ਪੰਜਾਬ ਦੀ ਪ੍ਰਧਾਨਗੀ ਹੇਠ ਹੋਈ। ਹਰਜੋਤ ਸਿੰਘ ਬਰਾੜ ਨੇ ਸਭ ਤੋਂ ਪਹਿਲਾਂ ਸੰਯੁਕਤ ਰਾਜ ਦੇ ਸੈਨੇਟਰ ਗੇਲੋਰਡ ਨੈਲਸਨ ਨੇ 22 ਅਪ੍ਰੈਲ 1970 ਨੂੰ ਦੇਸ਼ ਭਰ ਵਿੱਚ ਇਸ ਦਿਨ ਨੂੰ ਮਨਾਉਣ ਦਾ ਵਿਚਾਰ ਪੇਸ਼ ਕੀਤਾ। ਗਗਨਦੀਪ ਸਿੰਘ ਸੰਧੂ ਤੇ ਅਭੈਜੋਤ ਸਿੰਘ ਨੇ ਦੱਸਿਆ ਕਿ ਭਾਰਤ ਸਮੇਤ ਇਸ ਸਮੇਂ ਦੁਨੀਆਂ ਦੇ ਲਗਭਗ 193 ਦੇਸ਼ਾਂ ਵਿੱਚ ਹਰ ਸਾਲ 22 ਅਪ੍ਰੈਲ ਨੂੰ ਧਰਤੀ ਦਿਵਸ ਮਨਾਇਆ ਜਾਂਦਾ ਹੈ। ਜਥੇਬੰਦੀ ਦੇ ਸਕੱਤਰ ਸ਼ਮਸ਼ੇਰ ਸਿੰਘ ਸ਼ੈਰੀ ਤੇ ਮਹਾਂਵੀਰ ਸਿੰਘ ਨੇ ਕਿਹਾ ਕਿ ਜਾਣਕਾਰੀ ਦਿੱਤੀ ਕਿ ਇਸ ਸਾਲ 2023 ਵਿੱਚ ਵਿਸ਼ਵ ਧਰਤੀ ਦਿਵਸ ਦਾ ਥੀਮ 'ਸਾਡੇ ਗ੍ਰਹਿ ਵਿੱਚ ਨਿਵੇਸ਼ ਕਰੋ' ਹੈ।

ਮੀਟਿੰਗ ਵਿੱਚ ਇਹ ਮਹਿਸੂਸ ਕੀਤਾ ਗਿਆ ਕਿ ਧਰਤੀ ਗ੍ਰਹਿ ਮਨੁੱਖ ਦਾ ਘਰ ਹੈ ਅਤੇ ਕੁਦਰਤੀ ਸੌਗਾਤਾਂ ਨਾਲ ਭਰਪੂਰ ਹੈ ਪਰੰਤੂ ਮਨੁੱਖ ਨੇ ਇਸ ਨੂੰ ਆਪਣੀਆਂ ਲੋੜਾਂ ਦੀ ਪੂਰਤੀ ਲਈ ਪ੍ਰਦੂਸ਼ਤ ਕੀਤਾ ਹੋਇਆ ਹੈ।

ਸੂਬਾ ਪ੍ਰਧਾਨ ਸੁਖਜਿੰਦਰ ਸਿੰਘ ਸੁੱਖੀ ਨੇ ਦੱਸਿਆ ਕਿ 11ਵੀਂ ਤੇ 12ਵੀਂ ਸ਼੍ਰੇਣੀ ਦੇ ਭੂਗੋਲ ਵਿਸ਼ੇ ਵਿੱਚ ਮਹਾਂਦੀਪਾਂ, ਮਹਾਂਸਾਗਰਾਂ, ਵਾਯੂਮੰਡਲ, ਧਰਤੀ ਦੀ ਕੁਦਰਤੀ ਬਨਸਪਤੀ, ਪਰਬਤਾਂ, ਮੈਦਾਨਾਂ, ਨਕਸ਼ਿਆਂ ਰਾਹੀਂ ਗਿਆਨ ਦੇਣ ਅਤੇ ਕੁਦਰਤੀ ਸਾਧਨਾਂ ਬਾਰੇ ਸਮੁੱਚਾ ਗਿਆਨ ਪ੍ਰਦਾਨ ਕੀਤਾ ਜਾਂਦਾ ਹੈ ਅਤੇ ਕੁਦਰਤੀ ਤੋਹਫ਼ਿਆਂ ਦੇ ਹੋਂਦ ਦੀ ਜਾਣਕਾਰੀ ਦੀ ਘਾਟ ਹੋਣ ਕਰਕੇ ਮਨੁੱਖ ਇਸ ਦੀ ਦੁਰਵਰਤੋਂ ਕਰ ਰਿਹਾ ਹੈ, ਜਿਸ ਦਾ ਨੁਕਸਾਨ ਆਉਣ ਵਾਲੀ ਪੀੜ੍ਹੀ ਨੂੰ ਵਧੇਰੇ ਹੋਵੇਗਾ।

ਉੱਧਰ ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ (ਸਕੂਲਾਂ) ਵੱਲੋਂ ਧਰਤੀ ਸੰਬੰਧੀ ਸਮੁੱਚਾ ਗਿਆਨ ਦੇਣ ਵਾਲੇ ਵਿਸ਼ੇ ਭੂਗੋਲ (ਜੌਗਰਫ਼ੀ) ਨੂੰ ਅੱਖੋਂ ਪਰੋਖੇ ਕੀਤਾ ਹੈ ਕਿਉਂਕਿ ਵਰਤਮਾਨ ਸਮੇਂ ਪੰਜਾਬ ਦੇ ਲਗਭਗ 2026 ਸੀਨੀ: ਸੈਕੰ: ਸਕੂਲਾਂ ਵਿੱਚੋਂ 225 ਸਕੂਲਾਂ ਦੇ ਵਿਦਿਆਰਥੀਆਂ ਨੂੰ ਹੀ ਲੈਕਚਰਾਰ ਪੜ੍ਹਾਉਣ ਲਈ ਮੌਜੂਦ ਹਨ, ਜਦੋਂਕਿ ਬਾਕੀ 1800 ਸਕੂਲਾਂ ਦੇ ਵਿਦਿਆਰਥੀ ਧਰਤੀ ਸੰਬੰਧੀ ਗਿਆਨ ਦੇਣ ਵਾਲੇ ਭੂਗੋਲ ਵਿਸ਼ੇ ਦੀ ਪੜ੍ਹਾਈ ਤੋਂ ਵਾਂਝੇ ਹਨ। ਜਥੇਬੰਦੀ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਦੇ ਹਰ ਇੱਕ ਸੀਨੀਅਰ ਸੀਨੀ: ਸੈਕੰ: ਸਕੂਲ ਵਿੱਚ ਭੂਗੋਲ ਦੇ ਲੈਕਚਰਾਰ ਦੀ ਆਸਾਮੀ ਦਾ ਪ੍ਰਬੰਧ ਕਰਨ ਦੇ ਨਾਲ-ਨਾਲ ਐਮੀਨੈਂਸ ਸਕੂਲਾਂ ਤੇ ਪੀ.ਐੱਮ. ਸ੍ਰੀ ਸਕੂਲਾਂ ਵਿੱਚ ਵਿਸ਼ੇਸ਼ ਪ੍ਰਬੰਧ ਕੀਤੇ ਜਾਣ, ਤਾਂ ਜੁ ਪੰਜਾਬ ਦੀ ਨੌਜਵਾਨ ਪੀੜ੍ਹੀ ਧਰਤੀ ਗ੍ਰਹਿ ਦੀ ਰੱਖਿਆ ਕਰ ਸਕੇ ਤੇ ਪੰਜਾਬ ਦੀ ਖੁਸ਼ਹਾਲੀ ਵਿੱਚ ਆਪਣਾ ਯੋਗਦਾਨ ਪਾ ਸਕੇ।


**E-AUCTION –HIKE LEATHER PRIVATE LIMITED (IN LIQUIDATION)**

**Sale of Land & Building, Entire Plant & Machinery and other Equipment under the Insolvency and Bankruptcy Code, 2016**

**CIN : U19200PB2007PTC031322**

Notice is hereby given to the public in general under the insolvency and Bankruptcy Code, 2016 and Regulations there under, that the Process for Sale of Plants & Machinery and Land & Building of Hike Leather Private Limited (in liquidation) (Corporate Debtor) will be sold by E-auction through the service provider Right2Vote Infotech Private Limited via https://right2vote.in/eauction/

| Details of Assets and Their Locations | Reserve Price (INR) | Earnest Money Deposit (INR) |
|---|---|---|
| Sale of the Company as a Going Concern along with Entire Plant & Machinery, and other equipment lying at Mahal & Mauja Nangalkalan, Tahliwal, Tehsil Haroli, District UNA, Himachal Pradesh, and at the premises at 14, Leather Complex, Kapurthala Road, Jalandhar City AND Entire Land & Building and Structures thereof owned and falling in the Liquidation Estate of Hike Leather Private Limited lying at Mahal & Mauja Nangalkalan, Tahliwal, Tehsil Haroli, District UNA, Himachal Pradesh. | Rs.290.00 Lacs (Rupees Two Crore Ninety Lacs ) | Rs.29.00 Lacs (Rupees Twenty Nine Lacs) |
| Date and Time of Auction | 19th May, 2023 from 12:00 pm to 02:00 pm | |
| Last date for Submission of EOI & EMD | 24th April, 2023 to 15th May, 2023 before 5:00 p.m. | |
| Inspection Date & Time | On or before 13th May, 2023 from 11 a.m. to 05.00 p.m. | |

Interested applicants may refer to the Complete E-Auction Process document containing details of terms and conditions of the E-Auction available on https://right2vote.in/eauction/. The liquidator has the right to cancel or extend or modify etc. any of the terms of the E-auction at any time. The Liquidator has the right to reject any bid without assigning any reasons. For any query regarding E-Auction, Contact Mr Jatin Mehra at +91-8146013366 or E-mail: jatinmehraassociates@gmail.com

Date: 24/04/2023
Place: Amritsar

Jatin Mehra
Liquidator-Hike Leather Private Limited
Reg No. IBBI/IPA-001/IP-P-02010/2020-21/13103
Communication Address: E-455, Ranjit Avenue, Amritsar-143001
Email ID: jatinmehraassociates@gmail.com
Contact No: 81460-13366

# ਸ਼ਹੀਦ ਸੇਵਕ ਸਿੰਘ ਦਾ ਸਰਕਾਰੀ ਸਨਮਾਨਾਂ ਨਾਲ ਸਸਕਾਰ

## ਸ਼ਹੀਦ ਦੇ ਪਰਵਾਰ ਨੂੰ ਇੱਕ ਕਰੋੜ ਰੁਪਏ ਤੇ ਸਰਕਾਰੀ ਨੌਕਰੀ ਦੇਣ ਦਾ ਐਲਾਨ

**ਤਲਵੰਡੀ ਸਾਬੋ/ਬਾਘਾ (ਜਗਦੀਪ ਗਿੱਲ, ਪਰਵਿੰਦਰਜੀਤ ਸਿੰਘ)**

ਪਿੰਡ ਬਾਘਾ ਦੇ ਵਸਨੀਕ ਲਾਂਸ ਨਾਇਕ ਸੇਵਕ ਸਿੰਘ ਜੋ 4 ਸਿੱਖ ਲਾਈਟ ਇੰਫੈਂਟਰੀ ਵਿਚ ਸੀ, ਪਿਛਲੇ ਦਿਨੀਂ ਜੰਮੂ ਕਸ਼ਮੀਰ ਦੇ ਪੁੰਛ ਖੇਤਰ ਵਿੱਚ ਫੌਜੀ ਟਰੱਕ ਉੱਤੇ ਅੱਤਵਾਦੀ ਹਮਲੇ ਕਾਰਨ ਸ਼ਹੀਦ ਹੋ ਗਏ ਸਨ, ਦਾ ਅੰਤਮ ਸਸਕਾਰ ਉਨ੍ਹਾਂ ਦੇ ਪਿੰਡ ਬਾਘਾ ਵਿਖੇ ਪੂਰੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਪ੍ਰਸ਼ਾਸਨਿਕ, ਪੁਲਸ, ਭਾਰਤੀ ਫੌਜ ਦੇ ਅਧਿਕਾਰੀਆਂ ਤੋਂ ਇਲਾਵਾ ਸਿਆਸੀ ਆਗੂਆਂ ਤੇ ਹੋਰ ਪਤਵੰਤਿਆਂ ਨੇ ਸ਼ਹੀਦ ਸੇਵਕ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਅੰਤਮ ਵਿਦਾਇਗੀ ਦਿੱਤੀ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤਰਫੋਂ ਤਲਵੰਡੀ ਸਾਬੋ ਤੋਂ ਵਿਧਾਇਕ ਤੇ ਚੀਫ਼ ਵਿੱਪ ਪ੍ਰੋ: ਬਲਜਿੰਦਰ ਕੌਰ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਡਾ. ਆਰ.ਪੀ. ਸਿੰਘ, ਐਸ.ਪੀ.(ਡੀ) ਸ੍ਰੀ ਅਜੈ ਗਾਂਧੀ, ਉਪ ਮੰਡਲ ਮੈਜਿਸਟ੍ਰੇਟ ਤਲਵੰਡੀ ਸਾਬੋ ਸ੍ਰੀ ਗਗਨਦੀਪ ਸਿੰਘ, ਫੌਜ ਦੇ ਅਧਿਕਾਰੀਆਂ ਤੋਂ ਇਲਾਵਾ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਹੀਦ ਦੀ ਮ੍ਰਿਤਕ ਦੇਹ 'ਤੇ ਰੀਥਾਂ ਰੱਖ ਕੇ ਨਿੱਘੀ ਸ਼ਰਧਾਂਜਲੀ ਭੇਟ ਕੀਤੀ। ਸ਼ਹੀਦ ਨੂੰ ਅੰਤਮ ਵਿਦਾਇਗੀ ਦੇਣ ਮੌਕੇ ਸ਼ਾਮਲ ਹੋਏ ਲੋਕਾਂ ਨੇ 'ਸ਼ਹੀਦ ਸੇਵਕ ਸਿੰਘ ਅਮਰ ਰਹੇ' ਦੇ ਨਾਅਰੇ ਲਾਏ। ਵਿਧਾਇਕ ਤੇ ਚੀਫ਼ ਵਿੱਪ ਪ੍ਰੋ: ਬਲਜਿੰਦਰ ਕੌਰ ਨੇ ਕਿਹਾ ਕਿ ਦੇਸ਼ ਦੀ ਆਨ ਤੇ ਸ਼ਾਨ ਨੂੰ ਬਰਕਰਾਰ ਰੱਖਣ ਲਈ ਆਪਣੀ ਸ਼ਹਾਦਤ ਦੇਣ ਵਾਲੇ ਜਵਾਨਾਂ 'ਤੇ ਦੇਸ਼ ਵਾਸੀਆਂ ਨੂੰ ਹਮੇਸ਼ਾ ਮਾਣ ਰਹੇਗਾ। ਉਨ੍ਹਾਂ ਕਿਹਾ ਕਿ ਸ਼ਹੀਦ ਸੇਵਕ ਸਿੰਘ ਨੂੰ ਮੈਂ ਦਿਲੋਂ ਨਮਨ ਕਰਦੀ ਹਾਂ, ਜਿਨ੍ਹਾਂ ਦੇਸ਼ ਦੀ ਰੱਖਿਆ ਲਈ ਆਪਣੀ ਜਾਨ ਦੇਸ਼ ਲਈ ਸਮਰਪਿਤ ਕਰ ਦਿੱਤੀ। ਉਨ੍ਹਾਂ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਤਰਫੋਂ ਸ਼ਹੀਦ ਦੇ ਪਿਤਾ ਗੁਰਚਰਨ ਸਿੰਘ ਤੋਂ ਇਲਾਵਾ ਹੋਰ ਪਰਵਾਰਕ ਮੈਂਬਰਾਂ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਸ਼ਹੀਦ ਦੇ ਪਰਵਾਰ ਦੀ ਹਰ ਸੰਭਵ ਮੱਦਦ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ਹੀਦ ਸੇਵਕ ਸਿੰਘ ਦੇ ਪਰਵਾਰ ਲਈ 1 ਕਰੋੜ ਰੁਪਏ ਐਕਸਗ੍ਰੇਸ਼ੀਆ ਮੁਆਵਜ਼ਾ ਤੇ ਪਰਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦੇਣ ਦਾ ਐਲਾਨ ਕੀਤਾ ਗਿਆ ਹੈ। ਇਸ ਦੌਰਾਨ ਫੌਜ ਦੀ ਟੁਕੜੀ ਵੱਲੋਂ ਸ਼ਹੀਦ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਗਾਰਡ ਆਫ਼ ਆਨਰ ਦਿੱਤਾ ਗਿਆ।

# ਪਾਵਰਕਾਮ ਦੇ ਜੇ ਈ 'ਤੇ ਸਟੇਅ ਦੇ ਬਾਵਜੂਦ ਮੀਟਰ ਪੁੱਟਣ ਦਾ ਦੋਸ਼

**ਦੋਦਾ (ਵਕੀਲ ਬਰਾੜ)**-ਪਿੰਡ ਲੁਹਾਰਾ ਦੇ ਗੁਰਮੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੇਰੀ ਭੈਣ ਦੀ ਹਰਸ਼ਰਨ ਕੌਰ ਦੇ ਘਰ 'ਚ ਕਰੀਬ 20 ਸਾਲ ਤੋਂ ਬਿਜਲੀ ਦਾ ਮੀਟਰ ਲੱਗਿਆ ਹੋਇਆ ਸੀ, ਜਿਸ ਦਾ ਸਾਡੇ ਕੋਲ ਮਾਨਯੋਗ ਅਦਾਲਤ ਗਿੱਦੜਬਾਹਾ ਦਾ ਸਟੇਅ ਵੀ ਮੌਜੂਦ ਸੀ, ਇਸ ਦੇ ਬਾਵਜੂਦ ਜੇ ਈ ਅਕਾਸ਼ਦੀਪ ਸਿੰਘ ਵੱਲੋਂ ਮੀਟਰ ਪੁੱਟ ਲਿਆ ਗਿਆ। ਉਨ੍ਹਾ ਦੱਸਿਆ ਕਿ ਕੁਝ ਦਿਨ ਪਹਿਲਾਂ ਬਿਜਲੀ ਬਿੱਲ ਨਾਲ 51572 ਰੁਪਏ ਜੁਰਮਾਨੇ ਵਜੋਂ ਲਗਾ ਦਿੱਤੇ ਸਨ। ਉਨ੍ਹਾ ਦੱਸਿਆ ਕਿ ਅਸੀਂ ਬਿੱਲ ਭਰਨ ਲਈ ਸਮਾਂ ਮੰਗਿਆ, ਪਰ ਜੇ ਈ ਵੱਲੋਂ ਮੀਟਰ ਜਬਰੀ ਪੁੱਟਿਆ ਗਿਆ। ਉਨ੍ਹਾ ਦੱਸਿਆ ਕਿ ਉਹ ਸਰਵਾਈਕਲ ਦੇ ਮਰੀਜ਼ ਹਨ ਤੇ ਬੋਲ ਨਹੀਂ ਸਕਦੇ, ਜਿਸ ਕਰਕੇ ਉਹ ਟਾਇਮ ਸਿਰ ਜੁਰਮਾਨੇ ਦੀ ਰਕਮ ਅਦਾ ਨਹੀਂ ਕਰ ਸਕੇ। ਉਨ੍ਹਾ ਦੱਸਿਆ ਕਿ ਸਟੇਅ ਦੇ ਬਾਵਜੂਦ ਮੀਟਰ ਪੁੱਟ ਕੇ ਪਾਵਰਕਾਮ ਦੇ ਜੇ ਈ ਨੇ ਸਾਡੇ ਨਾਲ ਧੱਕਾ ਕੀਤਾ ਹੈ। ਇਹ ਕਾਰਵਾਈ ਬਿਨਾਂ ਕਿਸੇ ਅਗਾਊਂ ਨੋਟਿਸ ਦੇ ਕੀਤੀ ਗਈ ਹੈ। ਉਨ੍ਹਾਂ ਇਨਸਾਫ਼ ਦੀ ਮੰਗ ਕੀਤੀ ਹੈ। ਜਦ ਜੇ ਈ ਅਕਾਸ਼ਦੀਪ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾ ਦਾ ਕਹਿਣਾ ਸੀ ਕਿ ਸਟੇਅ ਆਰਡਰ ਸਾਨੂੰ ਲੇਟ ਦਿਖਾਏ ਗਏ, ਜਿਸ ਕਰਕੇ ਬਣਦੀ ਕਾਰਵਾਈ ਕੀਤੀ ਗਈ।

# ਹਰ ਧਰਮ ਮਿਲਜੁਲ ਕੇ ਰਹਿਣ ਦੀ ਸਿੱਖਿਆ ਦਿੰਦੈ : ਸੰਧਵਾਂ

## ਸਪੀਕਰ ਸੰਧਵਾਂ ਤੇ ਵਿਧਾਇਕ ਸੇਖੋਂ ਨੇ ਈਦਗਾਹ ਪਹੁੰਚ ਕੇ ਮੁਸਲਿਮ ਭਰਾਵਾਂ ਨੂੰ ਦਿੱਤੀ ਮੁਬਾਰਕਬਾਦ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**

ਸਥਾਨਕ ਈਦਗਾਹ 'ਚ ਈਦ-ਉੱਲ-ਫਿਤਰ ਦੇ ਮੁਬਾਰਕ ਮੌਕੇ ਤੇ ਸ਼ਨੀਵਾਰ ਨੂੰ ਜ਼ਿਲ੍ਹੇ ਭਰ ਦੇ ਮੁਸਲਿਮ ਭਾਈਚਾਰੇ ਵੱਲੋਂ ਈਦ ਦਾ ਤਿਉਹਾਰ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਇਸਲਾਮ ਧਰਮ ਦੇ ਪੈਰੋਕਾਰਾਂ ਨੇ ਈਦਗਾਹ ਵਿਖੇ ਨਮਾਜ ਅਦਾ ਕੀਤੀ ਤੇ ਅੱਲਾ ਤਾਲਾ ਤੋਂ ਸੁੱਖ-ਸ਼ਾਂਤੀ ਦੀ ਦੁਆ ਕੀਤੀ ਗਈ। ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਮੁਕੱਦਸ ਦਿਹਾੜੇ ਈਦ ਮੌਕੇ ਮੁਸਲਿਮ ਭਰਾਵਾਂ ਨੂੰ ਕੋਟਕਪੂਰਾ ਤੇ ਫਰੀਦਕੋਟ ਦੀ ਈਦਗਾਹ ਵਿਖੇ ਜਾ ਕੇ ਮੁਬਾਰਕਬਾਦ ਦਿੱਤੀ ਤੇ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ। ਇਸ ਦੌਰਾਨ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਈਦਗਾਹ ਵਿਖੇ ਮੁਸਲਿਮ ਭਰਾਵਾਂ ਨੂੰ ਈਦ ਦੀ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਹਰ ਧਰਮ ਸਾਨੂੰ ਆਪਸ ਵਿੱਚ ਮਿਲ ਜੁਲ ਕੇ ਰਹਿਣ ਦੀ ਸਿੱਖਿਆ ਦਿੰਦਾ ਹੈ। ਜਦੋਂ ਵੀ ਆਪਾਂ ਕਿਸੇ ਧਾਰਮਿਕ ਸਥਾਨ 'ਤੇ ਜਾਈਏ ਤਾਂ ਸਾਨੂੰ ਧਾਰਮਿਕ ਗ੍ਰੰਥਾਂ ਵਿੱਚੋਂ ਮਿਲੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਢਾਲਣਾ ਚਾਹੀਦਾ ਹੈ। ਹਰ ਧਰਮ ਵਿੱਚ ਮਨੁੱਖਤਾ ਨੂੰ ਆਪਸ ਵਿੱਚ ਮਿਲ ਜੁਲ ਕੇ ਰਹਿਣ ਦਾ ਸੰਦੇਸ਼ ਦਿੱਤਾ ਗਿਆ ਹੈ।

ਇਸ ਦੌਰਾਨ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਵੀ ਮੁਸਲਿਮ ਭਰਾਵਾਂ ਨੂੰ ਈਦ ਦੀ ਮੁਬਾਰਕਬਾਦ ਦਿੱਤੀ ਤੇ ਸਮੂਹ ਭਾਈਚਾਰੇ ਨੂੰ ਆਪਸ ਵਿੱਚ ਮਿਲ ਕੇ ਅੱਗੇ ਵਧਣ ਦੀ ਅਪੀਲ ਕੀਤੀ। ਇਸ ਮੌਕੇ ਪੀ ਆਰ ਓ ਮਨਪ੍ਰੀਤ ਸਿੰਘ ਧਾਲੀਵਾਲ, ਐੱਸ ਐੱਮ ਓ ਡਾ. ਚੰਦਰ ਸ਼ੇਖਰ ਕੱਕੜ, ਨਵਦੀਪ ਸਿੰਘ ਬੱਬੂ ਬਰਾੜ, ਡਾ. ਗਾਜੀ ਉਜੈਰ ਕੋਟਕਪੂਰਾ, ਮੁਸਲਿਮ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਦਿਲਾਵਰ ਹੁਸੈਨ, ਜਰਨਲ ਸਕੱਤਰ ਮੁੰਨਾ ਖਾਨ ਮਨਸੂਰੀ, ਵਾਈਸ ਪ੍ਰਧਾਨ ਮੁਹੰਮਦ ਹਨੀਸ਼ ਕੁਰੈਸ਼ੀ, ਮੁਹੰਮਦ ਰਸੀਦ ਤੋਂ ਇਲਾਵਾ ਹੋਰ ਮੁਸਲਿਮ ਭਾਈਚਾਰੇ ਦੇ ਨੁਮਾਇੰਦੇ ਮੌਜੂਦ ਸਨ।

## ਕਾਤਰਾਂ

### ਕੈਂਬਰਿਜ ਸਕੂਲ 'ਚ ਸੈਮੀਨਾਰ

**ਕੋਟ ਈਸੇ ਖਾਂ (ਅਰੋੜਾ)**-ਇਲਾਕੇ ਦੀ ਪ੍ਰਸਿੱਧ ਸੰਸਥਾ ਕੈਂਬਰਿਜ ਕਾਨਵੈਂਟ ਸਕੂਲ ਵਿਖੇ ਅਧਿਆਪਕਾਂ ਦਾ ਇੱਕ ਰੋਜ਼ਾ ਸੈਮੀਨਾਰ ਲਗਾਇਆ ਗਿਆ। ਇਸ ਸੈਮੀਨਾਰ ਵਿੱਚ ਉਨ੍ਹਾਂ ਨੇ ਅਧਿਆਪਕਾਂ ਨੂੰ ਕਲਾਸ ਰੂਮ ਮੈਨੇਜਮੈਂਟ ਤੇ ਬੱਚਿਆਂ ਨੂੰ ਕਿਸ ਤਰ੍ਹਾਂ ਅਸੀਂ ਆਧੁਨਿਕ ਤਰੀਕੇ ਨਾਲ ਪੜ੍ਹਾ ਸਕਦੇ ਹਨ, ਇਸ ਸਬੰਧੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਵੱਲੋਂ ਅਧਿਆਪਕਾਂ ਨੂੰ ਆਪਣੀ ਪੜ੍ਹਾਈ ਦੇ ਤਰੀਕੇ ਨੂੰ ਹੋਰ ਵਧੀਆ ਢੰਗ ਨਾਲ ਕਰਾਉਣ ਲਈ ਬਹੁਤ ਸਾਰੀਆਂ ਗੱਲਾਂ ਸਾਂਝੀਆਂ ਕੀਤੀਆਂ। ਉਨ੍ਹਾਂ ਵੱਲੋਂ ਦੱਸਿਆ ਗਿਆ ਕਿ ਕਿਸ ਤਰ੍ਹਾਂ ਅਸੀਂ ਆਪਣੀ ਜ਼ਿੰਦਗੀ ਵਿੱਚ ਵਧੀਆ ਅਧਿਆਪਕ ਬਣ ਕੇ ਆਪਣਾ ਤੇ ਸਕੂਲ ਦਾ ਨਾਮ ਰੌਸ਼ਨ ਕਰ ਸਕਦੇ ਹਾਂ।

### ਦੁੱਧ ਉਤਪਾਦਕਾਂ ਨੂੰ ਡੇਅਰੀ ਸਿਖਲਾਈ ਦੇਣ ਲਈ ਬੈਚ 1 ਮਈ ਤੋਂ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਡਿਪਟੀ ਡਾਇਰੈਕਟਰ ਡੇਅਰੀ ਨਿਰਵੈਰ ਸਿੰਘ ਬਰਾੜ ਨੇ ਦੱਸਿਆ ਕਿ ਦੁੱਧ ਉਤਪਾਦਕਾਂ ਨੂੰ ਸਿਖਲਾਈ ਦੇਣ ਲਈ ਡੇਅਰੀ ਸਿਖਲਾਈ ਦਾ ਬੈਚ 1 ਮਈ ਤੋਂ ਸ਼ੁਰੂ ਹੋ ਰਿਹਾ ਹੈ, ਜਿਸ ਦੀ ਕੌਂਸਲਿੰਗ 28 ਅਪ੍ਰੈਲ ਨੂੰ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ, ਕਮਰਾ ਨੰ. 209 (ਹਾਲ) ਡੀ.ਸੀ. ਕੰਪਲੈਕਸ ਵਿਖੇ ਰੱਖੀ ਗਈ ਹੈ। ਉਨ੍ਹਾਂ ਦੱਸਿਆ ਕਿ ਚਾਹਵਾਨ ਉਮੀਦਵਾਰ ਜੋ ਪੇਂਡੂ ਪਿਛੋਕੜ ਦਾ ਹੋਵੇ, ਘੱਟੋ-ਘੱਟ 5 ਪਾਸ ਹੋਵੇ, ਉਮਰ 18 ਤੋਂ 50 ਸਾਲ ਦੇ ਦਰਮਿਆਨ ਹੋਵੇ, ਟ੍ਰੇਨਿੰਗ ਵਿਚ ਭਾਗ ਲੈ ਸਕਦੇ ਹਨ। ਟ੍ਰੇਨਿੰਗ ਦੀ ਸਮਾਪਤੀ ਉਪਰੰਤ ਬੇਰੁਜ਼ਗਾਰਾਂ ਨੂੰ 2 ਤੋਂ 20 ਪਸ਼ੂਆਂ ਦੀ ਖਰੀਦ ਲਈ ਬੈਂਕਾਂ ਤੋਂ ਲੋਨ ਦਿਵਾ ਕੇ ਸਵੈ-ਰੁਜ਼ਗਾਰ ਦਿੱਤਾ ਜਾਵੇਗਾ। ਵਿਭਾਗ ਵੱਲੋਂ ਦੇਸੀ ਗਾਵਾਂ ਤੇ ਡੀ.ਡੀ-8 ਸਕੀਮ ਅਧੀਨ 2,5,10 ਦੁਧਾਰੂ ਪਸ਼ੂਆਂ ਤੇ ਵਿਭਾਗ ਵੱਲੋਂ ਜਨਰਲ ਲਈ 25 ਫੀਸਦੀ ਤੇ ਐਸ.ਸੀ ਲਈ 33 ਫੀਸਦੀ ਸਬਸਿਡੀ ਦਿੱਤੀ ਜਾਵੇਗੀ।

### ਰੇਸ਼ਮਾ ਰਾਣੀ ਨਮਿਤ ਸਤਿਸੰਗ 26 ਨੂੰ

**ਮਲੋਟ (ਗੁਰਮੀਤ ਸਿੰਘ ਮੱਕੜ)**-ਸੀਨੀਅਰ ਪੱਤਰਕਾਰ ਸਵ. ਮਦਨ ਲਾਲ ਗੁਪਤਾ ਦੀ ਧਰਮਪਤਨੀ ਤੇ ਗੁਪਤਾ ਇੰਡਸਟਰੀ ਦੇ ਸੰਚਾਲਕ ਅਤੇ ਪੱਤਰਕਾਰ ਵਿਕਾਸ ਗੁਪਤਾ ਅਤੇ ਸੰਜੇ ਗੁਪਤਾ ਦੇ ਮਾਤਾ ਤੇ ਮੋਹਿਤ ਗੁਪਤਾ ਦੇ ਦਾਦੀ ਸ਼੍ਰੀਮਤੀ ਰੇਸ਼ਮਾ ਰਾਣੀ ਜੋ ਕਿ ਬੀਤੇਂ ਦਿਨੀਂ ਸਵਰਗਵਾਸ ਹੋ ਗਏ। ਉਨ੍ਹਾਂ ਨਮਿਤ ਅਮ੍ਰਿਤਵਾਣੀ ਸਤਿਸੰਗ ਤੇ ਗਰੁੜ ਪੁਰਾਣ ਪਾਠ ਦਾ ਭੋਗ 26 ਅਪ੍ਰੈਲ ਨੂੰ ਸਵੇਰੇ 11.30 ਤੋਂ ਲੈ ਕੇ ਦੁਪਹਿਰ 1 ਵਜੇ ਤੱਕ ਵੈਡਲੁੱਕ ਸਕੇਅਰ (ਪੰਜਾਬ ਰਿਜ਼ੋਰਟ) ਜੀ.ਟੀ. ਰੋਡ ਮਲੋਟ ਵਿਖੇ ਹੋਵੇਗਾ।

### ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ 'ਚ 9.72 ਕਰੋੜ ਨਾਲ ਹੋਵੇਗੀ ਨਵੇਂ ਬਲਾਕ ਦੀ ਉਸਾਰੀ : ਵਿਧਾਇਕ ਸੇਖੋਂ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਵਿਧਾਇਕ ਗੁਰਦਿੱਤ ਸਿੰਘ ਸੇਖੋਂ ਵੱਲੋਂ ਵਿਧਾਨ ਸਭਾ ਸੈਸ਼ਨ ਦੌਰਾਨ ਉਠਾਏ ਗਏ ਮੁੱਦੇ ਦੌਰਾਨ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਨਵੇਂ ਬਲਾਕ ਦੀ ਉਸਾਰੀ ਲਈ 9.72 ਕਰੋੜ ਰੁਪਏ ਦੀ ਪ੍ਰਸ਼ਾਸਕੀ ਪ੍ਰਵਾਨਗੀ ਜਾਰੀ ਕਰ ਦਿੱਤੀ ਗਈ ਹੈ। ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਦੱਸਿਆ ਕਿ ਜਲਦੀ ਹੀ ਇਸ ਬਲਾਕ ਦੀ ਉਸਾਰੀ ਸਬੰਧੀ ਐਸਟੀਮੇਟ ਪ੍ਰਵਾਨ ਕਰਾਉਣ ਉਪਰੰਤ ਟੈਂਡਰ ਦੀ ਪ੍ਰਕਿਰਿਆ ਆਰੰਭ ਕਰ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੀ ਉਸਾਰੀ ਦਾ ਨੀਂਹ ਪੱਥਰ ਸਾਲ 1988 ਵਿੱਚ ਰੱਖਿਆ ਗਿਆ ਸੀ। ਉਸ ਸਮੇਂ ਇਸ ਪ੍ਰਬੰਧਕੀ ਕੰਪਲੈਕਸ ਦੇ ਇੱਕ ਬਲਾਕ ਦੀ ਉਸਾਰੀ ਕਰਨੀ ਬਾਕੀ ਰਹਿ ਗਈ, ਜੋ ਅਜੇ ਤੱਕ ਲੰਬਿਤ ਸੀ। ਬਹੁਤ ਸਾਰੇ ਦਫ਼ਤਰ ਅਜੇ ਵੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਬਾਹਰ ਵੱਖ-ਵੱਖ ਥਾਂਵਾਂ 'ਤੇ ਕੰਮ ਕਰ ਰਹੇ ਹਨ, ਜਿਸ ਨਾਲ ਸਥਾਨਕ ਲੋਕਾਂ ਨੂੰ ਕੰਮ ਕਾਜ ਕਰਾਉਣ ਵਿੱਚ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਸੀ। ਉਨ੍ਹਾਂ ਕਿਹਾ ਕਿ ਲੋਕਾਂ ਦੀ ਦਿੱਕਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਸਰਕਾਰ ਪਾਸੋਂ 9.72 ਕਰੋੜ ਰੁਪਏ ਦੀ ਪ੍ਰਸ਼ਾਸਕੀ ਪ੍ਰਵਾਨਗੀ ਜਾਰੀ ਕਰ ਦਿੱਤੀ ਗਈ ਹੈ।

# 7 ਖਿਡਾਰੀਆਂ ਨੂੰ ਕਰੀਬ 21 ਲੱਖ ਦੇ ਨਕਦ ਇਨਾਮ ਦੇ ਕੇ ਕੀਤਾ ਸਨਮਾਨਤ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਖੇਡਾਂ ਦੇ ਖੇਤਰ ਵਿੱਚ ਸੂਬੇ ਦੀ ਗੁਆਚੀ ਸਾਨ ਬਹਾਲ ਕਰਨ ਲਈ ਪੰਜਾਬ ਸਰਕਾਰ ਦਿਨ-ਰਾਤ ਇੱਕ ਕਰਕੇ ਮਿਹਨਤ ਨਾਲ ਕੰਮ ਕਰ ਰਹੀ ਹੈ ਅਤੇ ਵੱਖ-ਵੱਖ ਖੇਡਾਂ ਵਿੱਚ ਮੱਲਾਂ ਮਾਰਨ ਵਾਲੇ ਖਿਡਾਰੀਆਂ ਨੂੰ ਚੰਗਾ ਮਾਣ ਸਨਮਾਨ ਦੇ ਕੇ ਨਿਵਾਜ਼ਿਆ ਜਾ ਰਿਹਾ ਹੈ। ਇਸੇ ਲੜੀ ਤਹਿਤ ਡਿਪਟੀ ਕਮਿਸ਼ਨਰ ਸ੍ਰੀਮਤੀ ਪਰਨੀਤ ਸ਼ੇਰਗਿੱਲ ਨੇ ਦੱਸਿਆ ਕਿ ਖੇਡ ਵਿਭਾਗ ਪੰਜਾਬ ਵੱਲੋਂ ਕਰਾਏ ਗਏ ਕੈਸ਼ ਐਵਾਰਡ ਸਮਾਰੋਹ ਦੌਰਾਨ ਰਾਸ਼ਟਰੀ ਖੇਡਾਂ 2022 ਲਈ ਜ਼ਿਲ੍ਹਾ ਫ਼ਤਿਹਗੜ੍ਹ ਸਾਹਿਬ ਦੇ 7 ਖਿਡਾਰੀਆਂ ਨੂੰ ਕਰੀਬ 21 ਲੱਖ ਦੇ ਨਕਦ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦੇ ਮਨਦੀਪ ਸਿੰਘ (ਤਲਵਾਰਬਾਜ਼ੀ) ਨੂੰ 5 ਲੱਖ, ਹਰਪ੍ਰੀਤ ਕੌਰ (ਤਲਵਾਰਬਾਜ਼ੀ) ਨੂੰ 3 ਲੱਖ, ਮੁਮਤਾਜ (ਤਲਵਾਰਬਾਜ਼ੀ) ਨੂੰ 3 ਲੱਖ, ਕੋਮਲਪ੍ਰੀਤ ਸੁਕਲਾਂ (ਤਲਵਾਰਬਾਜ਼ੀ) ਨੂੰ 3 ਲੱਖ, ਪ੍ਰਿਅੰਕਾ (ਹਾਕੀ) ਨੂੰ 3 ਲੱਖ, ਮਨਜੋਤ ਸਿੰਘ (ਬਾਸਕਟਬਾਲ) 2 ਲੱਖ, ਪਰਮਜੋਤ ਕੌਰ (ਅਥਲੈਟਿਕਸ) ਨੂੰ 2 ਲੱਖ ਰੁਪਏ ਦੇ ਇਨਾਮ ਨਾਲ ਸਨਮਾਨਤ ਕੀਤਾ ਗਿਆ ਅਤੇ ਪੂਰੇ ਪੰਜਾਬ ਦੇ 147 ਖਿਡਾਰੀਆਂ ਨੂੰ ਕੁੱਲ 5 ਕਰੋੜ 46 ਲੱਖ ਰੁਪਏ ਵੰਡੇ ਗਏ।

# ਸਰਬੱਤ ਦਾ ਭਲਾ ਟਰੱਸਟ ਨੇ ਲੋੜਵੰਦਾਂ ਨੂੰ ਦਿੱਤੇ ਵਿੱਤੀ ਮਦਦ ਦੇ ਚੈੱਕ

**ਤਲਵੰਡੀ ਭਾਈ (ਬਹਾਦਰ ਸਿੰਘ ਭੁੱਲਰ)**-ਵਿਸ਼ਵ ਪ੍ਰਸਿੱਧ ਸਮਾਜਸੇਵੀ ਡਾ. ਸੁਰਿੰਦਰਪਾਲ ਸਿੰਘ ਓਬਰਾਏ ਵੱਲੋਂ ਚਲਾਈ ਜਾ ਰਹੀ ਸਮਾਜਸੇਵੀ ਸੰਸਥਾ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਤਲਵੰਡੀ ਭਾਈ ਵਿੱਚ ਕਰਵਾਏ ਗਏ ਇੱਕ ਸਾਦਾ ਸਮਾਗਮ ਦੌਰਾਨ ਤਲਵੰਡੀ ਭਾਈ ਤੇ ਮੁੱਦਕੀ ਇਲਾਕਿਆਂ ਨਾਲ ਸਬੰਧਤ 30 ਜ਼ਰੂਰਤਮੰਦ, ਵਿਧਵਾਵਾਂ ਤੇ ਅੰਗਹੀਣ ਪਰਿਵਾਰਾਂ ਨੂੰ ਆਰਥਿਕ ਸਹਾਇਤਾ ਰਾਸ਼ੀ ਦੇ ਚੈੱਕ ਵੰਡੇ ਗਏ। ਇਹ ਚੈੱਕ ਸੰਸਥਾ ਦੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਕਤਨਾ, ਬਲਾਕ ਪ੍ਰਧਾਨ ਬਹਾਦਰ ਸਿੰਘ ਭੁੱਲਰ ਤੇ ਹੋਰ ਮੈਂਬਰਾਂ ਵੱਲੋਂ ਵੰਡੇ ਗਏ। ਸੰਸਥਾ ਦੀ ਇਸਤਰੀ ਵਿੰਗ ਜ਼ਿਲ੍ਹਾ ਪ੍ਰਧਾਨ ਮੈਡਮ ਅਮਰਜੀਤ ਕੌਰ ਛਾਬੜਾ ਨੇ ਦੱਸਿਆ ਕਿ ਸੰਸਥਾ ਦੇ ਬਾਨੀ ਡਾ. ਓਬਰਾਏ ਵੱਲੋਂ ਲੋਕ ਭਲਾਈ ਦੇ ਕਈ ਹੋਰ ਕਾਰਜ ਸ਼ੁਰੂ ਕੀਤੇ ਹੋਏ ਹਨ। ਇਸ ਮੌਕੇ ਨਰਿੰਦਰ ਕੁਮਾਰ ਬੇਰੀ ਕੈਸ਼ੀਅਰ, ਸੰਜੀਵ ਬਜਾਜ ਜਨਰਲ ਸਕੱਤਰ, ਸੁਖਜੀਤ ਸਿੰਘ ਹਰਾਜ, ਲਖਵਿੰਦਰ ਸਿੰਘ ਕਰਮੂਵਾਲਾ ਤੇ ਹੋਰ ਪਤਵੰਤੇ ਮੌਜੂਦ ਸਨ।

# ਭਗਵਾਨ ਪਰਸ਼ੂਰਾਮ ਬਹੁਤ ਹੀ ਗਿਆਨੀ ਵਿਅਕਤੀ ਸਨ : ਰਾਏ

ਪਰਸ਼ੂ ਰਾਮ ਜੈਅੰਤੀ ਸਬੰਧੀ ਕੱਢੀ ਜਾ ਰਹੀ ਸੋਭਾ ਯਾਤਰਾ ਵਿੱਚ ਸ਼ਾਮਲ ਹੁੰਦੇ ਹੋਏ ਵਿਧਾਇਕ ਲਖਵੀਰ ਸਿੰਘ ਰਾਏ ਤੇ ਹੋਰ।

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਬ੍ਰਾਹਮਣ ਸਭਾ ਸਰਹਿੰਦ ਅਤੇ ਸਮੂਹ ਬ੍ਰਾਹਮਣ ਸਮਾਜ ਦੇ ਸਹਿਯੋਗ ਨਾਲ ਭਗਵਾਨ ਸ੍ਰੀ ਪਰਸ਼ੂ ਰਾਮ ਜੀ ਦਾ ਜਨਮ ਦਿਵਸ ਤੇ ਅਕਸ਼ੈ ਤ੍ਰਿਯ ਦਾ ਤਿਉਹਾਰ ਬੜੀ ਸ਼ਰਧਾ ਤੇ ਉਤਸ਼ਾਹ ਦੇ ਨਾਲ ਮਨਾਇਆ ਗਿਆ। ਜਿਥੇ ਰਮਾਇਣ ਦਾ ਪਾਠ ਆਰੰਭ ਕਰਾਇਆ ਗਿਆ, ਉਥੇ ਹੀ ਸ਼ੋਭਾ ਯਾਤਰਾ ਵੀ ਸਜਾਈ ਗਈ, ਜੋ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਤੋਂ ਹੁੰਦੀ ਹੋਈ ਮੰਦਰ ਵਿਖੇ ਸਮਾਪਤ ਹੋਈ। ਇਸ ਸ਼ੋਭਾ ਯਾਤਰਾ ਵਿੱਚ ਸ਼ਹਿਰ ਵਾਸੀਆਂ ਤੋਂ ਇਲਾਵਾ ਧਾਰਮਿਕ, ਸਮਾਜਿਕ ਤੇ ਰਾਜਨੀਤਕ ਜਥੇਬੰਦੀਆਂ ਦੇ ਆਗੂਆਂ ਵੱਲੋਂ ਸ਼ਿਰਕਤ ਕੀਤੀ ਗਈ। ਹਲਕਾ ਸ੍ਰੀ ਫ਼ਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਵੀਰ ਸਿੰਘ ਰਾਏ ਤੇ ਮਾਰਕਿਟ ਕਮੇਟੀ ਸਰਹਿੰਦ ਦੇ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸ੍ਰੀ ਬ੍ਰਾਹਮਣ ਸਭਾ ਸਰਹਿੰਦ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਸਭਾ ਦੇ ਸਰਪ੍ਰਸਤ ਸ੍ਰੀ ਆਸ਼ੂਤੋਸ਼ ਬਾਤਿਸ਼, ਪ੍ਰਧਾਨ ਸੰਜੀਵ ਸ਼ਰਮਾ ਨੇ ਦੱਸਿਆ ਕਿ 23 ਅਪ੍ਰੈਲ ਨੂੰ ਸਵੇਰੇ ਹਵਨ ਯੱਗ ਕਰਾਇਆ ਜਾਵੇਗਾ ਤੇ ਅਤੁੱਟ ਲੰਗਰ ਚਲਾਇਆ ਜਾਵੇਗਾ। ਦੇਸ਼ ਭਗਤ ਆਯੁਰਵੈਦਿਕ ਹਸਪਤਾਲ ਦੇ ਡਾਕਟਰਾਂ ਦੀ ਟੀਮ ਵੱਲੋਂ ਆਯੁਰਵੈਦਿਕ ਮੈਡੀਕਲ ਕੈਂਪ ਲਾਇਆ ਜਾਵੇਗਾ, ਜਿਸ ਵਿੱਚ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰਿੰਦਰ ਕੌਸ਼ਲ, ਐਡਵੋਕੇਟ ਵਿਵੇਕ ਸ਼ਰਮਾ, ਨਰਿੰਦਰ ਸ਼ਰਮਾ, ਦੀਪਕ ਬਾਤਿਸ, ਸਨੀ ਚੋਪੜਾ, ਪਵੇਲ ਹਾਂਡਾ, ਬਲਵੀਰ ਸੋਢੀ ਤੇ ਸਤਿੰਦਰ ਮਲਕਪੁਰ ਆਦਿ ਵੀ ਹਾਜ਼ਰ ਸਨ।

# ਗੁਰਜੰਟ ਸੰਘਾ ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋ. ਦੇ ਪ੍ਰਧਾਨ ਬਣੇ

**ਮੋਗਾ (ਅਮਰਜੀਤ ਬੱਬਰੀ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਸਬ-ਡਵੀਜ਼ਨ ਬਾਘਾ ਪੁਰਾਣਾ ਦੇ ਪਹਿਲਾਂ ਚੁਣੇ ਗਏ ਪ੍ਰਧਾਨ ਲੈਕ: ਸੁਖਮੰਦਰ ਸਿੰਘ ਜ਼ਿਲ੍ਹਾ ਜਨਰਲ ਸਕੱਤਰ ਬਣ ਜਾਣ ਕਰਕੇ ਸੀਨੀਅਰ ਮੀਤ ਪ੍ਰਧਾਨਾਂ ਵਿੱਚੋਂ ਸਰਬ ਸੰਮਤੀ ਨਾਲ, ਰਿਟਰਨਿੰਗ ਅਫਸਰ ਹਰਨੇਕ ਸਿੰਘ ਨੇਕ ਦੀ ਨਿਗਰਾਨੀ ਹੇਠ ਗੁਰਜੰਟ ਸਿੰਘ ਸੰਘਾ ਡੇਮਰੂ ਕਲਾਂ ਹਾਲ ਆਬਾਦ ਸਮਾਲਸਰ ਨੂੰ ਪ੍ਰਧਾਨ ਚੁਣ ਲਿਆ ਗਿਆ। ਇਸ ਸਮੇਂ ਲੈਕ: ਸੁਖਮੰਦਰ ਸਿੰਘ ਜ਼ਿਲ੍ਹਾ ਜਨਰਲ ਸਕੱਤਰ, ਗੁਰਦੇਵ ਸਿੰਘ ਸਕੱਤਰ ਸਬ ਡਵੀਜ਼ਨ ਬਾਘਾ ਪੁਰਾਣਾ, ਬਖਸ਼ੀਸ਼ ਸਿੰਘ ਨੱਥੋਕੇ, ਸੁਰਿੰਦਰ ਪਾਲ ਸਿੰਘ ਬਾਘਾ ਪੁਰਾਣਾ, ਮਲਕੀਤ ਸਿੰਘ ਕੋਟਲਾ, ਅਮਰ ਜੀਤ ਸਿੰਘ ਮਾਣੂਕੇ, ਪਰਮ ਜੀਤ ਸਿੰਘ ਪ੍ਰਧਾਨ ਪੈਨਸ਼ਨਰਜ਼ ਐਸੋਸੀਏਸ਼ਨ ਨਗਰ ਕਮੇਟੀ ਤੇ ਸੁਰਿੰਦਰ ਰਾਮ ਕੁੱਸਾ ਹਾਜ਼ਰ ਸਨ। ਨਵੇਂ ਚੁਣੇ ਗਏ ਪ੍ਰਧਾਨ ਸੰਘਾ ਨੇ ਵਿਸ਼ਵਾਸ ਦਿਵਾਇਆ ਕਿ ਉਹ ਆਪਣੇ 'ਤੇ ਪਾਈ ਗਈ ਜ਼ਿੰਮੇਵਾਰੀ ਨਾਲ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਏਗਾ। ਉਨ੍ਹਾਂ ਸਮੂਹ ਪੈਨਸ਼ਨਰਾਂ ਨੂੰ ਪਹਿਲੀ ਮਈ ਨੂੰ ਮਜ਼ਦੂਰ ਦਿਹਾੜੇ 'ਤੇ ਵੱਧ ਤੋਂ ਵੱਧ ਗਿਣਤੀ ਵਿੱਚ ਬਿਜਲੀ ਘਰ ਵਿਖੇ ਪਹੁੰਚਣ ਲਈ, ਨਗਰ ਕਮੇਟੀ ਦੇ ਦਫਤਰ ਵਿੱਚ 10 ਵਜੇ ਇਕੱਤਰ ਹੋ ਕੇ ਜਾਣ ਦਾ ਸੱਦਾ ਦਿੱਤਾ ਤਾਂ ਕਿ ਮਜ਼ਦੂਰ ਆਗੂਆਂ ਨੂੰ ਸੱਚੀ ਸ਼ਰਧਾਂਜਲੀ ਭੇਟ ਕਰਕੇ ਉਨ੍ਹਾਂ ਦੇ ਪਾਏ ਹੋਏ ਪੂਰਨਿਆਂ 'ਤੇ ਚੱਲਣ ਦਾ ਅਹਿਦ ਕੀਤਾ ਜਾ ਸਕੇ।

# ਗੁਗਲਾਨੀ ਪਲੇਅ ਵੇਅ ਐਂਡ ਪਬਲਿਕ ਸਕੂਲ ਵਿਰੁੱਧ ਵਿਭਾਗੀ ਪੜਤਾਲ ਸ਼ੁਰੂ




ਗੁਗਲਾਨੀ ਪਲੇਅ ਵੇਅ ਸਕੂਲ ਦੀ ਚਾਰ ਕੁ ਫੁੱਟ ਦੀ ਐਂਟਰੀ ਵਾਲਾ ਮੇਨ ਗੇਟ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪ੍ਰਜਾ)**-ਭਾਰਤੀ ਸਿੱਖਿਆ ਦੇ ਅਧਿਕਾਰ ਐਕਟ ਤਹਿਤ ਸਰਕਾਰ ਵੱਲੋਂ ਨਿਰਧਾਰਤ ਨਿਯਮਾਂ ਤੇ ਮਾਪਦੰਡਾਂ ਦੀਆਂ ਸ਼ਰੇਆਮ ਧੱਜੀਆਂ ਉਡਾਉਣ ਵਾਲੇ ਗਾਂਧੀ ਨਗਰ ਸਥਿਤ ਗੁਗਲਾਨੀ ਪਲੇਅ ਵੇਅ ਐਂਡ ਪਬਲਿਕ ਸਕੂਲ ਵਿਰੁੱਧ ਵਿਭਾਗੀ ਪੜਤਾਲ ਸ਼ੁਰੂ ਹੋ ਗਈ ਹੈ। ਇਸ ਮੰਤਵ ਲਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੁਪਾਣਾ ਦੇ ਪ੍ਰਿੰਸੀਪਲ ਪਰਸਾ ਸਿੰਘ ਨੂੰ ਪੜਤਾਲੀਆ ਅਫ਼ਸਰ ਨਿਯੁਕਤ ਕੀਤਾ ਗਿਆ ਹੈ। ਐਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੇ ਚੇਅਰਮੈਨ ਤੇ ਆਲ ਇੰਡੀਆ ਐਸ.ਸੀ./ਬੀ.ਸੀ/ਐਸ.ਟੀ. ਏਕਤਾ ਭਲਾਈ ਮੰਚ ਦੇ ਰਾਸ਼ਟਰੀ ਪ੍ਰਧਾਨ ਦਲਿਤ ਰਤਨ ਜਗਦੀਸ਼ ਰਾਏ ਢੋਸੀਵਾਲ ਨੇ ਦੱਸਿਆ ਹੈ ਕਿ ਉਕਤ ਸਕੂਲ ਬਾਰੇ ਉਹਨਾਂ ਵੱਲੋਂ ਪੰਜਾਬ ਦੇ ਮੁੱਖ ਮੰਤਰੀ, ਸਿੱਖਿਆ ਮੰਤਰੀ ਤੇ ਸਬੰਧਤ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਲਿਖਤੀ ਸ਼ਿਕਾਇਤ ਕੀਤੀ ਸੀ, ਜਿਸ ਦੇ ਸਿੱਟੇ ਵਜੋਂ ਸਿੱਖਿਆ ਵਿਭਾਗ ਨੇ ਮਾਮਲੇ ਦੀ ਪੜਤਾਲ ਦਾ ਕੰਮ ਸ਼ੁਰੂ ਕੀਤਾ ਹੈ।

ਢੋਸੀਵਾਲ ਨੇ ਦੱਸਿਆ ਹੈ ਕਿ ਸਿੱਖਿਆ ਦੇ ਅਧਿਕਾਰ ਦੀ ਪਹਿਲੀ ਤੇ ਸਭ ਤੋਂ ਪ੍ਰਮੁੱਖ ਸ਼ਰਤ ਅਨੁਸਾਰ ਸਕੂਲ ਦੀ ਐਂਟਰੀ ਦਾ ਰਸਤਾ ਖੁੱਲ੍ਹਾ ਹੋਣਾ ਚਾਹੀਦਾ ਹੈ ਤਾਂ ਜੁ ਅੱਗ ਲੱਗਣ ਜਾਂ ਕਿਸੇ ਹੋਰ ਦੁਰਘਟਨਾ ਦੀ ਸੂਰਤ ਵਿੱਚ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਜਾਂ ਹੋਰ ਬਚਾਅ ਸਾਧਨ ਆਸਾਨੀ ਨਾਲ ਸਕੂਲ ਅੰਦਰ ਦਾਖਲ ਹੋ ਸਕਣ। ਪ੍ਰੰਤੂ ਗੁਗਲਾਨੀ ਸਕੂਲ ਦੀ ਮੇਨ ਐਂਟਰੀ ਮਸਾ ਚਾਰ ਕੁ ਫੁੱਟ ਦੀ ਹੈ ਤੇ ਉਹ ਵੀ ਬੰਦ ਗਲੀ ਵਿੱਚ। ਸਕੂਲ ਲਈ ਕੋਈ ਵੀ ਹੋਰ ਐਂਟਰੀ ਜਾਂ ਐਗਜ਼ਿਟ ਗੇਟ ਨਹੀਂ ਹੈ। ਐਨੀ ਤੰਗ ਮੇਨ ਐਂਟਰੀ ਵਾਲਾ ਸਕੂਲ ਵਿਦਿਆਰਥੀਆਂ ਦੇ ਜੀਵਨ ਨਾਲ ਖਿਲਵਾੜ ਕਰ ਰਿਹਾ ਹੈ।

ਢੋਸੀਵਾਲ ਨੇ ਅੱਗੇ ਕਿਹਾ ਕਿ ਉਕਤ ਸਕੂਲ ਸੰਚਾਲਕਾਂ ਕੋਲ ਸਕੂਲ ਦੀ ਬਿਲਡਿੰਗ ਜਾਂ ਸਥਾਨ ਲਈ ਕੋਈ ਮਾਲਕਾਨਾ ਹੱਕ ਨਹੀਂ ਹੈ ਤੇ ਇਸ ਦੀ ਰਜਿਸਟਰੀ ਸਬੰਧੀ ਕੋਰਟ ਵਿਚ ਕੇਸ ਚੱਲ ਰਿਹਾ ਹੈ। ਢੋਸੀਵਾਲ ਨੇ ਉਮੀਦ ਜ਼ਾਹਰ ਕੀਤੀ ਹੈ ਕਿ ਪੜਤਾਲ ਦੌਰਾਨ ਸਕੂਲ ਪ੍ਰਬੰਧਕਾਂ ਤੇ ਸੰਚਾਲਕਾਂ ਵੱਲੋਂ ਹੋਰ ਵੀ ਕਈ ਤਰ੍ਹਾਂ ਦੀਆਂ ਬੇਨਿਯਮੀਆਂ ਤੇ ਸਿੱਖਿਆ ਦੇ ਅਧਿਕਾਰ ਐਕਟ ਸਬੰਧੀ ਬੇਨਿਯਮੀਆਂ ਬਾਰੇ ਮਾਮਲੇ ਧਿਆਨ ਵਿੱਚ ਆ ਜਾਣਗੇ। ਪ੍ਰਧਾਨ ਢੋਸੀਵਾਲ ਨੇ ਮੰਗ ਕੀਤੀ ਹੈ ਕਿ ਬੇਹੱਦ ਤੰਗ ਮੇਨ ਐਂਟਰੀ ਵਾਲੇ ਸਕੂਲ ਦੀ ਮਾਲਕੀ ਸਬੰਧੀ ਰਜਿਸਟਰੀ ਸਬੰਧੀ ਕੋਰਟ ਕੇਸ ਪੈਂਡਿੰਗ ਹੋਣ ਅਤੇ ਹੋਰ ਬੇਨਿਯਮੀਆਂ ਦੇ ਚੱਲਦਿਆਂ ਉਕਤ ਸਕੂਲ ਚਲਾਉਣ ਵਾਲੇ ਸਕੂਲ ਪ੍ਰਬਧਕਾਂ ਤੇ ਸੰਚਾਲਕਾਂ ਵਿਰੁੱਧ ਕਾਰਵਾਈ ਕੀਤੀ ਜਾਵੇ।

ਉਨ੍ਹਾਂ ਇਹ ਵੀ ਮੰਗ ਕੀਤੀ ਹੈ ਕਿ ਇਨ੍ਹਾਂ ਬੇਨਿਯਮੀਆਂ ਵਿੱਚ ਸ਼ਾਮਲ ਸਿੱਖਿਆ ਵਿਭਾਗ ਸਮੇਤ ਫਾਇਰ ਸੇਫਟੀ ਤੇ ਬਿਲਡਿੰਗ ਸੇਫਟੀ ਆਦਿ ਸਰਟੀਫਿਕੇਟ ਜਾਰੀ ਕਰਨ ਵਾਲੇ ਅਧਿਕਾਰੀਆਂ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ।

# ਅਧਿਆਤਮਕ ਜੀਵਨ 'ਚ ਸੁੱਖ-ਸ਼ਾਂਤੀ ਦਾ ਖ਼ਜ਼ਾਨਾ ਕਦੇ ਖਤਮ ਨਹੀਂ ਹੁੰਦਾ : ਬੀ ਕੇ ਅਸ਼ਵਿਨਾ ਦੀਦੀ

**ਜੈਤੋ (ਸਤੀਸ਼ ਕੁਮਾਰ ਭੀਰੀ)**-ਪ੍ਰਜਾਪਿਤਾ ਬ੍ਰਹਮਕੁਮਾਰੀ ਈਸ਼ਵਰੀਆ ਵਿਸ਼ਵਵਿਦਿਆਲਿਆ ਦੇ ਪ੍ਰਭੂ ਮਿਲਾਪ ਕੇਂਦਰ ਵਿਖੇ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ, ਜਿਸ ਵਿੱਚ ਭਾਰੀ ਉਤਸ਼ਾਹ ਨਾਲ ਲੋਕਾਂ ਵੱਲੋਂ ਭਾਗ ਲਿਆ ਗਿਆ। ਸ਼ੁਭ ਸਵੇਰ ਦੀ ਸ਼ਾਂਤ ਵੇਲਾ ਵਿੱਚ ਵਾਤਾਵਰਣ ਸ਼ੁੱਧਤਾ ਲਈ ਸਮੂਹਿਕ ਰਾਜਯੋਗ ਅਭਿਆਸ ਰਾਹੀਂ ਧਰਤੀ ਤੇ ਸ਼ਾਂਤੀ, ਪ੍ਰੇਮ ਦਾ ਵਾਤਾਵਰਣ ਪੈਦਾ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ। ਬ੍ਰਹਮਕੁਮਾਰੀ ਖੇਤਰੀ ਸਕੱਤਰ ਤੇ ਕੇਂਦਰੀ ਪ੍ਰਭਾਰੀ ਬੀ ਕੇ ਅਸ਼ਵਿਨਾ ਦੀਦੀ ਨੇ ਕਿਹਾ ਕਿ ਇਹ ਧਰਤੀ ਮਾਤਾ ਸਾਨੂੰ ਸਭ ਕੁੱਝ ਦਿੰਦੀ ਹੈ, ਪਰ ਅੱਜ ਸਾਡਾ ਵੀ ਫ਼ਰਜ਼ ਬਣਦਾ ਹੈ ਕਿ ਸਾਡਾ ਭਰਨ ਪੋਸ਼ਣ ਕਰਨ ਵਾਲੀ ਧਰਤੀ ਮਾਂ ਨੂੰ ਆਪਣੇ ਉੱਚੇ ਆਚਰਣ ਨਾਲ ਸ਼ੁੱਧ ਤੇ ਸਵੱਛ ਬਣਾਈਏ। ਇਸ ਮੌਕੇ ਅਕਸ਼ੈ ਤੀਜ ਦਾ ਅਧਿਆਤਮਕ ਜੀਵਨ ਵਿੱਚ ਮਤਲਬ ਦੱਸਦੇ ਹੋਏ ਅਸ਼ਵਿਨਾ ਦੀਦੀ ਨੇ ਕਿਹਾ ਕਿ ਅਧਿਆਤਮਕ ਜੀਵਨ ਵਿੱਚ ਸੁੱਖ ਸ਼ਾਂਤੀ ਦਾ ਖ਼ਜ਼ਾਨਾ ਕਦੇ ਖਤਮ ਨਹੀਂ ਹੁੰਦਾ। ਅਕਸ਼ੈ ਦਾ ਅਰਥ ਹੈ ਜਿਸਦਾ ਕਦੇ ਨਾਸ਼ ਨਾ ਹੋਵੇ। ਪ੍ਰੋਗਰਾਮ ਵਿੱਚ ਸ਼ਾਮਲ ਬੀ ਕੇ ਅਮਰ ਨੇ ਕਿਹਾ ਕਿ ਵਾਯੂ ਪ੍ਰਦੂਸ਼ਣ, ਜਲ ਪ੍ਰਦੂਸ਼ਣ ਤੇ ਮਾਨਸਿਕ ਵਿਕਾਰਾਂ ਨਾਲ ਤੜਫ਼ ਰਹੀ ਇਸ ਧਰਤੀ ਨੂੰ ਸੇਵਾ ਭਾਵਨਾ ਨਾਲ ਬਚਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇ ਤੇ ਇਸ ਲਈ ਸਾਨੂੰ ਆਸ਼ਾਵਾਂ ਦਾ ਦੀਪ ਜਲਾਉਣਾ ਚਾਹੀਦਾ ਹੈ। ਦੱਸਿਆ ਜਾਵੇ ਕਿ ਜਨ ਜਾਗ੍ਰਿਤੀ ਲਿਆਉਣ ਲਈ ਬ੍ਰਹਮਕੁਮਾਰੀ ਸੰਸਥਾ ਵੱਲੋਂ ਅੱਜ ਸੰਸਾਰ ਦੇ 140 ਦੇਸਾਂ ਤੋਂ ਵੀ ਜ਼ਿਆਦਾ ਦੇਸਾਂ ਵਿੱਚ ਅਨੇਕਾਂ ਥਾਂਵਾਂ ਤੇ ਉੱਥੋਂ ਦੀ ਸੁਭ ਸਵੇਰ ਮੌਕੇ ਧਰਤੀ ਦਿਵਸ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਗਿਆ।

# ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਦੀ ਮੀਟਿੰਗ ਹੋਈ

**ਮੂਨਕ (ਰਾਜਪਾਲ ਸਿੰਗਲਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਦੀ ਬਲਾਕ ਮੂਨਕ ਦੀ ਮੀਟਿੰਗ ਗੁਰਦੁਆਰਾ ਸਾਹਿਬ ਗੁਰੂ ਤੇਗ ਬਹਾਦਰ ਮੂਨਕ ਵਿੱਚ ਬਲਾਕ ਪ੍ਰਧਾਨ ਲੀਲਾ ਸਿੰਘ ਚੋਟੀਆਂ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਅਡਹਾਕ ਸੂਬਾ ਕਮੇਟੀ ਦੇ ਆਗੂ ਜਸਵਿੰਦਰ ਸਿੰਘ ਲੌਂਗੋਵਾਲ ਅਤੇ ਅਡਹਾਕ ਜ਼ਿਲ੍ਹਾ ਕਮੇਟੀ ਮੈਂਬਰ ਜਸਵੀਰ ਸਿੰਘ ਮੇਦੇਵਾਸ ਵਿਸ਼ੇਸ਼ ਤੌਰ 'ਤੇ ਪਹੁੰਚੇ 12/ਪਿੰਡ ਇਕਾਈਆਂ ਦੇ ਪ੍ਰਧਾਨ ਤੇ ਜਨਰਲ ਸਕੱਤਰ ਹਾਜ਼ਰ ਹੋਏ। ਮੀਟਿੰਗ ਵਿੱਚ ਪਿਛਲੇ ਸੰਘਰਸ਼ਾਂ ਦੀ ਸਮੀਖਿਆ ਕੀਤੀ ਗਈ ਤੇ ਫੰਡ ਇਕੱਠੇ ਕਰਨ ਨੂੰ ਲੈ ਕੇ ਵਿਚਾਰ ਵਟਾਂਦਰਾ ਕੀਤਾ ਗਿਆ। ਕਿਸਾਨ ਆਗੂਆਂ ਨੇ ਕਿਹਾ ਕਿ ਕੁਦਰਤ ਦੀ ਕਰੋਪੀ ਹੋਣ ਕਾਰਨ ਫ਼ਸਲਾਂ ਦਾ ਜੋ ਨੁਕਸਾਨ ਹੋਇਆ ਹੈ, ਉਸ 'ਤੇ ਬਣਦਾ ਮੁਆਵਜ਼ਾ 50000 ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਸਰਕਾਰ ਕਿਸਾਨਾਂ ਨੂੰ ਦੇਵੇ। ਕਿਸਾਨਾਂ ਨੂੰ ਮੂੰਗੀ ਤੇ ਮੱਕੀ ਦੇ ਫ੍ਰੀ ਬੀਜ ਮੁਹੱਈਆ ਕਰਾਵੇ ਅਤੇ ਜੇਲਾਂ ਵਿੱਚ ਬੰਦ ਬੇਕਸੂਰ ਨੌਜਵਾਨਾਂ ਨੂੰ ਬਿਨਾਂ ਸਰਤ ਰਿਹਾਅ ਕੀਤਾ ਜਾਵੇ ਤੇ ਸਰਕਾਰ ਪੰਜਾਬ ਵਿਚੋਂ ਦਹਿਸਤ ਵਾਲਾ ਮਾਹੌਲ ਖਤਮ ਕਰੇ।

# ਖਾਲਸਾ ਫ਼ਤਿਹ ਮਾਰਚ ਅੱਜ ਗਿੱਦੜਬਾਹਾ ਪੁੱਜੇਗਾ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**

ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ 300 ਸਾਲਾ ਸ਼ਤਾਬਦੀ ਦਿਵਸ ਦੇ ਸਬੰਧ ਵਿੱਚ ਵਿਸ਼ਾਲ ਖਾਲਸਾ ਫਤਿਹ ਮਾਰਚ ਦਾ ਨਿੱਘਾ ਸਵਾਗਤ ਕਰਨ ਲਈ ਸ਼ਹਿਰ ਦੀਆਂ ਸਮਾਜ ਸੇਵੀ ਤੇ ਧਾਰਮਿਕ ਸੰਸਥਾਵਾਂ ਦੇ ਆਗੂਆਂ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਦਫ਼ਤਰ f ਵਿਖੇ ਅਭੈ ਸਿੰਘ ਢਿੱਲੋਂ ਨੇ ਇੱਕ ਅਹਿਮ ਮੀਟਿੰਗ ਕੀਤੀ।

ਮੀਟਿੰਗ ਵਿੱਚ ਰੇਸ਼ਮ ਸਿੰਘ ਮੈਨੇਜਰ ਸ੍ਰੀ ਦਰਬਾਰ ਸਾਹਿਬ ਨੇ ਵਿਸ਼ੇਸ ਤੌਰ 'ਤੇ ਸ਼ਿਰਕਤ ਕਰਕੇ ਪ੍ਰਬੰਧਾਂ ਸਬੰਧੀ ਵਿਚਾਰਾਂ ਕੀਤੀਆਂ। ਅਭੈ ਸਿੰਘ ਢਿੱਲੋਂ ਨੇ ਦੱਸਿਆ ਕਿ ਗਿੱਦੜਬਾਹਾ ਦੇ ਮੁੱਖ ਸੇਵਾਦਾਰ ਹਰਦੀਪ ਸਿੰਘ ਡਿੰਪੀ ਢਿੱਲੋਂ ਦੀ ਜਲੰਧਰ ਚੋਣਾਂ ਵਿੱਚ ਡਿਊਟੀ ਹੋਣ ਕਰਕੇ ਖਾਲਸਾ ਫ਼ਤਿਹ ਮਾਰਚ ਦੇ ਪ੍ਰਬੰਧਾਂ ਲਈ ਮੇਰੀ ਡਿਊਟੀ ਲਗਾਈ ਹੈ। ਉਨ੍ਹਾਂ ਦੱਸਿਆ ਕਿ 18ਵੀਂ ਸਦੀ ਦੇ ਮਹਾਨ ਜਰਨੈਲ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ 300 ਸਾਲ ਸ਼ਤਾਬਦੀ ਮਨਾਉਣ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਸ਼੍ਰੋਮਣੀ ਅਕਾਲੀ ਦਲ ਦੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਸੰਗਤਾਂ ਨਾਲ ਵਿਚਾਰਾਂ ਕਰਨ ਉਪਰੰਤ ਸੰਗਤਾਂ ਦੇ ਸਹਿਯੋਗ ਨਾਲ ਵਿਸ਼ਾਲ ਖਾਲਸਾ ਫ਼ਤਿਹ ਮਾਰਚ ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਤੋਂ ਚੱਲ ਕੇ ਸ੍ਰੀ ਅਕਾਲ ਤਖਤ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸਮਾਪਤੀ ਹੋਵੇਗੀ। ਉਨ੍ਹਾਂ ਦੱਸਿਆ ਕਿ ਵਿਸ਼ਾਲ ਖਾਲਸਾ ਫ਼ਤਿਹ ਮਾਰਚ 24 ਅਪ੍ਰੈਲ ਨੂੰ ਸ਼ਾਮ 5 ਵਜੇ ਹੁਸਨਰ ਚੌਕ ਗਿੱਦੜਬਾਹਾ ਵਿਖੇ ਪੁੱਜੇਗਾ, ਸ਼ਹਿਰ ਵਿੱਚ ਦੀ ਹੁੰਦੇ ਹੋਏ ਅੱਗੇ ਵਧਣਗੇ। ਉਨ੍ਹਾਂ ਸ਼ਹਿਰ ਦੀਆਂ ਸਮਾਜ ਸੇਵੀ ਤੇ ਧਾਰਮਿਕ ਸੰਸਥਾਵਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਹਲਕਾ ਗਿੱਦੜਬਾਹਾ ਦਾ ਰਿਕਾਰਡਤੋੜ ਇਕੱਠ ਕਰਨ ਅਤੇ ਸੰਗਤਾਂ ਦੀ ਸਹੂਲਤ ਲਈ ਪੁਖਤਾ ਪ੍ਰਬੰਧ ਕਰਨ ਦਾ ਭਰੋਸਾ ਦਿੱਤਾ ਤੇ ਸੰਗਤ ਨੂੰ ਇਸ ਮੌਕੇ ਵੱਧ ਤੋਂ ਵੱਧ ਪੁੱਜਣ ਦੀ ਅਪੀਲ ਵੀ ਕੀਤੀ। ਇਸ ਮੌਕੇ ਵਰਿੰਦਰ ਸਿੰਘ ਗੋਗੀ, ਸੁਰਿੰਦਰ ਸਿੰਘ ਛਿੰਦਾ, ਹਰਵਿੰਦਰ ਸਿੰਘ ਕਾਕਾ, ਮਾਧੋਦਾਸ ਸਿੰਘ ਖਾਲਸਾ, ਗੁਰਿੰਦਰ ਸਿੰਘ ਰੰਧਾਵਾ, ਅਰਵਿੰਦਰ ਸਿੰਘ ਖਾਲਸਾ, ਦਰਸ਼ਨ ਸਿੰਘ ਪਰੂਥੀ, ਜੋਗਿੰਦਰ ਸਿੰਘ ਸਮਾਘ, ਜਗਤਾਰ ਸਿੰਘ, ਦਰਸ਼ਨ ਸਿੰਘ ਵੱਟੂ, ਸੁਰਿੰਦਰ ਸਿੰਘ, ਇਕਬਾਲ ਸਿੰਘ, ਵੀਨੂ ਪ੍ਰਧਾਨ, ਗੁਰਸੇਵਕ ਸਿੰਘ ਤੇ ਲਖਵਿੰਦਰ ਸਿੰਘ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਆਈਲਟਸ ਸੈਂਟਰ ਐਸੋ. ਦੇ ਪ੍ਰਧਾਨ ਹਰੀ ਵਰਮਾ ਤੇ ਉੱਪ ਪ੍ਰਧਾਨ ਮਾਸਟਰ ਸੁਖਜਿੰਦਰ ਸਿੰਘ ਬਣੇ

**ਜਗਰਾਓਂ (ਅਮਿਤ ਖੰਨਾ)**-ਆਈਲਟਸ ਸੈਂਟਰ ਐਸੋਸੀਏਸ਼ਨ ਜਗਰਾਉਂ ਦੀ ਮੀਟਿੰਗ ਹੋਟਲ ਫਾਈਵ ਰਿਵਰਜ਼ ਵਿਖੇ ਹੋਈ, ਜਿਸ ਵਿੱਚ ਆਈਲਟਸ ਸੈਂਟਰ ਐਸੋਸੀਏਸ਼ਨ ਦੀ ਨਵੀਂ ਟੀਮ ਦਾ ਗਠਨ ਕੀਤਾ ਗਿਆ। ਇਸ ਵਿੱਚ ਸਰਬਸੰਮਤੀ ਨਾਲ ਐਸੋਸੀਏਸ਼ਨ ਦੇ ਪ੍ਰਧਾਨ ਹਰੀ ਓਮ ਵਰਮਾ ਉੱਪ ਪ੍ਰਧਾਨ ਮਾਸਟਰ ਸੁਖਜਿੰਦਰ ਸਿੰਘ ਨੂੰ ਚੇਅਰਮੈਨ ਸਰਬਜੀਤ ਸਿੰਘ ਛੀਨਾ, ਨਵੀਂ ਚੁਣੀ ਗਈ ਟੀਮ ਨੂੰ ਸਭ ਨੇ ਵਧਾਈਆਂ ਦਿੱਤੀਆਂ। ਇਸ ਮੌਕੇ ਨਵੀਂ ਚੁਣੀ ਟੀਮ ਨੇ ਸਭ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਆਉਣ ਵਾਲਾ ਸਾਲ ਪੂਰੀ ਇਮਾਨਦਾਰੀ ਤੇ ਤਹਿ ਦਿਲੀ ਨਾਲ ਨਿਭਾਉਣਗੇ। ਇਸ ਮੌਕੇ ਨਵੇਂ ਚੁਣੇ ਪ੍ਰਧਾਨ ਹਰੀ ਓਮ ਵਰਮਾ ਨੇ ਇਹ ਵੀ ਦੱਸਿਆ ਕਿ ਐਸੋਸੀਏਸ਼ਨ ਦੀ ਮੈਂਬਰਸ਼ਿਪ ਸਿਰਫ਼ ਉਨ੍ਹਾਂ ਮੈਂਬਰ ਨੂੰ ਹੀ ਮਿਲੇਗੀ, ਜਿਹੜੇ ਕਿ ਲਾਈਸੈਂਸ ਹੋਲਡਰ ਹੋਣਗੇ। ਚੇਅਰਮੈਨ ਸਰਬਜੀਤ ਸਿੰਘ ਛੀਨਾ ਨੇ ਦੱਸਿਆ ਕਿ ਸੰਸਥਾ ਆਪਣੇ ਬਿਜ਼ਨੈੱਸ ਦੇ ਨਾਲ ਨਾਲ ਸਮਾਜਿਕ ਕੰਮਾਂ 'ਚ ਵੀ ਵਧ ਚੜ੍ਹ ਕੇ ਹਿਸਾ ਲਏਗੀ। ਇਸ ਮੌਕੇ ਉਨ੍ਹਾਂ ਦੱਸਿਆ ਕਿ ਉਹ ਬਾਕੀ ਸਾਰੇ ਸੈਂਟਰ, ਜਿਨ੍ਹਾਂ ਕੋਲ ਲਾਈਸੈਂਸ ਨਹੀਂ ਹੈ, ਉਨ੍ਹਾਂ ਨੂੰ ਵੀ ਅਪੀਲ ਕਰਦੇ ਹਨ ਕਿ ਉਹ ਲਾਈਸੈਂਸ ਲੈਣ ਤੇ ਪੂਰੀ ਈਮਾਨਦਾਰੀ ਤੇ ਸਾਫ਼ ਸੁਥਰੇ ਤਰੀਕੇ ਨਾਲ ਕੰਮ ਕਰਨ ਅਤੇ ਐਸੋਸੀਏਸ਼ਨ ਦਾ ਹਿੱਸਾ ਬਣਨ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਸੰਸਥਾ ਹੋਰ ਮਜ਼ਬੂਤ ਹੋਵੇ। ਉਨ੍ਹਾ ਦੱਸਿਆ ਕਿ ਸੰਸਥਾ ਵੱਲੋਂ ਇੱਕ ਐਗਜ਼ੀਕਿਊਟਿਵ ਮੈਂਬਰ ਦੀ ਕਮੇਟੀ ਬਣਾਈ ਗਈ ਹੈ, ਜੋ ਕਿ ਸੰਸਥਾ ਦੇ ਅਹਿਮ ਫੈਸਲੇ ਲਿਆ ਕਰੇਗੀ। ਇਸ ਮੌਕੇ ਮੈਂਬਰ ਅਮਿਤ ਕੁਮਾਰ, ਸੁਮਿਤ ਕਾਲੜਾ, ਰਮਨ ਅਰੋੜਾ, ਟੋਨੀ ਕੱਕੜ, ਕਿਸ਼ਨ ਕੁਮਾਰ, ਰਾਕੇਸ਼ ਝਾਂਜੀ, ਆਸ਼ੂ ਤੇ ਸੱਤਿਅਮ ਵਰਮਾ ਸ਼ਾਮਲ ਸਨ।

# ਪੰਜਾਬ ਸਰਕਾਰ ਨੌਜਵਾਨਾਂ ਦੇ ਵਧੀਆ ਭਵਿੱਖ ਲਈ ਵਚਨਬੱਧ : ਅੱਕਾਂਵਾਲੀ

## ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਨੇ ਸਿੱਖਿਆਰਥੀਆਂ ਨੂੰ ਕਿੱਟਾਂ ਵੰਡੀਆਂ

**ਮਾਨਸਾ (ਪਮਾਰ)**-ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਵੱਧ ਤੋਂ ਵੱਧ ਰੋਜ਼ਗਾਰ ਤੇ ਨੌਕਰੀ ਦੇ ਕਾਬਲ ਬਣਾਉਣ ਲਈ ਪੰਜਾਬ ਸਕਿੱਲ ਡਿਵੈੱਲਪਮੈਂਟ ਮਿਸ਼ਨ (ਪੀ.ਐੱਸ.ਡੀ.ਐੱਮ.) ਅਧੀਨ ਪੇਂਡੂ ਤੇ ਸ਼ਹਿਰੀ ਨੌਜਵਾਨਾਂ ਨੂੰ ਵੱਖ-ਵੱਖ ਕੋਰਸਾਂ ਲਈ ਮੁਫਤ ਸਿਖਲਾਈ ਮੁਹੱਈਆ ਕਰਵਾਈ ਜਾ ਰਹੀ ਹੈ, ਜਿਸ ਤਹਿਤ ਸਿੱਖਿਆਰਥੀਆਂ ਨੂੰ ਮੁਫ਼ਤ ਵਰਦੀ, ਬੈਗ ਤੇ ਕਿਤਾਬਾਂ ਵੀ ਦਿੱਤੀਆਂ ਜਾਂਦੀਆਂ ਹਨ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਅੱਜ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਚਰਨਜੀਤ ਸਿੰਘ ਅੱਕਾਂਵਾਲੀ ਨੇ ਮਾਨਸਾ ਸਕਿੱਲ ਸੈਂਟਰ ਵਿਖੇ ਸਿਖਲਾਈ ਪ੍ਰਾਪਤ ਕਰ ਰਹੀਆਂ ਵੱਖ-ਵੱਖ ਪਿੰਡਾਂ ਦੀਆਂ ਲੜਕੀਆਂ ਨੂੰ ਸਿਖਲਾਈ ਕਿੱਟਾਂ ਸੌਂਪਦਿਆਂ ਕੀਤਾ। ਅੱਕਾਂਵਾਲੀ ਨੇ ਸਿੱਖਿਆਰਥੀਆਂ ਨੂੰ ਟ੍ਰੇਨਿੰਗ ਪੂਰੀ ਕਰਨ ਉਪਰੰਤ ਕੋਈ ਨਾ ਕੋਈ ਨੌਕਰੀ ਜਾਂ ਆਪਣਾ ਕਾਰੋਬਾਰ ਜ਼ਰੂਰ ਸ਼ੁਰੂ ਕਰਨ ਲਈ ਵੀ ਪ੍ਰੇਰਿਆ। ਉਨ੍ਹਾ ਕਿਹਾ ਕਿ ਨੌਜਵਾਨਾਂ ਨੂੰ ਜ਼ਿਲ੍ਹੇ ਤੋਂ ਬਾਹਰ ਜਾ ਕੇ ਨੌਕਰੀ ਕਰਨ ਤੋਂ ਵੀ ਗੁਰੇਜ਼ ਨਹੀ ਕਰਨਾ ਚਾਹੀਦਾ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਦੇ ਵਧੀਆ ਭਵਿੱਖ ਲਈ ਵਚਨਬੱਧ ਹੈ ਤੇ ਸਰਕਾਰ ਵੱਲੋਂ ਨੌਜਵਾਨਾਂ ਨੂੰ ਮੁਫਤ ਸਿਖਲਾਈ ਮੁਹੱਈਆ ਕਰਵਾਉਣ ਦਾ ਕੰਮ ਅੱਗੇ ਵੀ ਜਾਰੀ ਰਹੇਗਾ। ਉਨ੍ਹਾ ਅਪੀਲ ਕੀਤੀ ਕਿ ਨੌਜਵਾਨਾਂ ਨੂੰ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਫਾਇਦਾ ਲੈਣਾ ਚਾਹੀਦਾ ਹੈ। ਬਲਾਕ ਮਿਸ਼ਨ ਮੈਨੇਜਰ ਸ਼੍ਰੀ ਮਨੋਜ ਕੁਮਾਰ ਨੇ ਦੱਸਿਆ ਕਿ ਜ਼ਿਲ੍ਹਾ ਮਾਨਸਾ ਵਿਖੇ ਇਸ ਸਮੇਂ ਪੀ.ਐੱਸ.ਡੀ.ਐੱਮ. ਦੁਆਰਾ ਪੇਂਡੂ ਤੇ ਸ਼ਹਿਰੀ ਨੌਜਵਾਨਾਂ ਲਈ ਜ਼ਿਲ੍ਹੇ ਦੇ ਵੱਖ-ਵੱਖ 6 ਸਕਿੱਲ ਸੈਂਟਰਾਂ ਵਿਖੇ ਸਿਖਲਾਈ ਦਿੱਤੀ ਜਾ ਰਹੀ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਪ੍ਰਾਪਤ ਕਰਨ ਲਈ ਨੌਜਵਾਨ ਜ਼ਿਲ੍ਹਾ ਰੋਜ਼ਗਾਰ ਦਫਤਰ ਮਾਨਸਾ ਵਿਖੇ ਪੀ.ਐੱਸ.ਡੀ.ਐੱਮ. ਤੇ ਉਨ੍ਹਾਂ ਦੇ ਸਟਾਫ ਨਾਲ ਸੰਪਰਕ ਕਰ ਸਕਦੇ ਹਨ।

# ਜੀ ਐੱਚ ਜੀ ਅਕੈਡਮੀ ਵਿਖੇ ਧਰਤੀ ਦਿਵਸ ਮਨਾਇਆ

**ਜਗਰਾਓਂ (ਅਮਿਤ ਖੰਨਾ)**-ਜੀ.ਐੱਚ.ਜੀ. ਅਕੈਡਮੀ ਜਗਰਾਉਂ ਵਿਖੇ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ, ਜਿਸ ਵਿੱਚ ਨਰਸਰੀ ਤੋਂ ਬਾਰਵੀਂ ਤੱਕ ਦੇ ਵਿਦਿਆਰਥੀਆਂ ਦੀਆਂ ਵੱਖ- ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਪਹਿਲੀ ਜਮਾਤ ਦੇ ਵਿਦਿਆਰਥੀਆਂ ਨੇ ਧਰਤੀ ਦਿਵਸ 'ਤੇ ਚਿੱਤਰ ਬਣਾ ਕੇ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਦੂਜੀ ਜਮਾਤ ਦੇ ਵਿਦਿਆਰਥੀਆਂ ਦਾ 'ਫਾਲਤੂ ਸਮਾਨ ਦੀ ਵਧੀਆ ਵਰਤੋਂ' ਦਾ ਮੁਕਾਬਲਾ ਕਰਵਾਇਆ ਗਿਆ। ਤੀਜੀ ਤੇ ਚੌਥੀ ਜਮਾਤ ਦੇ ਵਿਦਿਆਰਥੀਆਂ ਦਾ 'ਧਰਤੀ ਦਿਵਸ' ਉੱਤੇ ਅਧਾਰਤ ਆਪਣੀ-ਆਪਣੀ ਭੂਮਿਕਾ ਨਿਭਾਉਣ ਦਾ ਮੁਕਾਬਲਾ ਕਰਵਾਇਆ ਗਿਆ। ਪੰਜਵੀਂ ਤੇ ਛੇਵੀਂ ਜਮਾਤ ਦੇ ਵਿਦਿਆਰਥੀਆਂ ਦਾ ਸੁੱਕੇ ਪੱਤਿਆਂ ਨਾਲ ਕਲਾਜ਼ ਬਣਾਉਣ ਦਾ ਮੁਕਾਬਲਾ ਕਰਵਾਇਆ ਗਿਆ। 7ਵੀਂ ਤੇ 8ਵੀਂ ਜਮਾਤ ਦੇ ਵਿਦਿਆਰਥੀਆਂ ਨੇ 'ਧਰਤੀ ਦਾ ਰੱਖੋ ਧਿਆਨ, ਸਾਡਾ ਦੇਸ਼ ਬਣੇਗਾ ਮਹਾਨ', 'ਧਰਤੀ ਬਚਾਓ, ਜੀਵਨ ਬਚਾਓ', 'ਵਾਤਾਵਰਣ ਦੀ ਰੱਖਿਆ ਲਈ ਕਰੋ ਕਰਮ, ਇਹੀ ਹੈ ਅੱਜ ਦਾ ਸੱਚਾ ਧਰਮ', ਜਨ-ਜਨ ਵਿੱਚ ਸੰਦੇਸ਼ ਪਹੁੰਚਾਓ, ਰੁੱਖ ਲਗਾਓ, ਰੁੱਖ ਲਗਾਓ' ਆਦਿ ਨਆਰੇ ਲਗਾ ਕੇ ਵਿਦਿਆਰਥੀਆਂ ਵਿੱਚ ਵਾਤਾਵਰਨ ਨੂੰ ਵਧੀਆ ਬਣਾਉਣ ਦੀ ਜਾਗਰੂਕਤਾ ਪੈਦਾ ਕੀਤੀ। ਨੌਂਵੀਂ ਤੋਂ ਬਾਰਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਧਰਤੀ ਦੀ ਮਹੱਤਤਾ ਨੂੰ ਦਰਸਾਉਂਦੇ ਹੋਏ 'ਧਰਤੀ ਦਿਵਸ' 'ਤੇ ਪੋਸਟਰ ਬਣਾਏ। ਅਖੀਰ ਵਿੱਚ ਜੀ. ਐੱਚ. ਜੀ. ਅਕੈਡਮੀ ਦੇ ਪ੍ਰਿੰਸੀਪਲ ਸ੍ਰੀਮਤੀ ਰਮਨਜੋਤ ਕੌਰ ਗਰੇਵਾਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਨੂੰ ਧਰਤੀ ਦੀ ਰੱਖਿਆ ਕਰਨ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਤੇ ਉਨ੍ਹਾਂ ਦੀ ਸੰਭਾਲ ਕਰਨ ਲਈ ਪ੍ਰੇਰਿਤ ਕੀਤਾ।

# 70 ਕਿਲੋਗ੍ਰਾਮ ਡੋਡੇ ਚੂਰਾ ਪੋਸਤ ਤੇ 1 ਕਿਲੋ 700 ਗ੍ਰਾਮ ਅਫੀਮ ਸਮੇਤ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ,ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਗੌਰਵ ਯਾਦਵ, ਆਈ ਪੀ ਐਸ ਡਾਇਰੈਕਟਰ ਜਨਰਲ ਪੁਲਸ ਪੰਜਾਬ ਕਸਤੁਭ ਸ਼ਰਮਾ ਆਈ ਪੀ ਐਸ ਇੰਸਪੈਕਟਰ ਜਨਰਲ ਪੁਲਸ, ਲੁਧਿਆਣਾ ਰੇਂਜ ਅਤੇ ਭਾਗੀਰਥ ਸਿੰਘ ਮੀਨਾ, ਆਈ ਪੀ ਐਸ ਸੀਨੀਅਰ ਕਪਤਾਨ ਪੁਲਸ ਸ਼ਹੀਦ ਭਗਤ ਸਿੰਘ ਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਐਂਟੀ ਨਾਰਕੋਟਿਕ ਸੈਲ ਨਵਾਂਸ਼ਹਿਰ ਦੀ ਪੁਲਸ ਪਾਰਟੀ ਵੱਲੋਂ ਗਸ਼ਤ ਦੌਰਾਨ 1 ਵਿਅਕਤੀ ਤੋਂ 70 ਕਿਲੋਗ੍ਰਾਮ ਡੋਡੇ ਚੂਰਾ ਪੋਸਤ ਅਤੇ 1 ਕਿਲੋ 700 ਗ੍ਰਾਮ ਅਫੀਮ ਬਰਾਮਦ ਕਰਨ 'ਚ ਸਫਲਤਾ ਹਾਸਲ ਕੀਤੀ । ਇਸ ਸੰਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਭਾਗੀਰਥ ਸਿੰਘ ਮੀਨਾ ਸੀਨੀਅਰ ਕਪਤਾਨ ਪੁਲਸ ਨੇ ਦੱਸਿਆ ਕਿ 22 ਅਪ੍ਰੈਲ ਨੂੰ ਵਕਤ ਕਰੀਬ 10:40 ਵਜੇ ਏ ਐਸ ਆਈ ਗੁਰਬਖਸ਼ ਰਾਮ ਐਂਟੀ ਨਾਰਕੋਟਿਕ ਸੈਲ ਨਵਾਂਸ਼ਹਿਰ ਸਮੇਤ ਏ ਐਸ ਆਈ ਅਮਰਜੀਤ ਸਿੰਘ ਗਸ਼ਤ ਬਾ ਚੈਕਿੰਗ ਦੇ ਸੰਬੰਧ ਪਿੰਡ ਚੂਹੜਪੁਰ ਪੁੱਜੇ ਤਾਂ ਪਿੰਡ ਚੂਹੜਪੁਰ ਤੋਂ ਪਲਟਾਂ ਨੂੰ ਜਾਂਦੇ ਇੱਕ ਵਿਅਕਤੀ ਨੂੰ 3 ਪਲਾਸਟਿਕ ਵਜ਼ਨਦਾਰ ਬੋਰਿਆਂ 'ਤੇ ਬੈਠਾ ਦਿਖਾਈ ਦਿੱਤਾ ਤੇ ਬੋਰਿਆਂ ਪਾਸ ਇੱਕ ਕਾਲੇ ਰੰਗ ਦਾ ਵਜ਼ਨਦਾਰ ਬੈਗ ਪਿਆ ਸੀ।

ਉਕਤ ਵਿਅਕਤੀ ਪੁਲਸ ਪਾਰਟੀ ਨੂੰ ਵੇਖ ਕੇ ਕਾਹਲੇ ਕਦਮੀਂ ਪਲਟਾ ਵੱਲ ਤੁਰ ਗਿਆ, ਜਿਸ ਨੂੰ ਸ਼ੱਕ ਦੇ ਬਿਨਾਅ 'ਤੇ ਰੋਕ ਕੇ ਨਾਂਅ ਪਤਾ ਪੁੱਛਿਆ , ਜਿਸ ਨੇ ਆਪਣਾ ਨਾਂਅ ਰਾਜ ਕੁਮਾਰ ਉਰਫ ਰਾਜਾ ਪੁੱਤਰ ਮਨਹੋਰ ਲਾਲ ਵਾਸੀ ਰੁੜਕੀ ਖਾਸ ਥਾਣਾ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਹਾਲ ਵਾਸੀ ਚੂਹੜਪੁਰ ਥਾਣਾ ਸਿਟੀ ਨਵਾਂਸ਼ਹਿਰ ਦੱਸਿਆ ,ਜਿਸ ਦੇ ਬੋਰਿਆਂ ਅਤੇ ਬੈਗ 'ਚ ਨਸ਼ੀਲਾ ਪਦਾਰਥ ਹੋਣ ਦਾ ਸ਼ੱਕ ਹੋਣ 'ਤੇ ਏ ਐਸ ਆਈ ਗੁਰਬਖਸ਼ ਰਾਮ ਨੇ ਥਾਣਾ ਸਿਟੀ ਨਵਾਂਸ਼ਹਿਰ ਵਿਖੇ ਇਤਲਾਹ ਦਿੱਤੀ ਅਤੇ ਰਾਜ ਕੁਮਾਰ ਉਰਫ ਰਾਜਾ ਤੇ ਬੋਰਿਆਂ ਅਤੇ ਬੈਗ ਦੀ ਤਲਾਸ਼ੀ ਲਈ ਅਧਿਕਾਰੀ ਨੂੰ ਭੇਜਣ ਸੰਬੰਧੀ ਕਿਹਾ ਗਿਆ, ਜਿਸ 'ਤੇ ਮਨਜੀਤ ਲਾਲ ਥਾਣਾ ਸਿਟੀ ਨਵਾਂਸ਼ਹਿਰ ਸਮੇਤ ਪੁਲਸ ਪਾਰਟੀ ਮੌਕੇ 'ਤੇ ਪੁੱਜੇ। ਮਨਜੀਤ ਲਾਲ ਵੱਲੋਂ ਅਮਰ ਨਾਥ ਉਪ ਕਪਤਾਨ ਪੁਲਸ ਐਨ ਡੀ ਪੀ ਐਸ ਅਤੇ ਸਪੈਸ਼ਲ ਕਰਾਇਮ , ਸ਼ਹੀਦ ਭਗਤ ਸਿੰਘ ਨਗਰ ਨੂੰ ਫੋਨ ਰਾਹੀਂ ਮੌਕਾ 'ਤੇ ਪੁੱਜਣ ਦੀ ਬੇਨਤੀ ਕੀਤੀ ,ਜਿਸ ਦੇ ਅਮਰ ਨਾਥ ਉਪ ਕਪਤਾਨ ਪੁਲਸ ਐਨ ਡੀ ਪੀ ਐਸ ਸਪੈਸ਼ਲ ਕਰਾਈਮ ਸ਼ਹੀਦ ਭਗਤ ਸਿੰਘ ਨਗਰ ਮੌਕੇ 'ਤੇ ਪੁੱਜੇ ਜਿਨ੍ਹਾਂ ਦੀ ਹਾਜ਼ਰੀ 'ਚ ਮਨਜੀਤ ਲਾਲ ਵੱਲੋਂ ਰਾਜ ਕੁਮਾਰ ਉਰਫ ਰਾਜਾ ਉਕਤ ਦੇ ਕਬਜ਼ੇ ਵਿੱਚ ਪਾਏ 3 ਬੋਰੇ ਪਲਾਸਟਿਕ ਜਿਨ੍ਹਾਂ ਦੇ ਮੂੰਹ ਬੰਨ੍ਹੇ ਹੋਏ ਹਨ , ਨੂੰ ਖੋਲ੍ਹ ਕੇ ਚੈੱਕ ਕੀਤਾ ਤਾਂ 2 ਬੋਰਿਆਂ 'ਚੋਂ 25/25 ਕਿਲੋਗ੍ਰਾਮ ਡੋਡੇ ਚੂਰਾ ਪੋਸਤ ਤੇ ਤੀਜੇ ਬੋਰੇ ਪਲਾਸਟਿਕ 'ਚੋਂ 20 ਕਿਲੋਗ੍ਰਾਮ ਡੋਡੇ ਚੂਰਾ ਪੋਸਤ ਕੁੱਲ 70 ਕਿਲੋਗ੍ਰਾਮ ਡੋਡੇ ਚੂਰਾ ਪੋਸਤ ਬਰਾਮਦ ਹੋਏ ਅਤੇ ਮੋਮੀ ਲਿਫਾਫੇ 'ਚ ਪਾਈ ਹੋਈ 1 ਕਿਲੋ 700 ਗ੍ਰਾਮ ਅਫੀਮ ਬਰਾਮਦ ਹੋਈ ਜਿਸ 'ਤੇ ਉਕਤ ਵਿਅਕਤੀ ਖਿਲਾਫ ਮੁੱਕਦਮਾ ਐਨ ਡੀ ਪੀ ਐਸ ਐਕਟ ਤਹਿਤ ਥਾਣਾ ਸਿਟੀ ਨਵਾਂਸ਼ਹਿਰ ਵਿਖੇ ਦਰਜ ਰਜਿਸਟਰ ਕੀਤਾ ਗਿਆ ।

# ਨਵਾਂ ਸ਼ਹਿਰ 'ਚ ਬੇਗੋਵਾਲ ਤੇ ਤਲਵੰਡੀ ਸਿੱਬੂ ਦੀਆਂ ਜਨਤਕ ਰੇਤ ਖਾਣਾਂ ਸ਼ੁਰੂ ਹੋਣ ਬਾਅਦ ਖੱਡਾਂ ਦੀ ਗਿਣਤੀ 8 'ਤੇ ਪੁੱਜੀ

**ਨਵਾਂਸ਼ਹਿਰ, (ਮਨੋਜ ਲਾਡੀ)**-ਪੰਜਾਬ ਸਰਕਾਰ ਵੱਲੋਂ ਸੂਬੇ 'ਚ ਆਮ ਲੋਕਾਂ ਨੂੰ ਸਸਤੀ ਰੇਤ ਮੁਹੱਈਆ ਕਰਵਾਉਣ ਦੇ ਉਪਰਾਲਿਆਂ ਤਹਿਤ ਜ਼ਿਲ੍ਹੇ 'ਚ ਕੱਲ੍ਹ ਦੋ ਹੋਰ ਜਨਤਕ ਰੇਤ ਖਾਣਾਂ ਬੇਗੋਵਾਲ ਅਤੇ ਤਲਵੰਡੀ ਸਿੱਬੂ ਦੇ ਸ਼ੁਰੂ ਹੋਣ ਨਾਲ ਜ਼ਿਲ੍ਹੇ 'ਚ ਜਨਤਕ ਰੇਤ ਖੱਡਾਂ ਦੀ ਗਿਣਤੀ 8 'ਤੇ ਪੁੱਜ ਗਈ ਹੈ। ਜ਼ਿਲ੍ਹਾ ਮਾਈਨਿੰਗ ਅਫ਼ਸਰ ਹੈਪੀ ਕੁਮਾਰ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਬੀਤੇ ਕੱਲ੍ਹ ਲੋਕ ਅਰਪਣ ਕੀਤੀਆਂ 20 ਜਨਤਕ ਰੇਤ ਖੱਡਾਂ 'ਚ ਨਵਾਂਸ਼ਹਿਰ ਦੀਆਂ ਵੀ ਦੋ ਖੱਡਾਂ ਸ਼ਾਮਲ ਹਨ। ਉਨ੍ਹਾ ਦੱਸਿਆ ਕਿ ਇਹ ਜਨਤਕ ਰੇਤ ਖਾਣਾਂ ਆਮ ਲੋਕਾਂ ਨੂੰ ਪਿੱਟ ਹੈੱਡ ਤੋਂ 5.50 ਰੁਪਏ ਪ੍ਰਤੀ ਕਿਊਬਿਕ ਫੁੱਟ ਰੇਤਾ ਮੁਹੱਈਆ ਕਰਵਾ ਰਹੀਆਂ ਹਨ। ਉਨ੍ਹਾ ਦੱਸਿਆ ਕਿ ਪਿੱਟ ਹੈਡ ਤੋਂ ਭਰਾਈ ਸਬੰਧਤ ਟਰਾਲੀ ਮਾਲਕ ਦੀ ਆਪਣੀ ਹੋਵੇਗੀ। ਉਨ੍ਹਾ ਦੱਸਿਆ ਕਿ ਕੱਲ੍ਹ ਐਲਾਨੀਆਂ ਗਈਆਂ ਦੋ ਨਵੀਆਂ ਜਨਤਕ ਰੇਤ ਖਾਣਾਂ ਬੇਗੋਵਾਲ ਤੇ ਤਲਵੰਡੀ ਸਿੱਬੂ ਤੋਂ ਇਲਾਵਾ ਜ਼ਿਲ੍ਹੇ 'ਚ ਖੋਜਾ, ਬੁਰਜ ਟਹਿਲ ਦਾਸ, ਰਤਨਾਣਾ, ਸੈਦਪੁਰ, ਫ਼ੂਲ ਮਕੌੜੀ ਤੇ ਔਲੀਆਪੁਰ ਰੇਤ ਖਾਣਾਂ ਪਹਿਲਾਂ ਤੋਂ ਹੀ ਚੱਲ ਰਹੀਆਂ ਹਨ। ਐਸ ਡੀ ਓ ਮਾਈਨਿੰਗ ਗੁਰਜੀਤ ਸਿੰਘ ਨੇ ਦੱਸਿਆ ਕਿ ਉਕਤ ਸਾਰੀਆਂ ਜਨਤਕ ਰੇਤ ਖਾਣਾਂ 'ਤੇ ਰੇਤ ਦੀ ਭਰਾਈ ਕੇਵਲ ਟ੍ਰਾਲੀਆਂ ਵਾਲੇ ਹੀ ਕਰ ਸਕਦੇ ਹਨ, ਉੱਥੇ ਟਿੱਪਰ ਆਦਿ ਰਾਹੀਂ ਭਰਾਈ ਕਰਨ ਦੀ ਪੂਰਨ ਮਨਾਹੀ ਹੈ। ਉਨ੍ਹਾ ਦੱਸਿਆ ਕਿ ਟ੍ਰਾਲੀਆਂ ਦਾ ਡਬਲ ਟਾਇਰੀ ਹੋਣਾ ਅਤੇ ਰੇਤ ਭਰਨ ਤੋਂ ਬਾਅਦ ਤਰਪਾਲ ਨਾਲ ਰੇਤ ਢਕਿਆ ਹੋਣਾ ਲਾਜ਼ਮੀ ਹੈ। ਉਨ੍ਹਾ ਅੱਗੇ ਦੱਸਿਆ ਕਿ ਹਰੇਕ ਜਨਤਕ ਰੇਤ ਖਾਣ 'ਤੇ ਵਿਭਾਗ ਦੇ ਜੇ ਈ, ਬੇਲਦਾਰ ਅਤੇ ਪੈਸਕੋ ਵੱਲੋਂ ਉਪਲਬਧ ਕਰਵਾਏ ਸਾਬਕਾ ਸੈਨਿਕ ਰੇਤ ਦੀ ਪੁਖਤਗੀ ਨਾਲ ਨਿਗਰਾਨੀ ਕਰ ਰਹੇ ਹਨ। ਜ਼ਿਲ੍ਹਾ ਮਾਈਨਿੰਗ ਅਫ਼ਸਰ ਹੈਪੀ ਕੁਮਾਰ ਅਨੁਸਾਰ ਜ਼ਿਲ੍ਹੇ 'ਚ ਜਨਤਕ ਰੇਤ ਖਾਣਾਂ ਤੋਂ ਇਲਾਵਾ ਏ ਡੀ ਬੀ ਰੈਲ, ਪਰਾਗਪੁਰ ਵਿਖੇ ਕਮਰਸ਼ੀਅਲ ਰੇਤ ਖਾਣਾਂ ਦੇ ਟੈਂਡਰ ਲੱਗੇ ਹੋਏ ਹਨ ਜਦਕਿ ਮੰਢਾਲਾ ਵਿਖੇ ਵੀ ਕਮਰਸ਼ੀਅਲ ਰੇਤ ਖੱਡ ਖੋਲ੍ਹਣ ਲਈ ਟੈਂਡਰਿੰਗ ਪ੍ਰਕਿਰਿਆ ਦੀ ਤਿਆਰੀ ਕੀਤੀ ਜਾ ਰਹੀ ਹੈ। ਉਨ੍ਹਾ ਦੱਸਿਆ ਕਿ ਜ਼ਿਲ੍ਹੇ 'ਚ ਕਮਰਸ਼ੀਅਲ ਰੇਤ ਖੱਡਾਂ ਦੇ ਸ਼ੁਰੂ ਹੋਣ ਨਾਲ ਟਿੱਪਰ ਵੀ ਰੇਤ ਦੀ ਭਰਵਾਈ ਮਸ਼ੀਨੀ ਢੰਗ ਨਾਲ ਕਰਵਾ ਸਕਣਗੇ। ਉਨ੍ਹਾ ਦੱਸਿਆ ਕਿ ਜ਼ਿਲ੍ਹੇ 'ਚ ਚੱਲ ਰਹੀਆਂ ਮੌਜੂਦਾ ਜਨਤਕ ਰੇਤ ਖਾਣਾਂ ਦਾ ਆਮ ਲੋਕਾਂ ਨੂੰ ਵੱਡਾ ਲਾਭ ਮਿਲ ਰਿਹਾ ਹੈ, ਜਿੱਥੋਂ ਉਨ੍ਹਾਂ ਨੂੰ ਆਪਣੇ ਵਾਹਨਾਂ 'ਤੇ ਭਰਾਈ ਦੇ ਖਰਚੇ ਤੋਂ ਬਿਨਾਂ 5.50 ਰੁਪਏ ਪ੍ਰਤੀ ਘਣ ਫੁੱਟ ਰੇਤ ਮਿਲ ਰਹੀ ਹੈ।

ਉਨ੍ਹਾ ਦੱਸਿਆ ਕਿ ਕੱਲ੍ਹ ਸ਼ੁਰੂ ਹੋਈਆਂ ਦੋਵੇਂ ਜਨਤਕ ਰੇਤ ਖਾਣਾਂ ਨੂੰ ਛੱਡ ਕੇ ਬਾਕੀ ਦੀਆਂ ਰੇਤ ਖਾਣਾਂ ਤੋਂ ਰੋਜ਼ਾਨਾ 400 ਤੋਂ 450 ਟ੍ਰਾਲੀਆਂ ਰੇਤਾ ਭਰ ਕੇ ਜਾ ਰਹੀਆਂ ਹਨ। ਹੁਣ ਤੱਕ ਪਹਿਲੀਆਂ ਖਾਣਾਂ ਤੋਂ ਸਰਕਾਰ ਦੇ ਖਜ਼ਾਨੇ 'ਚ 2.25 ਕਰੋੜ ਰੁਪਏ ਦਾ ਮਾਲੀਆ ਆ ਚੁੱਕਾ ਹੈ।

# ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਮਨਾਇਆ ਧਰਤੀ ਦਿਵਸ

**ਕਪੂਰਥਲਾ, ( ਹਨੀ )**-ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ ਅਰਥ ਡੇਅ ਮਨਾਇਆ ਗਿਆ । ਇਸ ਦੌਰਾਨ ਸਕੂਲ ਵਿਚ ਸਪੈਸ਼ਲ ਅਸੈਂਬਲੀ ਕਰਵਾਈ ਗਈ । ਜਿਸ ਵਿੱਚ ਸੱਤਵੀਂ ਕਲਾਸ ਦੀ ਵਿਦਿਆਰਥਣ ਸਾਕਸ਼ੀ ਕੁਮਾਰੀ ਨੇ ਧਰਤੀ ਨੂੰ ਬਚਾਉਣ ਲਈ ਆਪਣੇ ਵਿਚਾਰ ਵਿਦਿਆਰਥੀਆਂ ਨਾਲ ਸਾਂਝੇ ਕੀਤੇ, ਉਪਰੰਤ ਗਿਆਰ੍ਹਵੀਂ ਜਮਾਤ ਦੀ ਵਿਦਿਆਰਥਣ ਪਲਕਪ੍ਰੀਤ ਕੌਰ ਨੇ ਸਮੂਹ ਵਿਦਿਆਰਥੀਆਂ ਨੂੰ ਧਰਤੀ ਨੂੰ ਬਚਾਉਣ ਦੀ ਸਹੁੰ ਚੁਕਾਈ । ਸਟਾਫ਼ ਮੈਂਬਰਾਂ ਦੀ ਅਗਵਾਈ ਵਿਚ ਵਿਦਿਆਰਥੀਆਂ ਸਕੂਲ ਦੇ ਵਿਹੜੇ ਵਿੱਚ ਵੱਡੀ ਗਿਣਤੀ ਵਿੱਚ ਪੌਦੇ ਲਗਾਏ । ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗੁਰਪ੍ਰੀਤ ਕੌਰ ਨੇ ਕਿਹਾ ਕਿ ਜੇ ਅਸੀਂ ਚਾਹੁੰਦੇ ਹਾਂ ਕਿ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਸ਼ੁੱਧ ਵਾਤਾਵਰਣ ਮਿਲੇ, ਤਾਂ ਸਾਨੂੰ ਵੱਡਾ ਹੰਭਲਾ ਮਾਰ ਕੇ ਧਰਤੀ ਨੂੰ ਬਚਾਉਣ ਲਈ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ । ਉਨ੍ਹਾ ਰੁੱਖਾਂ ਦੀ ਧੜਾਧੜ ਹੋ ਰਹੀ ਕਟਾਈ 'ਤੇ ਵੀ ਚਿੰਤਾ ਪ੍ਰਗਟ ਕੀਤੀ । ਇਸ ਮੌਕੇ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਪ੍ਰਬਦੀਪ ਕੌਰ ਮੋਂਗਾ ਤੋਂ ਇਲਾਵਾ ਮੈਡਮ ਨੀਲਮ ਕਾਲੜਾ, ਅਨੀਤਾ ਸਹਿਗਲ, ਨਰਿੰਦਰ ਪੱਤੜ, ਰਜਨੀ ਅਰੋੜਾ, ਰੇਨੂੰ ਬਾਲਾ, ਲਵਿਤਾ, ਅਮਨਦੀਪ ਕੌਰ, ਪ੍ਰਵੀਨ ਕੌਰ, ਦਵਿੰਦਰ ਕੌਰ, ਪਰਮਿੰਦਰ ਕੌਰ, ਮੀਨਾਕਸ਼ੀ, ਜਸਵਿੰਦਰ ਸਿੰਘ, ਹਰਜਿੰਦਰ ਸਿੰਘ, ਰਣਧੀਰ ਸਿੰਘ, ਰਣਜੀਤ ਸਿੰਘ, ਕੁਲਵਿੰਦਰ ਕੌਰ, ਸੁਮਨਦੀਪ ਕੌਰ, ਰਾਜ ਰਾਣੀ, ਮਨਜਿੰਦਰ ਸਿੰਘ ਆਦਿ ਸਟਾਫ਼ ਮੈਂਬਰ ਹਾਜ਼ਰ ਸਨ ।

# ਜ਼ਿਮਨੀ ਚੋਣ 'ਚ ਆਮ ਆਦਮੀ ਪਾਰਟੀ ਦੀ ਹੋਵੇਗੀ ਇਤਿਹਾਸਕ ਜਿੱਤ : ਪ੍ਰਦੀਪ ਦੁੱਗਲ

**ਫਿਲੌਰ (ਨਿਰਮਲ)**- ਆਮ ਆਦਮੀ ਪਾਰਟੀ ਦੇ ਜੁਆਇੰਟ ਸੈਕਟਰੀ ਟ੍ਰੇਡ ਵਿੰਗ (ਪੰਜਾਬ) ਪ੍ਰਦੀਪ ਦੁੱਗਲ ਨੇ ਕਿਹਾ ਕਿ ਲੋਕ ਸਭਾ ਜਲੰਧਰ ਦੀ ਜ਼ਿਮਨੀ ਚੋਣ 'ਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਦੀ ਇਤਿਹਾਸਕ ਜਿੱਤ ਹੋਵੇਗੀ। ਉਨ੍ਹਾ ਕਿਹਾ ਕਿ ਪੰਜਾਬ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ 'ਤੇ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਮਾਨ ਪੰਜਾਬ ਵਾਸੀਆਂ ਨੂੰ ਜੋ ਸੁੱਖ ਸਹੂਲਤਾਂ ਦੇ ਰਹੇ ਹਨ ਅਤੇ ਪੰਜਾਬ ਵਿੱਚ ਜਿਸ ਤਰ੍ਹਾਂ ਵਿਕਾਸ ਕਾਰਜ ਹੋ ਰਹੇ ਹਨ ਪਾਰਟੀ ਜਲੰਧਰ ਜ਼ਿਮਨੀ ਚੋਣ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰੇਗੀ। ਉਨ੍ਹਾ ਕਿਹਾ ਕਿ ਲੋਕ ਸਭਾ ਜਲੰਧਰ ਤੋਂ ਜੋ ਪਹਿਲਾਂ ਵੱਖ-ਵੱਖ ਪਾਰਟੀਆਂ ਦੇ ਐਮ ਪੀ ਬਣੇ, ਉਨ੍ਹਾਂ ਨੇ ਲੋਕਾਂ ਦੀਆਂ ਸਮੱਸਿਆਵਾਂ ਵੱਲ ਧਿਆਨ ਨਹੀਂ ਦਿੱਤਾ। ਜਿਸ ਕਾਰਨ ਉਹ ਲੋਕਾਂ ਦਾ ਭਰੋਸਾ ਗਵਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਵੋਟਰ ਆਮ ਆਦਮੀ ਪਾਰਟੀ 'ਤੇ ਭਰੋਸਾ ਕਰਕੇ ਝਾੜੂ ਨੂੰ ਵੋਟ ਪਾਉਣਗੇ ਅਤੇ ਭਾਰੀ ਬਹੁਮਤ ਨਾਲ ਜਿਤਾਉਣਗੇ। ਉਨ੍ਹਾਂ ਕਿਹਾ ਕਿ ਉਹ ਅਤੇ ਉਨ੍ਹਾਂ ਦੀ ਟੀਮ ਘਰ-ਘਰ ਜਾ ਕੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਦੇ ਹੱਕ 'ਚ ਪ੍ਰਚਾਰ ਕਰਕੇ ਲੋਕਾਂ ਨੂੰ ਪਾਰਟੀ ਦੀਆਂ ਨੀਤੀਆਂ ਬਾਰੇ ਜਾਣੂ ਕਰਵਾ ਰਹੇ ਹਨ। ਉਨ੍ਹਾ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਚੋਣ ਨਿਸ਼ਾਨ ਝਾੜੂ ਦਾ ਬਟਨ ਦਬਾ ਕੇ ਸੁਸ਼ੀਲ ਕੁਮਾਰ ਰਿੰਕੂ ਨੂੰ ਭਾਰੀ ਬਹੁਮਤ ਨਾਲ ਜਿਤਾਉਣ।

# 4 ਮਈ ਤੱਕ ਮੀਟਿੰਗ ਨਾ ਮਿਲੀ ਤਾਂ 5 ਨੂੰ ਸੂਬਾ ਪੱਧਰੀ ਧਰਨਾ ਜਲੰਧਰ : ਕੌਂਡਲ

**ਜਲੰਧਰ ( ਰਾਜੇਸ਼ ਥਾਪਾ )**- ਅੱਜ ਜਲ ਸਪਲਾਈ ਸੈਨੀਟੇਸ਼ਨ ਇੰਪਲਾਈਜ਼ ਯੂਨੀਅਨ ਦੇ ਸੂਬਾ ਪ੍ਰੈਸ ਸਕੱਤਰ ਸੰਜੀਵ ਕੌਂਡਲ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਥੇਬੰਦੀ ਵੱਲੋਂ ਆਪਣੀਆਂ ਮੰਗਾਂ ਸੰਬੰਧੀ ਮੰਗ ਪੱਤਰ ਆਮ ਆਦਮੀ ਪਾਰਟੀ ਦੇ ਵਿਧਾਇਕ ਬਲਕਾਰ ਸਿੰਘ , ਸੀਤਲ ਅੰਗੁਰਾਲ, ਲੋਕ ਸਭਾ ਉਮੀਦਵਾਰ ਸੁਸ਼ੀਲ ਰਿੰਕੂ ਅਤੇ ਰਮਨ ਅਰੋੜਾ ਨੂੰ ਦਿੱਤਾ। ਯੂਨੀਅਨ ਦੀਆਂ ਮੰਗਾਂ ਜਿਸ 'ਚ 2011 ਦੀ ਅਨਾਮਲੀ ਦੂਰ ਕਰਨਾ, ਫੀਲਡ ਮੁਲਾਜ਼ਮਾਂ ਨੂੰ ਟਾਈਮ ਸਕੇਲ ਨਾਲ ਤਰੱਕੀ ਦੇਣਾ, ਡਿਪਲੋਮਾ ਪਾਸ ਦਰਜਾ ਤਿੰਨ ਮੁਲਾਜ਼ਮਾਂ ਨੂੰ ਵਨ ਟਾਈਮ ਪਾਲਿਸੀ ਨਾਲ ਜੂਨੀਅਰ ਇੰਜੀਨੀਅਰ ਪ੍ਰਮੋਟ ਕਰਨਾ ਅਤੇ ਮਹਿਕਮੇ ਵਿੱਚ ਕੰਮ ਕਰਦੇ ਇੰਨਲਿਸਟਮੈਂਟ ਅਤੇ ਮਸਟਰੋਲ ਮੁਲਾਜ਼ਮਾਂ ਨੂੰ ਰੈਗੂਲਰ ਕਰਨਾ ਆਦਿ ਮੰਗਾਂ ਹਨ ਇਨ੍ਹਾਂ ਮੰਗਾਂ ਸੰਬੰਧੀ ਯੂਨੀਅਨ ਵੱਲੋਂ ਕਈ ਵਾਰ ਮਹਿਕਮੇ ਦੇ ਐਚ ਓ ਡੀ ਨਾਲ ਮੀਟਿੰਗਾਂ ਕੀਤੀਆਂ ਅਤੇ ਦੋ ਵਾਰ ਮਹਿਕਮੇ ਦੇ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਨਾਲ ਵੀ ਮੀਟਿੰਗਾਂ ਕੀਤੀਆਂ ਪਰ ਮੰਗਾਂ ਦਾ ਕੋਈ ਹੱਲ ਨਹੀਂ ਨਿਕਲਿਆ। ਜੇਕਰ ਜਥੇਬੰਦੀ ਦੀਆਂ ਮੰਗਾ ਨੂੰ ਪੂਰਾ ਕਰਨ ਲਈ ਮਹਿਕਮੇ ਦੇ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਨਾਲ 4 ਮਈ ਤੱਕ ਮੀਟਿੰਗ ਨਾ ਮਿਲੀ ਤਾਂ 5 ਮਈ ਨੂੰ ਲੋਕ ਸਭਾ ਉਮੀਦਵਾਰ ਸੁਸ਼ੀਲ ਰਿੰਕੂ ਦੇ ਦਫਤਰ ਅਤੇ ਬ੍ਰਹਮ ਸ਼ੰਕਰ ਜਿੰਪਾ ਦਾ ਘਿਰਾਓ ਕੀਤਾ ਜਾਵੇਗਾ। ਇਸ ਮੌਕੇ ਯੂਨੀਅਨ ਆਗੂ ਨਰਿੰਦਰ ਸਿੰਘ, ਰਾਜਨ ਕੁਮਾਰ, ਰੌਸ਼ਨ ਲਾਲ, ਰਾਮ ਲਾਲ, ਰਵੀ ਕੁਮਾਰ, ਸੁਖਵਿੰਦਰ ਸਿੰਘ, ਸੁੱਚਾ ਸਿੰਘ, ਸੁਰੇਸ਼ ਕੁਮਾਰ, ਐਲਬਰਟ ਮਸੀਹ ਅਤੇ ਯੁਵਰਾਜ ਸਿੰਘ ਆਦਿ ਮੈਂਬਰ ਸ਼ਾਮਲ ਹੋਏ।

# ਸੂਫੀ ਸੰਤ ਗਿਆਨੀ ਪੂਰਨ ਸਿੰਘ ਦੀ ਪਹਿਲੀ ਬਰਸੀ 'ਤੇ ਗੁਰਮਤਿ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਜਲਵੇਹੜਾ ਵਿਖੇ ਸੰਤ ਬਾਬਾ ਹਜਾਰਾ ਸਿੰਘ ਦੀ ਕੁਟੀਆ, ਸੁੱਚਾ ਦਰਬਾਰ ਜ਼ਿਲ੍ਹਾ ਹੁਸ਼ਿਆਰਪੁਰ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਬ੍ਰਹਮ ਗਿਆਨੀ 1008 ਸੂਫੀ ਸੰਤ ਬਾਬਾ ਪੂਰਨ ਸਿੰਘ ਦੀ ਪਹਿਲੀ ਬਰਸੀ ਮੌਕੇ ਮਹਾਨ ਗੁਰਮਤਿ ਸਮਾਗਮ ਸ਼ਰਧਾ ਭਾਵਨਾ ਨਾਲ ਕਰਵਾਏ ਗਏ। ਇਸ ਮੌਕੇ ਕਮੇਟੀ ਦੇ ਪ੍ਰਧਾਨ ਪਰਮਲ ਸਿੰਘ ਜਲਵੇਹੜਾ, ਅਸ਼ੋਕ ਕੁਮਾਰ ਪਰਮਾਰ ਪਾਸ਼ਟਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸੂਫੀ ਸੰਤ ਬਾਬਾ ਪੂਰਨ ਸਿੰਘ ਦੀ ਪਹਿਲੀ ਬਰਸੀ ਮੌਕੇ ਮਹਾਨ ਗੁਰਮਤਿ ਸਮਾਗਮ, ਸੰਤ ਸਮਾਗਮ ਅਤੇ ਮਹਾਨ ਗੁਰਮਤਿ ਸਮਾਗਮ ਕਰਵਾਏ ਗਏ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਭਾਈ ਜਗਤਾਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ, ਭਾਈ ਹਰਭਜਨ ਸਿੰਘ ਬਾਜਵਾ ਤੋਂ ਇਲਾਵਾ ਹੋਰ ਪੰਥ ਪ੍ਰਸਿੱਧ ਰਾਗੀ ਢਾਡੀ ਕਵੀਸ਼ਰੀ, ਕਥਾਵਾਚਕ, ਪ੍ਰਚਾਰਕ ਆਦਿ ਨੇ ਗੁਰਬਾਣੀ, ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਡਾ. ਰਾਜ ਕੁਮਾਰ ਹਲਕਾ ਵਿਧਾਇਕ ਚੱਬੇਵਾਲ, ਉਘੇ ਸਮਾਜ ਸੇਵਕ ਜੋਗਿੰਦਰ ਸਿੰਘ ਮਾਨ ਸੀਨੀਅਰ ਆਗੂ ਆਮ ਆਦਮੀ ਪਾਰਟੀ ਪੰਜਾਬ ਆਦਿ ਨੇ ਪੁੱਜ ਕੇ ਹਾਜ਼ਰੀ ਭਰੀ। ਇਸ ਮੌਕੇ ਪ੍ਰਬੰਧਕਾਂ ਵੱਲੋਂ ਸਹਿਯੋਗੀਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਪਰਮਵੀਰ ਸਿੰਘ ਜਲਵੇਹੜਾ, ਨਿਰਮਲ ਸਿੰਘ ਮੀਤ ਪ੍ਰਧਾਨ, ਹਰਭਜਨ ਸਿੰਘ ਬਾਜਵਾ ਸੈਕਟਰੀ, ਪ੍ਰਿੰ. ਅਸ਼ੋਕ ਕੁਮਾਰ ਪਰਮਾਰ ਪਾਸ਼ਟਾਂ ਖਜ਼ਾਨਚੀ, ਗੁਰਮੁਖ ਸਿੰਘ, ਸੋਢੀ ਸਿੰਘ, ਜਥੇਦਾਰ ਪਰਮਜੀਤ ਸਿੰਘ ਜਲਵੇਹੜਾ, ਸੋਹਣ ਸਿੰਘ ਕੂਕੋਵਾਲ, ਬੀਬੀ ਬਲਵੀਰ ਕੌਰ ਕੂਕੋਵਾਲ, ਰਣਜੀਤ ਕੌਰ ਅਜਨੋਹਾ, ਸੋਹਣ ਸਿੰਘ, ਸੋਨਾ ਜਲਵੇਹੜਾ, ਹਰਵਿੰਦਰ ਸਿੰਘ ਸੋਨਾ ਠੱਕਰਵਾਲ, ਦਲਵੀਰ ਸਿੰਘ, ਮਾਸਟਰ ਕੁਲਦੀਪ ਸਿੰਘ, ਨਿਰਮਲ ਸਿੰਘ ਜਲੰਧਰ, ਮਾਸਟਰ ਕੁਲਵਿੰਦਰ ਸਿੰਘ, ਹਰਮੇਸ਼ ਕੁਮਾਰ, ਲਾਲਾ ਪਾਸ਼ਟਾਂ, ਤਰਸੇਮ ਸਿੰਘ ਪਾਸ਼ਟਾਂ, ਜਸਵਿੰਦਰ ਸਿੰਘ, ਤਜਿੰਦਰ ਸਿੰਘ ਨੰਗਲਾ, ਬੰਟੀ ਪਾਸ਼ਟਾਂ ਆਦਿ ਹਾਜ਼ਰ ਸਨ। ਸਮਾਗਮ ਦੌਰਾਨ ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।

# ਮਹਿੰਦਰਾ ਪਬਲਿਕ ਸਕੂਲ 'ਚ ਧਰਤੀ ਦਿਵਸ ਮਨਾਇਆ

**ਕਰਤਾਰਪੁਰ (ਹਰਮੇਸ਼ ਦੱਤ)**- ਮਹਿੰਦਰਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਿਆਲਪੁਰ ਜ਼ਿਲ੍ਹਾ ਕਪੂਰਥਲਾ ਵਿਖੇ 21 ਅਪ੍ਰੈਲ ਨੂੰ ਈਕੋ ਕਲੱਬ ਦੁਆਰਾ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ ਜਿਸ ਦਾ ਮਕਸਦ ਧਰਤੀ ਦੀ ਸੁਰੱਖਿਆ ਪ੍ਰਤੀ ਵਿਦਿਆਰਥੀਆਂ ਨੂੰ ਜਾਗਰੂਕ ਕਰਨਾ ਸੀ। ਮੈਡਮ ਕਰਨਜੋਤ ਕੌਰ ਅਤੇ ਪਰਮਜੀਤ ਕੌਰ ਨੇ ਵਿਦਿਆਰਥੀਆਂ ਨੂੰ ਧਰਤੀ ਦਿਵਸ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਤੇ ਵਿਦਿਆਰਥੀਆਂ ਨੂੰ ਧਰਤੀ ਨੂੰ ਹਰਿਆ ਭਰਿਆ ਤੇ ਪ੍ਰਦੂਸ਼ਿਤ ਰਹਿਤ ਬਣਾਉਣ ਦੇ ਸੁਝਾਅ ਦਿੱਤੇ। ਇਸ ਮੌਕੇ ਵਿਦਿਆਰਥੀਆਂ 'ਚ ਧਰਤੀ ਦਿਵਸ ਦੀ ਮਹੱਤਤਾ ਨੂੰ ਦਰਸਾਉਂਦੇ ਹੋਏ ਸਲੋਗਨ ਰਾਈਟਿੰਗ ਮੁਕਾਬਲਾ ਵੀ ਕਰਵਾਇਆ ਗਿਆ ਜਿਸ ਵਿੱਚ 6 ਵੀਂ ਕਲਾਸ ਤੋਂ ਲੈ ਕੇ 12ਵੀਂ ਕਲਾਸ ਦੇ ਵਿਦਿਆਰਥੀਆ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਮੁਕਾਬਲੇ 'ਚ ਵਿਦਿਆਰਥੀਆਂ ਨੇ ਧਰਤੀ ਪਾਣੀ ਬਚਾਉਣ ਤੋਂ ਇਲਾਵਾ ਵਾਤਾਵਰਣ ਦੀ ਸ਼ੁੱਧਤਾ ਕਾਇਮ ਰੱਖਣ ਦਾ ਸੰਦੇਸ਼ ਦਿੱਤਾ। ਵਧੀਆ ਕਾਰਗੁਜ਼ਾਰੀ ਵਾਲੇ ਵਿਦਿਆਰਥੀਆਂ ਸਿਮਰਨਜੀਤ ਕੌਰ, ਰਵਲੀਨ, ਗੁਰਨੂਰ ਨੇ ਪਹਿਲਾ ਸਥਾਨ, ਗੁਰਜੋਤ ਸਿੰਘ, ਜਸਲੀਨ ਕੌਰ, ਸਿਮਰਜੋਤ ਨੇ ਦੂਸਰਾ ਸਥਾਨ ਤੇ ਪ੍ਰਭਲੀਨ ਕੌਰ, ਮਨਪ੍ਰੀਤ , ਸ਼ਿਵਾ, ਅਮਰਿੰਦਰ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਸਕੂਲ ਸੰਚਾਲਕ ਮੈਡਮ ਮਹਿੰਦਰ ਕੌਰ ਪੱਡਾ ਅਤੇ ਚੇਅਰਪਰਸਨ ਹਰਮਨ ਸਿੰਘ ਪੱਡਾ ਨੇ ਵਿਦਿਆਰਥੀਆਂ ਦੀ ਵਧੀਆ ਕਾਰਗੁਜ਼ਾਰੀ ਲਈ ਸ਼ਲਾਘਾ ਕੀਤੀ। ਅੰਤ 'ਚ ਜਿੱਤੇ ਹੋਏ ਵਿਦਿਆਰਥੀਆਂ ਨੂੰ ਸਕੂਲ ਮੈਨੇਜਮੈਂਟ ਵੱਲੋਂ ਸਨਮਾਨਤ ਕੀਤਾ ਗਿਆ।

# ਇਨੋਸੈਂਟ ਹਾਰਟਸ 'ਚ ਈਕੋ ਕਲੱਬ ਨੇ ਪੌਦੇ ਲਗਾ ਕੇ ਦਿੱਤਾ ਗੋ ਗਰੀਨ ਦਾ ਸੁਨੇਹਾ

**ਜਲੰਧਰ (ਸ਼ੈਲੀ ਐਲਬਰਟ)**- ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਵੱਲੋਂ ਚਲਾਏ ਜਾ ਰਹੇ 'ਦਿਸ਼ਾ-ਏਕ ਪਹਿਲਕਦਮੀ' ਤਹਿਤ ਇਨੋਸੈਂਟ ਹਾਰਟਸ (ਗ੍ਰੀਨ ਮਾਡਲ ਟਾਊਨ, ਲੋਹਾਰਾਂ, ਨੂਰਪੁਰ ਰੋਡ ਅਤੇ ਕੈਂਟ ਜੰਡਿਆਲਾ ਰੋਡ,ਕਪੂਰਥਲਾ ਰੋਡ) ਦੇ ਪੰਜਾਂ ਸਕੂਲਾਂ 'ਚ 'ਵਰਲਡ ਅਰਥ ਡੇ' ਮੌਕੇ ਈਕੋ ਕਲੱਬ ਦੇ ਵਿਦਿਆਰਥੀਆਂ ਲਈ ਕਈ ਗਤੀਵਿਧੀਆਂ ਕਰਵਾਈਆਂ ਗਈਆਂ। ਛੇਵੀਂ ਜਮਾਤ ਦੇ ਵਿਦਿਆਰਥੀਆਂ ਨੇ ਰੈਲੀ ਕੱਢ ਕੇ ਕੁਦਰਤ ਦੀ ਸੰਭਾਲ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਦਾ ਸੁਨੇਹਾ ਦਿੱਤਾ। ਵਿਸ਼ੇ ਨਾਲ ਸੰਬੰਧਤ ਚਾਰਟ, ਫਲੈਸ਼ ਕਾਰਡ ਵੀ ਬਣਾਏ ਗਏ, ਜਿਨ੍ਹਾਂ 'ਤੇ ਧਰਤੀ ਦੀ ਰੱਖਿਆ ਲਈ ਸੁੰਦਰ ਸੰਦੇਸ਼ ਲਿਖੇ ਹੋਏ ਸਨ। ਇਸ ਦੇ ਨਾਲ ਹੀ ਉਨ੍ਹਾਂ ਨੇ ਪੌਦੇ ਲਗਾਉਣ ਦੀ ਮੁਹਿੰਮ ਵਿੱਚ ਹਿੱਸਾ ਲਿਆ ਅਤੇ 24 ਘੰਟੇ ਆਕਸੀਜਨ ਪ੍ਰਦਾਨ ਕਰਨ ਵਾਲੇ ਪੌਦੇ ਅਤੇ ਤੁਲਸੀ, ਐਲੋਵੇਰਾ, ਕੈਕਟਸ ਵਰਗੀਆਂ ਦਵਾਈਆਂ ਬਣਾਉਣ ਵਾਲੇ ਪੌਦੇ ਲਗਾਏ ਅਤੇ ਪੌਦਿਆਂ ਦੀ ਮਹੱਤਤਾ ਦੱਸ ਕੇ ਗੋ ਗਰੀਨ ਦਾ ਸੁਨੇਹਾ ਦਿੱਤਾ। ਇੰਨੋਕਿਡਜ਼ ਵਿਖੇ ਕਲਾਸ ਡਿਸਕਵਰਸ ਅਤੇ ਸਕਾਲਰਜ਼ ਦੇ ਬੱਚਿਆਂ ਲਈ ਹੀਲ ਦ ਅਰਥ ਗਤੀਵਿਧੀ ਕਰਵਾਈ ਗਈ, ਜਿਸ ਵਿੱਚ ਬੱਚਿਆਂ ਨੂੰ ਵਾਤਾਵਰਣ ਦੀ ਸੁਰੱਖਿਆ ਅਤੇ ਧਰਤੀ ਨੂੰ ਸਾਫ਼ ਰੱਖਣ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਬੱਚਿਆਂ ਨੇ ਪਲਾਸਟਿਕ ਦੇ ਥੈਲਿਆਂ ਦੀ ਵਰਤੋਂ ਬੰਦ ਕਰਕੇ ਵਾਤਾਵਰਣ ਨੂੰ ਬਚਾਉਣ ਲਈ ਪੁਰਾਣੇ ਅਖ਼ਬਾਰਾਂ ਤੋਂ ਕਾਗਜ਼ ਦੇ ਬੈਗ ਬਣਾਏ ਅਤੇ ਗਿਫਟ ਰੈਪਿੰਗ ਸਿੱਖੀ। ਕਲਾਸ ਲਰਨਰਸ ਅਤੇ ਐਕਸਪਲੋਰਰਜ਼ ਦੇ ਛੋਟੇ ਬੱਚਿਆਂ ਨੂੰ ਦਿ ਅਰਥ ਮਾਈ ਹੋਮ ਗਤੀਵਿਧੀ ਕਰਵਾਈ ਗਈ ਜਿਸ ਵਿੱਚ ਛੋਟੇ ਬੱਚਿਆਂ ਨੂੰ ਕੁਦਰਤ ਦੀ ਸੈਰ 'ਤੇ ਲਿਜਾਇਆ ਗਿਆ। ਵੱਖ-ਵੱਖ ਕਿਸਮਾਂ ਦੇ ਪੱਤੇ, ਖੰਭਾਂ ਨੂੰ ਇਕੱਠਾ ਕਰਨਾ ,ਪੱਥਰ ਆਪਣੇ ਨਾਲ ਲੈ ਕੇ ਆਏ।ਜਮਾਤ ਪਹਿਲੀ ਅਤੇ ਦੂਜੀ ਦੇ ਬੱਚਿਆਂ ਨੇ 'ਸਾਡਾ ਗ੍ਰਹਿ, ਸਾਡਾ ਘਰ' ਗਤੀਵਿਧੀ ਵਿੱਚ ਭਾਗ ਲਿਆ। ਜਮਾਤ ਤੀਸਰੀ, ਚੌਥੀ ਅਤੇ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਲਈ 'ਮੈਜਿਕ ਵਿਦ ਕ੍ਰੇਓਨਜ਼' ਥੀਮ ਤਹਿਤ ਰੰਗਾਰੰਗ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਉਨ੍ਹਾਂ ਨੇ ਵੱਖ-ਵੱਖ ਆਕਾਰ ਬਣਾ ਕੇ ਉਨ੍ਹਾਂ ਵਿੱਚ ਵੱਖ-ਵੱਖ ਰੰਗ ਉੱਕਰੇ। ਛੇਵੀਂ ਜਮਾਤ ਦੇ ਵਿਦਿਆਰਥੀਆਂ ਲਈ 'ਸਾਡਾ ਕੀਮਤੀ ਗ੍ਰਹਿ' ਸਿਰਲੇਖ ਹੇਠ ਅੰਤਰ ਹਾਊਸ ਐਕਸਟੈਂਪੋਰ ਮੁਕਾਬਲਾ ਕਰਵਾਇਆ ਗਿਆ।

# ਵਿਕਟੋਰੀਆ ਇੰਟਰਨੈਸ਼ਨਲ ਸਕੂਲ ਟਾਂਡਾ ਵਿਖੇ ਈਦ ਦਾ ਤਿਉਹਾਰ ਮਨਾਇਆ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ)**- ਵਿਕਟੋਰੀਆ ਇੰਟਰਨੈਸ਼ਨਲ ਸਕੂਲ ਟਾਂਡਾ ਵੱਲੋਂ ਸਮੇਂ-ਸਮੇਂ ਤੇ ਵਿਦਿਆਰਥੀਆਂ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ। ਅੱਜ ਸਕੂਲ ਦੇ ਡਾਇਰੈਕਟਰ ਪ੍ਰੋਫੈਸਰ ਜੀ ਐਸ ਮੁਲਤਾਨੀ ਤੇ ਮਿਸ ਨੀਰੂ ਮੁਲਤਾਨੀ ਤੇ ਪ੍ਰਿੰਸੀਪਲ ਮਿਸ ਪੂਜਾ ਪਟਿਆਲ ਦੀ ਅਗਵਾਈ ਹੇਠ ਬੱਚਿਆਂ ਵੱਲੋਂ ਈਦ ਦਾ ਤਿਉਹਾਰ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਵਿਦਿਆਰਥੀਆਂ ਨੇ ਈਦ ਮੌਕੇ ਕਵਿਤਾਵਾਂ, ਭਾਸ਼ਣ, ਗੀਤ ਅਤੇ ਕਵਾਲੀਆਂ ਵੀ ਗਾਈਆਂ। ਪ੍ਰਿੰਸੀਪਲ ਮਿਸ ਪੂਜਾ ਪਟਿਆਲ ਨੇ ਵਿਦਿਆਰਥੀਆਂ ਨੂੰ ਈਦ ਮਨਾਉਣ ਦੇ ਕਾਰਨਾਂ ਅਤੇ ਇਤਿਹਾਸ ਤੋਂ ਜਾਣੂ ਕਰਵਾਇਆ। ਸਕੂਲ ਡਾਇਰੈਕਟਰ ਪ੍ਰੋਫੈਸਰ ਜੀ .ਐਸ ਮੁਲਤਾਨੀ ਨੇ ਈਦ ਦੇ ਪਵਿੱਤਰ ਮੌਕੇ ਸਭ ਨੂੰ ਵਧਾਈ ਦਿੰਦਿਆਂ ਈਦ ਮੌਕੇ ਬੱਚਿਆਂ ਵੱਲੋਂ ਪੇਸ਼ ਕੀਤੀਆਂ। ਉਨ੍ਹਾਂ ਵਿਦਿਆਰਥੀਆਂ ਨੂੰ ਈਦ ਮਨਾਉਣ ਦੇ ਕਾਰਨਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਖੁਸ਼ੀ ਦਾ ਪ੍ਰਗਟ ਕੀਤੀ ਕਿ ਅਜਿਹਾ ਸਮਾਗਮ ਕਰਵਾ ਕੇ ਉਹ ਬੱਚਿਆਂ ਵਿਚ ਧਾਰਮਿਕ ਏਕਤਾ ਅਤੇ ਭਾਈਚਾਰਕ ਸਾਂਝ ਦੀ ਭਾਵਨਾ ਪੈਦਾ ਕਰਨ ਵਿਚ ਸਫਲ ਹੋਏ ਹਨ। ਇਸ ਮੌਕੇ ਪ੍ਰਿੰਸੀਪਲ ਪੂਜਾ ਪਟਿਆਲ, ਕੋਆਰਡੀਨੇਟਰ ਮਿਸ ਵਿਨੀਤਾ ਬਲੋਰੀਆ, ਮਿਸ ਸੁਜਾਤਾ ਛਾਬੜਾ ਅਤੇ ਹੋਰ ਸਟਾਫ ਆਦਿ ਹਾਜ਼ਰ ਸਨ।

# ਬਿਨਾਂ ਮਨਜ਼ੂਰੀ ਤੋਂ ਚੱਲ ਰਹੇ ਸਟੋਨ ਕਰੈਸ਼ਰ 'ਤੇ ਪ੍ਰੋਸੈਸਿੰਗ ਕਰਨ ਸੰਬੰਧੀ ਮਾਮਲਾ ਦਰਜ

**ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)** ਪੁਲਸ ਚੌਕੀ ਕਲਵਾਂ ਅਧੀਨ ਚੱਲ ਰਹੇ ਇੱਕ ਸਟੋਨ ਕਰੈਸ਼ਰ ਦੀ ਰਜਿਸ਼ਟਰੇਸ਼ਨ ਦੀ ਮਨਜ਼ੂਰੀ ਖਤਮ ਹੋਣ ਉਪਰੰਤ ਕਰੈਸ਼ਰ ਤੇ ਮਾਈਨਿੰਗ ਮਟੀਰੀਆਲ ਦਾ ਸਟਾਕ ਕਰਨ ਤੇ ਮਾਇਨਿੰਗ ਵਿਭਾਗ ਦੀ ਸ਼ਿਕਾਇਤ 'ਤੇ ਮਾਮਲਾ ਦਰਜ ਕੀਤਾ ਹੈ। ਪ੍ਰਦੀਪ ਕੁਮਾਰ ਉੱਪ-ਮੰਡਲ ਅਫਸਰ ਜਲ ਨਿਕਾਸ ਕਮ ਮਾਈਨਿੰਗ ਉੱਪ ਮੰਡਲ ਨੂਰਪੁਰਬੇਦੀ, ਦੀਪਕ ਕੁਮਾਰ ਜੂਨੀਆਰ ਇੰਜੀਨੀਆਰ ਜਲ ਨਿਕਾਸ ਕਮ ਮਾਈਨਿੰਗ ਉਪ-ਮੰਡਲ ਨੂਰਪੁਰਬੇਦੀ ਨੇ ਚੈਕਿੰਗ ਦੌਰਾਨ ਦੇਖਿਆ ਕਿ ਪਿੰਡ ਸਪਾਲਮਾਂ ਵਿਖੇ ਚੱਲ ਰਹੇ ਪ੍ਰਿਥਵੀ ਸਟੋਨ ਕਰੈਸ਼ਰ ਦੀ ਰਜਿਸ਼ਟਰੇਸ਼ਨ ਦੀ ਮਨਜ਼ੂਰੀ 14 ਮਾਰਚ ਤੱਕ ਸੀ, ਜਿਸ ਉਪਰੰਤ ਕਰੈਸ਼ਰ ਨੂੰ ਗੈਰਕਾਨੂੰਨੀ ਢੰਗ ਨਾਲ ਚਲਾ ਕੇ ਮਟੀਰੀਆਲ ਦੀ ਪ੍ਰੋਸੈਸਿੰਗ ਕੀਤੀ ਹੋਈ ਸੀ ਜਿਸ ਦਾ ਵੇਰਵਾ 20 ਐਮ, ਐਮ 2000 ਸਕੇਅਰ ਫੁੱਟ, 10 ਐਮ, ਐਮ, 3000, ਅਤੇ ਡਸਟ-600 ਸਕੇਅਰਫੁੱਟ, ਪਾਇਆ ਗਿਆ ਹੈ, ਜਿਸ ਨੂੰ ਅਗਲੇਰੀ ਕਾਰਵਾਈ ਲਈ ਨਜਦੀਕੀ ਪੁਲਸ ਚੌਕੀ ਕਲਵਾਂ ਨੂੰ ਭੇਜਿਆ ਗਿਆ ਹੈ। ਮਾਮਲੇ ਸੰਬੰਧੀ ਜਾਣਕਾਰੀ ਦਿੰਦਿਆ ਏ ਐਸ ਆਈ, ਹਰਮੇਸ਼ ਕੁਮਾਰ ਨੇ ਦੱਸਿਆ ਮਾਈਨਿੰਗ ਵਿਭਾਗ ਦੇ ਅਧਿਕਾਰੀਆਂ ਦੀ ਸ਼ਿਕਾਇਤ 'ਤੇ ਪ੍ਰਿਥਵੀ ਸਟੋਨ ਕਰੈਸ਼ਰ ਦੇ ਮਾਲਕਾਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਗੋਇਨਕਾ ਇੰਟਰਨੈਸ਼ਨਲ ਸਕੂਲ 'ਚ ਵਿਸ਼ਵ ਧਰਤੀ ਦਿਵਸ ਮਨਾਇਆ

**ਕਪੂਰਥਲਾ, ( ਹਨੀ )**-ਜੀ ਡੀ ਗੋਇਨਕਾ ਇੰਟਰਨੈਸ਼ਨਲ ਸਕੂਲ ਕਪੂਰਥਲਾ ਵਿਖੇ ਵਿਸ਼ਵ ਧਰਤੀ ਦਿਵਸ ਨੂੰ ਸਮਰਪਤ ਸਮਾਗਮ ਕੀਤਾ ਗਿਆ । ਇਸ ਦੌਰਾਨ ਵਿਦਿਆਰਥੀਆਂ ਵੱਖ-ਵੱਖ ਗਤੀਵਿਧੀਆਂ 'ਚ ਹਿੱਸਾ ਲੈਂਦਿਆਂ ਵਾਤਾਵਰਣ ਨੂੰ ਸੰਭਾਲਣ ਸੰਬੰਧੀ ਸੁਨੇਹਾ ਦਿੱਤਾ। ਨਰਸਰੀ ਤੋਂ ਦੂਜੀ ਜਮਾਤ ਦੇ ਵਿਦਿਆਰਥੀਆਂ ਨੇ ਹਰੇ ਰੰਗ ਦੇ ਕੱਪੜੇ ਪਹਿਨ ਕੇ ਮਾਡਲਿੰਗ ਵਿੱਚ ਭਾਗ ਲਿਆ। ਤੀਸਰੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੇ ਪੁਸਤਕ ਚਿੰਨ੍ਹ ਮੁਕਾਬਲੇ ਅਤੇ ਛੇਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਸਲੋਗਨ ਰਾਈਟਿੰਗ ਤੇ ਪੋਸਟਰ ਮੇਕਿੰਗ ਮੁਕਾਬਲੇ 'ਚ ਭਾਗ ਲਿਆ। ਸੀਨੀਅਰ ਵਿਦਿਆਰਥੀਆਂ ਵੱਲੋਂ ਵਾਤਾਵਰਨ ਸੰਬੰਧੀ ਪੇਸ਼ ਕੀਤਾ ਨਾਟਕ ਵੀ ਸਮਾਗਮ ਦਾ ਮੁੱਖ ਆਕਰਸ਼ਣ ਰਿਹਾ । ਜਿਸ ਰਾਹੀਂ ਵਾਤਾਵਰਣ ਨੂੰ ਹਰਿਆ-ਭਰਿਆ ਅਤੇ ਸਾਫ-ਸੁਥਰਾ ਰੱਖਣ ਦਾ ਸੁਨੇਹਾ ਦਿੱਤਾ ਗਿਆ । ਸਕੂਲ ਦੇ ਵਿਹੜੇ 'ਚ ਵਿਦਿਆਰਥੀਆਂ ਵੱਲੋਂ ਵੱਡੇ ਪੱਧਰ 'ਤੇ ਪੌਦੇ ਵੀ ਲਗਾਏ ਗਏ। ਸਕੂਲ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਸੁਖਦੇਵ ਸਿੰਘ, ਸਕੱਤਰ ਪਰਮਿੰਦਰ ਕੌਰ ਅਤੇ ਪ੍ਰਿੰਸੀਪਲ ਕੰਵਲਜੀਤ ਕੌਰ ਨੇ ਸਟਾਫ਼ ਮੈਂਬਰਾਂ ਤੇ ਵਿਦਿਆਰਥੀਆਂ ਵੱਲੋਂ ਕੀਤੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਜੇ ਅਸੀਂ ਅੱਜ ਵਾਤਾਵਰਣ ਦੀ ਸੰਭਾਲ ਨਾ ਕੀਤੀ ਤਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਬਹੁਤ ਵੱਡੀ ਚੁਣੌਤੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ । ਇਸ ਲਈ ਲੋੜ ਹੈ ਕਿ ਹੁਣ ਤੋਂ ਹੀ ਪ੍ਰਭਾਵਸ਼ਾਲੀ ਉਪਰਾਲੇ ਕਰਕੇ ਵਾਤਾਵਰਣ ਦੀ ਸਾਂਭ ਸੰਭਾਲ ਲਈ ਯਤਨ ਕੀਤੇ ਜਾਣ ।

# ਯੋਗ ਦਾ ਆਸਰਾ ਲੈ ਕੇ ਅਸੀਂ ਸਿਹਤਮੰਦ ਜੀਵਨ ਬਤੀਤ ਕਰ ਸਕਦੇ ਹਾਂ : ਸਵਾਮੀ ਵਿਗਿਆਨਾਨੰਦ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਬੀਰ ਸੈਣੀ )** ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਸਥਾਨਕ ਭਗਵਾਨ ਪਰਸ਼ੂਰਾਮ ਮਿਊਂਸਪਲ ਪਾਰਕ ਵਿਖੇ ਆਯੋਜਿਤ ਦੋ ਰੋਜਾ 'ਵਿਲੱਖਣ ਯੋਗ ਕੈਂਪ' ਦੇ ਦੂਜੇ ਦਿਨ ਸੰਸਥਾਨ ਵੱਲੋਂ ਆਸ਼ੂਤੋਸ਼ ਮਹਾਰਾਜ ਦੇ ਸ਼ਿਸ਼ ਯੋਗਾਚਾਰੀਆ ਸਵਾਮੀ ਵਿਗਿਆਨਾਨੰਦ ਨੇ ਦੱਸਿਆ ਕਿ ਵੱਧ ਰਹੇ ਸ਼ਹਿਰੀਕਰਨ, ਪ੍ਰਦੂਸ਼ਣ, ਅਨਿਯਮਿਤ ਖੁਰਾਕ ਅਤੇ ਉਦਯੋਗੀਕਰਨ ਕਾਰਨ ਜਿੱਥੇ ਰੁੱਖਾਂ ਦੀ ਕਟਾਈ ਕਾਰਨ ਕੁਦਰਤੀ ਅਸੰਤੁਲਨ ਦੀ ਸਥਿਤੀ ਪੈਦਾ ਹੋ ਗਈ ਹੈ, ਉੱਥੇ ਹੀ ਪ੍ਰਦੂਸ਼ਿਤ ਹਵਾ 'ਚ ਸਾਹ ਲੈਣਾ ਵੀ ਔਖਾ ਹੋ ਗਿਆ ਹੈ। ਨਤੀਜੇ ਵਜੋਂ ਅੱਜ ਸ਼ੂਗਰ, ਟੀ.ਬੀ., ਕੈਂਸਰ, ਡੇਂਗੂ, ਚਿਕਨਗੁਨੀਆ ਅਤੇ ਕਈ ਤਰ੍ਹਾਂ ਦੇ ਵਾਇਰਲ ਬੁਖਾਰਾਂ 'ਚ ਵਾਧਾ ਹੋ ਰਿਹਾ ਹੈ। ਉਨ੍ਹਾ ਕਿਹਾ ਅਸਲ 'ਚ ਯੋਗ ਦਾ ਆਸਰਾ ਲੈ ਕੇ ਮਨੁੱਖ ਚਾਹੇ ਤਾਂ ਸੌ ਸਾਲ ਤੱਕ ਵੀ ਸਿਹਤਮੰਦ ਜੀਵਨ ਬਤੀਤ ਕਰ ਸਕਦਾ ਹੈ। ਕਬਜ ਬਾਰੇ ਡੂੰਘਾਈ ਨਾਲ ਚਰਚਾ ਕਰਦੇ ਹੋਏ, ਸਵਾਮੀ ਨੇ ਕਿਹਾ ਕਿ ਆਯੁਰਵੇਦ 'ਚ ਕਬਜ ਨੂੰ ਸਾਰੀਆਂ ਬਿਮਾਰੀਆਂ ਦੀ ਮਾਂ ਦੱਸਿਆ ਗਿਆ ਹੈ। ਕਬਜ ਨੂੰ ਦੂਰ ਕਰਨ ਨਾਲ ਸਬੰਧਤ ਯੋਗ ਕਿਰਿਆਵਾਂ 'ਚੋਂ ਸੂਰਯ ਨਮਸਕਾਰ, ਕਪਾਲ ਭਾਤੀ ਯੋਗਿਕ ਪ੍ਰਕਿਰਿਆ, ਸੂਰਜ ਭੇਦੀ ਪ੍ਰਾਣਾਯਾਮ, ਵੀਰਭਦਰਾਸਨ, ਕਟਿ ਚਕ੍ਰਾਸਨ, ਬ੍ਰਹਮਚਾਰਿਆਸਨ, ਬਾਹਰੀ ਯੋਗਿਕ ਕਿਰਿਆ, ਅਰਧ ਚੰਦਰਾਸਨ, ਨੌਕਾਸਨ ਆਦਿ ਯੋਗ ਕਿਰਿਆਵਾਂ ਦੇ ਨਿਰਦੇਸ਼ ਦਿੰਦੇ ਹੋਏ ਉਕਤ ਕਿਰਿਆਵਾਂ ਦਾ ਅਭਿਆਸ ਕਰਵਾਇਆ। ਪ੍ਰੋਗਰਾਮ 'ਚ ਕੌਂਸਲਰ ਅਸ਼ੋਕ ਮਹਿਰਾ, ਗੌਤਮ ਨਗਰ ਵਿਕਾਸ ਸੁਸਾਇਟੀ ਦੇ ਪ੍ਰਧਾਨ ਅਸ਼ੋਕ ਸ਼ਰਮਾ, ਤਿਲਕ ਰਾਜ ਗੁਪਤਾ, ਕੈਪਟਨ ਗੋਵਿੰਦ ਜਸਵਾਲ, ਜਗਜੀਤ ਸਿੰਘ ਗਿੱਲ, ਜਤਿੰਦਰ ਦੱਤ, ਰਾਜ ਕੁਮਾਰ ਅਤੇ ਅਸ਼ੋਕ ਮਲਹੋਤਰਾ ਵੀ ਹਾਜ਼ਰ ਸਨ।

# ਪ੍ਰਵਾਸੀ ਭਾਰਤੀ ਵੱਲੋਂ ਸੈਕੰਡਰੀ ਸਕੂਲ ਲਾਂਬੜਾ ਨੂੰ 50 ਹਜ਼ਾਰ ਦੀ ਰਾਸ਼ੀ ਭੇਟ

**ਅੱਡਾ ਸਰਾਂ (ਜਸਵੀਰ ਸਿੰਘ ਕਾਜਲ)**- ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਲਾਂਬੜਾ ਵਿਖੇ ਨਵ ਨਿਯੁਕਤ ਪ੍ਰਿੰਸੀਪਲ ਸਟੇਟ ਐਵਾਰਡੀ ਡਾ.ਅਰਮਨਪ੍ਰੀਤ ਸਿੰਘ ਵੱਲੋਂ ਸਕੂਲ ਵਿਕਾਸ ਲਈ ਅਰੰਭੇ ਯਤਨਾਂ ਨੂੰ ਇਲਾਕਾ ਨਿਵਾਸੀਆਂ ਵੱਲੋਂ ਭਰਪੂਰ ਸਹਿਯੋਗ ਦਿੱਤਾ ਜਾ ਰਿਹਾ ਹੈ ਜਿਸ ਦੇ ਤਹਿਤ ਪਿੰਡ ਲਾਂਬੜਾ ਦੇ ਪਰਵਾਸੀ ਭਾਰਤੀ ਤੀਰਥ ਸਿੰਘ (ਇੰਗਲੈਂਡ) ਸਪੁੱਤਰ ਸਵ: ਲੰਬੜਦਾਰ ਗੁਰਬਖਸ਼ ਸਿੰਘ ਵੱਲੋਂ ਸਕੂਲ ਸਟਾਫ ਦੀ ਬੇਨਤੀ 'ਤੇ ਸਕੂਲ ਵਿਖੇ ਸਵੇਰ ਦੀ ਸਭਾ ਲਈ ਵਰਤੇ ਜਾਂਦੇ ਕੱਚੇ ਕੈਂਪਸ ਨੂੰ ਇੰਟਰਲਾਕਿੰਗ ਟਾਇਲਾਂ ਨਾਲ ਪੱਕਾ ਕਰਨ ਲਈ ਆਪਣੀ ਨੇਕ ਕਮਾਈ 'ਚੋਂ ਪੰਜਾਹ ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਭੇਟ ਕੀਤੀ ਗਈ। ਇਸੇ ਪਰਵਾਰ ਵਿੱਚੋਂ ਸਵ: ਲੰਬੜਦਾਰ ਗੁਰਬਖਸ਼ ਸਿੰਘ ਵੱਲੋਂ ਬਾਰ੍ਹਵੀਂ ਜਮਾਤ ਲਈ ਦੋ ਮੰਜ਼ਲੀ ਸ਼ਾਨਦਾਰ ਇਮਾਰਤ ਦਾ ਨਿਰਮਾਣ ਵੀ ਕਰਵਾਇਆ ਗਿਆ ਸੀ। ਪ੍ਰਿੰਸੀਪਲ ਡਾ.ਅਰਮਨਪ੍ਰੀਤ ਸਿੰਘ ਨੇ ਸਮੂਹ ਸਟਾਫ ਵੱਲੋਂ ਐਨ.ਆਰ.ਆਈ ਤੀਰਥ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸਕੂਲ ਦੇ ਵਿਕਾਸ ਕਾਰਜਾਂ ਨੂੰ ਤਰਜੀਹ ਦਿੰਦੇ ਹੋਏ ਵਿਦਿਆਰਥੀਆਂ ਲਈ ਮਿਆਰੀ ਸਿੱਖਿਆ ਨੂੰ ਪ੍ਰਫੁੱਲਿਤ ਕਰਨਗੇ। ਇਸ ਮੌਕੇ ਲਾਂਬੜਾ ਕਾਂਗੜੀ ਸਹਿਕਾਰੀ ਸੁਸਾਇਟੀ ਦੇ ਸੈਕਟਰੀ ਚੰਦਰਦੇਵ ਸਿੰਘ, ਮੈਨੇਜਰ ਜਸਵਿੰਦਰ ਸਿੰਘ, ਸਰਪੰਚ ਹਰਭਜਨ ਸਿੰਘ, ਰਿਟਾ. ਲੈਕਚਰਾਰ ਚਰਨਜੀਤ ਸਿੰਘ ਟਾਂਡਾ, ਪ੍ਰਧਾਨ ਮਨਜੀਤ ਸਿੰਘ, ਮੀਤ ਪ੍ਰਧਾਨ ਜੋਗਾ ਸਿੰਘ, ਲਖਵਿੰਦਰ ਸਿੰਘ, ਸ਼ਿੰਗਾਰਾ ਸਿੰਘ, ਇੰਦਰਪਾਲ ਸਿੰਘ ਸੋਨੀ ਅਤੇ ਐੱਸ.ਐਮ.ਸੀ ਦੇ ਚੇਅਰਮੈਨ ਹਰਕਮਲ ਸਿੰਘ ਵੱਲੋਂ ਪ੍ਰਿੰਸੀਪਲ ਡਾ. ਅਰਮਨਪ੍ਰੀਤ ਸਿੰਘ ਦਾ ਸਕੂਲ ਵਿਖੇ ਨਿੱਘਾ ਸਵਾਗਤ ਕਰਦਿਆਂ ਤੀਰਥ ਸਿੰਘ ਦੇ

ਇਸ ਭਲੇ ਕਾਰਜ ਦੀ ਪ੍ਰਸ਼ੰਸਾ ਕੀਤੀ ਗਈ। ਇਸ ਮੌਕੇ ਸਕੂਲ ਸਟਾਫ ਵੱਲੋਂ ਪ੍ਰਵਾਸੀ ਭਾਰਤੀ ਤੀਰਥ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ ।

# ਈਦ ਦਾ ਤਿਉਹਾਰ ਮਨਾਇਆ

**ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)**- ਮੁਸਲਮਾਨ ਭਾਈਚਾਰੇ ਵੱਲੋਂ ਈਦ ਦੇ ਪ੍ਰਮੁੱਖ ਤਿਉਹਾਰ ਇਲਾਕੇ ਭਰ ਦੇ 'ਚ ਭਾਈਚਾਰੇ ਵੱਲੋਂ ਬੜੀ ਰੀਝ ਨਾਲ ਮਨਾਇਆ ਗਿਆ। ਜਿਸ ਦੇ ਤਹਿਤ ਪਿੰਡ ਬੜਵਾ ਵਿਖੇ ਬਲਵੀਰ ਖਾਨ ਦੀ ਅਗਵਾਈ 'ਚ ਮੁਸਲਮਾਨ ਭਾਈਚਾਰੇ ਵੱਲੋਂ ਮਨਾਏ ਗਏ ਈਦ ਦੇ ਤਿਉਹਾਰ ਮੌਕੇ ਇਲਾਕੇ ਦੇ ਹਿੰਦੂ ਸੰਗਠਨਾਂ ਦੇ ਆਗੂ ਤੇ ਸਮਾਜ ਸੇਵੀਆਂ ਨੇ ਵੀ ਸ਼ਿਰਕਤ ਕੀਤੀ। ਇੱਥੇ ਗੱਲਬਾਤ ਕਰਦਿਆਂ ਸਮਾਜ ਸੇਵੀ ਗੌਰਵ ਰਾਣਾ ਨੇ ਕਿਹਾ ਕਿ ਬਲਵੀਰ ਖਾਨ ਤੇ ਇਨ੍ਹਾਂ ਦੇ ਪਰਵਾਰ ਵੱਲੋਂ ਬੀਤੇ ਕਈ ਦਹਾਕਿਆਂ ਤੋਂ ਸਾਡੇ ਇਲਾਕੇ 'ਚ ਭਾਈਚਾਰਕ ਸਾਂਝ ਕਾਇਮ ਕਰਨ ਲਈ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ। ਇਸ ਮੌਕੇ ਵਿਸ਼ੇਸ਼ ਰੂਪ 'ਚ ਪਹੁੰਚੇ ਡਾਕਟਰ ਦਵਿੰਦਰ ਬਜਾੜ ਨੇ ਕਿਹਾ ਕਿ ਸਾਰੇ ਜੀਵ ਉਸ ਅਕਾਲ ਪੁਰਖ ਦੇ ਬੱਚੇ ਹਨ। ਇਸ ਕਰਕੇ ਸਾਨੂੰ ਪ੍ਰੇਮ ਭਾਵਨਾ ਤੇ ਨਫਰਤ ਰਹਿਤ ਸਮਾਜ ਸਿਰਜਣ ਦੇ ਲਈ ਇਸ ਪ੍ਰਕਾਰ ਦੇ ਨਾਲ ਇਕ-ਜੁਟ ਰਹਿਣਾ ਚਾਹੀਦਾ ਹੈ। ਇੱਥੇ ਮੌਜੂਦ ਭਾਈਚਾਰੇ ਦੇ ਆਗੂਆਂ ਨੂੰ ਆਈਆਂ ਸਖਸ਼ੀਅਤਾਂ ਨੂੰ ਗਲੇ ਮਿਲ ਕੇ ਈਦ ਦੀ ਮੁਬਾਰਕਬਾਦ ਪੇਸ ਕੀਤੀ। ਇਸ ਮੌਕੇ ਉਥੇ ਸਮਾਜ ਸੇਵੀ ਗੌਰਵ ਰਾਣਾ, ਡਾਕਟਰ ਦਵਿੰਦਰ ਬਜਾੜ, ਮੋਟੀ ਕੇਸਵ, ਮੱਖਣ ਸਿੰਘ, ਵਿਸ਼ਾਲ ਕੁਮਾਰ, ਕਾਲੂ ਗੌਰੂ, ਨਿਸਾਰ ਅਲੀ ਮਸਜਿਦ ਦੇ ਇਮਾਮ ਮੁਹੰਮਦ ਨਇਮ, ਸੂਫੀ ਰਫੀ, ਇਕਬਾਲ ਖਾਨ, ਰਜੀਆ ਬੇਗਮ,ਰਾਜ ਰਾਣੀ, ਸੱਤਿਆ ਦੇਵੀ, ਸਮੇਤ ਕਈ ਆਗੂ ਮੌਜੂਦ ਸਨ।

24-April-PAGE-9.qxd 4/23/2023 9:24 PM Page 1



## ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਨੇ ਸੂਬਾਈ ਮੀਟਿੰਗ 'ਚ ਕੀਤਾ ਸੰਘਰਸ਼ ਦਾ ਐਲਾਨ

**ਜਲੰਧਰ (ਰਾਜੇਸ਼ ਥਾਪਾ)**-ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਦੀ ਸੂਬਾਈ ਮੀਟਿੰਗ ਸੂਬਾ ਪ੍ਰਧਾਨ ਬਿਮਲਾ ਦੇਵੀ ਫਾਜ਼ਿਲਕਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦਿਆਂ ਜਥੇਬੰਦੀ ਦੀ ਜਨਰਲ ਸਕੱਤਰ ਕਮਲਜੀਤ ਕੌਰ ਹੁਸ਼ਿਆਰਪੁਰ ਨੇ ਦੱਸਿਆ ਕਿ ਮੀਟਿੰਗ 'ਚ ਪਿਛਲੇ ਕੀਤੇ ਗਏ ਸੰਘਰਸ਼ਾਂ ਦਾ ਰੀਵਿਊ ਕੀਤਾ ਗਿਆ। ਪੰਜਾਬ ਸਰਕਾਰ ਦੀ ਵਾਅਦਾ ਖਿਲਾਫੀ ਵਿਰੁੱਧ ਮੁੜ ਤੋਂ ਸੰਘਰਸ਼ ਸ਼ੁਰੂ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਮਿੱਡ- ਡੇ-ਮੀਲ ਵਰਕਰਜ਼ ਯੂਨੀਅਨ ਵੱਲੋਂ ਪਿਛਲੇ ਕਾਫੀ ਸਮੇਂ ਤੋਂ ਆਪਣੀਆਂ ਲਟਕਦੀਆਂ ਜਾਇਜ਼ ਅਤੇ ਹੱਕੀ ਮੰਗਾਂ ਨੂੰ ਹੱਲ ਕਰਵਾਉਣ ਲਈ 21 ਮਈ ਨੂੰ ਪੰਜਾਬ ਦੇ ਸਿੱਖਿਆ ਮੰਤਰੀ ਦੇ ਹਲਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਤੋਂ ਪਹਿਲਾਂ 25 ਅਪ੍ਰੈਲ ਤੋਂ ਲੈ ਕੇ 10 ਮਈ ਤੱਕ ਮੰਗ ਪੰਦਰਵਾੜੇ ਦੌਰਾਨ ਤਹਿਸੀਲ ਅਤੇ ਜ਼ਿਲ੍ਹਾ ਪੱਧਰੀ ਭਰਵੇਂ ਇਕੱਠ ਕਰਕੇ ਜਿੱਥੇ 21 ਮਈ ਦੀ ਸੂਬਾ ਪੱਧਰੀ ਰੈਲੀ ਦੀਆਂ ਤਿਆਰੀਆਂ ਕੀਤੀਆਂ ਜਾਣਗੀਆਂ ਉੱਥੇ ਨਾਲ -ਨਾਲ ਲੋਕਲ ਪੱਧਰ ਦੀਆਂ ਮੰਗਾਂ ਨੂੰ ਵੀ ਉਭਾਰਿਆ ਜਾਵੇਗਾ। ਮੀਟਿੰਗ ਵਿੱਚ ਜ਼ਿਲ੍ਹਾ ਕਮੇਟੀਆਂ ਦੀਆਂ ਮੀਟਿੰਗਾਂ ਕਰਵਾਉਣ ਲਈ ਬਿਮਲਾ ਦੇਵੀ ਸੂਬਾ ਪ੍ਰਧਾਨ ਦੀ ਫਰੀਦਕੋਟ, ਫਾਜ਼ਿਲਕਾ, ਫਿਰੋਜ਼ਪੁਰ, ਮੁਕਤਸਰ, ਮੋਗਾ, ਕਮਲੇਸ਼ ਕੌਰ ਦੀ ਰੋਪੜ, ਮੋਹਾਲੀ, ਨਵਾਂਸ਼ਹਿਰ, ਕਮਲਜੀਤ ਕੌਰ ਜਨਰਲ ਸਕੱਤਰ ਦੀ ਹੁਸ਼ਿਆਰਪੁਰ, ਕਪੂਰਥਲਾ, ਪਠਾਨਕੋਟ, ਪ੍ਰਵੀਨ ਫਤਿਹਗੜ੍ਹ ਦੀ ਸ੍ਰੀ ਫਤਹਿਗੜ੍ਹ ਸਾਹਿਬ, ਬਰਨਾਲਾ, ਲੁਧਿਆਣਾ, ਮਾਨਸਾ, ਗੁਰਪ੍ਰੀਤ ਕੌਰ ਦੀ ਪਟਿਆਲਾ, ਸੰਗਰੂਰ ਅਤੇ ਪ.ਸ.ਸ.ਫ.ਦੇ ਜਨਰਲ ਸਕੱਤਰ ਅਤੇ ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਦੇ ਮੁੱਖ ਸਲਾਹਕਾਰ ਤੀਰਥ ਸਿੰਘ ਬਾਸੀ ਦੀ ਜਲੰਧਰ, ਅੰਮ੍ਰਿਤਸਰ, ਗੁਰਦਾਸਪੁਰ, ਤਰਨਤਾਰਨ ਆਦਿ ਜ਼ਿਲ੍ਹਿਆਂ ਵਿੱਚ ਆਗੂਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਤਾਂ ਜੋ 25 ਅਪ੍ਰੈਲ ਤੋਂ 10 ਮਈ ਤੱਕ ਮੰਗ ਪੰਦਰਵਾੜੇ ਦੌਰਾਨ ਤਹਿਸੀਲ/ਜ਼ਿਲ੍ਹਾ ਪੱਧਰੀ ਭਰਵੇਂ ਇਕੱਠ ਕਰਕੇ 21 ਮਈ ਦੀ ਸ੍ਰੀ ਅਨੰਦਪੁਰ ਸਾਹਿਬ ਦੀ ਸੂਬਾਈ ਰੈਲੀ ਦੀਆਂ ਤਿਆਰੀਆਂ ਨੂੰ ਵੱਡੇ ਪੱਧਰ 'ਤੇ ਮੁਕੰਮਲ ਕੀਤਾ ਜਾ ਸਕੇ। ਮੀਟਿੰਗ ਵਿੱਚ ਸੀਨੀਅਰ ਮੀਤ ਪ੍ਰਧਾਨ ਕਮਲੇਸ਼ ਰੋਪੜ, ਮੀਤ ਪ੍ਰਧਾਨ ਗੁਰਦਿਆਲ ਕੌਰ ਫਰੀਦਕੋਟ, ਸਿਮਰਨ ਪਾਸਲਾ, ਜਨਰਲ ਸਕੱਤਰ ਕਮਲਜੀਤ ਕੌਰ ਹੁਸ਼ਿਆਰਪੁਰ, ਜੁਆਇੰਟ ਸਕੱਤਰ ਮਮਤਾ ਕਪੂਰਥਲਾ, ਕੈਸ਼ੀਅਰ ਪ੍ਰਵੀਨ ਸ੍ਰੀ ਫਤਹਿਗੜ੍ਹ ਸਾਹਿਬ, ਪ੍ਰੈਸ ਸਕੱਤਰ ਰਿੰਪੀ ਰਾਣੀ ਨਵਾਂਸ਼ਹਿਰ, ਸਹਾਇਕ ਸਕੱਤਰ ਜਸਵੀਰ ਕੌਰ ਤਾਰਨ ਤਾਰਨ, ਕਰਮਜੀਤ ਕੌਰ ਬਰਨਾਲਾ, ਜਸਵੀਰ ਕੌਰ ਮਾਨਸਾ ਤੋਂ ਇਲਾਵਾ ਮਿੱਡ-ਡੇ-ਮੀਲ ਵਰਕਰਜ਼ ਯੂਨੀਅਨ ਦੇ ਸੂਬਾ ਸਲਾਹਕਾਰ ਅਤੇ ਪ.ਸ.ਸ.ਫ.ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਵੀ ਵਿਚਾਰ ਪੇਸ਼ ਕੀਤੇ।

## ਮਸਕਟ 'ਚ ਵੇਚੀ ਲੜਕੀ ਸੀਚੇਵਾਲ ਦੇ ਯਤਨਾਂ ਸਦਕਾ ਪਹੁੰਚੀ ਵਾਪਸ

**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)** ਮਸਕਟ ਓਮਾਨ 'ਚ ਪਿਛਲੇ 1 ਮਹੀਨੇ ਤੋਂ ਫਸੀ ਰੂਪੀ ਨਾਂਅ ਦੀ ਲੜਕੀ ਕੱਲ੍ਹ ਦੇਰ ਸ਼ਾਮ ਦਿੱਲੀ ਦੇ ਕੌਮਾਂਤਰੀ ਏਅਰਪੋਰਟ ਪਹੁੰਚੀ। ਜ਼ਿਲ੍ਹਾ ਕਪੂਰਥਲਾ ਦੇ ਰਹਿਣ ਵਾਲੇ ਰੂਪੀ ਦੇ ਪਿਤਾ ਸਾਧੂ ਰਾਮ ਨੇ ਦੱਸਿਆ ਕਿ ਉਸਦੀ ਲੜਕੀ ਮਾਰਚ ਮਹੀਨੇ ਉੱਥੇ ਘਰੇਲੂ ਕੰਮ ਕਰਨ ਲਈ ਗਈ ਸੀ, ਪਰੰਤੂ ਏਜੰਟ ਵੱਲੋਂ ਉੱਥੇ ਪਹੁੰਚਦਿਆ ਹੀ ਉਸਨੂੰ ਅੱਗੇ ਵੇਚ ਦਿੱਤਾ ਗਿਆ ਸੀ। ਜਿਸਦੀ ਜਾਣਕਾਰੀ ਉਹਨਾਂ ਨੂੰ ਖੁਦ ਰੂਪੀ ਵੱਲੋਂ ਦਿੱਤੀ ਗਈ ਸੀ। ਸਾਧੂ ਸਿੰਘ ਨੇ ਦੱਸਿਆ ਕਿ ਇਸ ਸੰਬੰਧੀ ਉਹਨਾਂ ਰੂਪੀ ਨੂੰ ਵਾਪਸ ਲਿਆਉਣ ਲਈ ਵਾਤਾਵਰਣ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਤੱਕ ਪਹੁੰਚ ਕੀਤੀ ਗਈ ਸੀ। ਜਿਹਨਾਂ ਦੇ ਯਤਨਾਂ ਸਦਕਾ ਉਹਨਾਂ ਦੀ ਲੜਕੀ ਇੱਕ ਹਫਤੇ ਦੇ ਅੰਦਰ ਅੰਦਰ ਆਪਣੇ ਘਰ ਪਹੁੰਚ ਸਕੀ। ਉਸਨੇ ਦੱਸਿਆ ਕਿ ਰੂਪੀ ਦੇ ਘਰ ਪਹੁੰਚਦਿਆਂ ਸਭ ਤੋਂ ਪਹਿਲਾਂ ਉਹ ਉਸ ਨੂੰ ਲੈ ਕੇ ਸੰਤ ਸੀਚੇਵਾਲ ਦਾ ਆਸ਼ੀਰਵਾਦ ਲੈਣ ਲਈ ਨਿਰਮਲ ਕੁਟੀਆ ਪਹੁੰਚੇ। ਇਸ ਮੌਕੇ ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਵਿਖੇ ਪਹੁੰਚੀ ਰੂਪੀ ਨੇ ਦੱਸਿਆ ਘਰ ਦੀਆਂ ਆਰਥਿਕ ਤੰਗੀਆਂ ਕਾਰਨ ਉਹ ਆਪਣੀ ਚਚੇਰੀ ਭੈਣ ਦੇ ਬੁਲਾਉਣ 'ਤੇ 1 ਮਹੀਨੇ ਪਹਿਲਾਂ ਮਸਕਟ ਗਈ ਸੀ। ਪਰ ਉਸ ਦੀ ਭੈਣ ਵੱਲੋਂ ਉਸਨੂੰ ਘਰੇਲੂ ਕੰਮ ਕਰਨ ਦਾ ਝਾਂਸਾ ਦੇ ਕੇ ਉੱਥੇ ਫਸਾ ਦਿੱਤਾ ਗਿਆ ਸੀ। ਜਿੱਥੇ ਉੱਥੋਂ ਦੇ ਏਜੰਟ ਵੱਲੋਂ ਉਸਦਾ ਪਾਸਪੋਰਟ ਲੈ ਕੇ ਉਸਨੂੰ ਅੱਗੇ ਵੇਚ ਦਿੱਤਾ। ਉਸ ਨੇ ਦੱਸਿਆ ਕਿ ਉਸਨੂੰ ਕਈ ਕਈ ਦਿਨ ਉੱਥੇ ਕਮਰੇ ਵਿੱਚ ਬੰਦ ਰੱਖਿਆ ਜਾਂਦਾ ਸੀ ਤੇ ਉਸਨੂੰ ਖਾਣ ਪੀਣ ਲਈ ਵੀ ਨਹੀਂ ਦਿੱਤਾ ਜਾ ਰਿਹਾ ਸੀ। ਜਿਸ ਕਾਰਨ ਉਹ ਬੀਮਾਰ ਹੋ ਗਈ ਸੀ ਤੇ ਉਸਨੂੰ ਹਸਪਤਾਲ ਵੀ ਦਾਖਲ ਕਰਾਉਣ ਪਿਆ ਸੀ। ਉਸਨੇ ਦੱਸਿਆ ਕਿ ਉਸ ਵੱਲੋਂ ਉੱਥੋਂ ਬੀਮਾਰ ਹੋਣ ਕਾਰਨ ਆਪਣੀ ਬੇਵੱਸੀ ਜ਼ਾਹਿਰ ਕਰਦਿਆ ਵਾਪਸ ਪੰਜਾਬ ਜਾਣ ਦੀ ਇੱਛਾ ਵੀ ਜਿਤਾਈ ਗਈ, ਪਰ ਉੱਥੋਂ ਉਸ ਵੱਲੋਂ ਧੱਕੇ ਨਾਲ ਕੰਮ ਕਰਾਇਆ ਜਾ ਰਿਹਾ ਸੀ। ਉਸਦੇ ਪਿਤਾ ਸਾਧੂ ਰਾਮ ਨੇ ਦੱਸਿਆ ਕਿ ਉਹ ਤੇ ਉਸਦੀ ਪਤਨੀ ਅਪਾਹਜ਼ ਹਨ ਤੇ ਉਹਨਾਂ ਦੇ ਘਰ ਦੇ ਹਲਾਤ ਵੀ ਬਹੁਤ ਨਾਜ਼ੁਕ ਹਨ। ਉਹਨਾਂ ਦੱਸਿਆ ਕਿ ਰੂਪੀ ਨਾਲ ਉਸਦੀ ਚਾਚੇ ਦੀ ਲੜਕੀ ਨੇ ਸੰਪਰਕ ਕੀਤਾ ਸੀ ਜਿਹੜੀ ਕਿ ਲੰਬੇ ਸਮੇਂ ਤੋਂ ਉੱਥੇ ਹੈ। ਉਸ ਵੱਲੋਂ ਉਸਨੂੰ ਮਸਕਟ ਓਮਾਨ ਵਿੱਚ ਕੰਮ ਕਰਨ ਲਈ ਬੁਲਾਇਆ ਗਿਆ ਸੀ। ਉਹਨਾਂ ਦੱਸਿਆ ਕਿ ਅਸੀ ਉਸਤੇ ਭਰੋਸਾ ਕਰਦਿਆ ਆਪਣੀ ਲੜਕੀ ਨੂੰ ਉੱਥੇ ਭੇਜ ਦਿੱਤਾ ਪਰ ਉਸਦੀ ਚਚੇਰੀ ਭੈਣ ਵੱਲੋਂ ਉਹਨਾਂ ਨਾਲ ਧੋਖਾ ਕੀਤਾ ਗਿਆ। ਜਾਣਕਾਰੀ ਦਿੰਦਿਆਂ ਸੰਤ ਸੀਚੇਵਾਲ ਨੇ ਕਿਹਾ ਕਿ ਬੜੇ ਦੁੱਖ ਦੀ ਗੱਲ ਹੈ ਕਿ ਕੁੱਝ ਕੇ ਪੈਸਿਆਂ ਦੀ ਲਾਲਚ ਵਿੱਚ ਲੋਕ ਆਪਣੀ ਜ਼ਮੀਰ ਵੇਚ ਕੇ ਇਨਸਾਨੀਅਤ ਤੱਕ ਨੂੰ ਭੁੱਲਾ ਦਿੰਦੇ ਹਨ। ਉਹਨਾਂ ਕਿਹਾ ਕਿ ਜਦੋਂ ਉਹਨਾਂ ਨੂੰ ਪਤਾ ਲਗਾ ਕੇ ਇੱਕ ਅਪਾਹਜ਼ ਪਰਵਾਰ ਦੀ ਲੜਕੀ ਨਾਲ ਅਜਿਹਾ ਧੋਖਾ ਹੋਇਆ ਹੈ ਤਾਂ ਉਹਨਾਂ ਇਸ ਮਾਮਲੇ ਸੰਬੰਧੀ ਪਹਿਲ ਦੇ ਅਧਾਰ 'ਤੇ ਵਿਦੇਸ਼ ਮੰਤਰਾਲੇ ਨੂੰ ਚਿੱਠੀ ਲਿਖ ਕੇ ਰੂਪੀ ਨੂੰ ਜਲਦ ਤੋਂ ਜਲਦ ਭਾਰਤ ਲਿਆਉਣ ਦੀ ਅਪੀਲ ਕੀਤੀ। ਜਿਸਤੋਂ ਬਾਅਦ ਵਿਦੇਸ਼ ਮੰਤਰਾਲੇ ਨੇ ਤਰੁੰਤ ਕਾਰਵਾਈ ਕੀਤੀ ਤੇ ਰੂਪੀ 1 ਹਫਤੇ ਵਿੱਚ ਵਾਪਿਸ ਆ ਸਕੀ।

## ਜੌੜਾਮਾਜਰਾ ਨੇ ਸੁਸ਼ੀਲ ਰਿੰਕੂ ਦੇ ਹੱਕ 'ਚ ਕੀਤਾ ਚੋਣ ਪ੍ਰਚਾਰ

**ਫਿਲੌਰ (ਨਿਰਮਲ)**- ਜ਼ਿਮਨੀ ਚੋਣ ਲੋਕ ਸਭਾ ਹਲਕਾ ਜਲੰਧਰ ਚੋਣ ਸੰਬੰਧੀ ਆਮ ਆਦਮੀ ਪਾਰਟੀ ਦੀ ਭਰਵੀਂ ਮੀਟਿੰਗ ਫਿਲੌਰ ਸ਼ਹਿਰ ਦੇ ਵਾਰਡ ਨੰਬਰ 2 ਨੂਰਮਹਿਲ ਰੋਡ ਵਿਖੇ ਹੋਈ। ਜਿਸ ਦੀ ਪ੍ਰਧਾਨਗੀ ਆਮ ਆਦਮੀ ਪਾਰਟੀ ਦੇ ਜੁਆਇੰਟ ਸਕੱਤਰ ਪੰਜਾਬ ਅਤੇ ਹਲਕਾ ਇੰਚਾਰਜ ਫਿਲੌਰ ਪ੍ਰਿੰਸੀਪਲ ਪ੍ਰੇਮ ਕੁਮਾਰ ਵੱਲੋਂ ਕੀਤੀ ਗਈ। ਇਸ ਮੀਟਿੰਗ ਵਿੱਚ ਨਗਰ ਕੌਂਸਲ ਫਿਲੌਰ ਦੇ ਕੌਂਸਲਰ ਅਤੇ ਸ਼ਹਿਰ ਨਿਵਾਸੀਆ ਨੇ ਭਾਗ ਲਿਆ। ਇਸ ਮੌਕੇ ਮੁੱਖ ਮਹਿਮਾਨ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਚੇਤਨ ਸਿੰਘ ਜੋੜਾਮਾਜਰਾ ਅਤੇ ਵਿਧਾਇਕ ਮਾ. ਜਗਰੂਪ ਸਿੰਘ ਵਿਸ਼ੇਸ਼ ਤੌਰ 'ਤੇ ਪੁੱਜੇ ਅਤੇ ਲੋਕਾਂ ਦੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆ ਕਿਹਾ ਕਿ ਜ਼ਿਮਨੀ ਚੋਣ ਲੋਕ ਸਭਾ ਜਲੰਧਰ ਆਮ ਆਦਮੀ ਪਾਰਟੀ ਦੇ ਉਮੀਦਵਾਰ ਸ਼ੁਸ਼ੀਲ ਕੁਮਾਰ ਰਿੰਕੂ ਭਾਰੀ ਬਹੁਮਤ ਨਾਲ ਜਿਤਾਓ, ਕਿਉਂਕਿ ਲੋਕਾਂ ਦਾ ਵੱਖ-ਵੱਖ ਪਾਰਟੀਆਂ ਤੋਂ ਮੋਹ ਭੰਗ ਹੋ ਚੁੱਕਾ ਹੈ। ਆਪ ਪਾਰਟੀ ਹਰ ਵਰਗ ਦੇ ਲੋਕਾਂ ਨੂੰ ਬਿਨ੍ਹਾ ਕਿਸੇ ਭੇਦਭਾਵ ਸਹੂਲਤਾਂ ਪ੍ਰਦਾਨ ਕਰ ਰਹੀ ਹੈ। ਵਰਕਰਾਂ ਨੂੰ ਆਮ ਆਦਮੀ ਪਾਰਟੀ 'ਚ ਸ਼ਾਮਲ ਕੀਤਾ ਅਤੇ ਉਨ੍ਹਾ ਦਾ ਪਾਰਟੀ 'ਚ ਨਿੱਘਾ ਸਵਾਗਤ ਕੀਤਾ। ਇਸ ਮੌਕੇ ਕੌਂਸਲਰ ਸੁਰਿੰਦਰ ਕੈਂਥ, ਵੈਭਵ ਸ਼ਰਮਾ, ਸ਼ੰਕਰ ਸੰਧੂ, ਪਰਮਜੀਤ ਭਾਰਤੀ, ਸੁਰਿੰਦਰ ਡਾਬਰ, ਲਖਵਿੰਦਰ ਲੱਖੂ, ਵਰਿੰਦਰ ਸੈਣੀ, ਪਰਮਿੰਦਰ ਸਿੰਘ ਮਾਹਲ, ਡਾ.ਬਲਜੀਤ ਛੌਕਰ, ਸੁੱਖਾ ਸਗਨੇਵਾਲ, ਸੰਤੋਖ ਸਿੰਘ ਗਿੱਲ, ਪਰਮਿੰਦਰ ਸੈਣੀ ਤੋਂ ਭਾਰੀ ਗਿਣਤੀ ਦੇ ਲੋਕ ਹਾਜ਼ਰ ਸਨ।

ਕੌਂਸਲਰ ਯਸ਼ਪਾਲ ਗਿੰਡਾ ਨੇ ਕੈਬਨਿਟ ਮੰਤਰੀ ਚੇਤਨ ਸਿੰਘ ਜੋੜਾਮਾਜਰਾ ਅਤੇ ਹਲਕਾ ਇੰਚਾਰਜ ਫਿਲੌਰ ਪ੍ਰਿੰਸੀਪਲ ਪ੍ਰੇਮ ਕੁਮਾਰ 'ਤੇ ਸ਼ਹਿਰ ਨਿਵਾਸੀਆਂ ਦਾ ਧੰਨਵਾਦ ਕਰਦਿਆ ਕਿਹਾ ਕਿ ਸਾਨੂੰ ਪੂਰੀ ਉਮੀਦ ਹੈ ਕਿ ਤੁਸੀ ਇਸ ਵਾਰ ਆਮ ਆਦਮੀ ਪਾਰਟੀ ਦੇ ਉਮੀਦਵਾਰ ਸ਼ੁਸ਼ੀਲ ਕੁਮਾਰ ਰਿੰਕੂ ਨੂੰ ਭਾਰੀ ਗਿਣਤੀ ਵਿੱਚ ਵੋਟਾ ਪਾ ਕੇ ਜਿਤਾਉਗੇ ਜੋ ਤੁਹਾਡੇ ਹਿੱਤਾ ਲਈ ਲੋਕ ਸਭਾ ਵਿੱਚ ਲੜਨਗੇ। ਆਖਿਰ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਮੁੱਖ ਮਹਿਮਾਨਾਂ ਪਾਰਟੀ ਵਰਕਰਾਂ ਅਤੇ ਸ਼ਹਿਰ ਨਿਵਾਸੀਆਂ ਦਾ ਧੰਨਵਾਦ ਕੀਤਾ।

## ਸਿੱਖਿਆ ਵਿਭਾਗ ਬਦਲੀਆਂ ਲਈ ਮਿਸ-ਮੈਚ ਹੋ ਰਹੇ ਡਾਟੇ ਨੂੰ ਦਰੁਸਤ ਕਰਨ ਦਾ ਮੌਕਾ ਦੇਵੇ : ਟੂਰਾ

**ਫਗਵਾੜਾ ( ਜਸਵਿੰਦਰ ਢੱਡਾ )**- ਐਸ.ਸੀ/ਬੀ.ਸੀ ਮੁਲਾਜ਼ਮ ਵਰਗ ਦੀ ਅਵਾਜ਼ ਬੁਲੰਦ ਕਰਨ ਵਾਲੀ ਜਥੇਬੰਦੀ ਗਜ਼ਟਿਡ ਅਤੇ ਨਾਨ ਗਜ਼ਟਿਡ ਐਸ.ਸੀ/ਬੀ.ਸੀ ਇੰਪਲਾਈਜ਼ ਵੈੱਲਫ਼ੇਅਰ ਫ਼ੈਡਰੇਸ਼ਨ ਇਕਾਈ ਕਪੂਰਥਲਾ ਦੇ ਜ਼ਿਲ੍ਹਾ ਪ੍ਰਧਾਨ ਅਤੇ ਐਡੀਸ਼ਨਲ ਸਟੇਟ ਪ੍ਰਧਾਨ ਸਤਵੰਤ ਸਿੰਘ ਟੂਰਾ, ਮਨਜੀਤ ਗਾਟ , ਲਖਵੀਰ ਚੰਦ ਪ੍ਰੈੱਸ ਸਕੱਤਰ, ਬਲਵਿੰਦਰ ਨਿਧੜਕ ਦੀ ਅਗਵਾਈ 'ਚ ਇੱਕ ਵਫਦ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿੱ.) ਦਲਜੀਤ ਕੌਰ ਅਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਬਿਕਰਮਜੀਤ ਸਿੰਘ ਥਿੰਦ ਸਟੇਟ ਐਵਾਰਡੀ ਨੂੰ ਮਿਲਿਆ, ਜਿਸ ਵਿੱਚ ਮੁਲਾਜ਼ਮ ਵਰਗ ਦੇ ਵੱਖ ਵੱਖ ਮਸਲਿਆਂ ਉਪਰ ਸਾਰਥਕ ਮਾਹੌਲ 'ਚ ਵਿਚਾਰ ਵਟਾਂਦਰਾ ਹੋਇਆ। ਮੁੱਖ ਮਸਲਿਆਂ ਵਿੱਚੋਂ ਮੁਲਾਜਮਾਂ ਦਾ ਜੀ.ਪੀ.ਐੱਫ ਦਾ ਰਿਕਾਰਡ ਜੋ ਕਿ 2001-02 ਤੋਂ ਆਈ.ਐੱਚ.ਆਰ.ਐੱਮ.ਐੱਸ ਪੋਰਟਲ ਉਪਰ ਦਰਜ ਕੀਤਾ ਜਾਣਾ ਹੈ, ਸੰਬੰਧੀ ਫੈਡਰੇਸ਼ਨ ਵੱਲੋਂ ਜ਼ੋਰ ਦੇ ਕੇ ਕਿਹਾ ਗਿਆ ਕਿ ਇਹ ਕੰਮ ਦਫਤਰੀ ਹੈ, ਇਸ ਨੂੰ ਸਮੇਂ ਦਾ ਪਾਬੰਦ ਕਰਕੇ ਪੂਰਾ ਕਰਵਾਇਆ ਜਾਵੇ ਤੇ ਕਿਸੇ ਵੀ ਅਧਿਆਪਕ ਸਿਰ ਇਹ ਕੰਮ ਨਾ ਮੜ੍ਹੇ ਜਾਣ । ਟੂਰਾ ਨੇ ਕਿਹਾ ਕਿ ਹਰ ਸਾਲ ਇਨ੍ਹਾਂ ਦਿਨਾਂ 'ਚ ਵਜ਼ੀਫਾ ਅਪਲਾਈ ਕਰਨਾ ਹੁੰਦਾ ਹੈ ਅਤੇ ਬਹੁਤ ਸਾਰੇ ਬੱਚੇ ਇਸ ਕਰਕੇ ਰਹਿ ਜਾਂਦੇ ਹਨ ਕਿ ਉਨ੍ਹਾਂ ਕੋਲ ਐੱਸ.ਸੀ/ ਬੀ ਸੀ, ਰਿਹਾਇਸ਼ ਅਤੇ ਆਮਦਨ ਸਰਟੀਫਿਕੇਟ ਨਹੀਂ ਹੁੰਦੇ, ਉਨ੍ਹਾਂ ਦੇ ਕੈਂਪ ਲਗਾ ਕੇ ਸਰਟੀਫਿਕੇਟ ਬਣਵਾਏ ਜਾਣ ਤਾਂ ਜੋ ਬੱਚਿਆਂ ਅਤੇ ਮਾਪਿਆਂ ਦੀ ਖੱਜਲ ਖੁਆਰੀ ਵੀ ਰੁਕ ਸਕੇ ਅਤੇ ਵਿਭਾਗ ਦਾ ਇਹ ਮਸਲਾ ਵੀ ਹੱਲ ਹੋ ਸਕੇ। ਆਖਰ 'ਚ ਵਫਦ ਵੱਲੋਂ ਇੱਕ ਮੰਗ ਪੱਤਰ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਨਾਂਅ 'ਤੇ ਦਿੱਤਾ ਗਿਆ ਅਤੇ ਮੰਗ ਕੀਤੀ ਗਈ ਕਿ ਜਨਰਲ ਟਰਾਂਸਫਰ ਪਾਲਿਸੀ 2023-24 ਅਧੀਨ ਜਿਨ੍ਹਾਂ ਅਧਿਆਪਕਾਂ ਦਾ ਡਾਟਾ ਇੱਕ ਤੋਂ ਵੱਧ ਬਦਲੀ ਕਰਵਾਉਣ, ਤਰੱਕੀ ਹੋਣ ਉਪਰੰਤ ਜਾਂ ਕਿਸੇ ਵੀ ਕਾਰਨ ਡਾਟਾ ਮਿਸ ਮੈਚ ਹੋ ਰਿਹਾ ਹੈ ਉਨ੍ਹਾਂ ਨੂੰ ਪੋਰਟਲ ਉਪਰ ਬਦਲੀ ਲਈ ਅਯੋਗ ਕਰਾਰ ਦਿੱਤਾ ਗਿਆ ਹੈ, ਉਨ੍ਹਾਂ ਨੇ ਮਾਣਯੋਗ ਸਿੱਖਿਆ ਮੰਤਰੀ ਨੂੰ ਅਪੀਲ ਕੀਤੀ ਕਿ ਉਨ੍ਹਾਂ ਨੂੰ ਡਾਟਾ ਦਰੁਸਤ ਕਰਨ ਦਾ ਮੌਕਾ ਦੇ ਕੇ ਸਟੇਸ਼ਨ ਚੋਣ ਜ਼ਰੂਰ ਕਰਵਾਈ ਜਾਵੇ ਕਿਉਂਕਿ ਇਹ ਸਾਰਾ ਰਿਕਾਰਡ ਡੀ ਈ ਓ ਪੱਧਰ 'ਤੇ ਹੁੰਦਾ ਹੈ। ਜਾਣਕਾਰੀ ਦੇਣ ਸਮੇਂ ਵਿਨੋਦ ਕੁਮਾਰ, ਰਜਿੰਦਰ ਕੁਮਾਰ ਬਘਾਣਾ, ਸਤਨਾਮ ਗਿੱਲ, ਅਸ਼ੋਕ ਮੂਲਨਿਵਾਸੀ, ਅਮਰਿੰਦਰ ਸਿੰਘ, ਸੁਰਜੀਤ ਲਾਲ, ਰਾਮਪਾਲ, ਗੁਰਸੇਵਕ ਸਿੰਘ, ਪਰਵੀਨ ਭੁੱਟਾ, ਮਨਿੰਦਰ ਕੌਰ, ਕਮਲੇਸ਼ ਕੌਰ, ਜਸਵੀਰ ਕੁਮਾਰ, ਵਿਜੇ ਕੁਮਾਰ, ਕੁਲਦੀਪ ਰਾਮ ਹਾਜ਼ਰ ਸਨ।

## ਡੀ ਏ ਵੀ ਬਿਲਗਾ ਵਿਖੇ ਧਰਤੀ ਦਿਵਸ ਤੇ ਪੁਸਤਕ ਦਿਵਸ ਮਨਾਇਆ

**ਬਿਲਗਾ (ਵਿਜੇ ਕੁਮਾਰ)** ਐਸ ਆਰ ਟੀ ਡੀ ਏ ਵੀ ਪਬਲਿਕ ਸਕੂਲ ਬਿਲਗਾ ਵਿੱਚ ਵਿਸ਼ਵ ਧਰਤੀ ਦਿਵਸ ਅਤੇ ਵਿਸ਼ਵ ਪੁਸਤਕ ਦਿਵਸ ਦੇ ਮੌਕੇ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ। ਵਿਸ਼ਵ ਧਰਤੀ ਦਿਵਸ ਦੇ ਸੰਬੰਧ 'ਚ ਪ੍ਰਿੰਸੀਪਲ ਰਵੀ ਸ਼ਰਮਾਂ ਨੇ ਵਿਦਿਆਰਥੀਆਂ ਨੂੰ ਕਿਹਾ ਕਿ ਇਸ ਅਦਭੁਤ ਗ੍ਰਹਿ ਨੂੰ ਬਚਾਉਣਾ ਮਨੁੱਖ ਜਾਤੀ ਦੀ ਜ਼ਿੰਮੇਵਾਰੀ ਹੈ ਕਿਉਂਕਿ ਮਨੁੱਖ ਨੇ ਆਪਣੇ ਸਵਾਰਥ ਭਰੇ ਕੰਮਾਂ ਰਾਹੀਂ ਇਸ ਨੂੰ ਖੋਰਾ ਲਾਇਆ ਹੈ। ਇਸ ਮੌਕੇ ਜਿੱਥੇ ਜੂਨੀਅਰ ਵਿਦਿਆਰਥੀਆਂ ਨੇ ਪੋਸਟਰ ਮੇਕਿੰਗ ਮੁਕਾਬਲੇ 'ਚ ਭਾਗ ਲਿਆ, ਉੱਥੇ ਸਕੂਲ ਦੇ ਸੀਨੀਅਰ ਵਿਦਿਆਰਥੀਆਂ ਨੇ ਸਲੋਗਨ ਰਾਈਟਿੰਗ ਅਤੇ ਕੋਟੇਸ਼ਨ ਰਾਈਟਿੰਗ ਵਿੱਚ ਹਿੱਸਾ ਲਿਆ। ਵਿਸ਼ਵ ਪੁਸਤਕ ਦਿਵਸ ਬਾਰੇ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਸ਼ਰਮਾਂ ਨੇ ਕਿਹਾ ਕਿ ਵਿਦਿਆਰਥੀਆਂ 'ਚ ਪੜ੍ਹਨ ਦੀ ਆਦਤ ਪੈਦਾ ਕਰਨਾ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ। ਵਿਸ਼ਵ ਪੁਸਤਕ ਦਿਵਸ ਮੌਕੇ ਕਲਾਸਾਂ 'ਚ ਤਿੰਨੋਂ ਭਾਸ਼ਾਵਾਂ ਅੰਗਰੇਜੀ, ਹਿੰਦੀ ਅਤੇ ਪੰਜਾਬੀ ਦਾ ਪਾਠ ਵੀ ਪੜ੍ਹਾਇਆ ਗਿਆ।

## ਮਹਿਤਪੁਰ ਵਿਖੇ ਬਹੁਜਨ ਸਮਾਜ ਪਾਰਟੀ ਦਾ ਹੋਇਆ ਭਰਵਾਂ ਇਕੱਠ

**ਮਹਿਤਪੁਰ (ਰਾਜਾ)**- ਲੋਕ ਸਭਾ ਹਲਕਾ ਜਲੰਧਰ 'ਚ ਜ਼ਿਮਨੀ ਚੋਣ ਦੇ ਸੰਬੰਧ ਵਿੱਚ ਬਹੁਜਨ ਸਮਾਜ ਪਾਰਟੀ ਦੇ ਪੰਜਾਬ ਪ੍ਰਧਾਨ ਜਸਵੀਰ ਸਿੰਘ ਗੜ੍ਹੀ ਪਹਿਲੀ ਵਾਰ ਮਹਿਤਪੁਰ ਵਿਖੇ ਆਪਣੇ ਵਰਕਰਾਂ ਵਿੱਚ ਜੋਸ਼ ਭਰਨ ਲਈ ਆਏ । ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਇਆਂ ਜਸਵੀਰ ਸਿੰਘ ਗੜ੍ਹੀ ਨੇ ਕਿਹਾ ਕਿ ਕਾਂਗਰਸ ਪਾਰਟੀ ਬਹੁਜਨ ਸਮਾਜ ਨੂੰ ਗੁੰਮਰਾਹ ਕਰ ਰਹੀ ਹੈ । ਇਤਿਹਾਸ ਗਵਾਹ ਹੈ ਕਿ ਚੌਧਰੀ ਪਰਵਾਰ ਕਦੇ ਬਹੁਜਨਾਂ ਦਾ ਸ਼ੁੱਭਚਿੰਤਕ ਨਹੀਂ ਬਣਿਆ, ਹਮੇਸ਼ਾ ਬਹੁਜਨ ਸਮਾਜ ਦੇ ਉਲਟ ਚੱਲਿਆ ਹੈ । ਉਨ੍ਹਾ ਇਹ ਵੀ ਕਿਹਾ ਕਿ ਕਾਂਗਰਸ ਅਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਬੜੀ ਸਾਜ਼ਿਸ਼ ਨਾਲ ਇੱਕ ਪ੍ਰਚਾਰ ਸ਼ੁਰੂ ਕੀਤਾ ਹੈ ਕਿ ਬਹੁਜਨ ਸਮਾਜ ਪਾਰਟੀ ਹਾਥੀ ਦੇ ਸਿੰਬਲ 'ਤੇ ਚੋਣ ਲਈ ਲੜ ਰਿਹਾ ਹੈ। ਬਹੁਜਨ ਸਮਾਜ ਪਾਰਟੀ ਦੇ ਵਰਕਰ ਹਾਥੀ ਦੇ ਨਿਸ਼ਾਨ ਨੂੰ ਲੱਭਣ ਅਤੇ ਗੱਠਜੋੜ ਦੇ ਖਿਲਾਫ ਖੜ੍ਹੇ ਹੋਣ ਇੱਦਾਂ ਦਾ ਬਿਆਨ ਬਹੁਜਨ ਸਮਾਜ ਦੇ ਭੋਲੇ ਭਾਲੇ ਵਰਕਰਾਂ ਨੂੰ ਗੁੰਮਰਾਹ ਕਰਨ ਲਈ ਦਿੱਤਾ ਅਤੇ ਇਹ ਹੀ ਕਾਂਗਰਸ ਨੇ ਅੱਜ ਦੋ ਤਿੰਨ ਮਹੀਨੇ ਪਹਿਲਾਂ ਚੰਡੀਗੜ੍ਹ ਤੋਂ ਅਖਬਾਰਾਂ 'ਚ ਬਿਆਨ ਦਿੱਤਾ ਸੀ ਕਿ ਕਾਂਗਰਸ ਪੰਜਾਬ ਦੇ ਪਿੰਡ ਕਾਂਗਰਸ ਬਹੁਜਨ ਕਾਂਗਰਸ ਕਮੇਟੀਆਂ ਬਣਾਵੇਗੀ। ਬਹੁਜਨ ਸਮਾਜ ਪਾਰਟੀ ਦੇ ਪ੍ਰਚਾਰ ਨੂੰ ਰੋਕਣ ਲਈ ਜਦੋਂ ਪਿਛਲੇ ਸਮੇਂ ਕਾਂਗਰਸ ਪਾਰਟੀ ਨੇ ਸ਼ਡਿਊਲਡ ਕਾਸਟ ਦਾ ਮੁੱਖ ਮੰਤਰੀ ਲਗਾਇਆ ਸੀ ਤਾਂ ਇਹੀ ਮੁੱਖ ਮੰਤਰੀ ਆਦਮਪੁਰ 'ਚ ਬਿਆਨ ਦਿੰਦਾ ਸੀ ਕਿ ਪੰਜਾਬ ਵਿੱਚ ਬਹੁਜਨ ਸਮਾਜ ਕਾਂਗਰਸ ਦੀ ਸਰਕਾਰ ਹੋਊ । ਚੌਧਰੀ ਪਰਵਾਰ ਨੂੰ 18 ਵਾਰ ਐਮ ਪੀ, ਐਮ ਐਲ ਏ ਬਣਨ ਦਾ ਮੌਕਾ ਮਿਲਿਆ ਅਤੇ ਕਾਂਗਰਸ ਨੇ ਚੌਧਰੀ ਪਰਵਾਰ ਨੂੰ ਬਾਬਾ ਸਾਹਿਬ ਅੰਬੇਡਕਰ ਦੇ ਪ੍ਰਚਾਰ ਨੂੰ ਰੋਕਣ ਲਈ ਖੜ੍ਹਾ ਕੀਤਾ ਇਸ ਲਈ ਚੌਧਰੀ ਪਰਵਾਰ ਬਹੁਜਨ ਦਾ ਚਿੰਤਕ ਨਹੀਂ ਹੈ । ਇਸ ਮੌਕੇ ਜਲੰਧਰ ਦਿਹਾਤੀ ਦੇ ਪ੍ਰਧਾਨ ਜਗਦੀਸ਼ ਸ਼ੇਰਪੁਰੀ, ਹਲਕਾ ਪ੍ਰਧਾਨ ਰਾਜ ਕੁਮਾਰ ਭੁੱਟੋ, ਬਸਪਾ ਆਗੂ ਸੁਖਰਾਮ ਚੌਹਾਨ, ਬਲਵਿੰਦਰ ਸਿੰਘ ਬਾਊਪੁਰ, ਬਸਪਾ ਆਗੂ ਵਿਜੈ ਮੜ੍ਹਾਸ, ਰਾਜ ਮਹਿਤਪੁਰ, ਚੌਹਾਨ, ਗੁਰਦੀਪ ਚੰਦ ਸਾਬਕਾ ਸਰਪੰਚ, ਪਰਮਿੰਦਰ ਕੁਮਾਰ, ਜੋਗੀ ਰਾਜ, ਚੰਦਰ ਚੋਹਾਨ, ਮੋਹਨ ਲਾਲ ਇਸਮਾਇਲਪੁਰ, ਕੰਵਲ ਚੌਹਾਨ, ਜਗਦੀਸ਼ ਰਾਏ, ਪਰਗਣ ਸਿੰਘ, ਸੁਰਜਨ ਦਾਸ, ਸਿਮਰਨਜੀਤ ਚੌਹਾਨ, ਹਰਭਜਨ ਲਾਲ ਮਹਿਮੀ, ਅਸ਼ੋਕ ਕੁਮਾਰ ਮਹਿਮੀ, ਕੁਲਵਿੰਦਰ ਕੁਮਾਰ, ਬਲਵੀਰ ਬੇਗਮਪੁਰੀ ਆਦਿ ਹਾਜ਼ਰ ਸਨ ।

## ਵਿਦਿਆਰਥੀਆਂ ਨੂੰ ਦਾਸਤਾਨ-ਏ-ਸ਼ਹਾਦਤ ਦੀ ਯਾਤਰਾ ਕਰਵਾਈ

**ਸ੍ਰੀ ਚਮਕੌਰ ਸਾਹਿਬ** -ਗ੍ਰੀਨਵੇਜ ਸਕੂਲ ਰੁੜਕੀ ਹੀਰਾਂ ਵਿਖੇ ਬੱਚਿਆਂ ਨੂੰ ਇਤਿਹਾਸਕ ਸਥਾਨਾਂ ਦੀ ਜਾਣਕਾਰੀ ਨਾਲ ਜੋੜਦਿਆਂ ਐਲ.ਕੇ.ਜੀ ਤੋਂ ਤੀਸਰੀ ਤੱਕ ਦੇ ਵਿਦਿਆਰਥੀਆਂ ਨੂੰ ਦਾਸਤਾਨ-ਏ-ਸ਼ਹਾਦਤ ਸ੍ਰੀ ਚਮਕੌਰ ਸਾਹਿਬ ਦੀ ਯਾਤਰਾ ਕਰਵਾਈ ਗਈ ਜਿਸ ਵਿੱਚ ਬੱਚਿਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਅਧਿਆਪਕਾਂ ਵੱਲੋਂ ਬੱਚਿਆਂ ਨੂੰ ਬਾਬਾ ਅਜੀਤ ਸਿੰਘ, ਬਾਬਾ ਜੁਝਾਰ ਸਿੰਘ ਅਤੇ ਹੋਰ ਸਿੰਘ ਸ਼ਹੀਦਾਂ ਬਾਰੇ ਜਾਣਕਾਰੀ ਦਿੱਤੀ ਗਈ। ਬੱਚੇ ਆਪਣਾ ਮਾਣਮੱਤਾ ਇਤਿਹਾਸਕ ਪਿਛੋਕੜ ਜਾਣ ਕੇ ਬੜੇ ਭਾਵੁਕ ਅਤੇ ਉਤਸ਼ਾਹਿਤ ਹੋਏ।

ਮਨੇਜਿੰਗ ਡਾਇਰੈਕਟਰ ਹਰਜਿੰਦਰ ਸਿੰਘ ਮੱਲ੍ਹੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਚਮਕੌਰ ਸਾਹਿਬ ਦੀ ਪਵਿੱਤਰ ਧਰਤੀ ਸਿੱਖ ਇਤਿਹਾਸ ਦੀ ਬੁਨਿਆਦ ਹੈ ਜਿਥੋਂ ਕੁਰਬਾਨੀਆਂ ਇਤਿਹਾਸ ਪਤਾ ਲੱਗਦਾ ਹੈ। ਇਸ ਸਮੇਂ ਬੱਚਿਆਂ ਦੇ ਨਾਲ ਉਨ੍ਹਾਂ ਦੇ ਕਲਾਸ ਇੰਚਾਰਜ ਹਾਜ਼ਰ ਰਹੇ।

## ਪ੍ਰਵਾਸੀ ਲੇਖਕਾ ਮਨਜੀਤ ਕੌਰ ਪੱਡਾ ਨਾਲ ਰੂਬਰੂ

**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ )**- ਨਵਜੋਤ ਸਾਹਿਤ ਸੰਸਥਾ ਔੜ ਵੱਲੋਂ ਪ੍ਰਵਾਸੀ ਲੇਖਿਕਾ ਮਨਜੀਤ ਕੌਰ ਪੱਡਾ ਕੈਨੇਡਾ ਨਾਲ ਰੂਬਰੂ ਕਰਵਾਇਆ ਗਿਆ। ਇਸ ਸੰਬੰਧੀ ਪਿੰਡ ਮਹਿਮੂਦਪੁਰ ਵਿਖੇ ਕਰਵਾਏ ਸਮਾਗਮ ਦਾ ਉਦਘਾਟਨ ਸ਼ਮ੍ਹਾ ਰੌਸ਼ਨ ਕਰਕੇ ਕੀਤਾ ਗਿਆ। ਸੰਸਥਾ ਦੇ ਸਕੱਤਰ ਅਮਰ ਜਿੰਦ ਅਤੇ ਸੇਵਾ ਮੁਕਤ ਮੁੱਖ ਅਧਿਆਪਕਾ ਕੁਲਵੰਤ ਕੌਰ ਨੇ ਮਨਜੀਤ ਕੌਰ ਪੱਡਾ ਨੂੰ ਜੀ ਆਇਆਂ ਆਖਿਆ ਅਤੇ ਉਨ੍ਹਾ ਦੇ ਜ਼ਿੰਦਗੀ ਦੇ ਵੱਖ ਵੱਖ ਪਹਿਲੂਆਂ ਸੰਬੰਧੀ ਜਾਣਕਾਰੀ ਸਾਂਝੀ ਕੀਤੀ। ਸਮਾਗਮ ਦੌਰਾਨ ਰੂਬਰੂ ਹੁੰਦਿਆਂ ਮਨਜੀਤ ਕੌਰ ਪੱਡਾ ਨੇ ਆਪਣੇ ਜੀਵਨ ਸਫ਼ਰ ਨੂੰ ਦਰਪੇਸ਼ ਚੁਣੌਤੀਆਂ ਬਾਰੇ ਦੱਸਿਆ ਅਤੇ ਉਨ੍ਹਾਂ ਦਾ ਸਾਹਮਣਾ ਕਰਦਿਆਂ ਮਿਲੀ ਸਫ਼ਲਤਾ ਦੀ ਖੁਸ਼ੀ ਵੀ ਸਾਂਝੀ ਕੀਤੀ।

ਉਨ੍ਹਾ ਆਪਣੇ ਵਿਚਾਰਾਂ 'ਚ ਪੰਜਾਬੀ ਲਿਖਣ ਬੋਲਣ ਦੇ ਨਾਲ ਪੰਜਾਬੀ ਜਿਉਣ ਦਾ ਹੋਕਾ ਦਿੱਤਾ। ਇਸ ਦੌਰਾਨ ਉਨ੍ਹਾ ਆਪਣੀ ਪੁਸਤਕ 'ਸੰਦਲੀ ਮਹਿਕ' 'ਚੋਂ ਧੀਆਂ ਦੀ ਹੋਂਦ ਅਤੇ ਉੱਦਮਾਂ ਦੀ ਸ਼ਲਾਘਾ ਕਰਦੀਆਂ ਰਚਨਾਵਾਂ ਵੀ ਸਾਂਝੀਆਂ ਕੀਤੀਆਂ। ਸੰਸਥਾ ਵੱਲੋਂ ਉਨ੍ਹਾ ਦਾ ਯਾਦਗਾਰੀ ਚਿੰਨ੍ਹ, ਪ੍ਰਮਾਣ ਪੱਤਰ ਅਤੇ ਫੁੱਲਮਾਲਾਵਾਂ ਨਾਲ ਸਨਮਾਨ ਕੀਤਾ ਗਿਆ। ਸਮਾਗਮ ਦੀ ਪ੍ਰਧਾਨਗੀ ਕਰ ਰਹੇ ਮੈਡਮ ਰਜਨੀ ਸ਼ਰਮਾ ਨੇ ਸਨਮਾਨ ਰਸਮਾਂ ਨਿਭਾਉਂਦਿਆਂ ਸੰਸਥਾ ਦੀਆਂ ਸਰਗਰਮੀਆਂ ਦੀ ਜਾਣਕਾਰੀ ਸਾਂਝੀ ਕੀਤੀ।

ਇਸ ਮੌਕੇ ਚਰਨ ਕੌਰ ਲਾਖਾ ਲਈ ਵੀ ਸੰਸਥਾ ਵੱਲੋਂ ਵਿਸ਼ੇਸ਼ ਸਨਮਾਨ ਦੀ ਰਸਮ ਨਿਭਾਈ ਗਈ। ਇਸ ਮੌਕੇ ਪਰਮਜੀਤ ਲਾਖਾ ਕੈਨੇਡਾ, ਸਤਪਾਲ ਸਾਹਲੋਂ, ਸੁਰਜੀਤ ਮਜਾਰੀ, ਗੁਰਨੇਕ ਸ਼ੇਰ, ਬੂਟਾ ਸਿੰਘ ਮਹਿਮੂਦਪੁਰ, ਇੰਜ. ਮਹਿੰਦਰ ਸਿੰਘ, ਹਰੀ ਕ੍ਰਿਸ਼ਨ ਪਟਵਾਰੀ, ਦਵਿੰਦਰ ਸਕੋਹਪੁਰੀ ਨੇ ਰਚਨਾਵਾਂ ਤੇ ਵਿਚਾਰਾਂ ਦੀ ਸਾਂਝ ਪਾਈ। ਇਸ ਮੌਕੇ ਰਣਜੀਤ ਕੌਰ ਮਹਿਮੂਦਪੁਰ, ਬਿੰਦਰ ਮੱਲ੍ਹਾ ਬੇਦੀਆਂ, ਵਿਨੇ ਸ਼ਰਮਾ, ਵਿਜੈ ਗੁਣਾਚੌਰੀ, ਜਗਤਾਰ ਬੀਕਾ, ਕੁਲਦੀਪ ਸਿੰਘ, ਕਸ਼ਮੀਰ ਸਿੰਘ ਉੱਪਲ, ਸਰਬਜੀਤ ਸਿੰਘ, ਪਰਮਜੀਤ ਕੌਰ, ਆਂਗਣਵਾੜੀ ਵਰਕਰ, ਚਰਨਜੀਤ ਕੌਰ, ਬਲਵੀਰ ਕੌਰ, ਕਸ਼ਮੀਰ ਕੌਰ ਆਦਿ ਵੀ ਸ਼ਾਮਲ ਸਨ।

## ਭਗੌੜਾ ਕਾਬੂ

**ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ )**-ਐਸ ਐਸ ਪੀ ਰੂਪਨਗਰ ਵਿਵੇਕਸ਼ੀਲ ਸੋਨੀ ਆਈ ਪੀ ਐੱਸ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੀ ਓ ਤੇ ਭਗੌੜਿਆਂ ਨੂੰ ਕਾਬੂ ਕਰਨ ਲਈ ਅਰੰਭੀ ਮੁਹਿੰਮ ਤਹਿਤ ਸਥਾਨਕ ਥਾਣਾ ਮੁਖੀ ਇੰਸਪੈਕਟਰ ਗੁਰਪ੍ਰੀਤ ਸਿੰਘ ਦੀ ਅਗਵਾਈ ਹੇਠ ਸਥਾਨਕ ਪੁਲਸ ਨੇ ਇੱਕ ਭਗੌੜੇ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

ਜਾਣਕਾਰੀ ਦਿੰਦਿਆਂ ਸਥਾਨਕ ਥਾਣਾ ਮੁਖੀ ਇੰਸਪੈਕਟਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਏ ਐਸ ਆਈ ਇੰਸਪੈਕਟਰ ਸ਼ਮਸ਼ੇਰ ਸਿੰਘ ਅਤੇ ਏ ਐਸ ਆਈ ਮਲਕੀਤ ਸਿੰਘ ਸਮੇਤ ਪੁਲਸ ਪਾਰਟੀ ਨੂੰ ਉਦੋਂ ਸਫਲਤਾ ਮਿਲੀ ਜਦੋਂ ਉਨ੍ਹਾਂ ਨੇ ਬੜੀ ਮਿਹਨਤ ਨਾਲ ਮਾਣਯੋਗ ਅਦਾਲਤ ਵੱਲੋਂ ਪੀ ਓ ਕਰਾਰ ਦਿੱਤੇ ਦੋਸ਼ੀ ਨਰੰਜਣ ਸਿੰਘ ਉਰਫ ਲਾਲਾ ਪੁੱਤਰ ਆਗਿਆ ਰਾਮ ਵਾਸੀ ਪਿੰਡ ਬਾੜੀਆਂ ਥਾਣਾ ਨੂਰਪੁਰਬੇਦੀ ਨੂੰ ਇੱਕ ਰੇਡ ਕਰਕੇ ਗ੍ਰਿਫਤਾਰ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਉਕਤ ਕਥਿਤ ਦੋਸ਼ੀ ਵਿਰੁੱਧ ਮੁਕੱਦਮਾ ਸੰਨ 2016 'ਚ 6 ਨੰਬਰ ਮੁਕਦਮਾ ਦਰਜ ਕੀਤਾ ਗਿਆ ਸੀ, ਜਿਸ ਨੂੰ ਅੱਜ ਮਾਣਯੋਗ ਅਦਾਲਤ 'ਚ ਪੇਸ਼ ਕੀਤਾ ਜਾਵੇਗਾ।

## ਜਲੰਧਰ ਵਿਧਾਨ ਸਭਾ ਹਲਕੇ ਦੇ ਕਾਂਗਰਸੀ ਆਗੂਆਂ ਨੇ ਫੜਿਆ 'ਆਪ' ਦਾ ਪੱਲਾ

**ਜਲੰਧਰ,(ਸ਼ੈਲੀ ਐਲਬਰਟ)**-ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂ ਅਤੇ ਸਮਰਥਕ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਦੀਆਂ ਨੀਤੀਆਂ ਅਤੇ ਪੰਜਾਬ ਦੀ ਮਾਣਯੋਗ ਸਰਕਾਰ ਦੇ ਕੰਮਾਂ-ਕਾਰਾਂ ਤੋਂ ਪ੍ਰਭਾਵਿਤ ਹੋ ਕੇ ਅੱਜ ਇੱਥੇ ਸੁਖ ਮਹਿਲ ਹੋਟਲ ਵਿਖੇ ਕਾਂਗਰਸ ਪਾਰਟੀ ਦੇ ਕਈ ਆਗੂ 'ਆਪ' ਵਿੱਚ ਸ਼ਾਮਲ ਹੋ ਗਏ। ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ, ਵਿਧਾਇਕ ਰਮਨ ਅਰੋੜਾ, ਦੀਪਕ ਬਾਲੀ ਵਿਸ਼ੇਸ਼ ਤੌਰ 'ਤੇ ਉੱਥੇ ਹਾਜ਼ਰ ਸਨ। ਇਸ ਮੌਕੇ ਵਾਰਡ ਨੰਬਰ 57 ਦੇ ਕੌਂਸਲਰ ਪਤੀ ਵਿਕਾਸ ਗਿੱਲ ਵਾਸੂ, ਸਾਬਕਾ ਕਾਂਗਰਸੀ ਨੌਜਵਾਨ ਆਗੂ ਵਿਸ਼ਾਲ ਗਿੱਲ, ਧਰਮਿੰਦਰ ਕੁਮਾਰ, ਵਿੱਕੀ ਪਾਲ ਪਦਮ, ਜਗਦੀਸ਼ ਪ੍ਰਧਾਨ, ਰਿਸ਼ਭ ਪ੍ਰਭਾਕਰ, ਸੰਨੀ ਪ੍ਰਭਾਕਰ, ਅਮਿਤ ਗਿੱਲ, ਕਾਲਾ ਧਾਨਕ, ਰਿੱਕੀ ਖੰਨਾ, ਇੰਦਰਜੀਤ ਸਿੰਘ, ਰਜਤ ਤੇਜੀ, ਅਭੀ ਪਦਮ, ਵਿੱਕੀ ਧਾਮੀ ਸਮੇਤ ਸਾਹਿਲ ਸੈਣੀ ਅਤੇ ਹੋਰ ਵੱਡੀ ਗਿਣਤੀ 'ਚ ਸਾਥੀਆਂ ਨੇ 'ਆਪ' ਦਾ ਪੱਲਾ ਫੜਿਆ। 'ਆਪ' ਵਿੱਚ ਸ਼ਾਮਲ ਹੋਏ ਕਾਂਗਰਸੀ ਆਗੂਆਂ ਅਤੇ ਸਮਰਥਕਾਂ ਨੇ ਭਰੋਸਾ ਦਿੱਤਾ ਹੈ ਕਿ ਉਹ ਜਲੰਧਰ ਲੋਕ ਸਭਾ ਉਪ ਚੋਣ ਵਿੱਚ ਪਾਰਟੀ ਨੂੰ ਪੂਰਾ ਸਮਰਥਨ ਦੇਣਗੇ ਅਤੇ 'ਆਪ' ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਨੂੰ ਵੱਡੇ ਫਰਕ ਨਾਲ ਜਿਤਾਉਣਗੇ। ਇਸ ਮੌਕੇ 'ਆਪ' ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਨੇ ਕਿਹਾ ਕਿ ਉਹ ਅਤੇ ਪਾਰਟੀ ਵਰਕਰ ਜਲੰਧਰ ਉਪ ਚੋਣ ਲਈ 'ਆਪ' ਦੀਆਂ ਨੀਤੀਆਂ ਅਤੇ ਕੰਮਾਂ ਨੂੰ ਲਗਾਤਾਰ ਲੋਕਾਂ ਤੱਕ ਪਹੁੰਚਾ ਰਹੇ ਹਨ, ਜਿਸ ਨੂੰ ਲੋਕਾਂ ਦਾ ਭਰਵਾਂ ਹੁੰਗਾਰਾ ਵੀ ਮਿਲ ਰਿਹਾ ਹੈ। ਉਨ੍ਹਾ ਕਿਹਾ ਕਿ ਜਦੋਂ ਤੋਂ ਪੰਜਾਬ ਵਿੱਚ 'ਆਪ ਸਰਕਾਰ ਬਣੀ ਹੈ, ਉਦੋਂ ਤੋਂ ਸਰਕਾਰ ਦੇ ਸਾਰੇ ਮੰਤਰੀ ਅਤੇ ਵਿਧਾਇਕ ਸੂਬੇ ਦੇ ਲੋਕਾਂ ਵਿੱਚ ਵਿਚਰਦਿਆਂ ਉਨ੍ਹਾਂ ਦੀ ਭਲਾਈ ਲਈ ਕੰਮ ਕਰ ਰਹੇ ਹਨ। ਪਾਰਟੀ ਵੱਲੋਂ ਕੀਤੇ ਵਾਅਦਿਆਂ ਅਤੇ ਕੀਤੇ ਜਾ ਰਹੇ ਕੰਮਾਂ ਨੂੰ ਲੈ ਕੇ ਸੂਬੇ ਦੇ ਲੋਕ ਭਾਰੀ ਉਤਸ਼ਾਹ ਹੈ, ਜਿਸ ਕਾਰਨ ਜਲੰਧਰ ਉਪ ਚੋਣ ਵਿੱਚ 'ਆਪ' ਦੀ ਜਿੱਤ ਯਕੀਨੀ ਹੈ। ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋਕੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਰਵਾਇਤੀ ਪਾਰਟੀਆਂ ਦੇ ਆਗੂਆਂ ਅਤੇ ਸਮਰਥਕਾਂ ਦਾ 'ਆਪ' ਵਿੱਚ ਨਿੱਘਾ ਸਵਾਗਤ ਹੈ।

## ਫਗਵਾੜਾ ਇਨਵਾਇਰਨਮੈਂਟ ਐਸੋਸੀਏਸ਼ਨ ਨੇ ਮਨਾਇਆ ਵਿਸ਼ਵ ਧਰਤੀ ਦਿਵਸ

**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ)** ਫਗਵਾੜਾ ਇਨਵਾਇਰਨਮੈਂਟ ਐਸੋਸੀਏਸ਼ਨ ਦੇ ਚੇਅਰਮੈਨ ਕੇ.ਕੇ. ਸਰਦਾਨਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਫਗਵਾੜਾ ਇਨਵਾਇਰਨਮੈਂਟ ਐਸੋਸੀਏਸ਼ਨ ਵਲੋਂ ਐਸੋਸੀਏਸ਼ਨ ਦੇ ਜਨਰਲ ਸਕੱਤਰ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ ਰੇਖ ਹੇਠ ਮਹਾਵੀਰ ਜੈਨ ਮਾਡਲ ਹਾਈ ਸਕੂਲ ਅਤੇ ਆਈ.ਟੀ.ਆਈ. (ਵਿਮੈਨ) ਦੇ ਸਹਿਯੋਗ ਨਾਲ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ। ਜਿਸ ਦਾ ਸ਼ੁੱਭ ਆਰੰਭ ਮੁੱਖ ਮਹਿਮਾਨ ਵਜੋਂ ਹਾਜ਼ਰ ਆਏ ਐਸ.ਡੀ.ਐਮ. ਜੈਇੰਦਰ ਸਿੰਘ ਨੇ ਬੂਟਾ ਲਗਾ ਕੇ ਕਰਵਾਇਆ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਇਸ ਦਿਨ ਨੂੰ ਮਨਾਉਣ ਦਾ ਮਕਸਦ ਧਰਤੀ ਉੱਪਰ ਪ੍ਰਦੂਸ਼ਣ ਨੂੰ ਰੋਕਣਾ ਅਤੇ ਦਰੱਖ਼ਤਾਂ ਦੇ ਮਹੱਤਵ ਨੂੰ ਦਰਸਾਉਣਾ ਹੈ। ਇਸ ਸਮਾਗਮ ਦੌਰਾਨ ਪ੍ਰਿੰਸੀਪਲ ਤਾਜਪ੍ਰੀਤ ਕੌਰ ਨੇ ਐਲਾਨ ਕੀਤਾ ਕਿ ਅਦਾਰੇ ਵਿਖੇ ਰੋਜ਼ਾਨਾ ਧਰਤੀ ਦੀ ਪੂਜਾ ਕਰਕੇ ਧਰਤੀ ਦਿਵਸ ਮਨਾਇਆ ਜਾਵੇਗਾ। ਨੈਸ਼ਨਲ ਐਵਾਰਡੀ ਅਧਿਆਪਕ ਗੁਰਮੀਤ ਸਿੰਘ ਨੇ ਧਰਤੀ 'ਤੇ ਵਾਤਾਵਰਨ ਨੂੰ ਬਚਾਉਣ ਲਈ ਕੀ ਕੁਝ ਕਰਨਾ ਚਾਹੀਦਾ ਹੈ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ। ਇਸ ਮੌਕੇ ਟੀ.ਡੀ. ਚਾਵਲਾ, ਵਿਸ਼ਵਾਮਿੱਤਰ ਸ਼ਰਮਾ, ਰਮਨ ਨਹਿਰਾ, ਰਜਿੰਦਰ ਸਾਹਨੀ, ਕ੍ਰਿਸ਼ਨ ਕੁਮਾਰ, ਮਾਸਟਰ ਨਰੇਸ਼ ਕੋਹਲੀ, ਪ੍ਰਿੰਸੀਪਲ ਸਵਰਨਜੀਤ ਸਿੰਘ ਨੇ ਵੀ ਵਿਚਾਰ ਪੇਸ਼ ਕੀਤੇ। ਐਸ.ਡੀ.ਐਮ. ਜੈਇੰਦਰ ਸਿੰਘ ਨੇ ਸੰਦੇਸ਼ ਵਿਚ ਕਿਹਾ ਕਿ ਧਰਤੀ ਇੱਕ ਪਲੈਨੇਟ ਹੈ ਜਿੱਥੇ ਮਨੁੱਖ ਹੀ ਨਹੀਂ ਬਲਕਿ ਜੀਵ ਜੰਤੂਆਂ ਦਾ ਵੀ ਵਿਸ਼ੇਸ਼ ਮਹੱਤਵ ਹੈ। ਇਸ ਲਈ ਸਾਡਾ ਸਾਰਿਆਂ ਦਾ ਫਰਜ਼ ਹੈ ਕਿ ਧਰਤੀ ਦੀ ਰੱਖਿਆ ਕਰੀਏ।

## ਧਰਤੀ ਦਿਵਸ ਮਨਾਇਆ

**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)**- ਧਰਤੀ ਦਿਵਸ ਮਨਾਉਣ ਦਾ ਮੁੱਖ ਉਦੇਸ਼ ਧਰਤੀ ਨੂੰ ਪ੍ਰਦੂਸ਼ਣ ਅਤੇ ਹੋਰ ਹਾਨੀਕਾਰਕ ਤੱਤਾਂ ਤੋਂ ਬਚਾਉਣਾ ਹੈ। 193 ਦੇਸ਼ਾਂ ਵਿੱਚ ਵਿਸ਼ਵ ਧਰਤੀ ਦਿਵਸ ਮਨਾਇਆ ਜਾਂਦਾ ਹੈ। ਵੱਖ-ਵੱਖ ਥਾਵਾਂ 'ਤੇ ਪ੍ਰੋਗਰਾਮ ਕਰਕੇ ਧਰਤੀ ਅਤੇ ਇਸ ਉਤਲੇ ਵਾਤਾਵਰਣ ਨੂੰ ਬਚਾਉਣ ਲਈ ਜਾਗਰੂਕ ਪ੍ਰੋਗਰਾਮ ਕਰਵਾਏ ਜਾਂਦੇ ਹਨ। ਇਸ ਦੇ ਨਾਲ ਹੀ ਪ੍ਰਦੂਸਣ ਨੂੰ ਰੋਕਣ, ਆਪਣਾ ਆਲਾ ਦੁਆਲਾ ਸਾਫ ਰੱਖਣ, ਲੋਕਾਂ ਨੂੰ ਰੁੱਖ ਨਾ ਕੱਟਣ ਦਾ ਸੰਦੇਸ਼ ਦਿੱਤਾ ਜਾਂਦਾ ਹੈ। ਸਾਡੀ ਸਿਹਤ, ਸਾਡਾ ਪਰਵਾਰ, ਸਾਡਾ ਜੀਵਨ ਅਤੇ ਸਾਡੀ ਧਰਤੀ ਨੂੰ ਇੱਕ ਸਾਥ ਸੁਰੱਖਿਅਤ ਰੱਖਣ ਦਾ ਸਮਾਂ ਆ ਗਿਆ ਹੈ ਜਿਸ ਉੱਤੇ ਹਰ ਮਨੁੱਖ ਨੂੰ ਪਹਿਰਾ ਦੇਣ ਦੀ ਲੋੜ ਹੈ। ਆਓ ਅੱਜ ਵਿਸ਼ਵ ਧਰਤੀ ਦਿਵਸ 'ਤੇ ਇਹ ਕਾਮਨਾ ਕਰੀਏ ਕਿ ਆਪਾਂ ਸਮੁੱਚੀ ਮਨੁੱਖਤਾ ਨੂੰ ਅੰਧੇਰੇ ਨਹੀਂ ਸਗੋਂ ਪ੍ਰਕਾਸ਼ ਵੱਲ ਲੈ ਕੇ ਜਾਣਾ ਹੈ।

## ਚੱਕ ਕਾਸਮ 'ਚ ਕਿਸਾਨ-ਮਜ਼ਦੂਰ ਭਲਾਈ ਸੁਸਾਇਟੀ ਦੀ ਸਾਂਝੀ ਮੀਟਿੰਗ

**ਅੱਡਾ ਸਰਾਂ ( ਜਸਵੀਰ ਕਾਜਲ)**-ਨੌਜਵਾਨ ਕਿਸਾਨ ਮਜ਼ਦੂਰ ਭਲਾਈ ਸੁਸਾਇਟੀ ਰਜਿ ਦੇ ਪ੍ਰਧਾਨ ਉਂਕਾਰ ਸਿੰਘ ਧਾਮੀ ਅਤੇ ਕਿਸਾਨ ਮਜ਼ਦੂਰ ਹਿੱਤਕਾਰ ਸਭਾ ਦੀ ਮੀਟਿੰਗ ਪਿੰਡ ਚੱਕ ਕਾਸਮ ਵਿਖੇ ਹੋਈ । ਇਸ ਮੌਕੇ ਸਰਦਾਰ ਧਾਮੀ ਨੇ ਕਿਹਾ ਦੋਨੋਂ ਕਮੇਟੀਆਂ ਨੇ ਫੈਸਲਾ ਕੀਤਾ ਕਿ ਅਸੀਂ ਹਰੇਕ ਸੰਘਰਸ਼ ਰਲ ਕੇ ਸੰਘਰਸ਼ ਕੀਤਾ ਗਿਆ ਜਾਵੇਗਾ । ਹਿਤਕਾਰੀ ਸਭਾ ਦੇ ਪ੍ਰਧਾਨ ਬਲਕਾਰ ਸਿੰਘ ਅਤੇ ਜਨਰਲ ਸਕੱਤਰ ਉਂਕਾਰ ਸਿੰਘ ਬਰਾੜ ਨੇ ਕਿਹਾ ਕਿ ਲੋਕ ਹਿੱਤਾਂ ਦੀ ਲੜਾਈ ਲੜਾਂਗੇ ਅਤੇ ਸਾਂਝੇ ਫੈਸਲੇ ਸਲਾਹ-ਮਸ਼ਵਰਾ ਰਾਹੀਂ ਅੰਜਾਮ ਦੇਵਾਂਗੇ । ਬਲਕਾਰ ਸਿੰਘ, ਉਂਕਾਰ ਸਿੰਘ ਧਾਮੀ, ਬਾਬਾ ਦਵਿੰਦਰ ਸਿੰਘ, ਉਂਕਾਰ ਸਿੰਘ ਪੁਰਾਵਾ ਭੰਗਾਲਾ ਨੇ ਕਿਹਾ ਸਰਕਾਰ ਦੇ ਮੌਸਮੀ ਬਦਲਾਅ ਕਾਰਨ ਹੋਏ ਨੁਕਸਾਨ ਦੀ ਭਰਪਾਈ ਕਰੇ, ਪਿੰਡਾਂ ਵਿੱਚ ਵਿਕਾਸ ਕਾਰਜ ਧੀਮੀ ਗਤੀ ਨਾਲ ਚੱਲ ਰਹੇ ਹਨ, ਇਨ੍ਹਾਂ ਵਿੱਚ ਤੇਜ਼ੀ ਲਿਆਂਦੀ ਜਾਵੇ। ਸਰਕਾਰੀ ਵਿਭਾਗ ਅੰਦਰ ਰਿਸ਼ਵਤਖੋਰੀ ,ਲੋਕਾਂ ਦੇ ਕੰਮ ਵਿੱਚ ਹੁੰਦੀ ਦੇਰੀ ਵਿੱਚ ਤੇਜ਼ੀ ਲਿਆਂਦੀ ਜਾਵੇ । ਹੋਰਨਾਂ ਤੋਂ ਇਲਾਵਾ ਹਰਜੀਤ ਸਿੰਘ ਨੰਗਲ, ਬਲਵੀਰ ਸਿੰਘ ,ਗੁਰਦੀਪ ਸਿੰਘ, ਨਿਰਮਲ ਸਿੰਘ ਨੂਰਪੁਰ ,ਨਾਨਕ ਸਿੰਘ, ਹਰਦੀਪ ਸਿੰਘ ,ਨਰਿੰਦਰ ਸਿੰਘ, ਹਰਦੀਪ ਸਿੰਘ ਧਨੋਆ, ਜਥੇਦਾਰ ਗੁਰਦੇਵ ਸਿੰਘ ਮੁਖੀ ਧੰਨਾ ਜੱਟ ਦਲ ਪੰਥ, ਸ਼ਾਮਲ ਸਨ ।

## ਹੋਰਨਾਂ ਪਾਰਟੀਆਂ ਦੇ ਆਗੂਆਂ ਦਾ 'ਆਪ' 'ਚ ਸ਼ਾਮਲ ਹੋਣਾ ਲਗਾਤਾਰ ਜਾਰੀ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਇਥੇ ਜਲੰਧਰ ਲੋਕ ਸਭਾ ਹਲਕਾ ਸ਼ਾਹਕੋਟ ਵਿਖੇ ਹੋਏ ਇੱਕ ਪ੍ਰੋਗਰਾਮ ਦੌਰਾਨ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਅਤੇ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਹੋਰਨਾਂ ਪਾਰਟੀਆਂ ਨਾਲ ਸਬੰਧਤ ਆਗੂ 'ਆਪ' 'ਚ ਸ਼ਾਮਲ ਹੋ ਗਏ। 'ਆਪ' ਪੰਜਾਬ ਦੇ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਨੇ ਇਨ੍ਹਾਂ ਪਰਵਾਰਾਂ ਦਾ ਪਾਰਟੀ ਵਿੱਚ ਆਉਣ 'ਤੇ ਸਵਾਗਤ ਕਰਦਿਆਂ ਪਾਰਟੀ ਵਿੱਚ ਰਸਮੀ ਤੌਰ 'ਤੇ ਸ਼ਾਮਲ ਕੀਤਾ।

ਇਸ ਮੌਕੇ ਹਰਚੰਦ ਸਿੰਘ ਬਰਸਟ ਤੋਂ ਇਲਾਵਾ ਵਿਧਾਇਕ ਸਰਵਣ ਸਿੰਘ ਧੁੰਨ, ਰਤਨ ਸਿੰਘ ਕੱਕੜ ਕਲਾਂ, ਰਾਜਿੰਦਰ ਸਿੰਘ ਰਹਿਲ ਅਤੇ ਸਤੀਸ਼ ਰਿਹਾਨ ਸਾਬਕਾ ਪ੍ਰਧਾਨ ਨਗਰ ਪੰਚਾਇਤ ਸ਼ਾਹਕੋਟ ਹਾਜ਼ਰ ਸਨ, ਜੋ ਕਿ ਇਸ ਮੌਕੇ (ਸਤੀਸ਼ ਰਿਹਾਨ) ਕਾਂਗਰਸ ਪਾਰਟੀ ਨੂੰ ਛੱਡ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਦਾ ਹਿੱਸਾ ਬਣ ਗਏ। ਉਨ੍ਹਾਂ ਤੋਂ ਇਲਾਵਾ ਜਤਿੰਦਰਪਾਲ ਸਿੰਘ ਬੱਲਾ ਸਾਬਕਾ ਐਮ ਸੀ, ਬਿੰਦਰ ਸਿੰਘ ਥਿੰਦ, ਹਰਵਿੰਦਰ ਕੌਰ ਥਿੰਦ ਸਾਬਕਾ ਐਮ ਸੀ, ਰਾਣੀ ਢੇਸੀ ਸਾਬਕਾ ਐਮ ਸੀ, ਜਰਨੈਲ ਕੌਰ ਸਾਬਕਾ ਐਮ ਸੀ, ਸ਼ਿਵ ਸੰਭੂ ਗੁਪਤਾ, ਗੌਤਮ ਪੁਰੀ ਪ੍ਰੈਸ ਰਿਪੋਰਟਰ, ਸੁਰਿੰਦਰ ਕੁਮਾਰ ਤੇਜੀ, ਸ਼ਿਵ ਮਲਹੋਤਰਾ, ਬਬਲੂ ਰਿਹਾਨ, ਇੰਦਰਜੀਤ ਸਿੰਘ, ਪ੍ਰਵੀਨ ਸ਼ਰਮਾਂ, ਪੁਨੀਤ ਰਿਹਾਨ, ਮੁਨੀਸ਼ ਕੁਮਾਰ, ਗਗਨਦੀਪ ਸਿੰਘ, ਭਜਨ ਸਿੰਘ, ਸੁਰਿੰਦਰ ਕੁਮਾਰ ਤੇਜੀ, ਲਾਡੀ ਨਾਹਰ, ਮਲਕੀਅਤ ਸਿੰਘ ਜੱਸਲ, ਨੰਦ ਲਾਲ ਕੰਡੇ ਵਾਲੇ , ਬੌਬੀ, ਪ੍ਰਕਾਸ਼ ਪਾਸੀ, ਹਰਦੇਵ ਅਤੇ ਡਾਕਟਰ ਵਿਲੀਅਮ ਜੌਹਰ ਅਤੇ ਹੋਰ ਸਾਥੀ 'ਆਪ' 'ਚ ਸ਼ਾਮਲ ਹੋ ਗਏ।

# ਸ਼ੈਲਰ ਲਗਾਉਣ ਦੀ ਤਜਵੀਜ਼ ਦਾ ਪਿੰਡ ਵਾਸੀਆਂ ਵੱਲੋਂ ਵਿਰੋਧ

## ਪਿੰਡ ਵਾਲਿਆਂ ਨੇ ਲਗਾਇਆ ਚੇਤਾਵਨੀ ਬੋਰਡ

**ਜ਼ੀਰਾ (ਪਰਮਜੀਤ ਸਿੰਘ ਧੰਜੂ)**
ਤਹਿਸੀਲ ਜ਼ੀਰਾ ਦੇ ਅਧੀਨ ਆਉਂਦੀ ਵਸਤੀ ਆਸਾ ਸਿੰਘ ਦਾਖਲੀ ਬਹਿਕ ਫੱਤੂ ਵਿਖੇ ਜ਼ੀਰਾ ਸ਼ਹਿਰ ਦੇ ਕੁਝ ਵਪਾਰੀਆਂ ਵੱਲੋਂ ਚਾਵਲ ਸ਼ੈਲਰ ਲਗਾਉਣ ਦੀ ਤਜਵੀਜ਼ ਬਾਰੇ ਪਤਾ ਲੱਗਣ 'ਤੇ ਪਿੰਡ ਵਾਸੀਆਂ ਵਿੱਚ ਕਾਫ਼ੀ ਰੋਸ ਪਾਇਆ ਜਾ ਰਿਹਾ ਹੈ।
ਪਿੰਡ ਵਾਲਿਆਂ ਵੱਲੋਂ ਇੱਕ ਚੇਤਾਵਨੀ ਬੋਰਡ ਵੀ ਲਗਾਇਆ ਗਿਆ ਹੈ, ਜਿਸ ਵਿੱਚ ਤਜਵੀਜ਼ਤ ਸ਼ੈਲਰ ਨਾ ਲੱਗਣ ਦੇਣ ਬਾਰੇ ਸੂਚਨਾ ਜਾਰੀ ਕੀਤੀ ਗਈ ਹੈ। ਇੱਕ ਪਾਸੇ ਤਾਂ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਹੋਰ ਹੇਠਾਂ ਜਾਣ ਤੋਂ ਰੋਕਣ ਲਈ ਘੱਟ ਪਾਣੀ ਵਾਲੀਆਂ ਫਸਲਾਂ ਨੂੰ ਉਤਸ਼ਾਹਤ ਕਰਨ ਲਈ ਸਰਕਾਰ ਉਪਰਾਲੇ ਕਰਨ ਦੇ ਢੌਂਗ ਰਚ ਰਹੀ ਹੈ ਤੇ ਦੂਸਰੇ ਪਾਸੇ ਝੋਨੇ ਵਰਗੀ ਪੰਜਾਬ ਮਾਰੂ ਫਸਲ ਨਾਲ ਸਬੰਧਤ ਉਦਯੋਗਾਂ ਨੂੰ ਹਰੀ ਝੰਡੀ ਦਿੱਤੀ ਜਾ ਰਹੀ ਹੈ। ਸਬੰਧਤ ਮਹਿਕਮੇ ਦੇ ਅਧਿਕਾਰੀਆਂ ਵੱਲੋਂ ਪਿੰਡ ਵਸਤੀ ਆਸਾ ਸਿੰਘ ਦਾਖਲੀ ਬਹਿਕ ਫੱਤੂ ਵਿਖੇ ਤਜਵੀਜ਼ਤ ਸ਼ੈਲਰ ਵਾਲੀ ਥਾਂ ਦਾ ਮੁਆਇਨਾ ਕਰਨ ਪਿੱਛੋਂ ਪਿੰਡ ਵਾਸੀਆਂ ਵਿੱਚ ਭਾਰੀ ਰੋਹ ਪਾਇਆ ਜਾ ਰਿਹਾ ਹੈ ਕਿ ਸਾਡੇ ਪਿੰਡ ਦੇ ਪੌਣ ਪਾਣੀ ਨਾਲ ਭਵਿੱਖ ਵਿੱਚ ਖਿਲਵਾੜ ਕਰਨ ਵਾਲੇ ਅਜਿਹੇ ਕਿਸੇ ਵੀ ਉਦਯੋਗ ਨੂੰ ਸਥਾਪਤ ਨਹੀਂ ਹੋਣ ਦਿੱਤਾ ਜਾਵੇਗਾ। ਭਾਕਿਯੂ ਦੇ ਵੱਖ ਵੱਖ ਅਹੁਦੇਦਾਰਾਂ ਨੇ ਇਕਸੁਰਤਾ ਪ੍ਰਗਟਾਉਂਦਿਆਂ ਕਿਹਾ ਕਿ ਪਿੰਡ ਵਾਸੀਆਂ ਦੀ ਸਹਿਮਤੀ ਤੋਂ ਬਿਨਾਂ ਵਪਾਰੀਆਂ ਵੱਲੋਂ ਪੈਸੇ ਦੇ ਜ਼ੋਰ 'ਤੇ ਵੱਖ ਵੱਖ ਮਹਿਕਮਿਆਂ ਤੋਂ ਐਨ ਓ ਸੀ ਲੈਣ ਨਾਲ ਸਬੰਧਤ ਅਧਿਕਾਰੀਆਂ ਨੂੰ ਕਟਹਿਰੇ ਵਿੱਚ ਖੜਾ ਕਰਾਂਗੇ। ਉਨ੍ਹਾਂ ਪਿੰਡ ਵਾਸੀਆਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਦਿਆਂ ਕਿਹਾ ਕਿ ਜੇਕਰ ਪਿੰਡ ਵਾਸੀਆਂ ਦੇ ਖਿਲਾਫ਼ ਜਾ ਕੇ ਪ੍ਰਸ਼ਾਸਨ ਵੱਲੋਂ ਸ਼ੈਲਰ ਸਥਾਪਤ ਕਰਵਾਉਣ ਲਈ ਕੋਸ਼ਿਸ਼ਾਂ ਕੀਤੀਆਂ ਗਈਆਂ ਤਾਂ ਸਮੂਹ ਜਥੇਬੰਦੀਆਂ ਦੇ ਸਾਥ ਨਾਲ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।
ਇਸ ਮੌਕੇ ਹਰਬੰਸ ਸਿੰਘ ਧੰਜੂ, ਮੇਜਰ ਸਿੰਘ ਧੰਜੂ, ਸੁਰਿੰਦਰ ਸਿੰਘ ਧੰਜੂ, ਕੁਲਵਿੰਦਰ ਸਿੰਘ ਧੰਜੂ, ਪਰਵਿੰਦਰ ਸਿੰਘ ਧੰਜੂ, ਜਸਵੰਤ ਸਿੰਘ ਧੰਜੂ, ਰਛਪਾਲ ਸਿੰਘ ਧੰਜੂ, ਜਸਪਾਲ ਸਿੰਘ, ਰੂਪਨਦੀਪ ਸਿੰਘ, ਅਨਮੋਲਦੀਪ ਸਿੰਘ, ਗੁਰਜਿੰਦਰ ਸਿੰਘ ਆਦਿ ਤੋਂ ਇਲਾਵਾ ਹੋਰ ਵੀ ਕਈ ਪਿੰਡ ਵਾਸੀ ਹਾਜ਼ਰ ਸਨ।

# ਲਿਬਰੇਸ਼ਨ ਨੇ ਬਰਾਂਚ ਪੱਧਰ 'ਤੇ ਮਨਾਇਆ ਪਾਰਟੀ ਸਥਾਪਨਾ ਦਿਵਸ

## ਲੈਨਿਨ ਤੇ ਸ਼ਹੀਦਾਂ ਨੂੰ ਦਿੱਤੀ ਸ਼ਰਧਾਂਜਲੀ

**ਮਾਨਸਾ (ਆਤਮਾ ਸਿੰਘ ਪਮਾਰ)**
ਸੀ ਪੀ ਆਈ (ਐੱਮ ਐੱਲ) ਦੇ 54ਵੇਂ ਸਥਾਪਨਾ ਦਿਨ ਮੌਕੇ ਜ਼ਿਲ੍ਹਾ ਹੈੱਡਕੁਆਟਰ ਸਮੇਤ ਵੱਖ ਵੱਖ ਪਿੰਡਾਂ, ਮੁਹੱਲਿਆਂ ਤੇ ਜਨਤਕ ਸੰਗਠਨਾਂ ਵਿਚਲੀਆਂ ਪਾਰਟੀ ਬਰਾਂਚਾਂ ਨੇ ਮੀਟਿੰਗਾਂ ਕਰਕੇ ਬੀਜੇਪੀ ਨੂੰ ਹਰਾਉਣ ਲਈ, ਗੈਰ-ਫਾਸਿਸਟ ਤਾਕਤਾਂ ਨੂੰ ਇਕਜੁੱਟ ਕਰਨ ਤੇ ਇਨਕਲਾਬੀ ਖੱਬੇ ਪੱਖ ਨੂੰ ਮਜ਼ਬੂਤ ਕਰਨ ਦਾ ਸੰਕਲਪ ਲਿਆ। ਪਾਰਟੀ ਕਾਰਕੁਨਾਂ ਨੇ ਜਨਮ ਦਿਵਸ ਮੌਕੇ ਸੰਸਾਰ ਦੀ ਇਨਕਲਾਬੀ ਮਜ਼ਦੂਰ ਲਹਿਰ ਦੇ ਮਹਾਨ ਆਗੂ ਤੇ ਸਿਧਾਂਤਕਾਰ ਕਾਮਰੇਡ ਲੈਨਿਨ ਦੀ ਜੀਵਨ ਭਰ ਕੀਤੀ ਅਥਾਹ ਇਨਕਲਾਬੀ ਘਾਲਣਾ ਨੂੰ ਵੀ ਸਲਾਮ ਕੀਤਾ। ਵੱਖ ਵੱਖ ਸਥਾਨਾਂ 'ਤੇ ਹੋਈਆਂ ਪਾਰਟੀ ਮੀਟਿੰਗਾਂ ਨੂੰ ਇਸ ਦੇ ਸੂਬਾਈ, ਜ਼ਿਲ੍ਹਾ ਤੇ ਸਥਾਨਕ ਆਗੂਆਂ ਨੇ ਸੰਬੋਧਨ ਕੀਤਾ। ਪਾਰਟੀ ਦੇ ਸੂਬਾਈ ਦਫਤਰ ਬਾਬਾ ਬੂਝਾ ਸਿੰਘ ਭਵਨ ਵਿਖੇ ਹੋਈ ਮਾਨਸਾ ਸ਼ਹਿਰੀ ਕਮੇਟੀ ਦੀ ਮੀਟਿੰਗ ਨੇ ਜਿੱਥੇ ਪਿਛਲੇ ਦਿਨੀਂ ਵਿੱਛੜ ਗਏ ਸਾਥੀ ਵੀਰ ਸਿੰਘ ਭੰਮੇ, ਜੱਗਾ ਸਿੰਘ ਉੱਭਾ, ਜਗਰੂਪ ਸਿੰਘ ਡੇਲੂਆਨਾ ਤੇ ਜੰਮੂ ਕਸ਼ਮੀਰ ਵਿੱਚ ਇੱਕ ਗਰਨੇਡ ਹਮਲੇ 'ਚ ਮਾਰੇ ਗਏ ਪੰਜ ਫੌਜੀ ਜੁਆਨਾਂ ਸਮੇਤ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਵਜੋਂ ਇਕ ਮਿੰਟ ਦਾ ਮੌਨ ਰੱਖਿਆ, ਉਥੇ ਹੀ ਦਿੱਲੀ ਵਿਖੇ ਜੰਮੂ ਕਸ਼ਮੀਰ ਦੇ ਸਾਬਕਾ ਗਵਰਨਰ ਸਤਪਾਲ ਮਲਿਕ ਨਾਲ ਇਕਜੁੱਟਤਾ ਦਾ ਮੁਜ਼ਾਹਰਾ ਕਰ ਰਹੇ ਕਿਸਾਨ ਆਗੂਆਂ ਤੇ ਖਾਪ ਪੰਚਾਇਤਾਂ ਦੇ ਪ੍ਰਤੀਨਿਧਾਂ ਨੂੰ ਦਿੱਲੀ ਪੁਲਸ ਵੱਲੋਂ ਗ੍ਰਿਫਤਾਰ ਕਰਨ ਦੀ ਸਖਤ ਨਿੰਦਾ ਕੀਤੀ ਗਈ। ਮੀਟਿੰਗ ਨੂੰ ਕਾਮਰੇਡ ਸੁਖਦਰਸ਼ਨ ਸਿੰਘ ਨੱਤ, ਨਛੱਤਰ ਸਿੰਘ ਖੀਵਾ, ਜਸਬੀਰ ਕੌਰ ਨੱਤ, ਸੁਰਿੰਦਰ ਪਾਲ ਸ਼ਰਮਾ, ਗੁਰਸੇਵਕ ਮਾਨ ਤੇ ਕ੍ਰਿਸ਼ਨਾ ਕੌਰ ਨੇ ਵੀ ਸੰਬੋਧਨ ਕੀਤਾ।

# ਵਿਧਾਇਕ ਵੱਲੋਂ ਬੱਸ ਸਟੈਂਡ 'ਤੇ ਚੱਲ ਰਹੇ ਕਾਰਜਾਂ ਦਾ ਜਾਇਜ਼ਾ

ਵਿਧਾਇਕ ਦੇਵ ਮਾਨ ਨਵੇਂ ਬੱਸ ਸਟੈਂਡ ਦੇ ਕਾਰਜਾਂ ਦਾ ਜਾਇਜ਼ਾ ਲੈਂਦੇ ਹੋਏ।

**ਨਾਭਾ (ਵਰਿੰਦਰ ਵਰਮਾ)**-ਰਿਆਸਤੀ ਸ਼ਹਿਰ ਨਾਭਾ ਦੇ ਨਵੇਂ ਬੱਸ ਸਟੈਂਡ ਦੇ ਸੁੰਦਰੀਕਰਨ ਦਾ ਕੰਮ ਜ਼ੋਰ-ਸ਼ੋਰ ਨਾਲ ਚੱਲ ਰਿਹਾ ਹੈ, ਜਿਸ ਦਾ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਸਮੁੱਚੀ ਟੀਮ ਸਮੇਤ ਬਾਅਦ ਦੁਪਹਿਰ ਅਚਾਨਕ ਪਹੁੰਚ ਕੇ ਜਾਇਜ਼ਾ ਲਿਆ ਅਤੇ ਉਥੇ ਬੈਠੇ ਯਾਤਰੀਆਂ, ਡਰਾਈਵਰਾਂ ਤੇ ਕੰਡਕਟਰਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ। ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਦੇਵ ਮਾਨ ਨੇ ਕਿਹਾ ਕਿ ਥੋੜ੍ਹੇ ਦਿਨਾਂ ਵਿੱਚ ਹੀ ਨਵਾਂ ਬੱਸ ਸਟੈਂਡ ਸੋਹਣਾ ਤੇ ਸਜਿਆ ਹੋਇਆ ਨਜ਼ਰ ਆਵੇਗਾ। ਉਨ੍ਹਾਂ ਕਿਹਾ ਕਿ ਜਿੱਥੇ ਬੱਸ ਸਟੈਂਡ ਵਿੱਚ ਇੰਟਰਲਾਕਿੰਗ ਟਾਇਲ ਦਾ ਕੰਮ ਚੱਲ ਰਿਹਾ ਹੈ, ਉਥੇ ਸੋਹਣੀਆਂ ਤੇ ਰੰਗ ਬਰੰਗੀਆਂ ਲਾਈਟਾਂ ਤੇ ਐੱਲ.ਈ.ਡੀ. ਲਗਾਉਣ ਦੇ ਨਾਲ ਨਾਲ ਪੀਣ ਵਾਲੇ ਪਾਣੀ ਦਾ ਵਧੀਆ ਪ੍ਰਬੰਧ ਹੋਵੇਗਾ। ਵਿਧਾਇਕ ਦੇਵ ਮਾਨ ਨੇ ਕਿਹਾ ਕਿ ਨਾਭਾ ਦੇ ਬੱਸ ਸਟੈਂਡ ਵਿੱਚ ਸੀਸੀਟੀਵੀ ਕੈਮਰੇ ਲਗਾਏ ਜਾਣਗੇ ਤਾਂ ਜੋ ਸਮਾਜ ਵਿਰੋਧੀ ਤੇ ਸ਼ਰਾਰਤੀ ਅਨਸਰਾਂ 'ਤੇ ਤੀਜੀ ਅੱਖ ਨਾਲ ਪੈਨੀ ਨਜ਼ਰ ਰੱਖੀ ਜਾ ਸਕੇ। ਉਨ੍ਹਾ ਕਿਹਾ ਕਿ ਨਗਰ ਕੌਂਸਲ ਪ੍ਰਧਾਨ ਸੁਜਾਤਾ ਚਾਵਲਾ ਦੀ ਅਗਵਾਈ 'ਚ ਸਮੁੱਚੀ ਟੀਮ ਸ਼ਹਿਰ ਨੂੰ ਸੁੰਦਰ ਬਣਾਉਣ 'ਚ ਕੋਈ ਕਸਰ ਬਾਕੀ ਨਹੀਂ ਛੱਡ ਰਹੀ, ਜਿਸ ਕਰਕੇ ਉਹ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦੇਣਗੇ। ਇਸ ਮੌਕੇ ਆਮ ਆਦਮੀ ਪਾਰਟੀ ਸੀਨੀਅਰ ਆਗੂ ਕਪਿਲ ਮਾਨ, ਤੇਜਿੰਦਰ ਸਿੰਘ ਖਹਿਰਾ, ਪੰਕਜ ਪੱਪੂ, ਧਰਮਿੰਦਰ ਸਿੰਘ ਸੁਖੇਵਾਲ ਆਦਿ ਮੌਜੂਦ ਸਨ।

## ਕਾਤਰਾਂ

### ਸੋਨੀਆ ਨੂੰ ਵਿਕਾਸ ਮਿਸ਼ਨ ਕਰੇਗਾ ਸਨਮਾਨਤ : ਢੋਸੀਵਾਲ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਥਾਨਕ ਸ਼ਹਿਰ ਦੇ ਗੁਰੂ ਅੰਗਦ ਦੇਵ ਨਗਰ ਦੀ ਜੰਮਪਲ ਸੋਨੀਆ ਈ.ਟੀ.ਈ. ਟੀਚਰ ਨੇ ਪੰਜਾਬ ਯੂਨੀਵਰਸਿਟੀ ਦੀ ਬੀ. ਐੱਡ. ਦੀ ਪ੍ਰੀਖਿਆ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਆਪਣੇ ਮਾਂ-ਬਾਪ ਤੇ ਇਲਾਕੇ ਦਾ ਨਾਮ ਚਮਕਾਇਆ ਹੈ। ਅਧਿਆਪਕਾ ਸੋਨੀਆ ਨੇ ਪੰਜਾਬ ਯੂਨੀਵਰਸਿਟੀ ਡਿਸਟੈਂਸ ਐਜੂਕੇਸ਼ਨ ਸਕੀਮ ਅਧੀਨ ਯੂਨੀਵਰਸਿਟੀ ਸਕੂਲ ਆਫ ਲਰਨਿੰਗ ਪ੍ਰਣਾਲੀ ਤਹਿਤ ਉਕਤ ਪ੍ਰੀਖਿਆ ਦਿੱਤੀ ਸੀ। ਜ਼ਿਕਰਯੋਗ ਹੈ ਕਿ ਸੋਨੀਆ ਸਮਾਜ ਦੇ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਸੀਨੀਅਰ ਮੈਂਬਰ ਤੇ ਸਥਾਨਕ ਨੈਸ਼ਨਲ ਇਸ਼ੋਰੈਂਸ ਕੰਪਨੀ ਵਿੱਚ ਤਾਇਨਾਤ ਐਡਮਨਿਸਟ੍ਰੇਟਿਵ ਅਫਸਰ ਅਮਰ ਨਾਥ ਦੀ ਹੋਣਹਾਰ ਬੇਟੀ ਹੈ। ਸੋਨੀਆ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਮਿਸ਼ਨ ਦੇ ਪ੍ਰਧਾਨ ਜਗਦੀਸ਼ ਰਾਏ ਢੋਸੀਵਾਲ, ਚੀਫ ਪੈਟਰਨ ਇੰਸਪੈਕਟਰ ਜਗਸੀਰ ਸਿੰਘ, ਚੇਅਰਮੈਨ ਇੰਜ. ਅਸ਼ੋਕ ਕੁਮਾਰ ਭਾਰਤੀ, ਸੀਨੀਅਰ ਮੀਤ ਪ੍ਰਧਾਨ ਨਿਰੰਜਣ ਸਿੰਘ ਰੱਖਰਾ ਤੇ ਜਨਰਲ ਸਕੱਤਰ ਡਾ. ਜਸਵਿੰਦਰ ਸਿੰਘ ਸਮੇਤ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਨੇ ਅਮਰ ਨਾਥ ਪਰਿਵਾਰ ਨੂੰ ਵਧਾਈ ਦਿੱਤੀ ਹੈ। ਉਕਤ ਜਾਣਕਾਰੀ ਦਿੰਦੇ ਹੋਏ ਮਿਸ਼ਨ ਮੁਖੀ ਢੋਸੀਵਾਲ ਨੇ ਦੱਸਿਆ ਕਿ ਮੁਕਤਸਰ ਵਿਕਾਸ ਮਿਸ਼ਨ ਵੱਲੋਂ ਆਉਂਦੀ 30 ਅਪ੍ਰੈਲ ਨੂੰ ਸਵੇਰੇ 11:00 ਵਜੇ ਸਥਾਨਕ ਪਵਨ ਹੋਟਲ ਐਂਡ ਸਵੀਟਸ ਸ਼ਾਪ ਵਿਖੇ ਸਨਮਾਨਤ ਕੀਤਾ ਜਾਵੇਗਾ।

### ਸਰਵਹਿੱਤਕਾਰੀ ਸਕੂਲ ਦੇ ਵਿਦਿਆਰਥੀ ਨੂੰ ਕੀਤਾ ਅਡਾਪਟ

**ਜਗਰਾਓਂ (ਅਮਿਤ ਖੰਨਾ)**-ਸਰਵਹਿੱਤਕਾਰੀ ਸਕੂਲ ਦੇ ਇੱਕ ਵਿਦਿਆਰਥੀ ਨੂੰ ਅਡਾਪਟ ਟੂ ਐਜੂਕੇਸ਼ਨ ਲਈ ਗੋਦ ਲਿਆ ਗਿਆ। ਪ੍ਰਿੰਸੀਪਲ ਨੀਲੂ ਨਰੂਲਾ ਨੇ ਦੱਸਿਆ ਵਿੱਦਿਆ ਮੰਦਰ ਦੀ ਪ੍ਰਬੰਧਕ ਕਮੇਟੀ ਦੇ ਸਾਬਕਾ ਮੈਨੇਜਰ ਰਵਿੰਦਰ ਗੁਪਤਾ ਵੱਲੋਂ 'ਅਡਾਪਟ ਟੂ ਐਜੂਕੇਸ਼ਨ' ਸਕੀਮ ਤਹਿਤ ਸਕੂਲ ਦੇ ਇੱਕ ਵਿਦਿਆਰਥੀ ਨੂੰ ਗੋਦ ਲਿਆ ਗਿਆ। ਉਨ੍ਹਾਂ ਦੱਸਿਆ ਕਿ ਬੱਚੇ ਦੀ ਬਹੁਤ ਹੀ ਕਮਜ਼ੋਰ ਆਰਥਿਕ ਹਾਲਤ ਤੇ ਬੱਚੇ ਦੀ ਪੜ੍ਹਾਈ 'ਚ ਰੁਚੀ ਨੂੰ ਦੇਖਦੇ ਹੋਏ ਰਵਿੰਦਰ ਗੁਪਤਾ ਨੇ ਉਸ ਬੱਚੇ ਦੀ ਪੜ੍ਹਾਈ ਦਾ ਖਰਚਾ ਚੁੱਕਣ ਵਿੱਚ ਯੋਗਦਾਨ ਪਾਇਆ, ਜੋ ਕਿ ਬਹੁਤ ਹੀ ਸ਼ਲਾਘਾਯੋਗ ਕਾਰਜ ਹੈ। ਪ੍ਰਿੰਸੀਪਲ ਨੀਲੂ ਨਰੂਲਾ ਨੇ ਰਵਿੰਦਰ ਗੁਪਤਾ ਦਾ ਧੰਨਵਾਦ ਕਰਦਿਆਂ ਹੋਰ ਲੋਕਾਂ ਨੂੰ ਗਰੀਬ ਤੇ ਲੋੜਵੰਦ ਵਿਦਿਆਰਥੀਆਂ ਨੂੰ ਅਡਾਪਟ ਕਰਨ ਦੀ ਅਪੀਲ ਕੀਤੀ।

### ਏ ਐੱਸ ਆਈ ਸੁਖਮੰਦਰ ਸਿੰਘ ਸਬ-ਡਵੀਜ਼ਨ ਬਾਘਾ ਪੁਰਾਣਾ ਦੇ ਇੰਚਾਰਜ ਨਿਯੁਕਤ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਜ਼ਿਲ੍ਹਾ ਪੁਲਸ ਮੁਖੀ ਦੇ ਆਦੇਸ਼ਾਂ 'ਤੇ ਪਿਛਲੇ ਲੰਮੇ ਸਮੇਂ ਤੋਂ ਪੂਰੀ ਇਮਾਨਦਾਰੀ ਦੇ ਨਾਲ ਟ੍ਰੈਫਿਕ ਪੁਲਸ ਵਿੱਚ ਸੇਵਾਵਾਂ ਨਿਭਾਉਣ ਵਾਲੇ ਸਹਾਇਕ ਥਾਣੇਦਾਰ ਸੁਖਮੰਦਰ ਸਿੰਘ ਨੂੰ ਸਬ ਡਵੀਜ਼ਨ ਬਾਘਾ ਪੁਰਾਣਾ ਦੇ ਸਾਂਝ ਕੇਂਦਰ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਜ਼ਿਲ੍ਹਾ ਸਾਂਝ ਕੇਂਦਰ ਇੰਚਾਰਜ ਹਰਜੀਤ ਸਿੰਘ ਦੀ ਰਹਿਨੁਮਾਈ ਵਿੱਚ ਸਹਾਇਕ ਥਾਣੇਦਾਰ ਸੁਖਮੰਦਰ ਸਿੰਘ ਨੇ ਸਬ ਡਵੀਜ਼ਨ ਬਾਘਾ ਪੁਰਾਣਾ ਦੇ ਸਾਂਝ ਕੇਂਦਰ ਦੇ ਇੰਚਾਰਜ ਦੇ ਤੌਰ 'ਤੇ ਅਹੁਦਾ ਸੰਭਾਲਿਆ ਤੇ ਇਸ ਦੌਰਾਨ ਉਨ੍ਹਾਂ ਨੇ ਬਤੌਰ ਸਬ ਡਵੀਜ਼ਨ ਸਾਂਝ ਕੇਂਦਰ ਇੰਚਾਰਜ ਪੂਰੀ ਇਮਾਨਦਾਰੀ ਦੇ ਨਾਲ ਆਪਣੀਆਂ ਸੇਵਾਵਾਂ ਨਿਭਾਉਣ ਦੀ ਗੱਲ ਕਹੀ। ਇਸ ਮੌਕੇ ਏ.ਐੱਸ.ਆਈ. ਕੇਵਲ ਸਿੰਘ ਤੇ ਹੈੱਡ ਕਾਂਸਟੇਬਲ ਦਲਜੀਤ ਸਿੰਘ, ਕਰਮਜੀਤ ਸਿੰਘ ਤੇ ਗਗਨਦੀਪ ਸਿੰਘ ਦੇ ਇਲਾਵਾ ਟੀਮ ਮੈਂਬਰ ਹਾਜ਼ਰ ਸਨ।

# ਸਟੈਨਫੋਰਡ ਸਕੂਲ 'ਚ ਈਦ ਨੂੰ ਸਮਰਪਤ ਪ੍ਰੋਗਰਾਮ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਨਾਮਵਰ ਵਿੱਦਿਅਕ ਸੰਸਥਾ ਸਟੈਨਫੋਰਡ ਇੰਟਰਨੈਸ਼ਨਲ ਸਕੂਲ ਚੰਨਣਵਾਲ ਵਿਖੇ ਪ੍ਰਬੰਧਕ ਕਮੇਟੀ ਤੇ ਪ੍ਰਿੰ: ਪ੍ਰਦੀਪ ਕੌਰ ਦੀ ਅਗਵਾਈ ਹੇਠ ਈਦ ਦੇ ਪਵਿੱਤਰ ਦਿਹਾੜੇ ਨੂੰ ਸਮਰਪਤ ਵਿਸ਼ੇਸ਼ ਪ੍ਰੋਗਰਾਮ ਕੀਤਾ ਗਿਆ। ਇਸ ਮੌਕੇ ਮੈਡਮ ਮਨਦੀਪ ਕੌਰ ਨੇ ਸਮੂਹ ਵਿਦਿਆਰਥੀਆਂ ਨੂੰ ਈਦ ਦੇ ਪਵਿੱਤਰ ਦਿਹਾੜੇ ਦੀ ਵਧਾਈ ਦਿੰਦਿਆਂ ਇਸ ਤਿਉਹਾਰ ਦੀ ਇਤਿਹਾਸਕ ਮਹੱਤਤਾ ਤੋਂ ਜਾਣੂ ਕਰਵਾਇਆ। ਇਸ ਦੌਰਾਨ ਸਕੂਲ ਦੇ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਦੀ ਪੇਸ਼ਕਾਰੀ ਤੋਂ ਇਲਾਵਾ ਨੌਵੀਂ ਜਮਾਤ ਡੈਫੋਡਿਲ ਦੇ ਵਿਦਿਆਰਥੀਆਂ ਨੇ ਨਾਟਕਾਂ ਰਾਹੀਂ ਉਸਾਰੂ ਸੁਨੇਹਾ ਦਿੱਤਾ। ਪ੍ਰਬੰਧਕ ਡਾ: ਤਪਿੰਦਰ ਸਿੰਘ ਗਰੇਵਾਲ ਨੇ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ। ਇਸ ਪ੍ਰੋਗਰਾਮ ਦੀ ਸਫਲਤਾ ਲਈ ਮੁਹੰਮਦ ਸਫੀ, ਮੈਡਮ ਬਲਵਿੰਦਰ ਕੌਰ ਤੇ ਮੈਡਮ ਅਨੁਰਾਧਾ ਵੱਲੋਂ ਅਹਿਮ ਸਹਿਯੋਗ ਦਿੱਤਾ ਗਿਆ।

# ਫਸਲਾਂ ਦੇ ਖਰਾਬੇ ਦੀ ਸਹੀ ਗਿਰਦਾਵਰੀ ਨਾ ਹੋਣ ਕਰਕੇ ਕਿਸਾਨਾਂ ਦਾ ਵੱਡਾ ਨੁਕਸਾਨ ਹੋਇਆ : ਬਰਮਾ, ਬੱਗਾ

**ਸਮਰਾਲਾ (ਸੁਰਜੀਤ ਸਿੰਘ)**-ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਜ਼ਿਲ੍ਹਾ ਪ੍ਰਧਾਨ ਲੁਧਿਆਣਾ ਸੁਪਿੰਦਰ ਸਿੰਘ ਬੱਗਾ ਤੇ ਗੁਰਦੀਪ ਸਿੰਘ ਬਰਮਾ ਵੱਲੋਂ ਪਿੰਡ ਭਾਗਪੁਰ ਵਿਖੇ ਭਾਰੀ ਗੜ੍ਹੇਮਾਰ ਨਾਲ ਨੁਕਸਾਨੀ ਕਣਕ ਦੇ ਖੇਤਾਂ ਦਾ ਦੌਰਾ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਬੇਮੌਸਮੀ ਬਾਰਸ਼ ਤੇ ਗੜ੍ਹੇਮਾਰੀ, ਝੱਖੜ ਕਾਰਨ ਫਸਲਾਂ ਦੇ ਹੋਏ ਨੁਕਸਾਨ ਦੀ ਪਟਵਾਰੀਆਂ ਵੱਲੋਂ ਸਹੀ ਗਿਰਦਾਵਰੀ ਨਹੀਂ ਕੀਤੀ ਜਾ ਰਹੀ ਹੈ ਤੇ ਪਟਵਾਰੀਆਂ ਵੱਲੋਂ ਨੁਕਸਾਨ ਨਾ ਹੋਣ ਦੀਆਂ ਰਿਪੋਰਟਾਂ ਬਣਾਈਆਂ ਜਾ ਰਹੀਆਂ ਹਨ। ਗੁਰਦੀਪ ਸਿੰਘ ਬਰਮਾ ਨੇ ਕਿਹਾ ਕਿ ਕਿਸਾਨਾਂ ਦੀ ਪੁੱਤਾਂ ਵਾਂਗੂ ਪਾਲੀ ਫਸਲ ਨੂੰ ਕੁਦਰਤ ਨੇ ਉਨ੍ਹਾਂ ਦੀਆਂ ਅੱਖਾਂ ਸਾਹਮਣੇ ਤਬਾਹ ਕਰਨ ਤੇ ਕਿਸਾਨਾਂ ਦੇ ਮੂੰਹ ਕੋਲ ਆਈ ਹੋਈ ਰੋਟੀ ਦੀ ਬੁਰਕੀ ਖੋਹਣ ਦਾ ਇਸ ਸਮੇਂ ਬੇਮੌਸਮੀ ਤੇ ਗੜ੍ਹੇਮਾਰ ਨੇ ਕੰਮ ਕੀਤਾ ਹੈ। ਸੁਪਿੰਦਰ ਸਿੰਘ ਬੱਗਾ ਨੇ ਕਿਹਾ ਕਿ ਸਰਕਾਰ ਵੱਲੋਂ ਕਿਸਾਨਾਂ ਦੀ ਬਾਂਹ ਫੜਨ ਦੀ ਬਜਾਏ ਮੁਆਵਜ਼ਾ ਦੇਣ ਦੇ ਨਾਮ ਉੱਪਰ ਮਜ਼ਾਕ ਕੀਤਾ ਜਾ ਰਿਹਾ ਤੇ ਸਰਕਾਰ ਵੱਲੋਂ ਅਖਬਾਰਾਂ ਤੇ ਟੀ ਵੀ ਚੈਨਲਾਂ ਉੱਪਰ ਕਿਸਾਨਾਂ ਨੂੰ ਮੁਆਵਜ਼ਾ ਦੇਣ ਦਾ ਐਲਾਨ ਕਰਕੇ ਸਿਰਫ ਖਾਨਾਪੂਰਤੀ ਹੀ ਕੀਤੀ ਜਾ ਰਹੀ ਹੈ ਅਤੇ ਗ੍ਰਾਊਂਡ ਪੱਧਰ 'ਤੇ ਸਰਕਾਰ ਵੱਲੋਂ ਕਿਸਾਨਾਂ ਨੂੰ ਮੁਆਵਜ਼ਾ ਨਾ ਦੇਣ ਲਈ ਕੰਮ ਕੀਤਾ ਜਾ ਰਿਹਾ ਅਤੇ ਇਸ ਤਰ੍ਹਾਂ ਲੱਗ ਰਿਹਾ ਹੈ ਕਿ ਗ੍ਰਾਊਂਡ ਪੱਧਰ 'ਤੇ 20% ਤੱਕ ਹੀ ਨੁਕਸਾਨ ਹੋਣ ਦੀਆਂ ਰਿਪੋਰਟਾਂ ਬਣਾਉਣ ਲਈ ਮੁਲਾਜ਼ਮਾਂ ਨੂੰ ਹੁਕਮ ਹੋਏ ਹਨ, ਜਿਸ ਕਾਰਨ ਹੀ ਮੁਲਾਜ਼ਮਾਂ ਵੱਲੋਂ ਫਸਲਾਂ ਦੇ 50 ਤੋਂ 80% ਨੁਕਸਾਨ ਨੂੰ ਅੱਖੀਂ ਦੇਖਣ ਤੋਂ ਬਾਅਦ ਵੀ 20% ਲਿਖ ਕੇ ਹੀ ਰਿਪੋਰਟਾਂ ਬਣਾ ਕੇ ਭੇਜੀਆਂ ਜਾ ਰਹੀਆਂ ਹਨ ਤੇ ਕਿਸਾਨਾਂ ਨੂੰ ਆਪਣੀਆਂ ਫਸਲਾਂ ਦੀ ਸਹੀ ਗਿਰਦਾਵਰੀ ਕਰਵਾਉਣ ਲਈ ਧਰਨੇ ਲਗਾਉਣ ਲਈ ਮਜਬੂਰ ਹੋਣਾ ਪੈ ਰਿਹਾ ਹੈ ਅਤੇ ਸਰਕਾਰ ਵੱਲੋਂ ਸਮੇਂ ਸਿਰ ਅਤੇ ਸਹੀ ਗਰਦਾਵਰੀ ਨਾ ਕਰਵਾਉਣ ਕਾਰਨ ਕਿਸਾਨਾਂ ਦਾ ਵੱਡਾ ਨੁਕਸਾਨ ਹੋ ਗਿਆ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਕਿਸਾਨਾਂ ਦੇ ਖੇਤ ਵਿੱਚ ਪਟਵਾਰੀ ਭੇਜ ਕੇ ਸਹੀ ਨੁਕਸਾਨ ਦੀ ਗਿਰਦਾਵਰੀ ਕਰਵਾਈ ਜਾਵੇ ਤਾਂ ਕਿ ਕਿਸੇ ਵੀ ਕਿਸਾਨ ਨਾਲ ਬੇਇਨਸਾਫੀ ਨਾ ਹੋਵੇ ਤੇ ਤੁਰੰਤ ਪ੍ਰਭਾਵ ਨਾਲ ਜਲਦੀ ਤੋਂ ਜਲਦੀ ਸਾਰੀਆਂ ਸਹੀ ਗਿਰਦਾਵਰੀਆਂ ਕਰਵਾ ਕੇ ਕਿਸਾਨਾਂ ਨੂੰ 50 ਹਜ਼ਾਰ ਰੁਪਏ ਪ੍ਰਤੀ ਏਕੜ ਦਾ ਮੁਆਵਜ਼ਾ ਦਿੱਤਾ। ਇਸ ਮੌਕੇ ਉਨ੍ਹਾਂ ਨਾਲ ਮਲਕੀਤ ਸਿੰਘ ਘੁਲਾਲ, ਰਜਿੰਦਰ ਸਿੰਘ ਲੱਲਾ, ਸੋਹਣ ਸਿੰਘ ਕੋਟ, ਸਤਪਾਲ ਸਿੰਘ ਭਾਗਪੁਰ, ਇਕਾਈ ਪ੍ਰਧਾਨ ਅਮਨਦੀਪ ਸਿੰਘ ਭਾਗਪੁਰ, ਅਮਨਪ੍ਰੀਤ ਸਿੰਘ, ਸੁਖਜਿੰਦਰ ਸਿੰਘ, ਕੁਲਵਿੰਦਰ ਸਿੰਘ, ਰਘਵੀਰ ਸਿੰਘ, ਮਨਜੀਤ ਸਿੰਘ, ਸਵਰਣ ਸਿੰਘ ਭਾਗਪੁਰ ਆਦਿ ਕਿਸਾਨ ਹਾਜ਼ਰ ਸਨ।

# ਕਾਰਜ ਸਾਧਕ ਅਫਸਰ ਭਾਟੀਆ ਮੁਅੱਤਲ

ਜੈਤੋ (ਸਤੀਸ਼ ਕੁਮਾਰ ਭੀਰੀ)-ਚੰਦਰ ਮੋਹਨ ਭਾਟੀਆ ਤਤਕਾਲੀ ਕਾਰਜ ਸਾਧਕ ਅਫਸਰ ਨਗਰ ਕੌਂਸਲ ਜੈਤੋ ਨੂੰ ਆਪਣੇ ਉੱਚ ਅਧਿਕਾਰੀਆਂ ਦਾ ਹੁਕਮ ਨਾ ਮੰਨਣ ਤੇ ਕਈ ਮਹੀਨੇ ਲੋਕਾਂ ਨੂੰ ਖੱਜਲ ਖੁਆਰ ਕਰਨ ਕਰਕੇ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰਦੇ ਹੋਏ ਹੈੱਡ ਆਫਿਸ ਵਿਖੇ ਤਾਇਨਾਤ ਕੀਤਾ ਗਿਆ। ਜੈਤੋ ਵਿਖੇ ਆਰ ਟੀ ਆਈ ਕਾਰਕੁਨ ਲਾਜਪਤ ਰਾਏ ਗਰਗ ਨੇ ਮੁੱਖ ਦਫਤਰ ਵੱਲੋਂ ਚੰਦਰ ਮੋਹਨ ਭਾਟੀਆ ਦੀ ਮੁਅੱਤਲੀ ਸਬੰਧੀ ਜਾਰੀ ਕੀਤਾ ਪੱਤਰ ਰਾਹੀਂ ਸਥਾਨਕ ਸਰਕਾਰ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਦਿੱਤੇ ਸੁਨੇਹੇ 'ਚ ਕਿਹਾ ਕਿ ਚੰਦਰ ਮੋਹਨ ਭਾਟੀਆ ਵੱਲੋਂ ਜੈਤੋ ਵਿਖੇ ਆਪਣੀ ਤਾਇਨਾਤੀ ਦੌਰਾਨ ਲਗਾਤਾਰ ਗੈਰ-ਹਾਜ਼ਰ ਰਹਿਣ, ਲੋਕਾਂ ਨੂੰ ਖੱਜਲ ਖੁਆਰ ਕਰਨ ਤੇ ਨਗਰ ਕੌਂਸਲ ਦੀ ਛਵੀ ਖਰਾਬ ਕਰਨ ਲਈ ਨੌਕਰੀ ਤੋਂ ਕੱਢ ਕੇ ਲਾਪ੍ਰਵਾਹੀ ਦਾ ਪਰਚਾ ਦਰਜ ਕਰਕੇ ਜੇਲ੍ਹ ਭੇਜਿਆ ਜਾਵੇ। ਪ੍ਰਮੁੱਖ ਸਕੱਤਰ ਸਥਾਨਕ ਸਰਕਾਰ ਵਿਵੇਕ ਪ੍ਰਤਾਪ ਸਿੰਘ ਵੱਲੋਂ ਮੰਤਰੀ ਦੀ ਪ੍ਰਵਾਨਗੀ ਉਪਰੰਤ ਚੰਦਰ ਮੋਹਨ ਭਾਟੀਆ ਤਤਕਾਲੀ ਕਾਰਜ ਸਾਧਕ ਅਫਸਰ ਨਗਰ ਕੌਂਸਲ ਜੈਤੋ ਦੀ ਮੁਅੱਤਲੀ ਦੇ ਆਰਡਰ ਵਿੱਚ ਲਿਖਿਆ ਹੈ ਕਿ ਚੰਦਰ ਮੋਹਨ ਭਾਟੀਆ ਵੱਲੋਂ ਮੈਡੀਕਲ ਛੁੱਟੀ ਲੈਣ ਲਈ ਵਿਭਾਗੀ ਹਦਾਇਤਾਂ ਦੀ ਪਾਲਣਾ ਨਾ ਕਰਨ ਤੇ ਭਾਟੀਆ ਵੱਲੋਂ ਛੁੱਟੀ ਲੈਣ ਲਈ ਦਿੱਤੀ ਅਰਜ਼ੀ ਨੂੰ ਰੱਦ ਕਰਕੇ ਉਸ ਨੂੰ ਡਿਊਟੀ 'ਤੇ ਹਾਜ਼ਰ ਹੋਣ ਲਈ ਕਿਹਾ, ਪ੍ਰੰਤੂ ਆਪਣੇ ਪਦ ਦੇ ਹੰਕਾਰ ਵਿੱਚ ਉਡਾਰੀਆਂ ਮਾਰਨ ਵਾਲੇ ਕਾਰਜ ਸਾਧਕ ਅਫਸਰ ਚੰਦਰ ਮੋਹਨ ਭਾਟੀਆ ਵੱਲੋਂ ਮੁੱਖ ਦਫਤਰ ਦੇ ਕਿਸੇ ਵੀ ਹੁਕਮ ਨੂੰ ਮੰਨਣ ਤੋਂ ਮੂੰਹ ਮੋੜਨ ਨੂੰ ਪਹਿਲ ਦਿੱਤੀ ਗਈ, ਜਿਸ 'ਤੇ ਕਾਰਵਾਈ ਕਰਦਿਆਂ ਮੁੱਖ ਸਕੱਤਰ ਸਥਾਨਕ ਸਰਕਾਰ ਵਿਭਾਗ ਪੰਜਾਬ ਵੱਲੋਂ ਦੋਸ਼ੀ ਚੰਦਰ ਮੋਹਨ ਭਾਟੀਆ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਗਿਆ।

# ਜੀ ਐੱਚ ਜੀ ਅਕੈਡਮੀ ਵਿਖੇ ਗੁਰੂ ਅੰਗਦ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ

**ਜਗਰਾਓਂ (ਅਮਿਤ ਖੰਨਾ)**-ਜੀ. ਐੱਚ. ਜੀ. ਅਕੈਡਮੀ ਜਗਰਾਓਂ ਵਿਖੇ ਸ੍ਰੀ ਗੁਰੂ ਅੰਗਦ ਦੇਵ ਜੀ ਦਾ ਪ੍ਰਕਾਸ਼ ਪੁਰਬ ਤੇ ਭਗਤ ਧੰਨਾ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ। ਇਸ ਮੌਕੇ ਗੁਰਮਤਿ ਅਧਿਆਪਕ ਸ੍ਰੀਮਤੀ ਦਿਲਜੀਤ ਕੌਰ ਨੇ ਭਾਸ਼ਣ ਰਾਹੀਂ ਗੁਰੂ ਜੀ ਦੇ ਜੀਵਨ 'ਤੇ ਚਾਨਣਾ ਪਾਉਂਦਿਆਂ ਦੱਸਿਆ ਕਿ ਗੁਰੂ ਅੰਗਦ ਦੇਵ ਜੀ ਦਾ 1504 ਈਸਵੀ ਨੂੰ ਪਿੰਡ ਹਰੀਕੇ ਵਿਖੇ ਮਾਤਾ ਦਇਆ ਕੌਰ ਜੀ ਦੀ ਕੁੱਖੋਂ ਹੋਇਆ। ਗੁਰੂ ਜੀ ਹਿੰਦੂ ਖੱਤਰੀ ਪਰਿਵਾਰ ਨਾਲ ਸੰਬੰਧ ਰੱਖਦੇ ਸਨ। ਗੁਰੂ ਜੀ ਦਾ ਪਹਿਲਾ ਨਾਂ ਭਾਈ ਲਹਿਣਾ ਜੀ ਸੀ। ਗੁਰੂ ਜੀ ਪਹਿਲਾਂ ਤੋਂ ਹੀ ਬਹੁਤ ਧਾਰਮਿਕ ਖਿਆਲਾਂ ਦੇ ਮਾਲਕ ਸਨ। ਗੁਰੂ ਨਾਨਕ ਦੇਵ ਜੀ ਉਨ੍ਹਾਂ ਦੀ ਸੇਵਾ-ਭਾਵਨਾ ਤੇ ਲਗਨ ਤੋਂ ਬਹੁਤ ਪ੍ਰਭਾਵਿਤ ਹੋਏ ਤੇ ਉਨ੍ਹਾਂ ਨੇ ਭਾਈ ਲਹਿਣਾ ਜੀ ਦਾ ਨਾਮ ਬਦਲ ਕੇ ਅੰਗਦ ਦੇਵ ਜੀ ਰੱਖ ਦਿੱਤਾ ਅਤੇ ਗੁਰਗੱਦੀ ਦੇ ਵਾਰਸ ਬਣਾਇਆ। ਉਸ ਨੇ ਇਹ ਵੀ ਦੱਸਿਆ ਕਿ ਗੁਰੂ ਅੰਗਦ ਦੇਵ ਜੀ ਨੇ ਜਾਤ-ਪਾਤ ਦਾ ਭੇਦ-ਭਾਵ ਖਤਮ ਕਰਨ ਲਈ ਲੰਗਰ ਪ੍ਰਥਾ ਚਲਾਈ, ਜੋ ਰੀਤ ਅੱਜ ਵੀ ਸਿੱਖ ਧਰਮ ਵਿੱਚ ਪ੍ਰਚਲਿਤ ਹੈ। ਇਸ ਮੌਕੇ ਗੁਰਮਤਿ ਅਧਿਆਪਕ ਸ੍ਰ. ਹਰਵਿੰਦਰ ਸਿੰਘ ਵੱਲੋਂ ਭਗਤ ਧੰਨਾ ਦੇ ਜੀਵਨ 'ਤੇ ਚਾਨਣਾ ਪਾਇਆ ਗਿਆ। ਅਖੀਰ ਵਿੱਚ ਸਕੂਲ ਦੇ ਪ੍ਰਿੰਸੀਪਲ ਰਮਨਜੋਤ ਕੌਰ ਗਰੇਵਾਲ ਨੇ ਵਿਦਿਆਰਥੀਆਂ ਨੂੰ ਨਿਮਰਤਾ ਤੇ ਲਗਨ ਦੇ ਗੁਣ ਧਾਰਨ ਕਰਨ ਅਤੇ ਸੱਚੇ ਮਨ ਨਾਲ ਪ੍ਰਮਾਤਮਾ ਦਾ ਨਾਮ ਜਪਣ ਲਈ ਪ੍ਰੇਰਿਤ ਕੀਤਾ।

# ਡਾ. ਜੈਸਵਿਨ ਨੇ ਪਾਥਵੇਜ਼ ਗਲੋਬਲ ਸਕੂਲ 'ਚ ਲਗਾਈ ਵਰਕਸ਼ਾਪ

**ਕੋਟ ਈਸੇ ਖਾਂ (ਅਰੋੜਾ)**-ਪਾਥਵੇਜ਼ ਗਲੋਬਲ ਸਕੂਲ ਕੋਟ ਈਸੇ ਖਾਂ ਵਿਖੇ ਵਿਸ਼ਵ ਪ੍ਰਸਿੱਧ ਬੁਲਾਰੇ ਡਾ. ਜਸਵਿੰਦਰ ਸਿੰਘ ਜੈਸਵਿਨ ਲੈਕਚਰਾਰ ਫਿਜ਼ਿਕਸ, ਡਾਇਰੈਕਟਰ ਸਾਇੰਸ ਸਟੇਟ ਪ੍ਰਾਜੈਕਟ ਸਾਇੰਸ, ਸਟੇਟ ਤੇ ਨੈਸ਼ਨਲ ਐਵਾਰਡੀ ਨੇ ਇੱਕ ਵਰਕਸ਼ਾਪ ਲਗਾਈ। ਉਨ੍ਹਾ ਨੇ ਇਥੇ ਸਾਇੰਸ ਤੇ ਮੈਥ ਦੇ ਪ੍ਰਯੋਗ ਦੀ ਵਰਕਸ਼ਾਪ ਕਰਕੇ ਵਿਦਿਆਰਥੀਆਂ 'ਚ ਉਤਸੁਕਤਾ ਦਾ ਮਹੌਲ ਪੈਦਾ ਕਰ ਦਿੱਤਾ, ਜਿਵੇਂ ਜਿਵੇਂ ਉਹ ਪ੍ਰਯੋਗ ਦਿਖਾਉਂਦੇ ਗਏ, ਬੱਚਿਆਂ ਦਾ ਉਤਸ਼ਾਹ ਹੋਰ ਵਧਦਾ ਗਿਆ। ਸਾਇੰਸ ਦੇ ਰਾਕਟ ਲਾਂਚਰ ਵਰਗੇ ਪ੍ਰਯੋਗ ਕਰਕੇ ਬੱਚਿਆਂ ਨੂੰ ਜਾਣਕਾਰੀ ਦਿੱਤੀ। ਉਨ੍ਹਾ ਨੇ ਮੈਥ ਦੇ ਇਸ ਤਰ੍ਹਾਂ ਦੇ ਟਿਪਸ ਦਿੱਤੇ ਜੋ ਮੈਥ ਲਈ ਬੱਚਿਆਂ ਨੂੰ ਬਹੁਤ ਸਹਾਈ ਹੋਣਗੇ। ਡਾ. ਜਸਵਿੰਦਰ ਸਿੰਘ ਨੇ ਸੈਕੰਡਰੀ ਤੇ ਮਿਡਲ ਦੇ ਵਿਦਿਆਰਥੀਆਂ ਦੇ ਦੋ ਸੈਸ਼ਨ ਲਾਏ। ਸੈਸ਼ਨ ਖਤਮ ਹੋਣ ਤੋਂ ਬਾਅਦ ਡਾ. ਜਸਵਿੰਦਰ ਸਿੰਘ ਜੈਸਵਿਨ ਨੂੰ ਬੱਚਿਆਂ ਨੇ ਕਲਾਵੇ 'ਚ ਲੈ ਲਿਆ। ਬੱਚੇ ਤੇ ਅਧਿਆਪਕ ਡਾ. ਸਾਹਿਬ ਦੀ ਵਰਕਸ਼ਾਪ ਤੋਂ ਬਹੁਤ ਜ਼ਿਆਦਾ ਖੁਸ਼ ਤੇ ਉਤਸ਼ਾਹਤ ਨਜ਼ਰ ਆਏ। ਬੱਚਿਆਂ ਨੇ ਉਨ੍ਹਾਂ ਦੇ ਆਟੋਗ੍ਰਾਫ ਲਏ ਤੇ ਲਾਈਨ 'ਚ ਲੱਗ ਕੇ ਫੋਟੋ ਕਰਵਾਈਆਂ। ਪਾਥਵੇਜ਼ ਗਲੋਬਲ ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਬੀ ਐੱਲ ਵਰਮਾ, ਪ੍ਰਿੰਸੀਪਲ ਹਰਵੰਤ ਸਿੰਘ ਵਿਰਕ, ਚੇਅਰਮੈਨ ਸੁਰਜੀਤ ਸਿੰਘ ਸਿੱਧੂ, ਪ੍ਰਧਾਨ ਡਾ. ਅਨਿਲਜੀਤ ਕੰਬੋਜ, ਵਾਈਸ ਚੇਅਰਮੈਨ ਅਵਤਾਰ ਸਿੰਘ ਸੌਂਦ, ਸਕੂਲ ਦੇ ਵਿਜਨਰੀ ਜਸਵਿੰਦਰ ਸਿੰਘ ਸਿੱਧੂ, ਸਤਨਾਮ ਸਿੰਘ, ਡਾ. ਚਾਹਤ ਕੰਬੋਜ ਨੇ ਡਾ. ਜਸਵਿੰਦਰ ਸਿੰਘ ਜੈਸਵਿਨ ਨੂੰ ਸਨਮਾਨਤ ਕੀਤਾ ਤੇ ਸਕੂਲ 'ਚ ਵਰਕਸ਼ਾਪ ਲਾਉਣ ਲਈ ਧੰਨਵਾਦ ਕੀਤਾ।

# ਪੁਨਰਜੋਤੀ ਆਈ ਡੋਨੇਸ਼ਨ ਸੁਸਾਇਟੀ ਵੱਲੋਂ ਅੱਖਾਂ ਦਾ ਮੁਫ਼ਤ ਕੈਂਪ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸਮਾਜ ਸੇਵੀ ਸੰਸਥਾ ਪੁਨਰਜੋਤੀ ਆਈ ਡੋਨੇਸ਼ਨ ਸੁਸਾਇਟੀ ਵੱਲੋਂ ਆਪਣੇ ਕੰਪਲੈਕਸ ਵਿਖੇ 76ਵਾਂ ਮਹੀਨਾਵਾਰ ਅੱਖਾਂ ਦੀ ਜਾਂਚ ਤੇ ਮੁਫਤ ਅਪ੍ਰੇਸ਼ਨ ਲੈਂਜ ਕੈਂਪ ਲਾਇਆ ਗਿਆ, ਜਿਸ ਵਿੱਚ 210 ਮਰੀਜ਼ਾਂ ਨੇ ਆਪਣੀਆਂ ਅੱਖਾਂ ਦਾ ਚੈੱਕਅੱਪ ਕਰਵਾਇਆ, ਜਦਕਿ ਮਾਹਰ ਡਾਕਟਰਾਂ ਵੱਲੋਂ ਅਜਿਹੇ 125 ਮਰੀਜ਼ਾਂ ਦੀ ਚੋਣ ਕੀਤੀ ਗਈ, ਜਿਨ੍ਹਾਂ ਦੇ ਸੁਸਾਇਟੀ ਵੱਲੋਂ ਅੱਖਾਂ ਦੇ ਅਪ੍ਰੇਸ਼ਨ ਕੀਤੇ ਜਾਣਗੇ। ਸ੍ਰੀ ਮਹੰਤ ਰਾਮ ਨਰਾਇਣ ਗਿਰੀ ਜੀ ਦੇ ਆਸ਼ੀਰਵਾਦ ਨਾਲ ਬੀਤੇ ਕਈ ਸਾਲਾਂ ਤੋਂ 'ਨੇਤਰਦਾਨ-ਮਹਾਦਾਨ' ਦਾ ਸੰਕਲਪ ਲੈ ਕੇ ਚੱਲ ਰਹੀ ਉਕਤ ਸੁਸਾਇਟੀ ਦੇ ਮੁੱਖ ਸੇਵਾਦਾਰ ਰਾਕੇਸ਼ ਤਾਇਲ ਨੇ ਕਿਹਾ ਕਿ ਚੈੱਕਅੱਪ ਉਪਰੰਤ ਚੁਣੇ ਗਏ 125 ਮਰੀਜ਼ਾਂ ਦੇ ਸੰਸਥਾ ਵੱਲੋਂ ਅੱਖਾਂ ਦੇ ਅਪ੍ਰੇਸ਼ਨ ਕਰਕੇ ਲੈਂਜ ਮੁਫਤ ਪਾਏ ਜਾਣਗੇ, ਦਵਾਈਆਂ, ਕਾਲੀਆਂ ਐਨਕਾਂ ਸਮੇਤ ਮਰੀਜ਼ਾਂ ਦਾ ਸਾਰਾ ਖਰਚਾ ਸੁਸਾਇਟੀ ਵੱਲੋਂ ਕੀਤਾ ਜਾਵੇਗਾ।

# ਸਕਰੈਪ ਉਤਾਰ ਕੇ ਅੱਗੇ ਵੇਚਣ ਦੇ ਦੋਸ਼ 'ਚ ਕਬਾੜੀਏ ਸਣੇ 6 ਵਿਰੁੱਧ ਮਾਮਲਾ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**
ਟਰੱਕ ਚਾਲਕਾਂ ਨਾਲ ਮਿਲੀਭੁਗਤ ਰਾਹੀਂ ਟਰੱਕਾਂ 'ਚੋਂ ਸਕਰੈਪ ਉਤਾਰ ਕੇ ਅੱਗੇ ਮਹਿੰਗੇ ਭਾਅ 'ਤੇ ਵੇਚਣ ਦਾ ਧੰਦਾ ਕਰਨ ਦੇ ਦੋਸ਼ 'ਚ ਬਡਾਲੀ ਆਲਾ ਸਿੰਘ ਪੁਲਸ ਵੱਲੋਂ ਇੱਕ ਕਬਾੜੀਏ ਸਣੇ 6 ਵਿਅਕਤੀਆਂ ਵਿਰੁੱਧ ਅ/ਧ 379, 120ਬੀ ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕੀਤੇ ਜਾਣ ਦਾ ਸਮਾਚਾਰ ਹੈ। ਪੁਲਸ ਨੂੰ ਸੂਚਨਾ ਮਿਲੀ ਸੀ ਕਿ ਬਡਾਲੀ ਆਲਾ ਸਿੰਘ-ਚੁੰਨੀ ਰੋਡ 'ਤੇ ਸਥਿਤ ਧਾਰੀਵਾਲ ਢਾਬੇ ਨਜ਼ਦੀਕ ਕਬਾੜ ਦੀ ਦੁਕਾਨ ਕਰਨ ਵਾਲਾ ਇਸਬਾਨ ਉਰਫ ਬੱਬੂ ਮੰਡੀ ਗੋਬਿੰਦਗੜ੍ਹ ਸਾਈਡ ਤੋਂ ਲੋਡ ਹੋ ਕੇ ਆਉਂਦੇ ਟਰੱਕਾਂ ਦੇ ਚਾਲਕਾਂ ਕੋਲੋਂ ਅਸਲ ਮਾਲਕਾਂ ਨੂੰ ਦੱਸੇ ਬਿਨਾਂ ਲੋਹੇ ਦੇ ਨਵੇਂ ਪਾਈਪ, ਐਂਗਲ ਸਰੀਆ ਤੇ ਹੋਰ ਲੋਹੇ ਦਾ ਸਕਰੈਪ ਉਤਰਵਾ ਕੇ ਸਸਤੇ ਰੇਟਾਂ 'ਤੇ ਖਰੀਦ ਲੈਂਦਾ ਹੈ, ਜਿਸ ਨੂੰ ਬਾਅਦ 'ਚ ਆਪਣੀ ਦੁਕਾਨ 'ਤੇ ਰੱਖ ਕੇ ਉਹ ਬਜ਼ਾਰੀ ਕੀਮਤ 'ਤੇ ਵੇਚਦਾ ਹੈ। ਇਸਬਾਨ ਉਰਫ਼ ਬੱਬੂ, ਰਾਮ ਕਿਸ਼ਨ, ਰਾਜੇਸ਼ ਕੁਮਾਰ, ਅਲਤਾਬ ਮੂਲ ਵਾਸੀਆਨ ਉੱਤਰ ਪ੍ਰਦੇਸ਼, ਗੋਪਾਲ ਸਿੰਘ ਵਾਸੀ ਮੰਡੀ ਗੋਬਿੰਦਗੜ੍ਹ ਤੇ ਜਸਪਾਲ ਸਿੰਘ ਵਾਸੀ ਪਿੰਡ ਖਨਿਆਣ ਵਿਰੁੱਧ ਮੁਕੱਦਮਾ ਦਰਜ ਕਰਕੇ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।

# ਮਈ ਦਿਵਸ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਸੰਬੰਧੀ ਮੀਟਿੰਗ

ਆਲ ਇੰਪਲਾਈਜ਼ ਕੋਆਰਡੀਨੇਸ਼ਨ ਕਮੇਟੀ ਫਿਰੋਜ਼ਪੁਰ ਦੇ ਆਗੂ ਜਾਣਕਾਰੀ ਦਿੰਦੇ ਹੋਏ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਹਿਲੀ ਮਈ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਸਬੰਧੀ ਆਲ ਇੰਪਲਾਈਜ਼ ਕੋਆਰਡੀਨੇਸ਼ਨ ਕਮੇਟੀ ਫਿਰੋਜ਼ਪੁਰ ਵੱਲੋਂ ਰੇਲਵੇ ਸਟੇਸ਼ਨ ਫਿਰੋਜ਼ਪੁਰ ਛਾਉਣੀ ਵਿਖੇ ਕੀਤੇ ਜਾਣ ਵਾਲੇ ਸ਼ਰਧਾਂਜਲੀ ਸਮਾਗਮ ਦੀਆਂ ਤਿਆਰੀਆਂ ਸਬੰਧੀ ਇੱਕ ਮੀਟਿੰਗ ਸੁਭਾਸ਼ ਸ਼ਰਮਾ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਪਹਿਲੀ ਮਈ ਦੇ ਸ਼ਰਧਾਂਜਲੀ ਸਮਾਗਮ ਬਾਰੇ ਵੱਖ-ਵੱਖ ਆਗੂਆਂ ਨੇ ਵਿਚਾਰਾਂ ਕੀਤੀਆਂ।ਆਗੂਆਂ ਨੇ ਕਿਹਾ ਕਿ ਸ਼ਹੀਦਾਂ ਨੂੰ ਸ਼ਰਧਾਂਜਲੀਆ ਭੇਟ ਕਰਨ, ਨਵੀਂ ਪੈਨਸ਼ਨ ਸਕੀਮ ਰੱਦ ਕਰਕੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਕੇਂਦਰ ਤੇ ਪੰਜਾਬ ਸਰਕਾਰ ਦੇ ਵਿਭਾਗਾਂ ਵਿੱਚ ਕੰਮ ਕਰਦੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਤੇ ਮੌਜੂਦਾ ਸਮੇਂ ਦੇਸ਼ ਅੰਦਰ ਵੱਧ ਰਹੀ ਮਹਿੰਗਾਈ, ਭ੍ਰਿਸ਼ਟਾਚਾਰ, ਬੇਰੁਜ਼ਗਾਰੀ ਨਿੱਜੀਕਰਨ, ਠੇਕੇਦਾਰੀ ਸਿਸਟਮ ਰਾਹੀਂ ਮਜ਼ਦੂਰਾਂ ਦੀ ਹੋ ਰਹੀ ਲੁੱਟ ਤੇ ਵਿਚਾਰਾਂ ਕਰਨ ਲਈ ਪਹਿਲੀ ਮਈ ਨੂੰ ਕੀਤੇ ਜਾ ਰਹੇ ਸ਼ਰਧਾਂਜਲੀ ਸਮਾਗਮ ਵਿੱਚ ਹੁੰਮ-ਹੁੰਮਾ ਕੇ ਪੁੱਜੋ।ਆਗੂਆਂ ਨੇ ਪਹਿਲੀ ਮਈ ਦਾ ਪੋਸਟਰ ਵੀ ਜਾਰੀ ਕੀਤਾ।ਪਹਿਲੀ ਮਈ ਦੇ ਸਮਾਗਮ ਦੀ ਤਿਆਰੀ ਲਈ ਅਗਲੀ ਮੀਟਿੰਗ 28 ਅਪਰੈਲ ਨੂੰ 4.30 ਵਜੇ ਨਾਰਦਰਨ ਰੇਲਵੇ ਮੈਨਜ ਯੂਨੀਅਨ ਦੇ ਦਫਤਰ ਵਿੱਚ ਕੀਤੀ ਜਾਵੇਗੀ। ਮੀਟਿੰਗ ਵਿੱਚ ਸੁਭਾਸ਼ ਸ਼ਰਮਾ, ਕਿਸ਼ਨ ਚੰਦ ਜਾਗੋਵਾਲੀਆ ਪਰਵੀਨ ਕੁਮਾਰ, ਸੁਰਿੰਦਰ ਸਿੰਘ, ਮਹਿੰਦਰ ਸਿੰਘ ਧਾਲੀਵਾਲ, ਰਜੀਵ ਹਾਂਡਾ, ਜਗਦੀਪ ਸਿੰਘ ਮਾਂਗਟ, ਪ੍ਰਦੀਪ ਕੁਮਾਰ, ਹਰਭਗਵਾਨ ਕੰਬੋਜ਼, ਜਗਜੀਤ ਸਿੰਘ, ਨਰੇਸ਼ ਸੈਣੀ, ਬਲਕਾਰ ਸਿੰਘ ਮਾੜੀਮੇਘ, ਗੁਰਪ੍ਰੀਤ ਸਿੰਘ, ਬਲਬੀਰ ਸਿੰਘ ਗੋਖੀਵਾਲਾ, ਆਰਸੀ ਮਹਿਤਾ, ਨਿਸ਼ਾਨ ਸਿੰਘ, ਗੁਰਬੀਰ ਸਿੰਘ ਰਾਣਾ, ਪ੍ਰੇਮ ਕੁਮਾਰ ਕਾਮਰਾ, ਦਲਜੀਤ ਸਿੰਘ ਯਾਰੇ ਸ਼ਾਹਵਾਲਾ, ਸੰਜੀਵ ਕੁਮਾਰ, ਬਲਦੇਵ ਸਿੰਘ, ਰਾਜ ਸਾਹਨ ਕੇ, ਬਚਨ ਸਿੰਘ, ਮੁਖਤਿਆਰ ਸਿੰਘ, ਰਮੇਸ਼ ਭੱਟੀ, ਕਰਨੈਲ ਸਿੰਘ, ਗੁਰਮੀਤ ਸਿੰਘ ਹਾਜ਼ਰ ਸਨ।

# ਧਰਤ ਦਿਵਸ 'ਤੇ ਪੋਸਟਰ ਮੇਕਿੰਗ ਤੇ ਸਲੋਗਨ ਮੁਕਾਬਲੇ ਕਰਾਏ

ਵਿਦਿਆਰਥੀ ਸਟਾਫ਼ ਨਾਲ ਤਿਆਰ ਕੀਤੇ ਪੋਸਟਰ ਤੇ ਸਲੋਗਨ ਦਿਖਾਉਂਦੇ ਹੋਏ।

**ਬਾਘਾ ਪੁਰਾਣਾ (ਮਨੀ ਸਿੰਗਲਾ)**
ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਹਾਰਵਰਡ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ ਵਿਖੇ ਚੇਅਰਮੈਨ ਨਵਦੀਪ ਸਿੰਘ ਬਰਾੜ, ਪ੍ਰਿੰਸੀਪਲ ਮੈਡਮ ਨਿਧੀ ਬਰਾੜ ਤੇ ਸਮੂਹ ਸਟਾਫ਼ ਦੇ ਸਹਿਯੋਗ ਨਾਲ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ। ਇਸ ਸਮੇਂ ਸਵੇਰ ਦੀ ਪ੍ਰਾਰਥਨਾ ਸਭਾ ਕਰਵਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਧਰਤੀ ਦਿਵਸ ਨਾਲ ਤੇ ਧਰਤੀ ਨੂੰ ਸਾਫ ਸੁਥਰਾ ਰੱਖਣ ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ। ਇਸ ਸਮੇਂ ਬੱਚਿਆਂ ਦੇ ਧਰਤੀ ਦਿਵਸ ਸਬੰਧਤ ਪੋਸਟਰ ਮੇਕਿੰਗ ਤੇ ਸਲੋਗਨ ਲਿਖਣ ਦੇ ਮੁਕਾਬਲੇ ਵੀ ਕਰਵਾਏ ਗਏ। ਪ੍ਰਿੰਸੀਪਲ ਮੈਡਮ ਨਿਧੀ ਬਰਾੜ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਦਿਨੋਂ ਦਿਨ ਵਧ ਰਹੀ ਗਲੋਬਲ ਵਾਰਮਿੰਗ ਕਰਕੇ ਜੋ ਬਦਲਾਅ ਧਰਤੀ ਉੱਪਰ ਆ ਰਹੇ ਹਨ, ਉਨ੍ਹਾਂ ਨੂੰ ਦੂਰ ਕਰਨ ਲਈ ਵੱਧ ਤੋਂ ਵੱਧ ਦਰੱਖਤ ਲਗਾਉਣ ਦੀ ਲੋੜ ਹੈ। ਇਸ ਤੋਂ ਇਲਾਵਾ ਬੱਚਿਆਂ ਨੂੰ ਕੁਦਰਤੀ ਸ੍ਰੋਤਾਂ ਪ੍ਰਤੀ ਵੀ ਜਾਗਰੂਕ ਕੀਤਾ ਗਿਆ। ਇਸ ਸਮੇਂ ਸਕੂਲ ਦਾ ਸਮੂਹ ਟੀਚਿੰਗ ਤੇ ਨਾਨ ਟੀਚਿੰਗ ਸਟਾਫ਼ ਹਾਜ਼ਰ ਸੀ।

# ਪੀ ਆਰ ਟੀ ਸੀ ਡਿਪੂ ਦੇ ਮੁਖਤਿਆਰ ਸਿੰਘ ਡਰਾਈਵਰ ਸੇਫ ਡਰਾਈਵਿੰਗ ਲਈ ਸਨਮਾਨਤ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਸਥਾਨਕ ਪੀ.ਆਰ.ਟੀ.ਸੀ. ਡਿੱਪੂ ਦੇ ਜਨਰਲ ਮੈਨੇਜਰ ਸ੍ਰੀ ਅਮਨਵੀਰ ਸਿੰਘ ਟਿਵਾਣਾ ਨੇ ਦੱਸਿਆ ਗਿਆ ਕਿ ਸ੍ਰੀ ਮੁਖਤਿਆਰ ਸਿੰਘ ਜੋ ਕਿ ਸਥਾਨਕ ਪੀ.ਆਰ.ਟੀ.ਸੀ. ਡਿੱਪੂ ਵਿਖੇ ਬਤੌਰ ਡਰਾਈਵਰ ਆਪਣੀਆਂ ਸੇਵਾਵਾਂ ਨਿਭਾਅ ਰਿਹਾ ਹੈ, ਨੂੰ ਕੌਮੀ ਪੱਧਰ 'ਤੇ ਸੇਫ ਡਰਾਈਵਿੰਗ 'ਚ ਸਨਮਾਨਤ ਕੀਤਾ ਗਿਆ ਹੈ।
ਸ੍ਰੀ ਟਿਵਾਣਾ ਨੇ ਦੱਸਿਆ ਕਿ 18 ਅਪ੍ਰੈਲ ਨੂੰ ਕੇਂਦਰੀ ਟ੍ਰਾਂਸਪੋਰਟ ਵਿਭਾਗ ਵੱਲੋਂ ਐਸੋਸੀਏਸ਼ਨ ਆਫ ਸਟੇਟ ਰੋਡ ਟ੍ਰਾਂਸਪੋਰਟ ਅੰਡਰਟੇਕਿੰਗ ਦੇ ਸਹਿਯੋਗ ਨਾਲ ਦਿੱਲੀ 'ਚ ਕਰਵਾਏ ਗਏ ਇਸ ਸਨਮਾਨ ਸਮਾਰੋਹ ਵਿੱਚ ਦੇਸ਼ ਭਰ ਦੇ ਕੁੱਲ 42 ਡਰਾਈਵਰਾਂ ਨੂੰ ਇਹ ਸਨਮਾਨ ਦਿੱਤਾ ਗਿਆ ਤੇ ਇਨ੍ਹਾਂ 42 ਡਰਾਈਵਰਾਂ ਵਿੱਚੋਂ ਮੁਖਤਿਆਰ ਸਿੰਘ ਪੰਜਾਬ ਨਾਲ ਸਬੰਧਤ ਇਕਲੌਤਾ ਡਰਾਈਵਰ ਹੈ, ਜਿਸ ਨੇ ਇਹ ਵੱਡੀ ਪ੍ਰਾਪਤੀ ਹਾਸਲ ਕੀਤੀ ਹੈ।
ਉਨ੍ਹਾ ਦੱਸਿਆ ਕਿ ਦੇਸ਼ ਦੇ ਸੜਕੀ ਤੇ ਆਵਾਜਾਈ ਵਿਭਾਗ ਦੇ ਕੇਂਦਰੀ ਰਾਜ ਮੰਤਰੀ ਦੀ ਅਗਵਾਈ ਹੇਠ ਹੋਏ ਸਮਾਗਮ ਦੌਰਾਨ ਇਨ੍ਹਾਂ ਸੁਪਰ 42 ਡਰਾਈਵਰਾਂ ਨੂੰ ਸਨਮਾਨਤ ਪੱਤਰ, 5 ਹਜ਼ਾਰ ਰੁਪਏ ਦੇ ਨਗਦ ਇਨਾਮ, ਐਵਾਰਡ ਤੇ ਲੋਈ ਦੇ ਕੇ ਸਨਮਾਨਿਆ ਗਿਆ। ਇਸ ਮੌਕੇ ਸ੍ਰੀ ਟਿਵਾਣਾ ਨੇ ਦੱਸਿਆ ਕਿ ਹੋਰਨਾਂ ਡਰਾਈਵਰਾਂ ਨੂੰ ਵੀ ਸ੍ਰੀ ਮੁਖਤਿਆਰ ਸਿੰਘ ਡਰਾਈਵਰ ਵੱਲੋਂ ਆਪਣੀ ਮਿਹਨਤ ਸਦਕਾ ਨਿਭਾਈਆਂ ਜਾ ਰਹੀਆਂ ਸੇਵਾਵਾਂ ਵਾਂਗ ਪ੍ਰੇਰਨਾ ਮਿਲੇਗੀ।

# ਨਗਰ ਕੌਂਸਲ ਨੇ ਮਨਾਇਆ ਵਿਸ਼ਵ ਧਰਤੀ ਦਿਵਸ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਵਧੀਕ ਡਿਪਟੀ ਕਮਿਸ਼ਨਰ (ਜ.) ਡਾ. ਮਨਦੀਪ ਕੌਰ ਦੇ ਦਿਸ਼ਾ-ਨਿਰਦੇਸ਼ਾਂ ਤੇ ਕਾਰਜ ਸਾਧਕ ਅਫਸਰ ਸ੍ਰੀ ਮੰਗਤ ਕੁਮਾਰ ਦੀ ਅਗਵਾਈ ਹੇਠ ਵਿਸ਼ਵ ਧਰਤੀ ਦਿਵਸ ਮਨਾਇਆ ਗਿਆ। ਇਸ ਦੌਰਾਨ ਨਗਰ ਕੌਂਸਲ ਵੱਲੋਂ ਜ਼ਮੀਨ ਤੇ ਵਾਤਾਵਰਨ ਦੀ ਖੂਬਸੂਰਤੀ ਤੇ ਸਿਹਤਯਾਬੀ ਨੂੰ ਬਰਕਰਾਰ ਰੱਖਣ ਲਈ ਵੱਖ ਵੱਖ ਗਤੀਵਿਧੀਆਂ ਕੀਤੀਆਂ ਗਈਆਂ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹਰ ਸਾਲ 22 ਅਪ੍ਰੈਲ ਨੂੰ ਧਰਤੀ ਦਿਵਸ ਕੁਦਰਤ ਪ੍ਰਤੀ ਜਾਗਰੂਕਤਾ ਫੈਲਾਉਣ ਦੇ ਉਦੇਸ਼ ਨਾਲ ਮਨਾਇਆ ਜਾਂਦਾ ਹੈ। ਸਮੇਂ ਦੇ ਨਾਲ ਨਵੀਆਂ ਚੁਣੌਤੀਆਂ ਦੇ ਵਿਚਕਾਰ ਕੁਦਰਤ ਤੇ ਧਰਤੀ ਨੂੰ ਬਚਾਉਣ ਦੀ ਲੋੜ ਹੈ। ਇਸ ਲਈ ਸਾਨੂੰ ਵੱਧ ਤੋਂ ਵੱਧ ਬੂਟੇ ਲਾਉਣੇ ਚਾਹੀਦੇ ਹਨ। ਕਾਰਜ ਸਾਧਕ ਅਫਸਰ ਮੰਗਤ ਕੁਮਾਰ ਨੇ ਦੱਸਿਆ ਕਿ ਵਿਭਾਗ ਵੱਲੋਂ ਸੇਵਾ ਕੇਂਦਰ ਵਰਗੇ ਜਨਤਕ ਖੇਤਰ ਵਿੱਚ ਕੰਪੋਸਟ ਸਟਾਲ ਦਾ ਆਯੋਜਨ ਕੀਤਾ ਗਿਆ, ਜਿੱਥੇ ਲੋਕਾਂ ਨੂੰ 100 ਕਿਲੋਗ੍ਰਾਮ ਤੋਂ ਜ਼ਿਆਦਾ ਕੰਪੋਸਟ ਮੁਫਤ ਵਿੱਚ ਵੰਡੀ ਗਈ ਤੇ ਗਿੱਲੇ ਕੂੜੇ ਨੂੰ ਵੱਖ ਕਰਨ ਤੇ ਸਾਈਟ 'ਤੇ ਖਾਦ ਬਣਾਉਣ ਲਈ ਪ੍ਰੇਰਿਤ ਵੀ ਕੀਤਾ ਗਿਆ। ਇਸ ਮੌਕੇ ਸੀ ਐੱਸ ਆਈ ਨਰੇਸ਼ ਕੁਮਾਰ ਖੇੜਾ, ਸੀ ਐੱਫ ਪਵਨ ਕੁਮਾਰ, ਸੀ ਐੱਫ ਗੁਰਵਿੰਦਰ ਸਿੰਘ, ਐੱਮ ਵੀ ਸਾਹਿਲ ਕੁਮਾਰ ਤੇ ਦਵਿੰਦਰ ਪ੍ਰਕਾਸ਼, ਰਾਜ ਕੁਮਾਰੀ, ਬੇਬੀ ਕਨੋਜ, ਸੰਨੀ ਕੁਮਾਰ, ਮਾਤੇ ਨਟਵਰ ਤੇ ਮੇਟ ਨਾਨਕ ਵੀ ਹਾਜ਼ਰ ਸਨ।

# ਕੋਟਕਪੂਰਾ ਸ਼ਹਿਰ ਨੂੰ ਬਣਾਇਆ ਜਾਵੇਗਾ ਸੁੰਦਰ ਤੇ ਸ਼ਾਨਦਾਰ : ਸੰਧਵਾਂ

## ਗੁੱਡ ਮੌਰਨਿੰਗ ਵੈੱਲਫੇਅਰ ਕਲੱਬ ਸੇਵਾ ਕਾਰਜਾਂ 'ਚ ਰਹੇਗਾ ਯਤਨਸ਼ੀਲ : ਢਿੱਲੋਂ/ਲਹੌਰੀਆ

ਕੁਲਤਾਰ ਸਿੰਘ ਸੰਧਵਾਂ ਡਾ ਮਨਜੀਤ ਸਿੰਘ ਢਿੱਲੋਂ ਵਿਨੋਦ ਬਾਂਸਲ ਪੱਪੂ ਲਹੌਰੀਆ

**ਕੋਟਕਪੂਰਾ (ਰਛਪਾਲ ਭੁੱਲਰ)**
ਗੁੱਡ ਮੌਰਨਿੰਗ ਵੈੱਲਫੇਅਰ ਕਲੱਬ ਦੇ ਚੀਫ ਪੈਟਰਨ ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਨੇ ਅਚਾਨਕ ਕਲੱਬ ਦੇ ਮੰਚ 'ਤੇ ਪੁੱਜਣ ਮੌਕੇ ਐਲਾਨ ਕੀਤਾ ਕਿ ਇਸ ਪਾਰਕ ਨੂੰ ਚੰਡੀਗੜ੍ਹ ਵਰਗੇ ਪਾਰਕਾਂ ਦੀ ਸੂਚੀ ਵਿੱਚ ਸ਼ਾਮਲ ਕਰਨ ਦੀ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾ ਆਖਿਆ ਕਿ ਇਲਾਕੇ ਦੀਆਂ ਸਮਾਜਸੇਵੀ ਸੰਸਥਾਵਾਂ ਸਮੇਤ ਧਾਰਮਿਕ ਜਥੇਬੰਦੀਆਂ ਤੇ ਸਮਾਜਸੇਵੀ ਸ਼ਖਸੀਅਤਾਂ ਦੇ ਸਹਿਯੋਗ ਨਾਲ ਸਮੁੱਚੇ ਸ਼ਹਿਰ ਨੂੰ ਸੁੰਦਰ ਬਣਾਇਆ ਜਾਵੇਗਾ, ਇਸ ਲਈ ਗਰਾਂਟ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਕਲੱਬ ਦੇ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਨੇ ਸਪੀਕਰ ਸੰਧਵਾਂ ਸਮੇਤ ਸਮੂਹ ਸਹਿਯੋਗੀਆਂ ਦਾ ਧੰਨਵਾਦ ਕਰਦਿਆਂ ਆਖਿਆ ਕਿ ਕੋਟਕਪੂਰੇ ਸ਼ਹਿਰ ਨੂੰ ਨਮੂਨੇ ਦਾ ਸੁੰਦਰ ਸ਼ਹਿਰ ਬਣਾਉਣ ਲਈ ਅੱਜ ਹੀ ਉਪਰਾਲੇ ਕਰਨ ਦੀ ਲੋੜ ਹੈ ਤਾਂ ਜੋ ਕੇਂਦਰ ਸਰਕਾਰ ਵੱਲੋਂ ਦੇਸ਼ ਭਰ ਦੇ ਸਾਫ ਸੁਥਰੇ ਸ਼ਹਿਰਾਂ ਦੇ ਕਰਵਾਏ ਜਾਣ ਵਾਲੇ ਸਰਵੇਖਣ ਵਿੱਚ ਕੋਟਕਪੂਰੇ ਦਾ ਨਾਮ ਸੋਹਣੇ ਤੇ ਸਾਫ ਸੁਥਰੇ ਸ਼ਹਿਰ ਵਜੋਂ ਦੇਸ਼ ਭਰ ਵਿੱਚ ਮਸ਼ਹੂਰ ਹੋਵੇ। ਕਲੱਬ ਦੇ ਚੇਅਰਮੈਨ ਪੱਪੂ ਲਹੌਰੀਆ ਨੇ ਦੱਸਿਆ ਕਿ ਡਾ. ਮਨਜੀਤ ਸਿੰਘ ਢਿੱਲੋਂ ਨੇ ਖੁਦ 51,000 ਰੁਪਏ ਦਾ ਚੈੱਕ ਕਲੱਬ ਦੇ ਖਜ਼ਾਨਚੀ ਸੁਪਰਡੈਂਟ ਜਸਕਰਨ ਸਿੰਘ ਭੱਟੀ ਨੂੰ ਸੌਂਪ ਕੇ ਹੋਰਨਾਂ ਨੂੰ ਯੋਗਦਾਨ ਪਾਉਣ ਦੀ ਅਪੀਲ ਕੀਤੀ।
ਇਸ ਮੌਕੇ ਕਲੱਬ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਨੇ ਸਪੀਕਰ ਸੰਧਵਾਂ ਨੂੰ ਵਿਸ਼ਵਾਸ ਦਿਵਾਇਆ ਕਿ ਜਿਸ ਤਰ੍ਹਾਂ ਕਲੱਬ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜ ਲਗਾਤਾਰ ਜਾਰੀ ਹਨ, ਉਸੇ ਤਰ੍ਹਾਂ ਇਹ ਸੇਵਾ ਕਾਰਜ ਭਵਿੱਖ ਵਿੱਚ ਜਾਰੀ ਰਹਿਣਗੇ ਤੇ ਮਿਉਂਸਪਲ ਪਾਰਕ ਸਮੇਤ ਕੋਟਕਪੂਰਾ ਸ਼ਹਿਰ ਨੂੰ ਦੇਸ਼ ਦੇ ਚੋਣਵੇਂ ਸੁੰਦਰ ਸ਼ਹਿਰਾਂ ਵਿੱਚ ਸ਼ਾਮਲ ਕਰਨ ਲਈ ਹਰ ਉੱਚੀ ਸੁੱਚੀ ਸੋਚ ਰੱਖਣ ਵਾਲੀ ਸ਼ਖਸੀਅਤ, ਸੰਸਥਾ ਤੇ ਜਥੇਬੰਦੀ ਤੋਂ ਵੀ ਬਣਦਾ ਸਹਿਯੋਗ ਲਿਆ ਜਾਵੇਗਾ।

# ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਮਾਤ ਅਹਿਮਦੀਆ ਨੇ ਈਦ ਦਾ ਪਵਿੱਤਰ ਤਿਉਹਾਰ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਈਦ ਉਲ ਫ਼ਿਤਰ ਤਿਉਹਾਰ ਇੱਥੇ ਬੜੀ ਹੀ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਗਿਆ। ਸ਼ਹਿਰ ਦੀਆਂ ਵੱਖ-ਵੱਖ ਮਸਜਿਦਾਂ 'ਚ ਈਦ ਦੀ ਨਮਾਜ਼ ਅਦਾ ਕੀਤੀ ਗਈ। ਮਸਜਿਦ ਅਕਸਾ 'ਚ ਜਮਾਤੇ ਅਹਿਮਦੀਆ ਦੇ ਮੁੱਖ ਸਕੱਤਰ ਮੁਹੰਮਦ ਇਨਾਮ ਗ਼ੌਰੀ ਨੇ ਸਵੇਰੇ 9:10 ਮਿੰਟ ਤੇ ਈਦ ਦੀ ਨਮਾਜ਼ ਪੜ੍ਹਾਈ ਜਿਸ ਵਿੱਚ ਵੱਡੀ ਤਾਦਾਦ 'ਚ ਮੁਸਲਮਾਨਾਂ ਨੇ ਸ਼ਿਰਕਤ ਕੀਤੀ। ਮਹਿਲਾਵਾਂ ਲਈ ਵੀ ਪਰਦੇ ਦੇ ਇੰਤਜ਼ਾਮ ਹੇਠ ਈਦ ਦੀ ਨਮਾਜ਼ ਪੜ੍ਹਨ ਦਾ ਬੰਦੋਬਸਤ ਕੀਤਾ ਗਿਆ ਸੀ। ਇਸ ਮੌਕੇ ਖੁਤਬਾ ਈਦ ਦਿੰਦਿਆਂ ਸ਼੍ਰੀ ਮੁਹੰਮਦ ਇਨਾਮ ਗ਼ੌਰੀ ਨੇ ਕਿਹਾ ਕਿ 29 ਰੋਜ਼ੇ ਰੱਖਣ ਤੋਂ ਬਾਅਦ ਈਦ ਦੀ ਨਮਾਜ਼ ਅਦਾ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਹ ਈਦ ਸਾਨੂੰ ਸੱਚਾਈ ਦੇ ਰਸਤੇ 'ਚ ਚੱਲਣ, ਕੁਰਬਾਨੀ ਅਤੇ ਮਾਨਵਤਾ ਦੀ ਸੇਵਾ ਦੀ ਸਿੱਖ ਦਿੰਦੀ ਹੈ। ਇਸ ਤੋਂ ਬਾਅਦ ਦੁਆ ਕਰਵਾਈ। ਲੋਕਾਂ ਨੇ ਇੱਕ ਦੂਜੇ ਨੂੰ ਗਲੇ ਮਿਲ ਕੇ ਈਦ ਦੀ ਮੁਬਾਰਕਬਾਦ ਦਿੱਤੀ। ਇਸ ਮੌਕੇ ਕਾਂਗਰਸੀ ਲੀਡਰ ਬੀਬੀ ਚਰਨਜੀਤ ਕੌਰ ਬਾਜਵਾ ਸਾਬਕਾ ਵਿਧਾਇਕ ਹਲਕਾ ਕਾਦੀਆਂ, ਭਾਜਪਾ ਨੇਤਾ, ਸਾਬਕਾ ਵਿਧਾਇਕ ਫ਼ਤਿਹਜੰਗ ਸਿੰਘ ਬਾਜਵਾ, ਜਗਰੂਪ ਸਿੰਘ ਸੇਖਵਾਂ ਚੇਅਰਮੈਨ ਯੋਜਨਾ ਬੋਰਡ ਗੁਰਦਾਸਪੁਰ ਅਤੇ ਅਸ਼ਵਨੀ ਗੋਟਿਆਲ ਐਸਐਸਪੀ ਬਟਾਲਾ ਮੁਸਲਿਮ ਭਾਈਚਾਰੇ ਦੇ ਲੋਕਾਂ ਨੂੰ ਈਦ ਦੀ ਮੁਬਾਰਕਬਾਦ ਦੇਣ ਪਹੁੰਚੇ। ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਹਲਕਾ ਫ਼ਤਿਹਗੜ੍ਹ ਚੂੜੀਆਂ ਦੇ ਵਿਧਾਇਕ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ, ਭਾਜਪਾ ਆਗੂ ਨਿਕ ਪ੍ਰਭਾਕਰ, ਡਾਕਟਰ ਬਲਚਰਨਜੀਤ ਸਿੰਘ ਭਾਟੀਆ, ਐਸਜੀਪੀਸੀ ਮੈਂਬਰ ਗੁਰਿੰਦਰਪਾਲ ਸਿੰਘ ਗੋਰਾ, ਬਾਬਾ ਸੁਖਦੇਵ ਸਿੰਘ ਬੇਦੀ, ਅਕਾਲੀ ਦਲ (ਬਾਦਲ) ਆਗੂ ਗੁਰਇਕਬਾਲ ਸਿੰਘ ਮਾਹਲ, ਨੀਟਾ ਮਾਹਲ, ਮਾਂਟੂ ਭਾਟੀਆ, ਜਤਿੰਦਰਪਾਲ ਸਿੰਘ ਵਿੱਕੀ ਭਾਟੀਆ, ਗਗਨਦੀਪ ਸਿੰਘ ਗਿੰਨੀ ਭਾਟੀਆ, ਮਨਮੋਹਨ ਸਿੰਘ ਓਬਰਾਏ, ਬਬਿਤਾ ਖੋਸਲਾ, ਕਾਮਰੇਡ ਗੁਰਮੇਜ ਸਿੰਘ, ਡਾਕਟਰ ਅਜੇ ਕੁਮਾਰ ਛਾਬੜਾ, ਡਾਕਟਰ ਕਮਲ ਜਯੋਤੀ, ਜਗਤ ਪੰਜਾਬੀ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਮੁਕੇਸ਼ ਵਰਮਾ, ਕਲਾਕਾਰ ਬਾਲ ਮੁਕੰਦ ਸ਼ਰਮਾਂ ਸਮੇਤ ਅਨੇਕ ਉੱਘੀ ਸ਼ਖ਼ਸੀਅਤਾਂ ਨੇ ਮੁਸਲਿਮ ਭਾਈਚਾਰੇ ਨੂੰ ਈਦ ਦੀ ਮੁਬਾਰਕਬਾਦ ਦਿੱਤੀ। ਇਸ ਮੌਕੇ ਜਮਾਤੇ ਅਹਿਮਦੀਆ ਦੇ ਬੁਲਾਰੇ ਕੇ ਤਾਰਿਕ ਅਹਿਮਦ, ਮਾਜਿਦ ਮਹਿਮੂਦ, ਮੁਨੀਰ ਅਹਿਮਦ ਖਾਦਮ, ਮੁਹੰਮਦ ਨਸੀਮ ਖ਼ਾਂ, ਤਨਵੀਰ ਅਹਿਮਦ ਖਾਦਮ, ਹਾਫ਼ਜ਼ ਮਖ਼ਦੂਮ ਸ਼ਰੀਫ਼, ਮੁਹੰਮਦ ਅਕਰਮ ਗੁਜਰਾਤੀ ਅਤੇ ਮੁਹੰਮਦ ਅਹਸਨ ਗ਼ੌਰੀ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ। ਦੂਜੇ ਪਾਸੇ ਇਮਾਮ ਜਮਾਤੇ ਅਹਿਮਦੀਆ ਹਜ਼ਰਤ ਮਿਰਜ਼ਾ ਮਸਰੂਰ ਅਹਿਮਦ ਖ਼ਲੀਫ਼ਾ ਤੁੱਲ ਮਸੀਹ ਨੇ ਮਸਜਿਦ ਮੁਬਾਰਕ ਲੰਦਨ ਤੋਂ ਦੁਨੀਆ ਭਰ ਦੇ ਮੁਸਲਮਾਨਾਂ ਨੂੰ ਈਦ ਦੇ ਖ਼ੁਤਬੇ ਰਾਹੀਂ ਸੰਬੋਧਨ ਕੀਤਾ। ਈਦ ਦੀ ਨਮਾਜ਼ ਅਦਾ ਕਰਨ ਲਈ ਕਾਦੀਆਂ 'ਚ ਹਜ਼ਾਰਾਂ ਦੀ ਤਾਦਾਦ 'ਚ ਬੱਚੇ, ਪੁਰਖ, ਮਹਿਲਾਵਾਂ ਨੇ ਸ਼ਿਰਕਤ ਕੀਤੀ। ਇਸ ਈਦ ਵਿੱਚ ਅਫ਼ਰੀਕਾ, ਪਾਕਿਸਤਾਨ, ਯੂ ਕੇ ਅਮਰੀਕਾ, ਬੰਗਲਾਦੇਸ਼, ਜਰਮਨੀ, ਨਿਪਾਲ ਸਮੇਤ ਕਈ ਦੇਸ਼ਾਂ ਦੇ ਮੁਸਲਿਮ ਭਾਈਚਾਰੇ ਦੇ ਲੋਕਾਂ ਨੇ ਮਸਜਿਦ ਅਕਸਾ ਕਾਦੀਆਂ 'ਚ ਨਮਾਜ਼ ਅਦਾ ਕੀਤੀ।

## ਗੁਰੂਘਰ ਨੂੰ ਬੋਧੀ ਅਸਥਾਨ 'ਚ ਤਬਦੀਲ ਕਰਨਾ ਬਹੁਤ ਹੀ ਗਲਤ: ਬਾਬਾ ਬਲਬੀਰ ਸਿੰਘ

ਅੰਮ੍ਰਿਤਸਰ (ਜਸਬੀਰ ਪੱਟੀ)-ਅਰੁਣਾਚਲ ਪ੍ਰਦੇਸ਼ ਵਿਚ ਗੁਰਦੁਆਰਾ ਗੁਰੂ ਨਾਨਕ ਤਪੋ ਅਸਥਾਨ ਨੂੰ ਬੋਧੀ ਅਸਥਾਨ ਵਿਚ ਤਬਦੀਲ ਕਰਨ ਸਬੰਧੀ ਨਿਹੰਗ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਜਥੇਦਾਰ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਨੇ ਗਹਿਰੀ ਚਿੰਤਾ ਪ੍ਰਗਟ ਕਰਦਿਆ ਕਿਹਾ ਕਿ ਅਜਿਹਾ ਰੁਝਾਨ ਖ਼ਤਰਨਾਕ ਤੇ ਫਿਰਕੂ ਸੋਚ ਵਾਲਾ ਹੈ। ਇਸ ਨਾਲ ਸਿੱਖ ਧਰਮ ਦੇ ਪੈਰੋਕਾਰਾਂ ਵਿਚ ਭਾਰੀ ਰੋਸ ਹੈ।

ਉਨ੍ਹਾ ਕਿਹਾ ਕਿ ਮੇਚੁਕਾ ਖੇਤਰ ਵਿਖੇ ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਯਾਦ ਨਾਲ ਸਬੰਧਤ ਗੁਰੂ ਨਾਨਕ ਤਪੋ ਅਸਥਾਨ ਨੂੰ ਬੋਧੀ ਅਸਥਾਨ ਵਿਚ ਤਬਦੀਲ ਕਰਨਾ ਸਿੱਖ ਧਰਮ ਦੇ ਪੈਰੋਕਾਰਾਂ ਨਾਲ ਬਹੁਤ ਵੱਡੀ ਬੇਇਨਸਾਫ਼ੀ ਹੈ। ਸਿੱਖ ਯਾਦਗਾਰਾਂ ਦੇ ਨਾਮੋ ਨਿਸ਼ਾਨ ਮਿਟਾਉਣ ਵਾਲੀ ਕਾਰਵਾਈ ਸਿੱਖਾਂ ਨੂੰ ਭੜਕਾਉਣ, ਉਕਸਾਉਣ ਵਾਲੀ ਹੈ। ਇਸ ਨਾਲ ਫਿਰਕਾ ਪ੍ਰਸਤੀ ਨੂੰ ਬਲ ਮਿਲੇਗਾ ਜੋ ਦੇਸ਼ ਲਈ ਘਾਤਕ ਸਿੱਧ ਹੋਵੇਗੀ। ਉਨ੍ਹਾਂ ਕਿਹਾ ਦੇਸ਼ ਦੇ ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ ਨੂੰ ਇਸ ਮਾਮਲੇ ਨੂੰ ਸਰਲ ਕਰਨ ਲਈ ਪਹਿਲਕਦਮੀ ਕਰਨੀ ਚਾਹੀਦੀ ਹੈ।

# ਗੁਰੂ ਹਰਿਗੋਬਿੰਦ ਸਾਹਿਬ ਦੇ ਵਿਆਹ ਪੁਰਬ ਸਬੰਧੀ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਏ

ਰਈਆ (ਡੀ. ਕੇ. ਰੈਡੀ)-ਛੇਵੇਂ ਗੁਰੂ ਤੇ ਮੀਰੀ-ਪੀਰੀ ਦੇ ਮਾਲਕ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਵਿਆਹ ਪੁਰਬ ਸਬੰਧੀ ਜਿਥੇ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਵੱਲੋਂ ਸਮਾਗਮ ਕੀਤੇ ਜਾ ਰਹੇ ਹਨ, ਉਥੇ ਗੁਰਦੁਆਰਾ ਛੇਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਵਿਖੇ ਗੁਰੂ ਹਰਿਗੋਬਿੰਦ ਸਾਹਿਬ ਦੇ ਵਿਆਹ ਪੁਰਬ ਸਬੰਧੀ ਵਿਸ਼ੇਸ਼ ਧਾਰਮਿਕ ਸਮਾਗਮ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਰਹਿਨੁਮਾਈ ਅਤੇ ਤਰਨਤਾਰਨ ਦੇ 16ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਜੋਗਾ ਸਿੰਘ ਦੀ ਅਗਵਾਈ 'ਚ ਬਹੁਤ ਹੀ ਸ਼ਰਧਾ ਭਾਵਨਾਵਾਂ ਤੇ ਚਾਵਾਂ ਨਾਲ ਮਨਾਏ ਗਏ। ਅਖੰਡ ਪਾਠਾਂ ਦੇ ਭੋਗ ਪਾਏ ਗਏ, ਧਾਰਮਿਕ ਦੀਵਾਨ ਸਜਾਏ ਗਏ, ਧਾਰਮਿਕ ਬੁਲਾਰਿਆਂ, ਸੰਤਾਂ ਮਹਾਂਪੁਰਸਾਂ ਤੇ ਹੋਰ ਗੁਰੂ ਘਰ ਆਉਣ ਵਾਲੀਆਂ ਸ਼ਖਸੀਅਤਾਂ ਤੇ ਸੰਗਤਾਂ ਦਾ ਸਨਮਾਨ ਕੀਤਾ ਗਿਆ। ਕਈ ਪ੍ਰਕਾਰ ਦੀਆਂ ਮਠਿਆਈਆਂ ਦੇ ਨਾਲ ਨਾਲ ਦੇਗਾਂ ਸ਼ਰਦਾਈਆਂ ਦੇ ਅਤੁੱਟ ਲੰਗਰ ਵਰਤਾਏ ਗਏ। ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸਮਾਗਮ ਦੀਆਂ ਹਾਜ਼ਰੀਆਂ ਭਰਨ ਉਪਰੰਤ ਇਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ। ਹਜ਼ੂਰੀ ਰਾਗੀ ਜਥੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤੋਂ ਇਲਾਵਾ, ਭਾਈ ਰੇਸ਼ਮ ਸਿੰਘ ਬਾਬਾ ਬਕਾਲਾ ਸਾਹਿਬ, ਭਾਈ ਅਮਰਜੀਤ ਸਿੰਘ ਰਤਨ ਗੜ੍ਹ ਦੇ ਕਵੀਸ਼ਰੀ ਜਥੇ ਸਮੇਤ ਪੰਥ ਦੇ ਨਾਮਵਰ ਰਾਗੀ ਢਾਡੀ ਕਵੀਸ਼ਰਾਂ, ਪ੍ਰਚਾਰਕਾਂ ਤੇ ਸੰਤਾਂ ਮਹਾਪੁਰਸ਼ਾਂ ਨੇ ਹਾਜ਼ਰੀ ਲਵਾਈ ਅਤੇ ਸੰਗਤਾਂ ਛੇਵੇਂ ਪਾਤਿਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਵਿਆਹ ਸਬੰਧੀ ਬਹੁਤ ਹੀ ਵਿਸਥਾਰ ਨਾਲ ਚਾਨਣਾ ਪਾ ਕੇ ਸੰਗਤਾਂ ਨੂੰ ਸਿੱਖੀ ਦੇ ਸੁਨਹਿਰੀ ਵਿਰਸੇ ਨਾਲ ਜੋੜਿਆ।

ਇਸ ਮੌਕੇ ਤਰਨਾ ਦਲ ਦੇ 16ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਜੋਗਾ ਸਿੰਘ ਵੱਲੋਂ ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦਾ ਸਿਰੋਪਾਉ ਪਾ ਕੇ ਸਨਮਾਨ ਕੀਤਾ ਗਿਆ। ਸਮੂਹ ਸੰਗਤਾਂ ਨੂੰ ਕਈ ਤਰ੍ਹਾਂ ਦੀਆਂ ਮਠਿਆਈਆਂ ਦੇਗਾਂ ਸ਼ਰਦਾਈਆਂ ਦੇ ਲੰਗਰ ਅਤੁੱਟ ਵਰਤਾਏ ਗਏ। ਧਾਰਮਿਕ ਬੁਲਾਰਿਆਂ ਤੇ ਸੰਤਾਂ ਮਹਾਪੁਰਸ਼ਾਂ ਦਾ ਵੀ ਮਾਣ ਸਨਮਾਨ ਕੀਤਾ ਗਿਆ।

# ਭਾਰਤ ਵਿਕਾਸ ਪ੍ਰੀਸ਼ਦ ਵਲੋਂ ਮੁਫਤ ਆਯੁਰਵੈਦਿਕ ਕੈਂਪ ਆਯੋਜਿਤ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਤ੍ਰਿਖਾ ਆਯੁਰਵੈਦਿਕਸ ਵਿਖੇ ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਮੁਫਤ ਆਯੁਰਵੈਦਿਕ ਕੈਂਪ ਪ੍ਰਧਾਨ ਰਾਕੇਸ਼ ਮਹਾਜਨ ਦੀ ਪ੍ਰਧਾਨਗੀ ਹੇਠ ਲਗਾਇਆ ਗਿਆ। ਕੈਂਪ ਦੀ ਸ਼ੁਰੂਆਤ ਦੀਪ ਜਗਾ ਕੇ ਅਤੇ ਵੰਦੇ ਮਾਤਰਮ ਗਾ ਕੇ ਕੀਤੀ ਗਈ। ਡਾ: ਰਾਜੇਸ ਤ੍ਰਿਖਾ, ਡਾ: ਨਿਸ਼ਾਂਤਾ ਤ੍ਰਿਖਾ, ਡਾ: ਮਯੰਕ ਤ੍ਰਿਖਾ ਦੀ ਦੇਖ-ਰੇਖ ਹੇਠ ਲਗਾਏ ਗਏ ਇਸ ਕੈਂਪ ਵਿਚ ਮਾਹਿਰ ਡਾਕਟਰਾਂ ਦੀ ਟੀਮ ਨੇ ਸਲਾਹ-ਮਸ਼ਵਰਾ, ਦਵਾਈ ਅਤੇ ਪੰਚਕਰਮਾ ਕੀਤਾ। ਇਸ ਮੌਕੇ 108 ਮਰੀਜ਼ਾਂ ਨੂੰ ਚੈਕਅੱਪ ਕਰਨ ਉਪਰੰਤ ਮੁਫਤ ਦਵਾਈਆਂ ਵੰਡੀਆਂ ਗਈਆਂ। ਪ੍ਰਧਾਨ ਰਾਕੇਸ਼ ਮਹਾਜਨ ਨੇ ਦੱਸਿਆ ਕਿ ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਲੋਕਾਂ ਦੀ ਬਿਹਤਰੀ ਲਈ ਸਮੇਂ-ਸਮੇਂ 'ਤੇ ਅਜਿਹੇ ਕੈਂਪ ਲਗਾਏ ਜਾਂਦੇ ਹਨ ਤਾਂ ਜੋ ਲੋੜਵੰਦ ਲੋਕ ਇਸ ਕੈਂਪ ਦਾ ਲਾਭ ਉਠਾ ਸਕਣ। ਉਨ੍ਹਾਂ ਕਿਹਾ ਕਿ ਕੌਂਸਲ ਦਾ ਇੱਕੋ ਇੱਕ ਉਦੇਸ਼ ਹੈ, ਜੋ ਮਨੁੱਖਤਾ ਦੀ ਸੇਵਾ ਕਰਨਾ ਹੈ। ਇਸ ਕੰਮ ਲਈ ਲੋਕਾਂ ਦੀ ਮਦਦ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਅੱਜ ਲਗਾਏ ਗਏ ਕੈਂਪ ਵਿੱਚ ਲੋਕਾਂ ਨੇ ਇਸ ਦਾ ਲਾਭ ਉਠਾਇਆ ਹੈ। ਉਨ੍ਹਾਂ ਦੱਸਿਆ ਕਿ ਇਹ ਕੈਂਪ ਸਵੇਰੇ 10 ਵਜੇ ਤੋਂ ਦੁਪਹਿਰ 3 ਵਜੇ ਤੱਕ ਲਗਾਇਆ ਗਿਆ ਹੈ। ਕੈਂਪ ਦੌਰਾਨ ਕੌਂਸਲ ਵਿੱਚ ਕੁਝ ਨਵੇਂ ਮੈਂਬਰ ਸ਼ਾਮਲ ਹੋਏ, ਜਿਸ ਤੋਂ ਬਾਅਦ ਕੌਂਸਲ ਵੱਲੋਂ ਡਾਕਟਰਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਰਾਧੇਸ਼ਾਮ ਮਹਾਜਨ, ਵਿਨੋਦ ਸ਼ਰਮਾ, ਵਿਜੇ ਕੰਸਾਰਾ, ਮੋਹਿਤ ਅਗਰਵਾਲ, ਨਰੇਸ਼ ਤ੍ਰਿਪਾਠੀ, ਜਤਿੰਦਰ ਮਹਾਜਨ, ਕੇਵਲ ਕ੍ਰਿਸ਼ਨ ਮਹਾਜਨ, ਅਨਿਲ ਗੁਪਤਾ, ਡਾ: ਹਰੀਦੇਵ ਅਗਨੀਹੋਤਰੀ, ਜਨਕ ਰਾਜ ਮਹਾਜਨ, ਸੰਜੀਵ ਕੁਮਾਰ, ਆਦਿਤਿਆ ਗੁਪਤਾ, ਈਸ਼ਵਰ ਭੱਲਾ, ਕਮਲ ਮਹਾਜਨ, ਡਾ. ਸਤਪਾਲ ਸ਼ਰਮਾ, ਪ੍ਰੇਮ ਭਾਰਤ, ਰਜਿੰਦਰ ਸਰਮਾ, ਡਾ: ਰੰਜਨਾ ਭੈਂਸ, ਡਾ: ਨਿਕਿਤਾ ਪੁਰੀ ਆਦਿ ਹਾਜ਼ਰ ਸਨ

## ਕੈਂਟਾਬਿਲ ਰਿਟੇਲ ਨੇ ਫਰੀਦਕੋਟ 'ਚ ਵੀ ਆਪਣੇ ਪੈਰ ਜਮਾਏ

ਫਰੀਦਕੋਟ : ਭਾਰਤ ਦੇ ਇੱਕ ਪ੍ਰਮੁੱਖ ਲਿਬਾਸ ਨਿਰਮਾਤਾ ਅਤੇ ਪ੍ਰਚੂਨ ਵਿਕਰੇਤਾ ਕੈਂਟਾਬਿਲ ਰਿਟੇਲ ਇੰਡੀਆ ਲਿਮਟਿਡ ਨੇ ਫਰੀਦਕੋਟ, ਪੰਜਾਬ ਵਿੱਚ ਆਪਣਾ ਦੂਜਾ ਰਿਟੇਲ ਸਟੋਰ ਖੋਲ੍ਹਣ ਦਾ ਐਲਾਨ ਕੀਤਾ ਹੈ। 1000 ਵਰਗ ਫੁੱਟ ਦੇ ਖੇਤਰ ਵਿੱਚ ਫੈਲਿਆ, ਇਹ ਸਟੋਰ ਦੁਕਾਨ ਨੰਬਰ 15, ਗਰਾਊਂਡ ਫਲੋਰ, ਕਰਾਊਨ ਪੈਲੇਸ ਦੇ ਸਾਹਮਣੇ, ਫਰੀਦਕੋਟ, ਪੰਜਾਬ ਵਿਖੇ ਸਥਿਤ ਹੈ। ਬਿਲਕੁਲ ਨਵਾਂ ਕੈਂਟਾਬਿਲ ਰਿਟੇਲ ਸਟੋਰ ਆਪਣੇ ਗਾਹਕਾਂ ਲਈ ਰਿਟੇਲ ਅਨੁਭਵ ਦੇ ਭਵਿੱਖ ਨੂੰ ਦਰਸਾਉਂਦਾ ਹੈ ਕਿਉਂਕਿ ਇਹ ਪ੍ਰਤੀਯੋਗੀ ਕੀਮਤ 'ਤੇ ਪੁਰਸ਼ਾਂ ਅਤੇ ਔਰਤਾਂ ਲਈ ਫਾਰਮਲ-ਪਹਿਰਾਵੇ, ਕੈਜ਼ੂਅਲ ਅਤੇ ਅਲਟਰਾ-ਕੈਜ਼ੂਅਲ ਕੱਪੜਿਆਂ ਦੀ ਪੂਰੀ ਸ਼੍ਰੇਣੀ ਦੀ ਪੇਸ਼ਕਸ਼ ਕਰਦਾ ਹੈ। ਇਸ ਸਟੋਰ ਦੇ ਖੁੱਲਣ ਦੇ ਨਾਲ, ਕੈਂਟਾਬਿਲ ਰਿਟੇਲ ਪੂਰੇ ਭਾਰਤ ਵਿੱਚ 448 ਸਟੋਰਾਂ ਦੀ ਗਿਣਤੀ ਤੱਕ ਪਹੁੰਚ ਗਿਆ ਹੈ। ਇਸ ਸਟੋਰ ਦੇ ਉਦਘਾਟਨ ਬਾਰੇ ਬੋਲਦੇ ਹੋਏ ਦੀਪਕ ਬਾਂਸਲ, ਡਾਇਰੈਕਟਰ, ਕੈਨਟਾਬਿਲ ਰਿਟੇਲ ਇੰਡੀਆ ਲਿਮਟਿਡ ਨੇ ਕਿਹਾ ਕਿ ਸਾਨੂੰ ਫਰੀਦਕੋਟ, ਪੰਜਾਬ ਵਿੱਚ ਆਪਣੇ ਨਵੇਂ ਰਿਟੇਲ ਸਟੋਰ ਦੀ ਸ਼ੁਰੂਆਤ ਦਾ ਐਲਾਨ ਕਰਦੇ ਹੋਏ ਬਹੁਤ ਖੁਸ਼ੀ ਹੋ ਰਹੀ ਹੈ ਜੋ ਪਹਿਲਾਂ ਤੋਂ ਮੌਜੂਦ ਸਟੋਰ, ਜਿੱਥੇ ਕੇਵਲ ਪੁਰਸ਼ਾਂ ਦੇ ਕੱਪੜੇ ਉਪਲੱਬਧ ਹਨ, ਤੋਂ ਇਲਾਵਾ ਔਰਤਾਂ ਅਤੇ ਬੱਚਿਆਂ ਦੀਆਂ ਵੀ ਕੱਪੜਿਆਂ ਸੰਬੰਧੀ ਸਾਰੀਆਂ ਜ਼ਰੂਰਤਾਂ ਨੂੰ ਪੂਰਾ ਕਰੇਗਾ।

# ਸੱਤਯ ਸਾਈਂ ਸੇਵਾ ਸੰਮਤੀ ਨੇ ਅੱਖਾਂ/ਦੰਦਾਂ ਦਾ ਮੁਫਤ ਕੈਂਪ ਲਗਾਇਆ

ਅੰਮ੍ਰਿਤਸਰ (ਅਰੋੜਾ)-ਪਰਮ ਸੰਤ ਅਦਵੈਤ ਸਵਰੂਪ ਮਾਤਾ ਆਰਤੀ ਦੇਵਾ ਜੀ ਕਰਤਾਰ ਨਗਰ ਛੇਹਰਟਾ ਵਾਲਿਆਂ ਦੇ ਆਸ਼ੀਰਵਾਦ ਨਾਲ ਸੱਤਯ ਸਾਈਂ ਸੰਮਤੀ ਅੰਮ੍ਰਿਤਸਰ ਦੇ ਸਹਿਯੋਗ ਨਾਲ ਅੱਖਾਂ ਅਤ ਦੰਦਾਂ ਦਾ ਮੁਫਤ ਕੈਂਪ ਮੰਦਿਰ ਸਵੇਰੇ 9 ਵਜੇ ਤੋਂ ਲੈ ਕੇ 1 ਵਜੇ ਤੱਕ ਲਗਾਇਆ ਗਿਆ। ਮਾਤਾ ਆਰਤੀ ਦੇਵਾ ਜੀ ਨੇ ਸ਼ਮਾ ਰੌਸ਼ਨ ਕਰਕੇ ਇਸ ਕੈਂਪ ਦਾ ਉਦਘਾਟਨ ਕੀਤਾ। ਇਸ ਵਿਸ਼ਾਲ ਕੈਂਪ ਵਿੱਚ ਡਾ. ਓਮ ਪ੍ਰਕਾਸ਼ ਨੇਤਰ ਹਸਪਤਾਲ ਮਾਲ ਰੋਡ ਦੇ ਮਾਹਿਰ ਡਾਕਟਰਾਂ ਦੀ ਟੀਮ ਨੇ ਸੈਂਕੜੇ ਜ਼ਰੂਰਤਮੰਦ ਰੋਗੀਆਂ ਦੀ ਜਾਂਚ ਕਰਕੇ ਉਨਾਂ ਨੂੰ ਮੁਫਤ ਦਵਾਈਆਂ, ਐਨਕਾਂ ਅਤੇ ਅੱਖਾਂ ਦੇ ਰੋਗੀਆਂ ਨੂੰ ਸਾਮਗਰੀ ਵੰਡੀ। ਆਪਰੇਸ਼ਨ ਦੀ ਹਾਲਤ ਵਿੱਚ ਰੋਗੀਆਂ ਨੂੰ ਹਸਪਤਾਲ ਵਿੱਚ ਆ ਕੇ ਮੁਫਤ ਆਪਰੇਸ਼ਨ ਕਰਨ ਲਈ ਪਰਚੀਆਂ ਦਿੱਤੀਆਂ ਗਈਆਂ। ਦੰਦਾਂ ਦੇ ਰੋਗਾਂ ਦੇ ਮਾਹਿਰ ਡਾ. ਅੰਕੁਰ ਭਨੋਟ ਹਸਪਤਾਲ ਦੀ ਟੀਮ ਨੇ ਦੰਦਾਂ ਦੇ ਰੋਗੀਆਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਮੁਫਤ ਦਵਾਈਆਂ ਵੰਡੀਆਂ। ਹੱਡੀਆਂ ਦੇ ਮਾਹਿਰ ਡਾਕਟਰਾਂ ਨੇ ਵੀ ਜ਼ਰੂਰਤਮੰਦ ਰੋਗੀਆਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਦਵਾਈਆਂ ਦਿੱਤੀਆਂ ਅਤੇ ਭਵਿੱਖ ਵਿੱਚ ਵੀ ਕਿਸੀ ਵੀ ਸਮਸਿਆਂ ਦੇ ਸਮਾਧਾਨ ਲਈ ਮੁਫਤ ਇਲਾਜ ਕਰਵਾਉਣ ਦੀ ਸਲਾਹ ਦਿੱਤੀ। ਮੰਦਿਰ ਟਰੱਸਟ ਦੇ ਬਾਬੂ ਬਾਲ ਕਿਸ਼ਨ ਮੁੱਖ ਸੇਵਕ ਸੁਮਿਤ ਸ਼ਾਸਤਰੀ ਨੇ ਦੱਸਿਆ ਕਿ ਮੰਦਿਰ ਪਰਸਰ ਵਿੱਚ ਸੱਤਯ ਸਾਈਂ ਸੰਮਤੀ ਦੇ ਸਹਿਯੋਗ ਨਾਲ ਇਸ ਪ੍ਰਕਾਰ ਦੇ ਮੁਫਤ ਕੈਂਪ ਲਗਵਾਏ ਜਾਂਦੇ ਹਨ। ਹਜ਼ਾਰਾਂ ਦੀ ਸੰਖਿਆ ਵਿੱਚ ਜ਼ਰੂਰਤਮੰਦ ਰੋਗੀਆਂ ਦਾ ਮੁਫਤ ਇਲਾਜ ਕਰਵਾਇਆ ਜਾਂਦਾ ਹੈ। ਇਹ ਸਿਲਸਿਲਾ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਨਾਲ ਜਾਰੀ ਰਹੇਗਾ। ਇਸ ਮੌਕੇ ਤੇ ਸਮਾਜ ਸੇਵਕ ਬ੍ਰਾਹਮਣ ਮਹਾਂ ਸਭਾ ਦੇ ਪ੍ਰਧਾਨ ਚੰਦਰ ਸ਼ੇਖਰ, ਕੌਂਸਲਰ ਅਰਵਿੰਦ ਸ਼ਰਮਾ, ਭਾਜਪਾ ਨੇਤਾ ਵਿਪਨ ਨਈਅਰ, ਪਵਨ ਅਰੋੜਾ ਚੱਕੀ ਵਾਲੇ, ਅਮਿਤ ਕੁਮਾਰ, ਬਿੱਲੂ ਭਗਤ, ਸੋਹਨ ਲਾਲ, ਮੋਹਨ ਲਾਲ, ਸ਼੍ਰੀ ਮਤੀ ਵੰਦਨਾ, ਡਾ. ਰਾਕੇਸ਼ ਬੰਸਲ, ਅਸ਼ੋਕ ਦਵੇਸਰ, ਆਦਿ ਭਾਰੀ ਸੰਖਿਆ ਵਿੱਚ ਮੌਜੂਦ ਸੀ। ਇਸ ਵਿਸ਼ਾਲ ਕੈਂਪ ਵਿੱਚ ਕਈ ਲੋਕਾਂ ਨੇ 400 ਤੋ ਜ਼ਿਆਦਾ ਰੋਗੀਆਂ ਨੇ ਲਾਭ ਉਠਾਇਆ। ਰੋਗੀਆਂ ਦੇ ਖਾਣ ਪੀਣ ਦਾ ਪ੍ਰਬੰਧ ਮੰਦਿਰ ਟਰੱਸਟ ਵੱਲੋ ਚੰਗੇ ਢੰਗ ਦੇ ਨਾਲ ਕੀਤਾ ਗਿਆ।

## ਨੋਆਇਸ-ਕੈਂਸਲਿੰਗ ਫੀਚਰਜ਼ ਦਾ ਹੁਣ ਸਟਾਈਲਿਸ਼ ਬਲੂ ਕਲਰ 'ਚ ਅਨੰਦ ਮਾਣੋ

ਲੁਧਿਆਣਾ 23 ਅਪ੍ਰੈਲ : ਸਾਲ 2022 ਵਿੱਚ ਡਬਲਯੂਐਚ -1000ਐਕਸਐਮ5 ਦੇ ਲਾਂਚ ਹੋਣ ਤੋਂ ਬਾਅਦ, ਵਾਇਰਲੈੱਸ ਹੈੱਡਫੋਨਸ ਨੇ ਆਪਣੀ ਉਦਯੋਗ-ਮੋਹਰੀ ਨੋਆਇਸ-ਕੈਂਸਲੇਸ਼ਨ ਅਤੇ ਵਧੀਆ ਆਵਾਜ਼ ਦੀ ਗੁਣਵੱਤਾ ਲਈ ਬਹੁਤ ਸਾਰੇ ਪੁਰਸਕਾਰ ਅਤੇ ਪ੍ਰਸ਼ੰਸਾ ਪ੍ਰਾਪਤ ਕੀਤੀ ਹੈ। ਹੁਣ ਸੋਨੀ ਆਪਣੇ ਬਹੁਤ ਹੀ ਮਸ਼ਹੂਰ ਡਬਲਯੂਐਚ -1000ਐਕਸਐਮ5 ਦੀਆਂ ਸਾਰੀਆਂ ਵਿਸ਼ੇਸ਼ਤਾਵਾਂ ਅਤੇ ਇਸਦੀ ਪਸੰਦੀਦਾ ਟੈਕਨੋਲੋਜੀ ਨੂੰ ਇੱਕ ਨਵੇਂ ਸਟਾਈਲਿਸ਼ ਮਿਡਨਾਈਟ ਬਲੂ ਰੰਗ ਵਿੱਚ ਪੇਸ਼ ਕਰ ਰਿਹਾ ਹੈ, ਜਿਸ ਨਾਲ ਤੁਸੀਂ ਆਪਣੇ ਸੁਣਨ ਦੇ ਅਨੁਭਵ ਨੂੰ ਹੋਰ ਵੀ ਨਿੱਜੀ ਬਣਾ ਸਕਦੇ ਹੋ। ਸੋਨੀ ਨੇ ਨਾ ਸਿਰਫ ਡਬਲਯੂਐਚ-1000ਐਕਸਐਮ5 ਮਿਡਨਾਈਟ ਬਲੂ ਨੂੰ ਸਟਾਈਲਿਸ਼ ਬਣਾਇਆ ਹੈ, ਸਗੋਂ ਸਥਿਰਤਾ ਨੂੰ ਧਿਆਨ ਵਿੱਚ ਰੱਖਦੇ ਹੋਏ ਡਿਜ਼ਾਈਨ ਕੀਤਾ ਹੈ। ਦੋਵਾਂ ਮਾਡਲਾਂ ਦੀ ਪੈਕੇਜਿੰਗ ਸਮੱਗਰੀ ਵਿੱਚ ਜ਼ੀਰੋ ਪਲਾਸਟਿਕ ਦੀ ਵਰਤੋਂ ਕੀਤੀ ਗਈ ਹੈ, ਜੋ ਆਪਣੇ ਉਤਪਾਦਾਂ ਅਤੇ ਅਭਿਆਸਾਂ ਦਾ ਵਾਤਾਵਰਣ 'ਤੇ ਪ੍ਰਭਾਵ ਨੂੰ ਘਟਾਉਣ ਲਈ ਸੋਨੀ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਭਾਰਤ ਵਿੱਚ ਡਬਲਯੂਐੱਚ -1000ਐਕਸਐਮ5 ਮਿਡਨਾਈਟ ਬਲੂ ਕਲਰ ਵਿੱਚ ਉਪਲਬੱਧ ਹੈ।

# ਜੇ ਜੇ ਹਵੇਲੀ ਦੇ ਮਾਲਕ ਨੂੰ ਡੀ ਸੀ ਰਿਸ਼ੀਪਾਲ ਨੇ ਕੀਤਾ ਸਨਮਾਨਿਤ

ਚੋਹਲਾ ਸਾਹਿਬ/ਸਰਹਾਲੀ ਕਲਾਂ (ਰਮਨ ਚੱਢਾ, ਹਰਪ੍ਰੀਤ ਸਿੰਘ ਚੰਬਾ)-ਸਾਡੇ ਜੀਵਨ ਵਿੱਚ ਸਫਾਈ ਦੀ ਬਹੁਤ ਮਹਾਨਤਾ ਹੈ। ਸਾਡੇ ਆਲੇ-ਦੁਆਲੇ ਦੀ ਅਰੋਗਤਾ ਤੇ ਸੁੰਦਰਤਾ ਲਈ ਇਸ ਦੀ ਬਹੁਤ ਜ਼ਰੂਰਤ ਹੈ। ਸਫਾਈ ਦਾ ਸੰਬੰਧ ਸਾਡੇ ਸਰੀਰ, ਘਰ ਦੇ ਆਲੇ ਦੁਆਲੇ, ਪਹਿਰਾਵੇ, ਪਾਣੀ, ਹਵਾ ਅਤੇ ਖ਼ੁਰਾਕ ਨਾਲ ਹੈ।

ਜੇਕਰ ਇਨ੍ਹਾਂ ਚੀਜ਼ਾਂ ਵਿੱਚੋਂ ਅਸੀਂ ਕਿਸੇ ਦੀ ਸਫਾਈ ਦਾ ਧਿਆਨ ਨਹੀਂ ਰੱਖਾਂਗੇ ਤਾਂ ਅਸੀਂ ਗੰਦਗੀ, ਬਦਬੂ, ਮੱਖੀਆਂ, ਮੱਛਰਾਂ, ਕਿਟਾਣੂਆਂ ਤੇ ਬਿਮਾਰੀਆਂ ਵਿਚ ਘਿਰ ਜਾਵਾਂਗੇ। ਇੱਕ ਰੈਸਟੋਰੈਂਟ ਇੱਕ ਕਾਰੋਬਾਰ ਹੈ ਜੋ ਪੈਸੇ ਦੇ ਵਟਾਂਦਰੇ ਵਿੱਚ ਗਾਹਕਾਂ ਨੂੰ ਭੋਜਨ ਤਿਆਰ ਕਰਦਾ ਹੈ ਅਤੇ ਸੇਵਾਵਾਂ ਦਿੰਦਾ ਹੈ। ਜਦੋਂ ਉਸ ਰੈਸਟੋਰੈਂਟ ਵਿੱਚ ਸਾਫ-ਸੁਥਰਾ ਭੋਜਨ ਮਿਲਦਾ ਤਾਂ ਲੋਕ ਵੀ ਖੁਸ਼ ਹੁੰਦੇ ਹਨ। ਇਸੇ ਸੰਦਰਭ 'ਚ ਜ਼ਿਲ੍ਹਾ ਤਰਨ ਤਾਰਨ ਦੀ ਐਡਵਾਈਜ਼ਰੀ ਕਮੇਟੀ ਦੀ ਮੀਟਿੰਗ ਡੀ ਸੀ ਆਫਿਸ ਤਰਨ ਤਾਰਨ ਵਿਖੇ ਹੋਈ। ਮੀਟਿੰਗ ਦੌਰਾਨ ਫੂਡ ਸੇਫਟੀ ਡਿਪਾਰਟਮੈਂਟ ਤਰਨ ਤਾਰਨ ਵੱਲੋਂ ਜਨਵਰੀ 2023 ਤੋਂ ਮਾਰਚ ਸਾਲ 2023 ਤੱਕ ਵੱਖ-ਵੱਖ ਹੋਟਲਾਂ ਅਤੇ ਰੈਸਟੋਰੈਂਟਾਂ ਦਾ ਨਿਰੀਖਣ ਕੀਤਾ ਗਿਆ ਅਤੇ ਸਭ ਤੋਂ ਸਾਫ-ਸੁਥਰੇ ਹੋਟਲ ਅਤੇ ਰੈਸਟੋਰੈਂਟਾਂ ਦੇ ਮਾਲਕਾਂ ਨੂੰ ਡੀਸੀ ਰਿਸ਼ੀਪਾਲ ਵੱਲੋਂ ਸਨਮਾਨਿਤ ਕੀਤਾ ਗਿਆ ਜਿਨ੍ਹਾਂ 'ਚੋਂ ਜੇ ਜੇ ਹਵੇਲੀ ਦੇ ਮਾਲਕ ਜਰਨੈਲ ਸਿੰਘ ਦਾ ਨਾਂਅ ਵਰਨਣਯੋਗ ਹੈ। ਜਰਨੈਲ ਸਿੰਘ ਨੂੰ ਇਹ ਮਾਣ-ਸਨਮਾਨ ਉਨ੍ਹਾਂ ਵਲੋਂ ਹਾਸਪਿਟੈਲਿਟੀ ਦੇ ਖੇਤਰ 'ਚ ਵਧੀਆ ਸੇਵਾਵਾਂ ਦੇਣ ਬਦਲੇ ਮਿਲਿਆ। ਇਸ ਮੌਕੇ ਉਨ੍ਹਾਂ ਦੇ ਨਾਲ ਡਾਕਟਰ ਗੁਰਪ੍ਰੀਤ ਰਾਏ ਸਿਵਲ ਸਰਜਨ ਤਰਨ ਤਾਰਨ, ਡੀਐਚਓ ਡਾਕਟਰ ਸੁਖਬੀਰ ਕੌਰ ਔਲਖ, ਫੂਡ ਇੰਸਪੈਕਟਰ ਮੈਡਮ ਸਾਕਸ਼ੀ, ਦਲਜੀਤ ਸਿੰਘ ਪੱਟੀ ਅਤੇ ਗੁਰਮੀਤ ਸਿੰਘ ਜੇ ਈ ਆਦਿ ਹਾਜ਼ਰ ਸਨ।

# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵੱਲੋਂ ਪਲੇਸਮੈਂਟ ਕੈਂਪ 26 ਨੂੰ

ਗੁਰਦਾਸਪੁਰ (ਜਨਕ ਮਹਾਜਨ)-ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵਲੋਂ ਨੌਜਵਾਨਾਂ ਨੂੰ ਵੱਖ-ਵੱਖ ਸੈਕਟਰਾਂ ਵਿੱਚ ਰੋਜ਼ਗਾਰ ਮੁਹੱਈਆ ਕਰਵਾਉਣ ਹਿੱਤ ਹਰ ਮਹੀਨੇ ਰੋਜ਼ਗਾਰ ਦਫਤਰ ਵਿਖੇ ਪਲੇਸਮੈਂਟ ਕੈਂਪ ਲਗਾਏ ਜਾ ਰਹੇ ਹਨ ਤਾਂ ਜੋ ਨੌਜਵਾਨਾਂ ਨੂੰ ਆਤਮ ਨਿਰਭਰ ਬਣਾਇਆ ਜਾ ਸਕੇ। ਇਸੇ ਲੜੀ ਤਹਿਤ 26 ਅਪ੍ਰੈਲ ਨੂੰ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਲਾਕ-ਬੀ, ਕਮਰਾ ਨੰ: 217 ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਗੁਰਦਾਸਪੁਰ ਵਿਖੇ ਇੱਕ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਵੱਖ-ਵੱਖ ਸੈਕਟਰ ਨਾਲ ਸਬੰਧਤ 4 ਕੰਪਨੀਆਂ ਚੈੱਕਮੇਟ ਸਰਵਸਿਸ ਪ੍ਰਾਈਵੇਟ ਲਿਮਟਿਡ, ਭਾਰਤੀ ਐਕਸਾ ਲਾਈਫ ਇੰਸ਼ੋਰੈਂਸ, ਅਜਾਈਲ ਹਰਬਲ ਅਤੇ ਈ-ਕਾਰਟ ਕੰਪਨੀਆ ਵਲੋਂ ਨੌਜਵਾਨਾਂ ਦੀ ਨੌਕਰੀਆਂ ਲਈ ਚੋਣ ਕੀਤੀ ਜਾਣੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਪਰਸ਼ੋਤਮ ਸਿੰਘ ਨੇ ਦੱਸਿਆ ਕਿ ਚੈੱਕਮੇਟ ਸਰਵਸਿਸ ਪ੍ਰਾਈਵੇਟ ਲਿਮਟਿਡ ਕੰਪਨੀ ਵਲੋਂ ਸਕਿਓਰਟੀ ਗਾਰਡ, ਭਾਰਤੀ ਐਕਸਾ ਲਾਈਫ ਇੰਸ਼ੋਰੈਂਸ ਵਲੋਂ ਰਿਲੇਸ਼ਨਸ਼ਿਪ ਮੈਨੇਜਰ, ਇੰਸ਼ੋਰੈਂਸ ਮੈਨਜਰ, ਅਜਾਈਲ ਹਰਬਲ ਵਲੋਂ ਵੈੱਲਨੈੱਸ ਐਡਵਾਈਜ਼ਰ ਅਤੇ ਈ-ਕਾਰਟ ਕੰਪਨੀ ਵੱਲੋਂ ਡਲਿਵਰੀ ਬੁਆਏ ਦੀ ਭਰਤੀ ਕੀਤੀ ਜਾਣੀ ਹੈ। ਉਨ੍ਹਾਂ ਦੱਸਿਆ ਕਿ ਚੈੱਕਮੇਟ ਸਰਵਸਿਸ ਪ੍ਰਾਈਵੇਟ ਲਿਮਟਿਡ ਕੰਪਨੀ ਵਿੱਚ ਇੰਟਰਵਿਊ ਦੇਣ ਲਈ ਕੇਵਲ ਯੋਗ ਲੜਕਿਆਂ ਦੀ ਜ਼ਰੂਰਤ ਹੈ, ਜਿਨ੍ਹਾਂ ਦੀ ਉਮਰ 19 ਸਾਲ ਤੋਂ ਲੈ ਕੇ 35 ਸਾਲ ਤੱਕ, ਯੋਗਤਾ ਘੱਟੋ-ਘੱਟ ਦਸਵੀਂ ਅਤੇ ਕੱਦ 5 ਫੁੱਟ 6 ਇੰਚ ਜਾਂ ਇਸ ਤੋਂ ਉਪਰ ਹੋਣਾ ਚਾਹੀਦਾ ਹੈ। ਇੰਟਰਵਿਊ ਉਪਰੰਤ ਚੁਣੇ ਗਏ ਪ੍ਰਾਰਥੀਆਂ ਨੂੰ ਤਨਖਾਹ 16300 ਤੋਂ 18000 ਰੁਪਏ ਪ੍ਰਤੀ ਮਹੀਨਾ ਤਨਖਾਹ ਮਿਲਣ ਯੋਗ ਹੋਵੇਗੀ ਅਤੇ ਰਿਹਾਇਸ਼ ਮੁਫ਼ਤ ਹੋਵੇਗੀ। ਇਸ ਤੋਂ ਇਲਾਵਾ ਰੇਲਵੇ ਗੇਟਕੀਪਰ ਦੀ ਅਸਾਮੀ ਲਈ ਐਕਸ-ਸਰਵਿਸ ਮੈਨ ਜਿਨ੍ਹਾਂ ਦੀ ਉਮਰ 54 ਸਾਲ ਤੋਂ ਉਪਰ ਨਾ ਹੋਵੇ ਅਤੇ ਯੋਗਤਾ ਦਸਵੀਂ ਪਾਸ ਹੋਵੇ, ਨੂੰ ਪ੍ਰਤੀ ਮਹੀਨਾ 33000 ਰੁਪਏ ਤਨਖਾਹ ਦੇਣਯੋਗ ਹੋਵੇਗੀ। ਕੰਪਨੀ ਵਲੋਂ ਫੰਡ, ਬੋਨਸ ਆਦਿ ਵੀ ਦਿੱਤੇ ਜਾਂਦੇ ਹਨ।

ਜ਼ਿਲ੍ਹਾ ਰੋਜ਼ਗਾਰ ਅਫ਼ਸਰ ਨੇ ਅੱਗੇ ਦੱਸਿਆ ਕਿ ਐਕਸਾ ਲਾਈਫ ਇੰਸ਼ੋਰੈਂਸ ਕੰਪਨੀ ਵਿੱਚ ਇੰਟਰਵਿਊ ਦੇਣ ਲਈ ਰਿਲੇਸ਼ਨਸ਼ਿਪ ਮੈਨੇਜਰ ਦੀ ਅਸਾਮੀ ਲਈ ਯੋਗਤਾ ਗ੍ਰੈਜੂਏਸ਼ਨ ਤੇ ਇੰਸ਼ੋਰੈਂਸ ਮੈਨਜਰ ਲਈ ਬਾਰਵੀਂ ਪਾਸ ਅਤੇ ਉਮਰ 22 ਸਾਲ ਤੋਂ 45 ਸਾਲ ਤੱਕ ਹੋਣੀ ਚਾਹੀਦੀ ਹੈ। ਰਿਲੇਸ਼ਨਸ਼ਿਪ ਮੈਨੇਜਰ ਦੀ ਅਸਾਮੀ ਲਈ ਤਨਖਾਹ 25000 ਰੁਪਏ ਤੋਂ ਲੈ ਕੇ 30,000 ਰੁਪਏ ਅਤੇ ਇੰਸ਼ੋਰੈਂਸ ਮੈਨਜਰ ਦੀ ਅਸਾਮੀ ਲਈ 15000 ਤੋਂ 18000 ਰੁਪਏ ਪਲੱਸ ਇੰਸੈਂਟਿਵ ਹੋਵੇਗਾ। ਈ-ਕਾਰਟ ਕੰਪਨੀ ਵਲੋਂ ਡਲਿਵਰੀ ਬੁਆਏ ਦੀ ਅਸਾਮੀ ਲਈ ਘੱਟ ਤੋਂ ਘੱਟ ਯੋਗਤਾ ਦਸਵੀਂ ਪਾਸ, ਉਮਰ 18-35 ਸਾਲ, ਤਨਖਾਹ 9000 ਰੁਪਏ ਤੋਂ ਲੈ ਕੇ 25,000 ਰੁਪਏ ਤੱਕ ਪ੍ਰਤੀ ਮਹੀਨਾ ਮਿਲਣਯੋਗ ਹੋਵੇਗੀ ਅਤੇ ਉਮੀਦਵਾਰ ਕੋਲ ਆਪਣੀ ਬਾਈਕ ਹੋਣੀ ਲਾਜ਼ਮੀ ਹੈ।

ਡਲਿਵਰੀ ਬੁਆਏ ਦੀ ਅਸਾਮੀ ਲਈ ਇੰਟਰਵਿਊ ਦੇਣ ਦੇ ਚਾਹਵਾਨ ਪ੍ਰਾਰਥੀ ਇੰਟਰਵਿਊ ਵਾਲੇ ਦਿਨ ਆਪਣੇ ਨਾਲ ਆਧਾਰ ਕਾਰਡ, ਪੈਨ ਕਾਰਡ, ਬੈਂਕ ਦੀ ਕਾਪੀ ਅਤੇ 2 ਫੋਟੋ ਲੈ ਕੇ ਆਉਣ। ਉਨ੍ਹਾਂ ਦੱਸਿਆ ਕਿ ਅਜਾਈਲ ਹਰਬਲ ਕੰਪਨੀ ਨੂੰ ਵੈੱਲਨੈੱਸ ਐਡਵਾਈਜ਼ਰ ਦੀ ਆਸਾਮੀ ਲਈ ਬਾਰ੍ਹਵੀਂ ਪਾਸ (ਕੇਵਲ ਲੜਕੀਆਂ) ਦੀ ਜ਼ਰੂਰਤ ਹੈ ਜਿਸਦੀ ਤਨਖਾਹ 10,000 ਤੋਂ 13500 ਰੁਪਏ ਪ੍ਰਤੀ ਮਹੀਨਾ ਮਿਲਣਯੋਗ ਹੋਵੇਗੀ। ਇਨ੍ਹਾਂ ਕੰਪਨੀਆਂ ਵਿੱਚ ਇੰਟਰਵਿਊ ਦੇਣ ਦੇ ਚਾਹਵਾਨ ਪ੍ਰਾਰਥੀ 26 ਅਪ੍ਰੈਲ ਨੂੰ ਆਪਣੇ ਅਸਲ ਦਸਤਾਵੇਜ਼ ਦੀਆਂ ਕਾਪੀਆਂ, ਰੀਜ਼ਿਊਮ (ਸੀ.ਵੀ.) ਅਤੇ 2 ਫੋਟੋਆਂ ਸਮੇਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਗੁਰਦਾਸਪੁਰ, ਬਲਾਕ-ਬੀ, ਕਮਰਾ ਨੰ: 217 ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਸਵੇਰੇ 9:30 ਵਜੇ ਤੱਕ ਪਹੁੰਚਣ ਅਤੇ ਇਸਦਾ ਵੱਧ ਤੋਂ ਵੱਧ ਲਾਭ ਉਠਾਉਣ।

## ਆਦਰਸ਼ ਬਿਰਧ ਆਸ਼ਰਮ ਨੇ ਬੇਸਹਾਰਾ ਬਜ਼ੁਰਗਾਂ ਦੀਆਂ ਅੱਖਾਂ ਦੇ ਆਪ੍ਰੇਸ਼ਨ ਕਰਵਾਏ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਆਦਰਸ਼ ਬਿਰਧ ਆਸ਼ਰਮ ਝਖੋਲਾੜੀ (ਬਜ਼ੁਰਗਾਂ ਦਾ ਆਪਣਾ ਘਰ) ਵਿੱਚ ਰਹਿ ਰਹੇ ਤਿੰਨ ਬੇਸਹਾਰਾ ਬਜ਼ੁਰਗਾਂ ਦਾ ਆਸ਼ਰਮ ਦੇ ਪ੍ਰਬੰਧਕਾਂ ਵੱਲੋ ਅੱਖਾਂ ਦਾ ਆਪ੍ਰੇਸ਼ਨ ਕਰਵਾਇਆ ਗਿਆ। ਇਸ ਸੇਵਾ ਵਿੱਚ ਡਾਕਟਰ ਸੰਦੀਪ ਬਾਲਾ, ਡਾਕਟਰ ਰਮੇਸ਼ ਡੋਗਰਾ ਤੇ ਐੱਸਐੱਮਓ ਡਾਕਟਰ ਸੁਨੀਲ ਨੇ ਬਹੁਤ ਯੋਗਦਾਨ ਦਿੱਤਾ। ਆਸ਼ਰਮ ਪ੍ਰਬੰਧਕਾਂ ਨੇ ਦੱਸਿਆ ਕਿ ਇਨ੍ਹਾਂ ਵਿੱਚੋਂ ਇੱਕ ਬਜ਼ੁਰਗ ਰਾਮ ਸਿੰਘ ਨੂੰ ਆਸ਼ਰਮ ਵਿੱਚ ਆਏ ਹੋਏ ਇੱਕ ਸਾਲ 6 ਮਹੀਨੇ ਹੋ ਗਏ ਹਨ। ਇਨ੍ਹਾਂ ਦੀ ਅੱਖ ਦਾ ਆਪ੍ਰੇਸ਼ਨ ਅਸੀਂ ਇੱਕ ਸਾਲ ਪਹਿਲਾਂ ਵੀ ਕਰਵਾਇਆ ਸੀ ਅਤੇ ਹੁਣ ਫਿਰ ਪ੍ਰਮਾਤਮਾ ਨੇ ਸਾਨੂੰ ਹਿਮਤ ਦਿੱਤੀ ਤਾਂ ਅਸੀਂ ਰਾਮ ਸਿੰਘ, ਕਰਨਜੀਤ ਸਿੰਘ ਤੇ ਮਾਤਾ ਰਾਮੋ ਦੇਵੀ ਦਾ ਆਪ੍ਰੇਸ਼ਨ ਕਰਵਾ ਦਿੱਤਾ। ਇਸ ਮੌਕੇ ਆਸ਼ਰਮ ਪ੍ਰਧਾਨ ਸਤਨਾਮ ਸਿੰਘ, ਸੁਪਰਡੈਂਟ ਮੈਡਮ ਅੰਜਲੀ ਸ਼ਰਮਾ, ਸਮੂਹ ਸਟਾਫ ਸਵਿਤਾ, ਕਾਜਲ, ਅੰਜੂ, ਕੁਲਵਿੰਦਰ ਕੌਰ, ਸ਼ਕੁੰਤਲਾ, ਤਰਸੇਮ ਲਾਲ, ਰਾਜੇਸ਼ ਕੁਮਾਰ ਆਦਿ ਮੌਜੂਦ ਸਨ।

# ਜਗਰੂਪ ਸੇਖਵਾਂ ਨੇ ਅਹਿਮਦੀਆ ਭਾਈਚਾਰੇ ਨੂੰ ਦਿੱਤੀ ਈਦ ਦੀ ਮੁਬਾਰਕਬਾਦ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਜਿੱਥੇ ਪੂਰੇ ਭਾਰਤ ਵਿੱਚ ਈਦ ਦਾ ਤਿਉਹਾਰ ਮਨਾਇਆ ਜਾ ਰਿਹਾ ਹੈ ਉਥੇ ਕਾਦੀਆਂ ਵਿੱਚ ਵੀ ਈਦ ਦਾ ਤਿਉਹਾਰ ਬੜੀ ਧੂਮਧਾਮ ਅਤੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।

ਇਸ ਮੌਕੇ ਆਮ ਆਦਮੀ ਪਾਰਟੀ ਦੇ ਪਲਾਨਿੰਗ ਬੋਰਡ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਜਮਾਤ ਅਹਿਮਦੀਆ ਦੇ ਹੈੱਡਕਵਾਟਰ ਪਹੁੰਚ ਕੇ ਈਦ ਦੀ ਵਧਾਈ ਦਿੱਤੀ। ਇਸ ਮੌਕੇ ਮੁਹੰਮਦ ਨਸੀਮ ਖਾਨ, ਮਖਦੂਮ ਸਰੀਫ, ਫਜ਼ਰੁਲ ਰਹਿਮਾਨ ਭੱਟੀ, ਅਬਦੁਲ ਵਾਸੇ, ਮਹੰਮਦ ਅਸਨ, ਜ਼ੁਬੈਰ ਅਹਿਮਦ, ਨਸਰੂਮ ਮਿਨੱਲਾ, ਡਾ. ਬੇਦੀ ਘੁੰਮਾਣ, ਹਰਜੀਤ ਸਿੰਘ ਟਿੱਕਾ, ਡਾ. ਰਕੇਸ਼ ਕਾਲੀਆਂ, ਸੋਨਾ ਬਾਜਵਾ, ਸੁਖਦੇਵ ਸਿੰਘ ਗੋਲਡੀ, ਡਾ. ਲਖਵਿੰਦਰ ਸਿੰਘ, ਸੁਖਦੇਵ ਸਿੰਘ ਧੰਦਲ, ਸ਼ਿੰਗਾਰਾ ਸਿੰਘ, ਬੱਬੀਤਾ ਖੋਸਲਾ, ਅਮਰਜੀਤ ਸਿੰਘ, ਸਾਬੀ ਫੌਜੀ, ਰਮਨਦੀਪ ਸਿੰਘ, ਮਨਿੰਦਰਪਾਲ ਸਿੰਘ ਘੁੰਮਣ, ਚਰਨਜੀਤ ਸਿੰਘ, ਸਤਿੰਦਰਜੀਤ ਸਿੰਘ, ਅਮਰਬੀਰ ਸਿੰਘ ਅਤੇ ਸ਼ੇਰਾ ਜੋਗੀ ਚੀਮਾ ਆਦਿ ਹਾਜ਼ਰ ਸਨ ।

# ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਲਗਾਇਆ 584ਵਾਂ ਅੱਖਾਂ ਦਾ ਮੁਫਤ ਚੈੱਕਅਪ ਕੈਂਪ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੈਨੇਜਿੰਗ ਟਰੱਸਟੀ ਡਾ. ਐੱਸਪੀ ਸਿੰਘ ਓਬਰਾਏ ਦੀ ਅਗਵਾਈ 'ਚ ਗੁਰਦੁਆਰਾ ਬਾਬਾ ਜੀਵਨ ਸਿੰਘ ਮੁਰਾਦਪੁਰਾ (ਤਰਨਤਾਰਨ) ਵਿਖੇ ਅੱਖਾਂ ਦੀ ਮੁਫਤ ਜਾਂਚ ਲਈ ਕੈਂਪ ਲਗਾਇਆ ਗਿਆ। ਸਰਬ ਸਾਂਝੀਵਾਲਤਾ ਸੇਵਕ ਸਭਾ ਦੇ ਸਹਿਯੋਗ ਨਾਲ ਲਗਾਏ ਗਏ ਇਸ ਕੈਂਪ ਦਾ ਉਦਘਾਟਨ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਨੇ ਕਰਦਿਆਂ ਕਿਹਾ ਕਿ ਸਮੁੱਚੀ ਮਾਨਵਤਾ ਦੀ ਸੇਵਾ ਨੂੰ ਸਮਰਪਿਤ ਡਾ. ਓਬਰਾਏ ਆਪਣੇ ਆਪ 'ਚ ਇਕ ਸੰਸਥਾ ਹਨ ਜਿਨ੍ਹਾਂ ਨੇ ਦੁਨੀਆਂ ਭਰ ਵਿਚ ਮਾਨਵਤਾ ਦੀ ਸੇਵਾ ਦਾ ਇਤਿਹਾਸ ਰਚਿਆ ਹੈ। ਉਨ੍ਹਾਂ ਨੇ ਕੈਂਪ ਵਿਚ ਪੁੱਜੇ ਮਰੀਜ਼ਾਂ ਦਾ ਚੈੱਕਅਪ ਵੀ ਕੀਤਾ। ਸਵਰਗਵਾਸੀ ਕਰਤਾਰ ਸਿੰਘ ਵਪਾਰੀ ਦੀ ਯਾਦ ਨੂੰ ਸਮਰਪਿਤ ਇਸ ਕੈਂਪ 'ਚ ਲੁਧਿਆਣਾ ਦੇ ਸ਼ੰਕਰਾ ਆਈ ਕੇਅਰ ਹਸਪਤਾਲ ਦੇ ਮਾਹਿਰ ਡਾਕਟਰਾਂ ਨੇ 710 ਮਰੀਜ਼ਾਂ ਦਾ ਚੈੱਕਅਪ ਕੀਤਾ। ਕੈਂਪ ਦੌਰਾਨ 310 ਮਰੀਜ਼ਾਂ ਦੀ ਅੱਖਾਂ ਦੀ ਨਜ਼ਰ ਘੱਟ ਪਾਈ ਗਈ, ਜਿਨ੍ਹਾਂ ਨੂੰ ਮੁਫ਼ਤ ਐਨਕਾਂ ਦਿੱਤੀਆਂ ਗਈਆਂ ਜਦੋਂਕਿ ਦਵਾਈਆਂ ਵੀ ਮੁਫ਼ਤ ਵੰਡੀਆਂ ਗਈਆਂ। ਇਸ ਤੋਂ ਇਲਾਵਾ 75 ਮਰੀਜ਼ਾਂ ਨੂੰ ਆਪ੍ਰੇਸ਼ਨ ਵਾਸਤੇ ਚੁਣਿਆ ਗਿਆ ਜਿਨ੍ਹਾਂ ਨੂੰ ਲੁਧਿਆਣਾ ਦੇ ਸ਼ੰਕਰਾ ਆਈ ਕੇਅਰ ਹਸਪਤਾਲ 'ਚ ਲਿਜਾਣ, ਆਪ੍ਰੇਸ਼ਨ, ਦਵਾਈਆਂ ਦਾ ਖਰਚ, ਲੰਗਰ ਦਾ ਪ੍ਰਬੰਧ ਅਤੇ ਆਪ੍ਰੇਸ਼ਨ ਤੋਂ ਬਾਅਦ ਵਾਪਸ ਤਰਨਤਾਰਨ ਲਿਆਉਣ ਦਾ ਸਾਰਾ ਖਰਚਾ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਕੀਤਾ ਗਿਆ। ਕੈਂਪ ਵਿਚ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਪ੍ਰਿੰਸ ਧੁੰਨਾ, ਮੀਤ ਪ੍ਰਧਾਨ ਵਿਸ਼ਾਲ ਸੂਦ, ਕਾਰਜਕਾਰੀ ਮੈਂਬਰ ਧਰਮਬੀਰ ਸਿੰਘ ਮਲਹਾਰ, ਸਾਬਕਾ ਕੌਂਸਲਰ ਰਣਜੀਤ ਸਿੰਘ ਰਾਣਾ, ਮਾਸਟਰ ਬਲਵਿੰਦਰ ਸਿੰਘ, ਗੁਰਪ੍ਰੀਤ ਸਿੰਘ ਪਨਗੋਟਾ, ਇੰਦਰਪ੍ਰੀਤ ਸਿੰਘ ਧਾਮੀ, ਕੇਪੀ ਗਿੱਲ, ਅਮਨਿੰਦਰ ਸਿੰਘ ਬੱਬ, ਹਰਜੀਤ ਸਿੰਘ ਵਪਾਰੀ, ਜਗਮੀਤ ਸਿੰਘ ਗੋਲਣ, ਸਰਬ ਸਾਂਝੀਵਾਲਤਾ ਸੇਵਕ ਸਭਾ ਦੇ ਪ੍ਰਧਾਨ ਸਾਹਿਬ ਸਿੰਘ ਮੁਰਾਦਪੁਰਾ, ਗਗਨਦੀਪ ਕੌਰ, ਅਮਨਦੀਪ ਸਿੰਘ, ਸੁਖਵੰਤ ਸਿੰਘ, ਸੁਖਬੀਰ ਸਿੰਘ, ਕੈਪਟਨ ਹੀਰਾ ਸਿੰਘ, ਕਰਵਿੰਦਰ ਸਿੰਘ, ਹਰਵਿੰਦਰ ਸਿੰਘ, ਸ਼ਮਸ਼ੇਰ ਸਿੰਘ, ਵਿਜੇ ਕੁਮਾਰ, ਗੋਕੁਲ ਕੁਮਾਰ, ਪ੍ਰਗਟ ਸਿੰਘ ਖਾਲਸਾ, ਸਿਟੀਜ਼ਨ ਕੌਂਸਲ ਦੇ ਪ੍ਰਧਾਨ ਨਰਿੰਦਰ ਸਿੰਘ ਬੈਂਕ ਵਾਲੇ, ਸਾਬਕਾ ਪ੍ਰਧਾਨ ਸੁਖਵੰਤ ਸਿੰਘ ਧਾਮੀ ਨੇ ਵੀ ਸੇਵਾ ਨਿਭਾਈ। ਅਖੀਰ 'ਚ ਟਰੱਸਟ ਵੱਲੋਂ ਸ਼ੰਕਰਾ ਆਈ ਕੇਅਰ ਹਸਪਤਾਲ ਦੇ ਡਾਕਟਰਾਂ ਦੀ ਟੀਮ ਨੂੰ ਪ੍ਰਿੰਸ ਧੁੰਨਾ, ਧਰਮਬੀਰ ਸਿੰਘ ਮਲਹਾਰ ਦੀ ਟੀਮ ਨੇ ਸਨਮਾਨਿਤ ਕੀਤਾ। ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੈਨੇਜਿੰਗ ਟਰੱਸਟੀ ਡਾ. ਐਸਪੀ ਸਿੰਘ ਓਬਰਾਏ ਦੀ ਜੀਵਨੀ, ਮਾਨਵਤਾ ਦੀ ਸੇਵਾ ਨਾਲ ਸਬੰਧਤ ਲਿਟਰੇਚਰ, ਪੰਜਾਬੀ ਸਾਹਿਤ, ਧਾਰਮਿਕ ਪੁਸਤਕਾਂ ਅਤੇ ਹੋਰ ਸਮੱਗਰੀ ਵਿਧਾਇਕ ਕਸ਼ਮੀਰ ਸਿੰਘ ਸੋਹਲ ਨੂੰ ਭੇਟ ਕੀਤੀ ਗਈ।

## ਮਾਪੇ-ਅਧਿਆਪਕ ਮਿਲਣੀ ਦੌਰਾਨ ਡਿਜੀਟਲ ਕਲਾਸਰੂਮ ਦਾ ਉਦਘਾਟਨ

ਮਜੀਠਾ (ਮਨਮੋਹਨ ਸਿੰਘ)-ਸੱਤਿਆ ਭਾਰਤੀ ਸਕੂਲ ਦੀ ਮਰੜੀ ਕਲਾਂ ਵਿਖੇ ਮਾਪੇ ਅਧਿਆਪਕ ਮਿਲਣੀ ਦੌਰਾਨ ਡਿਜੀਟਲ ਕਲਾਸਰੂਮ ਦਾ ਉਦਘਾਟਨ ਸਰਪੰਚ ਅਮਰਜੀਤ ਕੌਰ ਵਲੋਂ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਬੱਚਿਆਂ ਦੇ ਮਾਤਾ-ਪਿਤਾ ਅਤੇ ਪਿੰਡ ਦੀ ਸਮੂਹ ਗਰਾਮ ਪੰਚਾਇਤ ਹਾਜ਼ਰ ਸੀ। ਭਾਰਤੀ ਫਾਊਂਡੇਸ਼ਨ ਤੋਂ ਪਹੁੰਚੇ ਕੋਆਰਡੀਨੇਟਰ ਰਮਨੀਕ ਸਿੰਘ ਨੇ ਸੰਬੋਧਨ ਕਰਦਿਆਂ ਹੋਇਆਂ ਬੱਚਿਆਂ ਦੇ ਮਾਪਿਆਂ ਦਾ ਧੰਨਵਾਦ ਕੀਤਾ ਅਤੇ ਡਿਜੀਟਲ ਕਲਾਸਰੂਮ ਦੀ ਮਹੱਤਤਾ ਬਾਰੇ ਦੱਸਿਆ। ਇਸ ਮੌਕੇ ਬੱਚਿਆਂ ਦੇ ਮਾਤਾ-ਪਿਤਾ ਨੂੰ ਸੰਬੋਧਨ ਕਰਦਿਆਂ ਸਕੂਲ ਦੇ ਪ੍ਰਿੰਸੀਪਲ ਰਜਨੀ ਨੇ ਦੱਸਿਆ ਕਿ ਸਮੇ ਦੀ ਮੰਗ ਅਨੁਸਾਰ ਭਾਰਤੀ ਫਾਊਂਡੇਸ਼ਨ ਵੱਲੋਂ ਡਿਜੀਟਲ ਕਲਾਸਰੂਮ ਦਾ ਉਪਰਾਲਾ ਕੀਤਾ ਗਿਆ ਅਤੇ ਉਨ੍ਹਾਂ ਦੱਸਿਆ ਕਿ ਬੱਚਿਆਂ ਨੂੰ ਆਧੁਨਿਕ ਤਕਨੀਕ ਰਾਹੀਂ ਪੜ੍ਹਾ ਕੇ ਸਿੱਖਿਆ ਨਾਲ ਵੱਧ ਤੋਂ ਵੱਧ ਜੋੜਿਆ ਜਾ ਰਿਹਾ ਹੈ। ਇਸ ਮੌਕੇ ਥਾਣਾ ਭੰਗਾਲੀ ਕਲਾਂ ਤੋਂ ਏਐੱਸਆਈ ਹਰਜਿੰਦਰ ਪਾਲ ਸਿੰਘ ਅਤੇ ਬਾਕੀ ਸਟਾਫ ਮੈਂਬਰ ਆਦਿ ਹਾਜ਼ਰ ਸਨ।

## ਮਾਂ-ਬੋਲੀ ਲਈ ਵਡਮੁੱਲੀਆਂ ਸੇਵਾਵਾਂ ਬਦਲੇ ਡਾ: ਧਰਮ ਸਿੰਘ ਦਾ ਮਾਣ-ਸਨਮਾਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪੰਜਾਬੀ ਅਧਿਐਨ ਸਕੂਲ ਦੇ ਸਾਬਕਾ ਪ੍ਰੋਫੈਸਰ ਤੇ ਮੁਖੀ ਪੰਜਾਬੀ ਦੇ ਮਾਣਮੱਤੇ ਹਸਤਾਖਰ ਅਤੇ ਗੁਰਮੁਖੀ ਲਿਖਤ ਵਿੱਦਿਆ ਦੇ ਮਾਹਿਰ ਡਾ: ਧਰਮ ਸਿੰਘ ਨੂੰ ਗੁਰੂ ਨਾਨਕ ਇੰਸਟੀਚਿਊਟ ਆਫ ਗਲੋਬਲ ਸਟੱਡੀਜ਼ ਕੈਨੇਡਾ ਵਲੋਂ ਉਨ੍ਹਾਂ ਦੁਆਰਾ ਮਾਂ-ਬੋਲੀ ਪੰਜਾਬੀ ਲਈ ਲੰਮੇ ਸਮੇਂ ਤੋਂ ਨਿਭਾਈਆਂ ਜਾ ਰਹੀਆਂ ਵਡਮੁੱਲੀਆਂ ਸੇਵਾਵਾਂ ਲਈ ਬੀਤੇ ਦਿਨ ਸਨਮਾਨਿਤ ਕੀਤਾ ਗਿਆ। ਪ੍ਰਾਪਤ ਵੇਰਵਿਆਂ ਅਨੁਸਾਰ ਡਾ: ਧਰਮ ਸਿੰਘ ਨੂੰ ਮਾਣ ਪੱਤਰ ਤੇ ਦੁਸ਼ਾਲਾ ਕਾਰ ਸੇਵਾ ਸੰਪਰਦਾਇ ਖਡੂਰ ਸਾਹਿਬ ਦੇ ਮੁਖੀ ਪਦਮਸ਼੍ਰੀ ਬਾਬਾ ਸੇਵਾ ਸਿੰਘ ਅਤੇ ਗੁਰ ਨਾਨਕ ਇੰਸਟੀਚਿਊਟ ਆਫ ਗਲੋਬਲ ਸਟੱਡੀਜ਼ ਕੈਨੇਡਾ ਦੇ ਬੋਰਡ ਆਫ ਡਾਇਰੈਕਟਰਜ਼ ਦੇ ਚੇਅਰਮੈਨ ਗਿਆਨ ਸਿੰਘ ਸੰਧੂ ਵਲੋਂ ਪੰਥ ਰਤਨ ਜਥੇ: ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ ਐਡਵਾਂਸ ਸਟੱਡੀਜ਼ ਬਹਾਦਰਗੜ੍ਹ ਵਿਖੇ ਪ੍ਰਦਾਨ ਕੀਤਾ ਗਿਆ। ਜ਼ਿਕਰਯੋਗ ਹੈ ਕਿ ਡਾ. ਧਰਮ ਸਿੰਘ ਨੇ ਆਪਣਾ ਸਮੁੱਚਾ ਜੀਵਨ ਪੰਜਾਬੀ/ਗੁਰਮੁਖੀ ਦੇ ਅਧਿਐਨ, ਅਧਿਆਪਨ ਤੇ ਖੋਜ ਨੂੰ ਸਮਰਪਿਤ ਕੀਤਾ ਹੋਇਆ ਹੈ।

# ਦਹਾਕੇ ਤੋਂ ਰੁਕਿਆ ਨਹਿਰ ਦੇ ਪੁਲ ਦਾ ਨਿਰਮਾਣ ਕਾਰਜ ਸ਼ੁਰੂ

**ਗੁਰਦਾਸਪੁਰ (ਜਨਕ ਮਹਾਜਨ)**-ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਦੀਆਂ ਕੋਸ਼ਿਸ਼ਾਂ ਸਦਕਾ ਪਿੰਡ ਬੱਬੇਹਾਲੀ ਸਮੇਤ ਸਮੁੱਚੇ ਇਲਾਕੇ ਦੇ ਲੋਕਾਂ ਨੂੰ ਵੱਡੀ ਸਹੂਲਤ ਮਿਲਣ ਜਾ ਰਹੀ ਹੈ। ਬਹਿਲ ਵੱਲੋਂ ਨਿੱਜੀ ਦਿਲਚਸਪੀ ਲੈ ਕੇ ਕਰੀਬ ਇੱਕ ਦਹਾਕੇ ਤੋਂ ਰੁਕੇ ਨਹਿਰ ਦੇ ਪੁਲ ਦੇ ਕੰਮ ਦੀ ਸ਼ੁਰੂਆਤ ਕਰਵਾ ਦਿੱਤੀ ਗਈ ਹੈ ਜੋ ਕਿ ਜਲਦੀ ਹੀ ਮੁਕੰਮਲ ਹੋ ਜਾਵੇਗਾ। ਚੇਅਰਮੈਨ ਰਮਨ ਬਹਿਲ ਵੱਲੋਂ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਅਤੇ ਪਿੰਡ ਬੱਬੇਹਾਲੀ ਦੇ ਵਸਨੀਕਾਂ ਨਾਲ ਉਸਾਰੀ ਅਧੀਨ ਪੁਲ ਦਾ ਨਿਰੀਖਣ ਕੀਤਾ ਗਿਆ, ਜਿਸ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਪੁਲ ਨੂੰ ਜਲਦ ਮੁਕੰਮਲ ਕੀਤਾ ਜਾਵੇ।

ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਸਾਲ 2014 ਵਿੱਚ ਅਕਾਲੀ-ਭਾਜਪਾ ਦੀ ਗਠਜੋੜ ਸਰਕਾਰ ਵੱਲੋਂ ਬੱਬੇਹਾਲੀ ਪਿੰਡ ਵਿਖੇ ਅਪਰਬਾਰੀ ਦੁਆਬ ਨਹਿਰ ਉੱਪਰ 169.70 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਪੁੱਲ ਬਣਾਉਣ ਦਾ ਨੀਂਹ ਪੱਥਰ ਰੱਖਿਆ ਗਿਆ ਸੀ। ਉਨ੍ਹਾਂ ਕਿਹਾ ਕਿ ਅਕਾਲੀ ਸਰਕਾਰ ਸਿਰਫ ਨੀਂਹ ਪੱਥਰ ਰੱਖਣ ਤੱਕ ਹੀ ਸੀਮਤ ਰਹੀ ਅਤੇ ਪੁਲ ਦੀ ਉਸਾਰੀ ਵੱਲ ਕੋਈ ਧਿਆਨ ਨਾ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਇਸ ਤੋਂ ਬਾਅਦ ਜਦੋਂ ਸਾਲ 2017 ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਸੱਤਾ ਵਿੱਚ ਆਈ ਤਾਂ ਗੁਰਦਾਸਪੁਰ ਦੇ ਕਾਂਗਰਸੀ ਵਿਧਾਇਕ ਵੱਲੋਂ ਵੀ ਇਸ ਪੁਲ ਵੱਲ ਕੋਈ ਧਿਆਨ ਨਾ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰ ਵੱਲੋਂ ਸਗੋਂ ਉਲਟਾ ਬੱਬੇਹਾਲੀ ਪੁਲ ਲਈ ਪਾਸ ਹੋਈ ਰਾਸ਼ੀ ਵੀ ਕਿਸੇ ਹੋਰ ਮਹਿਕਮੇ ਨੂੰ ਟਰਾਂਸਫਰ ਕਰ ਦਿੱਤੀ ਗਈ, ਜਿਸ ਕਾਰਨ ਕਾਂਗਰਸ ਰਾਜ ਦੇ ਪੰਜ ਸਾਲ ਵੀ ਇਸ ਪੁਲ ਦਾ ਕੰਮ ਪੂਰੀ ਤਰਾਂ ਠੱਪ ਰਿਹਾ।

ਚੇਅਰਮੈਨ ਬਹਿਲ ਨੇ ਕਿਹਾ ਕਿ ਪੁਲ ਦੀ ਉਸਾਰੀ ਨਾ ਹੋਣ ਕਾਰਨ ਪਿੰਡ ਬੱਬੇਹਾਲੀ ਅਤੇ ਇਲਾਕੇ ਦੇ ਲੋਕਾਂ ਨੂੰ ਲਗਾਤਾਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਬਹਿਲ ਨੇ ਕਿਹਾ ਕਿ ਉਨ੍ਹਾਂ ਨੇ ਇਲਾਕਾ ਨਿਵਾਸੀਆਂ ਨਾਲ ਇਹ ਵਾਅਦਾ ਕੀਤਾ ਸੀ ਕਿ ਜੇਕਰ ਆਮ ਆਦਮੀ ਪਾਰਟੀ ਦੀ ਸਰਕਾਰ ਬਣ ਗਈ ਤਾਂ ਉਹ ਇਸ ਪੁਲ ਦੀ ਉਸਾਰੀ ਮੁਕੰਮਲ ਕਰਵਾਉਣਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਨਿੱਜੀ ਤੌਰ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਅਤੇ ਉੱਚ ਅਧਿਕਾਰੀਆਂ ਨਾਲ ਮੁਲਾਕਾਤਾਂ ਕਰਕੇ ਇਸ ਪੁਲ ਲਈ ਦੁਬਾਰਾ ਰਾਸ਼ੀ ਮਨਜ਼ੂਰ ਕਰਵਾ ਕੇ ਕੰਮ ਸ਼ੁਰੂ ਕਰਵਾਇਆ ਹੈ। ਉਨ੍ਹਾਂ ਦੱਸਿਆ ਕਿ ਪੁਲ ਦੀ ਉਸਾਰੀ ਦਾ 40 ਫੀਸਦੀ ਕੰਮ ਮੁਕੰਮਲ ਹੋ ਗਿਆ ਹੈ ਜਦਕਿ ਰਹਿੰਦਾ ਕੰਮ ਵੀ ਜਲਦ ਮੁਕੰਮਲ ਕਰ ਲਿਆ ਜਾਵੇਗਾ।

ਸ਼੍ਰੀ ਬਹਿਲ ਨੇ ਕਿਹਾ ਕਿ ਲੋਕ ਹਿੱਤ ਦਾ ਜਿਹੜਾ ਕੰਮ ਅਕਾਲੀ-ਭਾਜਪਾ ਅਤੇ ਕਾਂਗਰਸ ਦੀਆਂ ਸਰਕਾਰ ਪਿਛਲੇ 10 ਸਾਲਾਂ 'ਚ ਨਹੀਂ ਕਰ ਸਕੀਆਂ ਉਹ ਕੰਮ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਹਿਲੇ ਸਾਲ ਹੀ ਸ਼ੁਰੂ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ ਅਤੇ ਇਸ ਸਰਕਾਰ ਨੂੰ ਆਮ ਲੋਕਾਂ ਦੇ ਦੁੱਖ ਤਕਲੀਫ਼ਾਂ ਦਾ ਪੂਰਾ ਅਹਿਸਾਸ ਹੈ। ਉਨ੍ਹਾਂ ਕਿਹਾ ਕਿ ਬਹੁਤ ਜਲਦੀ ਬੱਬੇਹਾਲੀ ਨਹਿਰ ਦੇ ਪੁਲ ਦਾ ਕੰਮ ਮੁਕੰਮਲ ਹੋ ਜਾਵੇਗਾ ਜਿਸ ਨਾਲ ਪੂਰੇ ਇਲਾਕੇ ਦੇ ਵਸਨੀਕਾਂ ਨੂੰ ਲਾਭ ਪਹੁੰਚੇਗਾ। ਇਸ ਮੌਕੇ ਇਕੱਤਰ ਹੋਏ ਪਿੰਡ ਬੱਬੇਹਾਲੀ ਦੇ ਵਸਨੀਕਾਂ ਨੇ ਚੇਅਰਮੈਨ ਸਰਮਨ ਬਹਿਲ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਹੈ।

## 24 ਬਟਾਲੀਅਨ ਪੰਜਾਬ ਵੱਲੋਂ ਨਵੇਂ ਕੈਡਿਟਾਂ ਦੀ ਚੋਣ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਖਾਲਸਾ ਕਾਲਜ ਗਵਰਨਿੰਗ ਕੌਂਸਲ ਅਧੀਨ ਖਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਵਿਖੇ ਐਨ. ਸੀ. ਸੀ. 24 ਬਟਾਲੀਅਨ ਅੰਮ੍ਰਿਤਸਰ, ਪੰਜਾਬ ਦੇ ਨਵੀਂ ਪਹਿਲੇ ਸਾਲ ਦੀ ਕੈਡਿਟਾਂ ਦੀ ਚੋਣ ਕੀਤੀ ਗਈ। ਇਸ ਸਬੰਧੀ ਸਕੂਲ ਪ੍ਰਿੰਸੀਪਲ ਪੁਨੀਤ ਕੌਰ ਨਾਗਪਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਚੋਣ ਸੂਬੇਦਾਰ ਜਸਬੀਰ ਸਿੰਘ ਅਤੇ ਹਵਲਦਾਰ ਅਮਨਦੀਪ ਸਿੰਘ ਦੁਆਰਾ ਕੀਤੀ ਗਈ। ਉਨ੍ਹਾਂ ਕਿਹਾ ਕਿ ਸਕੂਲ 'ਚ ਕੁਲ 50 ਕੈਡਿਟਾਂ ਦੀ ਨਵੀਂ ਚੋਣ ਕੀਤੀ ਗਈ। ਇਸ ਮੌਕੇ ਪ੍ਰਿੰ: ਨਾਗਪਾਲ ਨੇ ਚੁਣੇ ਹੋਏ ਕੈਡਿਟਾਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਐਨ. ਸੀ. ਸੀ. 'ਚ ਆ ਕੇ ਖ਼ੁਦ ਅਨੁਸ਼ਾਸਨ 'ਚ ਰਹਿਣ, ਸਿੱਖਣ ਤੇ ਜ਼ਿੰਦਗੀ 'ਚ ਵੱਡੀਆਂ-ਵੱਡੀਆਂ ਮੱਲਾਂ ਮਾਰ ਕੇ ਆਪਣਾ, ਮਾਪਿਆਂ ਦਾ ਤੇ ਸਕੂਲ ਦਾ ਨਾਮ ਰੌਸ਼ਨ ਕਰਨ।

# ਸਿੱਧੂ ਸਿਰਫ 'ਝੂਠ ਦੀ ਦੁਕਾਨ' : ਚੀਮਾ

**ਜਲੰਧਰ, (ਸ਼ੈਲੀ ਐਲਬਰਟ)**-ਆਮ ਆਦਮੀ ਪਾਰਟੀ (ਆਪ) ਨੇ ਨਵਜੋਤ ਸਿੰਘ ਸਿੱਧੂ ਦੇ ਸਾਰੇ ਦੋਸ਼ਾਂ ਨੂੰ ਬੇਬੁਨਿਆਦ ਅਤੇ ਝੂਠਾ ਕਰਾਰ ਦਿੰਦਿਆਂ ਕਿਹਾ ਕਿ ਅੰਮ੍ਰਿਤਸਰ ਦੇ ਲੋਕਾਂ ਨੇ ਸਿੱਧੂ ਨੂੰ ਨਕਾਰਨ ਅਤੇ ਆਪਣੇ ਕੀਤੇ ਅਪਰਾਧਾਂ ਲਈ ਜੇਲ੍ਹ ਜਾਣ ਦੇ ਬਾਵਜੂਦ ਵੀ ਸਿੱਧੂ ਨੇ ਕੋਈ ਸਬਕ ਨਹੀਂ ਸਿੱਖਿਆ। 'ਆਪ' ਦੇ ਸੀਨੀਅਰ ਆਗੂ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕੈਬਨਿਟ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਅਤੇ 'ਆਪ' ਪੰਜਾਬ ਦੇ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਨਾਲ ਇੱਥੇ ਜਲੰਧਰ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਨਵਜੋਤ ਸਿੰਘ ਸਿੱਧੂ ਨੂੰ ਯਾਦ ਕਰਵਾਇਆ ਕਿ ਉਸਨੇ ਕਿਸ ਤਰ੍ਹਾਂ ਭ੍ਰਿਸ਼ਟ ਕਾਂਗਰਸ ਸਰਕਾਰ ਦਾ ਹਿੱਸਾ ਹੁੰਦਿਆ ਕਦੇ ਵੀ ਪੰਜਾਬ ਦੇ ਭਲੇ ਲਈ ਆਪਣੀ ਆਵਾਜ਼ ਨਹੀਂ ਉਠਾਈ। 'ਆਪ' ਆਗੂ ਨੇ ਕਿਹਾ ਕਿ ਪੰਜਾਬ 'ਚ 2017 ਤੋਂ 2022 ਤੱਕ ਕਾਂਗਰਸ ਦੀ ਸਰਕਾਰ ਰਹੀ ਅਤੇ ਸੱਤਾ 'ਚ ਆਉਣ ਤੋਂ ਪਹਿਲਾਂ ਉਨ੍ਹਾਂ ਨੇ ਪੰਜਾਬ ਦੇ ਲੋਕਾਂ ਨੂੰ ਵੱਡੇ-ਵੱਡੇ ਸੁਪਨੇ ਵਿਖਾਏ ਸੀ। ਉਨ੍ਹਾਂ ਦੇ ਵਾਅਦਿਆਂ ਵਿੱਚ 'ਘਰ-ਘਰ ਨੌਕਰੀ', ਕਿਸਾਨਾਂ ਦੀ ਮੁਕੰਮਲ ਕਰਜਾ ਮੁਆਫੀ, ਮਾਫੀਆ ਰਾਜ ਅਤੇ ਭ੍ਰਿਸ਼ਟਾਚਾਰ ਨੂੰ ਖਤਮ ਕਰਨਾ, ਬੇਅਦਬੀ ਦੇ ਮਾਮਲਿਆਂ ਵਿੱਚ ਨਿਆਂ, ਕੋਟਕਪੂਰਾ ਅਤੇ ਬਹਿਬਲ ਕਲਾਂ ਕਾਂਡ ਆਦਿ ਸਾਮਲ ਸਨ। ਪਰ ਸਾਢੇ ਚਾਰ ਸਾਲ ਕਾਂਗਰਸ ਦੇ ਮੁੱਖ ਮੰਤਰੀ ਰਹੇ ਕੈਪਟਨ ਅਮਰਿੰਦਰ ਸਿੰਘ ਨੂੰ ਅਸੀਂ ਸਾਰੇ ਜਾਣਦੇ ਹਾਂ ਅਤੇ ਉਨ੍ਹਾਂ ਦੀ ਕੈਬਨਿਟ ਪੂਰੀ ਤਰ੍ਹਾਂ ਫੇਲ੍ਹ ਰਹੀ। ਕੈਪਟਨ ਤੋਂ ਬਾਅਦ ਚਰਨਜੀਤ ਸਿੰਘ ਚੰਨੀ ਨੂੰ ਮੁੱਖ ਮੰਤਰੀ ਬਣਾਇਆ ਗਿਆ ਪਰ ਉਨ੍ਹਾਂ ਦੇ ਹੀ ਭਤੀਜੇ ਦੇ ਘਰੋਂ ਕਰੋੜਾਂ ਰੁਪਏ ਬਰਾਮਦ ਹੋਏ।

ਚੀਮਾ ਨੇ ਕਿਹਾ ਕਿ ਅਕਾਲੀ-ਭਾਜਪਾ ਸਰਕਾਰ ਵੱਲੋਂ ਪੈਦਾ ਕੀਤਾ ਭ੍ਰਿਸਟਾਚਾਰ ਅਤੇ ਮਾਫੀਆ ਕਾਂਗਰਸ ਸਰਕਾਰ ਵੇਲੇ ਹੋਰ ਵਧਿਆ-ਫੁੱਲਿਆ। ਚੰਨੀ ਅਤੇ ਸਿੱਧੂ ਦੋਵੇਂ 'ਕੈਪਟਨ ਦੀ ਕੈਬਨਿਟ ਦੇ ਹੀਰੇ' ਸਨ ਜਿਨ੍ਹਾਂ ਨੇ ਸਾਢੇ ਚਾਰ ਸਾਲ ਪੰਜਾਬ ਲਈ ਕੁਝ ਨਹੀਂ ਕੀਤਾ। ਉਨ੍ਹਾਂ ਦੇ ਮੁੱਖ ਮੰਤਰੀਆਂ, ਪਾਰਟੀ ਦੇ ਸੂਬਾ ਪ੍ਰਧਾਨ ਅਤੇ ਸਾਬਕਾ ਪ੍ਰਧਾਨ ਸਣੇ ਸਭ 'ਤੇ ਭ੍ਰਿਸ਼ਟਾਚਾਰ, ਸ਼ਰਾਬ ਮਾਫੀਆ ਅਤੇ ਟਰਾਂਸਪੋਰਟ ਮਾਫੀਆ ਦੇ ਦੋਸ਼ ਸਨ। ਸਿੱਧੂ ਨੇ ਖੁਦ ਕਾਨੂੰਨ ਤੋੜਿਆ, ਕਿਸੇ ਨੂੰ ਸੱਟ ਮਾਰੀ ਅਤੇ ਜੇਲ੍ਹ ਦਾ ਸਾਹਮਣਾ ਕਰਨਾ ਪਿਆ। ਪੰਜਾਬ ਨੂੰ ਲੁੱਟਣ ਲਈ ਇਹ ਸਾਰੇ ਪੂਰੀ ਤਰ੍ਹਾਂ ਇਕਜੁੱਟ ਸਨ। ਸਿੱਧੂ 'ਤੇ ਚੁਟਕੀ ਲੈਂਦਿਆਂ ਚੀਮਾ ਨੇ ਕਿਹਾ ਕਿ ਉਹ 'ਆਪ' ਸਰਕਾਰ ਨੂੰ 'ਨਾਨ ਪਰਫਾਰਮਿੰਗ ਸਰਕਾਰ' ਕਹਿ ਰਹੇ ਹਨ, ਪਰ ਉਹ ਬੇਖ਼ਬਰ ਹਨ। ਭਗਵੰਤ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਨੇ 28 ਹਜ਼ਾਰ ਤੋਂ ਵੱਧ ਨੌਕਰੀਆਂ ਦਿੱਤੀਆਂ ਹਨ। ਚੀਮਾ ਨੇ ਸਵਾਲ ਕੀਤਾ ਕਿ ਨਵਜੋਤ ਸਿੰਘ ਸਿੱਧੂ ਨੂੰ ਇਹ ਸਭ ਕਿਵੇਂ ਪਤਾ ਨਹੀਂ ਹੈ, ਸਾਇਦ ਉਹ ਹੋਰਨਾਂ ਕਾਂਗਰਸੀਆਂ ਵਾਂਗ ਈਰਖਾ ਅਤੇ ਉਲਝਣ ਵਿਚ ਹਨ ਕਿ ਇੱਕ ਸਰਕਾਰ ਇੰਨੀ ਵਧੀਆ ਕਾਰਗੁਜਾਰੀ ਕਿਵੇਂ ਕਰ ਸਕਦੀ ਹੈ ਅਤੇ ਸਿਰਫ ਇੱਕ ਸਾਲ ਵਿਚ ਆਪਣੀਆਂ ਸਾਰੀਆਂ ਵੱਡੀਆਂ ਚੋਣ ਗਾਰੰਟੀਆਂ ਕਿਵੇਂ ਪੂਰੀਆਂ ਕਰ ਸਕਦੀ ਹੈ। ਚੀਮਾ ਨੇ ਨਵਜੋਤ ਸਿੰਘ ਸਿੱਧੂ ਨੂੰ ਸਿਰਫ 'ਝੂਠ ਦੀ ਦੁਕਾਨ' ਕਰਾਰ ਦਿੰਦਿਆਂ ਕਿਹਾ ਕਿ ਜੇਕਰ ਉਨ੍ਹਾਂ ਨੂੰ ਪੰਜਾਬ ਦੀ ਕੋਈ ਚਿੰਤਾ ਹੈ ਤਾਂ ਉਹ ਉਦੋਂ ਚੁੱਪ ਕਿਉਂ ਰਹੇ ਜਦੋਂ ਉਨ੍ਹਾਂ ਦੇ ਸਾਥੀ ਪੰਜਾਬ ਨੂੰ ਲੁੱਟ ਰਹੇ ਸਨ।

# ਗ੍ਰਾਮ ਪੰਚਾਇਤ ਨੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਸੁਖਸਾਲ ਦਾ ਲਗਵਾਇਆ ਵਿੱਦਿਅਕ ਟੂਰ

**ਭਲਾਣ (ਢਿੱਲੋਂ)** ਪਿਛਲੇ ਦਿਨੀਂ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਸੁਖਸਾਲ ਦਾ ਸਾਲਾਨਾ ਇਨਾਮ ਵੰਡ ਸਮਾਗਮ ਕਰਵਾਇਆ ਗਿਆ। ਸਮਾਗਮ ਇਨ੍ਹਾ ਪ੍ਰਭਾਵਸ਼ਾਲੀ ਸੀ ਕਿ ਪਿੰਡ ਦੀ ਸਰਪੰਚ ਸ਼੍ਰੀਮਤੀ ਦਲਜੀਤ ਕੌਰ ਅਤੇ ਪੰਚਾਇਤ ਮੈਂਬਰਾਂ ਨੇ ਬੱਚਿਆਂ ਦੀ ਪੇਸ਼ਕਾਰੀ ਨੂੰ ਦੇਖਦੇ ਹੋਏ ਬਾਲ ਕਲਕਾਰਾਂ ਨੂੰ ਪੰਚਾਇਤ ਵੱਲੋਂ ਇੱਕ ਵਿੱਦਿਅਕ ਟੂਰ ਤੇ ਲਿਜਾਣ ਦਾ ਵਾਅਦਾ ਕੀਤਾ ਸੀ। ਬੱਚਿਆਂ ਨਾਲ ਕੀਤੇ ਵਾਅਦੇ ਅਨੁਸਾਰ ਸਰਪੰਚ ਅਤੇ ਪੰਚਾਇਤ ਨੇ ਬੱਚਿਆਂ ਦਾ ਇੱਕ ਰੋਜ਼ਾ ਟੂਰ ਖਾਲਸੇ ਦੀ ਜਨਮ ਭੂਮੀ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਲਿਜਾਇਆ ਗਿਆ। ਜਿਸ ਵਿੱਚ ਬੱਚਿਆਂ ਨੂੰ ਦੁਨੀਆਂ ਦਾ ਅੱਠਵਾਂ ਅਜੂਬਾ ਵਿਰਾਸਤ ਏ ਖਾਲਸਾ ਦੀ ਮਹੱਤਤਾ ਦੱਸਦਿਆਂ ਕਿਹਾ ਕਿ ਅਜਿਹੇ ਟੂਰ ਸਾਡੀ ਪੜ੍ਹਾਈ ਲਿਖਾਈ ਦਾ ਹਿੱਸਾ ਹੁੰਦੇ ਹਨ ਅਤੇ ਸਾਡੀ ਅਭੁੱਲ ਯਾਦਾਂ ਦਾ ਵੀ ਹਿੱਸਾ ਬਣ ਜਾਂਦੇ ਹਨ। ਸਮਾਜ ਸੇਵੀ ਸੁਰੇਸ਼ ਕੁਮਾਰ ਰਿੰਕਾ ਨੇ ਵਿਰਾਸਤ ਏ ਖਾਲਸਾ ਬਾਰੇ ਬੱਚਿਆਂ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਸਕੂਲ ਮੁਖੀ ਅਮਰਜੀਤ ਭੱਲੜੀ ਅਤੇ ਸਮੂਹ ਅਧਿਆਪਕਾਂ ਵਲੋਂ ਖਾਲਸੇ ਦੀ ਜਨਮ ਭੂਮੀ, ਤਖਤ ਸ੍ਰੀ ਕੇਸਗੜ੍ਹ ਸਾਹਿਬ ਦੀ ਮਹੱਤਤਾ ਦੱਸਦਿਆਂ ਕਿਹਾ ਕਿ ਸ਼੍ਰੀ ਗੁਰੂ ਗੋਬਿੰਦ ਸਿੰਘ ਨੇ ਵਿਸਾਖੀ ਵਾਲੇ ਦਿਨ ਇੱਥੇ ਹੀ ਖਾਲਸਾ ਪੰਥ ਦੀ ਸਾਜਨਾ ਕੀਤੀ ਸੀ। ਸਾਰੇ ਬੱਚਿਆਂ ਨੇ ਪੰਜ ਪਿਆਰਾ ਪਾਰਕ ਵਿੱਚ ਬੈਠ ਕੇ ਪੰਚਾਇਤ ਵਲੋਂ ਦਿੱਤੀ ਰੀਫਰੈਸਮੈਂਟ ਦਾ ਵੀ ਅਨੰਦ ਮਾਣਿਆ। ਇਸ ਮੌਕੇ ਅਮਰਜੀਤ ਭੱਲੜੀ ਹੈਡਟੀਚਰ ਸੁਖਸਾਲ, ਅਧਿਆਪਕਾ ਸੁਖਵਿੰਦਰ ਕੌਰ, ਨੀਲਮ ਕੁਮਾਰੀ, ਮਨਜੀਤ ਕੌਰ, ਦਲਜੀਤ ਕੌਰ ਸਰਪੰਚ, ਪੂਜਾ ਰਾਣੀ ਅਤੇ ਸਲਾਨਾ ਸਮਾਗਮ ਵਿੱਚ ਸ਼ਾਮਲ ਵਿਦਿਆਰਥੀ ਹਾਜ਼ਰ ਸਨ।

# ਸੇਂਟ ਸੋਲਜਰ ਨੇ ਮਨਾਇਆ ਵਿਸ਼ਵ ਬੁੱਕ ਡੇ

**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਖਾਂਬੜਾ ਬ੍ਰਾਂਚ 'ਚ ਵਿਸ਼ਵ ਕਿਤਾਬ ਡੇ ਮਨਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਰੁਪਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ 'ਤੇ ਵਿਦਿਆਰਥੀਆਂ ਦੇ ਸਰਵਪੱਖੀ ਸ਼ਖ਼ਸੀਅਤ ਦੇ ਵਿਕਾਸ ਲਈ ਪੁਸਤਕਾਂ ਦੀ ਮਹੱਤਤਾ ਦੱਸਣ ਲਈ ਪੁਸਤਕ ਪ੍ਰਦਰਸ਼ਨੀ ਲਗਾਈ ਗਈ। ਵਿਦਿਆਰਥੀਆਂ ਲਈ ਸਟੱਡੀ ਕੋਰਸ ਦੀਆਂ ਕਿਤਾਬਾਂ ਦੇ ਨਾਲ ਸਾਹਿਤ, ਗਿਆਨ, ਵਿਗਿਆਨ ਦੀਆਂ ਬੁਝਾਰਤਾਂ, ਹਾਸਰਸ ਅਤੇ ਖੇਡਾਂ ਨਾਲ ਸਬੰਧਤ ਕਿਤਾਬਾਂ ਪ੍ਰਦਰਸ਼ਿਤ ਕੀਤੀਆਂ ਗਈਆਂ। ਵਿਦਿਆਰਥੀਆਂ ਸਿਮਰਨ, ਨਵਰੀਤ, ਦੀਪਿਕਾ, ਸ਼੍ਰੇਆ, ਟਵਿੰਕਲ, ਮੈਡਲੇ, ਪ੍ਰਭਲੀਨ, ਉਰਵਸ਼ੀ ਆਦਿ ਨੇ ਪੋਸਟਰ/ਸਲੋਗਨ ਤਿਆਰ ਕਰਕੇ ਕਿਹਾ ਕਿ ਕਿਤਾਬਾਂ ਨਾ ਸਿਰਫ਼ ਸਾਡੀ ਬੋਰੀਅਤ ਨੂੰ ਦੂਰ ਕਰਦੀਆਂ ਹਨ, ਸਗੋਂ ਸਾਡਾ ਮਨੋਰੰਜਨ ਵੀ ਕਰਦੀਆਂ ਹਨ ਅਤੇ ਸਾਡੇ ਗਿਆਨ ਦੇ ਆਧਾਰ ਨੂੰ ਵੀ ਵਿਸ਼ਾਲ ਕਰਦੀਆਂ ਹਨ। ਇਸ ਲਈ ਸਾਨੂੰ ਇਸ ਸਮੇਂ ਦੀ ਸੁਚੱਜੀ ਵਰਤੋਂ ਕਰਨੀ ਚਾਹੀਦੀ ਹੈ ਅਤੇ ਵੱਧ ਤੋਂ ਵੱਧ ਕਿਤਾਬਾਂ ਪੜ੍ਹਨੀਆਂ ਚਾਹੀਦੀਆਂ ਹਨ। ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਇਨ੍ਹਾਂ ਵੱਖ-ਵੱਖ ਵਿਸ਼ਿਆਂ ਨਾਲ ਸਬੰਧਤ ਪੁਸਤਕਾਂ ਦੀ ਮਹੱਤਤਾ, ਇਨ੍ਹਾਂ ਦਾ ਸਾਡੀ ਸੋਚ ਅਤੇ ਸ਼ਖ਼ਸੀਅਤ 'ਤੇ ਪੈਣ ਵਾਲੇ ਪ੍ਰਭਾਵ, ਸਾਡੇ ਵਿਹਾਰ ਅਤੇ ਲੋਕਾਂ ਨਾਲ ਗੱਲਬਾਤ ਬਾਰੇ ਦੱਸਿਆ। ਵਾਇਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਕਿਹਾ ਕਿ ਕਿਤਾਬਾਂ ਸਾਡੇ ਜੀਵਨ 'ਤੇ ਡੂੰਘਾ ਪ੍ਰਭਾਵ ਪਾਉਂਦੀਆਂ ਹਨ ਅਤੇ ਸਾਨੂੰ ਜੀਵਨ ਨੂੰ ਜਿਉਂਣਾ ਸਿਖਾਉਂਦੀਆਂ ਹਨ।

# ਨੂਰਾਂ ਸਿਸਟਰਜ਼ ਦੀ ਸੂਫੀ ਗਾਇਕੀ ਨੇ ਦਰਸ਼ਕ ਕੀਲੇ

**ਕਪੂਰਥਲਾ, ( ਰਵਿੰਦਰ ਸਿੰਘ)** 'ਵਿਸਾਖੀ ਮੇਲਾ-2023' ਦੇ ਪਹਿਲੇ ਦਿਨ ਦੀ ਸਮਾਪਤੀ ਨੂਰਾ ਸਿਸਟਰਸ ਵੱਲੋਂ ਕੀਤੀ ਗਈ ਸੂਫੀ ਗਾਇਕੀ ਦੇ ਨਾਲ ਹੋਈ। ਉਨ੍ਹਾਂ ਆਪਣੇ ਸੂਫੀਆਨਾ ਅੰਦਾਜ ਤੇ ਸੁਰਤਾਲ ਨਾਲ ਦਰਸ਼ਕਾ ਨੂੰ ਕੀਲ ਕੇ ਰੱਖ ਦਿੱਤਾ। ਉਨ੍ਹਾਂ ਬੁੱਲੇ ਸ਼ਾਹ ਦੇ ਕਲਾਮ ਦੇ ਕਲਾਮ ਨਾਲ ਸ਼ੁਰੂਆਤ ਕੀਤੀ ਤੇ ਲਗਾਤਾਰ ਆਪਣੀ ਕਲਾ ਨਾਲ ਦਰਸ਼ਕਾਂ ਨੂੰ ਮੰਤਰ ਮੁਗਧ ਕਰ ਦਿੱਤਾ। 'ਮਸਤ ਕਲੰਦਰ' ਕਲਾਮ ਦੀ ਪੇਸ਼ਕਾਰੀ ਨਾਲ ਸਮਾਂ ਬੰਨ੍ਹ ਦਿੱਤਾ। ਇਸ ਮੌਕੇ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ, ਐਸ ਐਸ ਪੀ ਰਾਜਪਾਲ ਸਿੰਘ ਸੰਧੂ, ਵਧੀਕ ਡਿਪਟੀ ਕਮਿਸ਼ਨਰ ਜਨਰਲ ਸਾਗਰ ਸੇਤੀਆ, ਨਗਰ ਨਿਗਮ ਕਮਿਸ਼ਨਰ ਅਨੁਪਮ ਕਲੇਰ ਨੇ ਵੀ ਨੂਰਾਂ ਸਿਸਟਰਜ ਦੀ ਗਾਇਕੀ ਦਾ ਅਨੰਦ ਮਾਣਿਆ। ਇਸ ਤੋਂ ਪਹਿਲਾਂ ਵਿਸਾਖੀ ਮੇਲੇ ਦੇ ਪਹਿਲੇ ਦਿਨ ਹਿੰਦੂ ਕੰਨਿਆ ਕਾਲਜ ਕਪੂਰਥਲਾ ਦੀਆਂ ਵਿਦਿਆਰਥਣਾ ਵੱਲੋਂ ਸੋਲੋ ਸੌਂਗ ਦੀ ਪੇਸ਼ਕਾਰੀ ਕੀਤੀ ਗਈ, ਜਦਕਿ ਸੁੱਖੀ ਢੋਲੀ ਵੱਲੋਂ ਤੂੰਬੀ ਤੇ ਅਲਗੋਜੇ ਵਜਾ ਕੇ ਦਰਸ਼ਕਾਂ ਨੂੰ ਕੀਲ ਲਿਆ। ਇਸ ਤੋਂ ਇਲਾਵਾ ਮਿਊਜ਼ੀਕਲ ਚੇਅਰ ਗੇਮ, ਤੰਬੋਲਾ ਵਿੱਚ ਔਰਤਾਂ ਤੇ ਬੱਚਿਆਂ ਨੇ ਪੂਰੀ ਦਿਲਚਸਪੀ ਦੇ ਨਾਲ ਭਾਗ ਲਿਆ। ਜਵਾਹਰ ਨਵੋਦਿਆ ਵਿਦਿਆਲਾ ਦੇ ਵਿਦਿਆਰਥੀਆਂ ਵਲੋਂ ਲੋਕ ਨਾਚ 'ਸੰਮੀ' ਦੇ ਪੇਸ਼ਕਾਰੀ ਕੀਤੀ ਗਈ। ਮੇਲੇ ਦੌਰਾਨ ਹਜ਼ਾਰਾਂ ਦੀ ਗਿਣਤੀ ਵਿੱਚ ਦਰਸ਼ਕਾਂ ਨੇ ਸੱਭਿਆਚਾਰਕ ਪ੍ਰੋਗਰਾਮ ਦਾ ਅਨੰਦ ਮਾਣਿਆ।

# ਗੜ੍ਹਸ਼ੰਕਰ-ਨੰਗਲ ਸੜਕ ਜਲਦ ਬਣਾਉਣ ਦੀ ਮੰਗ ਨੂੰ ਲੈ ਕੇ ਰੋਸ ਧਰਨਾ 29 ਨੂੰ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਕੰਢੀ ਸੰਘਰਸ਼ ਕਮੇਟੀ ਦੇ ਸੂਬਾਈ ਆਗੂ ਦਰਸ਼ਨ ਸਿੰਘ ਮੱਟੂ ਦੀ ਅਗਵਾਈ ਹੇਠ ਟਰੱਕ ਯੂਨੀਅਨ ਗੜ੍ਹਸ਼ੰਕਰ ਦੇ ਨੇੜੇ ਇਕੱਠੇ ਹੋ ਕੇ ਪੰਜਾਬ ਸਰਕਾਰ ਦੇ ਖਿਲਾਫ਼ ਜੰਮਕੇ ਨਾਰੇਬਾਜੀ ਕੀਤੀ ਗਈ। ਇਸ ਮੌਕੇ ਉਨ੍ਹਾਂ ਲੋਕਾਂ ਨੂੰ 29 ਅਪ੍ਰੈਲ ਨੂੰ ਸਵੇਰੇ 10 ਵਜੇ ਸੜਕ ਬਣਾਉਣ ਦੀ ਮੰਗ ਨੂੰ ਲੈ ਕੇ ਕੀਤੇ ਜਾ ਰਹੇ ਚੱਕਾ ਜਾਮ 'ਚ ਭਾਰੀ ਗਿਣਤੀ ਵਿੱਚ ਟਰੱਕ ਯੂਨੀਅਨ ਗੜ੍ਹਸ਼ੰਕਰ ਨੇੜੇ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਦਰਸ਼ਨ ਸਿੰਘ ਮੱਟੂ ਸੂਬਾ ਕਨਵੀਨਰ ਕੰਢੀ ਸੰਘਰਸ਼ ਕਮੇਟੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੜਕਾਂ ਵਿਕਾਸ ਦਾ ਸ਼ੀਸ਼ਾ ਹੁੰਦੀਆਂ ਹਨ।

ਪਰ ਗੜ੍ਹਸ਼ੰਕਰ ਨੰਗਲ ਸੜਕ ਟੋਇਆਂ ਦਾ ਰੂਪ ਧਾਰਨ ਕਰ ਚੁੱਕੀ ਹੈ ਤੇ ਸਰਕਾਰ ਲਾਰੇ ਲੱਪੇ ਲਾਕੇ ਡੰਗ ਸਾਰ ਰਹੀ ਹੈ। ਜਿਸ ਦੇ ਖਿਲਾਫ਼ ਕੰਢੀ ਸੰਘਰਸ਼ ਕਮੇਟੀ ਵੱਲੋਂ ਇਲਾਕੇ ਦੇ ਸਮੂਹ ਲੋਕਾਂ ਨਾਲ ਨੰਗਲ ਰੋਡ ਚੱਕਾ ਜਾਮ ਕਰਕੇ ਵਿਸ਼ਾਲ ਧਰਨਾ ਦਿੱਤਾ ਜਾ ਰਿਹਾ ਹੈ। ਇਸ ਮੌਕੇ ਵੱਡੀ ਗਿਣਤੀ ਵਿਚ ਸਥਾਨਕ ਦੁਕਾਨਦਾਰ ਤੇ ਟਰੱਕ ਯੂਨੀਅਨ ਦੇ ਮੈਂਬਰ ਹਾਜ਼ਰ ਸਨ।

# ਪਿਪਸ ਵਿਖੇ 'ਧਰਤੀ ਦਿਵਸ' ਸੰਬੰਧੀ ਕਰਵਾਇਆ ਸਮਾਰੋਹ

**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)** ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ ਪਿੱਪਲ ਮਾਜਰਾ ਸ੍ਰੀ ਚਮਕੌਰ ਸਾਹਿਬ ਵਿਖੇ 'ਧਰਤੀ ਦਿਵਸ' ਮਨਾਇਆ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਨੁਰਾਧਾ ਧੀਮਾਨ ਨੇ ਦੱਸਿਆ ਕਿ ਗਲੋਬਲ ਵਾਰਮਿੰਗ ਦੇ ਦਿਨੋਂ - ਦਿਨ ਵਧ ਰਹੇ ਪ੍ਰਭਾਵ ਵਿਸ਼ੇ ਨਾਲ ਸਬੰਧਤ ਅਧਿਆਪਕਾਂ ਦੁਆਰਾ ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕੀਤੇ ਗਏ ਅਤੇ ਵਿਦਿਆਰਥੀਆਂ ਦੇ ਧਰਤੀ ਦੀ ਮੌਜੂਦਾ ਸਥਿਤੀ ਨੂੰ ਦਰਸਾਉਂਦੇ ਹੋਏ ਪੋਸਟਰ ਮੇਕਿੰਗ ਅਤੇ ਸਲੋਗਨ ਲਿਖਣ ਸਬੰਧੀ ਅੰਤਰ-ਹਾਊਸ ਮੁਕਾਬਲੇ ਕਰਵਾਏ ਗਏ। ਸਕੂਲ ਦੇ ਕੇ ਜੀ ਵਿੰਗ ਦੇ ਨੰਨੇ-ਮੁੰਨੇ ਬੱਚਿਆਂ ਦੁਆਰਾ ਧਰਤੀ ਦਿਵਸ ਦੇ ਸੰਬੰਧ 'ਚ ਵੱਖ-ਵੱਖ ਗਤੀਵਿਧੀਆਂ ਰਾਹੀਂ ਆਪਣੇ ਮਨੋਭਾਵਾਂ ਦੀ ਪੇਸ਼ਕਾਰੀ ਕੀਤੀ। ਇਸੇ ਦੌਰਾਨ ਸਕੂਲ ਦੇ ਵਿਹੜੇ 'ਚ ਇੱਕ ਫੋਟੋ ਬੂਥ ਦਾ ਆਯੋਜਨ ਵੀ ਕੀਤਾ ਗਿਆ ਜੋ ਧਰਤੀ ਦੀ ਸੰਭਾਲ 'ਤੇ ਅਧਾਰਤ ਸੀ। ਸਕੂਲ ਦੇ ਪ੍ਰਧਾਨ ਸਰਦਾਰ ਗੁਰਦੇਵ ਸਿੰਘ ਅਟਵਾਲ ਅਤੇ ਨਿਰਦੇਸ਼ਕਾ ਸ੍ਰੀਮਤੀ ਸ਼ਿੰਦਰਪਾਲ ਕੌਰ ਅਟਵਾਲ ਨੇ ਸਮੁੱਚੇ ਸਟਾਫ ਅਤੇ ਵਿਦਿਆਰਥੀਆਂ ਨੂੰ ਧਰਤੀ ਨੂੰ ਸੁੰਦਰ, ਸਾਫ-ਸੁਥਰਾ ਅਤੇ ਹਰਾ-ਭਰਾ ਰੱਖਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸਕੂਲ ਦੇ ਪ੍ਰਬੰਧਕ ਸਰਦਾਰ ਸੁਰਜੀਤ ਸਿੰਘ, ਮੈਨੇਜਰ ਮੈਡਮ ਪ੍ਰੀਤਪਾਲ ਕੌਰ ਅਟਵਾਲ, ਸੀ ਸੀ ਏ ਇੰਚਾਰਜ ਮੈਡਮ ਮੋਨਿਕਾ, ਸਨੀ ਲਖਨਪਾਲ ਅਤੇ ਮੈਡਮ ਲਵਪ੍ਰੀਤ ਕੌਰ, ਸਮੁੱਚਾ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਇਕਾਈ ਬੰਗਾ ਦੀ ਮੀਟਿੰਗ

**ਬਹਿਰਾਮ (ਅਵਤਾਰ ਕਲੇਰ)** ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਇਕਾਈ ਬੰਗਾ ਦੀ ਇੱਕ ਹੰਗਾਮੀ ਮੀਟਿੰਗ ਪ੍ਰਧਾਨ ਮੈਡਮ ਜਤਿੰਦਰ ਕੌਰ ਮੂੰਗਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸਟੇਟ ਕਮੇਟੀ ਮੈਂਬਰ ਤੇ ਇਕਾਈ ਦੇ ਚੇਅਰਮੈਨ ਹਰਮੇਸ਼ ਵਿਰਦੀ ਵੀ ਸ਼ਾਮਲ ਹੋਏ।

ਇਸ ਮੀਟਿੰਗ 'ਚ ਜਿੱਥੇ ਵਿਸ਼ੇਸ਼ ਵਿਚਾਰਾਂ ਕੀਤੀਆਂ ਗਈਆਂ ਉਥੇ ਪੱਤਰਕਾਰਾਂ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਚਰਚਾ ਵੀ ਕੀਤੀ ਗਈ। ਸਟੇਟ ਕਮੇਟੀ ਮੈਂਬਰ ਤੇ ਇਕਾਈ ਦੇ ਚੇਅਰਮੈਨ ਹਰਮੇਸ਼ ਵਿਰਦੀ ਨੇ ਦੱਸਿਆ ਕਿ ਇਸ ਮਹੀਨੇ ਦੇ 'ਚ ਜਿਲ੍ਹਾ ਨਵਾਂਸ਼ਹਿਰ ਦੀ ਜਲਦੀ ਮੀਟਿੰਗ ਕਰਕੇ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਪੰਜਾਬ ਦੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਚੋਣ ਕੀਤੀ ਜਾ ਰਹੀ ਹੈ। ਇਸ ਮੌਕੇ ਪ੍ਰਧਾਨ ਮੈਡਮ ਜਤਿੰਦਰ ਕੌਰ ਮੂੰਗਾ ਨੇ ਪੱਤਰਕਾਰਾਂ ਦਾ ਧੰਨਵਾਦ ਕੀਤਾ। ਮੀਟਿੰਗ ਵਿੱਚ ਵੱਖ-ਵੱਖ ਅਹਿਮ ਮਤੇ ਵੀ ਸਰਬਸੰਮਤੀ ਨਾਲ ਪਾਸ ਕੀਤੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਰਵੀਰ ਅਬੀ ਸਕੱਤਰ, ਨਵਕਾਂਤ ਭਰੋਮਜਾਰਾ ਜਨਰਲ ਸਕੱਤਰ, ਮਨੀਸ਼ ਕੁਮਾਰ ਚੁੱਘ ਖਜਾਨਚੀ, ਨਰਿੰਦਰ ਮਾਹੀ ਵਾਇਸ ਪ੍ਰਧਾਨ, ਧਰਮਵੀਰ ਹੀਉਂ, ਬਿੱਟੂ ਭੱਟੀ ਮਾਹਿਲ ਗਹਿਲਾਂ, ਕੁਲਦੀਪ ਸਿੰਘ ਪਾਬਲਾ, ਚਰਨਜੀਤ ਸੱਲਾਂ, ਸੰਜੀਵ ਭਨੋਟ ਅਤੇ ਕਈ ਹੋਰ ਪੱਤਰਕਾਰ ਹਾਜ਼ਰ ਸਨ। ਮੀਟਿੰਗ 'ਚ ਪੱਤਰਕਾਰਾਂ ਵੱਲੋਂ ਕੌਮਨ ਫੰਡ ਮਹੀਨੇ ਬਾਅਦ ਇਕੱਠਾ ਕਰਨ ਲਈ ਮਤਾ ਵੀ ਪਾਇਆ ਗਿਆ।

# ਹਲਕਾ ਨਕੋਦਰ 'ਚ ਕਾਂਗਰਸ ਪਾਰਟੀ ਨੂੰ ਕਰਾਰਾ ਝਟਕਾ ਲੱਗਾ

ਨੂਰਮਹਿਲ 23 ਅਪ੍ਰੈਲ (ਬਾਲ ਕ੍ਰਿਸ਼ਨ ਬਾਲੀ)- ਕਾਂਗਰਸ ਪਾਰਟੀ ਦੇ ਥੰਮ੍ਹ ਅਸ਼ਵਨੀ ਕੁਮਾਰ ਕੋਹਲੀ ਅਤੇ ਉਹਨਾਂ ਦਾ ਪਰਵਾਰ ਅਤੇ ਸਾਰੀ ਬਰਾਦਰੀ ਕਾਂਗਰਸ ਪਾਰਟੀ ਛੱਡ ਕੇ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਗਏ। ਉਹਨਾਂ ਦੀ ਸ਼ਮੂਲੀਅਤ ਪੰਜਾਬ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ, ਹਲਕਾ ਐਮ ਐਲ ਏ ਮੈਡਮ ਇੰਦਰਜੀਤ ਕੌਰ ਮਾਨ ਅਸੀਂ ਉਹਨਾਂ ਦੇ ਨਾਲ ਚੇਅਰਮੈਨ ਪੰਜਾਬ ਵਾਟਰ ਸਪਲਾਈ ਸਰੋਤ, ਦਰਸ਼ਨ ਸਿੰਘ ਟਾਹਲੀ ਦੀ ਮੌਜੂਦਗੀ 'ਚ ਹੋਈ ਇਸ ਮੌਕੇ ਮੁਹੱਲਾ ਟੰਡਨਾ 'ਚ ਭਾਰੀ ਇੱਕਠ ਸੀ ਕੋਹਲੀ ਪਰਵਾਰ 35 ਸਾਲ ਤੋਂ ਕਾਂਗਰਸ ਦੀ ਸੇਵਾ ਕਰ ਰਹੇ ਸਨ ਅਤੇ ਤਿੰਨ ਵਾਰ ਦੇ ਜੇਤੂ ਕੌਂਸਲਰ ਕਾਂਗਰਸ ਛੱਡ ਕੇ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਗਏ। ਇਸ ਤੋਂ ਇਲਾਵਾ ਜਸਪਾਲ ਭਗਤ (ਬਿੱਲੀ ਪ੍ਰਧਾਨ) ਜੋ ਕਿ ਪਾਰਟੀ ਦੇ ਪੁਰਾਣੇ ਵਲੰਟੀਅਰ ਸਨ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਗਏ ਇਹਨਾਂ ਦੇ ਨਾਲ ਰਾਜ ਕੁਮਾਰ ਰਾਜੂ, ਸੋਢੀ ਕਲਵਿੰਦਰ ਦਿਨੇਸ਼ ਕੁਮਾਰ ਭਗਤ ਆਦਿ ਸ਼ਾਮਲ ਸਨ। ਇਸ ਤੋਂ ਇਲਾਵਾ ਮੀਨਾ ਕੋਹਲੀ ਐਕਸ ਕੌਂਸਲਰ, ਜਸਪ੍ਰੀਤ ਸਿੰਘ ਪਰੂਥੀ, ਮਣੀ ਮਹਿੰਦਰੂ ਅਤੇ ਕਪਾਨਿਆਂ ਪਰਵਾਰ ਆਦਿ ਸ਼ਾਮਲ ਸਨ। ਇਸ ਮੌਕੇ ਇੰਦਰਜੀਤ ਕੌਰ ਮਾਨ ਤੇ ਕੈਬਨਿਟ ਮੰਤਰੀ ਮੀਤ ਹੇਅਰ ਨੇ ਪੰਜਾਬ ਸਰਕਾਰ ਦੇ ਪੂਰੇ ਸਾਲ ਦੀਆਂ ਪ੍ਰਾਪਤੀਆਂ ਗਿਣਾਈਆਂ। ਜਸਵੀਰ ਸਿੰਘ ਧੰਜਲ, ਸਾਂਤੀ ਸਰੂਪ ਜਿਲ੍ਹਾ ਸਕੱਤਰ ਐਸ ਸੀ ਐਸ ਟੀ ਵਿੰਗ, ਪ੍ਰਦੀਪ ਸੇਰਪੁਰ, ਸੁਖਵਿੰਦਰ ਗਡਵਾਲ, ਜੀਵਨ ਸਹੋਤਾ , ਨਰਿੰਦਰ ਸ਼ਰਮਾ, ਹਿਮਾਂਸ਼ੂ ਜੈਨ, ਅੰਮ੍ਰਿਤ ਕੰਵਰ, ਤਾਰਾ ਪ੍ਰਕਾਸ਼, ਮਿੰਟੂ ਧੀਰ, ਸੰਜੀਵ ਟੱਕਰ, ਵਿੱਕੀ ਭਗਤ, ਅਮਿਤ ਅਹੂਜਾ, ਸੰਜੀਵ ਅਹੂਜਾ, ਨਰਿੰਦਰ ਚੂਹੜ ਆਦਿ ਹਾਜ਼ਰ ਸਨ।

# ਖੂਨਦਾਨ ਤੇ ਮੁਫਤ ਮੈਡੀਕਲ ਚੈੱਕਅੱਪ ਕੈਂਪ ਲਗਾਇਆ

**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਉਂਕਾਰ ਸਿੰਘ)**-ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਭਾਰਤ ਰਤਨ ਡਾ. ਬੀ ਆਰ ਅੰਬੇਡਕਰ ਦੇ 132ਵੇਂ ਜਨਮ ਦਿਨ ਦੇ ਸੰਬੰਧ 'ਚ ਡਾ. ਬੀ. ਆਰ. ਅੰਬੇਡਕਰ ਕਲੱਬ ਦਸਮੇਸ ਨਗਰ ਟਾਂਡਾ ਵੱਲੋਂ ਖੂਨਦਾਨ ਕੈਂਪ ਅਤੇ ਮੁਫਤ ਮੈਡੀਕਲ ਚੈਕਅੱਪ ਕੈਂਪ ਲਗਾਇਆ ਗਿਆ। ਕਲੱਬ ਦੇ ਪ੍ਰਧਾਨ ਮਨਦੀਪ ਕੁਮਾਰ ਦੀਪਾ ਤੇ ਸ੍ਰੀ ਗੁਰੂ ਰਵਿਦਾਸ ਸਭਾ ਦੇ ਪ੍ਰਧਾਨ ਜਗਦੀਸ਼ ਕੁਮਾਰ ਰਿੰਕਾ ਦੀ ਦੇਖ-ਰੇਖ ਹੇਠ ਗੁਰੂ ਰਵਿਦਾਸ ਭਵਨ ਦਸ਼ਮੇਸ ਨਗਰ ਟਾਂਡਾ ਵਿਖੇ ਸਾਈ ਬਲੱਡ ਸੇਵਾ ਟਾਂਡਾ ਦੇ ਸਹਿਯੋਗ ਨਾਲ ਲਗਾਏ ਗਏ ਖੂਨਦਾਨ ਕੈਂਪ ਅਤੇ ਵਿਜਨ ਕੇਅਰ ਵੈਲਫੇਅਰ ਸੁਸਾਇਟੀ ਟਾਂਡਾ (ਰਜਿ.) ਦੇ ਸਹਿਯੋਗ ਨਾਲ ਲਗਾਏ ਗਏ ਮੁਫਤ ਮੈਡੀਕਲ ਕੈਂਪ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪਹੁੰਚੇ ਸਮਾਜ ਸੇਵੀ ਅਤੇ ਸ਼੍ਰੋਮਣੀ ਅਕਾਲੀ ਦਲ ਸਯੁਕਤ ਦੇ ਹਲਕਾ ਇੰਚਾਰਜ ਟਾਂਡਾ ਮਨਜੀਤ ਸਿੰਘ ਦਸੂਹਾ, ਸੇਵਾਮੁਕਤ ਚੀਫ ਮੈਡੀਕਲ ਕੈਮੀਕਲ ਐਗਜਿਮਰ ਪੰਜਾਬ ਡਾ. ਕੇਵਲ ਸਿੰਘ ਤੇ ਡਾ. ਲਵਪ੍ਰੀਤ ਸਿੰਘ ਪਾਬਲਾ ਵਲੋਂ ਕੀਤਾ ਅਤੇ ਉਹਨਾਂ ਨੇ ਮਨੁੱਖਤਾ ਦੀ ਸੇਵਾ ਵਾਸਤੇ ਲਗਾਏ ਗਏ ਇਸ ਮੈਡੀਕਲ ਕੈਂਪ ਤੇ ਖੂਨ ਦਾਨ ਕੈਂਪ ਦੀ ਸ਼ਲਾਘਾ ਕੀਤੀ। ਇਸ ਮੌਕੇ ਮਨਜੀਤ ਸਿੰਘ ਦਸੂਹਾ ਨੇ ਕਲੱਬ ਪ੍ਰਬੰਧਕਾਂ ਨੂੰ 50 ਹਜ਼ਾਰ ਰੁਪਏ ਦੀ ਮਾਈਕ ਰਾਸੀ ਵੀ ਭੇਟ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਡਾ. ਕੇਵਲ ਸਿੰਘ ਕਾਜਲ ਨੇ ਕਿਹਾ ਕਿ ਸਾਨੂੰ ਬਾਬਾ ਸਾਹਿਬ ਦੇ ਜੀਵਨ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ। ਇਸ ਮੌਕੇ ਪ੍ਰਬੰਧਕਾਂ ਵੱਲੋਂ ਪਹੁੰਚੀਆਂ ਪ੍ਰਮੁੱਖ ਸਖਸੀਅਤਾਂ ਨੂੰ ਯਾਦਗਾਰੀ ਚਿੰਨ ਵੀ ਭੇਟ ਕੀਤੇ ਗਏ। ਖੂਨਦਾਨ ਕੈਂਪ ਦੌਰਾਨ ਸੇਵਾਵਾਂ ਦੇ ਰਹੀ ਕਮਲ ਹਸਪਤਾਲ ਜਲੰਧਰ ਦੀ ਟੀਮ ਨੇ 40 ਯੂਨਿਟ ਬਲੱਡ ਇਕੱਤਰ ਕੀਤਾ ਅਤੇ ਮੈਡੀਕਲ ਕੈਂਪ ਦੌਰਾਨ ਡਾਕਟਰੀ ਟੀਮ ਨੇ 300 ਤੋਂ ਵੱਧ ਮਰੀਜਾਂ ਦਾ ਚੈੱਕਅੱਪ ਕਰਦੇ ਹੋਏ ਉਨ੍ਹਾਂ ਨੂੰ ਮੁਫਤ ਦਵਾਈਆਂ ਦਿੱਤੀਆਂ। ਇਸ ਮੌਕੇ ਸੁਖਵਿੰਦਰ ਸਿੰਘ ਮੂਨਕ, ਜਗਦੀਪ ਮਾਨ, ਐਡਵੋਕੇਟ ਹਰਦੀਪ ਸਿੰਘ ਗੁਰਾਇਆ,ਤਰਸੇਮ ਲਾਲ, ਚਮਨ ਲਾਲ, ਸਰਬਜੀਤ ਸਿੰਘ, ਅਮਰੀਕ ਸਿੰਘ, ਮਹਿੰਦਰ ਸਿੰਘ, ਤਰਸੇਮ ਲਾਲ, ਮਨਦੀਪ ਸਿੰਘ ਦੀਪਾ, ਲਖਵਿੰਦਰ ਸਿੰਘ, ਰਵੀ ਕੁਮਾਰ, ਗਗਨਦੀਪ, ਜਸਪਾਲ ਰਾਇ, ਸੁਖਵਿੰਦਰ ਸਿੰਘ ਰਤਨ, ਦਲਜੀਤ ਸਿੰਘ, ਓਂਕਾਰ ਸਿੰਘ, ਹਰਮਨ ਸਿੰਘ, ਕਰਮਨ ਸਿੰਘ, ਅਮਰਿੰਦਰ ਸਿੰਘ ਦੀਪਕ ਭੱਟੀ, ਗੁਰਵਿੰਦਰ ਸਿੰਘਗੋਰੀ, ਜਤਿਨ, ਮੋਹਿਤ, ਰਣਬੀਰ, ਸੁਰਿੰਦਰ ਪਾਲ, ਤਰਸੇਮ ਸਿੰਘ ਫੌਜੀ, ਬਲਬੀਰ ਸਿੰਘ,ਮੀਨਾ ਕੁਮਾਰੀ, ਕਰਨਪ੍ਰੀਤ, ਸੋਨੀਆ, ਸਰਵਣ ਸਿੰਘ, ਆਸੀਸ, ਸੀਤਲ ਸਿੰਘ ਮੀਨਾ ਕੁਮਾਰੀ, ਅਮਰਜੀਤ ਕੌਰ, ਹਰਜੀਤ ਕੋਰ ਬੇਅੰਤ ਕੌਰ ਆਦਿ ਹਾਰਰ ਸਨ।

# ਈਦ-ਉਲ-ਫਿਤਰ ਮੌਕੇ ਮੁਸਲਿਮ ਭਾਈਚਾਰੇ ਨਾਲ ਖੁਸ਼ੀਆਂ ਸਾਂਝੀਆਂ ਕਰਨ ਪੁੱਜੇ ਸੰਯੁਕਤ ਕਿਸਾਨ ਮੋਰਚੇ ਦੇ ਆਗੂ

**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ, ਸਫਰੀ)** ਈਦ ਦੇ ਪਵਿੱਤਰ ਦਿਹਾੜੇ 'ਤੇ ਪਿੰਡ ਕਾਲੇਵਾਲ ਭਗਤਾਂ ਵਿਖੇ ਸਥਿਤ ਮਸਜਿਦ 'ਚ ਵੱਡੀ ਗਿਣਤੀ ਵਿੱਚ ਮੁਸਲਿਮ ਭਾਈਚਾਰੇ ਦੇ ਲੋਕਾਂ ਨੇ ਪਹੁੰਚ ਕੇ ਈਦ ਦੀ ਨਮਾਜ ਬਹੁਤ ਸ਼ਰਧਾ ਸਤਿਕਾਰ ਤੇ ਪ੍ਰੇਮ ਭਾਵਨਾ ਨਾਲ ਅਦਾ ਕੀਤੀ। ਉਨ੍ਹਾਂ ਸਾਂਝੀਵਾਲਤਾ ਤੇ ਸਰਬੱਤ ਦੇ ਭਲੇ ਵਾਲਾ ਸਮਾਜ ਸਿਰਜਣ ਲਈ ਇਕੱਠੇ ਹੋ ਕੇ ਸਮੂਹ ਦੇਸ਼ ਵਾਸੀਆਂ ਦੀ ਸੁੱਖ ਸ਼ਾਂਤੀ ਲਈ ਦੁਆ ਕੀਤੀ। ਮੁਸਲਿਮ ਭਾਈਚਾਰੇ ਦੇ ਲੋਕਾਂ ਨੂੰ ਮੁਬਾਰਕਬਾਦ ਦੇਣ ਤੇ ਉਨ੍ਹਾਂ ਨਾਲ ਈਦ ਦੇ ਪਵਿੱਤਰ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕਰਨ ਸੰਯੁਕਤ ਕਿਸਾਨ ਮੋਰਚੇ ਵੱਲੋਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜਿਲ੍ਹਾ ਪ੍ਰਚਾਰ ਸਕੱਤਰ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ, ਮੁਲਾਜਮ ਆਗੂ ਮਲਕੀਤ ਸਿੰਘ ਬਾਹੋਵਾਲ, ਪੰਜਾਬੀ ਮਾਂ ਬੋਲੀ ਦੇ ਸੇਵਾਦਾਰ ਗੀਤਕਾਰ ਗੁਰਮਿੰਦਰ ਕੈਂਡੋਵਾਲ ਸਾਥੀਆਂ ਸਮੇਤ ਪਹੁੰਚੇ ਤੇ ਪੰਜਾਬ ਦੀ ਸੁੱਖ ਸ਼ਾਂਤੀ ਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਇਸ ਮੌਕੇ ਪਿੰਡ ਕਾਲੇਵਾਲ ਭਗਤਾਂ ਤੋਂ ਪਿੰਡ ਦੇ ਮੋਹਤਬਰਾਂ ਸਮੇਤ ਪਹੁੰਚ ਕੇ ਸਤਵਿੰਦਰ ਕੁਮਾਰ ਮਿੰਟੂ ਨੇ ਆਪਣੇ ਪਿੰਡ ਆਏ ਮੁਸਲਿਮ ਭਾਈਚਾਰੇ ਦੇ ਸਾਰੇ ਲੋਕਾਂ ਤੇ ਵਿਸ਼ੇਸ਼ ਤੌਰ 'ਤੇ ਕਿਸਾਨ ਆਗੂਆਂ ਨੂੰ ਜੀ ਆਇਆਂ ਨੂੰ ਕਹਿੰਦਿਆਂ ਸਾਰੇ ਤਿਉਹਾਰ ਸਮਾਜ ਦੇ ਸਾਰੇ ਭਾਈਚਾਰਿਆਂ ਦੇ ਲੋਕਾਂ ਵੱਲੋਂ ਰਲ ਮਿਲ ਕੇ ਪਿਆਰ ਭਾਵਨਾ ਨਾਲ ਮਨਾਉਣ ਲਈ ਅਪੀਲ ਕੀਤੀ।

# ਡਾ. ਅੰਬੇਡਕਰ ਤੇ ਵਿਸਾਖੀ ਦਿਹਾੜੇ ਨੂੰ ਸਮਰਪਿਤ ਬੱਚਿਆਂ ਦੇ ਕੁਇਜ ਮੁਕਾਬਲੇ ਕਰਵਾਏ

**ਆਦਮਪੁਰ (ਪਰਮਜੀਤ ਸਿੰਘ)** ਪਿੰਡ ਕੋਟਲੀ ਅਰਾਈਆਂ ਵਿਖੇ ਫਰੈਂਡਜ ਆਫ ਪੰਜਾਬ ਫਾਊਂਡੇਸ਼ਨ ਦੇ ਸੈਂਟਰ ਵਿਖੇ ਵਿਸਾਖੀ ਅਤੇ ਡਾਕਟਰ ਬੀ ਆਰ ਅੰਬੇਡਕਰ ਦੇ ਜੀਵਨ ਦੇ ਸੰਬੰਧ 'ਚ ਬੱਚਿਆਂ ਦਾ ਗੁਰੂ ਸਾਹਿਬ ਦੇ ਜੀਵਨ ਅਤੇ ਸਿਧਾਂਤਾਂ ਸੰਬੰਧੀ ਪ੍ਰਸ਼ਨ ਉੱਤਰ ਮੁਕਾਬਲਾ ਕਰਵਾਇਆ ਗਿਆ ਜਿਸ 'ਚ 100 ਤੋਂ ਵੱਧ ਬੱਚਿਆਂ ਨੇ ਭਾਗ ਲਿਆ ਅਤੇ ਮੈਰਿਟ 'ਚ ਆਉਣ ਵਾਲੇ ਬੱਚਿਆਂ ਨੂੰ ਖਾਸ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਸੰਸਥਾ ਵੱਲੋਂ ਵੱਖ ਵੱਖ ਇਤਿਹਾਸਿਕ ਅਤੇ ਧਾਰਮਿਕ ਸਖਸੀਅਤਾਂ ਦੇ ਜੀਵਨ ਤੋਂ ਜਾਣੂ ਕਰਵਾਉਣ ਲਈ ਸਮੇਂ ਸਮੇਂ ਤੇ ਅਜਿਹੀਆਂ ਪ੍ਰਤੀਯੋਗਤਾਵਾਂ ਕਾਰਵਾਈਆਂ ਜਾਂਦੀਆਂ ਹਨ ਤਾਂ ਕਿ ਬੱਚਿਆਂ ਦਾ ਆਪਣੇ ਵਿਰਸੇ ਨਾਲ ਲਗਾਵ ਲੱਗਿਆ ਰਹੇ। ਇਸ ਮੌਕੇ ਸੰਸਥਾ ਦੇ ਮੈਨੇਜਰ ਪੀਊਸ ਨਰ, ਮਨੀਸ਼ਾ ਨਰ, ਹਰਦੀਪ ਮਾਹੀ, ਸੁਨੀਲ, ਭਾਰਤੀ ਸ਼ਰਮਾ, ਰਾਜਵਿੰਦਰ ਕੌਰ, ਇੰਦਰਜੀਤ ਕੌਰ ਆਦਿ ਹਾਜ਼ਰ ਸਨ। ਸੰਸਥਾ ਦੇ ਮੈਨੇਜਰ ਪੀਊਸ ਨਰ ਨੇ ਬੱਚਿਆਂ ਨੂੰ ਡਾਕਟਰ ਅੰਬੇਦਕਰ ਦੇ ਜੀਵਨ ਤੋਂ ਪ੍ਰੇਰਨਾ ਲੈਣ ਲਈ ਪ੍ਰੇਰਿਤ ਕੀਤਾ।

# ਵਿੱਤੀ ਸਹਾਇਤਾ ਲਈ ਤਿੰਨ ਸਾਲਾਂ ਤੋਂ ਦਰ-ਦਰ ਦੀਆਂ ਠੋਕਰਾਂ ਖਾਣ ਲਈ ਮਜਬੂਰ ਨੇ ਵਾਰਸ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦ ਬਿੰਦੀ)** ਪੰਜਾਬ ਬਿਲਡਿੰਗ ਐਂਡ ਅਦਰ ਕੰਨਸਟਰਸ਼ਨ ਵਰਕਰਜ਼ ਵੈਲਫੇਅਰ ਬੋਰਡ ਵੱਲੋਂ ਮ੍ਰਿਤਕ ਕਿਰਤੀਆਂ ਦੇ ਵਾਰਸਾਂ ਨੂੰ ਮਿਲਣ ਵਾਲੇ ਸਹਾਇਤਾ ਅਤੇ ਦਾਹ ਸੰਸਕਾਰ ਦੀ ਰਕਮ ਪਿਛਲੇ ਕਰੀਬ ਤਿੰਨ ਸਾਲਾਂ ਤੋਂ ਜਾਰੀ ਨਹੀਂ ਕੀਤੀ ਜਾ ਰਹੀ ਹੈ। ਜਿਸ ਦੇ ਕਾਰਨ ਮ੍ਰਿਤਕ ਕਿਰਤੀਆਂ ਦੀਆਂ ਵਿਧਵਾ ਪਤਨੀਆਂ ਦਰ ਦਰ ਦੀਆਂ ਠੋਕਰਾਂ ਖਾਣ ਲਈ ਮਜ਼ਬੂਰ ਹੋ ਰਹੀਆਂ ਹਨ। ਦੱਸਣਯੋਗ ਹੈ ਕਿ ਰਜਿਸਟਰਡ ਕਿਰਤੀਆਂ ਨੂੰ ਵੈਲਫੇਅਰ ਬੋਰਡ ਵੱਲੋਂ ਜੋ ਵੀ ਲਾਭ ਦੇਣੇ ਹਨ। ਉਨ੍ਹਾਂ ਲਈ ਬੋਰਡ ਦੀ ਹਰ ਤਿੰਨ ਮਹੀਨੇ ਬਾਅਦ ਮੀਟਿੰਗ ਕਾਨੂੰਨ ਮੁਤਾਬਕ ਕਰਨੀ ਹੁੰਦੀ ਹੈ, ਪਰ ਹੈਰਾਨੀ ਇਸ ਗੱਲ ਦੀ ਹੈ ਕਿ ਰੋਪੜ ਜਿਲ੍ਹੇ ਦੀ ਤਹਿਸੀਲ ਸ੍ਰੀ ਅਨੰਦਪੁਰ ਸਾਹਿਬ ਦੀ ਮੀਟਿੰਗ ਪਿਛਲੇ ਕਰੀਬ ਢਾਈ ਸਾਲਾਂ ਤੋਂ ਨਹੀਂ ਹੋਈ। ਜਿਸ ਦੇ ਕਾਰਨ ਮ੍ਰਿਤਕ ਪਰਵਾਰਾਂ ਦੀਆਂ ਵਿਧਵਾ ਪਤਨੀਆਂ ਦਰ ਦਰ ਦੀਆਂ ਠੋਕਰਾਂ ਖਾਣ ਲਈ ਮਜਬੂਰ ਹਨ। ਹੈਰਾਨੀ ਇਸ ਗੱਲ ਦੀ ਵੀ ਹੈ ਜਿਲੇ ਦੀ ਡਿਪਟੀ ਕਮਿਸ਼ਨਰ ਨੂੰ ਦੱਸਣ ਦੇ ਬਾਵਜੂਦ ਬੋਰਡ ਦੀ ਮੀਟਿੰਗ ਕਿਉਂ ਨਹੀਂ ਹੋ ਸਕੀ। ਇੱਥੇ ਮ੍ਰਿਤਕ ਕਿਰਤੀ ਸੁਰਜੀਤ ਸਿੰਘ ਦੀ ਪਤਨੀ ਵਿਧਵਾ ਕਸ਼ਮੀਰ ਕੌਰ, ਮ੍ਰਿਤਕ ਕਿਰਤੀ ਸੁਰਿੰਦਰ ਸਿੰਘ ਦੀ ਵਿਧਵਾ ਪਤਨੀ ਰਾਮ ਦੁਲਾਰੀ ਨੇ ਦੱਸਿਆ ਕਿ ਉਨ੍ਹਾਂ ਦੇ ਸਿਰ ਦੇ ਸਾਈਆਂ ਦੀਆਂ ਮੌਤਾਂ 2020 'ਚ ਹੋ ਗਈਆਂ ਸਨ। ਉਨ੍ਹਾਂ ਦੇ ਪਤੀ ਉਸਾਰੀ ਬੋਰਡ ਦੇ ਮੈਂਬਰ ਸਨ। ਬੋਰਡ ਵੱਲੋਂ ਦਿੱਤੀ ਜਾਣ ਵਾਲੀ ਵਿੱਤੀ ਸਹਾਇਤਾ ਲਈ ਅਪਲਾਈ ਕਰ ਦਿੱਤਾ ਗਿਆ ਸੀ, ਪਰ ਫਾਰਮਾਂ ਉਪਰ ਵਿਭਾਗ ਵੱਲੋਂ ਨੁੱਕਸ ਕੱਢਣ ਤੋਂ ਇਲਾਵਾ ਹੋਰ ਕੋਈ ਕੰਮ ਨਹੀਂ ਹੋ ਸਕਿਆ। ਉਨ੍ਹਾਂ ਨੇ ਕਿਹਾ ਕਿ ਉਹ ਬਹੁਤ ਹੀ ਮੰਦਹਾਲੀ ਦੌਰ 'ਚ ਆਪਣੇ ਪਰਵਾਰਾਂ ਨੂੰ ਪਾਲ ਰਹੀਆਂ ਹਨ। ਇਨ੍ਹਾਂ ਔਰਤਾਂ ਨੇ ਪੰਜਾਬ ਉਸਾਰੀ ਬੋਰਡ, ਜਿਲ੍ਹਾ ਪ੍ਰਸ਼ਾਸਨ ਅਤੇ ਹਲਕੇ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਕੋਲੋਂ ਮੰਗ ਕੀਤੀ ਕਿ ਉਨ੍ਹਾਂ ਮਿਲਣ ਵਾਲੇ ਜਲਦੀ ਤੋਂ ਜਲਦੀ ਦਿੱਤੇ ਜਾਣ। ਇੱਥੇ ਇਹ ਵੀ ਦੱਸਣਯੋਗ ਹੈ ਜਿਲ੍ਹੇ ਭਰ ਵਿੱਚ ਉਸਾਰੀ ਬੋਰਡ ਵੱਲੋਂ ਦਿੱਤੇ ਜਾਣ ਵਾਲੇ ਲਾਭਾਂ ਦੀ ਪ੍ਰਾਪਤੀ ਕਿਰਤੀਆਂ ਨੂੰ ਨਹੀਂ ਹੋ ਰਹੀ ਹੈ। ਕਿਰਤੀ ਨਿਰਾਸ਼ਾ ਦੇ ਆਲਮ 'ਚ ਹਨ। ਇਸ ਸੰਬੰਧੀ ਸੀਟੂ ਦੇ ਜਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਬਾਗੀ ਨੇ ਦੱਸਿਆ ਕਿ ਲੇਬਰ ਵਿਭਾਗ 'ਚ ਸਟਾਫ ਦੀ ਭਾਰੀ ਕਮੀ ਹੈ। ਮਜ਼ਦੂਰਾਂ ਨੂੰ ਰਜਿਸਟਰਡ ਹੋਣ ਤੋਂ ਲੇ ਕੇ ਲਾਭਾਂ ਦੀ ਪ੍ਰਾਪਤੀ ਲਈ ਭਾਰੀ ਜੱਦੋ ਜਹਿਦ ਕਰਨੀ ਪੈਂਦੀ ਹੈ। ਸਰਕਾਰ ਨੂੰ ਆਫਲਾਇਨ ਵੀ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਜੇਕਰ ਕਿਰਤੀਆਂ ਦੇ ਪਰਵਾਰਾਂ ਦੇ ਮਸਲੇ ਹੱਲ ਨਾ ਹੋਏ ਤਾਂ ਫਿਰ ਜਿਲ੍ਹਾ ਪ੍ਰਸ਼ਾਸਨ ਤੇ ਵਿਭਾਗ ਦੇ ਖਿਲਾਫ ਸੰਘਰਸ਼ ਕੀਤਾ ਜਾਵੇਗਾ।

# ਕੋਠਾਰੀ ਨੇ ਕੀਤਾ ਆਈਲੈਟਸ ਜੰਕਸ਼ਨ ਓਵਰਸੀਜ਼ ਸਰਵਿਸ ਕੈਂਪਸ ਦਾ ਦੌਰਾ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਯੋਰਕਵੈਲੀ ਯੂਨੀਵਰਸਿਟੀ ਕਨੇਡਾ ਦੇ ਭਾਰਤ 'ਚ ਨੁਮਾਇੰਦੇ ਮੈਡਮ ਕਿੰਜਲ ਕੋਠਾਰੀ ਨੇ ਸਥਾਨਕ ਗੁਰੂ ਹਰਗੋਬਿੰਦ ਨਗਰ ਸਥਿਤ ਆਈਲੇਟਸ ਜੰਕਸ਼ਨ ਓਵਰਸੀਜ ਸਰਵਿਸ ਕੈਂਪਸ ਦਾ ਦੌਰਾ ਕੀਤਾ। ਇਸ ਦੌਰਾਨ ਮੈਡਮ ਕੋਠਾਰੀ ਤੋਂ ਇਲਾਵਾ ਅਪਲਾਈ ਬੋਰਡ ਦੇ ਅੰਤਰਰਾਸ਼ਟਰੀ ਰਿਲੇਸ਼ਨਸ਼ਿਪ ਮੈਨੇਜਰ ਵਿਸ਼ਾਲ ਅਤੇ ਤਰਵੀਰ ਸਿੰਘ ਦਾ ਆਈਲੈਟਸ ਜੰਕਸ਼ਨ ਦੇ ਡਾਇਰੈਕਟਰ ਜਗਜੀਤ ਸਿੰਘ ਚਾਨਾ ਦੀ ਅਗਵਾਈ ਹੇਠ ਸਮੂਹ ਸਟਾਫ ਵਲੋਂ ਨਿੱਘਾ ਸਵਾਗਤ ਕੀਤਾ ਗਿਆ। ਮੈਡਮ ਕਿੰਜਲ ਕੋਠਾਰੀ ਨੇ ਦੱਸਿਆ ਕਿ ਯੋਰਕਵੈਲੀ ਯੂਨੀਵਰਸਿਟੀ ਕਨੇਡਾ ਦੀ ਇਕ ਪ੍ਰਸਿੱਧ ਵਿਦਿਅਕ ਯੂਨੀਵਰਸਿਟੀ ਹੈ ਜਿਸ ਦੇ ਤਹਿਤ ਟੋਰੰਟੋ ਤੇ ਵੈਂਕੂਵਰ ਸੈਂਟਰਾਂ ਰਾਹੀਂ ਅੰਤਰਰਾਸ਼ਟਰੀ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਦੇ ਵਧੀਆ ਮੌਕੇ ਪ੍ਰਦਾਨ ਕੀਤੇ ਜਾਂਦੇ ਹਨ। ਉਹਨਾਂ ਆਈਲੈਟਸ ਜੰਕਸ਼ਨ ਦੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ 10+2 ਦੀ ਪੜ੍ਹਾਈ ਤੋਂ ਬਾਅਦ ਕਨੇਡਾ ਵਿਚ ਉਹਨਾਂ ਦੀ ਯੂਨੀਵਰਸਿਟੀ ਰਾਹੀਂ ਬੀਬੀਏ ਅਤੇ ਇੰਟੀਰੀਅਰ ਡਿਜਾਇਨਰ ਵਰਗੇ ਕੋਰਸਾਂ ਵਿਚ ਦਾਖਲਾ ਲੈ ਕੇ ਆਪਣੇ ਸਫਲ ਕੈਰੀਅਰ ਦੀ ਨੀਂਹ ਰੱਖ ਸਕਦੇ ਹਨ। ਇਸ ਮੌਕੇ ਏਕਮ ਸਿੰਘ ਪੰਨੂ, ਮਾਨਤ ਕਪੂਰ ਤੋਂ ਇਲਾਵਾ ਵਿਨੇ ਕੁਮਾਰ, ਪਵਨਦੀਪ ਕੌਰ, ਕੋਮਲ, ਬਲਵਿੰਦਰ ਕੁਮਾਰ, ਗੁਰੂ ਤੇ ਮੈਡਮ ਨੇਹਾ ਵੀ ਹਾਜ਼ਰ ਸਨ।

# ਹੁੱਲੜਬਾਜੀ ਕਰਦੇ ਨੌਜਵਾਨਾਂ ਦੀ ਕਾਰ ਕੀਤੀ ਥਾਣੇ ਬੰਦ

**ਮੋਰਿੰਡਾ (ਜੈਜੀ ਸਰਦਾਰ)** ਟ੍ਰੈਫਿਕ ਨਿਯਮਾਂ ਦੀ ਉਲੰਘਣਾਂ ਕਰਨ ਵਾਲਿਆਂ ਨੂੰ ਸ਼ਹਿਰ ਦੇ ਟ੍ਰੈਫਿਕ ਇੰਚਾਰਜ ਮਲਕੀਤ ਸਿੰਘ ਵੱਲੋਂ ਵਾਰ-ਵਾਰ ਮੀਡੀਆ ਦੇ ਜਰੀਏ ਵੀ ਜਾਗਰੂਕ ਕੀਤਾ ਗਿਆ ਹੈ, ਪਰ ਫਿਰ ਵੀ ਕੁਝ ਹੁਲੜਬਾਜੀ ਕਰਨ ਵਾਲਿਆਂ ਦੇ ਕੰਨੀਂ ਜੂੰ ਤੱਕ ਨਹੀਂ ਸਰਕਦੀ। ਇਸੇ ਤਰ੍ਹਾਂ ਦੇ ਹੀ ਹੁੱਲੜਬਾਜ ਐਤਵਾਰ ਮਲਕੀਤ ਸਿੰਘ ਦੇ ਹੱਥੀਂ ਚੜ੍ਹ ਗਏ। ਜਿਸਦੀ ਜਾਣਕਾਰੀ ਸਾਂਝੀ ਕਰਦਿਆਂ ਟ੍ਰੈਫਿਕ ਇੰਚਾਰਜ ਮਲਕੀਤ ਸਿੰਘ ਵੱਲੋਂ ਦੱਸਿਆ ਗਿਆ ਕਿ ਉਹ ਵਿਸ਼ਕਰਮਾ ਚੌਕ 'ਤੇ ਚੈਕਿੰਗ ਕਰ ਰਹੇ ਸਨ ਤਾਂ ਉਨ੍ਹਾਂ ਨੂੰ ਕਈ ਦਿਨਾਂ ਤੋਂ ਕੰਪਲੇਟ ਆ ਰਹੀ ਸੀ ਕਿ ਕੁਝ ਨੌਜਵਾਨ ਜੋ ਕਿ ਬਾਜਾਰ ਵਿੱਚ ਕਾਰ 'ਚ ਡੀ ਜੇ ਸਾਊਂਡ ਸਿਸਟਮ ਦੀ ਆਵਾਜ਼ ਉੱਚੀ ਕਰ ਕੇ ਘੁੰਮਦੇ ਹਨ, ਜਿਸ ਕਾਰਨ ਸੀਨੀਅਰ ਸਿਟੀਜਨ, ਮਰੀਜਾਂ ਅਤੇ ਸਕੂਲ ਕਾਲਜ ਦੀਆਂ ਵਿਦਿਆਰਥਣਾਂ ਨੂੰ ਵੀ ਆਉਂਦੇ ਜਾਂਦਿਆਂ ਪ੍ਰੇਸ਼ਾਨੀ ਹੁੰਦੀ ਹੈ। ਸ਼ਹਿਰ ਵਾਸੀਆਂ ਵੱਲੋਂ ਪੁਲਸ ਪ੍ਰਸ਼ਾਸਨ ਨੂੰ ਅਪੀਲ ਕੀਤੀ ਗਈ ਸੀ ਕਿ ਇਸ ਤਰ੍ਹਾਂ ਦੇ ਹੁੱਲੜਬਾਜਾਂ ਨੂੰ ਨੱਥ ਪਾਈ ਜਾਵੇ। ਜਿਸਦੇ ਤਹਿਤ ਦੋ ਨੌਜਵਾਨਾਂ ਨੂੰ ਕਾਰ ਸਮੇਤ ਹੁੱਲੜਬਾਜੀ ਕਰਦੇ ਹੋਏ ਕਾਬੂ ਕਰ ਲਿਆ ਅਤੇ ਉਨ੍ਹਾਂ ਤੋਂ ਕਾਰ ਦੇ ਕਾਗਜਾਤ ਮੰਗੇ ਤਾਂ ਉਨ੍ਹਾਂ ਤੋਂ ਕੋਈ ਪੁਖਤਾ ਡਾਕੂਮੈਂਟ ਨਾ ਦਿੱਤੇ ਜਾਣ 'ਤੇ ਗੱਡੀ 207 ਮੋਟਰ ਵਹੀਕਲਜ਼ ਐਕਟ ਦੇ ਅਧੀਨ ਥਾਣੇ ਇੰਪਆਊਡ ਕਰ ਦਿੱਤਾ। ਟ੍ਰੈਫਿਕ ਇੰਚਾਰਜ ਮਲਕੀਤ ਸਿੰਘ ਨੇ ਫਿਰ ਤੋਂ ਮੀਡੀਆ ਦੇ ਰਾਹੀਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਹੈ ਕਿ ਟ੍ਰੈਫਿਕ ਨਿਯਮਾਂ ਦੀ ਪਾਲਣਾ ਕੀਤੀ ਜਾਵੇ ਅਤੇ ਹੁੱਲੜਬਾਜੀ ਕਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।

# ਬੱਚਿਆਂ ਦੇ ਕਾਰਡ ਤੇ ਪੋਸਟਰ ਮੇਕਿੰਗ ਦੇ ਮੁਕਾਬਲੇ ਕਰਵਾਏ

**ਕਾਲਾ ਸੰਘਿਆਂ (ਮਨਜੀਤ ਮਾਨ)** ਗੁਰੂ ਹਰਿ ਰਾਇ ਸਾਹਿਬ ਅਕੈਡਮੀ ਕਾਹਲਵਾਂ ਜਿਲ੍ਹਾ ਕਪੂਰਥਲਾ ਵਿਖੇ ਬਾਬਾ ਗੁਰਮੇਜ ਸਿੰਘ ਪ੍ਰਧਾਨ ਗੁਰਦੁਆਰਾ ਸ੍ਰੀ ਸੈਦਰਾਣਾ ਸਾਹਿਬ ਅਤੇ ਅਕੈਡਮੀ ਚੇਅਰਮੈਨ ਨਿਰਮਲ ਸਿੰਘ ਨੰਬਰਦਾਰ ਦੀ ਦੇਖ-ਰੇਖ ਪਿਛਲੇ ਸਾਲ ਤੋਂ ਇਹ ਸੰਸਥਾ ਚੱਲ ਰਹੀ ਹੈ। ਅਕੈਡਮੀ ਵਿਖੇ ਵਿਦਿਆਰਥੀਆਂ ਦੇ ਕਾਰਡ ਮੇਕਿੰਗ ਅਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ। ਇਹਨਾਂ ਮੁਕਾਬਲਿਆਂ ਵਿੱਚ ਕਲਾਸ ਪਹਿਲੀ ਤੋਂ ਅੱਠਵੀਂ ਤੱਕ ਦੇ ਵਿਦਿਆਰਥੀ ਵਲੋਂ ਵੱਧ ਚੜ੍ਹ ਕੇ ਹਿੱਸਾ ਲਿਆ ਗਿਆ। ਕਲਾਸ ਨਰਸਰੀ ਤੋਂ ਯੂ ਕੇ ਜੀ ਦੇ ਵਿਦਿਆਰਥੀਆਂ ਦੀਆਂ ਕਲਾਸ ਵਿੱਚ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਦੌਰਾਨ ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਉਹਨਾਂ ਦੇ ਇਸ ਵਿਸ਼ੇਸ਼ ਦਿਨ ਦੀ ਵਧਾਈ ਦਿੰਦਿਆਂ ਸਾਰੇ ਹੀ ਵਿਦਿਆਰਥੀਆਂ ਨੂੰ ਹਰ ਧਰਮ ਦਾ ਸਤਿਕਾਰ ਕਰਨਾ ਚਾਹੀਦਾ ਹੈ ਅਤੇ ਇਕ ਪਰਿਵਾਰ ਦੀ ਤਰ੍ਹਾਂ ਮਿਲ ਜੁਲ ਕੇ ਰਹਿਣਾ ਚਾਹੀਦਾ ਹੈ। ਇਸ ਮੌਕੇ ਤੇ ਮੈਡਮ ਅਮਨ, ਮੈਡਮ ਰਮਨਪ੍ਰੀਤ ਕੌਰ, ਮੈਡਮ ਨੇਹਾ ਸਰਮਾ, ਮੈਡਮ ਰਜਨੀ ਰਾਣੀ, ਮੈਡਮ ਈਸਾ, ਮੈਡਮ ਮਨਦੀਪ ਕੌਰ, ਮੈਡਮ ਸੰਗੀਤਾ ਸਰਮਾ, ਮੈਡਮ ਸੰਦੀਪ ਕੌਰ, ਮੈਡਮ ਰਜਨੀ ਮੈਡਮ ਰਜਿੰਦਰ ਕੌਰ ਸ਼ਾਮਲ ਸਨ।

# ਸਟੇਟ ਐਵਾਰਡ ਦੀ ਮੈਰਿਟ ਵਾਲੇ ਨੌਜਵਾਨ ਪ੍ਰੈੱਸ ਕਾਨਫਰੰਸ ਕਰਕੇ ਸਰਕਾਰ ਦਾ ਚਿਹਰਾ ਕਰਨਗੇ ਨੰਗਾ

**ਜਲੰਧਰ ( ਰਾਜੇਸ ਥਾਪਾ)** ਪੰਜਾਬ ਸੂਬੇ ਅੰਦਰ ਆਰਥਿਕ, ਰਾਜਨੀਤਿਕ ਅਤੇ ਸਮਾਜਿਕ ਬਦਲਾਵ ਲਿਆਉਂਣ ਦੇ ਨਾਂਅ ਹੇਠ ਸੱਤਾ 'ਚ ਆਈ ਸਰਕਾਰ ਜੋ ਸ਼ਹੀਦਾਂ ਦੇ ਸੁਪਨਿਆਂ ਦੇ ਸਮਾਜ ਦੀ ਸਿਰਜਣਾ ਦੀਆਂ ਗੱਲਾਂ ਕਰਦੇ ਸਨ। ਜਿਹਨਾਂ ਨੇ ਸ਼ਹੀਦ ਭਗਤ ਨੂੰ ਆਪਣਾ ਆਦਰਸ਼ ਮੰਨਣ ਦੀਆਂ ਗੱਲਾਂ ਕੀਤੀਆਂ ਅਤੇ ਉਹਨਾਂ ਮਹਾਨ ਸ਼ਹੀਦਾਂ ਦੀਆਂ ਸਹੁੰਆਂ ਖਾ ਕੇ ਪੰਜਾਬ ਦੇ ਲੋਕਾਂ 'ਚ ਚੰਗੀ ਬਹੁਤ ਸਾਰੀਆਂ ਉਮੰਗਾਂ ਜਗਾਈਆਂ। ਪਰ ਬੜੇ ਹੀ ਦੁੱਖ ਦੀ ਗੱਲ ਹੈ ਕਿ ਅਸਮਾਨ ਤੋਂ ਉੱਚੀਆਂ ਉੱਚੀਆਂ ਗੱਲਾਂ ਕਰਨ ਅਤੇ ਚੰਗੇ ਚੰਗ ਭਾਸ਼ਣ ਦੇਣ ਵਾਲੀ ਇਹ ਸਰਕਾਰ ਦੀ ਹਾਲਤ ਜ਼ਮੀਨੀ ਪੱਧਰ 'ਤੇ ਰਵਾਇਤੀ ਪਾਰਟੀਆਂ ਵਾਲੀ ਹੀ ਹੈ। ਸਰਕਾਰ ਨੇ ਯੁਵਕ ਸੇਵਾਵਾਂ ਵਿਭਾਗ ਪੰਜਾਬ ਰਾਹੀਂ ਪਿਛਲੇ ਦਿਨੀਂ ਸ਼ਹੀਦ ਏ ਆਜਮ ਭਗਤ ਸਿੰਘ ਐਵਾਰਡ ਦੇਣ ਹਰ ਜਿਲ੍ਹੇ 'ਚ ਦੋ ਉਮੀਦਵਾਰਾਂ ਨੂੰ ਦੇਣ ਦੇ ਇਸ਼ਤਿਹਾਰ ਦਿੱਤੇ ਅਤੇ ਇਸੇ ਚੀਜ ਦੇ ਵੱਡੇ ਵੱਡੇ ਬੈਨਰ ਪੰਜਾਬ ਭਰ 'ਚ ਲਗਾ ਕੇ ਵਾਹ ਵਾਹ ਖੱਟਣ ਦਾ ਕੰਮ ਸਰਕਾਰ ਨੇ ਕੀਤਾ, ਪਰ ਜ਼ਮੀਨੀ ਪੱਧਰ 'ਤੇ ਹਾਲਤ ਇਹ ਹੈ ਕਿ ਸਰਕਾਰ ਨੇ ਪਹਿਲਾਂ ਤਾਂ ਪੰਜਾਬ ਦੇ 14 ਜਿਲ੍ਹਿਆਂ 'ਚੋਂ ਸਿਰਫ 29 ਉਮੀਦਵਾਰ ਹੀ ਚੁਣੇ ਅਤੇ ਉਹਨਾਂ ਦੀ ਪੁਲਸ ਵੈਰੀਫਿਕਸ਼ਨ ਕਰਵਾਈ ਗਈ। ਐਨ ਮੌਕੇ ਆ ਕੇ ਸਰਕਾਰ ਨੇ ਆਪਣੇ ਦੁਆਰਾ ਹੀ ਬਣਾਈ ਮੈਰਿਟ ਵਾਲੇ 23 ਉਮੀਦਵਾਰਾਂ ਨੂੰ ਛੱਡ ਕੇ ਸਿਰਫ 6 ਉਮੀਦਵਾਰਾਂ ਨੂੰ ਹੁਸੈਨੀਵਾਲਾ ਦੀ ਪਾਵਨ ਧਰਤੀ 'ਤੇ ਚੋਰੀ ਚੋਰੀ ਸਨਮਾਨਿਤ ਕੀਤਾ। ਇਸ ਬਾਬਤ ਸਤਨਾਮ ਸਿੰਘ ਐਡਵੋਕੇਟ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਨੌਜਵਾਨ ਵਰਗ ਨਾਲ ਇਹ ਮਾੜਾ ਸਲੂਕ ਕੀਤਾ ਹੈ। ਵਾਅਦੇ ਸਨਮਾਨ ਦੇ ਕੀਤੇ ਪਰ ਮੈਰਿਟ ਵਾਲੇ ਉਮੀਦਵਾਰਾਂ ਨੂੰ ਸਾਰੀਆਂ ਤਿਆਰੀਆਂ ਮੁਕੰਮਲ ਹੋਣ ਤੋਂ ਬਾਅਦ ਇਸ ਤਰ੍ਹਾਂ ਅਣਗੋਲਿਆਂ ਕਰਕੇ ਅਪਮਾਨਿਤ ਕੀਤਾ ਹੈ। ਇਸ ਸੰਬੰਧੀ ਹਰਕੀਰਤ ਚਾਹਲ ਨੇ ਦੱਸਿਆ ਕਿ ਮੈਰਿਟ ਵਾਲੇ ਉਮੀਦਵਾਰਾਂ ਵੱਲੋਂ ਮਾਨਯੋਗ ਉੱਚ ਅਦਾਲਤ ਵਿਖੇ ਕਾਨੂੰਨੀ ਚਾਰਾਜੋਈ ਕੀਤੀ ਜਾ ਰਹੀ ਹੈ। ਇਸ ਮੌਕੇ ਮਨਿੰਦਰ ਸਿੰਘ, ਭਰਪੂਰ ਸਿੰਘ, ਗਗਨ, ਸਿਮਰਨ, ਰਮਨ, ਦਿਲਸ਼ਾਦ, ਹਰਕੀਰਤ ਚਾਹਲ, ਸੁਖਵੀਰ ਸਿੰਘ ਆਦਿ ਹਾਜ਼ਰ ਸਨ।

# ਵਾਲਮੀਕਿ ਭਾਈਚਾਰੇ ਵੱਲੋਂ ਕਰਮਜੀਤ ਚੌਧਰੀ ਨੂੰ ਸਮਰਥਨ ਨਾਲ ਕਾਂਗਰਸ ਨੂੰ ਮਿਲਿਆ ਵੱਡਾ ਹੁਲਾਰਾ

**ਜਲੰਧਰ (ਇਕਬਾਲ ਸਿੰਘ ਉਭੀ)** ਜਲੰਧਰ ਲੋਕ ਸਭਾ ਜ਼ਿਮਨੀ ਚੋਣ 'ਚ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤੀ ਦਿੰਦੇ ਹੋਏ ਭਗਵਾਨ ਵਾਲਮੀਕਿ ਪ੍ਰਬੰਧਕ ਕਮੇਟੀ ਪੰਜਾਬ ਨੇ ਕਾਂਗਰਸ ਉਮੀਦਵਾਰ ਕਰਮਜੀਤ ਕੌਰ ਚੌਧਰੀ ਨੂੰ ਆਪਣਾ ਸਮਰਥਨ ਦੇਣ ਦਾ ਐਲਾਨ ਕੀਤਾ ਹੈ। ਵਾਲਮੀਕਿ ਆਗੂਆਂ ਨੇ ਇਹ ਐਲਾਨ ਸ਼ਹਿਰ ਦੀ ਰੇਲਵੇ ਕਲੋਨੀ ਵਿਖੇ ਕਰਮਜੀਤ ਚੌਧਰੀ ਨਾਲ ਮੁਲਾਕਾਤ ਕਰਨ ਤੋਂ ਬਾਅਦ ਕੀਤਾ, ਜਿੱਥੇ ਉਨ੍ਹਾਂ ਨੇ ਕਰਮਜੀਤ ਚੌਧਰੀ ਦੀ ਉਮੀਦਵਾਰੀ ਲਈ ਆਪਣੇ ਭਾਈਚਾਰੇ ਵੱਲੋਂ ਪੂਰਾ ਸਮਰਥਨ ਦੇਣ ਦਾ ਵਾਅਦਾ ਕੀਤਾ। ਭਗਵਾਨ ਵਾਲਮੀਕਿ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਕੁਲਦੀਪ ਗਿੱਲ ਅਤੇ ਰਾਜ ਕੁਮਾਰ ਰਾਜੂ ਸਮੇਤ ਵਾਲਮੀਕਿ ਸਮਾਜ ਦੇ ਆਗੂਆਂ ਨੇ ਕਿਹਾ ਕਿ ਕਾਂਗਰਸ ਪਾਰਟੀ ਅਤੇ ਚੌਧਰੀ ਪਰਵਾਰ ਨੇ ਹਮੇਸ਼ਾ ਵਾਲਮੀਕਿ ਸਮਾਜ ਦੇ ਹੱਕਾਂ ਲਈ ਲੜਾਈ ਲੜੀ ਹੈ ਅਤੇ ਉਨ੍ਹਾਂ ਦੀ ਤਰੱਕੀ ਲਈ ਕੰਮ ਕੀਤਾ ਹੈ। ਉਹਨਾਂ ਆਖਿਆ, ਭਾਰਤ ਦੀ ਆਜ਼ਾਦੀ ਤੋਂ ਲੈ ਕੇ ਕਾਂਗਰਸ ਪਾਰਟੀ ਨੇ ਸਾਡੇ ਵਾਸਤੇ ਮਾਣ ਸਨਮਾਨ ਦੀ ਜ਼ਿੰਦਗੀ ਨੂੰ ਯਕੀਨੀ ਬਣਾਉਣ ਲਈ ਕੰਮ ਕੀਤਾ ਹੈ, ਅਤੇ ਇਹ ਸਵਰਗੀ ਚੌਧਰੀ ਸੰਤੋਖ ਸਿੰਘ ਵਰਗੇ ਉੱਤਮ ਨੇਤਾਵਾਂ ਦੀ ਬਦੌਲਤ ਹੀ ਹੈ ਕਿ ਗਰੀਬ ਅਤੇ ਸਮਾਜਿਕ ਹਾਸੀਏ 'ਤੇ ਬੈਠੇ ਲੋਕਾਂ ਨੂੰ ਅੱਗੇ ਵਧਣ ਦੇ ਮੌਕੇ ਮਿਲੇ ਹਨ। ਉਹਨਾਂ ਦਾ ਤਹਿ ਦਿਲੋਂ ਸ਼ੁਕਰੀਆ ਕਰਨ ਲਈ ਅਤੇ ਉਹਨਾਂ ਨੂੰ ਸੱਚੀ ਸ਼ਰਧਾਂਜਲੀ ਭੇਟ ਕਰਨ ਲਈ ਅਸੀਂ ਜ਼ਿਮਨੀ ਚੋਣ ਵਿੱਚ ਖੁੱਲ੍ਹ ਕੇ ਕਰਮਜੀਤ ਕੌਰ ਚੌਧਰੀ ਦਾ ਸਮਰਥਨ ਕਰ ਰਹੇ ਹਾਂ। ਇਸ ਮੌਕੇ ਕਰਮਜੀਤ ਕੌਰ ਚੌਧਰੀ ਨੇ ਭਗਵਾਨ ਵਾਲਮੀਕਿ ਪ੍ਰਬੰਧਕ ਕਮੇਟੀ ਦੇ ਆਗੂਆਂ ਦਾ ਧੰਨਵਾਦ ਕਰਦਿਆਂ ਸਮਾਜ ਦੀ ਬਿਹਤਰੀ ਲਈ ਅਣਥੱਕ ਮਿਹਨਤ ਕਰਦੇ ਰਹਿਣ ਦਾ ਪ੍ਰਣ ਕੀਤਾ। ਉਹਨਾਂ ਨੇ ਵਾਲਮੀਕਿ ਸਮਾਜ ਨੂੰ ਦਰਪੇਸ਼ ਮੁੱਦਿਆਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ।